ਸ਼ੁੱਕਰਵਾਰ, 24 ਜੁਲਾਈ, 2026
9 ਸਾਉਣ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 75
ਅੰਕ/NO. : 53

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • FRIDAY, 24 JULY, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਫਾਸਟ ਟਰੈਕ ਅਦਾਲਤਾਂ ਦਾ ਗਠਨ
# ਸਿੱਖਿਆ ਮੰਤਰੀ ਨੂੰ ਬਚਾਉਣ ਦੀ ਕੋਸ਼ਿਸ਼

**ਨਵੀਂ ਦਿੱਲੀ (ਨਵਾਂ ਜ਼ਮਾਨਾ ਸਰਵਿਸ)**
ਪ੍ਰਧਾਨ ਮੰਤਰੀ ਨੇ ਚੁੱਪੀ ਤੋੜਦਿਆਂ ਵੀਰਵਾਰ ਐਲਾਨ ਕੀਤਾ ਕਿ ਪੇਪਰ ਲੀਕ ਦੇ ਸਾਰੇ ਮਾਮਲਿਆਂ ਵਿੱਚ ਦੋਸ਼ੀਆਂ ਨੂੰ ਜਲਦੀ ਤੋਂ ਜਲਦੀ ਅਤੇ ਸਖਤ ਤੋਂ ਸਖਤ ਸਜ਼ਾ ਯਕੀਨੀ ਬਣਾਉਣ ਲਈ ਫਾਸਟ ਟਰੈਕ ਕੋਰਟਾਂ ਦਾ ਗਠਨ ਕੀਤਾ ਜਾਵੇਗਾ। ਇਸ ਸੰਬੰਧ ਵਿੱਚ ਸੰਬੰਧਤ ਅਧਿਕਾਰੀਆਂ ਅਤੇ ਵਿਭਾਗਾਂ ਨੂੰ ਲੋੜੀਂਦੇ ਕਦਮ ਚੁੱਕਣ ਦੇ ਸਖਤ ਨਿਰਦੇਸ਼ ਦੇ ਦਿੱਤੇ ਗਏ ਹਨ।

ਕਾਕਰੋਚ ਜਨਤਾ ਪਾਰਟੀ ਦੇ ਬਾਨੀ ਅਭਿਜੀਤ ਦੀਪਕੇ ਨੇ 'ਐਕਸ' 'ਤੇ ਸਿੱਖਿਆ ਮੰਤਰੀ ਦੀ ਫੋਟੋ ਪੋਸਟ ਕਰਕੇ ਪ੍ਰਧਾਨ ਮੰਤਰੀ ਦੀ ਪੋਸਟ 'ਤੇ ਚੁਟਕੀ ਲੈਂਦਿਆਂ ਕਿਹਾ, 'ਪ੍ਰਧਾਨ ਮੰਤਰੀ ਨੂੰ ਨੋਟਿਸ ਲੈਣ, ਟਵੀਟ ਕਰਨ ਵਿੱਚ 34 ਦਿਨ ਲੱਗ ਗਏ; ਇਹ ਸ਼ਰਮਨਾਕ ਹੈ ਕਿ ਸਰਕਾਰ ਅਜੇ ਵੀ ਧਰਮਿੰਦਰ ਪ੍ਰਧਾਨ ਨੂੰ ਬਚਾ ਰਹੀ ਹੈ।'

ਰਾਹੁਲ ਗਾਂਧੀ ਨੇ ਕਿਹਾ ਕਿ ਇਹ ਪ੍ਰਧਾਨ ਮੰਤਰੀ ਹੀ ਸਨ, ਜਿਨ੍ਹਾ ਨੇ ਦੇਸ਼ ਦੇ ਨੌਜਵਾਨਾਂ ਦੇ ਭਵਿੱਖ ਨੂੰ ਸਭ ਤੋਂ ਵੱਧ ਨੁਕਸਾਨ ਪਹੁੰਚਾਇਆ ਹੈ। ਉਨ੍ਹਾ ਕਿਹਾ, "ਤੁਸੀਂ ਉਹ ਵਿਅਕਤੀ ਹੋ, ਜਿਸ ਨੇ ਸਾਡੇ ਨੌਜਵਾਨਾਂ ਦੇ ਭਵਿੱਖ ਨੂੰ ਸਭ ਤੋਂ ਵੱਧ ਨੁਕਸਾਨ ਪਹੁੰਚਾਇਆ ਹੈ। ਤੁਸੀਂ ਸਾਡੀ ਸਿੱਖਿਆ ਪ੍ਰਣਾਲੀ ਦੇ ਪੂਰੇ ਕਬਜ਼ੇ ਅਤੇ ਤਬਾਹੀ ਦੀ ਆਗਿਆ ਦਿੱਤੀ ਅਤੇ ਇਸ ਨੂੰ ਉਤਸ਼ਾਹਤ ਕੀਤਾ ਅਤੇ ਇਸ ਲਈ ਜ਼ਿੰਮੇਵਾਰ ਹਰ ਵਿਅਕਤੀ ਦੀ ਰੱਖਿਆ ਕੀਤੀ।"

ਉਨ੍ਹਾ ਕਾਂਗਰਸ ਦੀਆਂ ਮੰਗਾਂ ਨੂੰ ਦੁਹਰਾਇਆ ਕਿ ਕੇਂਦਰੀ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਨੂੰ ਹਟਾਇਆ ਜਾਵੇ, ਸਰਕਾਰ ਵਿਦਿਆਰਥੀਆਂ ਤੋਂ ਮੁਆਫੀ ਮੰਗੇ ਅਤੇ ਪ੍ਰਦਰਸ਼ਨਕਾਰੀ ਵਿਦਿਆਰਥੀਆਂ ਉੱਤੇ ਹਮਲਾ ਕਰਨ ਵਾਲਿਆਂ ਵਿਰੁੱਧ ਕਾਰਵਾਈ ਕੀਤੀ ਜਾਵੇ।

ਕਾਂਗਰਸ ਦੇ ਜਨਰਲ • ਬਾਕੀ ਸਫਾ 2 'ਤੇ

## ਦੇਰ ਕਰ ਦੇਤਾ ਹੂੰ ਮੈਂ...



ਕਾਂਗਰਸ ਸਾਂਸਦ ਸ਼ਸ਼ੀ ਥਰੂਰ ਨੇ ਫਾਸਟ-ਟਰੈਕ ਅਦਾਲਤਾਂ ਦੇ ਦੇਰੀ ਨਾਲ ਐਲਾਨ 'ਤੇ ਮੁਨੀਰ ਨਿਆਜ਼ੀ ਦੇ ਸ਼ੇਅਰ ਨਾਲ ਪ੍ਰਧਾਨ ਮੰਤਰੀ ਮੋਦੀ ਨੂੰ ਨਿਸ਼ਾਨਾ ਬਣਾਇਆ। ਨਿਆਜ਼ੀ ਦਾ ਸ਼ੇਅਰ ਹੈ : ਹਮੇਸ਼ਾ ਦੇਰ ਕਰ ਦੇਤਾ ਹੂੰ ਮੈਂ ਹਰ ਕਾਮ ਕਰਨੇ ਮੇਂ। ਜ਼ਰੂਰੀ ਬਾਤ ਕਹਨੀ ਹੋ, ਕੋਈ ਵਾਅਦਾ ਨਿਭਾਨਾ ਹੋ, ਉਸੇ ਆਵਾਜ਼ ਦੇਨੀ ਹੋ, ਉਸੇ ਵਾਪਸ ਬੁਲਾਨਾ ਹੋ, ਹਮੇਸ਼ਾ ਦੇਰ ਕਰ ਦੇਤਾ ਹੂੰ ਮੈਂ।

# ਹਾਈ ਕੋਰਟ ਵਿਦੇਸ਼ੀ ਐਂਗਲ ਵਾਲੀ ਪਟੀਸ਼ਨ 'ਤੇ ਸੁਣਵਾਈ ਲਈ ਰਾਜ਼ੀ

**ਨਵੀਂ ਦਿੱਲੀ (ਨ ਜ਼ ਸ) :** ਦਿੱਲੀ ਹਾਈ ਕੋਰਟ ਨੇ ਵੀਰਵਾਰ ਨੀਟ ਪੇਪਰ ਲੀਕ ਨੂੰ ਲੈ ਕੇ 20 ਜੁਲਾਈ ਦੇ 'ਸੰਸਦ ਚਲੋ' ਪ੍ਰਦਰਸ਼ਨ ਦੀ ਕੌਮੀ ਜਾਂਚ ਏਜੰਸੀ (ਐੱਨ ਆਈ ਏ) ਤੋਂ ਜਾਂਚ ਦੀ ਮੰਗ ਕਰਨ ਵਾਲੀ ਇੱਕ ਜਨਹਿਤ ਪਟੀਸ਼ਨ 'ਤੇ ਸ਼ੁੱਕਰਵਾਰ ਨੂੰ ਸੁਣਵਾਈ ਕਰਨ ਲਈ ਸਹਿਮਤੀ ਦੇ ਦਿੱਤੀ ਹੈ, ਜਿਸ ਵਿੱਚ ਪਟੀਸ਼ਨਰ ਨੇ ਦੋਸ਼ ਲਾਇਆ ਹੈ ਕਿ ਇਹ ਪ੍ਰਦਰਸ਼ਨ ਵਿਦੇਸ਼ੀ ਫੰਡ ਪ੍ਰਾਪਤ ਸੰਸਥਾਵਾਂ ਨਾਲ ਜੁੜੀ ਇੱਕ ਵੱਡੀ ਸਾਜ਼ਿਸ਼ ਦਾ ਹਿੱਸਾ ਸੀ। ਇਸ ਪਟੀਸ਼ਨ ਨੂੰ ਚੀਫ ਜਸਟਿਸ ਡੀ ਕੇ ਉਪਾਧਿਆਏ ਅਤੇ ਜਸਟਿਸ ਤੇਜਸ ਕਾਰੀਆ ਦੀ ਡਵੀਜ਼ਨ ਬੈਂਚ ਦੇ ਸਾਹਮਣੇ ਵਕੀਲ ਬਰੁਣ ਕੁਮਾਰ ਸਿਨਹਾ ਵੱਲੋਂ ਪੇਸ਼ ਕੀਤਾ ਗਿਆ, ਇਹ ਦਾਅਵਾ ਕਰਦਿਆਂ ਕਿ ਪ੍ਰਦਰਸ਼ਨ ਨੇ ਰਾਜਧਾਨੀ ਵਿੱਚ ਆਮ ਜੀਵਨ ਨੂੰ ਬੁਰੀ ਤਰ੍ਹਾਂ ਪ੍ਰਭਾਵਤ ਕੀਤਾ ਹੈ। ਇਹ ਪਟੀਸ਼ਨ ਅਖਿਲ ਭਾਰਤ ਹਿੰਦੂ ਮਹਾਸਭਾ ਦੇ ਸਾਬਕਾ ਉਪ-ਪ੍ਰਧਾਨ ਸਤੀਸ਼ ਕੁਮਾਰ ਅਗਰਵਾਲ ਵੱਲੋਂ ਦਾਖਲ ਕੀਤੀ ਗਈ ਹੈ। ਪਟੀਸ਼ਨ ਵਿੱਚ ਮੰਗ ਕੀਤੀ ਗਈ ਹੈ ਕਿ ਸਮਾਜਿਕ ਕਾਰਕੁੰਨ ਸੋਨਮ ਵਾਂਗਚੁਕ ਦੇ ਵਿਦੇਸ਼ੀ ਸੰਸਥਾਵਾਂ ਨਾਲ ਕਥਿਤ ਸੰਬੰਧਾਂ ਬਾਰੇ ਜਨਤਕ ਤੌਰ 'ਤੇ ਉਪਲੱਬਧ ਸਮੱਗਰੀ ਦੀ ਏਜੰਸੀਆਂ ਰਾਹੀਂ ਜਾਂਚ ਕਰਵਾਈ ਜਾਣੀ ਚਾਹੀਦੀ ਹੈ। ਪ੍ਰਦਰਸ਼ਨ ਨਾਲ ਜੁੜੇ ਵਿਆਪਕ ਨੈੱਟਵਰਕ ਦੀ ਜਾਂਚ ਕਰਦੇ ਸਮੇਂ ਉਨ੍ਹਾਂ ਦੀਆਂ ਸੰਸਥਾਗਤ ਐਸੋਸੀਏਸ਼ਨਾਂ ਅਤੇ ਫੰਡਿੰਗ ਸਰੋਤਾਂ ਦੀ ਪੜਤਾਲ ਕੀਤੀ ਜਾਣੀ ਚਾਹੀਦੀ ਹੈ। ਇਹ ਦਾਅਵਾ ਕਰਦਿਆਂ ਕਿ ਇਹ ਅੰਦੋਲਨ ਕੋਈ ਅਸਲੀ ਵਿਦਿਆਰਥੀ ਅੰਦੋਲਨ ਨਹੀਂ ਸੀ, ਪਟੀਸ਼ਨਰ ਨੇ ਦੋਸ਼ ਲਾਇਆ ਕਿ ਇਹ ਵੱਡੇ ਏਜੰਡੇ ਲਈ ਜਨਤਕ ਅਸ਼ਾਂਤੀ ਦਾ ਫਾਇਦਾ ਉਠਾਉਣ ਲਈ ਭਾਰਤ-ਵਿਰੋਧੀ ਅਤੇ ਵਿਦੇਸ਼ੀ ਸਮਰਥਤ ਤੱਤਾਂ ਦੀ ਇੱਕ ਤਾਲਮੇਲ ਵਾਲੀ ਕੋਸ਼ਿਸ਼ ਜਾਪਦਾ ਹੈ।

## ਪੁਲਸ ਵੈਨ ਅੱਗੇ ਡਟ ਗਈ



**ਮੁੰਬਈ :** ਪੇਪਰ ਲੀਕ ਨੂੰ ਲੈ ਕੇ ਕਾਕਰੋਚ ਜਨਤਾ ਪਾਰਟੀ ਦੇ ਅੰਦੋਲਨ ਦਾ ਸਮਰਥਨ ਕਰਨ ਵਾਲੀ ਮੁੰਬਈ ਦੀ ਸਲੇਟੀ ਰੰਗ ਦੀ ਹੂਡੀ ਪਾਈ ਮਾਡਲ ਰੀਆ ਅਹੀਰ ਦੀ ਤਸਵੀਰ ਕਾਫੀ ਵਾਇਰਲ ਹੋ ਰਹੀ ਹੈ, ਜਿਹੜੀ ਵੀਡੀਓ 'ਚ ਪੁਲਸ ਵੈਨ ਨੂੰ ਰੋਕਣ ਲਈ ਆਪਣੇ ਹੱਥ ਫੈਲਾ ਕੇ ਮਜ਼ਬੂਤੀ ਨਾਲ ਖੜ੍ਹੀ ਨਜ਼ਰ ਆ ਰਹੀ ਹੈ। ਅਹੀਰ ਦਾਦਰ ਦੇ ਕੋਹਿਨੂਰ ਸਕੁਏਅਰ ਤੋਂ ਸ਼ਿਵਾਜੀ ਪਾਰਕ ਵੱਲ ਪੈਦਲ ਜਾ ਰਹੀ ਸੀ, ਜਦੋਂ ਉਸ ਨੇ ਨਜ਼ਰਬੰਦਾਂ ਨਾਲ ਭਰੀ • ਬਾਕੀ ਸਫਾ 2 'ਤੇ

## ਸਰਕਾਰ ਅਮਰੀਕੀ ਲਾਅ ਅਟਾਰਨੀ ਦੇ ਪੰਜਾਬ ਦੌਰੇ ਦਾ ਗੰਭੀਰਤਾ ਨਾਲ ਨੋਟਿਸ ਲਵੇ : ਸੀ ਪੀ ਆਈ

**ਚੰਡੀਗੜ੍ਹ :** ਪੰਜਾਬ ਸੀ ਪੀ ਆਈ ਦੇ ਸੂਬਾ ਸਕੱਤਰ ਨਿਰਮਲ ਸਿੰਘ ਧਾਲੀਵਾਲ ਅਤੇ ਪ੍ਰਮੁੱਖ ਨੇਤਾਵਾਂ ਬੰਤ ਸਿੰਘ ਬਰਾੜ, ਹਰਦੇਵ ਸਿੰਘ ਅਰਸ਼ੀ ਅਤੇ ਜਗਰੂਪ ਸਿੰਘ ਨੇ ਬਿਆਨ ਜਾਰੀ ਕਰਦਿਆਂ ਕਿਹਾ ਕਿ ਪੰਜਾਬ ਸੀ ਪੀ ਆਈ ਪੰਜਾਬ ਸਰਕਾਰ ਅਤੇ ਹੋਰ ਸੰਬੰਧਤ ਐਡਮਨਿਸਟਰੇਟਿਵ ਅਧਿਕਾਰੀਆਂ ਦੇ ਧਿਆਨ ਵਿੱਚ ਲਿਆਉਣਾ ਚਾਹੁੰਦੀ ਹੈ ਕਿ ਇਸ ਮਹੀਨੇ ਦੇ ਪਿਛਲੇ ਕੁਝ ਦਿਨਾਂ ਵਿੱਚ ਅਮਰੀਕਾ ਤੋਂ ਪੰਜਾਬ ਵਿੱਚ ਦੌਰੇ 'ਤੇ ਆਏ ਇੱਕ ਲਾਅ ਅਟਾਰਨੀ ਜਸਪ੍ਰੀਤ ਸਿੰਘ ਵੱਖ-ਵੱਖ ਯੂਨੀਵਰਸਿਟੀਆਂ, ਜਿਵੇਂ ਕਿ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਵਿਖੇ 14 ਜੁਲਾਈ ਅਤੇ ਪੰਜਾਬੀ ਯੂਨੀਵਰਸਿਟੀ ਵਿਖੇ 15 ਜੁਲਾਈ ਨੂੰ ਆਯੋਜਿਤ ਕੀਤੇ ਪ੍ਰੋਗਰਾਮਾਂ ਵਿੱਚ ਮੁੱਖ ਰੂਪ ਵਿੱਚ ਸ਼ਿਰਕਤ ਕਰ ਚੁੱਕੇ ਹਨ। ਉਹਨਾ ਵੱਲੋਂ ਅੰਮ੍ਰਿਤਸਰ ਦੀ ਯੂਨੀਵਰਸਿਟੀ ਵਿਖੇ ਸਿੱਖ ਸਟੱਡੀ ਚੇਅਰ ਵੀ 2025 ਵਿੱਚ ਸਥਾਪਤ ਕੀਤੀ ਦੱਸੀ ਜਾਂਦੀ ਹੈ। ਉਹਨਾ ਵੱਲੋਂ ਤਿੰਨ ਕਰੋੜ ਰੁਪਏ ਵੀ ਯੂਨੀਵਰਸਿਟੀ ਨੂੰ ਡੋਨੇਟ ਕੀਤੇ ਗਏ ਹਨ। ਅੰਗਰੇਜ਼ੀ ਅਖਬਾਰ 'ਦਾ ਟ੍ਰਿਬਿਊਨ' ਵਿੱਚ 15 ਜੁਲਾਈ ਨੂੰ ਛਪੀ ਖਬਰ ਵਿੱਚ ਦੱਸਿਆ ਗਿਆ ਹੈ ਕਿ ਜਸਪ੍ਰੀਤ ਸਿੰਘ ਅਮਰੀਕਾ ਵਿੱਚ 18 ਸਿੱਖ ਟੈਂਪਲਜ਼ ਦੇ ਸਲਾਹਕਾਰ ਹਨ। ਇਹ ਵੀ ਦੱਸਿਆ ਗਿਆ ਹੈ • ਬਾਕੀ ਸਫਾ 2 'ਤੇ

## ਬਰਬਾਦ ਕਰਨ ਦੀ ਧਮਕੀ



**ਮੁੰਬਈ :** ਪੁਲਸ ਵੀਰਵਾਰ ਪੁਲਸਮੈਨ ਪਵਨ ਸਾਂਗਲੇ ਨੂੰ ਮੁਅੱਤਲ ਕਰਨ ਲਈ ਮਜਬੂਰ ਹੋ ਗਈ, ਜਿਹੜਾ ਵਾਇਰਲ ਵੀਡੀਓ 'ਚ ਪ੍ਰਦਰਸ਼ਨਕਾਰੀ ਵਿਦਿਆਰਥੀਆਂ ਨੂੰ ਨਸ਼ੀਲੇ ਪਦਾਰਥ ਦੇ ਕੇਸ ਪਾ ਦੇਣ ਦੀ ਧਮਕੀ ਦਿੰਦਾ ਦਿਖਾਈ ਦੇ ਰਿਹਾ ਹੈ। ਵਾਇਰਲ ਕਲਿੱਪ ਵਿੱਚ ਪੁਲਸ ਡਰਾਈਵਰ ਸਾਂਗਲੇ ਹਿਰਾਸਤ ਵਿੱਚ ਲਏ ਵਿਦਿਆਰਥੀਆਂ ਨੂੰ ਇਹ ਕਹਿੰਦਾ ਦਿਖਾਈ ਦੇ ਰਿਹਾ ਹੈ, "ਜੇ ਤੁਹਾਨੂੰ ਦੁਬਾਰਾ ਇੱਥੇ ਦੇਖਿਆ ਤਾਂ ਮੈਂ ਤੁਹਾਡੀਆਂ ਜ਼ਿੰਦਗੀਆਂ ਬਰਬਾਦ ਕਰ ਦਿਆਂਗਾ। ਮੈਂ ਤੁਹਾਡੇ ਬੈਗਾਂ ਵਿੱਚ 50-50 ਗ੍ਰਾਮ ਪਾਊਡਰ ਪਾ ਦਿਆਂਗਾ ਅਤੇ ਤੁਹਾਡੀ ਜ਼ਿੰਦਗੀ ਖਤਮ ਹੋ ਜਾਵੇਗੀ।"

## ਡਿਜੀਟਾਈਜ਼ਡ ਜਨਮ ਸਰਟੀਫਿਕੇਟ ਅਪਡੇਟ ਕਰਨ ਦਾ ਸਮਾਂ ਵਧਾਇਆ



**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**-ਪੰਜਾਬ ਸਰਕਾਰ ਨੇ ਵਿਦਿਆਰਥੀਆਂ ਨੂੰ ਵੱਡੀ ਰਾਹਤ ਦਿੰਦਿਆਂ ਅਕਾਦਮਿਕ ਸੈਸ਼ਨ 2026-27 ਲਈ ਯੂਨੀਫਾਈਡ ਸਟੂਡੈਂਟ ਰਜਿਸਟ੍ਰੇਸ਼ਨ ਪੋਰਟਲ 'ਤੇ ਡਿਜੀਟਾਈਜ਼ਡ ਜਨਮ ਸਰਟੀਫਿਕੇਟ ਅਪਡੇਟ ਕਰਨ ਦੇ ਸਮੇਂ ਵਿੱਚ ਵਾਧੇ ਨੂੰ ਮਨਜ਼ੂਰੀ ਦੇ ਦਿੱਤੀ ਹੈ। ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ 8ਵੀਂ ਜਮਾਤ ਦੇ ਵਿਦਿਆਰਥੀਆਂ, ਜਿਨ੍ਹਾਂ ਕੋਲ ਡਿਜੀਟਾਈਜ਼ਡ ਜਨਮ ਸਰਟੀਫਿਕੇਟ ਨਹੀਂ, ਨੂੰ ਦਸਤਾਵੇਜ਼ ਪ੍ਰਾਪਤ ਕਰਨ ਅਤੇ ਇਸ ਨੂੰ ਪੋਰਟਲ 'ਤੇ ਅਪਡੇਟ ਕਰਨ ਲਈ 30 ਅਕਤੂਬਰ, 2026 ਤੱਕ ਦਾ ਸਮਾਂ ਦਿੱਤਾ ਗਿਆ ਹੈ। ਇਸੇ ਤਰ੍ਹਾਂ 9ਵੀਂ ਅਤੇ 10ਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਰਜਿਸਟ੍ਰੇਸ਼ਨ ਪ੍ਰਕਿਰਿਆ ਦੌਰਾਨ ਲੋੜੀਂਦੇ ਸੁਧਾਰ ਅਤੇ ਇਸ ਨੂੰ ਅਪਡੇਟ ਕਰਨ ਲਈ ਅਗਲੇ ਅਕਾਦਮਿਕ ਸੈਸ਼ਨ ਤੱਕ ਦਾ ਸਮਾਂ ਦਿੱਤਾ ਗਿਆ ਹੈ। ਬੈਂਸ ਨੇ ਕਿਹਾ ਕਿ ਇਹ ਫੈਸਲਾ ਮੁੱਖ ਮੰਤਰੀ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਦੀ ਸਕੂਲ ਸਿੱਖਿਆ ਵਿੱਚ ਡਿਜੀਟਲ ਸੁਧਾਰ ਲਿਆਉਣ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦਾ ਹੈ, ਜਿਸ ਸਦਕਾ ਕਿਸੇ ਵੀ ਵਿਦਿਆਰਥੀ ਨੂੰ ਦਫਤਰੀ ਕਾਰਵਾਈ ਕਾਰਨ ਕਿਸੇ ਵੀ ਤਰ੍ਹਾਂ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਸਿੱਖਿਆ ਮੰਤਰੀ ਨੇ ਸਾਰੇ ਸਕੂਲ ਮੁਖੀਆਂ ਨੂੰ ਮਾਪਿਆਂ ਨਾਲ ਤਾਲਮੇਲ ਕਰਨ ਤੋਂ ਇਲਾਵਾ ਇਹ ਯਕੀਨੀ ਬਣਾਉਣ ਲਈ ਕਿਹਾ ਕਿ ਰਜਿਸਟ੍ਰੇਸ਼ਨ ਪ੍ਰਕਿਰਿਆ ਨਿਰਧਾਰਤ ਸਮਾਂ-ਸੀਮਾ ਦੇ ਅੰਦਰ ਸੁਚਾਰੂ ਢੰਗ ਨਾਲ ਮੁਕੰਮਲ ਕੀਤੀ ਜਾਵੇ।

## ਮਖੌਲ ਉਡਾਉਣ ਵਾਲੀ




**ਨਵੀਂ ਦਿੱਲੀ :** ਰੈਪਿਡ ਐਕਸ਼ਨ ਫੋਰਸ ਦੀ ਅਸਿਸਟੈਂਟ ਕਮਾਂਡੈਂਟ ਸੋਨੀਆ ਸਹਿਰਾਵਤ ਦੀ ਕਾਕਰੋਚ ਜਨਤਾ ਪਾਰਟੀ ਦੇ ਪ੍ਰਦਰਸ਼ਨਕਾਰੀਆਂ ਦਾ ਮਜ਼ਾਕ ਉਡਾਉਂਦੀ ਇੰਸਟਾਗ੍ਰਾਮ ਪੋਸਟ ਨੇ ਵਿਵਾਦ ਛੇੜ ਦਿੱਤਾ ਹੈ। ਉਸ ਨੇ ਇੱਕ ਇੰਸਟਾਗ੍ਰਾਮ ਸਟੋਰੀ ਸਾਂਝੀ ਕੀਤੀ, ਜਿਸ ਵਿੱਚ ਇੱਕ ਮਰੇ ਹੋਏ ਕਾਕਰੋਚ ਦੀ ਤਸਵੀਰ ਸੀ, ਜਿਸ ਦੀ ਕੈਪਸ਼ਨ ਵਿੱਚ ਲਿਖਿਆ ਸੀ : "ਆਪਣੇ ਆਪ ਨੂੰ ਠੀਕ ਨਹੀਂ ਕਰ ਸਕਦੇ ਅਤੇ ਦੇਸ਼ ਨੂੰ ਠੀਕ ਕਰਨਾ ਚਾਹੁੰਦੇ ਹਨ।"

## ਪੀ ਆਰ ਟੀ ਸੀ ਮੈਨੇਜਮੈਂਟ ਵਾਜਬ ਮਸਲਿਆਂ ਨੂੰ ਲਗਾਤਾਰ ਅਣਡਿੱਠ ਕਰ ਰਹੀ : ਧਾਲੀਵਾਲ

**ਪਟਿਆਲਾ (ਨ ਜ਼ ਸ)**-ਵੀਰਵਾਰ ਇੱਥੇ ਪੀ ਆਰ ਟੀ ਸੀ ਵਰਕਰਜ਼ ਐਕਸ਼ਨ ਕਮੇਟੀ ਦੇ ਕਨਵੀਨਰ ਨਿਰਮਲ ਸਿੰਘ ਧਾਲੀਵਾਲ ਅਤੇ ਮੈਂਬਰਾਂ ਬਲਦੇਵ ਰਾਜ ਬੱਤਾ, ਹਰਪ੍ਰੀਤ ਸਿੰਘ ਖਟੜਾ, ਨਸੀਬ ਚੰਦ, ਤਰਸੇਮ ਸਿੰਘ ਅਤੇ ਉਤਮ ਸਿੰਘ ਬਾਗੜੀ ਵੱਲੋਂ ਬਿਆਨ ਜਾਰੀ ਕਰਦਿਆਂ ਕਿਹਾ ਗਿਆ ਕਿ ਪੀ ਆਰ ਟੀ ਸੀ ਮੈਨੇਜਮੈਂਟ ਵਰਕਰਾਂ ਦੇ ਅਨੇਕਾਂ ਕਾਨੂੰਨੀ ਅਤੇ ਵਾਜਬ ਮਸਲਿਆਂ ਨੂੰ ਲਗਾਤਾਰ ਅਣਡਿੱਠ ਕਰ ਰਹੀ ਹੈ। ਚਿਰਾਂ ਤੋਂ ਲਟਕਦੀਆਂ ਵਰਕਰਾਂ ਦੀਆਂ ਸੌ ਫੀਸਦੀ ਲਾਗੂ ਕਰਨ ਯੋਗ ਮੰਗਾਂ ਨੂੰ ਵੀ ਗੈਰ-ਜ਼ਿੰਮਵਾਰਾਨਾ ਤਰੀਕੇ ਨਾਲ ਠੰਢੇ ਬਸਤੇ ਵਿੱਚ ਸੁੱਟ ਕੇ ਵਰਕਰਾਂ ਨੂੰ ਟਿੱਚ ਜਾਣਿਆ ਜਾ ਰਿਹਾ ਹੈ, ਜਿਸ ਕਰਕੇ ਸਰਕਾਰ ਦੇ ਹੁਕਮ ਸਰਕੂਲਰ ਜਾਂ ਕਾਇਦੇ-ਕਾਨੂੰਨ ਵੀ ਲਾਗੂ ਕਰਵਾਉਣ ਲਈ ਵਰਕਰਾਂ ਨੂੰ ਅਦਾਲਤਾਂ ਦੇ ਰਾਹ ਪੈਣ ਲਈ ਮਜਬੂਰ ਕੀਤਾ ਜਾਂਦਾ ਹੈ, ਜਿਸ ਨਾਲ ਵਰਕਰਾਂ ਦਾ ਜਿੱਥੇ ਵਿੱਤੀ ਨੁਕਸਾਨ ਹੁੰਦਾ ਹੈ, ਉੱਥੇ ਅਦਾਰੇ ਵੱਲੋਂ ਵੀ ਵਕੀਲਾਂ ਦੀਆਂ ਬਿਨਾਂ ਵਜ੍ਹਾ ਫੀਸਾਂ ਉਤਾਰੀਆਂ ਜਾਂਦੀਆਂ ਹਨ ਅਤੇ ਮੈਨ ਪਾਵਰ ਵੀ ਬੇਲੋੜੇ ਤੌਰ 'ਤੇ ਅਦਾਲਤਾਂ ਦੇ ਚੱਕਰ ਕੱਟਦੀ ਹੈ, ਜਦ ਕਿ ਸਰਕਾਰ ਵੱਲੋਂ ਸਪੱਸ਼ਟ ਹਦਾਇਤਾਂ ਹਨ ਕਿ ਇਕੋ ਜਿਹੇ ਤੱਥਾਂ ਵਾਲਾ ਕੋਈ ਵੀ ਮਸਲਾ ਜੋ ਇੱਕ ਕੇਸ ਵਿੱਚ ਵੀ ਜੇਕਰ ਲਾਗੂ ਕਰ ਲਿਆ ਗਿਆ ਹੈ ਤਾਂ ਬਾਕੀ ਸਭਨਾ ਕੇਸਾਂ ਦਾ ਫੈਸਲਾ ਵੀ ਉਸੇ ਤਰ੍ਹਾਂ ਵਿਭਾਗੀ ਤੌਰ 'ਤੇ ਕਰ • ਬਾਕੀ ਸਫਾ 2 'ਤੇ

## ਅੱਜ-ਨਾਮਾ

ਮਿਹਣਾ ਕਾਂਗਰਸ ਨੂੰ ਮਾਰਿਆ ਭਾਜਪਾ ਨੇ,
ਕੱਲ੍ਹ ਸਨ ਲੜੇ, ਇਕੱਠੇ ਫਿਰ ਅੱਜ ਬੇਲੀ।
ਇੱਕ-ਦੂਜੇ 'ਤੇ ਲਾਉਂਦੇ ਸੀ ਊਜ ਬਾਹਲੀ,
ਕੀਤੜਾ ਸ਼ੁਰੂ ਫਿਰ ਕੱਜਣ ਵੀ ਕੱਜ ਬੇਲੀ।
ਪਹਿਲਾਂ ਰਹਿਣ ਨਹੀਂ ਸਿੱਖਦੇ ਹੱਦ ਅੰਦਰ,
ਕਾਂਗਰਸ ਵਿੱਚ ਪਿਆ ਹੁੰਦਾ ਕੁਚੱਜ ਬੇਲੀ।
ਮਿਹਣੇ ਮਾਰਦੇ ਲੀਡਰ ਹਨ ਭਾਜਪਾਈਏ,
ਕਾਂਗਰਸ ਵਿੱਚੋਂ ਜੋ ਗਏ ਸਨ ਭੱਜ ਬੇਲੀ।
ਜਿਹੜੇ ਛੱਡ ਖੁਦ ਗਏ ਸਨ ਕਾਂਗਰਸ ਨੂੰ,
ਕਰਨ ਕਾਂਗਰਸ ਦਾ ਬਹੁਤ ਜ਼ਿਕਰ ਬੇਲੀ।
ਜਿੱਥੇ ਗਏ ਆ, ਓਥੇ ਉਹ ਰਹਿਣ ਰਾਜ਼ੀ,
ਕਾਹਦਾ ਪੇਕਿਆਂ ਦਾ ਫੋਕਾ ਫਿਕਰ ਬੇਲੀ।

-ਤੀਸ ਮਾਰ ਖਾਂ

## ਬਿੱਟੂ ਨੇ ਮਾਨ ਤੋਂ ਸਹਿਯੋਗ ਮੰਗਿਆ

**ਨਵੀਂ ਦਿੱਲੀ :** ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਪੱਤਰ ਲਿਖ ਕੇ ਪੰਜਾਬ ਭਰ ਵਿੱਚ ਕਈ ਅਹਿਮ ਰੇਲਵੇ ਬੁਨਿਆਦੀ ਢਾਂਚੇ ਦੇ ਪ੍ਰੋਜੈਕਟਾਂ ਵਿੱਚ ਦੇਰੀ ਕਰ ਰਹੇ ਸੂਬਾ ਸਰਕਾਰ ਕੋਲ ਪੈਂਡਿੰਗ ਮਾਮਲਿਆਂ ਦੇ ਹੱਲ ਨੂੰ ਤੇਜ਼ ਕਰਨ ਲਈ ਉਨ੍ਹਾ ਦੇ ਨਿੱਜੀ ਦਖਲ ਦੀ ਮੰਗ ਕੀਤੀ ਹੈ। ਬਿੱਟੂ ਨੇ ਇਸ ਗੱਲ ਨੂੰ ਉਜਾਗਰ ਕੀਤਾ ਕਿ ਪੰਜਾਬ ਵਿੱਚ ਰੇਲਵੇ ਦੀ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਕੇਂਦਰ ਦੀ ਵਚਨਬੱਧਤਾ ਦੇ ਬਾਵਜੂਦ, ਰਾਜ ਸਰਕਾਰ ਦੇ ਪੱਧਰ 'ਤੇ ਜ਼ਮੀਨ ਪ੍ਰਾਪਤੀ, ਕਾਨੂੰਨੀ ਪ੍ਰਵਾਨਗੀਆਂ ਅਤੇ ਪ੍ਰਸ਼ਾਸਨਿਕ ਮਨਜ਼ੂਰੀਆਂ ਪੈਂਡਿੰਗ ਹੋਣ ਕਾਰਨ ਕਈ ਪ੍ਰੋਜੈਕਟ ਰੁਕੇ ਹੋਏ ਹਨ। ਉਨ੍ਹਾ ਦੱਸਿਆ ਕਿ ਲੁਧਿਆਣਾ, ਫਾਜ਼ਿਲਕਾ, ਸੰਗਰੂਰ, ਮੁਹਾਲੀ, ਬਠਿੰਡਾ, ਹੁਸ਼ਿਆਰਪੁਰ, ਜਲੰਧਰ ਅਤੇ ਪਠਾਨਕੋਟ ਵਿੱਚ ਪ੍ਰੋਜੈਕਟ ਜ਼ਿਲ੍ਹਾ ਅਥਾਰਟੀਆਂ ਤੇ ਵਿਭਾਗਾਂ ਤੋਂ ਪ੍ਰਵਾਨਗੀਆਂ ਦੀ ਉਡੀਕ ਕਰ ਰਹੇ ਹਨ।





### Extract of Unaudited Financial Results for the Quarter Ended 30th June, 2026

(₹ in lacs except otherwise stated)

| Sr. No. | Particulars | Quarter Ended June 30, 2026 Unaudited | Quarter Ended March 31, 2026 Audited | Quarter Ended June 30, 2025 Unaudited | Year Ended March 31, 2026 Audited |
|---|---|---|---|---|---|
| 1. | Total Income from Operations | 31,430 | 29,892 | 26,996 | 1,14,687 |
| 2. | Net Profit/(Loss) for the period (before Tax, Exceptional and/or Extraordinary items) | 5,500 | 5,403 | 4,251 | 18,880 |
| 3. | Net Profit/(Loss) for the period before tax (after Exceptional and/or Extraordinary items) | 5,500 | 5,403 | 4,251 | 18,880 |
| 4. | Net Profit/(Loss) for the period after tax (after Exceptional and/or Extraordinary items) | 4,130 | 4,008 | 3,201 | 14,139 |
| 5. | Total Comprehensive Income for the period [Comprising Profit/(Loss) for the period (after tax) and Other Comprehensive Income (after tax)] [refer note (ii)] | - | - | - | - |
| 6. | Paid-up Equity Share Capital | 4,547 | 4,542 | 4,525 | 4,542 |
| 7. | Reserves (excluding Revaluation Reserve) as shown in the Audited Balance sheet of the previous Year | | | | 1,41,561 |
| 8. | Securities Premium Account | 71,058 | 70,889 | 70,064 | 70,889 |
| 9. | Net worth[1] | 1,48,041 | 1,44,938 | 1,37,306 | 1,44,938 |
| 10. | Paid-up Debt Capital/ Outstanding Debt | 68,559 | 49,943 | 48,818 | 49,943 |
| 11. | Outstanding Redeemable Preference Shares[2] | - | - | - | - |
| 12. | Debt Equity Ratio[3] | 0.46 | 0.34 | 0.35 | 0.34 |
| 13. | Earnings per share (of ₹10/- each) (for continuing operations | | | | |
| | 13.1 Basic ₹ (non-annualised) | 9.09 | 8.82 | 7.08 | 31.20 |
| | 13.2 Diluted ₹ (non-annualised) | 9.06 | 8.79 | 7.05 | 31.09 |
| 14. | Capital Redemption Reserve[4] | - | - | - | - |
| 15. | Debenture Redemption Reserve[4] | - | - | - | - |
| 16. | Debt Service Coverage Ratio[5] | - | - | - | - |
| 17. | Interest Service Coverage Ratio[5] | - | - | - | - |

1 Net worth is computed as per the Reserve Bank of India ("RBI") Direction No. RBI/DOR/2025-26/189 DOR.CRE.REC.108/07-03-002/2025-26 on Reserve Bank of India (Small Finance Banks - Concentration Risk Management) Directions, 2025, dated November 28, 2025.
2 The Bank has not issued any redeemable preference shares.
3 Debt-equity ratio means the ratio of total borrowings to share capital plus reserves.
4 As per the Companies Act, 2013, the Bank is not required to create capital/debenture redemption reserve.
5 Being a Banking Company, Disclosure is not applicable as per SEBI (Listing Obligations and Disclosure requirements) Regulations, 2015

**Notes:**
(i) The above is an extract of the detailed format of quarter and year ended Financial Results filed with the Stock Exchanges under Regulation 33 of the SEBI (Listing Obligations and Disclosure Requirements) Regulations, 2015. The full format of the quarter and year ended Financial Results are available on the websites of the Stock Exchanges, www.nseindia.com and www.bseindia.com and of the Bank www.capital.bank.in.
(ii) Information related to the total comprehensive income and other comprehensive income are not furnished as Ind AS is not yet made applicable to the Bank.
(iii) The figures of the quarter ended March 31, 2026 are the balancing figures between audited figures in respect of full financial year and the unaudited published year to date figures upto the third quarter of the respective financial year.
(iv) Additional information:

| Sr. No. | Particulars | Quarter Ended June 30, 2026 Unaudited | Quarter Ended March 31, 2026 Audited | Quarter Ended June 30, 2025 Unaudited | Year Ended March 31, 2026 Audited |
|---|---|---|---|---|---|
| 1. | Percentage of shares held by Government of India | - | - | - | - |
| 2. | Return on Assets[1] (annualised) | 1.30% | 1.33% | 1.18% | 1.23% |
| 3. | Operating Margin[2] | 20.47% | 20.01% | 19.02% | 18.62% |
| 4. | Net Profit Margin[3] | 13.14% | 13.41% | 11.86% | 12.33% |
| 5. | Total Debt to Total Assets[4] | 5.29% | 4.11% | 4.39% | 4.11% |
| 6. | Gross NPA (₹ in lacs) | 22,438 | 22,041 | 20,424 | 22,041 |
| 7. | Net NPA (₹ in lacs) | 10,206 | 10,604 | 10,178 | 10,604 |
| 8. | % of Gross NPA | 2.47% | 2.54% | 2.74% | 2.54% |
| 9. | % of Net NPA | 1.14% | 1.24% | 1.39% | 1.24% |
| 10. | Capital Adequacy Ratio (%) | 21.58% | 22.31% | 24.50% | 22.31% |
| 11. | Tier-I Ratio (%) | 19.17% | 19.58% | 21.11% | 19.58% |

1 Return on Assets means the ratio of profit after tax to average monthly total assets.
2 Operating Margin means Operating profit before provisions and contingencies to the total income.
3 Net Profit Margin means Net Profit to total income
4 Total Debts to Total Assets means the ratio of total borrowings to total assets.
(v) The other line items referred in SEBI (Listing Obligations and Disclosure Requirements) Regulations, 2015, pertinent disclosures have been made to the Bombay Stock exchange and National Stock Exchange and can be accessed on the website of the Stock Exchange on www.bseindia.com , www.nseindia.com and the Bank's URL www.capital.bank.in.
(vi) The Bank has followed the same significant accounting policies in the preparation of these financial results as those followed in the financial statements for the year ended March 31, 2026.
(vii) The above result has been approved by the Board of Directors in its meeting held on July 23, 2026.

For and on Behalf of the Board of Directors
of **Capital Small Finance Bank Limited**
Sd/-
**Sarvjit Singh Samra**
Managing Director & CEO (DIN:00477444)

Date: July 23, 2026
Place: Jalandhar

Capital Small Finance Bank
*Vishwas Se Vikas Tak*

**Capital Small Finance Bank Limited** (CIN: L65110PB1999PLC022634)
**Regd. & Head Office:** "MIDAS Corporate Park", 3rd Floor, 37 G.T. Road, Jalandhar, Punjab, INDIA - 144 001
**Tel.:** 0181-505 1111, 505 2222 | www.capital.bank.in | investorrelations@capitalbank.co.in

Great Place To Work. Certified
Scan for detailed financials

Adfactors 196/26

# ਸਰਕਾਰ ਦੀ ਹਰ ਖੇਤ ਤੱਕ ਨਹਿਰੀ ਪਾਣੀ ਪਹੁੰਚਾਉਣ ਦੀ ਮੁਹਿੰਮ ਜੰਗੀ ਪੱਧਰ 'ਤੇ



**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੀਆਂ ਜ਼ਮੀਨਾਂ ਨੂੰ ਨਹਿਰੀ ਪਾਣੀ ਨਾਲ ਜੋੜਨ ਲਈ ਇਤਿਹਾਸਕ ਉਪਰਾਲੇ ਕਰ ਰਹੀ ਹੈ।ਇਸ ਮੁਹਿੰਮ ਤਹਿਤ ਸੂਬੇ ਭਰ ਵਿੱਚ ਨਹਿਰਾਂ, ਖਾਲਿਆਂ ਤੇ ਪਾਈਪਲਾਈਨ ਨੈੱਟਵਰਕ ਦਾ ਵਿਸਥਾਰ ਕੀਤਾ ਜਾ ਰਿਹਾ ਹੈ ਤਾਂ ਜੁ ਵੱਧ ਤੋਂ ਵੱਧ ਖੇਤੀਯੋਗ ਰਕਬੇ ਨੂੰ ਨਹਿਰੀ ਸਿੰਚਾਈ ਹੇਠ ਲਿਆਂਦਾ ਜਾ ਸਕੇ ਤੇ ਕਿਸਾਨਾਂ ਦੀ ਟਿਊਬਵੈੱਲਾਂ ਉੱਤੇ ਨਿਰਭਰਤਾ ਘਟਾਈ ਜਾ ਸਕੇ।ਇਸੇ ਕੜੀ ਤਹਿਤ ਪੂਰੇ ਪੰਜਾਬ ਸਮੇਤ ਮੋਗਾ ਜ਼ਿਲ੍ਹੇ ਦੇ ਹਲਕਾ ਨਿਹਾਲ ਸਿੰਘ ਵਾਲਾ ਅਧੀਨ ਵੱਖ-ਵੱਖ ਪਿੰਡਾਂ ਵਿੱਚ ਨਹਿਰੀ ਪਾਣੀ ਪੁਚਾਉਣ ਲਈ ਖਾਲਿਆਂ ਦੀ ਉਸਾਰੀ ਅਤੇ ਪਾਈਪਲਾਈਨ ਵਿਛਾਉਣ ਦੇ ਕੰਮ ਤੇਜ਼ੀ ਨਾਲ ਜਾਰੀ ਹਨ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਜਲ ਸਰੋਤ ਮੰਤਰੀ ਸ੍ਰੀ ਬਰਿੰਦਰ ਗੋਇਲ ਵੱਲੋਂ ਪਿੰਡਾਂ ਵਿੱਚ ਨਹਿਰੀ ਪਾਣੀ ਦੇ 83.64 ਕਰੋੜ ਦੀ ਲਾਗਤ ਵਾਲੇ ਪ੍ਰੋਜੈਕਟਾਂ ਦਾ ਉਦਘਾਟਨ ਕਰਨ ਮੌਕੇ ਕੀਤਾ।ਉਨ੍ਹਾਂ ਕਿਹਾ ਕਿ ਇਸ ਪ੍ਰੋਜੈਕਟ ਤਹਿਤ ਲਗਭਗ 316 ਕਿਲੋਮੀਟਰ ਲੰਬੇ ਖਾਲਿਆਂ ਤੇ ਪਾਈਪਲਾਈਨਾਂ ਦਾ ਨਿਰਮਾਣ ਕੀਤਾ ਜਾ ਰਿਹਾ ਹੈ, ਜਿਸ ਨਾਲ 56 ਪਿੰਡਾਂ ਦੀਆਂ ਖੇਤੀਯੋਗ ਜ਼ਮੀਨਾਂ ਨੂੰ ਸਿੱਧਾ ਨਹਿਰੀ ਪਾਣੀ ਮੁਹੱਈਆ ਹੋਵੇਗਾ।ਇਸ ਪ੍ਰੋਜੈਕਟ ਦੇ ਮੁਕੰਮਲ ਹੋਣ ਉਪਰੰਤ ਨਹਿਰੀ ਸਿੰਚਾਈ ਹੇਠ ਆਉਣ ਵਾਲਾ ਰਕਬਾ ਕਰੀਬ 25872 ਏਕੜ ਵਧੇਗਾ।ਇਸ ਨਾਲ ਕਿਸਾਨਾਂ ਨੂੰ ਸਸਤੀ, ਭਰੋਸੇਯੋਗ ਅਤੇ ਸਮੇਂ ਸਿਰ ਸਿੰਚਾਈ ਦੀ ਸਹੂਲਤ ਮਿਲੇਗੀ, ਜਦਕਿ ਧਰਤੀ ਹੇਠਲੇ ਪਾਣੀ ਦੀ ਬੇਲੋੜੀ ਵਰਤੋਂ 'ਚ ਵੀ ਕਮੀ ਆਵੇਗੀ।ਜਲ ਸਰੋਤ ਮੰਤਰੀ ਸ੍ਰੀ ਬਰਿੰਦਰ ਗੋਇਲ ਨੇ ਦੱਸਿਆ ਕਿ ਪੰਜਾਬ ਸਰਕਾਰ ਦਾ ਉਦੇਸ਼ ਸੂਬੇ ਦੇ ਹਰ ਸੰਭਵ ਖੇਤ ਤੱਕ ਨਹਿਰੀ ਪਾਣੀ ਪਹੁੰਚਾਉਣਾ ਹੈ ਤਾਂ ਜੁ ਖੇਤੀ ਨੂੰ ਹੋਰ ਲਾਭਕਾਰੀ, ਟਿਕਾਊ ਤੇ ਵਾਤਾਵਰਣ ਪੱਖੋਂ ਅਨੁਕੂਲ ਬਣਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਸੂਬੇ ਦੇ ਕਿਸਾਨਾਂ ਦੀ ਭਲਾਈ ਤੇ ਖੇਤੀਬਾੜੀ ਖੇਤਰ ਦੇ ਸਰਵਪੱਖੀ ਵਿਕਾਸ ਲਈ ਸਰਕਾਰ ਪੂਰੀ ਵਚਨਬੱਧ ਹੈ।

ਉਨ੍ਹਾਂ ਕਿਹਾ ਕਿ ਨਹਿਰੀ ਸਿੰਚਾਈ ਦੇ ਵਿਸਥਾਰ ਨਾਲ ਕਿਸਾਨਾਂ ਦੇ ਸਿੰਚਾਈ ਖਰਚੇ ਘਟਣਗੇ, ਬਿਜਲੀ ਦੀ ਬਚਤ ਹੋਵੇਗੀ ਤੇ ਭੂ-ਜਲ ਪੱਧਰ ਨੂੰ ਸੰਭਾਲਣ ਵਿੱਚ ਵੀ ਮਹੱਤਵਪੂਰਨ ਮਦਦ ਮਿਲੇਗੀ।ਪੰਜਾਬ ਸਰਕਾਰ ਆਉਣ ਵਾਲੇ ਸਮੇਂ ਵਿੱਚ ਵੀ ਅਜਿਹੇ ਲੋਕ-ਹਿੱਤ ਪ੍ਰੋਜੈਕਟਾਂ ਨੂੰ ਤਰਜ਼ੀਹ ਦਿੰਦੀ ਰਹੇਗੀ ਤਾਂ ਜੁ ਖੇਤੀਬਾੜੀ ਨੂੰ ਹੋਰ ਮਜ਼ਬੂਤ ਬਣਾਇਆ ਜਾ ਸਕੇ।ਉਦਘਾਟਨੀ ਪ੍ਰੋਜੈਕਟਾਂ ਬਾਰੇ ਜਲ ਸਰੋਤ ਮੰਤਰੀ ਸ੍ਰੀ ਬਰਿੰਦਰ ਗੋਇਲ ਵੱਲੋਂ ਨਿਹਾਲ ਸਿੰਘ ਵਾਲਾ ਨੇ ਦੱਸਿਆ ਕਿ ਪਿੰਡ ਰਾਊਕੇ ਕਲਾਂ ਵਿਖੇ 20 ਖਾਲੀਆਂ ਅਤੇ ਪਾਇਪਲਾਈਨ ਦੇ ਕੰਮਾਂ ਦਾ ਉਦਘਾਟਨ ਕੀਤਾ ਗਿਆ।ਪਾਈਪਲਾਈਨ ਦੀ ਲੰਬਾਈ 42.27 ਕਿਲੋਮੀਟਰ ਅਤੇ ਖਾਲਿਆਂ ਦੀ ਲੰਬਾਈ 95.85 ਕਿਲੋਮੀਟਰ ਹੈ, ਜਿਸ ਉਪਰ ਲਗਭਗ 36.84 ਕਰੋੜ ਰੁਪਏ ਲਾਏ ਗਏ ਹਨ।ਇਸ ਨਾਲ 22 ਪਿੰਡਾਂ ਨੂੰ ਲਾਭ ਪ੍ਰਾਪਤ ਹੋਵੇਗਾ ਅਤੇ 10340 ਏਕੜ ਰਕਬਾ ਨਹਿਰੀ ਸਿੰਚਾਈ ਅਧੀਨ ਆ ਜਾਵੇਗਾ।ਇਸ ਨਾਲ ਰਾਊਕੇ ਕਲਾਂ, ਬੀੜ ਰਾਊਕੇ, ਬੱਧਨੀਂ ਕਲਾਂ, ਬੀੜ ਬੱਧਨੀਂ,, ਕੋਕਰੀ ਕਲਾਂ, ਨੱਥੂਵਾਲਾ ਜਦੀਦ, ਝੰਡੇਵਾਲਾ ਸ਼ਰਕੀ, ਪੱਤੋ ਜਵਾਹਰ ਸਿੰਘ ਵਾਲਾ, ਅਜੀਤਵਾਲ, ਕੋਕਰੀ ਫੂਲਾ ਸਿੰਘ, ਬੁੱਟਰ, ਧੂੜਕੋਟ ਕਲਾਂ, ਧੂੜਕੋਟ ਟਾਹਲੀ, ਰਣੀਆਂ, ਰੌਂਤਾ, ਪੁਰਾਣੇਵਾਲਾ, ਕਿਸ਼ਨਗੜ੍ਹ, ਚੋਗਾਵਾਂ, ਨੰਗਲ, ਬੌਡੇ, ਰਾਮੂੰਵਾਲਾ ਕਲਾਂ ਨੂੰ ਲਾਭ ਮਿਲੇਗਾ।ਇਸ ਤੋਂ ਇਲਾਵਾ ਨਿਹਾਲ ਸਿੰਘ ਵਾਲਾ ਦੇ ਬਿਲਾਸਪੁਰ ਮਾਈਨਰ ਨੂੰ 2.2 ਕਰੋੜ ਦੀ ਲਾਗਤ ਨਾਲ ਪੱਕੇ ਕਰਨ ਦੇ ਕੰਮ ਦਾ ਉਦਘਾਟਨ ਕੀਤਾ ਗਿਆ, ਜਿਸਦੀ ਲੰਬਾਈ 9.70 ਕਿਲੋਮੀਟਰ ਬਣਦੀ ਹੈ।ਇਸ ਨਾਲ 7 ਪਿੰਡਾਂ ਜਿਨ੍ਹਾਂ ਵਿੱਚ ਬਿਲਾਸਪੁਰ, ਲੋਹਾਰਾ, ਤਖਤੂਪੁਰਾ, ਧੂੜਕੋਟ ਰਣਸੀਂਹ, ਰਣਸੀਂਹ ਕਲਾਂ, ਰਣਸੀਂਹ ਖੁਰਦ, ਨਿਹਾਲ ਸਿੰਘ ਵਾਲਾ ਸ਼ਾਮਲ ਹਨ, ਵਿੱਚ 2320 ਏਕੜ ਰਕਬੇ ਨੂੰ ਨਹਿਰੀ ਸਿੰਚਾਈ ਦਾ ਲਾਭ ਮਿਲੇਗਾ।

## ਸਫ਼ਾਈ ਸੇਵਕਾਂ, ਨਰੇਗਾ ਕਾਮਿਆਂ ਤੇ ਵਿਦਿਆਰਥੀਆਂ 'ਤੇ ਕੀਤੇ ਲਾਠੀਚਾਰਜ ਦੀ ਨਿਖੇਧੀ



**ਧੂਰੀ (ਮਨੋਹਰ ਸਿੰਘ ਸੱਗੂ/ਸੰਜੀਤ ਗਰਗ)**-ਕਲਾਸ ਫੋਰ ਗੌਰਮਿੰਟ ਇੰਪਲਾਈਜ਼ ਯੂਨੀਅਨ ਪੰਜਾਬ ਦੀ ਜ਼ਿਲ੍ਹਾ ਸੰਗਰੂਰ ਇਕਾਈ ਨੇ ਸਫ਼ਾਈ ਸੇਵਕਾਂ, ਨਰੇਗਾ ਕ੍ਰਮਚਾਰੀਆਂ ਤੇ ਵਿਦਿਆਰਥੀਆਂ ਉੱਤੇ ਹੋਏ ਲਾਠੀਚਾਰਜ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਸੰਘਰਸ਼ ਕਰ ਰਹੇ ਮੁਲਾਜ਼ਮਾਂ ਅਤੇ ਵਿਦਿਆਰਥੀਆਂ ਨਾਲ ਇਕਜੁੱਟਤਾ ਦਾ ਪ੍ਰਗਟਾਵਾ ਕੀਤਾ।ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਮੇਲਾ ਸਿੰਘ ਪੁੰਨਾਂਵਾਲ, ਜਨਰਲ ਸਕੱਤਰ ਹੰਸ ਰਾਜ ਦੀਦਾਰਗੜ੍ਹ ਤੇ ਆਗੂ ਇੰਦਰ ਸਿੰਘ ਧੂਰੀ ਨੇ ਸਾਂਝੇ ਬਿਆਨ ਵਿੱਚ ਕਿਹਾ ਕਿ ਪੰਜਾਬ ਵਿੱਚ ਸਫ਼ਾਈ ਸੇਵਕਾਂ ਅਤੇ ਨਰੇਗਾ ਕ੍ਰਮਚਾਰੀਆਂ ਉੱਤੇ ਪੁਲਸ ਵੱਲੋਂ ਕੀਤਾ ਗਿਆ ਲਾਠੀਚਾਰਜ ਮੰਦਭਾਗਾ ਹੈ।ਉਨ੍ਹਾਂ ਕੇਂਦਰ ਸਰਕਾਰ ਵੱਲੋਂ ਵਿਦਿਆਰਥੀਆਂ ਉੱਤੇ ਕੀਤੀ ਗਈ ਕਾਰਵਾਈ ਦੀ ਵੀ ਨਿਖੇਧੀ ਕਰਦਿਆਂ ਕਿਹਾ ਕਿ ਲੋਕਤੰਤਰ ਵਿੱਚ ਆਪਣੀਆਂ ਹੱਕੀ ਮੰਗਾਂ ਲਈ ਸ਼ਾਂਤਮਈ ਢੰਗ ਨਾਲ ਸੰਘਰਸ਼ ਕਰਨਾ ਹਰ ਨਾਗਰਿਕ ਦਾ ਅਧਿਕਾਰ ਹੈ।ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਨੂੰ ਆਪਣਾ ਅੜੀਅਲ ਰਵੱਈਆ ਛੱਡ ਕੇ ਸੰਘਰਸ਼ ਕਰ ਰਹੇ ਮੁਲਾਜ਼ਮਾਂ ਦੀਆਂ ਜਾਇਜ਼ ਮੰਗਾਂ ਦਾ ਤੁਰੰਤ ਨਿਪਟਾਰਾ ਕਰਨਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਚੋਣਾਂ ਦੌਰਾਨ ਕੀਤੇ ਵਾਅਦਿਆਂ ਅਨੁਸਾਰ ਕੱਚੇ ਅਤੇ ਆਊਟਸੋਰਸ ਕਰਮਚਾਰੀਆਂ ਨੂੰ ਬਿਨਾਂ ਦੇਰੀ ਪੱਕਾ ਕੀਤਾ ਜਾਵੇ।ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਨੇ ਮੁਲਾਜ਼ਮਾਂ ਦੀਆਂ ਮੰਗਾਂ ਵੱਲ ਗੰਭੀਰਤਾ ਨਾਲ ਧਿਆਨ ਨਾ ਦਿੱਤਾ ਤਾਂ ਸੰਘਰਸ਼ ਹੋਰ ਤੇਜ਼ ਹੋ ਸਕਦਾ ਹੈ, ਜਿਸ ਦੀ ਜ਼ਿੰਮੇਵਾਰੀ ਸਰਕਾਰ ਦੀ ਹੋਵੇਗੀ।ਯੂਨੀਅਨ ਨੇ ਸੰਘਰਸ਼ ਕਰ ਰਹੇ ਸਾਰੇ ਮੁਲਾਜ਼ਮਾਂ ਨੂੰ ਆਪਣਾ ਪੂਰਾ ਸਮਰਥਨ ਦੇਣ ਦਾ ਵੀ ਐਲਾਨ ਕੀਤਾ।

## ਡਿੰਪੀ ਢਿੱਲੋਂ ਨੇ 35 ਆਂਗਨਵਾੜੀ ਹੈਲਪਰਾਂ ਤੇ 1 ਵਰਕਰ ਨੂੰ ਸੌਂਪੇ ਨਿਯੁਕਤੀ ਪੱਤਰ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਪੰਜਾਬ ਸਰਕਾਰ ਵੱਲੋਂ ਯੋਗਤਾ ਦੇ ਆਧਾਰ 'ਤੇ ਪਾਰਦਰਸ਼ੀ ਭਰਤੀ ਪ੍ਰਕਿਰਿਆ ਨੂੰ ਲਗਾਤਾਰ ਅੱਗੇ ਵਧਾਉਂਦਿਆਂ ਸਮਾਜਿਕ ਸੁਰੱਖਿਆ ਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਵੱਲੋਂ 35 ਆਂਗਨਵਾੜੀ ਹੈਲਪਰਾਂ ਅਤੇ 1 ਆਂਗਨਵਾੜੀ ਵਰਕਰ ਨੂੰ ਨਿਯੁਕਤੀ ਪੱਤਰ ਸੌਂਪੇ ਗਏ।ਇਹ ਨਿਯੁਕਤੀ ਪੱਤਰ ਹਲਕਾ ਗਿੱਦੜਬਾਹਾ ਦੇ ਵਿਧਾਇਕ ਹਰਦੀਪ ਸਿੰਘ ਡਿੰਪੀ ਢਿੱਲੋਂ ਨੇ ਸਮਾਗਮ ਦੌਰਾਨ ਵੰਡੇ।ਹਰਦੀਪ ਸਿੰਘ ਡਿੰਪੀ ਢਿੱਲੋਂ ਨੇ ਨਵਨਿਯੁਕਤ ਕ੍ਰਮਚਾਰੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੌਜਵਾਨਾਂ ਨੂੰ ਬਿਨਾਂ ਕਿਸੇ ਸਿਫ਼ਾਰਸ਼, ਬਿਨਾਂ ਕਿਸੇ ਪੱਖਪਾਤ ਪੂਰੀ ਯੋਗਤਾ ਦੇ ਆਧਾਰ 'ਤੇ ਰੁਜ਼ਗਾਰ ਦੇਣ ਲਈ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਸਰਕਾਰ ਦੀ ਨੀਤੀ ਦਾ ਮਕਸਦ ਹਰ ਯੋਗ ਉਮੀਦਵਾਰ ਨੂੰ ਉਸ ਦਾ ਹੱਕ ਦੇਣਾ ਤੇ ਸਰਕਾਰੀ ਭਰਤੀ ਪ੍ਰਕਿਰਿਆ ਨੂੰ ਪੂਰੀ ਤਰ੍ਹਾਂ ਪਾਰਦਰਸ਼ੀ ਬਣਾਉਣਾ ਹੈ।ਅੰਤ ਸਾਰੀਆਂ ਨਵ-ਨਿਯੁਕਤ ਹੈਲਪਰਾਂ ਤੇ ਆਂਗਣਵਾੜੀ ਵਰਕਰ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ ਗਈ।ਸੀ.ਡੀ.ਪੀ.ਓ. ਮੈਡਮ ਰਾਜਵੰਤ ਕੌਰ ਨੇ ਕਿਹਾ ਕਿ ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ ਦੀ ਭੂਮਿਕਾ ਸਮਾਜ ਵਿੱਚ ਬਹੁਤ ਮਹੱਤਵਪੂਰਨ ਹੈ।ਇਹ ਕ੍ਰਮਚਾਰੀ ਮਾਵਾਂ ਤੇ ਬੱਚਿਆਂ ਦੀ ਸਿਹਤ, ਪੋਸ਼ਣ ਅਤੇ ਸ਼ੁਰੂਆਤੀ ਸਿੱਖਿਆ ਨਾਲ ਜੁੜੀਆਂ ਸਰਕਾਰੀ ਯੋਜਨਾਵਾਂ ਨੂੰ ਘਰ-ਘਰ ਤੱਕ ਪੁਚਾਉਣ ਵਿੱਚ ਅਹਿਮ ਯੋਗਦਾਨ ਪਾਉਂਦੇ ਹਨ।ਉਨ੍ਹਾਂ ਨਵ-ਨਿਯੁਕਤ ਕਰਮਚਾਰੀਆਂ ਨੂੰ ਇਮਾਨਦਾਰੀ, ਸਮਰਪਣ ਤੇ ਸੇਵਾ ਭਾਵਨਾ ਨਾਲ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਣ ਦੀ ਅਪੀਲ ਕੀਤੀ।

## ਵਕੀਲਾਂ ਵੱਲੋਂ ਤੀਜੇ ਦਿਨ ਵੀ ਭੁੱਖ ਹੜਤਾਲ ਜਾਰੀ



**ਜਲਾਲਾਬਾਦ (ਬਲਵਿੰਦਰ ਸਿੰਘ)**-ਐਲ.ਏ.ਡੀ.ਸੀ. ਪਾਲਿਸੀ ਦੇ ਵਿਰੋਧ ਵਿੱਚ ਜਲਾਲਾਬਾਦ ਬਾਰ ਐਸੋਸੀਏਸ਼ਨ ਵੱਲੋਂ ਰੋਸ ਪ੍ਰਗਟ ਕਰਦਿਆਂ ਤੀਜੇ ਦਿਨ ਵੀ ਭੁੱਖ ਹੜਤਾਲ ਜਾਰੀ ਰਹੀ।ਵਕੀਲ ਭਾਈਚਾਰੇ ਨੇ ਸਰਕਾਰ ਤੋਂ ਪਾਲਿਸੀ 'ਤੇ ਮੁੜ ਵਿਚਾਰ ਕਰਨ ਅਤੇ ਵਕੀਲਾਂ ਦੀਆਂ ਮੰਗਾਂ ਨੂੰ ਜਲਦੀ ਪੂਰਾ ਕਰਨ ਦੀ ਮੰਗ ਕੀਤੀ।ਭੁੱਖ ਹੜਤਾਲ 'ਤੇ ਬਾਰ ਐਸੋਸੀਏਸ਼ਨ ਦੇ ਸਕੱਤਰ ਐਡਵੋਕੇਟ ਸ਼ਾਂਤਮ ਮੁੰਜਾਲ, ਐਡਵੋਕੇਟ ਪਰਮਜੀਤ ਢਾਬਾਂ, ਐਡਵੋਕੇਟ ਜਨਕ ਰਾਜ, ੋਕੇਟ ਮੋਹਿਤ ਛਾਬੜਾ ਅਤੇ ਐਡਵੋਕੇਟ ਵਿਸ਼ਾਲ ਕੁਮਾਰ ਬੈਠੇ।ਬਾਰ ਐਸੋਸੀਏਸ਼ਨ ਦੇ ਪ੍ਰਧਾਨ ਐਡਵੋਕੇਟ ਅਸ਼ੋਕ ਕੰਬੋਜ ਤੇ ਸਕੱਤਰ ਐਡਵੋਕੇਟ ਸ਼ਾਂਤਮ ਮੁੰਜਾਲ ਨੇ ਕਿਹਾ ਕਿ ਜਿਥੇ ਐਲ.ਏ.ਡੀ.ਸੀ. ਪਾਲਿਸੀ ਕਾਰਨ ਵਕੀਲ ਭਾਈਚਾਰੇ ਦੇ ਹਿੱਤ ਪ੍ਰਭਾਵਤ ਹੋ ਰਿਹਾ ਹੈ, ਉਥੇ ਫ੍ਰੀ ਦਾ ਵਕੀਲ ਮਿਲਣ ਨਾਲ ਜੁਰਮ ਕਰਨ ਵਾਲੇ ਵਿਅਕਤੀ ਹੋਰ ਉਤਸ਼ਾਹਤ ਹੋ ਰਹੇ ਹਨ।ਇਹੀ ਕਾਰਨ ਹੈ ਕਿ ਸਮਾਜ ਵਿੱਚ ਜ਼ੁਰਮ ਵਿੱਚ ਲਗਾਤਾਰ ਬੇਰੋਕ ਵਾਧਾ ਹੋ ਰਿਹਾ ਹੈ।ਭਵਿੱਖ ਵਿੱਚ ਇਸ ਦੇ ਸਮੁੱਚੇ ਸਮਾਜ ਲਈ ਘਾਤਕ ਨਤੀਜੇ ਸਾਹਮਣੇ ਆਉਣਗੇ।ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਉਨ੍ਹਾਂ ਦੀਆਂ ਮੰਗਾਂ ਨੂੰ ਗੰਭੀਰਤਾ ਨਾਲ ਨਾ ਲਿਆ ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ।ਬਾਰ ਐਸੋਸੀਏਸ਼ਨ ਦੇ ਹੋਰ ਮੈਂਬਰ ਵੀ ਵੱਡੀ ਗਿਣਤੀ ਵਿੱਚ ਹਾਜ਼ਰ ਰਹੇ ਅਤੇ ਭੁੱਖ ਹੜਤਾਲ 'ਤੇ ਬੈਠੇ ਵਕੀਲਾਂ ਨੂੰ ਸਮਰਥਨ ਦਿੱਤਾ।

## ਡੀ ਐੱਸ ਪੀ ਤੇ ਪੰਜਾਬ ਸਰਕਾਰ ਦੇ ਪੁਤਲੇ ਫੂਕੇ



**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਨਿਹਾਲ ਸਿੰਘ ਵਾਲਾ, ਬਰਨਾਲਾ ਵਿਖੇ ਸਫਾਈ ਕਾਮਿਆਂ 'ਤੇ ਹੋਏ ਕਥਿਤ ਤਸ਼ੱਦਦ ਦੇ ਵਿਰੋਧ ਵਿੱਚ ਸਫਾਈ ਸੇਵਕ ਯੂਨੀਅਨ ਪੰਜਾਬ ਦੀ ਇਕਾਈ ਨਿਹਾਲ ਸਿੰਘ ਵਾਲਾ ਵੱਲੋਂ ਜ਼ੋਰਦਾਰ ਰੋਸ ਪ੍ਰਦਰਸ਼ਨ ਕੀਤਾ ਗਿਆ।ਯੂਨੀਅਨ ਮੈਂਬਰਾਂ ਨੇ ਡੀਐੱਸਪੀ ਬਰਨਾਲਾ ਤੇ ਪੰਜਾਬ ਸਰਕਾਰ ਦੇ ਪੁਤਲੇ ਫੂਕ ਕੇ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕੀਤੀ।ਰੋਸ ਪ੍ਰਦਰਸ਼ਨ ਦੌਰਾਨ ਆਗੂਆਂ ਨੇ ਦੋਸ਼ ਲਾਇਆ ਕਿ ਬਰਨਾਲਾ ਵਿੱਚ ਆਪਣੇ ਹੱਕਾਂ ਲਈ ਸੰਘਰਸ਼ ਕਰ ਰਹੇ ਸਫਾਈ ਕਾਮਿਆਂ ਨਾਲ ਧੱਕੇਸ਼ਾਹੀ ਅਤੇ ਤਸ਼ੱਦਦ ਕੀਤਾ ਗਿਆ, ਜਿਸ ਦੀ ਉਹ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦੇ ਹਨ।ਉਨ੍ਹਾਂ ਕਿਹਾ ਕਿ ਜੇਕਰ ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਰਵਾਈ ਨਾ ਕੀਤੀ ਗਈ ਤੇ ਸਫਾਈ ਕਾਮਿਆਂ ਦੀਆਂ ਮੰਗਾਂ ਨਾ ਮੰਨੀਆਂ ਗਈਆਂ ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ।ਯੂਨੀਅਨ ਆਗੂਆਂ ਨੇ ਪੰਜਾਬ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਮੁਲਾਜ਼ਮਾਂ ਦੀ ਆਵਾਜ਼ ਨੂੰ ਦਬਾਉਣ ਦੀ ਬਜਾਏ ਉਨ੍ਹਾਂ ਦੀਆਂ ਜਾਇਜ਼ ਮੰਗਾਂ ਦਾ ਹੱਲ ਕੀਤਾ ਜਾਵੇ।ਉਨ੍ਹਾਂ ਕਿਹਾ ਕਿ ਸਫਾਈ ਕਾਮਿਆਂ ਨਾਲ ਕਿਸੇ ਵੀ ਤਰ੍ਹਾਂ ਦੀ ਧੱਕੇਸ਼ਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਪ੍ਰਦਰਸ਼ਨ ਦੌਰਾਨ ਵੱਡੀ ਗਿਣਤੀ ਵਿੱਚ ਸਫਾਈ ਸੇਵਕ ਹਾਜ਼ਰ ਸਨ।

## ਗੁਰਪ੍ਰੀਤ ਸਿੰਘ ਗੋਲਡੀ ਕਰਮਗੜ੍ਹ ਮੰਡਲ ਪ੍ਰਧਾਨ ਨਿਯੁਕਤ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਕਾਂਗਰਸ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ, ਵਿਧਾਇਕ ਕੁਲਦੀਪ ਸਿੰਘ ਕਾਲਾ ਢਿੱਲੋਂ ਵੱਲੋਂ ਕਾਂਗਰਸ ਪਾਰਟੀ ਦੇ ਜਥੇਬੰਦੀ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਲਈ ਲਗਾਤਾਰ ਨਵੀਆਂ ਨਿਯੁਕਤੀਆਂ ਕੀਤੀਆਂ ਜਾ ਰਹੀਆਂ ਹਨ।ਇਸੇ ਲੜੀ ਤਹਿਤ ਪਾਰਟੀ ਲਈ ਲੰਮੇ ਸਮੇਂ ਤੋਂ ਸਰਗਰਮ ਆਗੂ ਗੁਰਪ੍ਰੀਤ ਸਿੰਘ ਗੋਲਡੀ ਕਰਮਗੜ੍ਹ ਨੂੰ ਸੇਖਾ, ਝਲੂਰ, ਠੁੱਲੇਵਾਲ, ਨੰਗਲ, ਕਰਮਗੜ੍ਹ, ਅਮਲਾ ਸਿੰਘ ਵਾਲਾ ਅਤੇ ਭੱਦਲਵੱਡ ਮੰਡਲ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ।ਵਿਧਾਇਕ ਕਾਲਾ ਢਿੱਲੋਂ ਨੇ ਗੋਲਡੀ ਕਰਮਗੜ੍ਹ ਨੂੰ ਵਧਾਈ ਦਿੰਦਿਆਂ ਕਿਹਾ ਕਿ ਕਾਂਗਰਸ ਪਾਰਟੀ ਹਮੇਸ਼ਾ ਆਪਣੇ ਸਮਰਪਿਤ ਅਤੇ ਮਿਹਨਤੀ ਵਰਕਰਾਂ ਨੂੰ ਬਣਦਾ ਮਾਣ-ਸਤਿਕਾਰ ਦਿੰਦੀ ਹੈ।ਉਨ੍ਹਾਂ ਕਿਹਾ ਕਿ ਪਿੰਡ, ਮੰਡਲ ਅਤੇ ਬੂਥ ਪੱਧਰ 'ਤੇ ਜਥੇਬੰਦੀ ਢਾਂਚੇ ਨੂੰ ਹੋਰ ਮਜ਼ਬੂਤ ਕੀਤਾ ਜਾ ਰਿਹਾ ਹੈ ਤਾਂ ਜੁ ਆਉਣ ਵਾਲੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਕਾਂਗਰਸ ਦੀ ਜਿੱਤ ਨੂੰ ਯਕੀਨੀ ਬਣਾਇਆ ਜਾ ਸਕੇ।ਉਨ੍ਹਾਂ ਦੋਸ਼ ਲਾਇਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਦੀਆਂ ਉਮੀਦਾਂ 'ਤੇ ਖਰੀ ਨਹੀਂ ਉਤਰੀ। ਉਨ੍ਹਾਂ ਇਹ ਵੀ ਕਿਹਾ ਕਿ ਕਾਨੂੰਨ-ਵਿਵਸਥਾ, ਬੇਰੁਜ਼ਗਾਰੀ, ਨਸ਼ਿਆਂ, ਵਿਕਾਸ ਕਾਰਜਾਂ ਦੀ ਰਫ਼ਤਾਰ ਅਤੇ ਪਿੰਡਾਂ ਦੀਆਂ ਬੁਨਿਆਦੀ ਸਹੂਲਤਾਂ ਵਰਗੇ ਮਸਲਿਆਂ ਨੂੰ ਲੈ ਕੇ ਲੋਕਾਂ ਵਿੱਚ ਨਾਰਾਜ਼ਗੀ ਹੈ।ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਹਾਈ ਕਮਾਂਡ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜ਼ਮੀਨੀ ਪੱਧਰ 'ਤੇ ਸੰਗਠਨ ਨੂੰ ਹੋਰ ਮਜ਼ਬੂਤ ਕਰ ਰਹੀ ਹੈ।

## 'ਯੁੱਧ ਨਸ਼ਿਆਂ ਵਿਰੁੱਧ' ਦੀ ਨਿਕਲੀ ਫੂਕ : ਮਨਪ੍ਰੀਤ ਸਿੰਘ ਦੇ ਕੇਸ 'ਚ ਨਸ਼ਾ ਤਸਕਰ ਗ੍ਰਿਫ਼ਤ 'ਚੋਂ ਬਾਹਰ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਪਰਮਜੀਤ ਸਿੰਘ)**-ਨੌਜਵਾਨ ਭਾਰਤ ਸਭਾ ਦਾ ਵਫ਼ਦ ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਅਭਿਮਨਯੂ ਰਾਣਾ ਨੂੰ ਮਿਲਿਆ ਤੇ ਹਰੀਕੇ ਕਲਾਂ ਦੇ ਚਿੱਟੇ ਕਰਕੇ ਮਾਰੇ ਗਏ ਮਨਪ੍ਰੀਤ ਸਿੰਘ ਦੇ ਕੇਸ ਵਿੱਚ ਕਈ ਮਹੀਨੇ ਬੀਤ ਜਾਣ ਦੇ ਬਾਵਜੂਦ ਦੋਸ਼ੀ ਨਸ਼ਾ ਤਸਕਰਾਂ ਨੂੰ ਗ੍ਰਿਫਤਾਰ ਕਰਨ ਦੀ ਮੰਗ ਰੱਖੀ।ਐਸ ਐਸ ਪੀ ਵੱਲੋਂ ਦੋਸ਼ੀਆਂ ਨੂੰ ਜਲਦੀ ਗ੍ਰਿਫਤਾਰ ਕਰਨ ਦਾ ਭਰੋਸਾ ਦਿੱਤਾ ਗਿਆ।ਨੌਜਵਾਨ ਭਾਰਤ ਸਭਾ ਦੇ ਸੂਬਾ ਆਗੂ ਹਰਜਿੰਦਰ ਖੋਖਰ, ਜ਼ਿਲ੍ਹਾ ਮੀਤ ਪ੍ਰਧਾਨ ਮਹਾਸ਼ਾ ਸਮਾਘ ਨੇ ਕਿਹਾ ਕਿ ਹਰੀਕੇ ਕਲਾਂ ਦੇ ਨੌਜਵਾਨ ਮਨਪ੍ਰੀਤ ਸਿੰਘ ਦੀ ਮੌਤ ਨਸ਼ਾ ਤਸਕਰ ਦੇ ਘਰ ਵਿੱਚ ਹੀ ਹੋ ਗਈ ਸੀ। ਨੌਜਵਾਨ ਭਾਰਤ ਸਭਾ ਦੀ ਅਗਵਾਈ ਵਿੱਚ ਤਸਕਰਾਂ ਦੇ ਘਰ ਵਿੱਚ ਲਾਸ਼ ਰੱਖ ਕੇ ਧਰਨਾ ਚੱਲਦਾ ਰਿਹਾ, ਜਿਸ ਕਰਕੇ ਬਰੀਵਾਲਾ ਪੁਲੀਸ ਨੂੰ ਦੋਸ਼ੀਆਂ 'ਤੇ ਪਰਚਾ ਦਰਜ ਕਰਨਾ ਪਿਆ, ਪ੍ਰੰਤੂ 2 ਮਹੀਨੇ ਬੀਤ ਜਾਣ ਦੇ ਬਾਵਜੂਦ ਮੁਕਤਸਰ ਪੁਲਿਸ ਵੱਲੋਂ ਮੇਨ ਦੋਸ਼ੀ ਨਸ਼ਾ ਤਸਕਰਾਂ ਨੂੰ ਹਾਲੇ ਤੱਕ ਗ੍ਰਿਫ਼ਤਾਰ ਨਹੀਂ ਕੀਤਾ, ਜੋ ਪੁਲਸ ਦੀ ਕਾਰਗੁਜ਼ਾਰੀ 'ਤੇ ਸਵਾਲੀਆ ਨਿਸ਼ਾਨ ਹੈ, ਨਾ ਹੀ ਸਿਵਲ ਪ੍ਰਸ਼ਾਸਨ ਵੱਲੋਂ ਮ੍ਰਿਤਕ ਦੇ ਪਰਵਾਰ ਨੂੰ ਵਾਅਦੇ ਮੁਤਾਬਕ ਯੋਗ ਮੁਆਵਜ਼ਾ ਤੇ ਸਰਕਾਰੀ ਨੌਕਰੀ ਦਿੱਤੀ ਹੈ।ਉਨ੍ਹਾਂ ਕਿਹਾ ਕਿ ਮਾਨ ਸਰਕਾਰ ਦੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੀ ਫੂਕ ਨਿਕਲ ਗਈ ਹੈ।ਰੋਜ਼ਾਨਾ ਚਿੱਟੇ ਦੀ ਓਵਰਡੋਜ਼ ਕਰਕੇ ਪੰਜਾਬ ਵਿੱਚ ਲਗਾਤਾਰ ਮੌਤਾਂ ਹੋ ਰਹੀਆਂ ਹਨ।ਸਮਗਲਰਾਂ ਨੂੰ ਪੁਲਸ ਦੀ ਸ਼ਹਿ ਪ੍ਰਾਪਤ ਹੋਣ ਕਰਕੇ ਨਸ਼ੇ ਦਾ ਕਾਲਾ ਧੰਦਾ ਬੇਖੌਫ ਚੱਲ ਰਿਹਾ ਹੈ।

## ਵਿਦਿਆਰਥੀਆਂ 'ਤੇ ਬੇਤਹਾਸ਼ਾ ਲਾਠੀਚਾਰਜ ਦੀ ਜ਼ੋਰਦਾਰ ਨਿੰਦਾ



**ਲਹਿਰਾਗਾਗਾ (ਪਵਨ ਸ਼ਰਮਾ)**-ਬੀਤੇ ਦਿਨੀਂ ਦਿੱਲੀ ਵਿੱਚ ਜੰਤਰ ਮੰਤਰ ਤੋਂ ਸੰਸਦ ਭਵਨ ਵੱਲ ਮਾਰਚ ਕਰਨ ਲਈ ਇਕੱਠੇ ਹੋਏ ਵਿਦਿਆਰਥੀਆਂ ਤੇ ਬੇਤਹਾਸ਼ਾ ਲਾਠੀਚਾਰਜ ਤੇ ਪਲਾਸਟਿਕ ਦੀਆਂ ਗੋਲੀਆਂ, ਅਥਰੂ ਗੈਸ ਦੇ ਗੋਲੇ ਤੇ ਪਾਣੀ ਦੀਆਂ ਬੁਛਾੜਾਂ ਚਲਾਈਆਂ ਗਈਆਂ।ਇਹ ਮਾਰਚ ਕਰਨਾ ਵਿਦਿਆਰਥੀਆਂ ਕੋਈ ਸ਼ੌਕ ਨਹੀਂ ਬਲਕਿ ਲਗਾਤਾਰ ਸਿੱਖਿਆ ਵਿੱਚ ਆ ਰਹੇ ਨਿਘਾਰ ਨੂੰ ਰੋਕਣਾ, ਉੱਚ ਸਿੱਖਿਆ ਦੇ ਪੇਪਰ ਲਗਾਤਾਰ ਲੀਕ ਹੋਣੇ ਤੇ ਇਨ੍ਹਾਂ ਲਈ ਜ਼ਿੰਮੇਵਾਰ ਸਿੱਖਿਆ ਮੰਤਰੀ ਤੋਂ ਅਸਤੀਫਾ ਦਿਵਾਉਣਾ, ਮਰਨ ਵਰਤ 'ਤੇ ਬੈਠੇ ਸੋਨਮ ਵਾਂਗਚੁਕ ਦੀ ਰਿਹਾਈ ਦੀ ਮੰਗ ਕਰ ਰਹੇ ਸਨ।ਜਿਸ ਤਰ੍ਹਾਂ ਮੋਦੀ ਸਰਕਾਰ ਨੇ ਫਾਸ਼ਿਸ਼ਟ ਰੂਪ ਧਾਰਨ ਕੀਤਾ ਹੈ, ਉਸ ਤੋਂ ਲਗਦਾ ਹੈ ਕਿ ਮੋਦੀ ਸਰਕਾਰ ਨੇ ਹਿਟਲਰ ਦਾ ਰੂਪ ਧਾਰਨ ਕਰ ਲਿਆ।ਦੂਸਰੀ ਘਟਨਾ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵਿੱਚ ਕਰਵਾਏ ਜਾ ਰਹੇ ਸੈਮੀਨਾਰ ਵਿੱਚ ਔਰਤ ਵਿਰੋਧੀ ਮਾਨਸਿਕਤਾ ਵਾਲੇ ਨੂੰ ਬੁਲਾਰੇ ਦਾ ਵਿਰੋਧ ਕਰ ਰਹੇ ਵਿਦਿਆਰਥੀਆਂ 'ਤੇ ਲਾਠੀਚਾਰਜ ਕਰਨ ਦੀ ਹੈ, ਜਿੱਥੇ ਆਰ ਐੱਸ ਐੱਸ ਦੀ ਵਿਚਾਰਧਾਰਾ ਵਿਦਿਆਰਥੀਆਂ 'ਤੇ ਜ਼ਬਰਦਸਤੀ ਥੋਪੀ ਜਾ ਰਹੀ ਹੈ।ਪ੍ਰੈੱਸ ਬਿਆਨ ਜਾਰੀ ਕਰਦਿਆਂ ਸਭਾ ਇਕਾਈ ਸੰਗਰੂਰ ਦੇ ਪ੍ਰਧਾਨ ਜਗਜੀਤ ਭੁਟਾਲ, ਮਾਸਟਰ ਕੁਲਦੀਪ ਸਿੰਘ, ਵਿੱਤ ਸਕੱਤਰ ਮਨਧੀਰ ਰਾਜੋਮਾਜਰਾ, ਸੂਬਾ ਕਮੇਟੀ ਮੈਂਬਰ ਸਵਰਨਜੀਤ ਸਿੰਘ ਤੇ ਵਿਸਾਖਾ ਸਿੰਘ, ਮੀਤ ਪ੍ਰਧਾਨ ਬਸ਼ੇਸ਼ਰ ਰਾਮ, ਮਾਸਟਰ ਕੁਲਦੀਪ ਸਿੰਘ, ਸਹਾਇਕ ਸਕੱਤਰ ਕੁਲਵਿੰਦਰ ਬੰਟੀ ਤੇ ਪ੍ਰੈੱਸ ਸਕੱਤਰ ਜੁਝਾਰ ਲੌਂਗੋਵਾਲ ਨੇ ਕਿਹਾ ਕਿ ਲੋਕਤੰਤਰੀ ਢੰਗ ਨਾਲ ਆਪਣੀਆਂ ਮੰਗਾਂ ਮਨਵਾਉਣਾਂ ਹਰ ਇਕ ਦਾ ਜਮਹੂਰੀ ਹੱਕ ਹੈ, ਜੋ ਕੇਂਦਰ ਤੇ ਸੂਬਾ ਸਰਕਾਰ ਵੱਲੋਂ ਲਗਾਤਾਰ ਖੋਹਿਆ ਜਾ ਰਿਹਾ ਹੈ, ਜੋ ਸਰਾਸਰ ਗਲਤ ਹੈ।ਸਭਾ ਮੰਗ ਕਰਦੀ ਹੈ ਸਿੱਖਿਆ ਮੰਤਰੀ ਨੂੰ ਅਹੁਦੇ ਤੋਂ ਤੁਰੰਤ ਬਰਖਾਸਤ ਕੀਤਾ ਜਾਵੇ।ਸੋਨਮ ਵਾਂਗਚੁਕ ਨੂੰ ਤੁਰੰਤ ਰਿਹਾਅ ਕੀਤਾ ਜਾਵੇ।ਲਾਠੀਚਾਰਜ ਕਰਨ ਵਾਲੇ ਤੇ ਕਰਵਾਉਣ ਵਾਲੇ ਅਧਿਕਾਰੀਆਂ 'ਤੇ ਤੁਰੰਤ ਕਾਰਵਾਈ ਕੀਤੀ ਜਾਵੇ।ਖੁਦਕੁਸ਼ੀਆਂ ਕਰ ਚੁੱਕਿਆਂ ਦੇ ਮਾਪਿਆਂ ਨੂੰ ਯੋਗ ਮੁਆਵਜ਼ਾ ਦਿੱਤਾ ਜਾਵੇ।ਔਰਤ ਵਿਰੋਧੀ ਮਾਨਸਿਕਤਾ ਵਾਲੇ ਬੁਲਾਰਿਆਂ ਨੂੰ ਬਲਾਉਣ ਵਾਲੇ ਯੂਨੀਵਰਸਿਟੀ ਦੇ ਅਧਿਕਾਰੀਆਂ 'ਤੇ ਕਾਰਵਾਈ ਕੀਤੀ ਜਾਵੇ।

## ਸਫਾ 1 ਦੇ ਬਾਕੀ...

### ਫਾਸਟ ਟਰੈਕ ਅਦਾਲਤਾਂ...

ਸਕੱਤਰ ਇੰਚਾਰਜ ਸੰਚਾਰ ਜੈਰਾਮ ਰਮੇਸ਼ ਨੇ ਕਿਹਾ ਕਿ ਪ੍ਰਧਾਨ ਮੰਤਰੀ ਨੇ ਇੱਕ ਵਾਰ ਫਿਰ ਸੰਸਦ ਵਿੱਚ ਇਸ ਮੁੱਦੇ 'ਤੇ ਬੋਲਣ ਤੋਂ ਗੁਰੇਜ਼ ਕੀਤਾ ਹੈ। ਮੋਦੀ ਵਿੱਚ ਸੰਸਦ ਨੂੰ ਸੰਬੋਧਨ ਕਰਨ ਅਤੇ ਗੰਭੀਰ ਬਹਿਸ ਵਿੱਚ ਹਿੱਸਾ ਲੈਣ ਦੀ ਹਿੰਮਤ ਨਹੀਂ ਹੈ, ਜਦੋਂ ਕਿ ਸਥਿਤੀ ਦੀ ਮੰਗ ਹੋਣ 'ਤੇ ਉਨ੍ਹਾ ਦੇ ਪੂਰਵਜ ਅਜਿਹਾ ਕਰਦੇ ਸਨ।

ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਨੇ ਕਿਹਾ, "ਨਰਿੰਦਰ ਮੋਦੀ ਜੀ, ਤੁਹਾਡੀ ਦੇਖ-ਰੇਖ ਵਿੱਚ ਸਿੱਖਿਆ ਪ੍ਰਣਾਲੀ ਗਲ ਗਈ ਹੈ। ਸਾਨੂੰ ਖੋਖਲੇ ਵਾਅਦਿਆਂ ਜਾਂ ਟੁਕੜਿਆਂ ਵਿੱਚ ਕੀਤੇ ਐਲਾਨਾਂ ਦੀ ਲੋੜ ਨਹੀਂ ਹੈ। ਤੁਹਾਡੀ ਸਰਕਾਰ ਨੇ ਨੌਜਵਾਨਾਂ ਉੱਤੇ ਲਾਠੀਚਾਰਜ ਕੀਤਾ, ਪੈਲੇਟ ਗੰਨ ਦੀ ਵਰਤੋਂ ਕੀਤੀ, ਸ਼ੌਕ ਬੈਟਨ ਵਰਤੇ, ਬਿਨਾਂ ਕਿਸੇ ਡਰ ਦੇ ਅੰਨ੍ਹੇਵਾਹ ਬੇਰਹਿਮੀ ਕੀਤੀ, ਜਿਵੇਂ ਕਿ ਉਹ ਸਾਡੇ ਆਪਣੇ ਬੱਚੇ ਨਾ ਹੋਣ। ਆਪਣੇ ਏਅਰ-ਕੰਡੀਸ਼ਨਡ ਹਾਥੀ ਦੰਦ ਦੇ ਮਹਿਲਾਂ ਤੋਂ ਬਾਹਰ ਆਓ ਅਤੇ ਉਨ੍ਹਾਂ ਨੌਜਵਾਨ ਮੁੰਡਿਆਂ ਅਤੇ ਕੁੜੀਆਂ ਦੀਆਂ ਅੱਖਾਂ ਵਿੱਚ ਦੇਖੋ, ਜੋ ਸੜਕਾਂ 'ਤੇ ਲਹੂ ਨਾਲ ਲੱਥਪੱਥ ਹੋਏ ਸਨ।" ਆਮ ਆਦਮੀ ਪਾਰਟੀ ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਪੇਪਰ ਲੀਕ ਮਾਮਲਿਆਂ ਲਈ ਫਾਸਟ ਟ੍ਰੈਕ ਕੋਰਟ ਬਣਾਉਣ ਦੇ ਐਲਾਨ ਨੂੰ ਦੇਸ਼ ਦੇ ਬੱਚਿਆਂ ਨੂੰ ਮੂਰਖ ਬਣਾਉਣ ਅਤੇ ਕੇਂਦਰੀ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਨੂੰ ਬਚਾਉਣ ਦੀ ਕੋਸ਼ਿਸ਼ ਕਰਾਰ ਦਿੱਤਾ ਹੈ। ਉਨ੍ਹਾ ਪੀ ਐੱਮ ਤੋਂ ਪੁੱਛਿਆ ਕਿ ਧਰਮਿੰਦਰ ਪ੍ਰਧਾਨ ਦੇ ਅਸਤੀਫੇ ਦਾ ਕੀ ਹੋਇਆ? ਬੱਚਿਆਂ ਨੇ ਤਾਂ ਫਾਸਟ ਟ੍ਰੈਕ ਕੋਰਟ ਦੀ ਮੰਗ ਹੀ ਨਹੀਂ ਕੀਤੀ ਸੀ, ਧਰਮਿੰਦਰ ਪ੍ਰਧਾਨ ਦਾ ਅਸਤੀਫਾ ਮੰਗਿਆ ਸੀ।ਉਨ੍ਹਾ ਕਿਹਾ ਕਿ ਦੇਸ਼ ਵਿੱਚ ਬਹੁਤ ਸਾਰੇ ਫਾਸਟ ਟ੍ਰੈਕ ਕੋਰਟ ਹਨ, ਪਰ ਕਈਆਂ ਵਿੱਚ ਸੁਣਵਾਈ ਹੀ ਨਹੀਂ ਹੁੰਦੀ, ਤਾਂ ਕਈਆਂ ਵਿੱਚ ਆਮ ਕੋਰਟ ਨਾਲੋਂ ਵੀ ਵੱਧ ਸਮਾਂ ਲੱਗਦਾ ਹੈ।ਅਜਿਹਾ ਕੋਈ ਐਲਾਨ ਨਹੀਂ ਹੋਇਆ, ਜਿਸ ਨਾਲ ਬੱਚਿਆਂ ਵਿੱਚ ਪੇਪਰ ਲੀਕ ਨਾ ਹੋਣ ਦਾ ਭਰੋਸਾ ਵਧੇ, ਕੀ ਪੀ ਐੱਮ ਦਾ ਆਪਣਾ ਕੋਈ ਵਿਜ਼ਨ ਨਹੀਂ? ਪ੍ਰਧਾਨ ਮੰਤਰੀ ਦਾ ਇਹ ਬਿਆਨ ਇੱਕ ਹਾਰੇ ਹੋਏ, ਦਿਸ਼ਾਹੀਣ ਹੰਕਾਰੀ ਵਿਅਕਤੀ ਦਾ ਲੱਗਦਾ ਹੈ।

### ਪੀ ਆਰ ਟੀ ਸੀ ਮੈਨੇਜਮੈਂਟ...

ਦਿੱਤਾ ਜਾਣਾ ਚਾਹੀਦਾ ਹੈ, ਪਰ ਪੀ ਆਰ ਟੀ ਸੀ ਵਿੱਚ ਅਜਿਹਾ ਨਹੀਂ ਕੀਤਾ ਜਾਦਾ।ਭਾਵੇਂ ਅੱਜ ਇੱਕ ਜ਼ਿੰਮੇਵਾਰ ਅਧਿਕਾਰੀ ਵੱਲੋਂ ਐਕਸ਼ਨ ਕਮੇਟੀ ਦੇ ਆਗੂਆਂ ਨੂੰ ਇਹ ਤਾਂ ਦੱਸਿਆ ਗਿਆ ਕਿ ਇੱਕ ਹਫਤੇ ਵਿੱਚ ਵਿੱਚ ਜਿਹਨਾਂ ਸਿੱਧੇ ਠੇਕੇ ਅਧੀਨ ਕੰਮ ਕਰਦੇ ਵਰਕਰਾਂ ਨੇ ਰੈਗੂਲਰ ਹੋਣ ਸੰਬੰਧੀ ਕੋਰਟ ਵਿੱਚ ਕੇਸ ਨਹੀਂ ਕੀਤਾ, ਉਨ੍ਹਾਂ ਨੂੰ ਵੀ ਰੈਗੂਲਰ ਕੀਤਾ ਜਾ ਰਿਹਾ ਹੈ।ਐਕਸ਼ਨ ਕਮੇਟੀ ਦੇ ਆਗੂਆਂ ਨੇ ਸਖ਼ਤ ਰੋਸ ਪ੍ਰਗਟ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵਲੋਂ ਸੋਧੇ ਹੋਏ ਟੀ ਏ/ ਡੀ ਏ ਰੇਟ ਅਜੇ ਤੱਕ ਲਾਗੂ ਨਾ ਕਰਨਾ, 01-01-2004 ਤੋਂ ਬਾਅਦ ਭਰਤੀ ਹੋਏ ਕੁਝ ਕੁ ਵਰਕਰਾਂ ਨੂੰ ਸਰਕਾਰ ਦੇ ਹੁਕਮਾਂ ਦੇ ਬਾਵਜੂਦ ਪੁਰਾਣੀ ਪੈਨਸ਼ਨ ਦਾ ਲਾਭ ਨਹੀਂ ਦਿੱਤਾ ਜਾ ਰਿਹਾ। ਸੇਵਾ-ਮੁਕਤ ਕਰਮਚਾਰੀਆਂ ਨੂੰ 2 ਸਾਲਾ ਬਾਅਦ ਇੱਕ ਬੇਸਿਕ ਪੇਅ ਦੇ ਬਰਾਬਰ ਮਿਲਣਯੋਗ ਯਾਤਰਾ ਭੱਤਾ ਲਾਗੂ ਨਾ ਕਰਨਾ, ਸੇਵਾ-ਮੁਕਤ ਵਰਕਰਾਂ ਦੇ ਸੇਵਾ-ਮੁਕਤੀ ਲਾਭ ਅਤੇ ਵਰਕਰਾਂ ਦੇ ਹੋਰ ਕਰੋੜਾਂ ਰੁਪਏ ਦੇ ਬਕਾਏ ਨਾ ਦੇਣੇ ਆਦਿ ਸੰਬੰਧੀ ਵਰਕਰਾਂ ਵਿੱਚ ਭਾਰੀ ਨਰਾਜ਼ਗੀ ਪਾਈ ਜਾ ਰਹੀ ਹੈ, ਕਿਉਂਕਿ ਵਰਕਰਾਂ ਦੇ ਇਨ੍ਹਾਂ ਹੱਕਾਂ ਨੂੰ ਦੇਣ ਲਈ ਮੈਨੇਜਮੈਂਟ ਉਕਾ ਹੀ ਸੰਜੀਦਾ ਨਹੀਂ। ਅਖ਼ਬਾਰਾਂ ਵਿੱਚ ਪੀ ਆਰ ਟੀ ਸੀ ਦੀਆਂ ਕੁਝ ਕੀਮਤੀ ਜਾਇਦਾਦਾਂ ਵੇਚਣ ਦੀ ਲੱਗੀ ਹੋਈ ਖ਼ਬਰ ਨੇ ਵਰਕਰਾਂ ਵਿੱਚ ਹਾਹਾਕਾਰ ਮਚਾ ਦਿੱਤੀ ਹੈ ਕਿ ਇਸ ਤਰ੍ਹਾਂ ਜਿਹੜੀਆਂ ਜਾਇਦਾਦਾਂ ਦੀ ਪੀ ਆਰ ਟੀ ਸੀ ਨੂੰ ਵਰਤੋਂ ਲਈ ਲੋੜ ਪੈਣ ਦੀ ਸੰਭਾਵਨਾ ਸਾਹਮਣੇ ਨਜ਼ਰ ਆਉਂਦੀ ਹੋਵੇ, ਉਨ੍ਹਾਂ ਨੂੰ ਵੇਚਣਾ ਕਿਸੇ ਤਰ੍ਹਾਂ ਵੀ ਅਦਾਰੇ ਦੇ ਹਿੱਤ ਵਿੱਚ ਨਹੀਂ, ਨਾ ਹੀ ਅਜਿਹਾ ਕਰਨਾ ਚੰਗੇ ਪ੍ਰਬੰਧ ਦੀ ਨਿਸ਼ਾਨੀ ਹੈ। ਐਕਸ਼ਨ ਕਮੇਟੀ ਨੇ ਚੇਅਰਮੈਨ ਪੀ ਆਰ ਟੀ ਸੀ ਨੂੰ ਅਪੀਲ ਕੀਤੀ ਕਿ ਉਹ ਉਚਿਤ ਦਖਲ ਦਿੰਦੇ ਹੋਏ ਚਿਰਾਂ ਤੋਂ ਲਟਕਦੇ ਮਸਲੇ ਹੱਲ ਕਰਵਾਉਣ, ਤਾਂ ਕਿ ਵਰਕਰਾਂ ਨੂੰ ਐਜੀਟੇਸ਼ਨਾਂ ਦੇ ਰਾਹ 'ਤੇ ਨਾ ਪੈਣਾ ਪਵੇ।

### ਸਰਕਾਰ ਅਮਰੀਕੀ ਲਾਅ...

ਕਿ ਉਹਨਾ ਵੱਲੋਂ ਡੀਪੋਰਟੇਸ਼ਨ ਅਤੇ ਅਸਾਈਲਮ ਭਾਵ ਪਨਾਹ ਦੇ ਕੇਸਾਂ ਨੂੰ ਹੈਂਡਲ ਕੀਤਾ ਜਾਂਦਾ ਹੈ ਅਤੇ ਉਹ 10 ਹਜ਼ਾਰ ਅਜਿਹੇ ਕੇਸ ਹੈਂਡਲ ਕਰ ਚੁੱਕੇ ਹਨ ਜਾਂ ਕਰ ਰਹੇ ਹਨ। ਉਹਨਾ ਦੇ ਯੂਨੀਵਰਸਿਟੀ ਸਮਾਗਮਾਂ ਵਿੱਚ ਜਿੱਥੇ ਵਾਈਸ ਚਾਂਸਲਰ ਤਾਂ ਹੋਣੇ ਹੀ ਸਨ, ਉੱਥੇ ਹੀ ਮੰਤਰੀ ਵੀ ਸ਼ਾਮਿਲ ਸਨ। ਪੰਜਾਬ ਸੀ ਪੀ ਆਈ ਨੇ ਚਿੰਤਾ ਜ਼ਾਹਰ ਕਰਦੇ ਹੋਏ ਨੋਟ ਕੀਤਾ ਹੈ ਕਿ ਜਿਹੜੀ ਸ਼ਖਸੀਅਤ ਅਮਰੀਕਾ ਵਿੱਚ ਪਨਾਹ ਲੈਣ ਵਾਲੇ ਵਿਅਕਤੀਆਂ ਦੀ ਪੈਰਵਾਈ ਕਰਦੀ ਹੈ, ਉਹਨਾਂ ਪਨਾਹ ਲੈਣ ਵਾਲਿਆਂ ਦਾ ਪਿਛੋਕੜ ਕੀ ਹੈ, ਉਹਨਾਂ ਨੂੰ ਉੱਥੇ ਪਨਾਹ ਕਿਉਂ ਲੈਣੀ ਪਈ। ਅਜਿਹੇ ਸੰਦਰਭ ਵਿੱਚ ਦੇਖਣਾ ਬਣਦਾ ਹੈ ਕਿ ਪੰਜਾਬ ਅਤੇ ਦੇਸ਼ ਦੇ ਕਿਹੋ ਜਿਹੇ ਵਿਅਕਤੀਆਂ ਵੱਲੋਂ ਉੱਥੇ ਪਨਾਹ ਲਈ ਜਸਪ੍ਰੀਤ ਸਿੰਘ ਪਾਸੋਂ ਲੀਗਲ ਮਦਦ ਲਈ ਜਾਂਦੀ ਹੈ। ਪੰਜਾਬ ਵਿੱਚ ਨੇੜ ਭਵਿੱਖ ਵਿੱਚ ਚੋਣਾਂ ਹੋਣ ਜਾ ਰਹੀਆਂ ਹਨ। ਪੰਜਾਬ ਬੀਤੇ ਵਿੱਚ ਬਹੁਤ ਸੰਤਾਪ ਹੰਢਾ ਚੁੱਕਿਆ ਹੈ। ਸੀ ਪੀ ਆਈ ਵੱਲੋਂ ਮੰਗ ਕੀਤੀ ਜਾਂਦੀ ਹੈ ਕਿ ਪੰਜਾਬ ਸਰਕਾਰ ਇਸ ਸਭ ਕੁਝ ਨੂੰ ਗੰਭੀਰਤਾ ਨਾਲ ਵੇਖੇ ਕਿ ਇਹ ਸਾਰਾ ਕੁਝ ਸੂਬੇ ਦੇ ਹਿੱਤਾਂ ਦੇ ਅਨੁਕੂਲ ਹੈ ਜਾਂ ਨਹੀਂ। ਇਸ ਤੋਂ ਇਲਾਵਾ ਜੇਕਰ ਕੋਈ ਹੋਰ ਕੜੀਆਂ ਜੁੜਨ ਦੇ ਸ਼ੱਕ ਦੀ ਗੁੰਜਾਇਸ਼ ਹੋਵੇ ਤਾਂ ਉਸ ਦੀ ਵੀ ਸਮੀਖਿਆ ਕਰਨੀ ਬਣਦੀ ਹੈ।

### ਪੁਲਸ ਵੈਨ ਅੱਗੇ ...

ਪੁਲਸ ਵੈਨ ਦੇਖੀ। 27 ਸਾਲਾ ਅਹੀਰ ਇੱਕ ਮਾਡਲ ਹੈ। ਉਸ ਨੇ ਕਿਹਾ ਕਿ ਉਸ ਨੇ ਸੋਚਿਆ ਕਿ ਲੋਕਾਂ ਨੂੰ ਗਲਤ ਢੰਗ ਨਾਲ ਹਿਰਾਸਤ 'ਚ ਲਿਆ ਗਿਆ। ਉਸ ਨੇ ਕਿਹਾ, 'ਮੈਂ ਆਪਣੇ ਆਪ ਨੂੰ ਰੋਕ ਨਹੀਂ ਸਕੀ, ਉਨ੍ਹਾਂ ਦੇ ਨਾਅਰਿਆਂ ਨੇ ਮੈਨੂੰ ਆਪਣੇ ਵੱਲ ਖਿੱਚਿਆ। ਉਹ ਉਨ੍ਹਾਂ ਨੂੰ ਦੂਰ ਲਿਜਾ ਰਹੇ ਹਨ ਅਤੇ ਮੈਂ ਅਜਿਹਾ ਨਹੀਂ ਹੋਣ ਦੇਣਾ ਚਾਹੁੰਦੀ ਸੀ।' ਉਹ ਉਦੋਂ ਤੱਕ ਵੈਨ ਦੇ ਸਾਹਮਣੇ ਰਹੀ, ਜਦੋਂ ਤੱਕ ਹਿਰਾਸਤ ਵਿੱਚ ਲਏ ਗਏ ਪ੍ਰਦਰਸ਼ਨਕਾਰੀਆਂ ਨੂੰ ਰਿਹਾਅ ਨਹੀਂ ਕਰ ਦਿੱਤਾ ਗਿਆ।

## ਐੱਲ ਏ ਡੀ ਸੀ ਖ਼ਿਲਾਫ਼ ਸਮਾਣਾ 'ਚ ਵਕੀਲਾਂ ਦੀ ਭੁੱਖ ਹੜਤਾਲ ਜਾਰੀ



**ਸਮਾਣਾ (ਇਕਬਾਲ ਸਿੰਘ ਬੱਲ)**-ਬਾਰ ਐਸੋਸੀਏਸ਼ਨ ਸਮਾਣਾ ਦੇ ਸਾਬਕਾ ਪ੍ਰਧਾਨ ਦਵਿੰਦਰ ਸਿੰਘ ਢਿੱਲੋਂ ਤੇ ਸੀਨੀਅਰ ਐਡਵੋਕੇਟ ਕਸ਼ਮੀਰ ਸਿੰਘ ਵਿਰਕ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਲੀਗਲ ਏਡ ਡਿਫੈਂਸ ਕੌਂਸਲ (ਐੱਲ ਏ ਡੀ ਸੀ) ਸਕੀਮ ਦੇ ਵਿਰੋਧ ਵਿੱਚ ਬਾਰ ਐਸੋਸੀਏਸ਼ਨ ਸਮਾਣਾ ਵੱਲੋਂ ਵਿੱਢਿਆ ਸੰਘਰਸ਼ ਲਗਾਤਾਰ ਜਾਰੀ ਹੈ।ਇਸੇ ਲੜੀ ਤਹਿਤ ਵੀਰਵਾਰ ਸਮਾਣਾ ਦੇ ਵਕੀਲਾਂ ਵੱਲੋਂ ਅਦਾਲਤੀ ਕੰਪਲੈਕਸ ਵਿਖੇ ਦੂਜੇ ਦਿਨ ਵੀ ਭੁੱਖ ਹੜਤਾਲ ਕੀਤੀ ਗਈ।ਅੱਜ ਦੀ ਇਸ ਭੁੱਖ ਹੜਤਾਲ ਵਿੱਚ ਸੀਨੀਅਰ ਐਡਵੋਕੇਟ ਕਸ਼ਮੀਰ ਸਿੰਘ ਵਿਰਕ, ਦਵਿੰਦਰ ਸਿੰਘ ਢਿੱਲੋਂ, ਰਵਿੰਦਰ ਸਹੋਤਾ, ਵਿਪਨ ਬਾਂਸਲ, ਪ੍ਰਿਥਪਾਲ ਸਿੰਘ ਤੇ ਅਰੁਣਦੀਪ ਸਿੰਘ ਸੰਧੂ ਵਿਸ਼ੇਸ਼ ਤੌਰ 'ਤੇ ਬੈਠੇ।ਭੁੱਖ ਹੜਤਾਲ 'ਤੇ ਬੈਠੇ ਵਕੀਲਾਂ ਤੇ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਨਵਦੀਪ ਸਿੰਘ ਢਿੱਲੋਂ ਵੱਲੋਂ ਸਰਕਾਰ ਤੇ ਪ੍ਰਸ਼ਾਸਨ ਖ਼ਿਲਾਫ਼ ਰੋਸ ਪ੍ਰਗਟਾਉਂਦਿਆਂ ਹੱਥਾਂ ਵਿੱਚ ਤਖ਼ਤੀਆਂ ਫੜ ਕੇ ਪੁਰਜ਼ੋਰ ਮੰਗਾਂ ਚੁੱਕੀਆਂ ਗਈਆਂ। ਵਕੀਲਾਂ ਦਾ ਕਹਿਣਾ ਹੈ ਕਿ ਲੀਗਲ ਏਡ ਡਿਫੈਂਸ ਕੌਂਸਲ ਸਿਸਟਮ ਨਾਲ ਆਮ ਵਕੀਲਾਂ ਦੇ ਰੁਜ਼ਗਾਰ ਤੇ ਹੱਕਾਂ 'ਤੇ ਡਾਕਾ ਮਾਰਿਆ ਜਾ ਰਹਾ ਹੈ। ?ਵਕੀਲ ਭਾਈਚਾਰੇ ਨੇ ਮੌਜੂਦਾ ਐਕਸ਼ਨ ਪਲਾਨ ਨੂੰ ਰੱਦ ਕਰਨ ਦੀ ਮੰਗ ਕੀਤੀ। ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਉਨ੍ਹਾਂ ਦੀਆਂ ਮੰਗਾਂ ਵੱਲ ਧਿਆਨ ਨਾ ਦਿੱਤਾ ਗਿਆ ਤਾਂ ਇਹ ਸੰਘਰਸ਼ ਆਉਣ ਵਾਲੇ ਦਿਨਾਂ ਵਿੱਚ ਹੋਰ ਵੀ ਤਿੱਖਾ ਕੀਤਾ ਜਾਵੇਗਾ।

## ਡੀ ਸੀ ਦਫ਼ਤਰ ਅੱਗੇ ਕਰਮਚਾਰੀਆਂ ਵੱਲੋਂ ਮੋਰਚਾ ਤੇਜ਼ ਕਰਨ ਦਾ ਐਲਾਨ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਡੀ ਸੀ ਦਫ਼ਤਰ ਫਿਰੋਜ਼ਪੁਰ ਦੇ ਕਰਮਚਾਰੀਆਂ ਨੇ ਆਪਣੀਆਂ ਲੰਬੇ ਸਮੇਂ ਤੋਂ ਲਟਕ ਰਹੀਆਂ ਮੰਗਾਂ ਨੂੰ ਲੈ ਕੇ ਸਰਕਾਰ ਦੇ ਨਾਮ ਡਿਪਟੀ ਕਮਿਸ਼ਨਰ ਰਾਹੀਂ ਮੰਗ ਪੱਤਰ ਸੌਂਪਿਆ। ਕਰਮਚਾਰੀਆਂ ਨੇ ਚਿਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਜਲਦ ਮੰਗਾਂ ਦਾ ਹੱਲ ਨਾ ਕੀਤਾ ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਇਸ ਮੌਕੇ ਵੱਖ-ਵੱਖ ਵਿਭਾਗਾਂ ਦੇ ਕਰਮਚਾਰੀ ਆਗੂ ਵੀ ਹਾਜ਼ਰ ਰਹੇ। ਫਿਰੋਜ਼ਪੁਰ ਵਿਖੇ ਸੰਦੀਪ ਦਿਉਲ ਡੀ ਸੀ ਦਫ਼ਤਰ ਇੰਪਲਾਈਜ਼ ਯੂਨੀਅਨ ਦੱਸਿਆ ਕਿ ਕਿ ਲੰਬੇ ਸਮੇਂ ਤੋਂ ਪੈਂਡਿੰਗ ਪਈਆਂ ਮੰਗਾਂ ਦਾ ਨਿਪਟਾਰਾ ਨਾ ਹੋਣ ਕਾਰਨ ਮੁਲਾਜ਼ਮਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਕਈ ਵਾਰ ਮੰਗਾਂ ਤੋਂ ਜਾਣੂ ਕਰਵਾਇਆ ਜਾ ਚੁੱਕਾ ਹੈ, ਪਰ ਅਜੇ ਤੱਕ ਕੋਈ ਠੋਸ ਕਾਰਵਾਈ ਨਹੀਂ ਕੀਤੀ ਗਈ। ਉਨ੍ਹਾਂ ਦੱਸਿਆ ਕਿ ਸੀਨੀਅਰ ਸਹਾਇਕਾਂ ਦੀਆਂ ਤਰੱਕੀਆਂ ਸਮੇਂ ਸਿਰ ਕਰਨ, ਤਰੱਕੀ ਕੋਟੇ ਦੀਆਂ ਅਸਾਮੀਆਂ ਨੂੰ ਜਲਦੀ ਭਰਨ, ਗਰੁੱਪ-1 ਤੇ ਗਰੁੱਪ-2 ਦੇ ਮੁਲਾਜ਼ਮਾਂ ਦੀਆਂ ਤਰੱਕੀਆਂ ਵਿੱਚ ਆ ਰਹੀਆਂ ਰੁਕਾਵਟਾਂ ਦੂਰ ਕਰਨ, ਵੱਖ-ਵੱਖ ਵਿਭਾਗਾਂ ਵਿੱਚ ਖਾਲੀ ਅਸਾਮੀਆਂ ਨੂੰ ਭਰਨ ਤੇ ਕਰਮਚਾਰੀਆਂ ਨੂੰ ਬਣਦੇ ਹੋਰ ਸੇਵਾ ਲਾਭ ਮੁਹੱਈਆ ਕਰਵਾਉਣ ਦੀ ਮੰਗ ਕੀਤੀ ਗਈ। ਇਸ ਦੇ ਨਾਲ ਹੀ ਵੱਖ-ਵੱਖ ਕੈਡਰਾਂ ਵਿੱਚ ਤਰੱਕੀ ਪ੍ਰਕਿਰਿਆ ਨੂੰ ਪਾਰਦਰਸ਼ੀ ਅਤੇ ਸਮੇਂ ਸਿਰ ਪੂਰਾ ਕਰਨ ਦੀ ਮੰਗ ਵੀ ਉਠਾਈ ਗਈ। ਕਰਮਚਾਰੀ ਆਗੂਆਂ ਨੇ ਕਿਹਾ ਕਿ ਜੇਕਰ ਸਰਕਾਰ ਨੇ ਜਲਦੀ ਮੰਗਾਂ ਨੂੰ ਮਨਜ਼ੂਰ ਨਾ ਕੀਤਾ ਤਾਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ, ਜਿਸ ਦੀ ਪੂਰੀ ਜ਼ਿੰਮੇਵਾਰੀ ਸਰਕਾਰ ਦੀ ਹੋਵੇਗੀ। ਉਨ੍ਹਾਂ ਕਿਹਾ ਕਿ ਮੁਲਾਜ਼ਮ ਆਪਣੇ ਹੱਕਾਂ ਲਈ ਇਕਜੁੱਟ ਹਨ ਤੇ ਲੋੜ ਪੈਣ 'ਤੇ ਵੱਡੇ ਪੱਧਰ 'ਤੇ ਸੰਘਰਸ਼ ਵਿੱਢਿਆ ਜਾਵੇਗਾ। ਇਸ ਮੌਕੇ ਵੱਖ-ਵੱਖ ਵਿਭਾਗਾਂ ਦੇ ਕਰਮਚਾਰੀ ਆਗੂ ਤੇ ਨੁਮਾਇੰਦੇ ਵੀ ਹਾਜ਼ਰ ਰਹੇ, ਜਿਨ੍ਹਾਂ ਨੇ ਮੰਗ ਪੱਤਰ ਨੂੰ ਜਲਦ ਲਾਗੂ ਕਰਨ ਦੀ ਅਪੀਲ ਕੀਤੀ।

## ਕਿਰਤੀਆਂ ਨੇ ਕੀਤਾ ਮੋਦੀ ਤੇ ਮਾਨ ਦਾ ਪਿੱਟ-ਸਿਆਪਾ



**ਬਠਿੰਡਾ (ਰਾਜੀਵ ਗੋਇਲ)**-ਪਿਛਲੇ ਕਈ ਦਿਨਾਂ ਤੋਂ ਆਪਣੀਆਂ ਮੰਗਾਂ ਮੰਨਵਾਉਣ ਲਈ ਸੂਬੇ ਭਰ 'ਚ ਹੜਤਾਲ ਤੇ ਬੈਠੇ ਸਫਾਈ ਕਰਮੀਆਂ ਵੱਲੋਂ ਲਗਾਤਾਰ ਪ੍ਰਦਰਸ਼ਨ ਅਤੇ ਰੋਸ ਮੁਜ਼ਾਹਰੇ ਕੀਤੇ ਜਾ ਰਹੇ ਹਨ ਤੇ ਇਸੇ ਹੀ ਲੜੀ ਤਹਿਤ ਬਰਨਾਲਾ ਵਿਖੇ ਪ੍ਰਦਰਸ਼ਨ ਕਰ ਰਹੇ ਸਫਾਈ ਕਰਮਚਾਰੀਆਂ 'ਤੇ ਪੁਲਸ ਵੱਲੋਂ ਕੀਤੇ ਗਏ ਜ਼ਬਰਦਸਤ ਲਾਠੀਚਾਰਜ ਨੂੰ ਲੈ ਕੇ ਸੂਬੇ ਭਰ ਦੇ ਕਾਮਿਆਂ ਵਿੱਚ ਰੋਸ ਦੇਖਣ ਨੂੰ ਮਿਲ ਰਿਹਾ ਹੈ ਤੇ ਵੱਖ-ਵੱਖ ਜਥੇਬੰਦੀਆਂ ਵੱਲੋਂ ਸਰਕਾਰ ਦੇ ਇਸ ਵਰਤਾਰੇ ਦੀ ਨਿੰਦਿਆ ਕਰਦੇ ਹੋਏ ਸਫ਼ਾਈ ਕਾਮਿਆਂ ਦਾ ਸਮਰਥਨ ਕੀਤਾ ਜਾ ਰਿਹਾ ਹੈ ਅਤੇ ਅੱਜ ਭਗਤਾ ਭਾਈਕਾ ਦੇ ਮੁੱਖ ਚੌਕ ਵਿੱਚ ਨਗਰ ਪੰਚਾਇਤ ਭਗਤਾ ਦੇ ਸਫਾਈ ਕਾਮਿਆਂ ਵੱਲੋਂ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਸੂਬੇ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਪਿੱਟ ਸਿਆਪਾ ਕਰਦੇ ਹੋਏ ਪੁਤਲਾ ਫੂਕਿਆ ਗਿਆ ਤੇ ਕੇਂਦਰੀ ਤੇ ਸੂਬਾ ਸਰਕਾਰ ਖਿਲਾਫ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ। ਉਧਰ ਦੂਜੇ ਪਾਸੇ ਕਿਸਾਨ ਜਥੇਬੰਦੀ ਉਗਰਾਹਾਂ, ਖੋਸਾ ਤੇ ਕ੍ਰਾਂਤੀਕਾਰੀ ਯੂਨੀਅਨ ਵੱਲੋਂ ਵੀ ਇਨ੍ਹਾਂ ਕਾਮਿਆਂ ਦਾ ਸਮਰਥਨ ਕੀਤਾ ਗਿਆ।

## ਵਕੀਲਾਂ ਵੱਲੋਂ ਐਲ ਏ ਡੀ ਸੀ ਪ੍ਰਣਾਲੀ ਖ਼ਿਲਾਫ਼ ਭੁੱਖ ਹੜਤਾਲ ਜਾਰੀ



**ਸ੍ਰੀ ਮੁਕਤਸਰ ਸਾਹਿਬ (ਕੁਲਭੂਸ਼ਨ ਚਾਵਲਾ)**-ਮੁਕਤਸਰ ਦੇ ਵਕੀਲਾਂ ਵੱਲੋਂ ਐੱਲ ਏ ਡੀ ਸੀ ਪ੍ਰਣਾਲੀ ਦੇ ਖ਼ਿਲਾਫ਼ ਸ਼ੁਰੂ ਕੀਤੀ ਕੰਮ ਛੋੜ ਹੜਤਾਲ 17ਵੇਂ ਦਿਨ ਵਿੱਚ ਦਾਖਲ ਹੋ ਗਈ ਹੈ।ਚਾਰ ਦਿਨਾਂ ਤੋਂ ਲੜੀਵਾਰ ਭੁੱਖ ਹੜਤਾਲ ਵੀ ਜਾਰੀ ਹੈ।ਵਕੀਲਾਂ ਨੇ ਦੋਸ਼ ਲਾਇਆ ਕਿ ਐੱਲ ਏ ਡੀ ਸੀ ਪ੍ਰਣਾਲੀ ਕਰਕੇ ਵਕੀਲਾਂ ਦੇ ਰੁਜ਼ਗਾਰ 'ਤੇ ਮਾੜਾ ਅਸਰ ਪੈ ਰਿਹਾ ਹੈ।ਉਨ੍ਹਾਂ ਕਿਹਾ ਕਿ ਇਹ ਪ੍ਰਣਾਲੀ ਰੱਦ ਨਾ ਕੀਤੇ ਜਾਣ ਤੱਕ ਉਹ ਹੜਤਾਲ ਜਾਰੀ ਰੱਖਣਗੇ।

## ਮਾਲਵਾ ਲੰਗਰ ਕਮੇਟੀ ਦੇ ਮੈਂਬਰ ਰੂੜਾ ਰਾਮ ਦੇ ਦੇਹਾਂਤ 'ਤੇ ਦੁੱਖ ਪ੍ਰਗਟ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਪਵਿੱਤਰ ਪ੍ਰਕਾਸ਼ ਉਤਸਵ ਮੌਕੇ ਹਰ ਸਾਲ ਉਨ੍ਹਾਂ ਦੇ ਜਨਮ ਅਸਥਾਨ ਸੀਰ ਗੋਵਰਧਨਪੁਰ (ਬਨਾਰਸ) ਵਿਖੇ ਸੰਗਤਾਂ ਦੀ ਸੇਵਾ ਕਰਨ ਵਾਲੀ ਸਥਾਨਕ ਮਾਲਵਾ ਲੰਗਰ ਕਮੇਟੀ ਦੇ ਸੀਨੀਅਰ ਮੈਂਬਰ ਰੂੜਾ ਰਾਮ ਸਾਂਬਰੀਆ (73) ਪਿਛਲੇ ਦਿਨੀਂ ਅਕਾਲ ਚਲਾਣਾ ਕਰ ਗਏ।ਪੰਜਾਬ ਰਾਜ ਬਿਜਲੀ ਬੋਰਡ ਵਿੱਚ ਰੈਗੂਲਰ ਵਜੋਂ ਸੇਵਾ ਮੁਕਤ ਹੋਏ ਸਵ: ਰੂੜਾ ਰਾਮ ਆਪਣੇ ਪਿੱਛੇ ਧਰਮ ਪਤਨੀ ਸਾਵਿਤਰੀ ਦੇਵੀ, ਸ਼ਾਦੀਸ਼ੁਦਾ ਪੁੱਤਰ ਇੰਜ. ਰੁਪਿੰਦਰ ਸਿੰਘ, ਨੂੰਹ ਰਾਣੀ ਪਰਵਿੰਦਰ ਬਾਂਸਲ, ਪੋਤਰਾ ਰਮਨਦੀਪ ਸਿੰਘ ਤੇ ਪੋਤਰੀ ਗੁਰਨੂਰ ਕੌਰ ਛੱਡ ਗਏ ਹਨ।ਇਸ ਤੋਂ ਇਲਾਵਾ ਸ਼ਾਦੀਸ਼ੁਦਾ ਪੁੱਤਰੀ ਸੁਨੀਤਾ ਢੋਸੀਵਾਲ, ਜਵਾਈ ਅਮਨਦੀਪ ਢੋਸੀਵਾਲ ਤੇ ਦੋਹਤੀ ਵੰਸ਼ਿਕਾ ਸਮੇਤ ਭਰਿਆ ਪੂਰਾ ਹੱਸਦਾ ਵੱਸਦਾ ਪਰਿਵਾਰ ਛੱਡ ਗਏ ਹਨ।ਸਮਾਜਿਕ ਤੇ ਲੋਕ ਸੇਵਾ ਨੂੰ ਸਮਰਪਤ ਸਵ: ਰੂੜਾ ਰਾਮ ਮਾਲਵਾ ਲੰਗਰ ਕਮੇਟੀ ਦੇ ਸੰਸਥਾਪਕ ਮੈਂਬਰਾਂ ਵਿੱਚੋਂ ਸਨ, ਜੋ ਕਮੇਟੀ ਨੂੰ ਹਰ ਤਰ੍ਹਾਂ ਸਹਿਯੋਗ ਦਿੰਦੇ ਸਨ।ਸਵ: ਰੂੜਾ ਰਾਮ ਸਾਂਬਰੀਆ ਦੇ ਅਕਾਲ ਚਲਾਣੇ 'ਤੇ ਮਾਲਵਾ ਲੰਗਰ ਕਮੇਟੀ ਦੇ ਚੇਅਰਮੈਨ ਸੰਤ ਲਾਲ ਖਿੱਚੀ, ਲਾਲ ਚੰਦ ਮਲੋਟ, ਇੰਜ. ਅਸ਼ੋਕ ਭਾਰਤੀ ਤੇ ਸ੍ਰੀ ਢੋਸੀਵਾਲ ਸਮੇਤ ਸਮੂਹ ਅਹੁਦੇਦਾਰਾਂ ਤੇ ਮੈਂਬਰਾਂ ਨੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ।ਸਵ: ਰੂੜਾ ਰਾਮ ਨਮਿੱਤ ਅੰਤਿਮ ਅਰਦਾਸ ਤੇ ਪਾਠ ਦਾ ਭੋਗ 26 ਜੁਲਾਈ ਐਤਵਾਰ ਨੂੰ ਉਨ੍ਹਾਂ ਦੇ ਜੱਦੀ ਸ਼ਹਿਰ ਬਠਿੰਡਾ ਦੇ ਪ੍ਰਤਾਪ ਨਗਰ ਦੀ ਗਲੀ ਨੰ: 22 ਸਥਿਤ ਬਾਬਾ ਬਚਿੱਤਰ ਸਿੰਘ ਗੁਰਦੁਆਰਾ ਵਿਖੇ ਦੁਪਹਿਰ 12:00 ਤੋਂ 1:00 ਵਜੇ ਤੱਕ ਪਵੇਗਾ।

## ਨਗਰ ਕੌਂਸਲ ਸਫਾਈ ਸੇਵਕਾਂ ਸਰਕਾਰ ਦਾ ਪੁਤਲਾ ਫੂਕਿਆ



**ਸਨੌਰ (ਰਾਜਿੰਦਰ ਸਿੰਘ ਥਿੰਦ)**-ਸਫਾਈ ਸੇਵਕ ਯੂਨੀਅਨ ਪੰਜਾਬ ਦੇ ਸੱਦੇ ਤੇ ਪੰਜਾਬ ਸਰਕਾਰ ਦਾ ਪੁਤਲਾ ਫੂਕਿਆ ਗਿਆ, ਜਿਸ ਵਿੱਚ ਸਫਾਈ ਸੇਵਕ ਯੂਨੀਅਨ ਨਗਰ ਕੌਂਸਲ ਸਨੌਰ ਪ੍ਰਧਾਨ ਨੰਦ ਲਾਲ ਦੀ ਅਗਵਾਈ ਵਿੱਚ ਪਟਿਆਲਾ ਰੋਡ ਸਨੌਰ ਵਿਖੇ ਪੰਜਾਬ ਸਰਕਾਰ ਦਾ ਪੁਤਲਾ ਫੂਕਿਆ ਤੇ ਪੰਜਾਬ ਸਰਕਾਰ ਖਿਲਾਫ ਨਾਅਰੇਬਾਜ਼ੀ ਕੀਤੀ ਗਈ ਅਤੇ ਬਰਨਾਲੇ ਵਿੱਚ ਹੋਏ ਸਫਾਈ ਸੇਵਕਾਂ 'ਤੇ ਲਾਠੀਚਾਰਜ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕੀਤੀ ਗਈ। ਸਰਕਾਰ ਨੂੰ ਚੇਤਾਵਨੀ ਦਿੰਦਿਆਂ ਕਿਹਾ ਡੀ ਐੱਸ ਪੀ ਸਤਬੀਰ ਸਿੰਘ ਬੈਂਸ ਨੂੰ ਸਸਪੈਂਡ ਕੀਤਾ ਜਾਵੇ ਤੇ ਨਾਲ ਹੀ, ਜਿਹੜੇ ਪੁਲਸ ਕਰਮਚਾਰੀ ਨੇ ਲਾਠੀਚਾਰਜ ਕੀਤਾ, ਉਨ੍ਹਾਂ ਨੂੰ ਵੀ ਸਸਪੈਂਡ ਕੀਤਾ ਜਾਵੇ।ਜੇਕਰ ਸਰਕਾਰ ਸਫਾਈ ਸੇਵਕਾਂ ਦੀਆਂ ਮੰਗਾਂ ਵੱਲ ਜਲਦ ਧਿਆਨ ਨਹੀਂ ਦਿੰਦੀ ਤਾਂ ਇਸ ਦਾ ਨਤੀਜਾ ਸਰਕਾਰ ਨੂੰ ਭੁਗਤਣਾ ਪਵੇਗਾ ਤੇ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ।ਇਸ ਮੌਕੇ ਮੀਤ ਪ੍ਰਧਾਨ ਵਰਨ ਕੁਮਾਰ, ਕੈਸ਼ੀਅਰ ਦੀਪਕ ਕੁਮਾਰ, ਸੈਕਟਰੀ ਰੋਕੀ ਅਟਵਾਲ, ਵੀਰਪਾਲ ਪੰਜੋਲਾ, ਸੁੰਦਰ ਸੋਨੀ, ਵਿੱਕੀ, ਵਿਸ਼ਾਲ ਕੁਮਾਰ, ਨਰਿੰਦਰ ਸਿੰਘ ਹਸਨਪੁਰ, ਜਗਜੀਤ ਸਿੰਘ ਰਾਏਪੁਰ ਤੇ ਸਾਰੇ ਹੀ ਸਫਾਈ ਸੇਵਕ ਯੂਨੀਅਨ ਨਗਰ ਕੌਂਸਲ ਦੇ ਮੈਂਬਰ ਹਾਜ਼ਰ ਸਨ।

## 11 ਨਵੇਂ ਰਾਸ਼ਨ ਡਿਪੂ ਅਲਾਟ : ਡਾ. ਜਮੀਲ ਉਰ ਰਹਿਮਾਨ



**ਮਾਲੇਰਕੋਟਲਾ (ਅਸਗਰ ਪਰਿਹਾਰ)**-ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਜਨਤਕ ਵੰਡ ਪ੍ਰਣਾਲੀ ਨੂੰ ਹੋਰ ਮਜ਼ਬੂਤ, ਪਾਰਦਰਸ਼ੀ ਤੇ ਲੋਕ-ਪੱਖੀ ਬਣਾਉਣ ਲਈ ਕੀਤੇ ਜਾ ਰਹੇ ਉਪਰਾਲਿਆਂ ਤਹਿਤ ਵਿਧਾਨ ਸਭਾ ਹਲਕਾ ਮਾਲੇਰਕੋਟਲਾ ਵਿੱਚ 11 ਨਵੇਂ ਰਾਸ਼ਨ ਡਿੱਪੂ ਅਲਾਟ ਕੀਤੇ ਗਏ ਹਨ।ਵਿਧਾਇਕ ਮਾਲੇਰਕੋਟਲਾ ਡਾ. ਜਮੀਲ ਉਰ ਰਹਿਮਾਨ ਨੇ ਅੱਜ ਨਵੇਂ ਚੁਣੇ ਗਏ ਡਿੱਪੂ ਧਾਰਕਾਂ ਨੂੰ ਅਲਾਟਮੈਂਟ ਲੈਟਰ ਤਕਸੀਮ ਕੀਤੇ।ਇਸ ਮੌਕੇ ਵਿਧਾਇਕ ਡਾ. ਜਮੀਲ ਉਰ ਰਹਿਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਹਰ ਯੋਗ ਪਰਿਵਾਰ ਤੱਕ ਜ਼ਰੂਰੀ ਖੁਰਾਕੀ ਵਸਤਾਂ ਦੀ ਸੁਖਾਲੀ ਤੇ ਨਿਰਵਿਘਨ ਪਹੁੰਚ ਯਕੀਨੀ ਬਣਾਉਣ ਲਈ ਲਗਾਤਾਰ ਅਹਿਮ ਕਦਮ ਚੁੱਕੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਨਵੇਂ ਰਾਸ਼ਨ ਡਿੱਪੂ ਅਲਾਟ ਹੋਣ ਨਾਲ ਲੋਕਾਂ ਨੂੰ ਆਪਣੇ ਨੇੜੇ ਹੀ ਜ਼ਰੂਰੀ ਖੁਰਾਕੀ ਵਸਤਾਂ ਪ੍ਰਾਪਤ ਕਰਨ ਦੀ ਸਹੂਲਤ ਮਿਲੇਗੀ ਤੇ ਜਨਤਕ ਵੰਡ ਪ੍ਰਣਾਲੀ ਦੀ ਪਹੁੰਚ ਹੋਰ ਵਿਸ਼ਾਲ ਹੋਵੇਗੀ। ਵਿਧਾਇਕ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਯੋਗ ਪਰਵਾਰਾਂ ਨੂੰ ਰਾਸ਼ਨ ਕਾਰਡ ਦੀ ਸਹੂਲਤ ਮੁਹੱਈਆ ਕਰਵਾਉਣ ਲਈ ਨਵੇਂ ਰਾਸ਼ਨ ਕਾਰਡ ਬਣਾਉਣ ਤੇ ਮੌਜੂਦਾ ਰਾਸ਼ਨ ਕਾਰਡਾਂ ਵਿੱਚ ਯੋਗ ਮੈਂਬਰ ਸ਼ਾਮਲ ਕਰਨ ਲਈ 11 ਅਗਸਤ 2026 ਤੱਕ ਅਰਜ਼ੀਆਂ ਸਵੀਕਾਰ ਕੀਤੀਆਂ ਜਾ ਰਹੀਆਂ ਹਨ।ਉਨ੍ਹਾਂ ਯੋਗ ਪਰਵਾਰਾਂ ਨੂੰ ਅਪੀਲ ਕੀਤੀ ਕਿ ਉਹ ਨਿਰਧਾਰਤ ਸਮੇਂ ਅੰਦਰ ਆਪਣੀਆਂ ਅਰਜ਼ੀਆਂ ਜਮ੍ਹਾਂ ਕਰਵਾ ਕੇ ਸਰਕਾਰੀ ਯੋਜਨਾ ਦਾ ਲਾਭ ਪ੍ਰਾਪਤ ਕਰਨ।ਇਸ ਮੌਕੇ ਚੇਅਰਮੈਨ ਮਾਰਕੀਟ ਕਮੇਟੀ ਜਾਫਰ ਅਲੀ, ਜ਼ਿਲ੍ਹਾ ਖੁਰਾਕ, ਸਿਵਲ ਸਪਲਾਈਜ਼ ਤੇ ਖਪਤਕਾਰ ਮਾਮਲੇ ਕੰਟਰੋਲਰ ਮੁਨੀਸ਼ ਪਜਨੀ ਤੇ ਇੰਸਪੈਕਟਰ ਖੁਰਾਕ, ਸਿਵਲ ਸਪਲਾਈਜ਼ ਤੇ ਖਪਤਕਾਰ ਮਾਮਲੇ ਰਸਮਿੰਦਰ ਸਿੰਘ ਮੌਜੂਦ ਸਨ।

## ਵਰਲਡ ਯੂਨੀਵਰਸਿਟੀ ਤੇ ਓਰੀਅਨ ਐਜੂਕੇਸ਼ਨਲ ਸੋਸਾਇਟੀ ਵਿਚਕਾਰ ਸਮਝੌਤਾ



**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਫ਼ਤਿਹਗੜ੍ਹ ਸਾਹਿਬ ਤੇ ਓਰੀਅਨ ਐਜੂਕੇਸ਼ਨਲ ਸੋਸਾਇਟੀ ਨੇ ਐੱਚਡੀਐੱਫ਼ਸੀ ਪਰਿਵਰਤਨ ਹੁਨਰ ਵਿਕਾਸ ਤੇ ਰੁਜ਼ਗਾਰ ਵਧਾਵਾ ਪ੍ਰੋਗਰਾਮ ਤਹਿਤ ਇੱਕ ਸਮਝੌਤਾ (ਐੱਮਓਯੂ) ਕੀਤਾ।ਇਸ ਦਾ ਉਦੇਸ਼ ਵਿਦਿਆਰਥੀਆਂ ਨੂੰ ਉਦਯੋਗ-ਅਧਾਰਤ ਤਾਲੀਮ, ਪੇਸ਼ਾਵਰ ਪ੍ਰਮਾਣੀਕਰਨ ਤੇ ਰੁਜ਼ਗਾਰ ਸਹਾਇਤਾ ਪ੍ਰਦਾਨ ਕਰਕੇ ਉਨ੍ਹਾਂ ਦੀ ਰੁਜ਼ਗਾਰਯੋਗਤਾ ਨੂੰ ਮਜ਼ਬੂਤ ਕਰਨਾ ਹੈ।ਇਸ ਸਮਝੌਤੇ ਅਧੀਨ ਉੱਚ ਮੰਗ ਵਾਲੇ ਖੇਤਰਾਂ ਵਿੱਚ ਉਦਯੋਗ-ਸੰਬੰਧਤ ਤਾਲੀਮ, ਰੁਜ਼ਗਾਰਯੋਗਤਾ ਹੁਨਰ, ਸਾਫ਼ਟ ਸਕਿੱਲਜ਼, ਕਰੀਅਰ ਕਾਊਂਸਲਿੰਗ, ਮੌਕ ਇੰਟਰਵਿਊ ਤੇ ਪਲੇਸਮੈਂਟ ਸਹਾਇਤਾ ਪ੍ਰਦਾਨ ਕੀਤੀ ਜਾਵੇਗੀ, ਜਿਸ ਨਾਲ ਵਿਦਿਆਰਥੀਆਂ ਨੂੰ ਬਦਲਦੇ ਰੁਜ਼ਗਾਰ ਬਾਜ਼ਾਰ ਦੀਆਂ ਲੋੜਾਂ ਅਨੁਸਾਰ ਤਿਆਰ ਕੀਤਾ ਜਾਵੇਗਾ। ਸਮਝੌਤੇ 'ਤੇ ਯੂਨੀਵਰਸਿਟੀ ਵੱਲੋਂ ਉਪ-ਕੁਲਪਤੀ ਡਾ. ਪਰਿਤ ਪਾਲ ਸਿੰਘ ਤੇ ਓਰੀਅਨ ਐਜੂਕੇਸ਼ਨਲ ਸੋਸਾਇਟੀ ਵੱਲੋਂ ਉੱਤਰੀ ਖੇਤਰੀ ਪ੍ਰਧਾਨ ਸ੍ਰੀ ਨੀਤੇਸ਼ ਨੇ ਦਸਤਖ਼ਤ ਕੀਤੇ।ਟ੍ਰੇਨਿੰਗ ਤੇ ਪਲੇਸਮੈਂਟ ਸੈੱਲ ਦੀ ਇੰਚਾਰਜ ਡਾ. ਕਮਲਜੀਤ ਕੌਰ ਨੇ ਕਿਹਾ ਕਿ ਇਹ ਭਾਈਵਾਲੀ ਵਿਦਿਆਰਥੀਆਂ ਲਈ ਅਰਥਪੂਰਨ ਰੁਜ਼ਗਾਰ ਦੇ ਮੌਕੇ ਪੈਦਾ ਕਰਨ ਵੱਲ ਮਹੱਤਵਪੂਰਨ ਕਦਮ ਹੈ ਤੇ ਇਸ ਰਾਹੀਂ ਉਨ੍ਹਾਂ ਨੂੰ ਵਿਹਾਰਕ ਤਜਰਬਾ, ਉਦਯੋਗ-ਸੰਬੰਧਤ ਹੁਨਰ ਤੇ ਪੇਸ਼ਾਵਰ ਪ੍ਰਮਾਣੀਕਰਨ ਪ੍ਰਾਪਤ ਹੋਵੇਗਾ। ਉਪ-ਕੁਲਪਤੀ ਡਾ. ਪਰਿਤ ਪਾਲ ਸਿੰਘ ਨੇ ਕਿਹਾ ਕਿ ਯੂਨੀਵਰਸਿਟੀ ਸਮੁੱਚੀ ਸਿੱਖਿਆ ਲਈ ਵਚਨਬੱਧ ਹੈ ਤੇ ਅਜਿਹੀਆਂ ਭਾਈਵਾਲੀਆਂ ਅਕਾਦਮਿਕ ਤੇ ਉਦਯੋਗ ਵਿਚਕਾਰ ਸਾਂਝ ਨੂੰ ਮਜ਼ਬੂਤ ਕਰਦੀਆਂ ਹਨ।

## ਡਾ. ਅਵਿਨਾਸ਼ ਰਾਣਾ ਸਾਹਿਤ ਮਕਰੰਦ ਐਵਾਰਡ ਨਾਲ ਸਨਮਾਨਤ



**ਭਵਾਨੀਗੜ੍ਹ (ਰਾਜ ਖੁਰਮੀ)**-ਪੰਜਾਬੀ ਵਾਰਤਕ ਲੇਖਕ ਤੇ ਮਾਨਵਤਾ ਦੀ ਸੇਵਾ ਲਈ ਜਾਣੇ ਜਾਂਦੇ ਡਾ. ਅਵਿਨਾਸ਼ ਰਾਣਾ ਤਰਨ ਤਾਰਨ ਵਿਖੇ ਸਾਹਿਤਕ ਸਿਤਾਰੇ ਸਭਿਆਚਾਰਕ ਮੰਚ ਵੱਲੋਂ ਕਰਵਾਏ ਗਏ ਰਾਜ ਪੱਧਰੀ ਸਾਹਿਤਕ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ।ਇਸ ਮੌਕੇ ਉਨ੍ਹਾਂ ਨੂੰ ਪੰਜਾਬੀ ਸਾਹਿਤ ਤੇ ਸਮਾਜ ਸੇਵਾ ਦੇ ਖੇਤਰ ਵਿੱਚ ਵਿਸ਼ੇਸ਼ ਯੋਗਦਾਨ ਲਈ 'ਸਾਹਿਤ ਮਕਰੰਦ ਐਵਾਰਡ' ਨਾਲ ਸਨਮਾਨਤ ਕੀਤਾ ਗਿਆ। ਸਮਾਗਮ ਵਿੱਚ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਤੋਂ ਵੱਡੀ ਗਿਣਤੀ ਵਿੱਚ ਸਾਹਿਤਕਾਰਾਂ, ਕਵੀਆਂ ਤੇ ਬੁੱਧੀਜੀਵੀਆਂ ਨੇ ਸ਼ਿਰਕਤ ਕੀਤੀ।ਮੰਚ ਦੇ ਸਕੱਤਰ ਕੁਲਵਿੰਦਰ ਗਾਖਲ ਨੇ ਕਿਹਾ ਕਿ ਡਾ. ਅਵਿਨਾਸ਼ ਰਾਣਾ ਨੇ ਆਪਣੀ ਪ੍ਰਭਾਵਸ਼ਾਲੀ ਲੇਖਣੀ ਰਾਹੀਂ ਪੰਜਾਬੀ ਸਾਹਿਤ ਨੂੰ ਨਵੀਂ ਦਿਸ਼ਾ ਦਿੱਤੀ ਹੈ ਤੇ ਉਨ੍ਹਾਂ ਦੀਆਂ ਰਚਨਾਵਾਂ ਸਮਾਜਿਕ ਸਰੋਕਾਰਾਂ ਨੂੰ ਬਾਖੂਬੀ ਪ੍ਰਗਟਾਉਂਦੀਆਂ ਹਨ। ਸਮਾਗਮ ਦੇ ਪ੍ਰਬੰਧਕ ਹਰਭਜਨ ਭਗਰੱਥ, ਡਾ. ਪਰਮਿੰਦਰ ਸਿੰਘ ਤੇ ਇੰਦਰਜੀਤ ਲੋਟੇ ਨੇ ਕਿਹਾ ਕਿ ਉਨ੍ਹਾਂ ਦੀਆਂ ਸਾਹਿਤਕ ਤੇ ਸਮਾਜਿਕ ਸੇਵਾਵਾਂ ਸਮਾਜ ਲਈ ਪ੍ਰੇਰਣਾਸਰੋਤ ਹਨ।ਸਨਮਾਨ ਪ੍ਰਾਪਤ ਕਰਨ ਉਪਰੰਤ ਡਾ. ਅਵਿਨਾਸ਼ ਰਾਣਾ ਨੇ ਕਿਹਾ ਕਿ ਪੰਜਾਬ ਦੇ ਕੋਨੇ-ਕੋਨੇ ਤੋਂ ਸਾਹਿਤ ਪ੍ਰੇਮੀਆਂ ਦਾ ਇੱਕ ਮੰਚ 'ਤੇ ਇਕੱਠਾ ਹੋਣਾ ਪੰਜਾਬੀ ਸਾਹਿਤ ਲਈ ਖੁਸ਼ੀ ਤੇ ਮਾਣ ਵਾਲੀ ਗੱਲ ਹੈ।ਉਨ੍ਹਾਂ ਦੱਸਿਆ ਕਿ ਉਨ੍ਹਾਂ ਦੀ ਨਵੀਂ ਪੁਸਤਕ 'ਰੂਹ ਦੀ ਗੁਫ਼ਤਗੂ' ਜਲਦ ਹੀ ਪਾਠਕਾਂ ਦੇ ਰੂਬਰੂ ਹੋਵੇਗੀ।ਸਮਾਗਮ ਦੌਰਾਨ ਡਾ. ਟਿੱਕਾ ਜੇ. ਐੱਸ. ਸਿੱਧੂ ਦੀ ਪੁਸਤਕ 'ਬਿਰਹਾ' ਦਾ ਲੋਕ ਅਰਪਣ ਵੀ ਕੀਤਾ ਗਿਆ।ਇਸ ਤੋਂ ਇਲਾਵਾ ਜੁਗਰਾਜ ਪਾਲ ਸਿੰਘ ਅਲੋਵਾਲ ਨੇ ਆਪਣੀ ਪੁਸਤਕ 'ਮੁੰਦਰਾਂ ਵਾਲਾ ਮੁੰਡਾ', ਅਵਤਾਰ ਸਿੰਘ ਮਾਨ ਭੈਣੀ ਬਾਘਾ ਨੇ 'ਅਨੰਦ ਤੋਂ ਸਰਹੰਦ' ਤੇ ਰਣਜੀਤ ਆਜ਼ਾਦ ਕਾਂਝਲਾ ਨੇ ਆਪਣੀ ਪੁਸਤਕ 'ਟਾਹਣੀ ਟੁੱਟੇ ਫੁੱਲ' ਡਾ. ਅਵਿਨਾਸ਼ ਰਾਣਾ ਨੂੰ ਭੇਟ ਕੀਤੀ।ਇਸ ਮੌਕੇ ਪ੍ਰੋ. ਰੇਖਾ ਸੂਰਿਆਵੰਸ਼ੀ, ਪ੍ਰੋ. ਰੇਨੂ ਸੂਰਿਆਵੰਸ਼ੀ ਸਮੇਤ ਹੋਰ ਸਾਹਿਤਕਾਰਾਂ ਨੇ ਆਪਣੇ ਵਿਚਾਰ ਸਾਂਝੇ ਕੀਤੇ ਤੇ ਕਾਵਿ-ਪਾਠ ਰਾਹੀਂ ਸਮਾਗਮ ਨੂੰ ਯਾਦਗਾਰ ਬਣਾਇਆ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਨਸ਼ਾ ਤਸਕਰਾਂ ਤੇ ਗੈਂਗਸਟਰਾਂ ਖ਼ਿਲਾਫ਼ ਵੱਡੀ ਕਾਰਵਾਈ

**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)** — ਪੰਜਾਬ ਸਰਕਾਰ ਅਤੇ ਡਾਇਰੈਕਟਰ ਜਨਰਲ ਆਫ਼ ਪੁਲਿਸ ਪੰਜਾਬ ਸ੍ਰੀ ਗੌਰਵ ਯਾਦਵ ਦੇ ਦਿਸ਼ਾ-ਨਿਰਦੇਸ਼ਾਂ ਅਤੇ ਡਿਪਟੀ ਇੰਸਪੈਕਟਰ ਜਨਰਲ ਪੁਲਿਸ, ਬਾਰਡਰ ਰੇਂਜ ਅੰਮ੍ਰਿਤਸਰ ਸ੍ਰੀ ਹਰਮਨਬੀਰ ਸਿੰਘ ਗਿੱਲ ਦੀ ਨਿਗਰਾਨੀ ਹੇਠ ਅੰਮ੍ਰਿਤਸਰ ਦਿਹਾਤੀ ਪੁਲਿਸ ਵੱਲੋਂ ਨਸ਼ਾ ਤਸਕਰਾਂ, ਸਰਹੱਦ ਪਾਰ ਸਮੱਗਲਰਾਂ, ਗੈਂਗਸਟਰਾਂ ਅਤੇ ਸੰਗਠਿਤ ਅਪਰਾਧਿਕ ਗਿਰੋਹਾਂ ਖ਼ਿਲਾਫ਼ 'ਆਪ੍ਰੇਸ਼ਨ ਪ੍ਰਹਾਰ 4.0' ਤਹਿਤ ਵਿਸ਼ੇਸ਼ ਮੁਹਿੰਮ ਚਲਾਈ ਗਈ।ਇਸ ਮੁਹਿੰਮ ਦੌਰਾਨ ਸਰਹੱਦੀ ਪਿੰਡਾਂ, ਨਸ਼ਾ ਪ੍ਰਭਾਵਿਤ ਇਲਾਕਿਆਂ, ਜਨਤਕ ਆਵਾਜਾਈ ਕੇਂਦਰਾਂ ਅਤੇ ਹੋਰ ਸੰਵੇਦਨਸ਼ੀਲ ਥਾਵਾਂ 'ਤੇ ਵਿਸ਼ੇਸ਼ ਤਲਾਸ਼ੀ ਅਤੇ ਚੈਕਿੰਗ ਕੀਤੀ ਗਈ। ਡੀ.ਆਈ.ਜੀ. ਸ੍ਰੀ ਹਰਮਨਬੀਰ ਸਿੰਘ ਗਿੱਲ ਨੇ ਨਸ਼ਾ ਤਸਕਰਾਂ ਅਤੇ ਗੈਂਗਸਟਰਾਂ ਨੂੰ ਸਖ਼ਤ ਚੇਤਾਵਨੀ ਦਿੰਦਿਆਂ ਕਿਹਾ ਕਿ ਜੋ ਆਪਣੀ ਮਰਜ਼ੀ ਨਾਲ ਸਰੰਡਰ ਕਰਨਗੇ, ਉਨ੍ਹਾਂ ਨਾਲ ਕਾਨੂੰਨ ਅਨੁਸਾਰ ਨਰਮੀ ਵਰਤੀ ਜਾਵੇਗੀ, ਪਰ ਕਾਨੂੰਨ ਤੋਂ ਭੱਜਣ ਜਾਂ ਪੁਲਿਸ ਤੋਂ ਬਚਣ ਦੀ ਕੋਸ਼ਿਸ਼ ਕਰਨ ਵਾਲਿਆਂ ਖ਼ਿਲਾਫ਼ ਸਖ਼ਤ ਤੋਂ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ 21 ਅਤੇ 22 ਜੁਲਾਈ ਦੌਰਾਨ ਚਲਾਏ ਗਏ ਇਸ ਆਪ੍ਰੇਸ਼ਨ ਦੌਰਾਨ ਕੁੱਲ 349 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ। 72 ਐਨ.ਡੀ.ਪੀ.ਐੱਸ. ਐਕਟ, 13 ਆਰਮਜ਼ ਐਕਟ ਅਤੇ 15 ਐਕਸਾਈਜ਼ ਐਕਟ ਦੇ ਕੇਸ ਦਰਜ ਕੀਤੇ ਗਏ। ਇਸ ਤੋਂ ਇਲਾਵਾ 15 ਕਿਲੋ 503 ਗ੍ਰਾਮ ਹੈਰੋਇਨ, 24 ਪਿਸਤੌਲ, 26 ਮੈਗਜ਼ੀਨ, 60 ਕਾਰਤੂਸ, 970 ਗ੍ਰਾਮ ਅਫ਼ੀਮ, 1,26,000 ਮਿਲੀਲੀਟਰ ਗੈਰ-ਕਾਨੂੰਨੀ ਸ਼ਰਾਬ, 695 ਨਸ਼ੀਲੀਆਂ ਗੋਲੀਆਂ, ਇੱਕ ਡਰੋਨ, 6 ਮੋਟਰਸਾਈਕਲ ਅਤੇ 14,200 ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ। ਇਸ ਦੌਰਾਨ ਦੋ ਵੱਡੇ ਸਰਹੱਦੀ ਸਮੱਗਲਰ, ਛੇ ਸਪਲਾਇਰ ਅਤੇ ਚਾਰ ਪੈਡਲਰ ਵੀ ਕਾਬੂ ਕੀਤੇ ਗਏ।



# ਗੀਤਾ ਦੇਵੀ ਦੇ ਸਿਰ ਸਜਿਆ ਬਲਾਕ ਸੰਮਤੀ ਪਠਾਨਕੋਟ ਦੀ ਚੇਅਰਮੈਨੀ ਦਾ ਤਾਜ

**ਪਠਾਨਕੋਟ, (ਦਵਿੰਦਰ ਸਿੰਘ)**- ਬਲਾਕ ਵਿਕਾਸ ਅਤੇ ਪੰਚਾਇਤ ਦਫ਼ਤਰ, ਪਠਾਨਕੋਟ ਵਿਖੇ ਬਲਾਕ ਸੰਮਤੀ ਪਠਾਨਕੋਟ ਦੇ ਚੇਅਰਮੈਨ ਅਤੇ ਉਪ ਚੇਅਰਮੈਨ ਦੀ ਤਾਜਪੋਸ਼ੀ ਦਾ ਸਮਾਰੋਹ ਕਰਵਾਇਆ ਗਿਆ।ਇਸ ਮੌਕੇ ਪੰਜਾਬ ਦੇ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ।ਸਮਾਰੋਹ ਦੌਰਾਨ ਗੀਤਾ ਦੇਵੀ ਨੇ ਬਲਾਕ ਸੰਮਤੀ ਪਠਾਨਕੋਟ ਦੇ ਚੇਅਰਮੈਨ ਅਤੇ ਸੋਨੀਆ ਸ਼ਰਮਾ ਨੇ ਉਪ ਚੇਅਰਮੈਨ ਵਜੋਂ ਅਹੁਦਾ ਸੰਭਾਲਿਆ।ਇਸ ਮੌਕੇ ਕੈਬਨਿਟ ਮੰਤਰੀ ਕਟਾਰੂਚੱਕ ਨੇ ਨਵ-ਨਿਯੁਕਤ ਚੇਅਰਮੈਨ ਅਤੇ ਉਪ ਚੇਅਰਮੈਨ ਨੂੰ ਫੁੱਲਾਂ ਦੇ ਹਾਰ ਪਹਿਨਾ ਕੇ ਅਤੇ ਮੂੰਹ ਮਿੱਠਾ ਕਰਵਾ ਕੇ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਨੇ ਹਮੇਸ਼ਾ ਆਮ ਪਰਿਵਾਰਾਂ ਤੋਂ ਆਉਣ ਵਾਲੇ ਲੋਕਾਂ ਨੂੰ ਅੱਗੇ ਵਧਣ ਅਤੇ ਲੋਕ ਸੇਵਾ ਦਾ ਮੌਕਾ ਦਿੱਤਾ ਹੈ।ਉਨ੍ਹਾਂ ਕਿਹਾ ਕਿ ਗੀਤਾ ਦੇਵੀ ਅਤੇ ਸੋਨੀਆ ਸ਼ਰਮਾ ਨੂੰ ਮਿਲੀ ਇਹ ਜ਼ਿੰਮੇਵਾਰੀ ਪਾਰਟੀ ਦੇ ਆਮ ਵਰਕਰਾਂ ਅਤੇ ਮਹਿਲਾਵਾਂ ਪ੍ਰਤੀ ਭਰੋਸੇ ਦੀ ਮਿਸਾਲ ਹੈ।ਉਨ੍ਹਾਂ ਨਵ-ਨਿਯੁਕਤ ਅਹੁਦੇਦਾਰਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਨ੍ਹਾਂ ਨੂੰ ਪੂਰਾ ਵਿਸ਼ਵਾਸ ਹੈ ਕਿ ਉਹ ਆਪਣੀਆਂ ਜ਼ਿੰਮੇਵਾਰੀਆਂ ਨੂੰ ਇਮਾਨਦਾਰੀ ਅਤੇ ਸਮਰਪਣ ਨਾਲ ਨਿਭਾਉਣਗੀਆਂ ਅਤੇ ਲੋਕਾਂ ਦੀਆਂ ਉਮੀਦਾਂ ਤੇ ਖਰਾ ਉਤਰਨਗੀਆਂ।

ਇਸ ਮੌਕੇ ਉਨ੍ਹਾਂ ਅਰਵਿੰਦ ਕੇਜਰੀਵਾਲ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਮੁਨੀਸ਼ ਸਿਸੋਦੀਆ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਆਮ ਲੋਕਾਂ ਨੂੰ ਵੱਡੀਆਂ ਜ਼ਿੰਮੇਵਾਰੀਆਂ ਸੌਂਪ ਕੇ ਨਵੀਂ ਰਾਜਨੀਤਿਕ ਪਰੰਪਰਾ ਕਾਇਮ ਕਰ ਰਹੀ ਹੈ।ਨਵ-ਨਿਯੁਕਤ ਚੇਅਰਮੈਨ ਗੀਤਾ ਦੇਵੀ ਅਤੇ ਉਪ ਚੇਅਰਮੈਨ ਸੋਨੀਆ ਸ਼ਰਮਾ ਨੇ ਪਾਰਟੀ ਹਾਈਕਮਾਨ ਅਤੇ ਸਮੁੱਚੀ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਸੌਂਪੀ ਗਈ ਜ਼ਿੰਮੇਵਾਰੀ ਨੂੰ ਉਹ ਪੂਰੀ ਇਮਾਨਦਾਰੀ, ਨਿਸ਼ਠਾ ਅਤੇ ਸਮਰਪਣ ਨਾਲ ਨਿਭਾਉਣਗੀਆਂ ਅਤੇ ਲੋਕਾਂ ਦੀ ਸੇਵਾ ਨੂੰ ਆਪਣੀ ਪਹਿਲ ਬਣਾਉਣਗੀਆਂ।ਇਸ ਮੌਕੇ ਹੋਰਨਾਂ ਤੋਂ ਇਲਾਵਾ ਰੋਹਿਤ ਸਿਆਲ (ਹਲਕਾ ਇੰਚਾਰਜ, ਪਠਾਨਕੋਟ), ਰੇਖਾ ਮਣੀ ਸ਼ਰਮਾ (ਮਹਿਲਾ ਵਿੰਗ ਪ੍ਰਮੁੱਖ), ਭੁਪਿੰਦਰ ਸਿੰਘ ਮੁੰਨਾ (ਮੈਂਬਰ ਜ਼ਿਲ੍ਹਾ ਪ੍ਰੀਸ਼ਦ), ਸਰਪੰਚ ਦਰਸ਼ੋਪੁਰ ਰਾਣਾ, ਪ੍ਰਦੀਪ ਕੁਮਾਰ (ਕੋਆਰਡੀਨੇਟਰ), ਹਰਜੀਤ ਸਿੰਘ (ਟਰਸਟੀ, ਨਗਰ ਸੁਧਾਰ ਟਰੱਸਟ ਪਠਾਨਕੋਟ), ਸਾਬਕਾ ਸਰਪੰਚ ਦਰਸ਼ਨ ਲਾਲ ਭੂਰ ਸਮੇਤ ਆਮ ਆਦਮੀ ਪਾਰਟੀ ਦੇ ਅਹੁਦੇਦਾਰ, ਵਰਕਰ ਅਤੇ ਵੱਡੀ ਗਿਣਤੀ ਵਿੱਚ ਸਮਰਥਕ ਹਾਜ਼ਰ ਸਨ।



# ਪੱਟੀ ਦੇ ਸਰਕਾਰੀ ਹਸਪਤਾਲ 'ਚ ਚੋਰਾਂ ਦੀ ਦਹਿਸ਼ਤ

**ਪੱਟੀ (ਸਮਸ਼ੇਰ ਸਿੰਘ ਯੋਧਾ)**- ਪੱਟੀ ਦੇ ਸਰਕਾਰੀ ਹਸਪਤਾਲ ਵਿੱਚ ਲਗਾਤਾਰ ਵਾਪਰ ਰਹੀਆਂ ਚੋਰੀ ਦੀਆਂ ਘਟਨਾਵਾਂ ਕਾਰਨ ਡਾਕਟਰ, ਮਰੀਜ਼ਾਂ, ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਅਤੇ ਹਸਪਤਾਲ ਸਟਾਫ਼ ਵਿੱਚ ਡਰ ਅਤੇ ਚਿੰਤਾ ਦਾ ਮਾਹੌਲ ਬਣਿਆ ਹੋਇਆ ਹੈ। ਸਰਕਾਰੀ ਹਸਪਤਾਲ ਦੇ ਸਟਾਫ਼ ਅਤੇ ਹਸਪਤਾਲ ਵਿੱਚ ਆਉਣ ਵਾਲੇ ਲੋਕਾਂ ਦਾ ਕਹਿਣਾ ਹੈ ਚੋਰਾਂ ਨੇ ਏਨੀ ਦਹਿਸ਼ਤ ਪਾਈ ਹੈ ਕਿ ਚੋਰ ਬੇਖੌਫ਼ ਹੋ ਕੇ ਵਾਰਦਾਤਾਂ ਨੂੰ ਅੰਜਾਮ ਦੇ ਰਹੇ ਹਨ, ਜਿਸ ਕਾਰਨ ਹਰ ਕੋਈ ਆਪਣੇ ਸਮਾਨ ਦੀ ਸੁਰੱਖਿਆ ਨੂੰ ਲੈ ਕੇ ਫਿਕਰਮੰਦ ਹੈ। ਉਹਨਾਂ ਦੱਸਿਆ ਕਿ ਬਾਥਰੂਮ 'ਚ ਲੱਗੀਆਂ ਟੂਟੀਆਂ, ਬਲਬ, ਟਿਊਬਾਂ, ਸਟਰੀਟ ਲਾਈਟਾਂ, ਮਰੀਜ਼ਾਂ ਦੇ ਮੋਬਾਇਲ ਫੋਨ ਇਥੋਂ ਤੱਕ ਕਿ ਆਕਸੀਜਨ ਪਲਾਂਟ ਵਾਲੀ ਪਾਈਪ ਤੱਕ ਵੀ ਚੋਰੀ ਕਰਕੇ ਲੈ ਗਏ ਹਨ। ਡਾਕਟਰਾਂ ਦਾ ਕਹਿਣਾ ਹੈ ਕਿ ਹਸਪਤਾਲ ਦੇ ਹਾਲਾਤ ਇੰਨੇ ਚਿੰਤਾਜਨਕ ਬਣ ਚੁੱਕੇ ਹਨ ਕਿ ਰਾਤ ਸਮੇਂ ਬਾਥਰੂਮਾਂ ਨੂੰ ਜਿੰਦਰੇ ਲਗਾਉਣੇ ਪੈਂਦੇ ਹਨ । ਲੋਕਾਂ ਦਾ ਕਹਿਣਾ ਹੈ ਕਿ ਜੇਕਰ ਸਮੇਂ ਸਿਰ ਸਖ਼ਤ ਕਦਮ ਨਾ ਚੁੱਕੇ ਗਏ ਤਾਂ ਹਾਲਾਤ ਹੋਰ ਵੀ ਗੰਭੀਰ ਹੋ ਸਕਦੇ ਹਨ। ਉਨ੍ਹਾਂ ਨੇ ਪ੍ਰਸ਼ਾਸਨ ਨੂੰ ਤੁਰੰਤ ਕਾਰਵਾਈ ਕਰਕੇ ਹਸਪਤਾਲ ਵਿੱਚ ਸੁਰੱਖਿਆ ਦਾ ਮਾਹੌਲ ਯਕੀਨੀ ਬਣਾਉਣ ਦੀ ਅਪੀਲ ਕੀਤੀ ਹੈ।

# ਕਿਰਤੀ ਕਿਸਾਨ ਯੂਨੀਅਨ ਇਕਾਈ ਘੋੜੇਵਾਹ ਦੀ ਚੋਣ

**ਧਾਰੀਵਾਲ/ਕਾਹਨੂੰਵਾਨ, (ਮਨਦੀਪ ਵਿੱਕੀ)**- ਕਿਰਤੀ ਕਿਸਾਨ ਯੂਨੀਅਨ ਇਕਾਈ ਘੋੜੇਵਾਹ ਦੀ ਚੋਣ ਜ਼ਿਲ੍ਹਾ ਸਕੱਤਰ ਅਨੋਖ ਸਿੰਘ ਘੋੜੇਵਾਹ ਦੀ ਅਗਵਾਈ ਵਿੱਚ ਕੀਤੀ ਗਈ, ਜਿਸ ਵਿਚ ਇਕਾਈ ਪ੍ਰਧਾਨ ਮਾਸਟਰ ਹਰਦੀਪ ਸਿੰਘ, ਉਪ ਪ੍ਰਧਾਨ ਮੋਹਨ ਸਿੰਘ, ਸਕੱਤਰ ਹਰਜਿੰਦਰ ਸਿੰਘ, ਖਜ਼ਾਨਚੀ ਬਲਦੇਵ ਸਿੰਘ ਲਾਡਾ, ਸਲਾਹਕਾਰ ਸੰਪੂਰਨ ਸਿੰਘ, ਸਾਬਕਾ ਸਰਪੰਚ ਹੌਲਦਾਰ ਮਹਿੰਦਰ ਸਿੰਘ ਤੋਂ ਇਲਾਵਾ ਇਸ ਮੌਕੇ ਇੱਕੀ ਮੈਂਬਰੀ ਕਮੇਟੀ ਦੀ ਚੋਣ ਕੀਤੀ ਗਈ।ਇਸ ਮੌਕੇ ਗੱਲਬਾਤ ਕਰਦਿਆਂ ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲਾ ਸਕੱਤਰ ਅਨੋਖ ਸਿੰਘ ਘੋੜੇਵਾਹ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਫਰੀ ਟਰੇਡ ਐਗਰੀਮੈਂਟ ਕਰਨ ਤੋਂ ਬਾਅਦ ਕਿਸਾਨਾਂ ਮੂਹਰੇ ਇੱਕ ਬਹੁਤ ਵੱਡੀ ਚੁਣੌਤੀ ਖੜੀ ਹੋ ਗਈ ਹੈ ਜਿਸ ਦਾ ਸਾਹਮਣਾ ਸਿਰਫ ਤੇ ਸਿਰਫ ਜਥੇਬੰਦ ਹੋ ਕੇ ਹੀ ਕੀਤਾ ਜਾ ਸਕਦਾ ਹੈ।ਕਿਸਾਨਾਂ ਨੂੰ ਜਥੇਬੰਦ ਕਰਨ ਲਈ ਅਤੇ ਕਿਸਾਨੀ ਉੱਪਰ ਕੇਂਦਰ ਸਰਕਾਰ ਦੇ ਮਾਰੂ ਹਮਲਿਆਂ ਤੋਂ ਜਾਗਰੂਕ ਕਰਵਾਉਣ ਲਈ ਕਿਰਤੀ ਕਿਸਾਨ ਯੂਨੀਅਨ ਵੱਲੋਂ ਸੂਬੇ ਭਰ ਵਿੱਚ ਇਕਾਈਆਂ ਦੀ ਚੋਣ ਕੀਤੀ ਜਾ ਰਹੀ ਹੈ ਅਤੇ ਨਾਲ ਹੀ ਕਿਸਾਨਾਂ ਨੂੰ ਚੇਤਨ ਵੀ ਕੀਤਾ ਜਾ ਰਿਹਾ ਹੈ।



# ਵਿਦਿਆਰਥੀਆਂ ਨੇ ਮਨੋਵਿਗਿਆਨ ਇੰਟਰਨਸ਼ਿਪ ਕੀਤੀ ਪੂਰੀ

**ਝਬਾਲ: (ਹਰਜਿੰਦਰ ਸਿੰਘ ਸੋਨੀ)**- ਹਾਵਰਡ ਲੇਨ ਸੀਨੀਅਰ ਸਕੂਲ ਪਿੰਡ ਠੱਠਾ (ਝਬਾਲ) ਅੰਮ੍ਰਿਤਸਰ ਰੋਡ ਤਰਨਤਾਰਨ ਫੋਰਟਿਸ ਸਕੂਲ ਮੈਂਟਲ ਹੈਲਥ ਪ੍ਰੋਗਰਾਮ (ਅਦਾਯੂ-ਇੱਕ ਫੋਰਟਿਸ ਗਰੁੱਪ ਕੰਪਨੀ) ਦੇ ਮਾਨਸਿਕ ਸਿਹਤ ਅਤੇ ਵਿਵਹਾਰ ਵਿਗਿਆਨ ਵਿਭਾਗ ਦੁਆਰਾ ਕਰਵਾਈ ਗਈ ਮਨੋਵਿਗਿਆਨ ਵਿੱਚ ਆਫਲਾਈਨ ਸਮਰ ਇੰਟਰਨਸ਼ਿਪ ਨੂੰ ਸਫਲਤਾਪੂਰਵਕ ਪੂਰਾ ਕੀਤਾ।ਇਸ ਭਰਪੂਰ ਸਿੱਖਣ ਦੇ ਮੌਕੇ ਨੇ ਵਿਦਿਆਰਥੀਆਂ ਨੂੰ ਮਨੋਵਿਗਿਆਨ ਅਤੇ ਮਾਨਸਿਕ ਤੰਦਰੁਸਤੀ ਵਿੱਚ ਕੀਮਤੀ ਸਮਝ ਪ੍ਰਦਾਨ ਕੀਤੀ। ਵਿਦਿਆਰਥੀਆਂ ਨੂੰ ਨਵੀਆਂ ਅਕਾਦਮਿਕ ਦਿਸ਼ਾਵਾਂ ਦੀ ਪੜਚੋਲ ਕਰਨ ਲਈ ਉਤਸ਼ਾਹਿਤ ਕੀਤਾ। ਸਕੂਲ ਮੈਨੇਜਮੈਂਟ ਤੇ ਪ੍ਰਿੰਸੀਪਲ ਵੱਲੋਂ ਵਿਦਿਆਰਥੀਆਂ ਦੀ ਇਸ ਪ੍ਰਾਪਤੀ ਅਤੇ ਭਵਿੱਖੀ ਯਤਨਾਂ ਲਈ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ।



# ਮਾਨਸੂਨ ਦੀ ਪਹਿਲੀ ਬਾਰਿਸ਼ ਨਾਲ ਹੀ ਵਧਿਆ ਹੜ੍ਹ ਦਾ ਖ਼ਤਰਾ

**ਚੇਤਨਪੁਰਾ (ਸੁਖਵੰਤ ਚੇਤਨਪੁਰੀ)** - ਮਾਨਸੂਨ ਦੀ ਪਹਿਲੀ ਬਾਰਿਸ਼ ਨੇ ਅਜਨਾਲਾ ਹਲਕੇ ਵਿੱਚ ਰਾਵੀ ਦਰਿਆ ਨਾਲ ਲੱਗਦੇ ਇਲਾਕਿਆਂ ਵਿੱਚ ਹਾਲਾਤ ਖਰਾਬ ਕਰ ਦਿੱਤੇ ਹਨ। ਪਿਛਲੇ ਸਾਲ ਧੁੱਸੀ ਬੰਨ੍ਹ ਤੋਂ ਆਈ ਤਬਾਹੀ ਨੇ ਸਾਰਾ ਅਜਨਾਲਾ ਰੋੜ੍ਹ ਕੇ ਰੱਖ ਦਿੱਤਾ ਸੀ ਤੇ ਅੱਜ ਫਿਰ ਤੋਂ ਓਹੀ ਹਾਲਾਤ ਬਣ ਗਏ ਹਨ। ਲੋਕ ਸਭਾ ਹਲਕਾ ਅੰਮ੍ਰਿਤਸਰ ਤੋਂ ਸਾਂਸਦ ਗੁਰਜੀਤ ਸਿੰਘ ਔਜਲਾ ਦੇ ਭਰਾ ਸੁੱਖ ਔਜਲਾ ਨੇ ਵੀਰਵਾਰ ਨੂੰ ਅਜਨਾਲਾ ਦੇ ਘੋਨੇਵਾਲ ਜਿੱਥੇ ਪਿਛਲੇ ਸਾਲ ਧੁੱਸੀ ਬੰਨ੍ਹ ਨੇ ਕਾਫੀ ਤਬਾਹੀ ਮਚਾਈ ਸੀ ਦੇ ਨਾਲ ਨਾਲ ਕਈ ਪਿੰਡਾਂ ਦਾ ਦੌਰਾ ਕਰਕੇ ਹਾਲਾਤ ਵਿਖਾਏ। ਓਹਨਾਂ ਨੇ ਦੱਸਿਆ ਕਿ ਮਾਨਸੂਨ ਦੀ ਪਹਿਲੀ ਬਰਿਸ਼ ਨਾਲ ਵਿਧਾਨ ਸਭਾ ਹਲਕਾ ਅਜਨਾਲਾ ਦੇ ਪਿੰਡ ਗੱਗੋਮਾਹਲ, ਡਿਆਲ ਭੱਟੀ, ਅਨਾਇਤਪੁਰਾ, ਹਰੜ, ਨਾਨਕਪੁਰਾ, ਅੰਬ ਕੋਟਲੀ, ਗੁੱਜਰਪੁਰਾ ਦੀਆਂ ਫਸਲਾਂ ਪਾਣੀ ਵਿਚ ਡੁੱਬ ਗਈਆਂ ਹਨ। ਓਹਨਾਂ ਨੇ ਆਮ ਆਦਮੀ ਪਾਰਟੀ ਦੇ ਮੁੱਖ ਬੁਲਾਰੇ ਕੁਲਦੀਪ ਸਿੰਘ ਧਾਲੀਵਾਲ ਨੂੰ ਕਿਹਾ ਕਿ ਆ ਕੇ ਮੌਕੇ 'ਤੇ ਲੋਕਾਂ ਦੇ ਹਾਲਾਤ ਨੂੰ ਵੇਖਣ।



# ਵਾਤਾਵਰਣ ਦੀ ਸੰਭਾਲ ਤੇ ਹਰਿਆਵਲ ਮੁਹਿੰਮ ਤਹਿਤ ਪੌਦੇ ਲਗਾਏ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਖਾਲਸਾ ਕਾਲਜ ਆਫ਼ ਇੰਜੀਨੀਅਰਿੰਗ ਐਂਡ ਟੈਕਨਾਲੋਜੀ, ਰਣਜੀਤ ਐਵੀਨਿਊ ਵਿਖੇ ਵਾਤਾਵਰਣ ਦੀ ਸੰਭਾਲ ਅਤੇ ਹਰਿਆਵਲ ਨੂੰ ਉਤਸ਼ਾਹਿਤ ਕਰਨ ਦੇ ਮਕਸਦ ਤਹਿਤ ਰੁੱਖ ਲਗਾਓ ਮੁਹਿੰਮ ਦਾ ਆਗਾਜ਼ ਕੀਤਾ ਗਿਆ। ਕਾਲਜ ਡਾਇਰੈਕਟਰ ਡਾ. ਮੰਜੂ ਬਾਲਾ ਨੇ ਇਸ ਮੁਹਿੰਮ ਤਹਿਤ ਅਧਿਆਪਕਾਂ ਅਤੇ ਸਟਾਫ਼ ਨਾਲ ਮਿਲ ਕੇ ਕੈਂਪਸ ਵਿਖੇ ਅੰਬ, ਨਾਸ਼ਪਾਤੀ, ਆਲੂ ਬੁਖਾਰਾ, ਸੰਤਰਾ, ਨਿੰਬੂ, ਅੰਗੂਰ, ਅਮਰੂਦ, ਸੇਬ ਆਦਿ ਵੱਖ-ਵੱਖ ਕਿਸਮ ਦੇ ਫਲਦਾਰ ਅਤੇ ਔਸ਼ਧੀ ਪੌਦੇ ਲਗਾਏ। ਇਸ ਮੌਕੇ ਡਾ. ਮੰਜੂ ਬਾਲਾ ਨੇ ਕਿਹਾ ਕਿ ਵਾਤਾਵਰਣ ਦੀ ਰੱਖਿਆ ਹਰੇਕ ਨਾਗਰਿਕ ਦੀ ਸਾਂਝੀ ਜ਼ਿੰਮੇਵਾਰੀ ਹੈ ਅਤੇ ਕੁਦਰਤ ਦੀ ਸੰਭਾਲ ਲਈ ਹਰ ਇਕ ਇਨਸਾਨ ਨੂੰ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਰੁੱਖ ਲਗਾਉਣਾ ਵਾਤਾਵਰਣ ਸੰਤੁਲਨ ਬਣਾਈ ਰੱਖਣ ਵੱਲ ਇੱਕ ਮਹੱਤਵਪੂਰਨ ਕਦਮ ਹੈ। ਉਨ੍ਹਾਂ ਕਿਹਾ ਕਿ ਲਗਾਏ ਗਏ ਪੌਦਿਆਂ ਦੀ ਪੂਰੀ ਦੇਖਭਾਲ ਕੀਤੀ ਜਾਵੇਗੀ ਤਾਂ ਜੋ ਕੈਂਪਸ ਨੂੰ ਹੋਰ ਹਰਿਆ-ਭਰਿਆ ਅਤੇ ਸਿਹਤਮੰਦ ਬਣਾਇਆ ਜਾ ਸਕੇ। ਉਨ੍ਹਾਂ ਵਿਦਿਆਰਥੀਆਂ ਨੂੰ ਵੀ ਵਾਤਾਵਰਣ ਪੱਖੀ ਆਦਤਾਂ ਅਪਨਾਉਣ ਅਤੇ ਅਜਿਹੀਆਂ ਮੁਹਿੰਮਾਂ 'ਚ ਸਰਗਰਮੀ ਨਾਲ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਇਸ ਦੌਰਾਨ ਅਮਰੂਦ, ਸੇਬ, ਆਲੂਬੁਖਾਰਾ, ਸੰਤਰਾ, ਅੰਬ, ਨਾਸ਼ਪਾਤੀ, ਨਿੰਬੂ, ਅੰਗੂਰ, ਤੇਜ਼ ਪੱਤਾ, ਕਰੀ ਪੱਤਾ, ਆਂਵਲਾ ਅਤੇ ਅੰਜੀਰ ਸਮੇਤ ਕਈ ਕਿਸਮਾਂ ਦੇ ਪੌਦੇ ਲਗਾਏ ਗਏ ਹਨ। ਇਸ ਦੌਰਾਨ ਖਾਲਸਾ ਯੂਨੀਵਰਸਿਟੀ ਦੇ ਪ੍ਰੋ-ਚਾਂਸਲਰ ਅਤੇ ਖਾਲਸਾ ਕਾਲਜ ਗਵਰਨਿੰਗ ਕੌਂਸਲ ਦੇ ਆਨਰੇਰੀ ਸਕੱਤਰ ਸ: ਰਜਿੰਦਰ ਮੋਹਨ ਸਿੰਘ ਛੀਨਾ ਨੇ ਕਾਲਜ ਦੇ ਉਕਤ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਵਿਦਿਆਰਥੀਆਂ 'ਚ ਵਾਤਾਵਰਣ ਪ੍ਰਤੀ ਜ਼ਿੰਮੇਵਾਰੀ ਅਤੇ ਸਮਾਜਿਕ ਕਦਰਾਂ-ਕੀਮਤਾਂ ਨੂੰ ਮਜ਼ਬੂਤ ਕਰਨ 'ਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ।

ਇਸ ਮੌਕੇ ਡਾ. ਮੰਜੂ ਬਾਲਾ ਨੇ ਕਿਹਾ ਕਿ ਰੁੱਖ ਲਗਾਓ ਮੁਹਿੰਮ ਦੌਰਾਨ ਸਮੂਹ ਵਿਦਿਆਰਥੀਆਂ ਵੱਲੋਂ ਵਾਤਾਵਰਣ ਸੰਭਾਲ ਅਤੇ ਹਰਿਆਵਲੀ ਨੂੰ ਵਧਾਉਣ ਲਈ ਲਗਾਤਾਰ ਯਤਨ ਜਾਰੀ ਰੱਖਣ ਦਾ ਸੰਕਲਪ ਵੀ ਲਿਆ ਗਿਆ।



# ਪੀਰ ਬਾਬਾ ਮੋਤੀ ਸ਼ਾਹ ਤੇ ਪੀਰ ਬਾਬਾ ਨਾਗੇ ਸ਼ਾਹ ਯਾਦਗਾਰੀ ਸਾਲਾਨਾ ਮੇਲਾ ਲੱਗਾ

**ਧਾਰੀਵਾਲ, (ਮਨਦੀਪ ਵਿੱਕੀ)**- ਇਥੋਂ ਨਜ਼ਦੀਕੀ ਪਿੰਡ ਕਲੇਰ ਖੁਰਦ ਵਿਖੇ ਸਥਿਤ ਦਰਗਾਹ ਪੀਰ ਬਾਬਾ ਮੋਤੀ ਸ਼ਾਹ ਜੀ ਅਤੇ ਪੀਰ ਬਾਬਾ ਨਾਗੇ ਸ਼ਾਹ ਜੀ ਵਿਖੇ ਸਲਾਨਾ ਮੇਲਾ ਬੜੀ ਧੂਮਧਾਮ ਅਤੇ ਸ਼ਰਧਾ-ਭਾਵਨਾ ਨਾਲ ਕਰਵਾਇਆ। ਮੁੱਖ ਸੇਵਾਦਾਰ ਬਾਬਾ ਦਲਜੀਤ ਸਿੰਘ ਅਤੇ ਪ੍ਰਬੰਧਕ ਸੇਵਾਦਾਰਾਂ ਵੱਲੋਂ ਦਰਗਾਹ 'ਤੇ ਚਾਦਰ ਚੜ੍ਹਾਉਣ ਦੀ ਰਸਮ ਅਦਾ ਕੀਤੀ ਗਈ। ਉਪਰੰਤ ਧਾਰਮਿਕ ਪ੍ਰੋਗਰਾਮ ਦੌਰਾਨ ਪ੍ਰਦੀਪ ਐਂਡ ਪਾਰਟੀ ਨੇ ਕਵਾਲੀਆਂ ਪੇਸ਼ ਕੀਤੀ। ਸੱਭਿਆਚਾਰਕ ਪ੍ਰੋਗਰਾਮ ਦੌਰਾਨ ਪ੍ਰਸਿੱਧ ਪੰਜਾਬੀ ਗਾਇਕ ਜੋੜੀ ਮੀਤ ਬਰਾੜ ਅਤੇ ਬੀਬਾ ਹਰਮਨਦੀਪ ਕੌਰ ਨੇ ਆਪਣੇ ਚਰਚਿੱਤ ਗੀਤਾਂ ਰਾਹੀਂ ਸਰੋਤਿਆਂ ਨੂੰ ਲੰਮਾ ਸਮਾਂ ਕੀਲੀ ਰੱਖਿਆ। ਉਪਰੰਤ ਕਬੱਡੀ ਸ਼ੋਅ ਮੈਚ ਬਾਬਾ ਦੁਲੋ ਸ਼ਾਹ ਕਬੱਡੀ ਕਲੱਬ ਸ਼ਿਕਾਰ ਮਾਛੀਆਂ ਅਤੇ ਸਵਰਗਵਾਸੀ ਜੋਗਿੰਦਰ ਸਿੰਘ ਭਿੰਡਾ ਕਬੱਡੀ ਕਲੱਬ ਕੋਟਲਾ ਨਵਾਬ ਵਿਚਾਲੇ ਹੋਇਆ, ਜਿਨ੍ਹਾਂ ਵਿੱਚੋਂ ਸਵਰਗਵਾਸੀ ਜੋਗਿੰਦਰ ਸਿੰਘ ਭਿੰਡਾ ਕਬੱਡੀ ਕਲੱਬ ਕੋਟਲਾ ਨਵਾਬ ਦੀ ਟੀਮ ਜੇਤੂ ਰਹੀ। ਮੇਲੇ ਵਿੱਚ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ ਹਲਕਾ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਸੰਬੋਧਨ ਕਰਦਿਆਂ ਕਿਹਾ ਪੰਜਾਬ ਦੀ ਧਰਤੀ ਪੀਰਾਂ ਫਕੀਰਾਂ ਦੀ ਧਰਤੀ ਹੈ ਅਤੇ ਉਨ੍ਹਾਂ ਦੀ ਯਾਦ ਵਿੱਚ ਅਜਿਹੇ ਮੇਲੇ ਮਨਾਉਣ ਆਪਸੀ ਭਾਈਚਾਰਕ ਸਾਂਝ ਦਾ ਪ੍ਰਤੀਕ ਹਨ। ਇਸ ਮੌਕੇ ਪ੍ਰਬੰਧਕਾਂ ਵੱਲੋਂ ਆਏ ਮੁੱਖ ਸ਼ਖ਼ਸੀਅਤਾਂ, ਗਾਇਕ ਜੋੜੀ ਅਤੇ ਖਿਡਾਰੀਆਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਪ੍ਰਬੰਧਕਾਂ ਵੱਲੋਂ ਮੇਲੇ ਦੌਰਾਨ ਸੰਗਤਾਂ ਨੂੰ ਗੁਰੂ ਕਾ ਲੰਗਰ ਵੀ ਅਤੁੱਟ ਵਰਤਾਇਆ ਗਿਆ। ਇਸ ਮੌਕੇ ਮੁੱਖ ਸੇਵਾਦਾਰ ਬਾਬਾ ਦਲਜੀਤ ਸਿੰਘ, ਮੇਜਰ ਸਿੰਘ, ਗੁਰਦੀਪ ਸਿੰਘ, ਕਸਮੀਰ ਸਿੰਘ, ਨਛੱਤਰ ਸਿੰਘ ਹਰਮੀਤ ਸਿੰਘ, ਸੁਖਬੀਰ ਸਿੰਘ, ਸੁਖਵਿੰਦਰ ਸਿੰਘ, ਲਖਵਿੰਦਰ ਸਿੰਘ, ਜਗਰੂਪ ਸਿੰਘ ਸੋਨੂੰ ਕਲੇਰ ਸੇਵਾਦਾਰਾਂ ਸਮੇਤ ਵੱਡੀ ਗਿਣਤੀ ਵਿੱਚ ਪਿੰਡ ਵਾਸੀਅ ਅਤੇ ਇਲਾਕੇ ਦੇ ਲੋਕ ਹਾਜਰ ਸਨ।



# ਟੁੱਟੀਆਂ ਸੜਕਾਂ ਕਾਰਨ ਗੁਰਦਾਸਪੁਰ ਵਾਸੀ ਦੁਖੀ

**ਗੁਰਦਾਸਪੁਰ (ਜਨਕ ਮਹਾਜਨ)** - ਗੁਰਦਾਸਪੁਰ ਸ਼ਹਿਰ ਦੀਆਂ ਸੜਕਾਂ ਸਮੇਂ ਸਿਰ ਨਾ ਬਣਨ ਕਰਕੇ ਲੋਕ ਨਿਰਮਾਣ ਵਿਭਾਗ ਗੁਰਦਾਸਪੁਰ ਦੀ ਢਿੱਲੀ ਕਾਰਗੁਜ਼ਾਰੀ ਤੋਂ ਲੋਕ ਬੇਹਦ ਦੁਖੀ ਨਜ਼ਰ ਆ ਰਹੇ ਹਨ। ਸੜਕ ਵਿਚਕਾਰ ਡੂੰਘੇ ਡੂੰਘੇ ਟੋਏ ਪੈਣ ਨਾਲ ਲੋਕਾਂ ਦਾ ਜਨ ਜੀਵਨ ਬੁਰੀ ਤਰ੍ਹਾਂ ਨਾਲ ਪ੍ਰਭਾਵਿਤ ਹੋ ਰਿਹਾ ਹੈ। ਇਸ ਸਬੰਧੀ ਸ਼ਹਿਰ ਦੇ ਉੱਘੇ ਵਪਾਰੀਆਂ , ਸਮਾਜ ਸੇਵੀ ਜਥੇਬੰਦੀਆਂ ਦੇ ਆਗੂਆਂ ਤੋਂ ਇਲਾਵਾ ਵਿਰੋਧੀ ਧਿਰਾਂ ਦੇ ਆਗੂਆਂ ਨੇ ਦੱਸਿਆ ਕਿ ਮੌਜੂਦਾ ਸਰਕਾਰ ਨੇ ਗੁਰਦਾਸਪੁਰ ਦੀ ਜਨਤਾ ਨਾਲ ਵਾਅਦਾ ਕੀਤਾ ਸੀ ਕਿ 31 ਜੂਨ ਤੋਂ ਪਹਿਲਾਂ ਪਹਿਲਾਂ ਗੁਰਦਾਸਪੁਰ ਸ਼ਹਿਰ ਦੀਆਂ ਸਾਰੀਆਂ ਸੜਕਾਂ ਬਣਾ ਦਿੱਤੀਆਂ ਜਾਣਗੀਆਂ ਅਤੇ ਜਨਤਾ ਨੂੰ ਇਸ ਸਮੱਸਿਆ ਤੋਂ ਨਿਜਾਤ ਦਿਵਾ ਦਿੱਤੀ ਜਾਵੇਗੀ ਪਰ ਜੁਲਾਈ ਮਹੀਨਾ ਵੀ ਲੰਘਣ ਵਾਲਾ ਹੈ ਪਰ ਹਾਲੇ ਤੱਕ ਇਹ ਕੰਮ ਮੁਕੰਮਲ ਨਹੀਂ ਹੋ ਸਕਿਆ। ਉਨ੍ਹਾਂ ਦੱਸਿਆ ਕਿ ਗੁਰਦਾਸਪੁਰ ਸ਼ਹਿਰ ਦੀ ਨਵੀਂ ਲਿੰਕ ਰੋਡ, ਸ਼ਹਿਰ ਅੰਦਰ ਚੁੰਗੀ ਬਾਈਪਾਸ, ਮੰਡੀ ਗੁਰਦਾਸਪੁਰ ਤੋਂ ਪੁਰਾਣਾ ਐਸ.ਐਸ.ਪੀ ਦਫ਼ਤਰ ਗੁਰਦਾਸਪੁਰ ਤੋਂ ਇਲਾਵਾ ਹੋਰ ਅਨੇਕਾਂ ਸੜਕਾਂ ਹਨ ਜਿਹੜੀਆਂ ਅਧੂਰੀਆਂ ਪਈਆਂ ਹਨ ਜਿਸ ਕਰਕੇ ਲੋਕਾਂ ਦਾ ਜ਼ਿਲ੍ਹਾ ਪ੍ਰਸ਼ਾਸਨ ਤੇ ਲੋਕ ਨਿਰਮਾਣ ਵਿਭਾਗ ਗੁਰਦਾਸਪੁਰ ਖਿਲਾਫ ਭਾਰੀ ਰੋਸ ਪਾਇਆ ਜਾ ਰਿਹਾ ਹੈ।

# ਮਨਰੇਗਾ ਵਰਕਰਾਂ ਦੀ ਹੜਤਾਲ ਕਾਰਨ ਪਿੰਡਾਂ ਦੇ ਵਿਕਾਸ ਕਾਰਜ ਹੋ ਰਹੇ ਪ੍ਰਭਾਵਿਤ : ਵਿਸ਼ਵਜੀਤ ਤਰਨਾਚ

**ਪਠਾਨਕੋਟ (ਦਵਿੰਦਰ ਸਿੰਘ)**- ਮਨਰੇਗਾ ਵਰਕਰਾਂ ਦੀ ਚੱਲ ਰਹੀ ਹੜਤਾਲ ਕਾਰਨ ਪਿੰਡਾਂ ਦੇ ਵਿਕਾਸ ਦੇ ਕੰਮ ਪ੍ਰਭਾਵਿਤ ਹੋ ਰਹੇ ਹਨ, ਪਰ ਪੰਜਾਬ ਸਰਕਾਰ ਮਨਰੇਗਾ ਵਰਕਰਾਂ ਦੀਆਂ ਮੰਗਾਂ ਵੱਲ ਕੋਈ ਧਿਆਨ ਨਹੀਂ ਦੇ ਰਹੀ, ਜਿਸ ਕਾਰਨ ਇੱਕ ਪਾਸੇ ਮਨਰੇਗਾ ਵਰਕਰ ਪਰੇਸ਼ਾਨ ਹਨ ਤੇ ਦੂਜੇ ਪਾਸੇ ਪਿੰਡਾਂ ਦੇ ਲੋਕਾਂ ਨੂੰ ਵੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਹ ਗੱਲ ਭਾਜਪਾ ਮੈਡੀਕਲ ਸੈੱਲ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਵਿਸ਼ਵਜੀਤ ਤਰਨਾਚ ਨੇ ਕਹੀਆਂ।ਉਨ੍ਹਾਂ ਕਿਹਾ ਕਿ ਮਨਰੇਗਾ ਵਰਕਰ ਪਿਛਲੇ ਡੇਢ ਮਹੀਨੇ ਤੋਂ ਆਪਣੀਆਂ ਜਾਇਜ਼ ਮੰਗਾਂ ਨੂੰ ਲੈ ਕੇ ਹੜਤਾਲ ਤੇ ਹਨ, ਪਰ ਸਰਕਾਰ ਉਨ੍ਹਾਂ ਦੀਆਂ ਮੰਗਾਂ ਮੰਨਣ ਦੀ ਬਜਾਏ ਉਨ੍ਹਾਂ ਨੂੰ ਪਰੇਸ਼ਾਨ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਮਨਰੇਗਾ ਵਰਕਰ ਬਹੁਤ ਘੱਟ ਤਨਖ਼ਾਹ 'ਤੇ ਲੰਬੇ ਸਮੇਂ ਤੋਂ ਪਿੰਡਾਂ ਵਿੱਚ ਕੰਮ ਕਰ ਰਹੇ ਹਨ, ਜਿਸ ਕਾਰਨ ਉਨ੍ਹਾਂ ਨੂੰ ਆਰਥਿਕ ਤੰਗੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਅਤੇ ਇਸੇ ਕਰਕੇ ਉਹ ਆਪਣੀਆਂ ਜਾਇਜ਼ ਮੰਗਾਂ ਲਈ ਹੜਤਾਲ ਕਰਨ ਲਈ ਮਜਬੂਰ ਹੋਏ ਹਨ।ਉਨ੍ਹਾਂ ਕਿਹਾ ਕਿ ਮਨਰੇਗਾ ਵਰਕਰਾਂ ਦੀ ਹੜਤਾਲ ਦਾ ਅਸਰ ਸਾਰੇ ਪਿੰਡਾਂ 'ਤੇ ਪੈ ਰਿਹਾ ਹੈ।ਪਿੰਡਾਂ ਦੇ ਵਿਕਾਸ ਦੇ ਕੰਮ ਰੁਕੇ ਹੋਏ ਹਨ ਅਤੇ ਲੋਕਾਂ ਨੂੰ ਕਈ ਤਰ੍ਹਾਂ ਦੀਆਂ ਦਿੱਕਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਉਨ੍ਹਾਂ ਕਿਹਾ ਕਿ ਮਨਰੇਗਾ ਕਰਮਚਾਰੀ ਪਿੰਡਾਂ ਦੇ ਵਿਕਾਸ ਦੀ ਰੀੜ੍ਹ ਦੀ ਹੱਡੀ ਹਨ ਅਤੇ ਉਨ੍ਹਾਂ ਦੇ ਨਾ ਹੋਣ ਕਾਰਨ ਪਿੰਡਾਂ ਦੇ ਵਿਕਾਸ ਕਾਰਜ ਠੱਪ ਪਏ ਹਨ।ਉਨ੍ਹਾਂ ਨੇ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਮਨਰੇਗਾ ਕਰਮਚਾਰੀਆਂ ਦੀਆਂ ਜਾਇਜ਼ ਮੰਗਾਂ ਨੂੰ ਜਲਦੀ ਤੋਂ ਜਲਦੀ ਮੰਨਿਆ ਜਾਵੇ ਤਾਂ ਜੋ ਪਿੰਡਾਂ ਦੇ ਵਿਕਾਸ ਦਾ ਰਾਹ ਮੁੜ ਖੁੱਲ੍ਹੇ ਅਤੇ ਪਿੰਡ ਵਾਸੀਆਂ ਦੀਆਂ ਸਮੱਸਿਆਵਾਂ ਦਾ ਹੱਲ ਹੋ ਸਕੇ।



# ਸਰਕਾਰੀ ਨੌਕਰੀ ਤੇ ਮੁਆਵਜ਼ਾ ਦਿਵਾਉਣ ਲਈ ਵਫਦ ਡੀ ਸੀ ਨੂੰ ਮਿਲਿਆ

**ਧਾਰੀਵਾਲ, (ਮਨਦੀਪ ਵਿੱਕੀ)**-ਬੀਤੇ ਦਿਨੀਂ ਆਤਮਹੱਤਿਆ ਕਰ ਗਏ ਬੀ.ਐਲ.ਓ. ਗੁਰਪ੍ਰੀਤ ਸਿੰਘ ਦੇ ਪੀੜਤ ਪਰਿਵਾਰ ਨੂੰ ਇਨਸਾਫ਼ ਅਤੇ ਮਦਦ ਦਿਵਾਉਣ ਲਈ ਇੱਕ ਵਫ਼ਦ ਜਿਸ ਦੀ ਅਗਵਾਈ ਗੌਰਮਿੰਟ ਟੀਚਰਜ਼ ਯੂਨੀਅਨ ਦੇ ਪ੍ਰਧਾਨ ਕੁਲਦੀਪ ਪੁਰੋਵਾਲ, ਈ.ਟੀ.ਟੀ. ਯੂਨੀਅਨ ਦੇ ਪ੍ਰਧਾਨ ਅਸ਼ਵਨੀ ਫਜੂਪੁਰ ਅਤੇ ਬੀ.ਐੱਲ.ਓ. ਯੂਨੀਅਨ ਦੇ ਪ੍ਰਧਾਨ ਸਰਬਜੀਤ ਸਿੰਘ ਵੱਲੋਂ ਸਾਂਝੇ ਤੌਰ ਤੇ ਡਿਪਟੀ ਕਮਿਸ਼ਨਰ ਗੁਰਦਾਸਪੁਰ ਅਦਿੱਤਿਆ ਉੱਪਲ ਨਾਲ ਮੁਲਾਕਾਤ ਕੀਤੀ।ਇਸ ਵਫ਼ਦ ਵਿੱਚ ਮ੍ਰਿਤਕ ਗੁਰਪ੍ਰੀਤ ਸਿੰਘ ਦੀ ਧਰਮ ਪਤਨੀ ਕਮਲਜੀਤ ਕੌਰ ਤੇ ਪਰਿਵਾਰਕ ਮੈਂਬਰ ਵਾਸੀ ਬੱਲੋਪੁਰ ਵੀ ਵਿਸ਼ੇਸ਼ ਤੌਰ ਤੇ ਸ਼ਾਮਿਲ ਸਨ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਦਿਲਦਾਰ ਭੰਡਾਲ ਨੇ ਦੱਸਿਆ ਕਿ ਮੁਲਾਕਾਤ ਦੌਰਾਨ ਆਗੂਆਂ ਨੇ ਡਿਪਟੀ ਕਮਿਸ਼ਨਰ ਪਾਸੋਂ ਮੰਗ ਕੀਤੀ ਕਿ ਪੀੜਤ ਪਰਿਵਾਰ ਦੇ ਇੱਕ ਮੈਂਬਰ ਨੂੰ ਤਰਸ ਦੇ ਆਧਾਰ 'ਤੇ ਤੁਰੰਤ ਸਰਕਾਰੀ ਨੌਕਰੀ ਦਿੱਤੀ ਜਾਵੇ, ਇੱਕ ਕਰੋੜ ਰੁਪਏ ਦੀ ਆਰਥਿਕ ਸਹਾਇਤਾ ਅਤੇ ਮ੍ਰਿਤਕ ਦੇ ਸਾਰੇ ਬਣਦੇ ਪੈਨਸ਼ਨਰੀ ਲਾਭ ਬਿਨਾਂ ਕਿਸੇ ਦੇਰੀ ਦੇ ਜਾਰੀ ਕੀਤੇ ਜਾਣ।ਡੀ ਸੀ ਨੇ ਪਰਿਵਾਰ ਨਾਲ ਹਮਦਰਦੀ ਦਾ ਪ੍ਰਗਟਾਵਾ ਕਰਦਿਆਂ ਵਿਸ਼ਵਾਸ ਦਿਵਾਇਆ ਕਿ ਸਰਕਾਰੀ ਨੌਕਰੀ ਅਤੇ ਐਕਸ-ਗ੍ਰੇਸ਼ੀਆ (ਗ੍ਰਾਂਟ) ਦੀ ਮਨਜ਼ੂਰੀ ਲਈ ਮੁੱਖ ਮੰਤਰੀ ਦਫ਼ਤਰ ਨੂੰ ਤੁਰੰਤ ਸਿਫਾਰਸ਼ੀ ਚਿੱਠੀ ਭੇਜੀ ਜਾਵੇਗੀ।ਇਸ ਪੂਰੀ ਪ੍ਰਕਿਰਿਆ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਸਹਾਇਕ ਕਮਿਸ਼ਨਰ ਕੁਲਦੀਪ ਚੰਦ ਦੀ ਡਿਊਟੀ ਲਗਾਈ ਗਈ। ਪੈਨਸ਼ਨਰੀ ਲਾਭ ਤੁਰੰਤ ਜਾਰੀ ਕਰਨ ਲਈ ਜ਼ਿਲ੍ਹਾ ਸਿੱਖਿਆ ਅਫ਼ਸਰ (ਡੀ.ਈ.ਓ.) ਪਰਮਜੀਤ ਨੂੰ ਮੌਕੇ ਤੇ ਹੀ ਹਦਾਇਤਾਂ ਜਾਰੀ ਕਰ ਦਿੱਤੀਆਂ ਗਈਆਂ ਹਨ।ਵਫਦ ਨੇ ਮੀਟਿੰਗ ਵਿੱਚ ਹੋਈ ਗੱਲਬਾਤ ਤੇ ਪੂਰੀ ਸੰਤੁਸ਼ਟੀ ਪ੍ਰਗਟ ਕੀਤੀ ਅਤੇ ਆਸ ਕੀਤੀ ਕਿ ਸਾਰੀਆਂ ਮੰਗਾਂ ਜਲਦ ਪੂਰੀਆਂ ਹੋਣਗੀਆਂ। ਇਸ ਮੌਕੇ ਹੈੱਡ ਟੀਚਰ ਗੁਰਮਿੰਦਰ ਸਿੰਘ ਬੌਬੀ, ਹਰਜੀਤ ਸਿੰਘ ਕਾਹਨੂੰਵਾਨ, ਗੁਰਪ੍ਰੀਤ ਸਿੰਘ ਦੇ ਦੋਵੇਂ ਬੇਟੇ ਅਤੇ ਚਾਚਾ ਹਾਜ਼ਰ ਸਨ।



# ਨਵੇਂ ਰਾਸ਼ਨ ਕਾਰਡ ਬਣਾਉਣ ਲਈ ਆਨਲਾਈਨ ਅਰਜ਼ੀਆਂ ਦੇਣ ਦਾ ਸਮਾਂ 11 ਅਗਸਤ ਤੱਕ

**ਪਠਾਨਕੋਟ, (ਦਵਿੰਦਰ ਸਿੰਘ)**- ਆਮ ਲੋਕਾਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਮੁੱਖ ਮੰਤਰੀ ਪੰਜਾਬ ਵੱਲੋਂ ਕੀਤੇ ਗਏ ਐਲਾਨ ਅਤੇ ਪੰਜਾਬ ਸਰਕਾਰ ਦੇ ਫ਼ੈਸਲੇ ਅਨੁਸਾਰ ਨੈਸ਼ਨਲ ਫੂਡ ਸਕਿਊਰਿਟੀ ਐਕਟ, 2013 ਅਤੇ ਸਮਾਰਟ ਰਾਸ਼ਨ ਕਾਰਡ ਸਕੀਮ ਤਹਿਤ ਨਵੇਂ ਰਾਸ਼ਨ ਕਾਰਡ ਬਣਾਉਣ ਅਤੇ ਮੌਜੂਦਾ ਰਾਸ਼ਨ ਕਾਰਡਾਂ ਵਿੱਚ ਯੋਗ ਮੈਂਬਰ ਸ਼ਾਮਲ ਕਰਨ ਲਈ 22 ਜੁਲਾਈ ਤੋਂ 11 ਅਗਸਤ ਤੱਕ ਆਨਲਾਈਨ ਅਰਜ਼ੀਆਂ ਪ੍ਰਾਪਤ ਕੀਤੀਆਂ ਜਾਣਗੀਆਂ।ਇਸ ਮੁਹਿੰਮ ਦਾ ਮੁੱਖ ਉਦੇਸ਼ ਯੋਗ ਪਰਿਵਾਰਾਂ ਨੂੰ ਪਾਰਦਰਸ਼ੀ, ਨਿਰਪੱਖ ਅਤੇ ਤਕਨਾਲੋਜੀ ਆਧਾਰਿਤ ਪ੍ਰਕਿਰਿਆ ਰਾਹੀਂ ਸਰਕਾਰੀ ਯੋਜਨਾ ਦਾ ਲਾਭ ਪ੍ਰਦਾਨ ਕਰਨਾ ਹੈ। ਜਾਣਕਾਰੀ ਦਿੰਦਿਆਂ ਰਾਜ ਰਿਸ਼ੀ ਮਹਿਰਾ ਜ਼ਿਲ੍ਹਾ ਖੁਰਾਕ ਤੇ ਸਪਲਾਈ ਕੰਟਰੋਲਰ ਪਠਾਨਕੋਟ ਨੇ ਦੱਸਿਆ ਕਿ ਨਵੇਂ ਰਾਸ਼ਨ ਕਾਰਡ ਬਣਾਉਣ ਜਾਂ ਮੌਜੂਦਾ ਰਾਸ਼ਨ ਕਾਰਡ ਵਿੱਚ ਮੈਂਬਰ ਸ਼ਾਮਲ ਕਰਨ ਲਈ ਅਰਜ਼ੀ ਫਾਰਮ ਪੰਜਾਬੀ ਅਤੇ ਅੰਗਰੇਜ਼ੀ ਭਾਸ਼ਾ ਵਿੱਚ ਖੁਰਾਕ, ਸਿਵਲ ਸਪਲਾਈਜ਼ ਅਤੇ ਖਪਤਕਾਰ ਮਾਮਲੇ ਵਿਭਾਗ ਦੀ ਵੈੱਬਸਾਈ ਤੋਂ ਡਾਊਨਲੋਡ ਕੀਤੇ ਜਾ ਸਕਦੇ ਹਨ। ਬਿਨੈਕਾਰਾਂ ਨੂੰ ਅਰਜ਼ੀ ਭਰਨ ਤੋਂ ਪਹਿਲਾਂ ਹਦਾਇਤਾਂ ਨੂੰ ਧਿਆਨ ਨਾਲ ਪੜ੍ਹ ਕੇ ਲੋੜੀਂਦੇ ਦਸਤਾਵੇਜ਼ਾਂ ਸਮੇਤ ਹੀ ਫਾਰਮ ਜਮ੍ਹਾਂ ਕਰਵਾਉਣ ਦੀ ਅਪੀਲ ਹੈ।ਬਿਨੈਕਾਰ ਕਿਸੇ ਵੀ ਕੰਮਕਾਜੀ ਦਿਨ ਸਵੇਰੇ 9:00 ਵਜੇ ਤੋਂ ਸ਼ਾਮ 5:00 ਵਜੇ ਤੱਕ ਨਜ਼ਦੀਕੀ ਕਾਮਨ ਸਰਵਿਸ ਸੈਂਟਰ ਜਾਂ ਜ਼ਿਲ੍ਹਾ ਕੰਟਰੋਲਰ, ਖੁਰਾਕ, ਸਿਵਲ ਸਪਲਾਈਜ਼ ਅਤੇ ਖਪਤਕਾਰ ਮਾਮਲੇ, ਪਠਾਨਕੋਟ ਦੇ ਦਫ਼ਤਰ ਵਿਖੇ ਅਰਜ਼ੀਆਂ ਜਮ੍ਹਾ ਕਰਵਾ ਸਕਦੇ ਹਨ। ਉਨ੍ਹਾਂ ਕਿਹਾ ਕਿ ਵਧੇਰੇ ਜਾਣਕਾਰੀ ਲਈ ਬਿਨੈਕਾਰ ਜ਼ਿਲ੍ਹਾ ਖੁਰਾਕ, ਸਿਵਲ ਸਪਲਾਈਜ਼ ਅਤੇ ਖਪਤਕਾਰ ਮਾਮਲੇ ਦਫ਼ਤਰ, ਪਠਾਨਕੋਟ ਜਾਂ ਆਪਣੇ ਨਜ਼ਦੀਕੀ ਕਾਮਨ ਸਰਵਿਸ ਸੈਂਟਰ ਨਾਲ ਸੰਪਰਕ ਕਰ ਸਕਦੇ ਹਨ।



# ਮਜੀਠਾ 'ਚ ਭਰਵੀਂ ਬਾਰਿਸ਼ ਨੇ ਕੀਤੀ ਜਲਥਲ, ਸਫਾਈ ਪ੍ਰਬੰਧਾਂ ਦੀ ਖੁੱਲ੍ਹੀ ਪੋਲ



**ਮਜੀਠਾ (ਸੋਇਮ ਆਨੰਦ)** - ਸਾਵਣ ਮਹੀਨੇ ਦੀ ਪਹਿਲੀ ਤੇ ਭਰਵੀਂ ਬਾਰਿਸ਼ ਨੇ ਜਿੱਥੇ ਸ਼ਹਿਰ ਵਾਸੀਆਂ ਨੂੰ ਗਰਮੀ ਤੋਂ ਰਾਹਤ ਦਿਵਾਈ ਹੈ ਉਥੇ ਨਾਲ ਹੀ ਸ਼ਹਿਰ ਮਜੀਠਾ ਅਤੇ ਆਸ ਪਾਸ ਦੇ ਇਲਾਕਿਆਂ ਵਿਚ ਜਲਥਲ ਕਰਵਾ ਦਿੱਤੀ ਹੈ। ਸ਼ਹਿਰ ਮਜੀਠਾ ਦੀਆਂ ਸਾਰੀਆਂ ਮੁੱਖ ਗਲੀਆਂ ਤੇ ਬਜ਼ਾਰਾਂ ਵਿਚ ਭਾਰੀ ਮਾਤਰਾ ਵਿਚ ਪਾਣੀ ਖੜਾ ਹੈ। ਨਾਲ ਹੀ ਇਸ ਬਾਰਿਸ਼ ਨੇ ਨਗਰ ਕੌਂਸਲ ਮਜੀਠਾ ਦੇ ਸਫਾਈ ਪ੍ਰਬੰਧਾਂ ਦੀ ਵੀ ਪੋਲ ਖੋਲ੍ਹ ਕੇ ਰੱਖ ਦਿੱਤੀ ਹੈ। ਸ਼ਹਿਰ ਵਿਚ ਪਹਿਲਾਂ ਤੋਂ ਸੀਵਰੇਜ਼ ਦੀ ਭਾਰੀ ਸਮੱਸਿਆ ਚਲੀ ਆ ਰਹੀ ਹੈ। ਗਲੀਆਂ ਬਜਾਰਾਂ 'ਚ ਪਾਣੀ ਦਾ ਨਿਕਾਸ ਨਾ ਹੋਣ ਕਾਰਨ ਬੁਰਾ ਹਾਲ ਹੈ , ਜਗ੍ਹਾ ਜਗ੍ਹਾ ਪਾਣੀ ਖੜਾ ਹੈ। ਇੱਥੋਂ ਤੱਕ ਕਿ ਸ਼ਹਿਰ ਮਜੀਠਾ ਦਾ ਸੇਵਾ ਕੇਂਦਰ, ਬੀ.ਐਸ.ਐਨ.ਐਲ ਦਫਤਰ ਅਤੇ ਇਸ ਦੇ ਨਾਲ ਹੀ ਹੋਰ ਇਮਾਰਤਾਂ ਵਿਚ ਪਾਣੀ ਖੜਾ ਹੈ। ਜਿਸ ਕਾਰਨ ਰੋਜ਼ਾਨਾ ਕੰਮ ਕਰਵਾਉਣ ਆਉਣ ਵਾਲੇ ਲੋਕਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਿਆ। ਸ਼ਹਿਰ ਦੇ ਚੌਕਾਂ ਵਿਚ ਲੱਗੇ ਕੂੜੇ ਦੇ ਢੇਰ ਬਾਰਿਸ਼ ਦੇ ਪਾਣੀ ਵਿਚ ਤੈਰ ਰਹੇ ਹਨ। ਸ਼ਹਿਰ ਵਾਸੀਆਂ ਨੇ ਨਗਰ ਕੌਂਸਲ ਮਜੀਠਾ ਤੋਂ ਸ਼ਹਿਰ ਦੇ ਪਾਣੀ ਦੀ ਨਿਕਾਸੀ ਦਾ ਪੱਕਾ ਹੱਲ ਕਰਨ ਦੀ ਮੰਗ ਕੀਤੀ ਹੈ।

# ਨਵੇਂ ਰਾਸ਼ਨ ਕਾਰਡ ਬਣਾਉਣ ਲਈ ਆਨਲਾਈਨ ਪ੍ਰਕ੍ਰਿਆ ਸ਼ੁਰੂ

**ਗੁਰਦਾਸਪੁਰ (ਜਨਕ ਮਹਾਜਨ)** - ਜ਼ਿਲ੍ਹਾ ਕੰਟਰੋਲਰ, ਖੁਰਾਕ, ਸਿਵਲ ਸਪਲਾਈਜ਼ ਅਤੇ ਖਪਤਕਾਰ ਮਾਮਲੇ ਗੁਰਦਾਸਪੁਰ ਅਮਨਜੀਤ ਸਿੰਘ ਵਲੋਂ ਆਮ ਲੋਕਾਂ ਨੂੰ ਸੂਚਿਤ ਕੀਤਾ ਗਿਆ ਹੈ ਕਿ ਮੁੱਖ ਮੰਤਰੀ ਪੰਜਾਬ ਵਲੋਂ ਕੀਤੀ ਘੋਸ਼ਣਾ ਅਤੇ ਰਾਜ ਸਰਕਾਰ ਵਲੋਂ ਲਏ ਫੈਸਲੇ ਅਨੁਸਾਰ ਨੈਸ਼ਨਲ ਫੂਡ ਸਿਕਿਊਰਿਟੀ ਐਕਟ 2013/ਸਮਾਰਟ ਰਾਸ਼ਨ ਕਾਰਡ ਸਕੀਮ ਅਧੀਨ ਨਵੇਂ ਰਾਸ਼ਨ ਕਾਰਡ ਬਣਾਉਣ ਅਤੇ ਮੌਜੂਦਾ ਰਾਸ਼ਨ ਕਾਰਡਾਂ ਵਿਚ ਮੈਂਬਰ ਸ਼ਾਮਿਲ ਕਰਨ ਲਈ ਆਨਲਾਈਨ ਅਰਜ਼ੀਆਂ ਪ੍ਰਾਪਤ ਕੀਤੀਆਂ ਜਾਣੀਆਂ ਹਨ। ਉਨ੍ਹਾਂ ਦੱਸਿਆ ਕਿ ਬਿਨੈਕਾਰ ਆਪਣੀਆਂ ਅਰਜ਼ੀਆਂ ਨਜ਼ਦੀਕੀ ਸੇਵਾ ਕੇਂਦਰ/ਕਾਮਨ ਸਰਵਿਸ ਸੈਂਟਰ ਜਾ ਕੇ ਅਨਲਾਇਨ ਜਮਾਂ ਕਰਵਾ ਸਕਦਾ ਹੈ। ਸੇਵਾ ਕੇਂਦਰ ਰਾਹੀਂ ਅਰਜ਼ੀ ਸਫਲਤਾਪੂਰਵਕ ਜਮਾਂ ਹੋਣ 'ਤੇ ਬਿਨੈਕਾਰ ਨੂੰ 100 ਰੁਪਏ ਪ੍ਰਤੀ ਫਾਰਮ ਪ੍ਰੋਸੈਸਿੰਗ ਫੀਸ ਵੀ ਜਮਾਂ ਕਰਵਾਉਣੀ ਪਵੇਗੀ। ਬਿਨੈਕਾਰ ਆਪਣੀ ਅਰਜ਼ੀ ਖ਼ੁੱਦ ਵੀ ਸਿੱਧੇ ਤੌਰ 'ਤੇ ਪੋਰਟਲ ਰਾਹੀਂ ਆਨਲਾਈਨ ਜਮਾਂ ਕਰਵਾ ਸਕਦੇ ਹਨ ਅਤੇ ਫਾਰਮ ਆਨਲਾਈਨ ਜਮਾਂ ਕਰਵਾਉਣ ਲਈ ਬਿਨੈਕਾਰ ਨੂੰ ਕੋਈ ਵੀ ਫੀਸ ਨਹੀਂ ਦੇਣੀ ਪਵੇਗੀ। ਅਰਜੀਆਂ 22 ਜੁਲਾਈ ਤੋਂ 11 ਅਗਸਤ ਦੌਰਾਨ ਹੀ ਪ੍ਰਾਪਤ ਕੀਤੀਆਂ ਜਾਣਗੀਆਂ ।



# ਲੋਕ ਮਿਲਣੀ ਦੌਰਾਨ ਪਿੰਡ ਬੋਪਾਰਾਏ ਪਹੁੰਚੇ ਤਲਬੀਰ ਸਿੰਘ ਗਿੱਲ

**ਚਵਿੰਡਾ ਦੇਵੀ (ਖੁਸ਼ਾਲ ਸੁੰਦਰ)**- ਆਮ ਆਦਮੀ ਪਾਰਟੀ ਦੇ ਵਿਧਾਇਕਾਂ ਵੱਲੋਂ ਵੱਲੋਂ ਪਿੰਡ ਪਿੰਡ ਜਾ ਕੇ ਲੋਕ ਮਿਲਣੀਆਂ ਕੀਤੀਆਂ ਜਾ ਰਹੀਆਂ ਹਨ ਅਤੇ ਸਮੱਸਿਆਵਾਂ ਦਾ ਮੌਕੇ 'ਤੇ ਹੀ ਨਿਪਟਾਰਾ ਕੀਤਾ ਜਾ ਰਿਹਾ ਹੈ । ਇਸੇ ਮੁਹਿੰਮ ਤਹਿਤ ਹਲਕਾ ਮਜੀਠਾ 'ਚ ਪੈਂਦੇ ਪਿੰਡ ਬੋਪਾਰਾਏ ਵਿੱਚ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਪਹੁੰਚੇ ਜਿਥੇ ਉਨ੍ਹਾਂ ਨੇ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਸਮੱਸਿਆਵਾਂ ਨੂੰ ਹੱਲ ਵੀ ਕੀਤਾ । ਇਸ ਮੌਕੇ ਹਲਕਾ ਕੋਆਰਡੀਨੇਟਰ ਮਜੀਠਾ ਮਨਦੀਪ ਸਿੰਘ ਸਰਪੰਚ ਤਨੇਲ , ਬਲਾਕ ਪ੍ਰਧਾਨ ਸਰਦਾਰ ਜਗਦੀਸ਼ ਸਿੰਘ ਸ਼ਹਿਜਾਦਾ, ਸਤਨਾਮ ਸਿੰਘ ਮੈਂਬਰ , ਬਾਬਾ ਕੁਲਦੀਪ ਸਿੰਘ ਮੈਂਬਰ , ਹਰਜੀਤ ਸਿੰਘ ਨੰਬਰਦਾਰ , ਮੁਖਤਾਰ ਸਿੰਘ , ਬਲਕਾਰ ਸਿੰਘ , ਅੰਗਰੇਜ਼ ਸਿੰਘ , ਸਕੱਤਰ ਸਿੰਘ , ਬਲਦੇਵ ਸਿੰਘ ਮੇਸ਼ੀ , ਸੁਖਚੈਨ ਸਿੰਘ , ਪ੍ਰਗਟ ਸਿੰਘ , ਝਿਲਮਿਲ ਸਿੰਘ ਫੌਜੀ , ਅਮਰਬੀਰ ਸਿੰਘ, ਮਲਕੀਤ ਸਿੰਘ ਬੀਡੀਓ , ਬਲਵੰਤ ਸਿੰਘ ਸਰਪੰਚ ਘਨਸ਼ਾਮਪੁਰ , ਸਰਪੰਚ ਬੀਰ ਸਿੰਘ , ਕਾਲੂ ਰਾਮ ਘਨਸ਼ਾਮਪੁਰ ਆਦੀ ਹਾਜਰ ਸਨ।



# ਹਥਿਆਰਾਂ ਦੀ ਨੋਕ 'ਤੇ ਦੋ ਨੌਜਵਾਨਾਂ ਦੇ ਮੋਬਾਇਲ ਫੋਨ ਖੋਹੇ

**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**- ਇੱਕ ਪਾਸੇ ਜਿੱਥੇ ਆਮ ਲੋਕਾਂ ਨੂੰ ਆਪਣੇ ਹਥਿਆਰ ਲੈਣ ਲਈ ਲਾਈਸੈਂਸ ਬਣਾਉਣ ਵਾਸਤੇ ਅਨੇਕਾਂ ਹੀ ਪਰੇਸ਼ਾਨੀਆਂ ਦੇ ਵਿੱਚੋਂ ਦੀ ਗੁਜਰਨਾ ਪੈ ਰਿਹਾ ਅਤੇ ਫਿਰ ਵੀ ਉਹਨਾਂ ਨੂੰ ਲਾਈਸੈਂਸ ਨਹੀਂ ਮਿਲ ਰਹੇ ਉਥੇ ਦੋ ਨੰਬਰ ਦੇ ਹਥਿਆਰ ਲੈ ਕੇ ਲੁਟੇਰੇ ਸ਼ਰੇਆਮ ਲੁੱਟ ਦੀਆਂ ਵਾਰਦਾਤਾਂ ਨੂੰ ਅੰਜਾਮ ਦੇ ਰਹੇ ਹਨ ਜਿਸ ਤੋਂ ਸਪਸ਼ਟ ਹੈ ਕਿ ਪੁਲਿਸ ਪ੍ਰਸ਼ਾਸਨ ਜਾਂ ਸਰਕਾਰ ਲੋਕਾਂ ਨੂੰ ਜਾਣ ਬੁਝ ਕੇ ਖੱਜਲ ਖੁਆਰ ਕਰ ਰਹੀ ਹੈ । ਇਸੇ ਤਰ੍ਹਾਂ ਦੀ ਮਿਸਾਲ ਪੁਲਿਸ ਥਾਣਾ ਜੰਡਿਆਲਾ ਗੁਰੂ ਅਧੀਨ ਪੈਂਦੇ ਪਿੰਡ ਨਵਾਂ ਪਿੰਡ ਵਿੱਚ ਮਿਲੀ ਜਿੱਥੇ ਰਾਤ ਨੂੰ ਸੈਰ ਕਰਨ ਜਾ ਰਹੇ ਦੋ ਨੌਜਵਾਨਾਂ ਤੋਂ ਲੁਟੇਰੇ ਹਥਿਆਰਾਂ ਦੀ ਨੋਕ 'ਤੇ ਹਵਾਈ ਫਾਇਰ ਕਰਕੇ ਉਹਨਾਂ ਦੇ ਮੋਬਾਇਲ ਫੋਨ ਖੋਹ ਕੇ ਫਰਾਰ ਹੋ ਗਏ । ਮਾਨਵਦੀਪ ਸਿੰਘ ਪੁੱਤਰ ਨਵਦੀਪਕ ਸਿੰਘ ਅਤੇ ਵੰਸਦੀਪ ਸਿੰਘ ਪੁੱਤਰ ਵਿਵੇਕਦੀਪ ਸਿੰਘ ਵਾਸੀ ਨਵਾਂ ਪਿੰਡ ਨੇ ਪੁਲਿਸ ਚੌਂਕੀ ਨਵਾਂ ਪਿੰਡ ਵਿਖੇ ਦਿੱਤੀ ਦਰਖਾਸਤ ਵਿੱਚ ਦੱਸਿਆ ਕਿ ਉਹ ਰਾਤ ਦੇ ਕਰੀਬ 9 ਵਜੇ ਦੇ ਕਰੀਬ ਨਵਾਂ ਪਿੰਡ ਸਰਕਾਰੀ ਸਕੂਲ ਦੇ ਨੇੜੇ ਤੁਰੇ ਜਾ ਰਹੇ ਸੀ ਤਾਂ 2 ਲੜਕੇ ਜੋ ਪਲਟੀਨਾ ਮੋਟਰਸਾਈਕਲ 'ਤੇ ਸਵਾਰ ਸਨ ਨੇ ਉਨ੍ਹਾਂ ਨੂੰ ਘੇਰ ਕੇ ਮੋਬਾਇਲ ਖੋਹਣ ਦੀ ਕੋਸ਼ਿਸ਼ ਕੀਤੀ ਜਦੋਂ ਉਨ੍ਹਾਂ ਨੇ ਦੇਣ ਤੋਂ ਨਾਂਹ ਕਰ ਦਿੱਤੀ ਤਾਂ ਉਹਨਾਂ ਨੇ ਪਿਸਤੌਲ ਦੇ ਨਾਲ ਹਵਾ ਵਿੱਚ ਫਾਇਰ ਕਰ ਦਿੱਤੇ ਜਿਸ ਤੋਂ ਘਬਰਾ ਕੇ ਉਹਨਾਂ ਨੇ ਆਪਣੇ ਮੋਬਾਈਲ ਫੋਨ ਲੁਟੇਰਿਆਂ ਨੂੰ ਦੇ ਦਿੱਤੇ।

# ਪਦਮ ਭੂਸ਼ਣ ਗੁਰਮੀਤ ਬਾਵਾ ਯਾਦਗਾਰੀ ਸੱਭਿਆਚਾਰਕ ਮੇਲਾ ਮਨਾਇਆ

**ਧਾਰੀਵਾਲ (ਮਨਦੀਪ ਵਿੱਕੀ)**- ਅੰਤਰਰਾਸ਼ਟਰੀ ਸੱਭਿਆਚਾਰਕ ਮੰਚ ਦੇ ਕੌਮੀ ਪ੍ਰਧਾਨ ਬਲਵਿੰਦਰ ਕੌਰ ਪੰਡੋਰੀ, ਸੂਬੇਦਾਰ ਗੁਰਮੇਜ ਸਿੰਘ ਖਹਿਰਾ ਵੱਲੋਂ ਨੈਸ਼ਨਲ ਐਵਾਰਡੀ ਡਾਕਟਰ ਪਰਮਜੀਤ ਸਿੰਘ ਕਲਸੀ ਤੇ ਪਿੰਡ ਦੇ ਸਰਪੰਚ ਜੋਬਨ ਸਿੰਘ ਦੇ ਸਹਿਯੋਗ ਨਾਲ ਪਿੰਡ ਰੋੜ ਖਹਿਰਾ ਵਿਖੇ ਪੀਰ ਬਾਬਾ ਸਿਰਕੀ ਸ਼ਾਹ ਨੂੰ ਸਮਰਪਿਤ ਪਦਮ ਭੂਸ਼ਣ ਗੁਰਮੀਤ ਬਾਵਾ ਯਾਦਗਾਰੀ ਸਭਿਆਚਾਰਕ ਮੇਲਾ (ਮੇਲਾ ਤੀਆਂ ਦਾ...) ਕਰਵਾਇਆ ਗਿਆ, ਜਿਸ ਵਿੱਚ ਪੰਜਾਬੀ ਵਿਸ਼ਵ ਦੀ ਲੋਕ-ਗਾਇਕਾ ਗਲੋਰੀ ਬਾਵਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ, ਜਦੋਂ ਕਿ ਮਹਿਮਾਨ-ਏ-ਖ਼ਾਸ ਵਿੱਚ ਜ਼ਿਲ੍ਹਾ ਯੋਜਨਾ ਬੋਰਡ ਗੁਰਦਾਸਪੁਰ ਦੇ ਚੇਅਰਮੈਨ ਜੋਬਨ ਰੰਧਾਵਾ, ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ, ਬਾਰਡਰ ਰੇਂਜ ਦੇ ਚੀਫ਼ ਇੰਜੀਨੀਅਰ ਅਰਵਿੰਦਰਜੀਤ ਸਿੰਘ ਬੋਪਾਰਾਏ, ਸੁਰਿੰਦਰ ਫਰਿਸ਼ਤਾ (ਘੁੱਲੇ ਸ਼ਾਹ), ਸ੍ਰ. ਸਤਬੀਰ ਸਿੰਘ ਪ੍ਰਸਿੱਧ ਸਮਾਜ ਸੇਵਕ ਤੇ ਵਿਸ਼ਵ ਪੰਜਾਬੀ ਸਭਾ ਭਾਰਤ ਦੇ ਕੌਮੀ ਪ੍ਰਧਾਨ, ਸਹਾਇਕ ਜ਼ਿਲ੍ਹਾ ਅਟਾਰਨੀ ਕਵਲਦੀਪ ਸਿੰਘ ਗੁਰਾਇਆ, ਐੱਸ ਡੀ ਓ ਗੁਰਜੈਪਾਲ ਸਿੰਘ, ਮੈਨੇਜਰ ਅਤਰ ਸਿੰਘ ਗ਼ਜ਼ਲਗੋ, ਡਾ. ਸਰਵਣ ਸਿੰਘ ਵਿਦਵਾਨ ਆਲੋਚਕ, ਵਿਸ਼ੇਸ਼ ਮਹਿਮਾਨਾਂ ਨੇ ਸ਼ਿਰਕਤ ਕੀਤੀ । ਨੈਸ਼ਨਲ ਐਵਾਰਡੀ ਡਾ. ਪਰਮਜੀਤ ਸਿੰਘ ਕਲਸੀ, ਸਾਬਕਾ ਜ਼ਿਲ੍ਹਾ ਭਾਸ਼ਾ ਅਫ਼ਸਰ ਗੁਰਦਾਸਪੁਰ ਤੇ ਅੰਮ੍ਰਿਤਸਰ ਨੇ ਇਸ ਮੇਲੇ ਦੀ ਪ੍ਰਧਾਨਗੀ ਅਤੇ ਸਰਪ੍ਰਸਤੀ ਕੀਤੀ। ਸੂਬੇਦਾਰ ਗੁਰਮੇਲ ਸਿੰਘ ਨੇ ਆਏ ਕਲਾਕਾਰਾਂ ਤੇ ਵਿਦਵਾਨ ਹਸਤੀਆਂ ਨੂੰ ਜੀ ਆਇਆਂ ਕਿਹਾ, ਜਦੋਂ ਕਿ ਡਾਕਟਰ ਕਲਸੀ ਨੇ ਸਮਾਰੋਹ ਦੀ ਰੂਪ-ਰੇਖਾ ਤੋਂ ਵਾਕਫ਼ ਕਰਵਾ ਕੇ ਸਮਾਰੋਹ ਦਾ ਰਸਮੀ ਅਗ਼ਾਜ਼ ਕੀਤਾ। ਇਸ ਪ੍ਰੋਗਰਾਮ ਦੇ ਕੋ-ਆਰਡੀਨੇਟਰ ਡਾ.ਗੁਰਵੰਤ ਸਿੰਘ ਨੇ ਮੰਚ ਸੰਚਾਲਨ ਦੀ ਭੂਮਿਕਾ ਨਿਭਾਈ । ਇਸ ਮੇਲੇ ਵਿੱਚ ਮੈਨੇਜਰ ਅਤਰ ਸਿੰਘ ਦੀ ਪੁਸਤਕ ਮਹਿਕ ਸੱਜਣਾ ਦੀ ਅਤੇ ਨੂਰ ਸ਼ਇਰਾ ਦੀ ਪੁਸਤਕ ਸਾਹਾਂ ਦੀ ਬਾਜ਼ੀ ਮੁੱਖ ਮਹਿਮਾਨ, ਵਿਸ਼ੇਸ਼ ਮਿਹਮਾਨਾਂ ਤੇ ਪ੍ਰਧਾਨਗੀ ਮੰਡਲ ਵੱਲੋਂ ਲੋਕ-ਅਰਪਣ ਕੀਤੀ ਗਈ। ਪ੍ਰਸਿੱਧ ਪੰਜਾਬੀ ਗਾਇਕ ਔਜਲਾ ਬ੍ਰਦਰ ਨੂੰ 'ਪਦਮ ਭੂਸ਼ਣ ਗੁਰਮੀਤ ਬਾਵਾ ਯਾਦਗਾਰੀ ਪੁਰਸਕਾਰ' ਪ੍ਰਦਾਨ ਕੀਤਾ ਗਿਆ। ਇਸ ਮੌਕੇ ਨਾਮਵਰ ਪੰਜਾਬੀ ਗਾਇਕਾ ਗਲੋਰੀ ਬਾਵਾ, ਲੋਕ-ਗਾਇਕ ਔਜਲਾ ਬਰਦਰ, ਸੁਰਿੰਦਰ ਸਿੰਘ ਭਾਗੋਵਾਲੀਆ, ਹਰਜੀਤ ਲਾਡਲਾ, ਪਰਵਿੰਦਰ ਮੂਧਲ, ਜੋਗਿੰਦਰ ਸਿੰਘਪੁਰੀਆ, ਪ੍ਰਿੰਸ ਅਠਵਾਲ, ਪਿੰਕਾ ਜੀ, ਆਦਿ ਨੇ ਸ਼ਿੱਦਤ ਨਾਲ ਮੇਲੇ ਵਿੱਚ ਸੈਂਕੜੇ ਲੋਕਾਂ ਦਾ ਮਨੋਰੰਜਨ ਕਰਕੇ ਤੀਆਂ ਦਾ ਭਾਈਚਾਰਕ ਸਾਂਝ ਦਾ ਸੁਨੇਹਾ ਦਿੱਤਾ ।



# ਸ਼ੈਰੀ ਕਲਸੀ ਵੱਲੋਂ ਲੋਕ ਮਿਲਣੀ



**ਬਟਾਲਾ (ਡਾਕਟਰ ਮਲਵਿੰਦਰ ਸਿੰਘ)** ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਪਿੰਡ ਦਾਨਿਆਵਾਲੀ ਵਿਖੇ ਪਹੁੰਚੇ ਅਤੇ ਲੋਕ ਮਿਲਣੀ ਦੌਰਾਨ ਪਿੰਡ ਵਾਸੀਆਂ ਨੂੰ ਮਿਲੇ। ਇਸ ਮੌਕੇ ਉਨ੍ਹਾਂ ਇਲਾਕਾ ਵਾਸੀਆਂ ਦੀਆਂ ਸਮੱਸਿਆਵਾਂ ਅਤੇ ਸੁਝਾਵ ਧਿਆਨ ਨਾਲ ਸੁਣੇ ਅਤੇ ਉਨ੍ਹਾਂ ਦੇ ਜਲਦੀ ਹੱਲ ਲਈ ਭਰੋਸਾ ਦਿੱਤਾ।ਉਨ੍ਹਾਂ ਕਿਹਾ ਕਿ ਲੋਕਾਂ ਦੀ ਸੇਵਾ, ਵਿਕਾਸ ਅਤੇ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣਾ ਮੇਰੀ ਪਹਿਲ ਹੈ। ਪਿੰਡਾਂ ਦੀ ਤਰੱਕੀ ਅਤੇ ਲੋਕਾਂ ਦੀ ਭਲਾਈ ਲਈ ਵਚਨਬੱਧ ਹਾਂ ਅਤੇ 24 ਘੰਟੇ ਲੋਕਾਂ ਦੀ ਸੇਵਾ ਵਿੱਚ ਹਾਜ਼ਰ ਹਾਂ। ਉਨ੍ਹਾਂ ਅੱਗੇ ਕਿਹਾ ਕਿ ਨੌਜਵਾਨਾਂ ਨੂੰ ਖੇਡਾਂ ਵੱਲ ਉਤਸ਼ਾਹਤ ਕਰਨ ਲਈ ਖੇਡ ਮੈਦਾਨ ਤਿਆਰ ਕੀਤੇ ਗਏ ਹਨ। ਨੌਜਵਾਨਾਂ ਨੂੰ ਸਪਰੋਟਸ ਕਿੱਟਾਂ ਵੰਡੀਆਂ ਗਈਆਂ ਹਨ ਤਾਂ ਜੋ ਨੌਜਵਾਨ ਵੱਧ ਤੋਂ ਵੱਧ ਖੇਡਾਂ ਨਾਲ ਜੁੜ ਸਕਣ। ਉਨ੍ਹਾਂ ਦੱਸਿਆ ਪਿਛਲੇ ਚਾਰ ਸਾਲਾਂ ਦੇ ਕਾਰਜਕਾਲ ਦੌਰਾਨ ਲੋਕਾਂ ਨੂੰ 600 ਯੂਨਿਟ ਬਿਜਲੀ ਮੁਫ਼ਤ, ਮੁਹੱਲਾ ਕਲੀਨਿਕ, ਸਕੂਲ ਆਫ ਐਮੀਨੈਂਸ, 'ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ' ਸ਼ੁਰੂ ਕੀਤੀ ਗਈ ਹੈ,10 ਲੱਖ ਰੁਪਏ ਤੱਕ ਦਾ ਸਿਹਤ ਇਲਾਜ ਕਰਵਾਉਣ ਸਮੇਤ ਵੱਖ-ਵੱਖ ਲੋਕ ਭਲਾਈ ਸਕੀਮਾਂ ਨੂੰ ਲਾਗੂ ਕੀਤਾ ਗਿਆ ਹੈ।

# ਪ੍ਰਕਾਸ਼ ਪੁਰਬ ਸੰਬੰਧੀ ਡਾਕੂਮੈਂਟਰੀ ਮੁਹਿੰਮ ਨੂੰ ਭਰਵਾਂ ਹੁੰਗਾਰਾ

**ਗੁਰਦਾਸਪੁਰ (ਜਨਕ ਮਹਾਜਨ)** - ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਉਨ੍ਹਾਂ ਦੇ ਜੀਵਨ, ਫਲਸਫ਼ੇ ਅਤੇ ਮਹਾਨ ਸਿੱਖਿਆਵਾਂ ਨੂੰ ਘਰ-ਘਰ ਪਹੁੰਚਾਉਣ ਦੇ ਉਦੇਸ਼ ਨਾਲ ਚਲਾਈ ਜਾ ਰਹੀ ਵਿਸ਼ੇਸ਼ ਡਾਕੂਮੈਂਟਰੀ ਮੁਹਿੰਮ ਨੂੰ ਪਿੰਡ ਪੱਧਰ 'ਤੇ ਲੋਕਾਂ ਵੱਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਇਸੇ ਲੜੀ ਤਹਿਤ ਪਿੰਡ ਬਖਤਪੁਰ, ਰੋੜਾਂਵਾਲੀ, ਸਰਸਪੁਰ, ਲੋਧੀਪੁਰ ਵਿਖੇ ਐਲ.ਈ.ਡੀ. ਪ੍ਰਚਾਰ ਵੈਨਾਂ ਰਾਹੀਂ ਵਿਸ਼ੇਸ਼ ਡਾਕੂਮੈਂਟਰੀ ਸ਼ੋਅ ਕਰਵਾਏ ਗਏ। ਇਨ੍ਹਾਂ ਸ਼ੋਅਜ਼ ਦੌਰਾਨ ਪਿੰਡ ਵਾਸੀਆਂ, ਨੌਜਵਾਨਾਂ, ਮਹਿਲਾਵਾਂ ਅਤੇ ਬੱਚਿਆਂ ਨੇ ਉਤਸ਼ਾਹ ਨਾਲ ਸ਼ਮੂਲੀਅਤ ਕੀਤੀ। ਡਾਕੂਮੈਂਟਰੀ ਵਿੱਚ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਜੀਵਨ ਸੰਘਰਸ਼, ਸਮਾਜਿਕ ਸੁਧਾਰਾਂ, ਸਮਾਨਤਾ, ਭਾਈਚਾਰੇ, ਸੱਚ, ਕਿਰਤ, ਮਨੁੱਖਤਾ ਅਤੇ ਸਰਬੱਤ ਦੇ ਭਲੇ ਦੇ ਸੰਦੇਸ਼ ਨੂੰ ਪ੍ਰਭਾਵਸ਼ਾਲੀ ਅਤੇ ਸਰਲ ਢੰਗ ਨਾਲ ਪੇਸ਼ ਕੀਤਾ ਗਿਆ। ਦਰਸ਼ਕਾਂ ਨੇ ਪੂਰੀ ਰੁਚੀ ਨਾਲ ਡਾਕੂਮੈਂਟਰੀ ਦੇਖੀ ਅਤੇ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਨੂੰ ਅੱਜ ਦੇ ਸਮਾਜ ਲਈ ਬਹੁਤ ਹੀ ਪ੍ਰਸੰਗਿਕ ਕਰਾਰ ਦਿੱਤਾ।



# ਬਰਸਾਤੀ ਮੌਸਮ ਦੌਰਾਨ ਸਕੂਲਾਂ ਨੂੰ ਪੂਰੀ ਸਾਵਧਾਨੀ ਵਰਤਣ ਦੀਆਂ ਹਦਾਇਤਾਂ

**ਪਠਾਨਕੋਟ (ਦਵਿੰਦਰ ਸਿੰਘ)**- ਬਰਸਾਤੀ ਮੌਸਮ ਦੇ ਮੱਦੇਨਜ਼ਰ ਸਿੱਖਿਆ ਵਿਭਾਗ ਵੱਲੋਂ ਜ਼ਿਲ੍ਹੇ ਦੇ ਸਮੂਹ ਸਰਕਾਰੀ ਸਕੂਲਾਂ ਨੂੰ ਵਿਦਿਆਰਥੀਆਂ ਅਤੇ ਕਰਮਚਾਰੀਆਂ ਦੀ ਸੁਰੱਖਿਆ ਯਕੀਨੀ ਬਣਾਉਣ ਲਈ ਵਿਸ਼ੇਸ਼ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ। ਸਕੂਲ ਮੁਖੀਆਂ ਨੂੰ ਕਿਹਾ ਗਿਆ ਹੈ ਕਿ ਉਹ ਹਰ ਸਮੇਂ ਚੌਕਸ ਰਹਿਣ ਅਤੇ ਕਿਸੇ ਵੀ ਤਰ੍ਹਾਂ ਦੀ ਐਮਰਜੈਂਸੀ ਦੀ ਸੂਚਨਾ ਤੁਰੰਤ ਸਬੰਧਿਤ ਅਧਿਕਾਰੀਆਂ ਨੂੰ ਦੇਣ। ਇਸ ਤੋਂ ਇਲਾਵਾ ਸਕੂਲ ਇਮਾਰਤਾਂ, ਕਲਾਸਰੂਮਾਂ, ਛੱਤਾਂ, ਬਾਊਂਡਰੀ ਵਾਲਾਂ, ਬਿਜਲੀ ਪ੍ਰਬੰਧ, ਰੁੱਖਾਂ ਅਤੇ ਵਰਖਾ ਦੇ ਪਾਣੀ ਦੀ ਨਿਕਾਸੀ ਪ੍ਰਣਾਲੀ ਦੀ ਨਿਯਮਿਤ ਜਾਂਚ ਯਕੀਨੀ ਬਣਾਈ ਜਾਵੇ ਤਾਂ ਜੋ ਕਿਸੇ ਵੀ ਤਰ੍ਹਾਂ ਦੇ ਹਾਦਸੇ ਤੋਂ ਬਚਿਆ ਜਾ ਸਕੇ। ਜ਼ਿਲ੍ਹਾ ਸਿੱਖਿਆ ਅਫ਼ਸਰ (ਐਲੀਮੈਂਟਰੀ/ਸੈਕੰਡਰੀ) ਪਠਾਨਕੋਟ ਸ਼੍ਰੀਮਤੀ ਕਮਲਦੀਪ ਕੌਰ ਨੇ ਕਿਹਾ ਕਿ ਬਰਸਾਤੀ ਮੌਸਮ ਦੌਰਾਨ ਵਿਦਿਆਰਥੀਆਂ ਅਤੇ ਸਕੂਲ ਕਰਮਚਾਰੀਆਂ ਦੀ ਸੁਰੱਖਿਆ ਨੂੰ ਹਰ ਹਾਲਤ ਵਿੱਚ ਪਹਿਲ ਦਿੱਤੀ ਜਾਵੇ।

ਉਨ੍ਹਾਂ ਕਿਹਾ ਕਿ ਸਮੂਹ ਸਕੂਲ ਮੁਖੀ ਆਪਣੇ ਸਕੂਲਾਂ ਦੀਆਂ ਇਮਾਰਤਾਂ, ਕਲਾਸਰੂਮਾਂ ਅਤੇ ਹੋਰ ਢਾਂਚਿਆਂ ਦੀ ਨਿਯਮਿਤ ਜਾਂਚ ਕਰਨ ਅਤੇ ਜੇਕਰ ਕਿਸੇ ਵੀ ਤਰ੍ਹਾਂ ਦਾ ਖ਼ਤਰਾ ਨਜ਼ਰ ਆਵੇ ਤਾਂ ਤੁਰੰਤ ਲੋੜੀਂਦੀ ਕਾਰਵਾਈ ਕਰਦੇ ਹੋਏ ਉਸ ਥਾਂ ਨੂੰ ਵਰਤੋਂ ਤੋਂ ਬਾਹਰ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਸੁਰੱਖਿਅਤ ਅਤੇ ਭੈਅ-ਰਹਿਤ ਸਕੂਲੀ ਮਾਹੌਲ ਮੁਹੱਈਆ ਕਰਵਾਉਣਾ ਸਾਡੀ ਸਾਂਝੀ ਜ਼ਿੰਮੇਵਾਰੀ ਹੈ। ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ (ਐਲੀਮੈਂਟਰੀ) ਸ੍ਰੀ ਡੀ.ਜੀ. ਸਿੰਘ ਨੇ ਕਿਹਾ ਕਿ ਬਰਸਾਤੀ ਮੌਸਮ ਦੌਰਾਨ ਸਾਰੇ ਸਕੂਲ ਹਰ ਸਮੇਂ ਅਲਰਟ ਮੋਡ ਵਿੱਚ ਰਹਿਣ।

ਇਸ ਮੌਕੇ ਡੀ ਆਰ ਸੀ ਵਨੀਤ ਮਹਾਜਨ, ਸਮਾਰਟ ਸਕੂਲ ਕੋਆਰਡੀਨੇਟਰ ਸੰਜੀਵ ਮਨੀ, ਬਲਕਾਰ ਅੱਤਰੀ ਆਦਿ ਹਾਜ਼ਰ ਸਨ।



# ਕੇਂਦਰੀ ਪੰਜਾਬੀ ਲੇਖਕ ਸਭਾ ਵੱਲੋਂ ਪ੍ਰੀਖਿਆ ਪ੍ਰਣਾਲੀ ਨੂੰ ਨਿਰਪੱਖ ਤੇ ਭਰੋਸੇਯੋਗ ਬਣਾਉਣ ਦੀ ਮੰਗ



ਦਰਸ਼ਨ ਬੁੱਟਰ, ਮੱਖਣ ਕੁਹਾੜ ਸੁਸ਼ੀਲ ਦੁਸਾਂਝ, ਸ਼ੇਲਿੰਦਰਜੀਤ ਸਿੰਘ ਰਾਜਨ, ਦੀਪਦਵਿੰਦਰ ਸਿੰਘ

**ਬਾਬਾ ਬਕਾਲਾ ਸਾਹਿਬ/ਬਿਆਸ (ਨਿਰਮਲ ਸਿੰਘ ਸੰਘਾ, ਪਰਮਜੀਤ ਰੱਖੜਾ)**- ਕੇਂਦਰੀ ਪੰਜਾਬੀ ਲੇਖਕ ਸਭਾ (ਰਜਿ.) ਨੇ ਨੀਟ ਪ੍ਰੀਖਿਆ ਨਾਲ ਜੁੜੇ ਵਿਦਿਆਰਥੀਆਂ ਦੇ ਸੰਘਰਸ਼ ਨਾਲ ਇਕਜੁੱਟਤਾ ਪ੍ਰਗਟ ਕਰਦਿਆਂ ਜੰਤਰ-ਮੰਤਰ ਅਤੇ ਸੰਸਦ ਵੱਲ ਮਾਰਚ ਕਰ ਰਹੇ ਵਿਦਿਆਰਥੀਆਂ ਉੱਤੇ ਪੁਲਿਸ ਵੱਲੋਂ ਕੀਤੇ ਗਏ ਲਾਠੀਚਾਰਜ, ਹੰਝੂ ਗੈਸ ਦੇ ਗੋਲਿਆਂ ਦੀ ਵਰਤੋਂ ਅਤੇ ਹੋਰ ਬਲ-ਪ੍ਰਯੋਗ ਦੀ ਸਖ਼ਤ ਨਿਖੇਧੀ ਕੀਤੀ ਹੈ। ਸਭਾ ਨੇ ਕਿਹਾ ਕਿ ਜਮਹੂਰੀ ਢੰਗ ਨਾਲ ਆਪਣੀ ਗੱਲ ਰੱਖ ਰਹੇ ਵਿਦਿਆਰਥੀਆਂ ਨਾਲ ਬਲ-ਪ੍ਰਯੋਗ ਕਰਨਾ ਲੋਕਤੰਤਰੀ ਕਦਰਾਂ-ਕੀਮਤਾਂ ਦੇ ਉਲਟ ਹੈ। ਇਸ ਦੇ ਨਾਲ ਹੀ ਸਭਾ ਨੇ ਕਿਹਾ ਕਿ ਪ੍ਰੀਖਿਆ ਪ੍ਰਣਾਲੀ ਦੀ ਭਰੋਸੇਯੋਗਤਾ ਨੂੰ ਹਰ ਹਾਲ ਵਿੱਚ ਯਕੀਨੀ ਬਣਾਇਆ ਜਾਣਾ ਚਾਹੀਦਾ ਹੈ ਅਤੇ ਦੇਸ਼ ਦੇ ਲੱਖਾਂ ਨੌਜਵਾਨਾਂ ਦੇ ਭਵਿੱਖ ਨਾਲ ਜੁੜੀਆਂ ਪ੍ਰਤੀਯੋਗੀ ਪ੍ਰੀਖਿਆਵਾਂ ਨੂੰ ਕਿਸੇ ਵੀ ਤਰ੍ਹਾਂ ਦੀ ਬੇਨਿਯਮਤਾ, ਲਾਪਰਵਾਹੀ ਜਾਂ ਅਵਿਸ਼ਵਾਸ ਦਾ ਸ਼ਿਕਾਰ ਨਹੀਂ ਬਣਨ ਦਿੱਤਾ ਜਾ ਸਕਦਾ।ਕੇਂਦਰੀ ਪੰਜਾਬੀ ਲੇਖਕ ਸਭਾ ਦੇ ਪ੍ਰਧਾਨ ਦਰਸ਼ਨ ਬੁੱਟਰ, ਜਨਰਲ ਸਕੱਤਰ ਸੁਸ਼ੀਲ ਦੁਸਾਂਝ, ਸੀਨੀਅਰ ਮੀਤ ਪ੍ਰਧਾਨ ਮੱਖਣ ਸਿੰਘ ਕੁਹਾੜ, ਮੀਤ ਪ੍ਰਧਾਨ ਸ਼ੇਲਿੰਦਰਜੀਤ ਸਿੰਘ ਰਾਜਨ ਅਤੇ ਦਫ਼ਤਰ ਸਕੱਤਰ ਦੀਪ ਦੇਵਿੰਦਰ ਸਿੰਘ ਵੱਲੋਂ ਜਾਰੀ ਸਾਂਝੇ ਬਿਆਨ ਵਿੱਚ ਕਿਹਾ ਗਿਆ ਕਿ ਐਨ.ਡੀ.ਏ. ਸਰਕਾਰ ਦੀ ਮੌਜੂਦਾ ਸਿੱਖਿਆ ਨੀਤੀ ਅਤੇ ਨੀਟ ਵਰਗੀਆਂ ਪ੍ਰਤੀਯੋਗੀ ਪ੍ਰੀਖਿਆਵਾਂ ਦੇ ਸੰਚਾਲਨ ਨੂੰ ਲੈ ਕੇ ਲਗਾਤਾਰ ਉੱਠ ਰਹੇ ਵਿਵਾਦ ਨੌਜਵਾਨਾਂ ਵਿੱਚ ਡੂੰਘੀ ਬੇਚੈਨੀ ਅਤੇ ਨਿਰਾਸ਼ਾ ਪੈਦਾ ਕਰ ਰਹੇ ਹਨ। ਜਦੋਂ ਵਾਰ-ਵਾਰ ਪ੍ਰੀਖਿਆਵਾਂ ਦੀ ਨਿਰਪੱਖਤਾ ਅਤੇ ਭਰੋਸੇਯੋਗਤਾ ਉੱਤੇ ਸਵਾਲ ਉੱਠਦੇ ਹਨ ਤਾਂ ਇਹ ਸਿਰਫ਼ ਇੱਕ ਪ੍ਰੀਖਿਆ ਦਾ ਨਹੀਂ, ਸਗੋਂ ਦੇਸ਼ ਦੀ ਸਮੁੱਚੀ ਸਿੱਖਿਆ ਪ੍ਰਣਾਲੀ ਦਾ ਸਵਾਲ ਬਣ ਜਾਂਦਾ ਹੈ। ਸਭਾ ਨੇ ਮੰਗ ਕੀਤੀ ਕਿ ਨੀਟ ਸਮੇਤ ਸਾਰੀਆਂ ਰਾਸ਼ਟਰੀ ਪ੍ਰਤੀਯੋਗੀ ਪ੍ਰੀਖਿਆਵਾਂ ਨੂੰ ਪੂਰੀ ਤਰ੍ਹਾਂ ਨਿਰਪੱਖ, ਪਾਰਦਰਸ਼ੀ ਅਤੇ ਜਵਾਬਦੇਹ ਬਣਾਉਣ ਲਈ ਪ੍ਰਭਾਵਸ਼ਾਲੀ ਕਦਮ ਚੁੱਕੇ ਜਾਣ। ਇਸ ਦੇ ਨਾਲ ਹੀ ਸਿੱਖਿਆ ਨੀਤੀਆਂ ਨੂੰ ਅਜਿਹੀ ਦਿਸ਼ਾ ਦਿੱਤੀ ਜਾਵੇ ਜੋ ਸਮਾਜਿਕ ਨਿਆਂ, ਬਰਾਬਰੀ ਦੇ ਮੌਕੇ ਅਤੇ ਹਰ ਵਰਗ ਦੇ ਵਿਦਿਆਰਥੀਆਂ ਦੇ ਹਿੱਤਾਂ ਦੀ ਰਾਖੀ ਨੂੰ ਯਕੀਨੀ ਬਣਾਵੇ।

# ਹਰਨਾਮ ਸਿੰਘ ਖਾਲਸਾ ਦੀ ਅਗਵਾਈ ਹੇਠ ਦਮਦਮੀ ਟਕਸਾਲ ਸੇਵਕ ਜਥੇ ਦੀ ਸਥਾਪਨਾ

**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**- ਪੰਥ ਲਈ ਚੁਣੌਤੀ ਬਣੇ ਬਹੁਤ ਸਾਰੇ ਸਮਾਜਕ ਤੇ ਪੰਥਕ ਮਸਲਿਆਂ 'ਤੇ ਸੰਗਠਿਤ ਢੰਗ ਨਾਲ ਕੰਮ ਕਰਨ ਦੇ ਉਦੇਸ਼ ਨਾਲ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਮੁਖੀ ਦਮਦਮੀ ਟਕਸਾਲ ਤੇ ਪ੍ਰਧਾਨ ਸੰਤ ਸਮਾਜ ਦੀ ਸਰਪ੍ਰਸਤੀ ਹੇਠ ਦਮਦਮੀ ਟਕਸਾਲ ਸੇਵਕ ਜਥਾ ਨਾਮੀ ਨਵੇਂ ਸਗੰਠਨ ਦਾ ਗਠਨ ਕੀਤਾ ਗਿਆ ਹੈ,ਜਿਸ ਦਾ ਮੁੱਖ ਏਜੰਡਾ ਸਿੱਖ ਧਰਮ ਦੇ ਪ੍ਰਚਾਰ-ਪ੍ਰਸਾਰ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣਾ, ਨੌਜਵਾਨਾਂ ਨੂੰ ਗੁਰਬਾਣੀ, ਗੁਰਮਤਿ ਤੇ ਸਿੱਖ ਇਤਿਹਾਸ ਨਾਲ ਜੋੜਨਾ, ਪੰਜਾਬ ਨੂੰ ਨਸ਼ਾ-ਮੁਕਤ ਬਣਾਉਣ ਲਈ ਜਾਗਰੂਕਤਾ ਮੁਹਿੰਮਾਂ ਚਲਾਉਣਾ ਤੇ ਧਰਮ ਪਰਿਵਰਤਨ ਵਰਗੇ ਮਸਲਿਆਂ ਪ੍ਰਤੀ ਸਮਾਜ ਨੂੰ ਜਾਗਰੂਕ ਕਰਨਾ ਹੋਵੇਗਾ। ਹਰਨਾਮ ਸਿੰਘ ਖਾਲਸਾ ਨੇ ਕਿਹਾ ਕਿ ਅਜੋਕੇ ਦੌਰ 'ਚ ਪੰਥ ਲਈ ਬਹੁਤ ਸਾਰੇ ਗੰਭੀਰ ਮਸਲੇ ਪੈਦਾ ਹੋ ਚੁੱਕੇ ਹਨ,ਜਿਨ੍ਹਾਂ ਦਾ ਹੱਲ ਸੰਗਠਿਤ ਧਾਰਮਿਕ ਅਤੇ ਸਮਾਜਿਕ ਯਤਨਾਂ ਰਾਹੀਂ ਹੀ ਸੰਭਵ ਹੈ।ਕੀਤੀਆਂ ਨਿਯੁਕਤੀਆਂ ਅਨੁਸਾਰ ਜਥੇਦਾਰ ਗੁਰਮੀਤ ਸਿੰਘ ਨੂੰ ਪੰਜਾਬ ਅਤੇ ਹਰਿਆਣਾ ਦਾ ਕਾਨੂੰਨੀ ਤੇ ਮੀਡੀਆ ਸਲਾਹਕਾਰ , ਹਰਿਆਣਾ ਪ੍ਰਧਾਨ ਕੁਲਦੀਪ ਸਿੰਘ ਤਲੋਕੇਵਾਲਾ ,ਹਰਿਆਣਾ ਮੀਤ ਪ੍ਰਧਾਨ ਤੇ ਧਰਮ ਪ੍ਰਚਾਰ ਚੇਅਰਮੈਨ ਬਾਬਾ ਗੁਰਜੰਟ ਸਿੰਘ ਤੇ ਚੰਡੀਗੜ੍ਹ ਪ੍ਰਧਾਨ ਭਾਈ ਤਰਲੋਚਨ ਸਿੰਘ ਨਾਭਾ ਸਾਹਿਬ ਨੂੰ ਬਣਾਇਆ ਗਿਆ ਹੈ।ਇਸ ਦੇ ਨਾਲ ਹੀ ਆਤਮਾ ਸਿੰਘ ਨੂੰ ਪ੍ਰਧਾਨ ਮਾਲਵਾ ਜ਼ੋਨ, ਭਾਈ ਜਸਨੂਰ ਸਿੰਘ ਨੂੰ ਮੀਤ ਪ੍ਰਧਾਨ ਮਾਲਵਾ ਜ਼ੋਨ, ਗੁਰਤੇਜ ਸਿੰਘ ਨੂੰ ਪ੍ਰੈਸ ਸਕੱਤਰ ਮਾਲਵਾ ਜ਼ੋਨ ਲਗਾਉਂਦੇ ਹੋਏ ਜ਼ਿਲਾ ਪ੍ਰਧਾਨਾਂ ਵਜੋਂ ਅੰਮ੍ਰਿਤਸਰ ਤੋਂ ਸੁਖਲਾਲ ਸਿੰਘ ਬਾਸਰਕੇ, ਤਰਨ ਤਾਰਨ ਤੋਂ ਅਵਤਾਰ ਸਿੰਘ ਮਾਲੂਵਾਲ, ਗੁਰਦਾਸਪੁਰ ਤੋਂ ਗਿਆਨੀ ਗੁਰਪ੍ਰੀਤ ਸਿੰਘ ਵੈਦ, ਪਠਾਨਕੋਟ ਤੋਂ ਡਾ. ਅਵਤਾਰ ਸਿੰਘ ਬੁੱਟਰ, ਜਲੰਧਰ ਤੋਂ ਕਰਮਜੀਤ ਸਿੰਘ (ਡਿਪਟੀ ਪਰਾਗਪੁਰ), ਹੁਸ਼ਿਆਰਪੁਰ ਤੋਂ ਗਿਆਨੀ ਤਰਲੋਚਨ ਸਿੰਘ ਸਹਾਏਪੁਰ, ਕਪੂਰਥਲਾ ਤੋਂ ਸੁਖਜੀਤ ਸਿੰਘ ਢੱਪਈ, ਬਠਿੰਡਾ ਤੋਂ ਭਾਈ ਜਗਤਾਰ ਸਿੰਘ ਸੇਖੂ, ਸੰਗਰੂਰ ਤੋਂ ਬਾਬਾ ਸੁਖਦੇਵ ਸਿੰਘ ਸਿਧਾਨਾ ਸਾਹਿਬ, ਮੋਗਾ ਤੋਂ ਬਲਰਾਜ ਸਿੰਘ ਭਿੰਡਰ ਕਲਾਂ, ਬਰਨਾਲਾ ਤੋਂ ਸਤਪਾਲ ਸਿੰਘ ਭੂਰੇ, ਮਾਲੇਰਕੋਟਲਾ ਤੋਂ ਮਹਿੰਦਰ ਸਿੰਘ ਨਾਰੀਕੇ, ਫਾਜ਼ਿਲਕਾ ਤੋਂ ਪੂਰਨ ਸਿੰਘ ਜਲਾਲਾਬਾਦ, ਫਿਰੋਜ਼ਪੁਰ ਤੋਂ ਹਰਪਾਲ ਸਿੰਘ ਮੱਲਾਂਵਾਲਾ, ਸ੍ਰੀ ਮੁਕਤਸਰ ਸਾਹਿਬ ਤੋਂ ਸੁਖਵਿੰਦਰ ਸਿੰਘ ਸਰਪੰਚ ਸੁਖਨਾ ਅਬਲੂ, ਰੂਪਨਗਰ ਤੋਂ ਪਿਆਰ ਸਿੰਘ ਝਲੀਆਂ, ਫ਼ਰੀਦਕੋਟ ਤੋਂ ਭੋਲਾ ਸਿੰਘ ਬੁਢੀਮਾਲ, ਫਤਿਹਗੜ੍ਹ ਸਾਹਿਬ ਤੋਂ ਭਾਈ ਸਤਵਿੰਦਰ ਸਿੰਘ ਭੜੀ, ਸ਼ਹੀਦ ਭਗਤ ਸਿੰਘ ਨਗਰ ਤੋਂ ਦਵਿੰਦਰ ਸਿੰਘ ਬੰਗਾ, ਪਟਿਆਲਾ ਤੋਂ ਜਸਵਿੰਦਰ ਸਿੰਘ ਮਾਂਗਟ, ਮੁਹਾਲੀ ਤੋਂ ਭਾਈ ਸਿਮਰਨਜੀਤ ਸਿੰਘ ਸਹੋੜਾ, ਮਾਨਸਾ ਤੋਂ ਜਥੇਦਾਰ ਬੂਟਾ ਸਿੰਘ ਮਾਖਾ, ਸਰਦੂਲਗੜ੍ਹ ਤੋਂ ਗੁਰਪਿਆਰ ਸਿੰਘ ਤੇ ਜੈਤੋਂ ਤੋਂ ਗਿਆਨੀ ਬਚਨ ਸਿੰਘ, ਫਤਿਆਬਾਦ ਤੋਂ ਭਾਈ ਗੁਰਨਾਮ ਸਿੰਘ ਦੀ ਚੋਣ ਕੀਤੀ ਗਈ ਹੈ,ਜਦ ਕਿ ਭਾਈ ਪ੍ਰਗਟ ਸਿੰਘ ਨੂੰ ਹਲਕਾ ਪ੍ਰਧਾਨ ਕਾਲਿਆਂਵਾਲੀ, ਗੁਰਮੀਤ ਸਿੰਘ ਨੂੰ ਬਲਾਕ ਪ੍ਰਧਾਨ ਬਡਾਗੁੜਾ, ਕੁਲਦੀਪ ਸਿੰਘ ਨੂੰ ਮੀਤ ਪ੍ਰਧਾਨ ਬਡਾਗੁੜਾ ਅਤੇ ਬਾਬਾ ਬੱਗਾ ਸਿੰਘ ਨੂੰ ਬਲਾਕ ਪ੍ਰਧਾਨ ਔਂਡਾਂ ਨਿਯੁਕਤ ਕੀਤਾ ਗਿਆ ਹੈ।



ਨਵਾਂ ਜ਼ਮਾਨਾ
ਸ਼ੁੱਕਰਵਾਰ, 24 ਜੁਲਾਈ 2026

# ਮਾਰੂ ਹਥਿਆਰ ਦੀ ਵਰਤੋਂ

ਸਿੱਖਿਆ ਮੰਤਰੀ ਦੇ ਅਸਤੀਫੇ ਦੀ ਮੰਗ ਨੂੰ ਲੈ ਕੇ ਦਿੱਲੀ ਦੇ ਜੰਤਰ-ਮੰਤਰ 'ਤੇ ਪ੍ਰੋਟੈਸਟ ਕਰਨ ਵਾਲਿਆਂ 'ਤੇ 20 ਜੁਲਾਈ ਨੂੰ ਸਰਕਾਰੀ ਜਬਰ ਦੌਰਾਨ ਪੈਲੇਟ ਗੰਨ ਵਰਤੇ ਜਾਣ ਦੀ ਪ੍ਰੋੜ੍ਹਤਾ ਲਗਾਤਾਰ ਹੋ ਰਹੀ ਹੈ, ਭਾਵੇਂ ਕਿ ਪੁਲਸ ਇਨਕਾਰ ਕਰ ਰਹੀ ਹੈ। 19 ਸਾਲਾ ਸਾਹਿਲ ਲੋਚਬ ਦੀ 21 ਜੁਲਾਈ ਨੂੰ ਏਮਜ਼ ਦੇ ਜੈ ਪ੍ਰਕਾਸ਼ ਨਾਰਾਇਣ ਐਪੈਕਸ ਟਰਾਮਾ ਸੈਂਟਰ ਵਿੱਚ ਸਰਜਰੀ ਹੋਈ। ਡਾਕਟਰਾਂ ਮੁਤਾਬਕ ਉਸ ਦੀ ਸੱਜੀ ਅੱਖ ਦੀ ਨਜ਼ਰ ਵਾਪਸ ਆਉਣ ਦੀ ਸਿਰਫ ਇੱਕ ਪ੍ਰਤੀਸ਼ਤ ਸੰਭਾਵਨਾ ਹੈ। ਦੱਖਣ-ਪੱਛਮੀ ਦਿੱਲੀ ਦੇ ਨਜਫਗੜ੍ਹ ਦਾ ਰਹਿਣ ਵਾਲਾ ਸਾਹਿਲ, ਦਿੱਲੀ ਯੂਨੀਵਰਸਿਟੀ ਦੇ ਸਕੂਲ ਆਫ ਓਪਨ ਲਰਨਿੰਗ ਦਾ ਵਿਦਿਆਰਥੀ ਹੈ। ਉਸ ਦੀ ਮਾਂ ਜੋਤੀ ਮੁਤਾਬਕ ਉਹ ਪਹਿਲਾਂ ਕਾਕਰੋਚ ਜਨਤਾ ਪਾਰਟੀ (ਸੀ ਜੇ ਪੀ) ਦੇ ਵਿਰੋਧ ਪ੍ਰਦਰਸ਼ਨਾਂ ਵਿੱਚ ਹਿੱਸਾ ਲੈ ਚੁੱਕਾ ਸੀ ਅਤੇ 20 ਜੁਲਾਈ ਨੂੰ ਦੁਬਾਰਾ ਗਿਆ ਸੀ। ਉਸ ਨੇ ਕਿਹਾ ਸੀ ਕਿ ਇਹ ਜ਼ਰੂਰੀ ਹੈ ਅਤੇ ਉਸ ਦੀ ਪੜ੍ਹਾਈ ਵਿੱਚ ਉਸ ਦੀ ਮਦਦ ਕਰੇਗਾ। ਉਹ ਹਮੇਸ਼ਾ ਇੱਕ ਪੁਲਸ ਅਧਿਕਾਰੀ ਬਣਨਾ ਚਾਹੁੰਦਾ ਸੀ। ਉਹ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਵੀ ਕਰ ਰਿਹਾ ਸੀ। ਜੋਤੀ ਨੇ ਕਿਹਾ ਕਿ ਇਹ ਸਰਕਾਰ ਦੀ ਜ਼ਿੰਮੇਵਾਰੀ ਹੈ ਕਿ ਉਹ ਇਹ ਪਤਾ ਲਗਾਏ ਕਿ ਪੈਲੇਟ ਗੰਨ ਕਿਸ ਨੇ ਚਲਾਈ ਸੀ।

ਸ਼ੇਖ ਇਰਸ਼ਾਦ ਮਨਸੂਰੀ ਨੇ ਵੀ ਆਪਣੇ ਸਰੀਰ ਵਿੱਚੋਂ ਪੈਲੇਟ ਵਰਗੀਆਂ ਚੀਜ਼ਾਂ ਨੂੰ ਹਟਾਉਣ ਲਈ ਸਰਜਰੀ ਕਰਵਾਈ ਹੈ। ਉਹ ਇਸ ਸਮੇਂ ਲੇਡੀ ਹਾਰਡਿੰਗ ਮੈਡੀਕਲ ਕਾਲਜ ਵਿੱਚ ਦਾਖਲ ਹੈ।

ਇਰਸ਼ਾਦ ਕਨਾਟ ਪਲੇਸ ਦੇ ਅੰਡਰਗਰਾਊਂਡ ਪਾਲਿਕਾ ਬਾਜ਼ਾਰ ਵਿਖੇ ਜ਼ਖਮੀ ਹੋਇਆ ਸੀ। ਇੱਕ ਵੀਡੀਓ ਵੀ ਮਿਲੀ ਹੈ, ਜਿਸ ਵਿੱਚ ਇੱਕ ਰੈਪਿਡ ਐਕਸ਼ਨ ਫੋਰਸ (ਆਰ ਏ ਐੱਫ) ਦਾ ਜਵਾਨ ਉਸੇ ਥਾਂ ਪੈਲੇਟ ਗੰਨ ਵਰਗੇ ਜਾਪਦੇ ਹਥਿਆਰ ਨਾਲ ਗੋਲੀਬਾਰੀ ਕਰਦਾ ਨਜ਼ਰ ਆ ਰਿਹਾ ਹੈ। ਇੱਕ ਹੋਰ ਵੀਡੀਓ ਵਿੱਚ ਉਸੇ ਥਾਂ 'ਤੇ ਇੱਕ ਹੋਰ ਆਦਮੀ ਦੇ ਸਰੀਰ 'ਤੇ ਪੈਲੇਟ ਵਰਗੇ ਜ਼ਖਮ ਦਿਖਾਈ ਦੇ ਰਹੇ ਹਨ।

ਮਾਹਰਾਂ ਨੇ ਦੱਸਿਆ ਹੈ ਕਿ ਵੀਡੀਓ ਅਤੇ ਤਸਵੀਰਾਂ ਵਿੱਚ ਜਵਾਨਾਂ ਦੇ ਹੱਥਾਂ ਵਿੱਚ ਦਿਖਾਈ ਦੇਣ ਵਾਲੇ ਹਥਿਆਰ 12-ਬੋਰ ਪੰਪ-ਐਕਸ਼ਨ ਸ਼ਾਟਗੰਨਾਂ ਹਨ, ਜਿਨ੍ਹਾਂ ਨੂੰ ਬੋਲਚਾਲ ਵਿੱਚ ਪੈਲੇਟ ਗੰਨ ਕਿਹਾ ਜਾਂਦਾ ਹੈ। ਇੱਕ ਪੇਸ਼ੇਵਰ ਨਿਸ਼ਾਨੇਬਾਜ਼ ਨੇ ਦੱਸਿਆ ਕਿ ਇਸ ਗੰਨ ਦੀ ਨਾਲੀ ਵਿੱਚੋਂ ਇੱਕ ਗੋਲੀ ਦੀ ਥਾਂ ਸੈਂਕੜਿਆਂ ਦੀ ਗਿਣਤੀ ਵਿੱਚ ਛੱਰੇ ਨਿਕਲਦੇ ਹਨ, ਜਿਹੜੇ ਕਾਫੀ ਵੱਡੇ ਇਲਾਕੇ ਵਿੱਚ ਮਾਰ ਕਰਦੇ ਹਨ। ਆਉਟਲੁੱਕ ਮੈਗਜ਼ੀਨ ਦੇ ਪੱਤਰਕਾਰ ਨੂੰ ਵੀ ਪੈਲੇਟ ਗੰਨ ਦੀਆਂ ਗੋਲੀਆਂ ਲੱਗੀਆਂ ਹਨ। ਉਹ ਵੀ ਪਾਲਿਕਾ ਬਾਜ਼ਾਰ ਦੇ ਨੇੜੇ ਜ਼ਖਮੀ ਹੋਇਆ। ਉਸ ਦੀ ਛਾਤੀ ਅਤੇ ਚਿਹਰੇ ਦਾ ਬਚਾਅ ਹੋ ਗਿਆ, ਪਰ ਉਸ ਦੇ ਹੱਥ 'ਤੇ ਗੰਭੀਰ ਜ਼ਖਮ ਹੋਏ ਹਨ। ਗੰਨ ਚੱਲਦੇ ਹੀ ਉਹ ਆਰ ਏ ਐੱਫ ਦੇ ਜਵਾਨ ਤੋਂ ਦੂਰ ਹੋ ਗਿਆ ਸੀ।

ਮੋਦੀ ਰਾਜ ਦੌਰਾਨ ਪੈਲੇਟ ਗੰਨਾਂ ਨਾਲ ਕਸ਼ਮੀਰ ਵਿੱਚ ਸੈਂਕੜੇ ਲੋਕ ਅੰਨ੍ਹੇ ਹੋ ਗਏ ਸਨ। ਕਿਸਾਨ ਅੰਦੋਲਨ ਦੌਰਾਨ ਵੀ ਇਸ ਦੀ ਵਰਤੋਂ ਕੀਤੀ ਗਈ। ਕੌਮਾਂਤਰੀ ਮਨੁੱਖੀ ਅਧਿਕਾਰ ਜਥੇਬੰਦੀਆਂ ਨੇ ਇਸ ਹਥਿਆਰ ਦੀ ਆਮ ਲੋਕਾਂ ਵਿਰੁੱਧ ਵਰਤੋਂ ਦੀ ਘੋਰ ਨਿੰਦਾ ਕੀਤੀ ਸੀ। ਸੰਯੁਕਤ ਰਾਸ਼ਟਰ ਵੀ ਇਸ ਦੀ ਵਰਤੋਂ ਦਾ ਵਿਰੋਧ ਕਰ ਚੁੱਕਾ ਹੈ। ਸ਼ਾਂਤਮਈ ਵਿਰੋਧ ਪ੍ਰਦਰਸ਼ਨ ਦੌਰਾਨ ਪੈਲੇਟ ਗੰਨਾਂ ਦੀ ਵਰਤੋਂ ਦਾ ਦੋਸ਼ ਦਿੱਲੀ ਪੁਲਸ 'ਤੇ ਨਹੀਂ, ਸਗੋਂ ਆਰ ਏ ਐੱਫ 'ਤੇ ਲਗਾਇਆ ਜਾ ਰਿਹਾ ਹੈ, ਜੋ ਕਿ ਸੀ ਆਰ ਪੀ ਐੱਫ ਦੇ ਅਧੀਨ ਆਉਂਦੀ ਹੈ ਅਤੇ ਚੱਲ ਰਹੇ ਵਿਰੋਧ ਪ੍ਰਦਰਸ਼ਨਾਂ ਦੌਰਾਨ ਵੱਡੀ ਗਿਣਤੀ ਵਿੱਚ ਤਾਇਨਾਤ ਕੀਤੀ ਗਈ ਹੈ। ਸੀ ਆਰ ਪੀ ਐੱਫ ਦੇ ਅਧਿਕਾਰੀ ਕਹਿ ਰਹੇ ਹਨ ਕਿ ਆਰ ਏ ਐੱਫ ਦੇ ਅਧਿਕਾਰੀ ਹੀ ਇਸ ਬਾਰੇ ਕੋਈ ਜਵਾਬ ਦੇ ਸਕਦੇ ਹਨ ਪਰ ਆਰ ਏ ਐੱਫ ਦੇ ਅਧਿਕਾਰੀ ਗੱਲ ਕਰਨ ਲਈ ਤਿਆਰ ਨਹੀਂ। ਸਰਕਾਰ ਅਜੇ ਵੀ ਆਪਣੇ ਇਸ ਸਟੈਂਡ 'ਤੇ ਦ੍ਰਿੜ੍ਹ ਹੈ ਕਿ ਇਹ ਗੈਰ-ਮਾਰੂ ਹਥਿਆਰ ਹੈ, ਜਦਕਿ ਕੌਮਾਂਤਰੀ ਪੁਲਿਸਿੰਗ ਸਟੈਂਡਰਡ ਇਸ ਨੂੰ ਘੱਟ-ਮਾਰੂ ਮੰਨਦੇ ਹਨ। ਇਸ ਨਾਲ ਬੰਦਾ ਭਾਵੇਂ ਮਰਦਾ ਨਹੀਂ, ਪਰ ਅੰਨ੍ਹਾ ਜਾਂ ਨਕਾਰਾ ਹੋ ਜਾਂਦਾ ਹੈ। ਦਿੱਲੀ ਵਿੱਚ ਇਸ ਨੂੰ ਉਨ੍ਹਾਂ ਖਿਲਾਫ ਵਰਤਿਆ ਗਿਆ ਹੈ, ਜਿਸ ਨੂੰ ਨੇਤਾ ਲੋਕ 'ਦੇਸ਼ ਦਾ ਭਵਿੱਖ' ਕਹਿੰਦੇ ਹਨ।

---

ਬਰਸੀ 'ਤੇ ਵਿਸ਼ੇਸ਼

# ਪ੍ਰੋਫੈਸਰ ਯਸ਼ ਪਾਲ : ਵਿਗਿਆਨ ਨੂੰ ਲੋਕਾਂ ਤੱਕ ਪਹੁੰਚਾਉਣ ਵਾਲਾ ਵਿਗਿਆਨੀ

**ਐੱਮ ਐੱਸ ਭਾਟੀਆ**

ਭਾਰਤ ਦੇ ਵਿਗਿਆਨਕ ਇਤਿਹਾਸ ਵਿੱਚ ਕੁਝ ਅਜਿਹੀਆਂ ਸ਼ਖ਼ਸੀਅਤਾਂ ਹਨ, ਜਿਨ੍ਹਾਂ ਨੇ ਪ੍ਰਯੋਗਸ਼ਾਲਾਵਾਂ ਵਿੱਚ ਮਹੱਤਵਪੂਰਨ ਖੋਜਾਂ ਕਰਨ ਦੇ ਨਾਲ-ਨਾਲ ਵਿਗਿਆਨ ਨੂੰ ਆਮ ਲੋਕਾਂ ਦੀ ਜ਼ਿੰਦਗੀ ਨਾਲ ਜੋੜਨ ਦਾ ਵੀ ਆਦੁੱਤੀ ਕੰਮ ਕੀਤਾ। ਪ੍ਰੋਫੈਸਰ ਯਸ਼ ਪਾਲ ਅਜਿਹੇ ਹੀ ਵਿਲੱਖਣ ਵਿਗਿਆਨੀ, ਸਿੱਖਿਆ-ਸ਼ਾਸਤਰੀ ਅਤੇ ਵਿਗਿਆਨਕ ਚੇਤਨਾ ਦੇ ਮਹਾਨ ਪ੍ਰਚਾਰਕ ਸਨ। ਉਨ੍ਹਾ ਨੇ ਭਾਰਤ ਦੇ ਪੁਲਾੜ ਪ੍ਰੋਗਰਾਮ, ਸੈਟੇਲਾਈਟ ਸੰਚਾਰ, ਉੱਚ ਸਿੱਖਿਆ, ਵਿਗਿਆਨ ਪ੍ਰਸਾਰ ਅਤੇ ਵਿਗਿਆਨਕ ਦ੍ਰਿਸ਼ਟੀਕੋਣ ਦੇ ਵਿਕਾਸ ਵਿੱਚ ਅਮਿੱਟ ਯੋਗਦਾਨ ਪਾਇਆ।

**ਝੰਗ ਤੋਂ ਵਿਸ਼ਵ-ਪੱਧਰੀ ਵਿਗਿਆਨੀ ਤੱਕ**

26 ਨਵੰਬਰ 1926 ਨੂੰ ਅੱਜ ਦੇ ਪਾਕਿਸਤਾਨ ਦੇ ਝੰਗ ਸ਼ਹਿਰ ਵਿੱਚ ਜਨਮੇ ਯਸ਼ ਪਾਲ ਨੇ ਆਪਣਾ ਬਚਪਨ ਉਸ ਪੰਜਾਬ ਵਿੱਚ ਬਿਤਾਇਆ, ਜੋ 1947 ਦੀ ਵੰਡ ਤੋਂ ਬਾਅਦ ਦੋ ਹਿੱਸਿਆਂ ਵਿੱਚ ਵੰਡਿਆ ਗਿਆ। ਵੰਡ ਦੀ ਤ੍ਰਾਸਦੀ ਨੇ ਉਨ੍ਹਾਂ ਦੇ ਪਰਵਾਰ ਨੂੰ ਵੀ ਪ੍ਰਭਾਵਿਤ ਕੀਤਾ, ਪਰ ਇਸ ਸੰਘਰਸ਼ ਨੇ ਉਨ੍ਹਾਂ ਵਿੱਚ ਗਿਆਨ ਪ੍ਰਤੀ ਲਗਨ ਨੂੰ ਹੋਰ ਮਜ਼ਬੂਤ ਕੀਤਾ। ਉਨ੍ਹਾ ਨੇ ਪੰਜਾਬ ਯੂਨੀਵਰਸਿਟੀ ਤੋਂ ਭੌਤਿਕ ਵਿਗਿਆਨ ਦੀ ਪੜ੍ਹਾਈ ਕੀਤੀ ਅਤੇ ਬਾਅਦ ਵਿੱਚ ਅਮਰੀਕਾ ਦੇ ਮੈਸੇਚਿਊਸੇਟਸ ਇੰਸਟੀਚਿਊਟ ਆਫ਼ ਟੈਕਨਾਲੋਜੀ ਤੋਂ ਭੌਤਿਕ ਵਿਗਿਆਨ ਵਿੱਚ ਪੀ ਐੱਚ ਡੀ ਦੀ ਡਿਗਰੀ ਪ੍ਰਾਪਤ ਕੀਤੀ। ਉਨ੍ਹਾ ਦੀ ਖੋਜ ਦਾ ਕੇਂਦਰ ਬ੍ਰਹਿਮੰਡੀ ਕਿਰਨਾਂ ਦਾ ਅਧਿਐਨ ਸੀ, ਜਿਸ ਕਾਰਨ ਉਹ ਛੇਤੀ ਹੀ ਅੰਤਰਰਾਸ਼ਟਰੀ ਵਿਗਿਆਨਕ ਭਾਈਚਾਰੇ ਵਿੱਚ ਪ੍ਰਸਿੱਧ ਹੋ ਗਏ।

**ਟਾਟਾ ਇੰਸਟੀਚਿਊਟ ਤੋਂ ਇਸਰੋ ਤੱਕ**

ਭਾਰਤ ਪਰਤਣ ਤੋਂ ਬਾਅਦ ਉਹ ਟਾਟਾ ਇੰਸਟੀਚਿਊਟ ਆਫ਼ ਫੰਡਾਮੈਂਟਲ ਰਿਸਰਚ ਨਾਲ ਜੁੜੇ। ਇਹ ਉਹ ਦੌਰ ਸੀ ਜਦੋਂ ਡਾ. ਹੋਮੀ ਜੇ. ਭਾਭਾ ਅਤੇ ਡਾ. ਵਿਕਰਮ ਸਾਰਾਭਾਈ ਭਾਰਤ ਵਿੱਚ ਆਧੁਨਿਕ ਵਿਗਿਆਨਕ ਢਾਂਚੇ ਦੀ ਨੀਂਹ ਰੱਖ ਰਹੇ ਸਨ। ਯਸ਼ ਪਾਲ ਨੇ ਇਸ ਦੌਰਾਨ ਉੱਚ-ਊਰਜਾ ਭੌਤਿਕ ਵਿਗਿਆਨ ਅਤੇ ਪੁਲਾੜ ਵਿਗਿਆਨ ਵਿੱਚ ਮਹੱਤਵਪੂਰਨ ਯੋਗਦਾਨ ਦਿੱਤਾ। ਬਾਅਦ ਵਿੱਚ ਉਹ ਇਸਰੋ ਦੇ ਸਪੇਸ ਐਪਲੀਕੇਸ਼ਨ ਸੈਂਟਰ ਅਹਿਮਦਾਬਾਦ ਦੇ ਪਹਿਲੇ ਨਿਰਦੇਸ਼ਕ ਬਣੇ। ਉਨ੍ਹਾ ਦੀ ਅਗਵਾਈ ਹੇਠ ਸੈਟੇਲਾਈਟ ਤਕਨਾਲੋਜੀ ਨੂੰ ਖੇਤੀਬਾੜੀ, ਮੌਸਮ ਵਿਗਿਆਨ, ਕੁਦਰਤੀ ਸਰੋਤਾਂ ਦੇ ਪ੍ਰਬੰਧਨ, ਦੂਰਸੰਚਾਰ ਅਤੇ ਸਿੱਖਿਆ ਨਾਲ ਜੋੜਿਆ ਗਿਆ।

**ਸਾਈਟ:ਸੈਟੇਲਾਈਟ ਰਾਹੀਂ ਸਿੱਖਿਆ ਦੀ ਕ੍ਰਾਂਤੀ**

1975-76 ਵਿੱਚ ਚਲਾਇਆ ਗਿਆ ਸੈਟੇਲਾਈਟ ਇੰਸਟਰਕਸ਼ਨਲ ਟੈਲੀਵਿਜ਼ਨ ਐਕਸਪੈਰੀਮੈਂਟ (ਸਾਈਟ) ਭਾਰਤ ਦੇ ਵਿਗਿਆਨਕ ਇਤਿਹਾਸ ਦਾ ਇੱਕ ਮੀਲ ਪੱਥਰ ਸੀ। ਇਸ ਪ੍ਰਯੋਗ ਦਾ ਮਕਸਦ ਦੂਰ-ਦਰਾਜ ਦੇ ਪਿੰਡਾਂ ਤੱਕ ਸੈਟੇਲਾਈਟ ਰਾਹੀਂ ਸਿੱਖਿਆ, ਖੇਤੀਬਾੜੀ, ਸਿਹਤ ਅਤੇ ਵਿਕਾਸ ਸੰਬੰਧੀ ਜਾਣਕਾਰੀ ਪਹੁੰਚਾਉਣਾ ਸੀ।

ਇਸ ਪ੍ਰਯੋਗ ਨੇ ਸਾਬਤ ਕੀਤਾ ਕਿ ਪੁਲਾੜ ਤਕਨਾਲੋਜੀ ਸਿਰਫ਼ ਵਿਗਿਆਨੀਆਂ ਲਈ ਨਹੀਂ, ਸਗੋਂ ਕਿਸਾਨਾਂ, ਅਧਿਆਪਕਾਂ, ਵਿਦਿਆਰਥੀਆਂ ਅਤੇ ਆਮ ਲੋਕਾਂ ਦੀ ਜ਼ਿੰਦਗੀ ਵਿੱਚ ਵੀ ਕ੍ਰਾਂਤੀ ਲਿਆ ਸਕਦੀ ਹੈ। ਬਾਅਦ ਵਿੱਚ ਇਹੀ ਸੋਚ ਭਾਰਤ ਦੇ ਦੂਰਸੰਚਾਰ ਅਤੇ ਸੈਟੇਲਾਈਟ ਪ੍ਰੋਗਰਾਮ ਦੀ ਮਜ਼ਬੂਤ ਨੀਂਹ ਬਣੀ।

**ਵਿਗਿਆਨ ਨੂੰ ਲੋਕਾਂ ਦੀ ਲਹਿਰ ਬਣਾਉਣਾ**

ਪ੍ਰੋਫੈਸਰ ਯਸ਼ ਪਾਲ ਸਿਰਫ਼ ਪ੍ਰਯੋਗਸ਼ਾਲਾ ਦੇ ਵਿਗਿਆਨੀ ਨਹੀਂ ਸਨ। ਉਨ੍ਹਾ ਦਾ ਪੱਕਾ ਵਿਸ਼ਵਾਸ ਸੀ ਕਿ ਵਿਗਿਆਨ ਦੀ ਅਸਲ ਤਾਕਤ ਉਦੋਂ ਹੀ ਸਾਹਮਣੇ ਆਉਂਦੀ ਹੈ, ਜਦੋਂ ਉਹ ਆਮ ਲੋਕਾਂ ਦੀ ਜ਼ਿੰਦਗੀ ਦਾ ਹਿੱਸਾ ਬਣੇ। ਇਸੇ ਕਰਕੇ ਉਹ ਦੇਸ਼ ਭਰ ਵਿੱਚ ਵਿਗਿਆਨਕ ਚੇਤਨਾ ਦੇ ਪ੍ਰਸਾਰ ਲਈ ਚੱਲੀਆਂ ਲੋਕ-ਮੁਹਿੰਮਾਂ ਨਾਲ ਡੂੰਘੇ ਤੌਰ 'ਤੇ ਜੁੜੇ ਰਹੇ।

**ਭਾਰਤ ਜਨ ਵਿਗਿਆਨ ਜਥਾ-ਇੱਕ ਅੰਦੋਲਨ**

ਇਸੇ ਵਿਚਾਰਧਾਰਾ ਦਾ ਇੱਕ ਮਹੱਤਵਪੂਰਨ ਪ੍ਰਗਟਾਵਾ 2 ਅਕਤੂਬਰ 1992 ਨੂੰ ਸ਼ੁਰੂ ਹੋਇਆ- ਭਾਰਤ ਜਨ ਗਿਆਨ ਵਿਗਿਆਨ ਜਥਾ ਦੇ ਰੂਪ ਵਿਚ। ਇਸ ਦੇਸ਼-ਵਿਆਪੀ ਮੁਹਿੰਮ ਦਾ ਉਦੇਸ਼ ਵਿਗਿਆਨਕ ਸੋਚ, ਸਾਖਰਤਾ, ਵਾਤਾਵਰਨ ਸੁਰੱਖਿਆ, ਲੋਕ ਸਿਹਤ ਅਤੇ ਟਿਕਾਊ ਵਿਕਾਸ ਬਾਰੇ ਜਨ-ਜਾਗਰੂਕਤਾ ਪੈਦਾ ਕਰਨਾ ਸੀ। ਪ੍ਰੋਫੈਸਰ ਯਸ਼ ਪਾਲ ਇਸ ਮੁਹਿੰਮ ਦੇ ਪ੍ਰਮੁੱਖ ਪ੍ਰੇਰਣਾ-ਸਰੋਤਾਂ ਵਿੱਚੋਂ ਸਨ। ਉਹ ਮੰਨਦੇ ਸਨ ਕਿ ਵਿਗਿਆਨ ਸਿਰਫ਼ ਵਿਗਿਆਨੀਆਂ ਦੀ ਜਾਇਦਾਦ ਨਹੀਂ, ਸਗੋਂ ਹਰ ਨਾਗਰਿਕ ਦਾ ਅਧਿਕਾਰ ਹੈ।

ਲੁਧਿਆਣਾ ਜ਼ਿਲ੍ਹੇ ਵਿੱਚ ਵੀ ਇਸ ਮੁਹਿੰਮ ਨੂੰ ਬਹੁਤ ਉਤਸ਼ਾਹ ਨਾਲ ਅਪਣਾਇਆ ਗਿਆ। 2 ਅਕਤੂਬਰ 1992 ਨੂੰ ਹੈਬੋਵਾਲ ਵਿਖੇ ਇਸ ਦਾ ਉਦਘਾਟਨੀ ਸਮਾਰੋਹ ਕਰਵਾਇਆ ਗਿਆ, ਜਿਸ ਦਾ ਉਦਘਾਟਨ ਭਾਰਤ ਦੀ ਉੱਘੀ ਟਰੇਡ ਯੂਨੀਅਨ ਆਗੂ ਅਤੇ ਸਮਾਜਿਕ ਕਾਰਕੁਨ ਅਮਰਜੀਤ ਕੌਰ ਨੇ ਕੀਤਾ। ਉਸ ਸਮੇਂ ਦੇ ਡਿਪਟੀ ਕਮਿਸ਼ਨਰ ਐੱਸ ਐੱਸ ਚੰਨੀ ਮੁੱਖ ਮਹਿਮਾਨ ਸਨ, ਜਦ ਕਿ ਲੁਧਿਆਣਾ ਨਗਰ ਨਿਗਮ ਦੇ ਮੇਅਰ ਚੌਧਰੀ ਸੱਤ ਪ੍ਰਕਾਸ਼ ਅਤੇ ਕਮਿਸ਼ਨਰ ਸ੍ਰੀ ਕਾਲੀਆ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ।

ਇਸ ਮੌਕੇ ਮੇਜਰ ਸ਼ੇਰ ਸਿੰਘ ਔਲਖ ਨੂੰ ਪ੍ਰਧਾਨ, ਡਾ. ਅਰੁਣ ਮਿੱਤਰਾ ਨੂੰ ਜਨਰਲ ਸਕੱਤਰ ਅਤੇ ਐੱਮ ਐੱਸ ਭਾਟੀਆ ਨੂੰ ਜਥੇਬੰਦਕ ਸਕੱਤਰ ਚੁਣਿਆ ਗਿਆ।ਇਸ ਤੋਂ ਬਾਅਦ ਜ਼ਿਲ੍ਹੇ ਦੇ ਬੁੱਧੀਜੀਵੀਆਂ, ਅਧਿਆਪਕਾਂ, ਵਿਗਿਆਨੀਆਂ, ਡਾਕਟਰਾਂ, ਰੰਗਕਰਮੀਆਂ ਅਤੇ ਸਮਾਜ ਦੇ ਵੱਖ-ਵੱਖ ਵਰਗਾਂ ਦੇ ਲੋਕਾਂ ਨੂੰ ਨਾਲ ਜੋੜ ਕੇ ਇੱਕ ਵਿਸ਼ਾਲ ਟੀਮ ਬਣਾਈ ਗਈ।ਇਸ ਟੀਮ ਨੇ ਸਕੂਲਾਂ, ਕਾਲਜਾਂ, ਪਿੰਡਾਂ ਅਤੇ ਮੁਹੱਲਿਆਂ ਵਿੱਚ ਵਿਗਿਆਨਕ ਦ੍ਰਿਸ਼ਟੀਕੋਣ, ਵਾਤਾਵਰਨ ਸੰਭਾਲ, ਸਿਹਤ ਅਤੇ ਸਾਖਰਤਾ ਬਾਰੇ ਸੈਂਕੜੇ ਪ੍ਰੋਗਰਾਮ ਆਯੋਜਿਤ ਕੀਤੇ। ਹਰ ਸਾਲ 5 ਜੂਨ ਵਿਸ਼ਵ ਵਾਤਾਵਰਨ ਦਿਵਸ ਮੌਕੇ ਲੁਧਿਆਣਾ ਦੇ ਨਹਿਰੂ ਰੋਜ਼ ਗਾਰਡਨ ਵਿੱਚ ਇੱਕ ਵਿਸ਼ਾਲ ਜਨਤਕ ਸਮਾਗਮ ਕਰਵਾਇਆ ਜਾਂਦਾ ਸੀ, ਜਿਸ ਵਿੱਚ ਹਜ਼ਾਰਾਂ ਲੋਕ ਸ਼ਾਮਲ ਹੁੰਦੇ ਸਨ।ਨਾਟਕਾਂ, ਵਿਗਿਆਨ ਪ੍ਰਦਰਸ਼ਨੀਆਂ, ਬੱਚਿਆਂ ਦੇ ਸੱਭਿਆਚਾਰਕ ਪ੍ਰੋਗਰਾਮਾਂ ਅਤੇ ਵਾਤਾਵਰਨ ਸੰਬੰਧੀ ਗਤੀਵਿਧੀਆਂ ਰਾਹੀਂ ਵਿਗਿਆਨਕ ਸੋਚ ਨੂੰ ਲੋਕ-ਉਤਸਵ ਦਾ ਰੂਪ ਦਿੱਤਾ ਗਿਆ।ਇਸ ਸੱਭਿਆਚਾਰਕ ਮੁਹਿੰਮ ਵਿੱਚ ਉੱਘੇ ਰੰਗਕਰਮੀ ਅਤੇ ਇਪਟਾ ਨਾਲ ਜੁੜੇ ਹੋਏ ਪ੍ਰਦੀਪ ਸ਼ਰਮਾ ਨੇ ਸੱਭਿਆਚਾਰਕ ਵਿੰਗ ਦੇ ਸਕੱਤਰ ਵਜੋਂ ਮਹੱਤਵਪੂਰਨ ਭੂਮਿਕਾ ਨਿਭਾਈ।



ਵਾਤਾਵਰਨ ਪ੍ਰੇਮੀ ਕਾਰੋਬਾਰੀ ਕ੍ਰਿਸ਼ਨ ਲਾਲ ਮਲਿਕ ਦੇ ਸਰਗਰਮ ਸਹਿਯੋਗ ਅਤੇ ਵੱਖ-ਵੱਖ ਸਰਕਾਰੀ ਵਿਭਾਗਾਂ ਨਾਲ ਬਣੇ ਤਾਲਮੇਲ ਦੇ ਨਤੀਜੇ ਵਜੋਂ ਭਾਰਤ ਜਨ ਗਿਆਨ ਵਿਗਿਆਨ ਜੱਥਾ ਨੂੰ ਡਿਪਟੀ ਕਮਿਸ਼ਨਰ ਲੁਧਿਆਣਾ ਵੱਲੋਂ ਗਠਿਤ ਪਰਿਆਵਰਨ ਵਾਹਿਨੀ ਵਿੱਚ ਵੀ ਬਣਦਾ ਸਥਾਨ ਮਿਲਿਆ।

**ਸਿੱਖਿਆ ਨੂੰ ਬੋਝ ਨਹੀਂ, ਖੋਜ ਬਣਾਉਣਾ**

1986 ਤੋਂ 1991 ਤੱਕ ਯੂਨੀਵਰਸਿਟੀ ਗ੍ਰਾਂਟਸ ਕਮਿਸ਼ਨ (ਯੂ ਜੀ ਸੀ) ਦੇ ਚੇਅਰਮੈਨ ਵਜੋਂ ਉਨ੍ਹਾ ਉੱਚ ਸਿੱਖਿਆ ਵਿੱਚ ਗੁਣਵੱਤਾ ਅਤੇ ਖੋਜ ਨੂੰ ਉਤਸ਼ਾਹਿਤ ਕੀਤਾ। 1993 ਵਿੱਚ ਉਹ ਭਾਰਤ ਸਰਕਾਰ ਵੱਲੋਂ ਗਠਿਤ ਰਾਸ਼ਟਰੀ ਸਿੱਖਿਆ ਸਲਾਹਕਾਰ ਕਮੇਟੀ (ਯਸ਼ ਪਾਲ ਕਮੇਟੀ) ਦੇ ਮੁਖੀ ਬਣੇ। ਇਸ ਕਮੇਟੀ ਦੀ ਰਿਪੋਰਟ 'ਲਰਨਿੰਗ ਵਿਦਾਊਟ ਬਰਡਨ' ਨੇ ਭਾਰਤੀ ਸਕੂਲੀ ਸਿੱਖਿਆ ਵਿੱਚ ਬੱਚਿਆਂ 'ਤੇ ਪੈਂਦੇ ਬੋਝ ਨੂੰ ਘਟਾਉਣ ਅਤੇ ਜਿਗਿਆਸਾ-ਆਧਾਰਤ ਸਿੱਖਿਆ ਨੂੰ ਉਤਸ਼ਾਹਿਤ ਕਰਨ ਲਈ ਇਤਿਹਾਸਕ ਸਿਫ਼ਾਰਸ਼ਾਂ ਕੀਤੀਆਂ।

**ਪ੍ਰੋਫੈਸਰ ਡੀ ਐੱਸ ਕੋਠਾਰੀ ਦੀ ਪਰੰਪਰਾ ਨੂੰ ਅੱਗੇ ਵਧਾਉਣਾ**

ਆਜ਼ਾਦ ਭਾਰਤ ਵਿੱਚ ਵਿਗਿਆਨ ਅਤੇ ਸਿੱਖਿਆ ਦੇ ਖੇਤਰ ਵਿੱਚ ਪ੍ਰੋਫੈਸਰ ਯਸ਼ ਪਾਲ ਨੂੰ ਉਸ ਵਿਗਿਆਨਕ ਪਰੰਪਰਾ ਦਾ ਮਹੱਤਵਪੂਰਨ ਵਾਰਸ ਮੰਨਿਆ ਜਾਂਦਾ ਹੈ, ਜਿਸ ਦੀ ਮਜ਼ਬੂਤ ਨੀਂਹ ਪ੍ਰੋਫੈਸਰ ਦੌਲਤ ਸਿੰਘ ਕੋਠਾਰੀ ਨੇ ਰੱਖੀ ਸੀ। ਕੋਠਾਰੀ ਕਮਿਸ਼ਨ (1964-66) ਨੇ ਸਿੱਖਿਆ ਨੂੰ ਰਾਸ਼ਟਰੀ ਵਿਕਾਸ ਦਾ ਆਧਾਰ ਦੱਸਦਿਆਂ ਵਿਗਿਆਨਕ ਦ੍ਰਿਸ਼ਟੀਕੋਣ, ਸਮਾਨ ਮੌਕਿਆਂ ਅਤੇ ਖੋਜ-ਆਧਾਰਿਤ ਸਿੱਖਿਆ 'ਤੇ ਜ਼ੋਰ ਦਿੱਤਾ ਸੀ। ਪ੍ਰੋਫੈਸਰ ਯਸ਼ ਪਾਲ ਨੇ ਇਸ ਵਿਰਾਸਤ ਨੂੰ ਅੱਗੇ ਵਧਾਉਂਦਿਆਂ ਸਿੱਖਿਆ ਨੂੰ ਰਟਨ ਅਤੇ ਪ੍ਰੀਖਿਆ-ਕੇਂਦਰਤ ਪ੍ਰਣਾਲੀ ਤੋਂ ਮੁਕਤ ਕਰਕੇ ਜਗਿਆਸਾ, ਰਚਨਾਤਮਕਤਾ ਅਤੇ ਪ੍ਰਯੋਗਸ਼ੀਲਤਾ ਨਾਲ ਜੋੜਨ ਦੀ ਵਕਾਲਤ ਕੀਤੀ।

**ਟਰਨਿੰਗ ਪੁਆਇੰਟ ਰਾਹੀਂ ਘਰ-ਘਰ ਵਿਗਿਆਨ**

ਦੂਰਦਰਸ਼ਨ ਦੇ ਪ੍ਰਸਿੱਧ ਪ੍ਰੋਗਰਾਮ ਟਰਨਿੰਗ ਪੁਆਇੰਟ ਨੇ ਪ੍ਰੋਫੈਸਰ ਯਸ਼ ਪਾਲ ਨੂੰ ਹਰ ਘਰ ਦਾ ਜਾਣਿਆ-ਪਛਾਣਿਆ ਚਿਹਰਾ ਬਣਾ ਦਿੱਤਾ। ਉਹ ਔਖੇ ਤੋਂ ਔਖੇ ਵਿਗਿਆਨਕ ਸਿਧਾਂਤ ਨੂੰ ਵੀ ਬਹੁਤ ਸਧਾਰਨ ਅਤੇ ਦਿਲਚਸਪ ਢੰਗ ਨਾਲ ਸਮਝਾਉਂਦੇ ਸਨ। ਲੱਖਾਂ ਬੱਚਿਆਂ ਅਤੇ ਨੌਜਵਾਨਾਂ ਲਈ ਉਹ ਵਿਗਿਆਨ ਦੇ ਸਭ ਤੋਂ ਭਰੋਸੇਮੰਦ ਅਧਿਆਪਕ ਬਣ ਗਏ।

**ਵਿਗਿਆਨਕ ਸੋਚ—ਸੰਵਿਧਾਨ ਦੀ ਆਤਮਾ**

ਪ੍ਰੋਫੈਸਰ ਯਸ਼ ਪਾਲ ਹਮੇਸ਼ਾ ਕਹਿੰਦੇ ਸਨ ਕਿ ਵਿਗਿਆਨ ਸਿਰਫ਼ ਜਾਣਕਾਰੀ ਨਹੀਂ, ਸਗੋਂ ਸੋਚਣ ਦਾ ਢੰਗ ਹੈ। ਉਹ ਭਾਰਤੀ ਸੰਵਿਧਾਨ ਦੇ ਅਨੁਛੇਦ 51-ਏ (ਐਚ) ਦੀ ਭਾਵਨਾ ਦੇ ਮਜ਼ਬੂਤ ਹਮਾਇਤੀ ਸਨ, ਜੋ ਹਰ ਨਾਗਰਿਕ ਨੂੰ ਵਿਗਿਆਨਕ ਦ੍ਰਿਸ਼ਟੀਕੋਣ, ਮਨੁੱਖਵਾਦ ਅਤੇ ਸੁਧਾਰ ਦੀ ਭਾਵਨਾ ਵਿਕਸਿਤ ਕਰਨ ਦੀ ਪ੍ਰੇਰਣਾ ਦਿੰਦਾ ਹੈ।

ਅੱਜ, ਜਦੋਂ ਵਿਗਿਆਨ ਅਤੇ ਤਕਨਾਲੋਜੀ ਦਾ ਯੁੱਗ ਨਵੀਆਂ ਉਚਾਈਆਂ ਨੂੰ ਛੂਹ ਰਿਹਾ ਹੈ, ਉਸੇ ਵੇਲੇ ਪਿਛਲੇ ਸਮੇਂ ਵਿੱਚ ਸਾਡੇ ਦੇਸ਼ ਦੇ ਪ੍ਰਧਾਨ ਮੰਤਰੀ ਅਤੇ ਹੋਰ ਪ੍ਰਮੁੱਖ ਜਨਤਕ ਸ਼ਖਸੀਅਤਾਂ ਵੱਲੋਂ ਅਜਿਹੇ ਬਿਆਨ ਦਿੱਤੇ ਗਏ ਹਨ, ਜੋ ਗੈਰ-ਵਿਗਿਆਨਕ, ਅੰਧ-ਵਿਸ਼ਵਾਸ ਨੂੰ ਵਧਾਉਣ ਵਾਲੇ ਜਾਂ ਇਤਿਹਾਸਕ ਤੱਥਾਂ ਤੋਂ ਪਰੇ ਹਨ। ਉਦਾਹਰਨ ਦੇ ਤੌਰ 'ਤੇ ਪੁਰਾਤਨ ਭਾਰਤ ਵਿੱਚ ਪਲਾਸਟਿਕ ਸਰਜਰੀ ਅਤੇ ਜੈਨੇਟਿਕਸ, ਬੱਦਲਾਂ ਦੀ ਓਟ ਵਿੱਚ ਰਾਡਾਰ ਤੋਂ ਬਚਣਾ, ਕਰਨ ਦਾ ਜਨਮ ਅਤੇ ਜੈਨੇਟਿਕ ਸਾਇੰਸ (ਪ੍ਰਧਾਨ ਮੰਤਰੀ ਨਰਿੰਦਰ ਮੋਦੀ) ਗਊ-ਮੂਤਰ ਨਾਲ ਕੈਂਸਰ ਦਾ ਇਲਾਜ (ਸਾਧਵੀ ਪ੍ਰਗਿਆ ਠਾਕੁਰ ਅਤੇ ਹੋਰ ਆਗੂ), ਕੋਰੋਨਾ ਕਾਲ ਦੌਰਾਨ ਗੈਰ-ਵਿਗਿਆਨਕ ਦਾਅਵੇ-ਥਾਲੀਆਂ ਵਜਾਉਣ ਅਤੇ ਸੰਖ ਵਜਾਉਣ ਨਾਲ ਵਾਇਰਸ ਦਾ ਖਾਤਮਾ ਆਦਿ, ਜਿਥੇ ਵਿਗਿਆਨਕ ਭਾਈਚਾਰੇ ਦੀ ਚਿੰਤਾ ਵਧਾਉਂਦੇ ਹਨ, ਉੱਥੇ ਭਾਰਤੀ ਸੰਵਿਧਾਨ ਦੀ ਧਾਰਾ 51ਏ-(ਐੱਚ) ਦੀ ਵੀ ਘੋਰ ਉਲੰਘਣਾ ਹੈ।

**ਸਨਮਾਨ ਅਤੇ ਅਮਰ ਵਿਰਾਸਤ**

ਉਨ੍ਹਾਂ ਦੀਆਂ ਸੇਵਾਵਾਂ ਲਈ ਭਾਰਤ ਸਰਕਾਰ ਨੇ ਉਨ੍ਹਾ ਨੂੰ 1976 ਵਿੱਚ ਪਦਮ ਭੂਸ਼ਣ ਅਤੇ 2013 ਵਿੱਚ ਪਦਮ ਵਿਭੂਸ਼ਣ ਨਾਲ ਸਨਮਾਨਤ ਕੀਤਾ।24 ਜੁਲਾਈ 2017 ਨੂੰ ਉਨ੍ਹਾ ਦਾ ਦੇਹਾਂਤ ਹੋ ਗਿਆ, ਪਰ ਉਨ੍ਹਾ ਦੇ ਵਿਚਾਰ ਅੱਜ ਵੀ ਭਾਰਤ ਦੀ ਵਿਗਿਆਨ ਅਤੇ ਸਿੱਖਿਆ ਨੀਤੀ ਨੂੰ ਰੌਸ਼ਨ ਕਰ ਰਹੇ ਹਨ।24 ਜੁਲਾਈ ਨੂੰ ਉਨ੍ਹਾ ਦੀ ਬਰਸੀ ਮੌਕੇ ਉਨ੍ਹਾ ਨੂੰ ਸੱਚੀ ਸ਼ਰਧਾਂਜਲੀ ਇਹੀ ਹੋਵੇਗੀ ਕਿ ਅਸੀਂ ਆਪਣੇ ਸੰਵਿਧਾਨ ਦੇ ਅਨੁਛੇਦ 51-ਏ (ਐੱਚ) ਦੀ ਭਾਵਨਾ ਅਨੁਸਾਰ ਵਿਗਿਆਨਕ ਦ੍ਰਿਸ਼ਟੀਕੋਣ, ਮਨੁੱਖਵਾਦ ਅਤੇ ਸੁਧਾਰ ਦੀ ਭਾਵਨਾ ਨੂੰ ਆਪਣੇ ਨਿੱਜੀ ਅਤੇ ਸਮਾਜਿਕ ਜੀਵਨ ਦਾ ਅਟੁੱਟ ਹਿੱਸਾ ਬਣਾਈਏ। ਅੱਜ ਜਦੋਂ ਸਰਕਾਰ ਵਿਗਿਆਨ ਨੂੰ ਝੁਠਲਾਉਣ ਅਤੇ ਰੂੜ੍ਹੀਵਾਦੀ ਵਿਚਾਰਾਂ ਨੂੰ ਪ੍ਰਫੁੱਲਤ ਕਰਨ ਦੀ ਨਾਕਾਮ ਕੋਸ਼ਿਸ਼ ਕੀਤੀ ਜਾ ਰਹੀ ਹੈ, ਪ੍ਰੋਫੈਸਰ ਯਸ਼ ਪਾਲ ਦਾ ਸੰਦੇਸ਼ ਪਹਿਲਾਂ ਨਾਲੋਂ ਵੀ ਵੱਧ ਮਹੱਤਵਪੂਰਨ ਹੈ—ਸਵਾਲ ਪੁੱਛੋ, ਤਰਕ ਕਰੋ, ਸਬੂਤਾਂ 'ਤੇ ਵਿਸ਼ਵਾਸ ਕਰੋ ਅਤੇ ਵਿਗਿਆਨ ਨੂੰ ਮਨੁੱਖਤਾ ਦੀ ਭਲਾਈ ਦਾ ਸਾਧਨ ਬਣਾਓ।

**# ਸੰਪਰਕ : 99884-91002**

---

ਬਰਸੀ 'ਤੇ ਵਿਸ਼ੇਸ਼

# ਬਾਬਾ ਗੁਰਦਿੱਤ ਸਿੰਘ ਕਾਮਾਗਾਟਾ ਮਾਰੂ

**ਦਲਜੀਤ ਰਾਏ ਕਾਲੀਆ**

ਬਾਬਾ ਗੁਰਦਿੱਤ ਸਿੰਘ ਨਿਡਰ, ਨਿਧੜਕ ਅਤੇ ਕੁਰਬਾਨੀ ਵਾਲੇ ਦੇਸ਼ ਭਗਤ ਸਨ। ਉਹ ਕਾਮਾਗਾਟਾ ਮਾਰੂ ਜਹਾਜ ਦੇ ਨਾਇਕ ਸਨ। ਉਹਨਾ ਦਾ ਜਨਮ 1859 ਵਿੱਚ ਸਰਹਾਲੀ ਜ਼ਿਲ੍ਹਾ ਅੰਮ੍ਰਿਤਸਰ (ਹੁਣ ਜ਼ਿਲ੍ਹਾ ਤਰਨ ਤਾਰਨ) ਵਿਖੇ ਸਰਦਾਰ ਹੁਕਮ ਸਿੰਘ ਦੇ ਘਰ ਹੋਇਆ। ਗੁਰਦਿੱਤ ਸਿੰਘ ਦੇ ਦਾਦਾ ਸਰਦਾਰ ਰਤਨ ਸਿੰਘ ਖਾਲਸਾ ਫੌਜ ਵਿੱਚ ਉੱਚੇ ਦਰਜੇ ਦੇ ਅਫਸਰ ਰਹੇ ਸਨ ਅਤੇ ਐਂਗਲੋ ਸਿੱਖ ਲੜਾਈਆਂ ਵਿੱਚ ਬਹਾਦਰੀ ਦੇ ਜੌਹਰ ਦਿਖਾਏ ਸਨ। ਪੰਜਾਬ 'ਤੇ ਕਬਜ਼ਾ ਕਰਨ ਪਿੱਛੋਂ ਅੰਗਰੇਜ਼ਾਂ ਨੇ ਸਰਦਾਰ ਰਤਨ ਸਿੰਘ ਨੂੰ ਜਗੀਰ ਦੇਣ ਦੀ ਪੇਸ਼ਕਸ਼ ਕੀਤੀ ਸੀ, ਜੋ ਦੇਸ਼ ਭਗਤ ਨੇ ਠੁਕਰਾ ਦਿੱਤੀ ਸੀ। ਬਚਪਨ ਤੋਂ ਹੀ ਬਾਬਾ ਜੀ ਬੁਲੰਦ ਹੌਸਲੇ ਦੇ ਮਾਲਕ ਸਨ। ਉਹਨਾ ਮੁੱਢਲੀ ਵਿੱਦਿਆ ਚੁਬੱਚਾ ਸਾਹਿਬ ਦੇ ਸਕੂਲ ਤੋਂ ਪ੍ਰਾਪਤ ਕੀਤੀ। 1875 ਈਸਵੀ ਵਿੱਚ ਗੁਰਦਿੱਤ ਸਿੰਘ ਦਾ ਭਰਾ ਪਹਿਲੂ ਸਿੰਘ ਕਾਰੋਬਾਰ ਕਰਨ ਲਈ ਮਲਾਇਆ ਚਲਾ ਗਿਆ। ਮਲਾਇਆ ਵਿੱਚ ਬਾਬਾ ਜੀ ਦਾ ਭਰਾ ਤੇ ਪਿਤਾ ਠੇਕੇਦਾਰੀ ਦਾ ਕੰਮ ਕਰਦੇ ਸਨ। 1885 ਵਿੱਚ ਗੁਰਦਿੱਤ ਸਿੰਘ ਪਹਿਲੀ ਵਾਰ ਮਲਾਇਆ ਗਏ ਅਤੇ ਕੁਝ ਸਮੇਂ ਬਾਅਦ ਵਤਨ ਵਾਪਸ ਪਰਤ ਆਏ। ਦੂਸਰੀ ਵਾਰ ਬਾਬਾ ਜੀ ਆਪਣੀ ਪਤਨੀ ਗੁਲਾਬ ਕੌਰ ਨੂੰ ਨਾਲ ਲੈ ਕੇ ਮਲਾਇਆ ਗਏ ਅਤੇ ਉੱਥੇ ਤੈਪਿੰਗ ਸ਼ਹਿਰ ਦੇ ਵਪਾਰੀ ਮੋਪਨ ਕੋਲ ਨੌਕਰੀ ਤੇ ਲੱਗ ਗਏ। ਵੀਹਵੀਂ ਸਦੀ ਦੇ ਸ਼ੁਰੂ ਵਿੱਚ ਉਹ ਮਲਾਇਆ ਅਤੇ ਸਿੰਘਾਪੁਰ ਵਿੱਚ ਕਾਮਯਾਬ ਠੇਕੇਦਾਰ ਵਜੋਂ ਸਥਾਪਤ ਹੋ ਗਿਆ ਸੀ।1908 ਵਿੱਚ ਕੈਨੇਡਾ ਸਰਕਾਰ ਨੇ ਭਾਰਤੀਆਂ ਦੇ ਕੈਨੇਡਾ ਵਿੱਚ ਦਾਖਲੇ 'ਤੇ ਪਾਬੰਦੀਆਂ ਲਾ ਦਿੱਤੀਆਂ। ਕੈਨੇਡਾ ਸਰਕਾਰ ਦੇ ਇਸ ਫੈਸਲੇ ਵਿਰੁੱਧ ਭਾਰਤੀਆਂ ਵਿੱਚ ਬਹੁਤ ਰੋਹ ਸੀ। ਦਸੰਬਰ 1913 ਵਿੱਚ ਬਾਬਾ ਗੁਰਦਿੱਤ ਸਿੰਘ ਆਪਣੇ ਕਾਰੋਬਾਰ ਦੇ ਸਬੰਧ ਵਿੱਚ ਹਾਂਗਕਾਂਗ ਗਏ ਹੋਏ ਸਨ। ਇੱਥੇ ਉਹਨਾ ਨੂੰ ਸੈਂਕੜੇ ਪੰਜਾਬੀ ਮਿਲੇ , ਜਿਨ੍ਹਾਂ ਆਪਣੀ ਵਿਥਿਆ ਉਨ੍ਹਾ ਨੂੰ ਦੱਸੀ। ਬਾਬਾ ਜੀ ਭਾਰਤੀਆਂ ਦੀ ਦਸ਼ਾ ਸੁਣ ਕੇ ਬੇਚੈਨ ਹੋ ਗਏ। ਬਾਬਾ ਜੀ ਪ੍ਰਵਾਸੀ ਭਾਰਤੀਆਂ ਨੂੰ ਕੈਨੇਡਾ ਪੁਚਾਉਣ ਲਈ ਉਤਾਵਲੇ ਹੋ ਗਏ। ਉਨ੍ਹਾਂ ਕਾਮਾਗਾਟਾ ਮਾਰੂ ਜਹਾਜ਼ ਕਿਰਾਏ 'ਤੇ ਲੈ ਲਿਆ। ਉਨ੍ਹਾ ਗੁਰੂ ਨਾਨਕ ਸਟੀਮਸ਼ਿਪ ਕੰਪਨੀ ਦੀ ਸਥਾਪਨਾ ਕੀਤੀ ਅਤੇ ਜਹਾਜ਼ ਦਾ ਨਾਂਅ ਗੁਰੂ ਨਾਨਕ ਜਹਾਜ਼ ਰੱਖ ਲਿਆ। ਕਾਮਾਗਾਟਾ ਮਾਰੂ ਜਹਾਜ 4 ਅਪ੍ਰੈਲ, 1914 ਨੂੰ ਹਾਂਗਕਾਂਗ ਤੋਂ ਕੈਨੇਡਾ ਲਈ ਰਵਾਨਾ ਹੋਇਆ। ਹਾਂਗਕਾਂਗ ਤੋਂ ਇਸ ਵਿੱਚ 165 ਮੁਸਾਫ਼ਰ ਸਵਾਰ ਹੋਏ। ਸ਼ਿੰਘਾਈ ਤੋਂ 111, ਮੌਂਜੀ ਤੋਂ 86 ਅਤੇ ਯੋਕੋਹਾਮਾ ਤੋਂ 14 ਹੋਰ ਮੁਸਾਫਿਰ ਇਸ ਵਿਚ ਸਵਾਰ ਹੋਏ। ਕੁਲ 376 ਮੁਸਾਫਰਾਂ ਨੂੰ ਲੈ ਕੇ ਜਹਾਜ 23 ਮਈ 1914 ਨੂੰ ਵੈਨਕੂਵਰ ਦੀ ਬੰਦਰਗਾਹ 'ਤੇ ਪਹੁੰਚ ਗਿਆ। ਕੈਨੇਡਾ ਸਰਕਾਰ ਨੇ ਜਹਾਜ਼ੀਆਂ ਨੂੰ ਲੰਗਰ ਸੁੱਟਣ ਦੀ ਇਜਾਜ਼ਤ ਨਹੀਂ ਦਿੱਤੀ। ਸਾਰੀਆਂ ਸ਼ਰਤਾਂ ਪੂਰੀਆਂ ਕਰਨ ਦੇ ਬਾਵਜੂਦ ਅੰਗਰੇਜ਼ ਸਰਕਾਰ ਯਾਤਰੀਆਂ ਨੂੰ ਵੈਨਕੂਵਰ ਵਿਖੇ ਉਤਰਨ ਦੀ ਇਜਾਜ਼ਤ ਨਹੀਂ ਦੇ ਰਹੀ ਸੀ।18 ਜੁਲਾਈ ਨੂੰ ਸਮੁੰਦਰੀ ਸ਼ੇਰ ਜਹਾਜ ਯਾਤਰੀਆਂ ਨੂੰ ਡਰਾਉਣ-ਧਮਕਾਉਣ ਦੇ ਮਕਸਦ ਨਾਲ ਜਹਾਜ਼ ਵੱਲ ਵਧਿਆ।ਕੈਨੇਡਾ ਸਰਕਾਰ ਨੇ 21 ਜੁਲਾਈ ਨੂੰ ਰੇਨਬੋ ਨਾਂਅ ਦਾ ਸਮੁੰਦਰੀ ਜਹਾਜ਼ ਵੈਨਕੋਵਰ ਦੀ ਖਾੜੀ ਵਿੱਚ ਲਿਆ ਖਿਲ੍ਹਾਰਿਆ।ਇਸ ਜਹਾਜ਼ ਨੇ ਵੀ ਕਾਮਾਗਾਟਾ ਮਾਰੂ ਦੇ ਮੁਸਾਫਰਾਂ ਨੂੰ ਡਰਾਉਣ-ਧਮਕਾਉਣ ਲਈ ਬਹੁਤ ਕੋਸ਼ਿਸ਼ਾਂ ਕੀਤੀਆਂ। ਦੋ ਮਹੀਨਿਆਂ ਦੀ ਖੱਜਲ-ਖੁਆਰੀ ਪਿੱਛੋਂ 23 ਜੁਲਾਈ ਨੂੰ ਕਾਮਾਗਾਟਾ ਮਾਰੂ ਵਾਪਸੀ ਸਫਰ ਲਈ ਰਵਾਨਾ ਹੋ ਗਿਆ। 29 ਸਤੰਬਰ ਨੂੰ ਜਹਾਜ਼ ਕਲਕੱਤਾ ਦੇ ਲਾਗੇ ਬਜ ਬਜ ਘਾਟ 'ਤੇ ਆ ਪਹੁੰਚਿਆ। ਜਹਾਜ ਦੇ ਕਲਕੱਤਾ ਵਿਖੇ ਪਹੁੰਚਣ ਤੋਂ ਪਹਿਲਾਂ ਹੀ ਇੱਕ ਵਿਸ਼ੇਸ਼ ਰੇਲ ਗੱਡੀ ਯਾਤਰੀਆਂ ਨੂੰ ਪੰਜਾਬ ਲਿਆਉਣ ਲਈ ਤਿਆਰ ਖੜੀ ਸੀ, ਤਾਂ ਜੋ ਯਾਤਰੀਆਂ ਨੂੰ ਉਹਨਾਂ ਦੇ ਘਰੋ-ਘਰੀ ਵਾਪਸ ਭੇਜਿਆ ਜਾ ਸਕੇ। 17 ਮੁਸਲਮਾਨ ਮੁਸਾਫਰ ਬਜਬਜ ਘਾਟ ਵਿਖੇ ਖੜੀ ਰੇਲ ਗੱਡੀ ਵਿੱਚ ਸਵਾਰ ਹੋ ਗਏ, ਪਰ ਸਿੱਖ ਮੁਸਾਫਰਾਂ ਨੇ ਇਨਕਾਰ ਕਰ ਦਿੱਤਾ। ਸਿੱਖ ਮੁਸਾਫਰ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੀੜ ਨੂੰ ਆਪਣੇ ਸਿਰ ਉੱਪਰ ਰੱਖ ਕੇ ਜਲੂਸ ਦੇ ਰੂਪ ਵਿੱਚ ਕਲਕੱਤੇ ਸ਼ਹਿਰ ਵੱਲ ਰਵਾਨਾ ਹੋ ਗਏ।ਰਸਤੇ ਵਿੱਚ ਬਰਤਾਨਵੀ ਪੁਲਸ ਨੇ ਉਹਨਾਂ ਨੂੰ ਘੇਰਾ ਪਾ ਲਿਆ ਅਤੇ ਵਾਪਸ ਲੈ ਆਂਦਾ। ਇਸ ਸਮੇਂ ਪੁਲਸ ਅਤੇ ਸਿੱਖਾਂ ਵਿੱਚ ਮੁੱਠਭੇੜ ਹੋ ਗਈ। ਪੁਲਸ ਨੇ ਮੁਸਾਫਰਾਂ ਉੱਪਰ ਅੰਧਾਧੁੰਦ ਫਾਇਰਿੰਗ ਕਰ ਦਿੱਤੀ। 19 ਮੁਸਾਫਰ ਅਤੇ ਇਕ ਰਾਹਗੀਰ ਪੁਲਸ ਦੀਆਂ ਗੋਲੀਆਂ ਨਾਲ ਸ਼ਹੀਦ ਹੋ ਗਏ। ਤਿੰਨ ਪੁਲਸ ਕਰਮਚਾਰੀ ਵੀ ਮਾਰੇ ਗਏ ਤੇ 23 ਮੁਸਾਫਰ ਗੰਭੀਰ ਜ਼ਖਮੀ ਹੋ ਗਏ। 96 ਮੁਸਾਫਰਾਂ ਨੂੰ ਗ੍ਰਿਫਤਾਰ ਕਰਕੇ ਨਜ਼ਰਬੰਦ ਕਰ ਦਿੱਤਾ ਗਿਆ। ਕਈ ਮੁਸਾਫ਼ਰ ਪੁਲਸ ਦੀਆਂ ਗ੍ਰਿਫਤਾਰੀਆਂ ਤੋਂ ਬਚ ਗਏ, ਇਨ੍ਹਾਂ ਵਿੱਚ ਬਾਬਾ ਗੁਰਦਿਤ ਸਿੰਘ ਵੀ ਸ਼ਾਮਿਲ ਸਨ।

ਬਜਬਜ ਘਾਟ ਦੇ ਸਾਕੇ ਪਿੱਛੋਂ ਬਾਬਾ ਜੀ ਸੱਤ ਸਾਲ ਲਈ ਗੁਪਤਵਾਸ ਰਹੇ। ਉਨ੍ਹਾ ਦੀ ਗਿਰਫਤਾਰੀ ਲਈ ਸਰਕਾਰ ਵੱਲੋਂ ਇਨਾਮ ਰੱਖੇ ਗਏ।ਇਸ ਸਮੇਂ ਬਾਬਾ ਜੀ ਨੇ ਗੁਜਰਾਤ ਦੇ ਸ਼ਹਿਰ ਸਵਾਲੀ ਵਿੱਚ ਦੋ ਸਾਲ ਹਿਕਮਤ ਵੀ ਕੀਤੀ। ਬਾਬਾ ਜੀ ਦੇ ਗੁਪਤਵਾਸ ਦੇ ਸਮੇਂ ਦੌਰਾਨ ਹੀ ਜਲ੍ਹਿਆਂਵਾਲੇ ਬਾਗ ਅਤੇ ਸ੍ਰੀ ਨਨਕਾਣਾ ਸਾਹਿਬ ਦੇ ਦਰਦਨਾਕ ਸਾਕੇ ਵਾਪਰੇ।13 ਮਾਰਚ, 1921 ਨੂੰ ਬਾਬਾ ਗੁਰਦਿੱਤ ਸਿੰਘ ਮਹਾਤਮਾ ਗਾਂਧੀ ਨੂੰ ਮਿਲਣ ਲਈ ਅਹਿਮਦਾਬਾਦ ਗਏ।ਮਹਾਤਮਾ ਗਾਂਧੀ ਨੇ ਪ੍ਰੇਰਨਾ ਦਿੱਤੀ ਕਿ ਉਹ ਆਪਣੇ ਆਪ ਨੂੰ ਗ੍ਰਿਫਤਾਰੀ ਲਈ ਪੇਸ਼ ਕਰ ਦੇਣ। ਪੰਜ ਨਵੰਬਰ, 1921 ਨੂੰ ਬਾਬਾ ਜੀ ਦਿੱਲੀ ਵਿਖੇ ਹੋਏ ਕਾਂਗਰਸ ਦੇ ਸਰਬ ਹਿੰਦ ਸਮਾਗਮ ਵਿੱਚ ਸ਼ਾਮਲ ਹੋਏ।ਗਾਂਧੀ ਜੀ ਦੀ ਸਲਾਹ ਮੰਨ ਕੇ ਬਾਬਾ ਜੀ ਨੇ ਅਖਬਾਰਾਂ ਵਿੱਚ ਐਲਾਨ ਛਪਵਾਇਆ ਕਿ ਉਹ 15 ਨਵੰਬਰ ਨੂੰ ਸ੍ਰੀ ਨਨਕਾਣਾ ਸਾਹਿਬ ਵਿੱਚ ਗ੍ਰਿਫਤਾਰੀ ਦੇ ਦੇਣਗੇ। ਜਦ ਉਹਨਾ 15 ਨਵੰਬਰ ਨੂੰ ਸ੍ਰੀ ਨਨਕਾਣਾ ਸਾਹਿਬ ਆਪਣੇ ਆਪ ਨੂੰ ਗ੍ਰਿਫਤਾਰੀ ਲਈ ਪੇਸ਼ ਕੀਤਾ ਤਾਂ ਇਸ ਸਮੇਂ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਮਨਾਇਆ ਜਾ ਰਿਹਾ ਸੀ। ਉਸ ਸਮੇਂ ਲੱਖਾਂ ਦੀ ਗਿਣਤੀ ਵਿੱਚ ਸੰਗਤ ਮੌਜੂਦ ਸੀ। ਗ੍ਰਿਫ਼ਤਾਰੀ ਤੋਂ ਪਹਿਲਾਂ ਉਹਨਾਂ ਧਾਰਮਿਕ ਸਮਾਗਮ ਵਿੱਚ ਲਗਭਗ ਦੋ ਘੰਟੇ ਸੰਬੋਧਨ ਕੀਤਾ। ਉਹਨਾਂ ਉਪਰ ਕੋਈ ਠੋਸ ਮੁਕੱਦਮਾ ਨਾ ਹੋਣ ਕਰਕੇ ਅਖੀਰ 28 ਫਰਵਰੀ, 1922 ਨੂੰ ਸਰਕਾਰ ਨੇ ਰਿਹਾਅ ਕਰ ਦਿੱਤਾ। ਜੇਲ੍ਹ ਤੋਂ ਰਿਹਾਈ ਪਿੱਛੋਂ ਕਾਂਗਰਸ ਅਤੇ ਖਿਲਾਫ਼ਤ ਕਮੇਟੀ ਵੱਲੋਂ ਉਹਨਾ ਦਾ ਥਾਂ-ਥਾਂ ਸ਼ਾਨਦਾਰ ਸਵਾਗਤ ਕੀਤਾ ਗਿਆ।

1926 ਵਿੱਚ ਸਰਮੁੱਖ ਸਿੰਘ ਝਬਾਲ ਦੇ ਜੇਲ੍ਹ ਜਾਣ ਕਾਰਨ ਉਹਨਾ ਦੀ ਗ਼ੈਰ-ਹਾਜ਼ਰੀ ਵਿੱਚ ਬਾਬਾ ਜੀ ਨੂੰ ਸ਼੍ਰੋਮਣੀ ਅਕਾਲੀ ਦਲ ਦਾ ਪ੍ਰਧਾਨ ਥਾਪਿਆ ਗਿਆ।ਰਾਜਸੀ ਸਰਗਰਮੀਆਂ ਵਿੱਚ ਹਿੱਸਾ ਲੈਣ ਕਰਕੇ ਜਨਵਰੀ 1931 ਉਹਨਾ ਨੂੰ ਗ੍ਰਿਫਤਾਰ ਕਰਕੇ ਪੰਜ ਮਹੀਨੇ ਕੈਦ ਦੀ ਸਜ਼ਾ ਦਿੱਤੀ ਗਈ। ਫਰਵਰੀ 1932 ਉਹਨਾ ਨੂੰ ਮੁੜ ਗ੍ਰਿਫਤਾਰ ਕਰਕੇ ਅਲੀਪੁਰ ਸੈਂਟਰਲ ਜੇਲ੍ਹ ਵਿੱਚ ਨਜ਼ਰਬੰਦ ਕੀਤਾ ਗਿਆ। 1933 ਵਿੱਚ ਉਹ ਮਦਰਾਸ ਦੀ ਪ੍ਰੈਜ਼ੀਡੈਂਸ ਜੇਲ੍ਹ ਵਿੱਚ ਨਜ਼ਰਬੰਦ ਰਹੇ। 1934 ਵਿੱਚ ਬਿਹਾਰ ਵਿੱਚ ਪਏ ਅਕਾਲ ਸਮੇਂ ਬਾਬਾ ਜੀ ਨੇ ਤਨਦੇਹੀ ਨਾਲ ਭੁਚਾਲ ਪੀੜਤਾਂ ਦੀ ਸੇਵਾ ਕੀਤੀ। 1937 ਦੀ ਆਮ ਚੋਣਾਂ ਵਿੱਚ ਉਹ ਹਲਕਾ ਸਰਹਾਲੀ ਤੋਂ ਕਾਂਗਰਸ ਦੀ ਟਿਕਟ 'ਤੇ ਚੋਣ ਲੜੇ, ਪਰ ਅਕਾਲੀ ਉਮੀਦਵਾਰ ਪ੍ਰਤਾਪ ਸਿੰਘ ਕੈਰੋਂ ਕੋਲੋਂ ਹਾਰ ਗਏ।ਬਾਬਾ ਜੀ ਦੇ ਯਤਨਾਂ ਸਦਕਾ ਦੇਸ਼ ਦੀ ਆਜ਼ਾਦੀ ਉਪਰੰਤ ਬਜਬਜ ਘਾਟ ਵਿਖੇ ਸ਼ਹੀਦਾਂ ਦੀ ਯਾਦਗਾਰ ਬਣਾਈ ਗਈ, ਜਿਸ ਦਾ ਉਦਘਾਟਨ ਦੇਸ਼ ਦੇ ਤਤਕਾਲੀ ਪ੍ਰਧਾਨ ਮੰਤਰੀ ਪੰਡਤ ਜਵਾਹਰ ਲਾਲ ਨਹਿਰੂ ਨੇ ਪਹਿਲੀ ਜਨਵਰੀ 1952 ਨੂੰ ਕੀਤਾ। 24 ਜੁਲਾਈ 1954 ਨੂੰ ਭਾਰਤ ਮਾਤਾ ਦਾ ਇਹ ਸਪੂਤ ਸਦਾ ਲਈ ਸੰਸਾਰ ਨੂੰ ਅਲਵਿਦਾ ਕਹਿ ਗਿਆ।

**# ਸੰਪਰਕ : 97812-00168**

---

# ਧਰਮ, ਲੋਕਤੰਤਰ ਅਤੇ ਦੇਸ਼ ਦਾ ਭਵਿੱਖ



ਵਰਿੰਦਰ ਸਿੰਘ ਭੁੱਲਰ

ਭਾਰਤੀ ਲੋਕਤੰਤਰ ਸਿਰਫ ਨਾਂਅ ਦਾ ਲੋਕਤੰਤਰ ਰਹਿ ਗਿਆ ਹੈ, ਕਾਗਜ਼ੀ ਲੋਕਤੰਤਰ, ਜਿਸ ਨੂੰ ਲੋਕਤੰਤਰ ਕਹਿਣਾ ਲੋਕਤੰਤਰ ਦਾ ਅਪਮਾਨ ਕਰਨ ਦੇ ਬਰਾਬਰ ਹੈ। ਕੋਈ ਵੇਲਾ ਸੀ ਜ਼ਿਆਦਾਤਰ ਭਾਰਤੀ ਸਿਆਸਤਦਾਨ ਕਦਰਾਂ ਕੀਮਤਾਂ, ਨੈਤਿਕਤਾ ਭਰਪੂਰ ਅਤੇ ਸਮਾਜ ਦੀ ਆਬੋ-ਹਵਾ ਨਾਲ ਮਿਲ ਕੇ ਚੱਲਣ ਦਾ ਪ੍ਰਣ ਕਰਕੇ ਰਾਜਨੀਤੀ ਵਿੱਚ ਪੈਰ ਧਰਾਵਾ ਕਰਦੇ ਸਨ, ਅਤੇ ਉਹਦੇ 'ਤੇ ਖਰਾ ਉਤਰਨ ਲਈ ਜੀ ਜਾਨ ਇਕ ਕਰ ਦਿੰਦੇ ਸਨ, ਪਰ ਹੁਣ ਦੇਸ਼ ਦੀ ਸੰਸਦ ਦੇ ਵਿੱਚ ਬਹੁ-ਗਿਣਤੀ ਵਿਰੋਧੀ ਧਿਰਾਂ ਅਤੇ ਸੱਤਾ ਧਿਰ ਨੂੰ ਮਿਲਾ ਕੇ ਬਹੁ-ਗਿਣਤੀ ਅਪਰਾਧਿਕ ਗਤੀਵਿਧੀਆਂ ਵਿੱਚ ਸ਼ਾਮਿਲ ਲੋਕਾਂ ਦੀ ਹੈ, ਜਿਨ੍ਹਾਂ ਨੂੰ ਅਸੀਂ ਆਪਣੀ ਰਹਿਨੁਮਾਈ ਕਰਨ ਅਤੇ ਦੇਸ਼ ਨੂੰ ਤਰੱਕੀ ਦੀਆਂ ਲੀਹਾਂ 'ਤੇ ਅੱਗੇ ਲਿਜਾਉਣ ਲਈ ਆਪ ਖੁਦ ਚੁਣ ਕੇ ਸੰਸਦ ਵਿੱਚ ਭੇਜਿਆ ਹੈ। ਚੋਣ ਕਮਿਸ਼ਨ ਦਾ ਕੰਮ ਸਿਰਫ ਏਨਾ ਹੈ ਕਿ ਜੇ ਕਿਸੇ ਬੰਦੇ ਦਾ ਅਪਰਾਧਿਕ ਰਿਕਾਰਡ ਹੈ ਤਾਂ ਉਹ ਚੋਣਾਂ ਲੜਨ ਲਈ ਫਾਰਮ 'ਤੇ ਨਾਲ ਦਰਜ ਕਰ ਦੇਵੇ ਕਿ ਮੇਰੇ 'ਤੇ ਇਸ ਕਿਸਮ ਦਾ ਕੇਸ ਹੈ, ਆਹ ਮੈਂ ਅਪਰਾਧ ਕੀਤੇ ਹਨ ਅਤੇ ਇਹ ਅਪਰਾਧਕ ਗਤੀਵਿਧੀਆਂ ਕਰਨ ਦਾ ਮੇਰੇ 'ਤੇ ਇਲਜ਼ਾਮ ਲੱਗਿਆ ਹੈ।ਇਸ ਤੋਂ ਅੱਗੇ ਭਾਰਤੀ ਚੋਣ ਕਮਿਸ਼ਨ ਮੂੰਹ ਵਿੱਚ ਘੁੰਗਣੀਆਂ ਪਾ ਕੇ ਇਥੇ ਤਮਾਸ਼ਾ ਦੇਖਣ ਲਈ ਮੂਕ ਦਰਸ਼ਕ ਬਣ ਜਾਂਦਾ ਹੈ। 1951 'ਚ ਬਣੇ ਲੋਕ ਪ੍ਰਤੀਨਿਧਤਾ ਐਕਟ ਦੀਆਂ ਚੋਰ-ਮੋਰੀਆਂ ਰਾਹੀਂ ਹਰ ਚੋਣ 'ਚ ਅਪਰਾਧਿਕ ਬਿਰਤੀ ਵਾਲੇ ਲੋਕਾਂ ਦੀ ਗਿਣਤੀ ਵਧ ਰਹੀ ਹੈ। ਇਸ ਵੇਲੇ ਲੋਕਤੰਤਰ ਦੀ ਰਾਖੀ ਲਈ 251 ਮੈਂਬਰ ਅਪਰਾਧਿਕ ਗਤੀਵਿਧੀਆਂ 'ਚ ਸ਼ਾਮਿਲ ਹੋਣ ਦੀ ਗੱਲ ਕਬੂਲ ਕੇ ਆਏ ਹਨ ਅਤੇ 170 ਮੈਂਬਰ ਤਾਂ ਅਜਿਹੇ ਹਨ, ਜਿਹਨਾਂ ਤੇ ਬਹੁਤ ਗੰਭੀਰ, ਕਤਲ ਅਤੇ ਬਲਾਤਕਾਰ ਵਰਗੇ ਇਲਜ਼ਾਮ ਲੱਗੇ ਹਨ। ਜੇ ਰਾਜ ਸਭਾ ਦੇ ਮੈਂਬਰਾਂ ਨੂੰ ਵੀ ਇਸ 'ਚ ਸ਼ਾਮਿਲ ਕਰ ਲਿਆ ਜਾਵੇ ਤਾਂ ਗਿਣਤੀ 320 ਹੋ ਜਾਂਦੀ ਹੈ।

ਲੋਕਤੰਤਰ ਲਈ ਇਸ ਤੋਂ ਸ਼ਰਮਨਾਕ ਗੱਲ ਕੀ ਹੋ ਸਕਦੀ ਹੈ। ਲੋਕਤੰਤਰ ਦਾ ਮਤਲਬ ਕਿਸੇ ਵੇਲੇ ਲੋਕਾਂ ਲਈ, ਲੋਕਾਂ ਦੁਆਰਾ ਹੁੰਦਾ ਸੀ, ਪਰ ਹੁਣ ਲੋਕ ਸਿਰਫ ਲੋਕਤੰਤਰ ਦੇ ਦਰਸ਼ਨ ਸਿਰਫ ਇੱਕ ਦਿਨ ਕਰਦੇ ਹਨ,ਉਹ ਹੈ ਵੋਟਾਂ ਵਾਲਾ ਦਿਨ, ਪਰ ਇਹ ਵੀ ਸਿਰਫ ਕਹਿਣ ਨੂੰ ਲੋਕਤੰਤਰੀ ਦਿਨ ਰਹਿ ਗਿਆ ਹੈ, ਕਿਉਂਕਿ ਲੋਕ ਆਪਣੀ ਮਰਜ਼ੀ ਨਾਲ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਨਹੀਂ ਕਰਦੇ, ਉਹ ਕਿਸੇ ਲੀਡਰ ਦੇ ਬਹਿਕਾਵੇ 'ਚ ਆ ਕੇ ਕਿਸੇ ਨੇਤਾ ਵੱਲੋਂ ਦਿਖਾਏ ਸਬਜ਼ਬਾਗ ਅਤੇ ਆਪਣੀ ਥੋੜ੍ਹਚਿਰੀ ਖੁਸ਼ੀ ਜਾਂ ਕੁਝ ਵਿੱਤੀ ਰਾਹਤ ਮਤਲਬ ਕਿ ਆਪਣੀ ਵੋਟ ਦਾ ਸੌਦਾ ਕਰਕੇ ਕਰਦੇ ਹਨ। ਨਸ਼ੇ ਭਾਰਤੀ ਲੋਕਤੰਤਰ ਦੀ ਇੱਕ ਕਿਸਮ ਦੀ ਮਜ਼ਬੂਤ ਪਛਾਣ ਬਣ ਗਏ ਹਨ, ਕਿਉਂਕਿ ਨਸ਼ੇ ਤੋਂ ਬਿਨਾਂ ਲੋਕਤੰਤਰ ਦਾ ਜਸ਼ਨ ਬਹੁਗਿਣਤੀ ਲੋਕਾਈ ਨੂੰ ਅਧੂਰਾ ਜਾਪਦਾ ਹੈ।ਵਿਰੋਧੀ ਧਿਰ ਲੋਕਤੰਤਰ ਦੀ ਜਾਨ ਹੁੰਦੀ ਹੈ, ਪਰ ਹੁਣ ਵਿਰੋਧੀ ਧਿਰ ਸੱਤਾ ਧਿਰ ਦੀ ਗੁਲਾਮ ਹੈ, ਕਿਉਂਕਿ 251 ਮੈਂਬਰਾ 'ਚ ਵਿਰੋਧੀ ਧਿਰਾਂ ਦੇ ਵੀ ਬਰਾਬਰ ਦੇ ਉਮੀਦਵਾਰ ਸ਼ਾਮਲ ਹਨ। ਇਹੀ ਕਾਰਨ ਹੈ ਕਿ ਇਕ ਤੋਂ ਵੱਧ ਕੇ ਘੁਟਾਲੇ, ਸਕੈਂਡਲ ਸਾਹਮਣੇ ਆਉਣ ਦੇ ਬਾਵਜੂਦ ਵੀ ਵਿਰੋਧੀ ਧਿਰ ਕੋਈ ਪੁਖਤਾ ਰੋਡ ਮੈਪ ਤਿਆਰ ਕਰਕੇ ਲੋਕਾਂ ਵਿੱਚ ਜਾਣ ਅਤੇ ਲੋਕਾਂ ਨੂੰ ਆਪਣੇ ਨਾਲ ਸ਼ਾਮਲ ਕਰਨ ਵਿੱਚ ਕਾਮਯਾਬ ਨਹੀਂ ਹੋ ਸਕੀ। ਪੇਪਰ ਲੀਕ, ਜੰਗਲਾਂ ਦੀ ਕਟਾਈ, ਲੱਦਾਖ ਦਾ ਮਸਲਾ, ਯੂ ਟੀ ਦਾ ਮਸਲਾ, ਕਸ਼ਮੀਰ ਦਾ ਮਸਲਾ, ਘੱਟ ਗਿਣਤੀਆਂ ਦਾ ਮਸਲਾ,ਮੁਸਲਮਾਨਾਂ ਦਾ ਮਸਲਾ, ਮਾਬ ਲਿਚਿੰਗ ਦੀਆਂ ਘਟਨਾਵਾਂ, ਭਗਵਾਨ ਦੇ ਨਾਂਅ ਤੇ ਧਰਮ ਦੀ ਆੜ ਵਿੱਚ ਲੋਕਤੰਤਰ ਦਾ ਘਾਣ ਏਨੇ ਜ਼ਿਆਦਾ ਮੁੱਦੇ ਹੋਣ ਦੇ ਬਾਵਜੂਦ ਵਿਰੋਧੀ ਧਿਰ ਸਿਰਫ ਇੱਕ ਅਖਬਾਰੀ ਖ਼ਬਰ ਤੋਂ ਇਲਾਵਾ ਹੋਰ ਕੁਝ ਵੀ ਕਰਨ ਦੇ ਕਾਬਲ ਨਹੀਂ।

ਮੌਜੂਦਾ ਸਮੇਂ ਵਿੱਚ ਭਾਰਤੀ ਲੋਕਤੰਤਰ ਦੀ ਸਹਾਇਤਾ ਨਾਲ ਚੁਣ ਕੇ ਆਈ ਭਾਰਤੀ ਜਨਤਾ ਪਾਰਟੀ ਬਹੁਮਤ ਦੇ ਬਲਬੂਤੇ ਆਪਣੀਆਂ ਮਨਆਈਆਂ ਜਨਤਾ 'ਤੇ ਥੋਪ ਰਹੀ ਹੈ ਅਤੇ ਦੇਸ਼ ਦਾ ਦਿਵਾਲਾ ਕੱਢ ਰਹੀ ਹੈ।ਸੰਸਦ ਵਿੱਚ ਮਨਮਰਜ਼ੀ ਦੇ ਕਾਨੂੰਨ ਪਾਸ ਕਰਕੇ ਦੇਸ਼ ਦੇ ਭਵਿੱਖ ਨਾਲ ਖਿਲਵਾੜ ਕੀਤਾ ਜਾ ਰਿਹਾ ਹੈ ਅਤੇ ਵਿਰੋਧੀ ਧਿਰ ਦੀ ਭੂਮਿਕਾ ਸਿਰਫ ਸੰਸਦ ਦਾ ਬਾਈਕਾਟ ਜਾਂ ਵਾਕਆਊਟ ਕਰਨ ਤੱਕ ਸੀਮਤ ਰਹਿ ਗਈ ਹੈ। ਸੰਸਦ ਦੇ ਬਾਹਰ ਮਹਾਤਮਾ ਗਾਂਧੀ ਦੇ ਬੁੱਤ ਕੋਲ ਆ ਕੇ ਚਾਰ ਕੁ ਨਾਹਰੇ ਲਾ ਕੇ ਵਿਰੋਧੀ ਧਿਰ ਆਪਣੇ ਆਪ ਨੂੰ ਸੁਰਖਰੂ ਸਮਝਦੀ ਹੈ। ਕੀ ਏਹ ਜ਼ਿੰਦਾ ਲੋਕਤੰਤਰ ਦੀ ਨਿਸ਼ਾਨੀ ਹੈ? ਜ਼ਾਹਿਰ ਹੈ ਨਹੀ।

ਹੁਣ ਜਿਹੜਾ ਤਾਜ਼ਾ ਮਸਲਾ ਚੱਲ ਰਿਹਾ ਹੈ ਨੀਟ ਪੇਪਰ ਲੀਕ ਦਾ, ਜਿਸ ਵਿੱਚ ਭਾਰਤ ਦੀ ਸੁਪਰੀਮ ਕੋਰਟ ਦੇ ਇੱਕ ਜੱਜ ਵੱਲੋਂ ਕਹੇ ਗਏ ਇੱਕ ਸ਼ਬਦ 'ਕੋਕਰੋਚ' ਜਿਸ ਨੇ ਨੌਜਵਾਨੀ ਨੂੰ ਆਪਣੇ ਅੰਦਰ ਝਾਤੀ ਮਾਰਨ ਲਈ ਮਜਬੂਰ ਕੀਤਾ, ਤੋਂ ਪ੍ਰੇਰਿਤ ਹੋ ਕੇ ਬਣੀ ਪਾਰਟੀ 'ਕਾਕਰੋਚ ਜਨਤਾ ਪਾਰਟੀ' ਦਾ ਧਰਨਾ ਪ੍ਰਦਰਸ਼ਨ ਦਿੱਲੀ ਦੇ ਜੰਤਰ ਮੰਤਰ ਵਿੱਚ ਚੱਲ ਰਿਹਾ ਹੈ, ਜਿਸ ਨੂੰ ਨੌਜਵਾਨੀ ਅਤੇ ਉਹ ਲੋਕਾਂ ਦਾ , ਜਿਨ੍ਹਾਂ ਦੇ ਧੀਆਂ-ਪੁੱਤਰ ਇਸ ਨੀਟ ਲੀਕ ਪੇਪਰ ਮਾਮਲੇ ਦਾ ਸ਼ਿਕਾਰ ਹੋ ਕੇ ਇਸ ਸੰਸਾਰ ਨੂੰ ਅਲਵਿਦਾ ਕਹਿ ਗਏ ਹਨ, ਦਾ ਭਰਪੂਰ ਸਮਰਥਨ ਮਿਲ ਰਿਹਾ ਹੈ। ਸਮਾਜਿਕ ਆਧਾਰ ਵਾਲੇ ਅਤੇ ਸੱਚਮੁੱਚ ਹੀ ਦੇਸ਼ ਅਤੇ ਦੇਸ਼ ਵਾਸੀਆਂ ਨੂੰ ਪਿਆਰ ਕਰਨ ਵਾਲੇ ਇਸ ਅੰਦੋਲਨ ਦਾ ਸਾਥ ਡਟ ਕੇ ਦੇ ਰਹੇ ਹਨ। ਵਿਰੋਧੀ ਧਿਰਾਂ ਇਸ ਮਾਮਲੇ ਵਿੱਚ ਮੂਕ ਦਰਸ਼ਕ ਬਣੀਆਂ ਨਜ਼ਰ ਆ ਰਹੀਆਂ ਹਨ।ਮੀਡੀਆ ਖਾਸ ਕਰਕੇ ਗੋਦੀ ਮੀਡੀਆ ਦੀ ਗੱਲ ਕਰਨਾ ਹੀ ਬੇਕਾਰ ਹੈ।

ਦੇਸ਼ ਪ੍ਰੇਮ ਵਿੱਚ ਭਿੱਜੀ ਹੋਈ ਰੂਹ ਮਹਾਨ ਵਿਗਿਆਨੀ ਅਤੇ ਉੱਘੇ ਵਾਤਾਵਰਨ ਪ੍ਰੇਮੀ ਅਤੇ ਲੋਕਾਈ ਨੂੰ ਪਿਆਰ ਕਰਨ ਵਾਲੇ, ਆਪਣੀ ਸਾਰੀ ਜ਼ਿੰਦਗੀ ਲੋਕਾਂ ਦੇ ਲੇਖੇ ਲਾਉਣ ਵਾਲੇ ਸੋਨਮ ਵਾਂਗਚੁਕ ਇਸ ਅੰਦੋਲਨ ਨੂੰ ਭਰਪੂਰ, ਦਿਲੋਂ ਸਮਰਥਨ ਦੇ ਰਹੇ ਹਨ ਅਤੇ ਲਗਾਤਾਰ 20 21 ਦਿਨ ਤੋਂ ਭੁੱਖ ਹੜਤਾਲ 'ਤੇ ਬੈਠੇ ਹੋਏ ਹਨ। ਉਹਨਾਂ ਨੇ ਇਹ ਭੁੱਖ ਹੜਤਾਲ ਕੋਈ ਆਪਣੇ ਨਿੱਜੀ ਫਾਇਦੇ ਲਈ ਨਹੀਂ ਬਲਕਿ ਉਹਨਾਂ ਨੌਜਵਾਨ ਬੱਚਿਆਂ ਦੇ ਭਵਿੱਖ ਲਈ ਰੱਖੀ ਹੈ, ਜਿੰਨਾ ਨੂੰ ਇਸ ਕਾਗਜ਼ੀ ਲੋਕਤੰਤਰੀ ਸਰਕਾਰ ਨੇ ਆਤਮ ਹੱਤਿਆ ਕਰਨ ਲਈ ਮਜਬੂਰ ਕੀਤਾ ਅਤੇ ਜਵਾਬਦੇਹੀ ਤੋਂ ਮੁਨਕਰ ਹੋ ਰਹੀ ਹੈ। ਸੋਨਮ ਵਾਂਗਚੁਕ ਨੂੰ ਭੁੱਖ ਹੜਤਾਲ ਕਰਨ ਦੀ ਲੋੜ ਹੀ ਕਿਉਂ ਪਈ? ਇਸ ਸਵਾਲ ਦਾ ਜਵਾਬ ਸ਼ਾਇਦ ਕਾਗਜ਼ੀ ਲੋਕਤੰਤਰ ਨਾ ਦੇ ਸਕੇ। ਨੈਤਿਕਤਾ ਦੇ ਆਧਾਰ ਤੇ ਆਪਣੇ ਆਪ ਅਸਤੀਫਾ ਦੇਣਾ ਅਤੇ ਲੋਕਾਂ ਦਾ ਦਿਲ ਜਿੱਤਣਾ ਅੱਜ ਦੇ ਭਾਰਤੀ ਸਿਆਸਤਦਾਨਾਂ ਦੇ ਹਿੱਸੇ ਨਹੀਂ ਆ ਸਕਦਾ। ਅੱਜ ਦੇ ਸਮੇਂ ਵਿੱਚ ਸੱਤਾ 'ਤੇ ਕਾਬਜ਼ ਹੋਣਾ ਸੇਵਾ ਕਰਨਾ ਨਹੀਂ, ਬਲਕਿ ਵਪਾਰ ਦਾ ਇੱਕ ਬਹੁਤ ਹੀ ਵਧੀਆ ਮੁਨਾਫਾ ਬਟੋਰਨ ਦਾ ਢੰਗ ਹੈ, ਜਿਸ ਵਿੱਚ ਨੁਕਸਾਨ/ ਹਾਨੀ ਦੀ ਕੋਈ ਗੁੰਜਾਇਸ਼ ਨਹੀਂ ਹੈ। ਸਿਰਫ ਲਾਭ ਹੀ ਲਾਭ ਹੈ।ਹਰ ਨਿੱਕੇ ਅਹੁਦੇ ਤੋਂ ਲੈ ਕੇ ਉੱਪਰ ਤੱਕ ਜਿੰਨੇ ਵੀ ਲੋਕ, ਲੋਕਤੰਤਰੀ ਪ੍ਰਕਿਰਿਆ ਰਾਹੀਂ ਲੋਕਾਂ ਨੂੰ ਮਾਨਸਿਕ / ਸਰੀਰਕ ਬਲੈਕਮੇਲ ਕਰਕੇ ਸੱਤਾ 'ਤੇ ਕਾਬਜ਼ ਹੁੰਦੇ ਹਨ, ਉਹਨਾਂ ਦਾ ਮਕਸਦ ਸੇਵਾ ਕਰਨਾ ਤਾਂ ਹਰਗਿਜ਼ ਹੀ ਨਹੀਂ ਹੋ ਸਕਦਾ। ਸਿਰਫ ਤੇ ਸਿਰਫ ਵਪਾਰ ਵਧਾਉਣ ਦਾ ਜ਼ਰੀਆ ਹੈ। ਕਹਾਵਤ ਹੈ ਕਿ 'ਹਿੰਗ ਲੱਗੇ ਨਾ ਫਟਕੜੀ, ਰੰਗ ਚੋਖਾ' ਅੱਜ ਦੇ ਸਿਆਸਤਦਾਨਾਂ 'ਤੇ ਐਨ ਪੂਰੀ ਢੁਕਦੀ ਹੈ।

ਧਰਮ ਦੀ ਆੜ ਵਿੱਚ ਭਾਰਤੀ ਲੋਕ ਬੌਧਿਕ ਕੰਗਾਲਤਾ ਦੀ ਸਿਖਰ ਹੰਢਾ ਰਹੇ ਹਨ। ਕਿਸੇ ਵਿਦਵਾਨ ਦਾ ਕਥਨ ਹੈ 'ਜਿੱਥੇ ਧਰਮ ਅਤੇ ਸਿਆਸਤ ਰਲਗੱਡ ਹੋ ਜਾਣ, ਉੱਥੇ ਜਨਤਾ ਦੇ ਅਸਲ ਮੁੱਦੇ ਰੁਲ ਜਾਂਦੇ ਹਨ। ਆਪਾਂ ਸਭ ਭਲੀ-ਭਾਂਤ ਜਾਣਦੇ ਹਾਂ ਕਿ ਕਿਵੇਂ ਕੇਂਦਰੀ ਹਕੂਮਤ ਸੱਤਾ ਪ੍ਰਾਪਤੀ ਲਈ ਧਰਮ ਦੀ ਆੜ ਹੇਠ ਲੋਕਾਂ ਦਾ ਮਾਨਸਿਕ /ਸਰੀਰਕ ਸ਼ੋਸ਼ਣ ਕਰ ਰਹੀ ਹੈ ਅਤੇ ਸਭ ਤੋਂ ਵੱਡੀ ਹੈਰਾਨੀ ਦੀ ਗੱਲ ਇਹ ਹੈ ਕਿ ਧਰਮ ਦੇ ਨਾਂਅ 'ਤੇ ਇੱਕ ਖਾਸ ਫਿਰਕੇ ਨੂੰ ਮਿੱਥ ਕੇ ਨਿਸ਼ਾਨਾ ਬਣਾਉਣ ਕਰਕੇ ਲੋਕ ਬਹੁਤ ਚਾਅ ਨਾਲ ਵੋਟਾਂ ਪਾ ਰਹੇ ਹਨ।ਭਾਰਤੀ ਲੋਕਤੰਤਰ ਦਾ ਜਨਾਜ਼ਾ ਨਾ ਕਿਹਾ ਜਾਵੇ ਤਾਂ ਹੋਰ ਇਸ ਤੋਂ ਵੱਧ ਕੀ ਹੈ ਇਹ ਸਭ? ਭਾਰਤੀ ਦਰਸ਼ਨ ਵਿੱਚ ਅੱਜ ਤੱਕ ਜਿੰਨੇ ਵੀ ਪੀਰ-ਫ਼ਕੀਰ, ਔਲੀਏ ਭਗਵਾਨ ਰੂਪ ਜਿੰਨੇ ਵੀ ਅਵਤਾਰ ਹੋਏ ਹਨ, ਸਭ ਨੇ ਉਸ ਇੱਕ ਪਰਮਾਤਮਾ ਦੀ ਗੱਲ ਕੀਤੀ ਹੈ ਅਤੇ ਸਾਰਿਆਂ ਨੂੰ ਨਾਲ ਲੈ ਕੇ ਚੱਲਣ ਦੀ ਗੱਲ ਕੀਤੀ ਹੈ, ਪਰ ਹੁਣ ਮੌਜੂਦਾ ਦੌਰ ਵਿੱਚ ਭਾਰਤੀ ਲੋਕ ਅਖੰਡ ਭਾਰਤ ਦੀ ਪ੍ਰਾਪਤੀ ਲਈ ਇਕ ਖਾਸ ਫਿਰਕੇ ਨੂੰ ਕਿਸੇ ਦੇ ਬਹਿਕਾਵੇ 'ਚ ਆ ਕੇ ਤੰਗ-ਪ੍ਰੇਸ਼ਾਨ ਕਰਕੇ ਆਪਣੇ ਮਨ ਨੂੰ ਥੋੜ੍ਹਚਿਰੀ ਖੁਸ਼ੀ ਦੇਣ ਲਈ ਯਤਨਸ਼ੀਲ ਰਹਿੰਦੇ ਹਨ। ਸੋਨਮ ਵਾਂਗਚੁਕ ਵਰਗੇ ਕੁਝ ਸੁਹਿਰਦ ਸਿਰ ਜਦ ਲੋਕਾਂ ਨੂੰ ਜਗਾਉਣ ਦੀ ਕੋਸ਼ਿਸ਼ ਕਰਦੇ ਹਨ ਤਾਂ ਉਹਨਾਂ ਨੂੰ ਸੱਤਾ ਵਿਰੋਧੀ ਅਤੇ ਧਰਮ ਦੀ ਬਦਨਾਮੀ ਕਰਨ ਦੀ ਆੜ ਲੈ ਕੇ ਦੇਸ਼ ਧ੍ਰੋਹੀ ਗਰਦਾਨ ਦਿੱਤਾ ਜਾਂਦਾ ਹੈਅਤੇ ਫਿਰ ਲਾਪਤਾ ਹੋ ਜਾਂਦੇ ਹਨ ਅਜਿਹੇ ਲੋਕ, ਕਤਲ ਕਰ ਦਿੱਤੇ ਜਾਂਦੇ ਹਨ। ਇਹ ਸਭ ਜੋ ਹੋ ਰਿਹਾ ਹੈ, ਹਜੂਮੀ ਹਿੰਸਾ ਦੁਆਰਾ ਭਾਰਤੀ ਲੋਕਤੰਤਰ ਨੂੰ ਬਹੁਤ ਰਾਸ ਆ ਰਿਹਾ ਹੈ, ਕਿਉਂਕਿ ਇਸ ਵਿੱਚ ਕਿਸੇ ਦੀ ਜਵਾਬਦੇਹੀ ਤੈਅ ਕਰਨ ਦੀ ਖੇਚਲ ਨਹੀਂ ਕਰਨੀ ਪੈਂਦੀ।

ਧਰਮ ਅਤੇ ਲੋਕਤੰਤਰ ਨੂੰ ਅਲੱਗ ਕਰਨ ਲਈ ਯਤਨਸ਼ੀਲ ਹੋਣ ਦੀ ਜ਼ਰੂਰਤ ਹੈ ਇਸ ਵੇਲੇ, ਕਿਉਂਕਿ ਇਸ ਤੋਂ ਬਿਨਾਂ ਲੋਕ ਮਸਲਿਆਂ ਦਾ ਹੱਲ ਹੋਣਾ ਕਤਈ ਸੰਭਵ ਨਹੀਂ।ਲੋਕਤੰਤਰ ਨੂੰ ਜਿਉਂਦਾ ਰੱਖਣ ਲਈ ਸੁਹਿਰਦ ਨਾਗਰਿਕਾਂ ਨੂੰ ਅੱਗੇ ਆਉਣਾ ਪਵੇਗਾ ਅਤੇ ਲੋਕਾਂ ਨੂੰ ਲੋਕਤੰਤਰ ਦਾ ਅਸਲ ਮਤਲਬ ਸਮਝਾਉਣਾ ਪਵੇਗਾ।

**# ਸੰਪਰਕ : 99148-03345**

# ਬਿਜਲੀ ਕਾਮਿਆਂ ਵੱਲੋਂ ਸਮੂਹਿਕ ਛੁੱਟੀ ਲੈ ਕੇ ਤੀਜੇ ਦਿਨ ਵੀ ਰੋਸ ਪ੍ਰਦਰਸ਼ਨ


ਰਾਜਪੁਰਾ


ਤਲਵੰਡੀ ਸਾਬੋ


ਜਲਾਲਾਬਾਦ



ਪਟਿਆਲਾ

**ਰਾਜਪੁਰਾ (ਰਮੇਸ਼ ਕਟਾਰੀਆ)**

ਸਾਂਝੇ ਥੜੇ ਦੇ ਸੱਦੇ ਉੱਤੇ ਪੀ ਐੱਸ ਈ ਬੀ ਇੰਪਲਾਈਜ਼ ਫੈਡਰੇਸ਼ਨ ਏਟਕ ਐਡਹਾਕ ਕਮੇਟੀ ਪੰਜਾਬ ਡਵੀਜ਼ਨ ਰਾਜਪੁਰਾ ਤੇ ਪਾਵਰਕਾਮ ਟਰਾਂਸਕੋ ਪੈਨਸ਼ਨ ਯੂਨੀਅਨ ਏਟਕ ਪੰਜਾਬ ਡਵੀਜ਼ਨ ਰਾਜਪੁਰਾ ਵੱਲੋਂ ਮਾਸ ਲੀਵ ਭਰਨ ਉਪਰੰਤ ਰਾਜਪੁਰਾ ਡਵੀਜ਼ਨ ਦੇ ਮੇਨ ਗੇਟ ਉੱਤੇ ਤੀਜੇ ਦਿਨ ਵੀ ਰੋਸ ਰੈਲੀ ਕੀਤੀ ਗਈ।ਇਸ ਰੋਸ ਰੈਲੀ ਦੀ ਪ੍ਰਧਾਨਗੀ ਸਾਥੀ ਕੁਲਦੀਪ ਸਿੰਘ ਡਵੀਜ਼ਨ ਪ੍ਰਧਾਨ ਤੇ ਪੈਨਸ਼ਨਰ ਯੂਨੀਅਨ ਮੀਤ ਪ੍ਰਧਾਨ ਸਾਥੀ ਮੀਤ ਪ੍ਰਧਾਨ ਮੰਗਤ ਸਿੰਘ ਦੇ ਪ੍ਰਧਾਨਗੀ ਮੰਡਲ ਵੱਲੋਂ ਕੀਤੀ ਗਈ।ਇਸ ਰੋਸ ਰੈਲੀ ਵਿੱਚ ਕੌਮੀ ਆਗੂ ਸਾਥੀ ਹਰਭਜਨ ਸਿੰਘ ਪਿਲਖਣੀ, ਐਡਹਾਕ ਕਮੇਟੀ ਦੇ ਜਨਰਲ ਸਕੱਤਰ ਸਾਥੀ ਬਲਜੀਤ ਕੁਮਾਰ, ਪਾਵਰਕਾਮ ਟਰਾਂਸਕੋ ਪੈਨਸ਼ਨਰ ਯੂਨੀਅਨ ਏਟਕ ਪੰਜਾਬ ਦੇ ਮੀਤ ਪ੍ਰਧਾਨ ਸਾਥੀ ਰਜਿੰਦਰ ਸਿੰਘ ਵਿਸ਼ੇਸ਼ ਤੌਰ 'ਤੇ ਪਹੁੰਚੇ।ਬੁਲਾਰੇ ਸਾਥੀਆਂ ਨੇ ਦੱਸਿਆ ਕਿ ਪੰਜਾਬ ਸਰਕਾਰ ਤੇ ਮੈਨੇਜਮੈਂਟ ਵਾਰ-ਵਾਰ ਮੰਗਾਂ ਮੰਨ ਕੇ ਲਾਗੂ ਨਹੀਂ ਕਰ ਰਹੀ। ਸਾਡੀਆਂ ਮੰਗਾਂ ਜਿਵੇਂ ਕਿ ਪੈਨਸ਼ਨਰਾਂ ਅਤੇ ਮੁਲਾਜ਼ਮਾਂ ਦਾ ਬਕਾਇਆ ਡੀ ਏ, 17.07.2020 ਵਾਲਾ ਮੁਲਾਜ਼ਮ ਮਾਰੂ ਪੱਤਰ ਰੱਦ ਕਰਨਾ, ਆਰ ਟੀ ਐਮਾਂ ਨੂੰ ਇੱਕੋ ਤਰਜ਼ 'ਤੇ 35400 ਵਾਲਾ ਸਕੇਲ ਦੇਣਾ, ਨਵੀਂ ਰੈਗੂਲਰ ਭਰਤੀ ਕਰਨਾ, ਤਰਸ ਦੇ ਅਧਾਰ 'ਤੇ ਨੌਕਰੀਆਂ ਦੇਣਾ ਤੇ ਹੋਰ ਵਾਜਿਬ ਮੰਗਾਂ ਮੰਨਣ ਤੋਂ ਟਾਲ ਮਟੋਲ ਕਰ ਰਹੀ ਹੈ, ਜਿਹੜਾ ਕਿ ਕਦੀ ਵੀ ਬਰਦਾਸ਼ਤ ਨਹੀਂ ਕੀਤਾ ਜਾਏਗਾ।ਬੁਲਾਰਿਆਂ ਨੇ ਪੰਜਾਬ ਸਰਕਾਰ ਤੇ ਮੈਨੇਜਮੈਂਟ ਨੂੰ ਅਪੀਲ ਕੀਤੀ ਕਿ ਅੜੀਅਲ ਵਤੀਰੇ ਨੂੰ ਛੱਡ ਕੇ ਮਸਲਿਆਂ ਨੂੰ ਗੱਲਬਾਤ ਰਾਹੀਂ ਹੱਲ ਕੀਤਾ ਜਾਵੇ।ਸਰਕਲ ਪ੍ਰਧਾਨ ਸਾਥੀ ਗੁਰਦਿਆਲ ਸਿੰਘ ਬੱਬੂ ਨੇ ਮੈਨੇਜਮੈਂਟ ਤੇ ਸਰਕਾਰ ਨੂੰ ਚਿਤਾਵਨੀ ਦਿੰਦੇ ਹੋਏ ਕਿਹਾ ਕਿ ਜੇਕਰ ਮੰਨੀਆਂ ਮੰਗਾਂ ਲਾਗੂ ਨਾ ਕੀਤੀਆਂ ਤਾਂ ਮਾਸ ਲੀਵ ਦਾ ਸੰਘਰਸ਼ ਅੱਗੇ ਵਧਾਇਆ ਜਾਵੇਗਾ।ਪਟਿਆਲਾ ਸਰਕਲ ਦੇ ਸਾਥੀ ਸਮੁੱਚੇ ਸਾਥੀਆਂ ਵੱਲੋਂ ਇਹ ਸੰਘਰਸ਼ ਤਨਦੇਹੀ ਨਾਲ ਲਾਗੂ ਕੀਤਾ ਜਾ ਰਿਹਾ ਹੈ।ਕੱਲ੍ਹ ਨੂੰ ਵੀ ਰਾਜਪੁਰਾ ਡਵੀਜ਼ਨ ਦੇ ਮੇਨ ਗੇਟ ਉੱਤੇ ਰੋਸ ਰੈਲੀ ਕੀਤੀ ਜਾਵੇਗੀ।ਇਸ ਰੋਸ ਰੈਲੀ ਵਿੱਚ ਰਾਜਪੁਰਾ ਦੇ ਵਰਕਿੰਗ ਪ੍ਰਧਾਨ ਹਰਦੀਪ ਸਿੰਘ, ਸੁਖਦੇਵ ਸਿੰਘ, ਡਵੀਜ਼ਨ ਆਗੂ ਬਲਵੀਰ ਸਿੰਘ, ਨਰਿੰਦਰ ਮੰਨੋਗੀ, ਜਗਵਿੰਦਰ ਸਿੰਘ, ਦਿਨੇਸ਼ ਕੁਮਾਰ, ਜਗਦੀਪ ਸਿੰਘ ਕਾਕਾ, ਨਵਦੀਪ ਸਿੰਘ, ਅਤਿੰਦਰਪਾਲ ਸਿੰਘ, ਕੰਵਲਜੀਤ ਸਿੰਘ, ਪੈਨਸ਼ਨਰ ਆਗੂ ਚਰਨ ਸਿੰਘ ਤੋਂ ਇਲਾਵਾ ਹੋਰ ਆਗੂ ਸਾਹਿਬਾਨਾਂ ਤੇ ਮੈਂਬਰਾਂ ਨੇ ਹਿੱਸਾ ਲਿਆ।ਸਟੇਜ ਦੀ ਕਾਰਵਾਈ ਸਾਥੀ ਜਗਜੀਤ ਸਿੰਘ ਸਕੱਤਰ ਡਵੀਜ਼ਨ ਰਾਜਪੁਰਾ ਵੱਲੋਂ ਬਾਖ਼ੂਬੀ ਨਿਭਾਈ ਗਈ।ਪ੍ਰਧਾਨਗੀ ਮੰਡਲ ਵੱਲੋਂ ਪਹੁੰਚੇ ਸਾਥੀਆਂ ਦਾ ਧੰਨਵਾਦ ਕੁਲਦੀਪ ਸਿੰਘ ਡਵੀਜ਼ਨ ਪ੍ਰਧਾਨ ਵੱਲੋਂ ਕੀਤਾ ਗਿਆ।


ਮੁਕਤਸਰ ਸਾਹਿਬ


ਮਾਨਸਾ

**ਤਲਵੰਡੀ ਸਾਬੋ (ਜਗਦੀਪ ਗਿੱਲ)** : ਪੰਜਾਬ ਰਾਜ ਪਾਵਰਕਾਮ ਪਾਵਰ ਕਾਰਪੋਰੇਸ਼ਨ ਵੱਲੋਂ ਪੀਐੱਸਈਬੀ ਇੰਪਲਾਈ ਜੋਇੰਟ ਫੋਰਮ, ਬਿਜਲੀ ਮੁਲਾਜ਼ਮ ਏਕਤਾ ਮੰਚ, ਏ ਓ ਜੇਈ, ਐੱਮ ਯੂ ਓ ਅਤੇ ਸ਼ਾਮਲ ਵੱਖ-ਵੱਖ ਜਥੇਬੰਦੀਆਂ ਦੇ ਸਮੂਹ ਮੁਲਾਜ਼ਮਾਂ ਵੱਲੋਂ ਲਗਾਤਾਰ ਤੀਜੇ ਦਿਨ ਮਾਸ ਲੀਵ ਭਰ ਕੇ ਵਿਸ਼ਾਲ ਧਰਨਾ ਦਿੱਤਾ ਗਿਆ। ਅੱਜ ਸਬ ਡਵੀਜ਼ਨ ਵਿਖੇ ਓਸ ਸਮੇਂ ਮੁਲਾਜ਼ਮਾਂ ਨੂੰ ਭਾਰੀ ਉਤਸ਼ਾਹ ਮਿਲਿਆ, ਜਦੋਂ ਭਾਰਤੀ ਕਿਸਾਨ ਯੂਨੀਅਨ ਉਗਰਾਹਾਂ ਜਥੇਬੰਦੀ ਵੱਲੋਂ ਧਰਨੇ ਵਿੱਚ ਸ਼ਮੂਲੀਅਤ ਕੀਤੀ ਗਈ ਅਤੇ ਪ੍ਰਧਾਨ ਜਗਦੇਵ ਸਿੰਘ ਜੋਗੇਵਾਲਾ ਵੱਲੋਂ ਸੰਬੋਧਨ ਕੀਤਾ ਗਿਆ ਤੇ ਬਿਜਲੀ ਮੁਲਾਜ਼ਮਾਂ ਨਾਲ ਸੰਘਰਸ਼ ਵਿੱਚ ਡੱਟ ਕੇ ਸਾਥ ਦੇਣ ਦਾ ਭਰੋਸਾ ਦਿੱਤਾ। ਬਿਜਲੀ ਬੋਰਡ ਦੇ ਸਮੂਹ ਮੁਲਾਜ਼ਮਾਂ ਵੱਲੋਂ 21 ਤੇ 22 ਦੀ ਸਮੂਹਕ ਛੁੱਟੀ 'ਤੇ ਚਲੇ ਜਾਣ ਤੋਂ ਬਾਅਦ 23-24 ਜੁਲਾਈ ਤੱਕ ਸੰਘਰਸ਼ ਨੂੰ ਅੱਗੇ ਵਧਾ ਦਿੱਤਾ ਗਿਆ, ਜੇਕਰ ਬਿਜਲੀ ਮੁਲਾਜ਼ਮਾਂ ਦੀਆਂ ਮੰਗਾਂ ਦਾ ਕੋਈ ਹੱਲ ਨਾ ਕੀਤਾ ਗਿਆ ਤਾਂ ਇਹ ਅਣਮਿੱਥੇ ਸਮੇਂ ਲਈ ਹੜਤਾਲ ਕਰਨ ਲਈ ਮਜਬੂਰ ਹੋਣਗੇ। ਅੱਜ ਦੇ ਧਰਨੇ ਵਿੱਚ ਟੀ ਐੱਸ ਯੂ ਦੇ ਸਰਕਲ ਸਕੱਤਰ ਬੇਅੰਤ ਸਿੰਘ ਤੇ ਜ਼ੋਨ ਆਗੂ ਗੁਰਲਾਭ ਸਿੰਘ ਨ ਮੰਗਾਂ ਬਾਰੇ ਸਾਥੀਆਂ ਨੂੰ ਜਾਣੂ ਕਰਵਾਇਆ। ਅੱਜ ਦੇ ਧਰਨੇ ਵਿੱਚ ਸ਼ਾਮਲ ਸਾਂਝੇ ਫ਼ੋਰਮ ਦੇ ਆਗੂ ਸੁਖਵੀਰ ਸਿੰਘ, ਸੰਜੀਵ ਸ਼ਰਮਾ, ਹਰਵਿੰਦਰ ਸਿੰਘ, ਮਨਪ੍ਰੀਤ ਸਿੰਘ, ਰਾਜਦੀਪ ਸਿੰਘ, ਪ੍ਰਦੀਪ ਸਿੰਘ, ਕਰਮਜੀਤ ਜੇਈ, ਪ੍ਰਗਟ ਸਿੰਘ ਪ੍ਰਧਾਨ ਟਰਾਂਸਕੋ ਤੇ ਜਥੇਬੰਦੀਆਂ ਦੇ ਮੈਂਬਰ ਸਾਥੀ ਸ਼ਾਮਲ ਹੋਏ।

**ਜਲਾਲਾਬਾਦ (ਬਲਵਿੰਦਰ ਸਿੰਘ, ਜੀਤ ਕੁਮਾਰ)** : ਬਿਜਲੀ ਮੁਲਾਜ਼ਮਾਂ ਦੀ ਸਿਰਮੌਰ ਜਥੇਬੰਦੀ ਪੀ ਐੱਸ ਈ ਬੀ ਇੰਪਲਾਇਜ਼ ਜੁਆਇੰਟ ਫੋਰਮ, ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ, ਐਸੋਸੀਏਸ਼ਨ ਆਫ ਜੂਨੀਅਰ ਇੰਜੀਨੀਅਰਜ਼, ਗਰਿੱਡ ਸਬ ਸਟੇਸ਼ਨ ਇੰਪਲਾਈਜ਼ ਯੂਨੀਅਨ, ਮੁਲਾਜ਼ਮ ਯੂਨਾਇਟਿਡ ਔਰਗੇਨਾਈਜ਼ੇਸ਼ਨ, ਪਾਵਰਕਾਮ ਤੇ ਟਰਾਂਸਕੋ ਪੈਨਸ਼ਨਰਜ਼ ਯੂਨੀਅਨ, ਪੈਨਸ਼ਨ ਵੈੱਲਫੇਅਰ ਫੈਡਰੇਸ਼ਨ ਦੇ ਸੱਦੇ 'ਤੇ ਬਿਜਲੀ ਕਾਮਿਆਂ ਤੇ ਪੈਨਸ਼ਨਰਾਂ ਵੱਲੋਂ ਅੱਜ ਸਮੂਹਕ ਛੁੱਟੀ ਲੈ ਕੇ ਸਮੁੱਚੇ ਪੰਜਾਬ ਦਾ ਕੰਮ-ਕਾਰ ਠੱਪ ਕਰਕੇ ਜਲਾਲਾਬਾਦ ਦੇ ਮੰਡਲ ਦਫਤਰ ਅੱਗੇ ਰੈਲੀ ਕੀਤੀ ਗਈ ਤੇ ਪੰਜਾਬ ਸਰਕਾਰ ਅਤੇ ਬਿਜਲੀ ਨਿਗਮ ਦੀ ਮੈਨੇਜਮੈਂਟ ਵਿਰੁੱਧ ਜ਼ੋਰਦਾਰ ਨਾਹਰੇਬਾਜ਼ੀ ਕੀਤੀ ਗਈ।ਰੈਲੀ ਦੀ ਪ੍ਰਧਾਨਗੀ ਸੁਖਵਿੰਦਰ ਭਗਤ ਤੇ ਸਟੇਜ ਦੀ ਕਰਵਾਈ ਰੋਹਿਤ ਬਾਘਲਾ ਵੱਲੋਂ ਕੀਤੀ ਗਈ।ਸੰਘਰਸ਼ ਬਾਰੇ ਜਾਣਕਾਰੀ ਦਿੰਦਿਆਂ ਸਾਂਝੇ ਥੜੇ ਦੇ ਆਗੂਆਂ ਚੇਤਨ ਕੁਮਾਰ, ਬਲਵੀਰ ਸਿੰਘ, ਸਤਪਾਲ ਸਿੰਘ, ਧਰਮ ਦੇਵ, ਮਹੇਸ਼ ਕੁਮਾਰ, ਬੇਅੰਤ ਸਿੰਘ, ਗੁਰਵਿੰਦਰ ਕੁਮਾਰ, ਜੱਜ ਸਿੰਘ, ਸੰਦੀਪ ਸਿੰਘ ਆਦਿ ਨੇ ਦੱਸਿਆ ਕਿ ਪੰਜਾਬ ਸਰਕਾਰ ਤੇ ਬਿਜਲੀ ਨਿਗਮ ਦੀ ਮੈਨੇਜਮੈਂਟ ਪਿਛਲੇ ਲੰਮੇ ਸਮੇਂ ਤੋਂ ਬਿਜਲੀ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਅਹਿਮ ਮੰਗਾਂ/ਮਸਲਿਆਂ ਨੂੰ ਅੱਖੋਂ ਪਰੋਖੇ ਕਰਦੀ ਆ ਰਹੀ ਹੈ।ਬਿਜਲੀ ਨਿਗਮ ਅੰਦਰ ਹਜ਼ਾਰਾਂ ਅਸਾਮੀਆਂ ਖ਼ਾਲੀ ਹਨ, ਭਾਰੀ ਕੰਮ ਦੇ ਬੋਝ ਹੇਠ ਦਬੇ ਕਾਮੇ ਹਰ ਰੋਜ਼ ਹਾਦਸਿਆਂ ਦਾ ਸ਼ਿਕਾਰ ਹੋ ਰਹੇ ਹਨ, ਫਿਰ ਵੀ ਇਨ੍ਹਾਂ ਕਾਮਿਆਂ ਨੂੰ ਅਪਣੀਆਂ ਹੱਕੀਂ ਮੰਗਾਂ ਦੀ ਪ੍ਰਾਪਤੀ ਲਈ ਸੰਘਰਸ਼ ਦਾ ਰਾਹ ਅਖਤਿਆਰ ਕਰਨਾ ਪਿਆ ਹੈ।ਆਗੂਆਂ ਨੇ ਦੱਸਿਆ ਕਿ ਜਥੇਬੰਦੀ ਦੀ ਬਿਜਲੀ ਮੰਤਰੀ ਤੇ ਵਿੱਤ ਮੰਤਰੀ ਪੰਜਾਬ ਨਾਲ ਕਈ ਵਾਰ ਮੀਟਿੰਗ ਹੋਈ ਹੈ, ਪ੍ਰੰਤੂ ਮੰਗਾਂ ਮਸਲੇ ਹੱਲ ਕਰਨ ਦੀ ਬਜਾਏ ਮੈਨੇਜਮੈਂਟ ਤੇ ਸਰਕਾਰ ਵੱਲੋਂ ਨਵੇਂ ਮਸਲੇ ਪੈਦਾ ਕੀਤੇ ਜਾ ਰਹੇ ਹਨ, ਜਿਸ ਦੇ ਵਿਰੋਧ ਵਿੱਚ ਪੰਜਾਬ ਦੇ ਰੈਗੂਲਰ ਬਿਜਲੀ ਕਾਮੇ ਦੋ ਦਿਨ ਦੀ ਸਮੂਹਕ ਛੁੱਟੀ ਲੈ ਕੇ ਅਪਣਾ ਰੋਸ ਪ੍ਰਗਟ ਕਰ ਰਹੇ ਹਨ।ਆਗੂਆਂ ਨੇ ਦੱਸਿਆ ਕਿ ਅੱਜ ਸਮੁੱਚੇ ਪੰਜਾਬ ਅੰਦਰ ਲੱਗਭੱਗ 80% ਤੋਂ ਉੱਪਰ ਕਾਮੇ ਸਮੂਹਿਕ ਛੁੱਟੀ 'ਤੇ ਹਨ ਅਤੇ 23 ਤੇ 24 ਜੁਲਾਈ ਨੂੰ ਵੀ ਕਮਾਈ ਛੁੱਟੀ ਲੈ ਕੇ ਰੋਸ ਪ੍ਰਦਰਸ਼ਨ ਜਾਰੀ ਰੱਖਣਗੇ।ਆਗੂਆਂ ਨੇ ਕਿਹਾ ਕਿ ਜੇਕਰ ਪੰਜਾਬ ਸਰਕਾਰ ਤੇ ਬਿਜਲੀ ਨਿਗਮ ਦੀ ਮੈਨੇਜਮੈਂਟ ਵੱਲੋਂ ਬਿਜਲੀ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਮੰਗਾਂ/ਮਸਲਿਆਂ ਦਾ ਹੱਲ ਨਾ ਕੀਤਾ ਤਾਂ ਇਸ ਸੰਘਰਸ਼ ਨੂੰ ਅੱਗੇ ਵਧਾਇਆ ਜਾਵੇਗਾ, ਜਿਸ ਦੀ ਸਾਰੀ ਜ਼ਿੰਮੇਵਾਰੀ ਪੰਜਾਬ ਸਰਕਾਰ ਤੇ ਬਿਜਲੀ ਨਿਗਮ ਦੀ ਮੈਨੇਜਮੈਂਟ ਦੀ ਅਪਣੀ ਹੋਵੇਗੀ।

**ਪਟਿਆਲਾ (ਰਾਜਿੰਦਰ ਸਿੰਘ ਥਿੰਦ)** : ਟੈਕਨੀਕਲ ਸਰਵਿਸ ਯੂਨੀਅਨ ਦੇ ਸਰਕਲ ਪ੍ਰਧਾਨ ਹਰਜੀਤ ਸਿੰਘ ਸੇਖੋਂ ਤੇ ਸਰਕਲ ਸਹਾਇਕ ਸਕੱਤਰ ਇੰਦਰਜੀਤ ਸਿੰਘ ਨੇ ਸਾਂਝੇ ਬਿਆਨ ਵਿੱਚ ਦੱਸਿਆ ਕਿ ਪਟਿਆਲਾ ਸਰਕਲ ਦੇ ਸੈਂਕੜੇ ਬਿਜਲੀ ਕਾਮਿਆਂ ਨੇ ਟੈਕਨੀਕਲ ਸਰਵਿਸ ਯੂਨੀਅਨ ਦੇ ਸੱਦੇ 'ਤੇ ਤੀਜੇ ਦਿਨ ਹੜਤਾਲ ਕੀਤੀ।ਇਹ ਹੜਤਾਲ ਨਿੱਜੀਕਰਨ ਦੀਆਂ ਨੀਤੀਆਂ ਨੂੰ ਰੱਦ ਕਰਨ ਲਈ ਮਿਤੀ 17—07—20 ਦੇ ਪੱਤਰ ਨੂੰ ਰੱਦ ਕਰਕੇ ਬਿਜਲੀ ਕਾਮਿਆਂ ਨੂੰ 7ਵੇਂ ਪੇਅ ਕਮਿਸ਼ਨ ਦੀ ਥਾਂ 6ਵਾਂ ਪੇ ਕਮਿਸ਼ਨ ਦਿੱਤਾ ਜਾਵੇ।ਕੱਚੇ ਕਾਮਿਆਂ ਨੂੰ ਪੱਕਾ ਕੀਤਾ ਜਾਵੇ।ਸਹਾਇਕ ਲਾਇਨਮੈਨਾਂ ਨੂੰ 35400 ਸਕੇਲ ਦਿੱਤਾ ਜਾਵੇ।ਨਿੱਜੀਕਰਨ ਵਿਰੁੱਧ ਸੰਘਰਸ਼ ਕਰਦੇ ਬਨਾਰਸੀ ਦਾਸ ਸੁਪਰੀਮ ਕੋਰਟ ਦੇ ਫੈਸਲੇ ਅਨੁਸਾਰ ਬਹਾਲ ਕੀਤਾ ਜਾਵੇ।ਪੁਰਾਣੀ ਪੈਨਸ਼ਨ ਸਕੀਮ ਲਾਗੂ ਕੀਤੀ ਜਾਵੇ ਤੇ ਮੁਲਾਜ਼ਮਾਂ ਦਾ ਡੀ.ਏ. 60% ਕੀਤਾ ਜਾਵੇ ਆਦਿ ਮੰਗਾਂ ਨੂੰ ਲੈ ਕੇ ਸਮੂਹਕ ਛੁੱਟੀ ਭਰ ਕੇ ਕੰਮ ਜਾਮ ਕੀਤਾ।ਇਸ ਧਰਨੇ ਵਿੱਚ 400 ਤੋਂ ਵੱਧ ਸਾਥੀਆਂ ਨੇ ਹਿੱਸਾ ਲਿਆ।ਇਸ ਧਰਨੇ ਨੂੰ ਟੀ.ਐੱਸ.ਯੂ. ਵੱਲੋਂ ਹਰਜੀਤ ਸਿੰਘ, ਇੰਦਰਜੀਤ ਸਿੰਘ, ਭਗਵਾਨ ਸਿੰਘ, ਕਰਮਜੀਤ ਸਿੰਘ, ਵਿਜੇ ਦੇਵ, ਗੁਰਦੀਪ ਸਿੰਘ ਆਦਿ ਆਗੂਆਂ ਨੇ ਸੰਬੋਧਨ ਕੀਤਾ। ਭਰਾਤਰੀ ਜਥੇਬੰਦੀ ਸੀ.ਐੱਚ.ਬੀ. ਯੂਨੀਅਨ ਵੱਲੋਂ ਦਿਲਪ੍ਰੀਤ ਸਿੰਘ, ਬਿੱਕਰ ਖਾਨ, ਦਵਿੰਦਰ ਸਿੰਘ ਹੈਪੀ, ਤੇ ਮੰਗਲ ਸਿੰਘ ਨੇ ਸੰਬੋਧਨ ਕੀਤਾ।ਭਰਾਤਰੀ ਜਥੇਬੰਦੀ ਸੀ.ਐੱਚ.ਬੀ. ਨੇ ਕਿਹਾ ਕਿ ਜੇਕਰ ਲੋੜ ਪਈ ਤਾਂ ਸੀ.ਐੱਚ.ਬੀ. ਯੂਨੀਅਨ ਟੀ.ਐੱਸ.ਯੂ. ਦੇ ਮੋਢੇ ਨਾਲ ਮੋਢਾ ਲਾ ਕੇ ਖੜੇਗੀ।

**ਸ੍ਰੀ ਮੁਕਤਸਰ ਸਾਹਿਬ (ਕੁਲਭੂਸ਼ਨ ਚਾਵਲਾ)** : ਪੀ.ਐੱਸ.ਈ.ਬੀ. ਇੰਪਲਾਈਜ਼ ਜੁਆਇੰਟ ਫੋਰਮ, ਬਿਜਲੀ ਮੁਲਾਜ਼ਮ ਏਕਤਾ ਮੰਚ (ਪੰਜਾਬ), ਐਸੋਸੀਏਸ਼ਨ ਆਫ਼ ਜੂਨੀਅਰ ਇੰਜੀਨੀਅਰਜ਼, ਗਰਿੱਡ ਸਬ-ਸਟੇਸ਼ਨ ਇੰਪਲਾਈਜ਼ ਯੂਨੀਅਨ (ਰਜਿ:) ਪਾਵਰਕਾਮ ਤੇ ਟਰਾਂਸਮਿਸ਼ਨ ਯੂਨੀਅਨ (ਹੈੱਡ) ਪੈਨਸ਼ਨਰਜ਼ ਫੈਡਰੇਸ਼ਨ ਐਂਡ ਪੈਨਸ਼ਨਰਜ਼ (ਪਰਿਵਾਰ) ਮੁਲਾਜ਼ਮ ਕੋਆਰਡੀਨੇਸ਼ਨ ਆਰਗੇਨਾਈਜ਼ੇਸ਼ਨ ਦੀ ਅਗਵਾਈ ਹੇਠ ਬਿਜਲੀ ਕਾਮਿਆਂ ਵੱਲੋਂ ਦੂਜੇ ਦਿਨ ਵੀ ਸਰਕਲ ਦਫਤਰ ਮੂਹਰੇ ਰੋਸ ਮੁਜ਼ਾਹਰਾ ਕੀਤਾ ਗਿਆ।ਰੋਸ ਧਰਨੇ ਨੂੰ ਸੰਬੋਧਨ ਕਰਦਿਆਂ ਸਟੇਟ ਆਗੂ ਚਰਨਜੀਤ ਸ਼ਰਮਾ, ਜਗਦੀਸ਼ ਸਿੰਘ, ਧਰਮਿੰਦਰ ਸਿੰਘ, ਰਾਣਾ ਸਿੰਘ, ਸੁਖਦੇਵ ਸਿੰਘ, ਗੁਰਦੀਪ ਸਿੰਘ, ਅਮਰਜੀਤ ਸ਼ਰਮਾ, ਬਲਦੇਵ ਸਿੰਘ ਢੋਲਣ, ਗੁਰਵਿੰਦਰ ਸਿੰਘ, ਮਨੋਜ ਸਿੰਘ, ਪੂਨਮ ਕੁਮਾਰ, ਗੁਰਪ੍ਰੀਤ ਸਿੰਘ, ਇੰਦਰਜੀਤ ਸਿੰਘ ਆਦਿ ਆਗੂਆਂ ਨੇ ਕਿਹਾ ਕਿ ਬਿਜਲੀ ਬੋਰਡ ਦੀਆਂ ਮੈਨੇਜਮੈਂਟਾਂ, ਪੰਜਾਬ ਸਰਕਾਰ ਨਾਲ ਲਗਾਤਾਰ 4-5 ਵਾਰ ਤੋਂ ਵੱਧ ਮੀਟਿੰਗਾਂ ਹੋ ਚੁੱਕੀਆਂ ਹਨ।ਮੰਗਾਂ ਪ੍ਰਵਾਨ ਵੀ ਕਰ ਲਈਆਂ ਹਨ ਤੇ ਇਸ ਦੇ ਬਾਵਜੂਦ ਲਾਗੂ ਨਹੀਂ ਕੀਤੀਆਂ। ਇਸ ਲਈ ਆਉਣ ਵਾਲੇ ਦਿਨਾਂ ਵਿੱਚ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ ਤੇ ਸਮੂਹਕ ਛੁੱਟੀ ਵਿੱਚ ਵਾਧਾ ਕਰਨ ਦੇ ਨਾਲ-ਨਾਲ ਹੋਰ ਵੀ ਤਿੱਖੇ ਸੰਘਰਸ਼ ਕੀਤੇ ਜਾਣਗੇ।

**ਮਾਨਸਾ (ਆਤਮਾ ਸਿੰਘ ਪਮਾਰ)** : ਵੰਡ ਉਪ ਮੰਡਲ ਸਬ ਡਵੀਜ਼ਨ ਪੀ.ਐੱਸ.ਪੀ.ਸੀ.ਐੱਲ. ਜੋਗਾ ਵਿਖੇ ਬਿਜਲੀ ਬੋਰਡ ਹੁਣ ਪਾਵਰਕਾਮ ਦੀਆਂ ਸਮੂਹ ਜਥੇਬੰਦੀਆਂ ਵੱਲੋਂ ਪੰਜਾਬ ਸਰਕਾਰ ਤੇ ਬਿਜਲੀ ਨਿਗਮ ਦੀ ਮੈਨੇਜਮੈਂਟ ਵੱਲੋਂ ਬਿਜਲੀ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਜਾਇਜ਼ ਮੰਗਾਂ/ਮਸਲਿਆਂ ਸਬੰਧੀ ਲਗਾਤਾਰ ਕੀਤੀ ਜਾ ਰਹੀ ਅਣਦੇਖੀ ਦੇ ਰੋਸ ਵਜੋਂ ਪੀ.ਐੱਸ.ਈ.ਬੀ. ਇੰਪਲਾਈਜ਼ ਜੁਆਇੰਟ ਫੋਰਮ, ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ, ਐਸੋਸੀਏਸ਼ਨ ਆਫ ਜੂਨੀਅਰ ਇੰਜੀਨੀਅਰਜ਼ ਗਰਿੱਡ ਸਬ ਸਟੇਸ਼ਨ ਇੰਪਲਾਈਜ਼ ਯੂਨੀਅਨ ਪਾਵਰਕਾਮ ਤੇ ਟਰਾਂਸਕੋ ਪੈਨਸ਼ਨ ਯੂਨੀਅਨ ਏਟਕ, ਪੈਨਸ਼ਨ ਵੈੱਲਫੇਅਰ ਫੈਡਰੇਸ਼ਨ ਪਹਿਲਵਾਨ ਤੇ ਮੁਲਾਜ਼ਮ ਯੂਨਾਈਟਡ ਔਰਗਨਾਈਜੇਸ਼ਨ (ਐੱਮ. ਯੂ. ਓ.) ਦੇ ਸੱਦੇ 'ਤੇ ਸਮੂਹਕ ਛੁੱਟੀ ਦੌਰਾਨ ਤੀਜੇ ਦਿਨ ਵੀ ਸਰਕਾਰ ਤੇ ਪੀ.ਐੱਸ.ਪੀ. ਸੀ.ਐੱਲ. ਮੈਨੇਜਮੈਂਟ ਵਿਰੁੱਧ ਰੋਸ ਪ੍ਰਦਰਸ਼ਨ ਤੇ ਨਾਅਰੇਬਾਜ਼ੀ ਕਰਕੇ ਪਿੱਟ ਸਿਆਪਾ ਕੀਤਾ।ਇਸ ਵਿਸ਼ਾਲ ਧਰਨੇ ਦੌਰਾਨ ਮੁੱਖ ਬੁਲਾਰੇ ਸਬ ਡਵੀਜ਼ਨ ਪ੍ਰਧਾਨ ਸੰਦੀਪ ਮੱਤੀ ਇੰਪਲਾਈਜ਼ ਫੈਡਰੇਸ਼ਨ ਪਹਿਲਵਾਨ, ਬਲਵੀਰ ਸਿੰਘ ਜੋਗਾ ਸੀਨੀਅਰ ਮੀਤ ਪ੍ਰਧਾਨ ਐੱਮ.ਯੂ.ਓ., ਸੁਖਵਿੰਦਰ ਸਿੰਘ ਕੋਟੜਾ ਸ/ਡ ਪ੍ਰਧਾਨ ਐੱਮ.ਓ.ਯੂ., ਸਵਰਨ ਸਿੰਘ ਸਰਕਲ ਆਗੂ ਏਟਕ, ਰਾਜਵਿੰਦਰਦਾਸ ਆਗੂ ਪੈਨਸ਼ਨਰ ਯੂਨੀਅਨ, ਇੰਜ: ਜਸਪਾਲ ਸਿੰਘ ਫੋਰਮੈਨ, ਨਾਹਰ ਸਿੰਘ ਸਰਕਲ ਆਗੂ ਏਟਕ, ਜਸਵੀਰ ਸਿੰਘ ਢਿੱਲੋਂ ਸੀ. ਐੱਚ. ਆਗੂ ਤੇ ਭੁਪਿੰਦਰ ਵਾਲੀਆ ਆਪਣੇ ਵਿਚਾਰ ਪੇਸ਼ ਕਰਦੇ ਹੋਏ ਕਿਹਾ ਕਿ ਜੇਕਰ ਪੰਜਾਬ ਸਰਕਾਰ ਤੇ ਬਿਜਲੀ ਬੋਰਡ ਮੈਨੇਜਮੈਂਟ ਸਾਡੀਆਂ ਹੱਕੀ ਮੰਗਾਂ ਪੂਰੀਆਂ ਨਹੀਂ ਕਰਦੀ ਤਾਂ ਜਥੇਬੰਦੀਆਂ ਦੇ ਫੈਸਲੇ ਅਨੁਸਾਰ ਭਰਾਤਰੀ ਜਥੇਬੰਦੀਆਂ ਨੂੰ ਨਾਲ ਲੈ ਕੇ ਸੰਘਰਸ਼ ਹੋਰ ਤਿੱਖਾ ਕੀਤਾ ਜਾਵੇਗਾ। ਪ੍ਰੈੱਸ ਸਕੱਤਰ ਡਵੀਜ਼ਨ ਤੇ ਸਰਕਲ ਕਮੇਟੀ ਬਠਿੰਡਾ ਕ੍ਰਿਸ਼ਨ ਮਾਨਬੀਬੜੀਆਂ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਪੰਜਾਬ ਸਰਕਾਰ ਨੇ ਹਮੇਸ਼ਾ ਹੀ ਬਿਜਲੀ ਬੋਰਡ ਕਰਮਚਾਰੀਆਂ ਨੂੰ ਅਣਗੌਲਿਆ ਕੀਤਾ ਹੈ।ਉਨ੍ਹਾਂ ਕਿਹਾ ਕਿ ਕੱਲ੍ਹ ਨੂੰ ਵੀ ਜਥੇਬੰਦੀਆਂ ਵੱਲੋਂ ਰੋਸ ਧਰਨਾ ਇਸੇ ਤਰ੍ਹਾਂ ਜਾਰੀ ਰਹੇਗਾ। ਇਸ ਮੌਕੇ ਇੰਜ: ਮੱਖਣ ਲਾਲ ਜੇ ਈ, ਜਸਪ੍ਰੀਤ ਸਿੰਘ, ਗੁਰਮੀਤ ਸਿੰਘ ਰੜ ਟੀ.ਐੱਸ.ਯੂ. ਆਦਿ ਆਗੂ ਹਾਜ਼ਰ ਸਨ।

## ਕਾਤਰਾਂ

### ਬਾਰਡਰ ਐੱਮ ਯੂ ਐੱਨ 2.0 ਦਾ ਆਯੋਜਨ 25 ਤੇ 26 ਨੂੰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਡੀ ਸੀ ਐੱਮ ਗਰੁੱਪ ਆਫ਼ ਸਕੂਲਜ਼ ਵੱਲੋਂ 80 ਸਾਲ ਪੂਰੇ ਕਰਨ ਦੇ ਸੰਬੰਧ 'ਚ ਬਾਰਡਰ ਐੱਮ ਯੂ ਐੱਨ. 2.0 'ਫਰਾਮ ਬੈਟਲ ਫੀਲਡ ਟੂ ਬੋਰਡਰੂਮਜ਼' ਦਾ ਆਯੋਜਨ ਕੀਤਾ ਜਾ ਰਿਹਾ ਹੈ, ਜਿਸ ਦਾ ਥੀਮ 'ਵਰਲਡ ਇਨ ਕੰਫਲਿਕਟ ਫਰਾਮ ਵੈਸਟ ਏਸ਼ੀਆ ਟੂ ਦ ਇੰਡੋ ਪੈਸੀਫਿਕ' ਰੱਖਿਆ ਗਿਆ ਹੈ। ਦੋ ਰੋਜ਼ਾ ਇਸ ਪ੍ਰੋਗਰਾਮ 'ਚ ਵਿਦਿਆਰਥੀਆਂ ਵੱਲੋਂ ਇਜ਼ਰਾਈਲ-ਹਮਾਸ ਟਕਰਾਅ, ਰੂਸ-ਯੂਕ੍ਰੇਨ ਕੰਫਲਿਕਟ, ਈਰਾਨ-ਇਜ਼ਰਾਈਲ ਟੈਂਸ਼ਨ, ਚੀਨ-ਤਾਈਵਾਨ ਕੰਫਲਿਕਟ ਤੋਂ ਇਲਾਵਾ ਗਲੋਬਲ ਵਾਰ 'ਤੇ ਖੁੱਲ੍ਹ ਕੇ ਚਰਚਾ ਕੀਤੀ ਜਾਵੇਗੀ।

### ਸਫਾਈ ਕ੍ਰਮਚਾਰੀਆਂ ਦੇ ਮਸਲੇ ਦਾ ਜਲਦੀ ਹੱਲ ਹੋਵੇ : ਪ੍ਰਮੋਦ ਗੁਪਤਾ



**ਧੂਰੀ (ਮਨੋਹਰ ਸਿੰਘ ਸੱਗੂ)**-ਪੰਜਾਬ ਪ੍ਰਦੇਸ਼ ਪ੍ਰਚੂਨ ਤੇ ਥੋਕ ਕਰਿਆਨਾ ਐਸੋਸੀਏਸ਼ਨ ਦੇ ਪ੍ਰਧਾਨ ਪ੍ਰਮੋਦ ਗੁਪਤਾ ਨੇ ਸਫਾਈ ਕ੍ਰਮਚਾਰੀਆਂ ਦੇ ਚੱਲ ਰਹੇ ਅੰਦੋਲਨ 'ਤੇ ਚਿੰਤਾ ਜਤਾਉਂਦਿਆਂ ਸਰਕਾਰ ਨੂੰ ਉਨ੍ਹਾਂ ਦੇ ਪ੍ਰਤੀਨਿਧੀਆਂ ਨਾਲ ਜਲਦੀ ਗੱਲਬਾਤ ਕਰਕੇ ਸਥਾਈ ਹੱਲ ਕੱਢਣ ਦੀ ਅਪੀਲ ਕੀਤੀ ਹੈ।ਉਨ੍ਹਾਂ ਕਿਹਾ ਕਿ ਸਫਾਈ ਸਿਰਫ਼ ਇੱਕ ਵਿਭਾਗ ਦਾ ਨਹੀਂ, ਸਗੋਂ ਪੂਰੇ ਸਮਾਜ ਦੀ ਸਿਹਤ, ਵਾਤਾਵਰਨ ਅਤੇ ਵਪਾਰ ਨਾਲ ਜੁੜਿਆ ਮੁੱਦਾ ਹੈ।ਉਨ੍ਹਾਂ ਕਿਹਾ ਕਿ ਬਰਸਾਤ ਦੇ ਮੌਸਮ ਵਿੱਚ ਕੂੜੇ ਦੇ ਢੇਰ ਬਿਮਾਰੀਆਂ ਦਾ ਖ਼ਤਰਾ ਵਧਾ ਸਕਦੇ ਹਨ, ਜਿਸ ਦਾ ਅਸਰ ਆਮ ਲੋਕਾਂ ਅਤੇ ਕਾਰੋਬਾਰਾਂ 'ਤੇ ਪੈਂਦਾ ਹੈ।ਗੁਪਤਾ ਨੇ ਕਿਹਾ ਕਿ ਸਫਾਈ ਕਰਮਚਾਰੀਆਂ ਦੀਆਂ ਜਾਇਜ਼ ਮੰਗਾਂ 'ਤੇ ਸੰਵੇਦਨਸ਼ੀਲਤਾ ਨਾਲ ਵਿਚਾਰ ਹੋਣਾ ਚਾਹੀਦਾ ਹੈ, ਨਾਲ ਹੀ ਨਾਗਰਿਕਾਂ ਨੂੰ ਜ਼ਰੂਰੀ ਸੇਵਾਵਾਂ ਵੀ ਮਿਲਦੀਆਂ ਰਹਿਣ।ਉਨ੍ਹਾਂ ਕਿਹਾ ਕਿ ਸਰਕਾਰ, ਪ੍ਰਸ਼ਾਸਨ, ਕ੍ਰਮਚਾਰੀ ਤੇ ਵਪਾਰਕ ਜਥੇਬੰਦੀਆਂ ਆਪਸੀ ਸਹਿਯੋਗ ਨਾਲ ਅਜਿਹਾ ਹੱਲ ਲੱਭਣ, ਜੋ ਕ੍ਰਮਚਾਰੀਆਂ ਦੀ ਇੱਜ਼ਤ, ਜਨਤਕ ਸਿਹਤ ਅਤੇ ਕਾਨੂੰਨ-ਵਿਵਸਥਾ ਨੂੰ ਬਰਕਰਾਰ ਰੱਖੇ।

# ਸਫ਼ਾਈ ਸੇਵਕਾਂ 'ਤੇ ਲਾਠੀਚਾਰਜ ਵਿਰੁੱਧ ਵੱਖ-ਵੱਖ ਥਾਈਂ ਪੁਤਲਾ ਫੂਕ ਪ੍ਰਦਰਸ਼ਨ


ਰਾਏਕੋਟ


ਮੋਗਾ


ਭੀਖੀ


ਭਵਾਨੀਗੜ੍ਹ

**ਰਾਏਕੋਟ (ਸੰਤੋਖ ਗਿੱਲ)**-ਬਰਨਾਲਾ ਵਿੱਚ ਆਪਣੀਆਂ ਮੰਗਾਂ ਨੂੰ ਲੈ ਕੇ ਪ੍ਰਦਰਸ਼ਨ ਕਰ ਰਹੇ ਸਫ਼ਾਈ ਕਰਮਚਾਰੀਆਂ 'ਤੇ ਵਹਿਸ਼ੀਆਨਾ ਲਾਠੀਚਾਰਜ ਵਿਰੁੱਧ ਸਫ਼ਾਈ ਸੇਵਕ ਯੂਨੀਅਨ ਪੰਜਾਬ ਦੇ ਸੱਦੇ 'ਤੇ ਸੈਂਟਰ ਆਫ਼ ਇੰਡੀਅਨ ਟਰੇਡ ਯੂਨੀਅਨ (ਸੀਟੂ) ਵੱਲੋਂ ਸ਼ਹਿਰ ਵਿੱਚ ਰੋਸ ਪ੍ਰਦਰਸ਼ਨ ਉਪਰੰਤ ਰਾਏਕੋਟ ਦੇ ਪ੍ਰਮੁੱਖ ਤਲਵੰਡੀ ਗੇਟ ਮੁੱਖ ਮੰਤਰੀ ਭਗਵੰਤ ਮਾਨ ਦਾ ਪੁਤਲਾ ਫੂਕਿਆ।ਜ਼ੋਰਦਾਰ ਨਾਅਰੇਬਾਜ਼ੀ ਦੌਰਾਨ ਪ੍ਰਦਰਸ਼ਨਕਾਰੀਆਂ ਨੇ ਨਾਇਬ ਤਹਿਸੀਲਦਾਰ ਪਰਮਿੰਦਰ ਸਿੰਘ ਨੂੰ ਮੰਗ ਪੱਤਰ ਸੌਂਪ ਕੇ ਕਰਮਚਾਰੀਆਂ ਦੀਆਂ ਮੰਗਾਂ ਤੁਰੰਤ ਪ੍ਰਵਾਨ ਕਰਨ ਤੇ ਬਰਨਾਲਾ ਵਿੱਚ ਵਹਿਸ਼ੀਆਨਾ ਲਾਠੀਚਾਰਜ ਦੇ ਜ਼ਿੰਮੇਵਾਰ ਅਧਿਕਾਰੀਆਂ ਵਿਰੁੱਧ ਕੇਸ ਦਰਜ ਕਰਨ ਦੀ ਮੰਗ ਕੀਤੀ।ਪੰਜਾਬ ਸੀਟੂ ਦੇ ਮੀਤ ਪ੍ਰਧਾਨ ਸਾਥੀ ਦਲਜੀਤ ਕੁਮਾਰ ਗੋਰਾ, ਮਨਰੇਗਾ ਮਜ਼ਦੂਰ ਯੂਨੀਅਨ ਦੇ ਸੂਬਾਈ ਮੀਤ ਪ੍ਰਧਾਨ ਪ੍ਰਕਾਸ਼ ਸਿੰਘ ਬਰਮੀ ਤੇ ਸਫ਼ਾਈ ਮਜ਼ਦੂਰ ਯੂਨੀਅਨ ਦੇ ਪ੍ਰਧਾਨ ਦਵਿੰਦਰ ਬੌਬੀ ਨੇ ਦੋਸ਼ ਲਗਾਇਆ ਕਿ ਬਰਨਾਲਾ ਵਿੱਚ ਸ਼ਾਂਤਮਈ ਪ੍ਰਦਰਸ਼ਨ ਕਰ ਰਹੇ ਸਫ਼ਾਈ ਕਰਮਚਾਰੀਆਂ ਉਪਰ ਪੁਲਸ ਵੱਲੋਂ ਵਹਿਸ਼ੀਆਨਾ ਢੰਗ ਨਾਲ ਲਾਠੀਚਾਰਜ ਕੀਤਾ ਗਿਆ।ਉਨ੍ਹਾਂ ਕਿਹਾ ਕਿ ਸਰਕਾਰ ਕਰਮਚਾਰੀਆਂ ਦੀਆਂ ਸਮੱਸਿਆਵਾਂ ਦਾ ਹੱਲ ਕਰਨ ਦੀ ਥਾਂ ਦਮਨਕਾਰੀ ਰਵੱਈਆ ਅਪਣਾ ਰਹੀ ਹੈ, ਜਿਸ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਉਨ੍ਹਾਂ ਦੱਸਿਆ ਕਿ 2 ਜੁਲਾਈ ਨੂੰ ਮਾਨਸਾ ਵਿਖੇ ਸਰਕਾਰ ਨਾਲ ਹੋਈ ਮੀਟਿੰਗ ਵੀ ਬੇਸਿੱਟਾ ਰਹੀ ਤੇ ਕਰਮਚਾਰੀਆਂ ਦੀਆਂ ਮੰਗਾਂ ਦਾ ਕੋਈ ਹੱਲ ਨਹੀਂ ਨਿਕਲਿਆ।ਯੂਨੀਅਨ ਆਗੂਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਸਫ਼ਾਈ ਮਜ਼ਦੂਰਾਂ ਨੂੰ ਇਨਸਾਫ਼ ਨਾ ਦਿੱਤਾ ਤਾਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ।ਸੀਟੂ ਆਗੂਆਂ ਨੇ ਦਿੱਲੀ ਦੇ ਜੰਤਰ-ਮੰਤਰ ਉਪਰ ਵਿਦਿਆਰਥੀਆਂ ਉਪਰ ਲਾਠੀਚਾਰਜ ਤੇ ਅੱਥਰੂ ਗੈਸ ਦੇ ਗੋਲ੍ਹੇ ਸੁੱਟਣ ਦੀ ਵੀ ਜ਼ੋਰਦਾਰ ਨਿੰਦਾ ਕੀਤੀ।ਇਸ ਮੌਕੇ ਦਵਿੰਦਰ ਗਿੱਲ ਬੌਬੀ, ਮਿੰਟੂ ਨਾਹਰ ਸਮੇਤ ਹੋਰ ਆਗੂ ਮੌਜੂਦ ਸਨ।

**ਮੋਗਾ (ਇਕਬਾਲ ਸਿੰਘ ਖਹਿਰਾ)** : ਮਿਊਂਸੀਪਲ ਇੰਪਲਾਈਜ਼ ਫੈਡਰੇਸ਼ਨ ਨਗਰ ਨਿਗਮ ਮੋਗਾ ਵੱਲੋਂ 16ਵੇਂ ਦਿਨ ਕੰਮ ਛੋੜ ਹੜਤਾਲ ਜਾਰੀ ਰਹੀ, ਸਫਾਈ ਸੈਨਿਕਾਂ ਦੀਆਂ ਲੰਬੇ ਸਮੇਂ ਤੋਂ ਲਟਕਦੀ ਆ ਰਹੀਆਂ ਹੱਕੀ ਤੇ ਜਾਇਜ਼ ਮੰਗਾਂ ਨੂੰ ਮਨਵਾਉਣ ਲਈ ਸਮੂਹ ਮਿਊਂਸੀਪਲ ਕਾਮਿਆਂ ਨੇ ਇੱਕ ਵੱਡਾ ਰੋਸ ਪ੍ਰਦਰਸ਼ਨ ਕੀਤਾ।ਸਫ਼ਾਈ ਸੇਵਕ ਯੂਨੀਅਨ ਪੰਜਾਬ ਦੇ ਦਿਸ਼ਾ ਨਿਰਦੇਸ਼ ਅਨੁਸਾਰ ਪੰਜਾਬ ਸਰਕਾਰ ਦਾ ਪੁਤਲਾ ਫੂਕ ਕੇ ਰੋਹ ਭਰਪੂਰ ਨਾਰੇਬਾਜ਼ੀ ਕੀਤੀ ਗਈ।ਇਸ ਮੌਕੇ ਸਫਾਈ ਸੇਵਕ ਯੂਨੀਅਨ ਦੇ ਪ੍ਰਧਾਨ ਸੋਮਨਾਥ ਚੋਬੜ ਨੇ ਸੰਬੋਧਨ ਕਰਦਿਆਂ ਦੱਸਿਆ ਕਿ ਬਰਨਾਲਾ ਵਿਖੇ ਸਫਾਈ ਸੈਨਕਾਂ ਦੇ ਸ਼ਾਂਤਮਈ ਰੋਸ ਪ੍ਰਦਰਸ਼ਨਕਾਰੀਆਂ ਉਤੇ ਪੰਜਾਬ ਪੁਲਸ ਵੱਲੋਂ ਲਾਠੀਚਾਰਜ ਕਰਕੇ ਅੰਨ੍ਹਾ ਤਸ਼ੱਦਦ ਕੀਤਾ ਗਿਆ, ਜਿਸ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਮੋਗਾ ਨਗਰ ਨਿਗਮ ਦੇ ਸਮੂਹ ਮਿਊਂਸੀਪਲ ਕਰਮਚਾਰੀਆਂ ਨੇ ਵੱਡੀ ਗਿਣਤੀ ਵਿੱਚ ਇੱਕਠੇ ਹੋ ਕੇ ਰੋਸ ਮਾਰਚ ਕਰਦਿਆਂ ਸ਼ਾਮ ਲਾਲ ਥਾਪਰ ਚੌਂਕ ਵਿੱਚ ਪੰਜਾਬ ਸਰਕਾਰ ਦਾ ਪੁਤਲਾ ਫੂਕਿਆ ਤੇ ਪੰਜਾਬ ਸਰਕਾਰ ਨੂੰ ਇਹ ਚੇਤਾਵਨੀ ਦਿੱਤੀ ਜੇਕਰ ਸਾਡੀਆਂ ਮੰਗਾਂ ਜਲਦ ਨਾ ਮੰਨੀਆਂ ਗਈਆਂ ਤਾਂ ਅਸੀਂ ਸੰਘਰਸ਼ ਨੂੰ ਹੋਰ ਵੀ ਤਿੱਖਾ ਕਰਨ 'ਤੇ ਮਜਬੂਰ ਹੋ ਜਾਵਾਂਗੇ।ਇਸ ਪ੍ਰਦਰਸ਼ਨ ਵਿੱਚ ਨੌਜਵਾਨ ਭਾਰਤ ਸਭਾ ਤੋਂ ਜਨਰਲ ਸਕੱਤਰ ਕਰਮਜੀਤ ਮਾਣੂਕੇ, ਕਿਰਤੀ ਕਿਸਾਨ ਯੂਨੀਅਨ ਤੋਂ ਪੰਜਾਬ ਪ੍ਰਧਾਨ ਨਿਰਭੈ ਸਿੰਘ ਢੁੱਡੀਕੇ, ਪੰਜਾਬ ਸਟੂਡੈਂਟ ਯੂਨੀਅਨ ਤੋਂ ਹਰਪ੍ਰੀਤ ਢੁੱਡੀਕੇ, ਮਿਊਂਸੀਪਲ ਇੰਪਲਾਈਜ਼ ਫੈਡਰੇਸ਼ਨ ਦੇ ਪ੍ਰਧਾਨ ਜਸਵੀਰ ਸਿੰਘ ਗਿੱਲ, ਜਨਰਲ ਸਕੱਤਰ ਵਿੱਕੀ ਬੋਹਤ, ਚੇਅਰਮੈਨ ਸਿਕੰਦਰ ਗੁੱਲੂ, ਚੀਫ ਸਕੱਤਰ ਨਰੋਤਮ ਬਹੁਤ, ਕੈਸ਼ੀਅਰ ਜੋਗਿੰਦਰ ਭੁੱਲਰ, ਜਨਰਲ ਸਕੱਤਰ ਵਿਸ਼ਵਨਾਥ ਜੋਨੀ, ਚੇਅਰਮੈਨ ਰਜਿੰਦਰ ਬੋਹਤ, ਕੈਸ਼ੀਅਰ ਅਜੇ ਪੰਤਮੋਲੀ, ਚੀਫ ਸਕੱਤਰ ਰਵੀਸਾਰਵਾਨ ਤੇ ਹੋਰ ਮੁਲਾਜ਼ਮ ਸਾਥੀਆਂ ਨੇ ਹਿੱਸਾ ਲਿਆ।

**ਭੀਖੀ (ਧਰਮਵੀਰ ਸ਼ਰਮਾ)** : ਬਰਨਾਲਾ ਵਿਖੇ ਆਪਣੀਆਂ ਹੱਕੀ ਮੰਗਾਂ ਲਈ ਸ਼ਾਂਤਮਈ ਤਰੀਕੇ ਨਾਲ ਰੋਸ ਪ੍ਰਦਰਸ਼ਨ ਕਰ ਰਹੇ ਸਫ਼ਾਈ ਕਰਮਚਾਰੀਆਂ ਤੇ ਬਜ਼ੁਰਗ ਔਰਤਾਂ 'ਤੇ ਬਰਨਾਲਾ ਪੁਲਸ ਵੱਲੋਂ ਕੀਤੇ ਗਏ ਜਬਰਾਨਾ ਤੇ ਅੰਨ੍ਹੇ ਤਸ਼ੱਦਦ ਖ਼ਿਲਾਫ਼ ਨਗਰ ਪੰਚਾਇਤ ਭੀਖੀ ਦੇ ਸਫ਼ਾਈ ਸੇਵਕਾਂ ਦੀ ਹਮਾਇਤ ਵਿੱਚ ਆਲ ਇੰਡੀਆ ਸੈਂਟਰਲ ਕੌਂਸਲ ਆਫ ਟਰੇਡ ਯੂਨੀਅਨ ਤੋਂ ਇਲਾਵਾ ਵੱਖ-ਵੱਖ ਰਾਜਨੀਤਕ, ਸਮਾਜਿਕ ਕਾਰਕੁਨਾਂ ਤੇ ਟਰੇਡ ਯੂਨੀਅਨ ਦੇ ਆਗੂਆਂ ਨੇ ਰੋਸ ਪ੍ਰਦਰਸ਼ਨ ਕਰਦੇ ਹੋਏ ਪੰਜਾਬ ਸਰਕਾਰ ਦਾ ਪੁਤਲਾ ਫੂਕਿਆ। ਇਸ ਮੌਕੇ ਆਲ ਇੰਡੀਆ ਸੈਂਟਰਲ ਕੌਂਸਲ ਆਫ਼ ਟਰੇਡ ਯੂਨੀਅਨਜ਼ ਦੇ ਕੇਂਦਰੀ ਕਮੇਟੀ ਮੈਂਬਰ ਵਿਜੈ ਕੁਮਾਰ ਭੀਖੀ ਨੇ ਇਸ ਘਟਨਾ ਦੀ ਕਰੜੇ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਕਿਹਾ ਕਿ ਬਰਨਾਲਾ ਡੀਐੱਸਪੀ ਵੱਲੋਂ ਜਿਸ ਤਰ੍ਹਾਂ ਬਜ਼ੁਰਗ ਸਫ਼ਾਈ ਕਰਮੀ ਔਰਤਾਂ 'ਤੇ ਅੰਨ੍ਹੇਵਾਹ ਤਸ਼ੱਦਦ ਢਾਹਿਆ ਗਿਆ ਹੈ, ਇਸ ਤੋਂ ਸਾਬਤ ਹੁੰਦਾ ਹੈ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਭਗਵੰਤ ਸਿੰਘ ਮਾਨ ਦੀ ਸਰਕਾਰ ਮਾੜੀਆਂ ਨੀਤੀਆਂ ਖਿਲਾਫ ਤੇ ਆਪਣੇ ਹੱਕੀ ਮੰਗਾਂ ਨੂੰ ਲੈ ਕੇ ਉੱਠ ਰਹੀਆਂ ਲੋਕਤੰਤਰਿਕ ਅਵਾਜ਼ਾਂ ਨੂੰ ਪੁਲਸੀਆ ਦਮਨ ਰਾਹੀਂ ਚੁੱਪ ਕਰਵਾਉਣਾ ਚਾਹੁੰਦੀ ਹੈ। ਪੰਜਾਬ ਵਿੱਚ ਮੁੜ ਨੱਬੇ ਦੇ ਦਹਾਕੇ ਵਾਲੇ ਦੌਰ ਵਾਂਗ ਪੁਲਸ ਅੰਨ੍ਹਾ ਤਸ਼ੱਦਦ ਢਾਹ ਰਹੀ ਹੈ। ਇਸ ਮੌਕੇ ਉਨ੍ਹਾਂ ਮੰਗ ਕੀਤੀ ਕਿ ਡੀਐੱਸਪੀ ਬਰਨਾਲਾ ਤੇ ਐੱਸ ਐੱਚ ਓ ਬਰਨਾਲਾ ਸਮੇਤ ਤਸ਼ੱਦਦ ਕਰਨ ਵਾਲੇ ਪੁਲਸ ਮੁਲਾਜ਼ਮਾਂ ਦੀ ਪਹਿਚਾਣ ਕਰਕੇ ਸਖ਼ਤ ਕਾਰਵਾਈ ਕੀਤੀ ਜਾਵੇ ਅਤੇ ਸਫਾਈ ਕਾਮਿਆਂ ਦੀਆਂ ਮੰਗਾਂ ਮੰਨੀਆਂ ਜਾਣ। ਇਸ ਮੌਕੇ ਸੀ.ਪੀ.ਆਈ. (ਐੱਮ.ਐੱਲ.) ਲਿਬਰੇਸ਼ਨ ਦੇ ਕੇਂਦਰੀ ਆਗੂ ਰਾਜਵਿੰਦਰ ਸਿੰਘ ਰਾਣਾ, ਬਸਪਾ ਦੇ ਰਾਜਿੰਦਰ ਸਿੰਘ, ਸਫ਼ਾਈ ਸੇਵਕ ਯੂਨੀਅਨ ਦੇ ਇਕਾਈ ਪ੍ਰਧਾਨ ਵਿਨੋਦ, ਹਰਬੰਸ ਸਿੰਘ, ਗੁੱਡੂ, ਬਣੀਆ ਰਾਮ ਤੇ ਸ਼੍ਰੀਚੰਦ ਨੇ ਵੀ ਸੰਬੋਧਨ ਕੀਤਾ।

**ਭਵਾਨੀਗੜ੍ਹ (ਰਾਜ ਖੁਰਮੀ)** : ਬਰਨਾਲਾ ਵਿਖੇ ਸਫ਼ਾਈ ਸੇਵਕਾਂ 'ਤੇ ਹੋਏ ਕਥਿਤ ਲਾਠੀਚਾਰਜ ਦੇ ਵਿਰੋਧ ਵਿੱਚ ਭਵਾਨੀਗੜ੍ਹ ਦੀ ਸਫ਼ਾਈ ਸੇਵਕ ਯੂਨੀਅਨ ਵੱਲੋਂ ਵੀਰਵਾਰ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਪੁਤਲਾ ਫੂਕ ਕੇ ਜ਼ੋਰਦਾਰ ਰੋਸ ਪ੍ਰਦਰਸ਼ਨ ਕੀਤਾ ਗਿਆ।ਇਸ ਦੌਰਾਨ ਪੰਜਾਬ ਸਰਕਾਰ ਤੇ ਪੁਲਸ ਪ੍ਰਸ਼ਾਸਨ ਖ਼ਿਲਾਫ਼ ਨਾਅਰੇਬਾਜ਼ੀ ਕਰਦਿਆਂ ਘਟਨਾ ਦੀ ਨਿਰਪੱਖ ਜਾਂਚ ਤੇ ਜ਼ਿੰਮੇਵਾਰ ਅਧਿਕਾਰੀਆਂ ਖ਼ਿਲਾਫ਼ ਸਖ਼ਤ ਕਾਰਵਾਈ ਦੀ ਮੰਗ ਕੀਤੀ ਗਈ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਬਲਾਕ ਪ੍ਰਧਾਨ ਜਗਮੇਲ ਸਿੰਘ ਨੇ ਕਿਹਾ ਕਿ ਬਰਨਾਲਾ ਵਿੱਚ ਸ਼ਾਂਤਮਈ ਢੰਗ ਨਾਲ ਆਪਣੀਆਂ ਮੰਗਾਂ ਲਈ ਸੰਘਰਸ਼ ਕਰ ਰਹੇ ਸਫ਼ਾਈ ਸੇਵਕਾਂ 'ਤੇ ਕੀਤਾ ਗਿਆ ਲਾਠੀਚਾਰਜ ਬਹੁਤ ਹੀ ਨਿੰਦਣਯੋਗ ਹੈ। ਉਨ੍ਹਾਂ ਕਿਹਾ ਕਿ ਜਦੋਂ ਤੱਕ ਡੀਐੱਸਪੀ ਸਤਵੀਰ ਸਿੰਘ ਬੈਂਸ ਤੇ ਸੰਬੰਧਤ ਐੱਸ ਐੱਚ ਓ ਖ਼ਿਲਾਫ਼ ਬਣਦੀ ਕਾਰਵਾਈ ਨਹੀਂ ਕੀਤੀ ਜਾਂਦੀ, ਉਦੋਂ ਤੱਕ ਸੰਘਰਸ਼ ਜਾਰੀ ਰਹੇਗਾ।ਇਸ ਮੌਕੇ ਚਰਨਜੀਤ ਕੌਰ, ਗੀਤਾ, ਮਨਜੀਤ ਕੌਰ, ਪ੍ਰਿਅੰਕਾ, ਗੀਤੂ, ਸ਼ਿੰਦਰ ਕੌਰ, ਰਾਮ ਸਰੂਪ, ਲਖਵੀਰ ਸਿੰਘ, ਹਰਮਨ, ਸੁਖਪਾਲ ਸਿੰਘ, ਕੁਲਵਿੰਦਰ ਕੌਰ ਸਮੇਤ ਵੱਡੀ ਗਿਣਤੀ ਵਿੱਚ ਸਫ਼ਾਈ ਸੇਵਕ ਤੇ ਯੂਨੀਅਨ ਵਰਕਰ ਹਾਜ਼ਰ ਸਨ।

# ਆਈ ਡੀ ਪੀ ਡੀ ਵੱਲੋਂ ਵਿਦਿਆਰਥੀਆਂ 'ਤੇ ਬੇਰਹਿਮ ਪੁਲਸ ਹਮਲੇ ਦੀ ਨਿੰਦਾ

**ਲੁਧਿਆਣਾ (ਐੱਮ ਐੱਸ ਭਾਟੀਆ)**-ਇੰਡੀਅਨ ਡਾਕਟਰਜ਼ ਫਾਰ ਪੀਸ ਐਂਡ ਡਿਵੈਲਪਮੈਂਟ (ਆਈ ਡੀ ਪੀ ਡੀ), ਜੋ ਕਿ ਆਈ ਪੀ ਪੀ ਐੱਨ ਡਬਲਯੂ ਦੀ ਭਾਰਤੀ ਸੰਬੰਧਤ ਸੰਸਥਾ ਹੈ, 20 ਜੁਲਾਈ ਨੂੰ ਸੰਸਦ ਮਾਰਚ ਦੌਰਾਨ ਵਿਦਿਆਰਥੀਆਂ 'ਤੇ ਕੀਤੇ ਗਏ ਬੇਰਹਿਮ ਪੁਲਸ ਹਮਲੇ ਦੀ ਤਿੱਖੀ ਨਿੰਦਾ ਕਰਦੀ ਹੈ। ਪੈਲਟ ਗੰਨਾਂ ਦੀ ਵਰਤੋਂ, ਬਿਜਲੀ ਦੇ ਝਟਕੇ ਵਾਲੀਆਂ ਲਾਠੀਆਂ (ਸ਼ਾਕ ਬੈਟਨ), ਅੰਨ੍ਹੇਵਾਹ ਲਾਠੀਚਾਰਜ ਤੇ ਮਹਿਲਾ ਵਿਦਿਆਰਥਣਾਂ ਨਾਲ ਕਥਿਤ ਤੌਰ 'ਤੇ ਕੀਤੀ ਗਈ ਹਿੰਸਾ ਲੋਕਤਾਂਤ੍ਰਿਕ ਅਧਿਕਾਰਾਂ ਤੇ ਮਨੁੱਖੀ ਮਰਿਆਦਾ 'ਤੇ ਗੰਭੀਰ ਹਮਲਾ ਹੈ।ਬਿਆਨ ਜਾਰੀ ਕਰਦਿਆਂ ਡਾਕਟਰ ਅਰੁਣ ਮਿਤਰਾ ਪ੍ਰਧਾਨ ਤੇ ਡਾਕਟਰ ਸ਼ਕੀਲ ਉਰ ਰਾਮਾਨ ਜਨਰਲ ਸਕੱਤਰ ਨੇ ਕਿਹਾ ਕਿ ਪੈਲਟ ਗੰਨਾਂ ਭੀੜ ਨਿਯੰਤਰਣ ਦੇ ਸਾਧਨ ਨਹੀਂ, ਸਗੋਂ ਸਰੀਰ ਨੂੰ ਅਪਾਹਜ ਬਣਾਉਣ ਵਾਲੇ ਹਥਿਆਰ ਹਨ।ਸ੍ਰੀਨਗਰ ਵਿੱਚ ਨਾਗਰਿਕਾਂ ਖ਼ਿਲਾਫ਼ ਵਿਆਪਕ ਤੌਰ 'ਤੇ ਵਰਤੀਆਂ ਗਈਆਂ ਇਹ ਗੰਨਾਂ ਸਥਾਈ ਅੰਨ੍ਹਾਪਣ, ਅੱਖਾਂ ਦੀਆਂ ਭਿਆਨਕ ਚੋਟਾਂ, ਚਿਹਰੇ ਦੀਆਂ ਹੱਡੀਆਂ ਦੇ ਟੁੱਟਣ, ਅੰਦਰ ਤੱਕ ਘੁੱਸਣ ਵਾਲੇ ਜ਼ਖ਼ਮ, ਅਪਾਹਜਤਾ ਤੇ ਜ਼ਿੰਦਗੀ ਭਰ ਦੇ ਮਨੋਵਿਗਿਆਨਕ ਸਦਮੇ ਦਾ ਕਾਰਨ ਬਣੀਆਂ ਹਨ।ਨਿਹੱਥੇ ਪ੍ਰਦਰਸ਼ਨਕਾਰੀਆਂ ਖ਼ਿਲਾਫ਼ ਇਨ੍ਹਾਂ ਦੀ ਵਰਤੋਂ ਡਾਕਟਰੀ ਪੱਖੋਂ ਕਦੇ ਵੀ ਜਾਇਜ਼ ਨਹੀਂ ਠਹਿਰਾਈ ਜਾ ਸਕਦੀ ਤੇ ਇਹ ਸੰਯੁਕਤ ਰਾਸ਼ਟਰ ਦੇ ਬਲ ਤੇ ਅਗਨੀਆਸਤ੍ਰਾਂ ਦੀ ਵਰਤੋਂ ਬਾਰੇ ਬੁਨਿਆਦੀ ਸਿਧਾਂਤ (1990) ਤੇ ਕਾਨੂੰਨ ਲਾਗੂ ਕਰਨ ਦੌਰਾਨ ਘੱਟ-ਘਾਤਕ ਹਥਿਆਰਾਂ ਬਾਰੇ ਸੰਯੁਕਤ ਰਾਸ਼ਟਰ ਮਾਰਗਦਰਸ਼ਨ (2020) ਦੀ ਉਲੰਘਣਾ ਹੈ, ਜੋ ਅੰਨ੍ਹੇਵਾਹ ਤੇ ਅਸੰਗਤ ਬਲ ਦੀ ਵਰਤੋਂ 'ਤੇ ਰੋਕ ਲਗਾਉਂਦੇ ਹਨ।ਸ਼ਾਕ ਬੈਟਨਾਂ ਦੀ ਵਰਤੋਂ ਦੀਆਂ ਰਿਪੋਰਟਾਂ ਵੀ ਬਹੁਤ ਚਿੰਤਾਜਨਕ ਹਨ।ਅਜਿਹੇ ਹਥਿਆਰ ਦਿਲ ਦੀ ਧੜਕਣ ਵਿੱਚ ਗੜਬੜ (ਕਾਰਡਿਅਕ ਅਰਿਥਮੀਆ), ਸੜਨ ਵਾਲੀਆਂ ਚੋਟਾਂ, ਨਰਵਸ ਪ੍ਰਣਾਲੀ ਨਾਲ ਸੰਬੰਧਤ ਜਟਿਲਤਾਵਾਂ, ਡਿੱਗਣ ਕਾਰਨ ਹੱਡੀਆਂ ਟੁੱਟਣ ਤੇ ਡੂੰਘੇ ਮਨੋਵਿਗਿਆਨਕ ਨੁਕਸਾਨ ਦਾ ਕਾਰਨ ਬਣ ਸਕਦੇ ਹਨ।ਵਿਦਿਆਰਥੀਆਂ ਖ਼ਿਲਾਫ਼ ਫੌਜੀ ਢੰਗ ਦੇ ਹਥਿਆਰਾਂ ਦੀ ਤਾਇਨਾਤੀ ਲੋਕਤੰਤਰ ਵਿੱਚ ਪੁਲਸ ਪ੍ਰਣਾਲੀ ਦੇ ਖ਼ਤਰਨਾਕ ਸੈਨਿਕੀਕਰਨ ਨੂੰ ਦਰਸਾਉਂਦੀ ਹੈ।

ਉਨ੍ਹਾਂ ਮੰਗ ਕੀਤੀ ਕਿ ਭੀੜ ਨਿਯੰਤਰਣ ਕਰਨ ਲਈ ਪੈਲਟ ਗੰਨਾਂ ਤੇ ਹੋਰ ਅੰਨ੍ਹੇਵਾਹ ਪ੍ਰਭਾਵ ਵਾਲੇ ਹਥਿਆਰਾਂ 'ਤੇ ਤੁਰੰਤ ਪਾਬੰਦੀ ਲਗਾਈ ਜਾਵੇ।ਪੁਲਸ ਹਿੰਸਾ ਦੀ ਨਿਆਇਕ ਜਾਂਚ ਕਰਵਾਈ ਜਾਵੇ, ਜਿਸ ਵਿੱਚ ਮਹਿਲਾ ਵਿਦਿਆਰਥਣਾਂ ਨਾਲ ਕਥਿਤ ਜਿਨਸੀ ਹਿੰਸਾ ਦੇ ਦੋਸ਼ ਵੀ ਸ਼ਾਮਲ ਹੋਣ।ਜ਼ਖ਼ਮੀ ਹੋਏ ਸਾਰੇ ਪ੍ਰਦਰਸ਼ਨਕਾਰੀਆਂ ਨੂੰ ਮੁਫ਼ਤ ਇਲਾਜ, ਪੁਨਰਵਾਸ ਤੇ ਮੁਆਵਜ਼ਾ ਦਿੱਤਾ ਜਾਵੇ ਅਤੇ ਦੋਸ਼ੀਆਂ ਖ਼ਿਲਾਫ਼ ਕਾਨੂੰਨੀ ਕਾਰਵਾਈ ਕੀਤੀ ਜਾਵੇ।

■ ਪੈਲਟ ਗੰਨਾਂ 'ਤੇ ਪਾਬੰਦੀ ਦੀ ਮੰਗ



# ਐੱਲ ਏ ਡੀ ਸੀ ਖ਼ਿਲਾਫ਼ ਵਕੀਲਾਂ ਵੱਲੋਂ ਤੀਜੇ ਦਿਨ ਵੀ ਭੁੱਖ ਹੜਤਾਲ

## ਐੱਲ ਏ ਡੀ ਸੀ ਸਿਸਟਮ ਰੱਦ ਕਰਵਾਉਣ ਤੱਕ ਸੰਘਰਸ਼ ਜਾਰੀ ਰਹੇਗਾ : ਕੰਬੋਜ, ਮੁੰਜਾਲ

**ਜਲਾਲਾਬਾਦ (ਜੀਤ ਕੁਮਾਰ)**

ਬਾਰ ਐਸੋਸੀਏਸ਼ਨ ਜਲਾਲਾਬਾਦ ਵੱਲੋਂ ਐੱਲ ਏ ਡੀ ਸੀ ਪਾਲਿਸੀ ਦੇ ਵਿਰੋਧ ਵਿੱਚ ਰੋਸ ਪ੍ਰਗਟ ਕਰਦਿਆਂ ਅੱਜ ਤੀਜੇ ਦਿਨ ਵੀ ਭੁੱਖ ਹੜਤਾਲ ਜਾਰੀ ਰਹੀ। ਇਸ ਦੌਰਾਨ ਵਕੀਲ ਭਾਈਚਾਰੇ ਨੇ ਸਰਕਾਰ ਤੋਂ ਪਾਲਿਸੀ 'ਤੇ ਮੁੜ ਵਿਚਾਰ ਕਰਨ ਤੇ ਵਕੀਲਾਂ ਦੀਆਂ ਮੰਗਾਂ ਨੂੰ ਜਲਦੀ ਪੂਰਾ ਕਰਨ ਦੀ ਮੰਗ ਕੀਤੀ। ਤਹਿਸੀਲ ਕੰਪਲੈਕਸ ਵਿੱਚ ਅੱਜ ਭੁੱਖ ਹੜਤਾਲ 'ਤੇ ਬਾਰ ਐਸੋਸੀਏਸ਼ਨ ਦੇ ਸਕੱਤਰ ਐਡਵੋਕੇਟ ਸ਼ਾਂਤਮ ਮੁੰਜਾਲ, ਐਡਵੋਕੇਟ ਪਰਮਜੀਤ ਢਾਬਾਂ, ਐਡਵੋਕੇਟ ਜਨਕ ਰਾਜ, ਐਡਵੋਕੇਟ ਮੋਹਿਤ ਛਾਬੜਾ ਤੇ ਐਡਵੋਕੇਟ ਵਿਸ਼ਾਲ ਕੁਮਾਰ ਬੈਠੇ।



ਇਸ ਮੌਕੇ ਬਾਰ ਐਸੋਸੀਏਸ਼ਨ ਜਲਾਲਾਬਾਦ ਦੇ ਪ੍ਰਧਾਨ ਐਡਵੋਕੇਟ ਅਸ਼ੋਕ ਕੰਬੋਜ ਤੇ ਸਕੱਤਰ ਐਡਵੋਕੇਟ ਸ਼ਾਂਤਮ ਮੁੰਜਾਲ ਨੇ ਕਿਹਾ ਕਿ ਜਿੱਥੇ ਐੱਲ.ਏ.ਡੀ.ਸੀ. ਪਾਲਿਸੀ ਕਾਰਨ ਵਕੀਲ ਭਾਈਚਾਰੇ ਦੇ ਹਿੱਤ ਪ੍ਰਭਾਵਿਤ ਹੋ ਰਿਹਾ ਹੈ, ਉਥੇ ਫਰੀ ਦਾ ਵਕੀਲ ਮਿਲਣ ਨਾਲ ਜੁਰਮ ਕਰਨ ਵਾਲੇ ਵਿਅਕਤੀ ਹੋਰ ਉਤਸ਼ਾਹਤ ਹੋ ਰਹੇ ਹਨ। ਇਹੀ ਕਾਰਨ ਹੈ ਕਿ ਸਮਾਜ ਵਿੱਚ ਜ਼ੁਰਮ ਵਿੱਚ ਲਗਾਤਾਰ ਬੇਰੋਕ ਵਾਧਾ ਹੋ ਰਿਹਾ ਹੈ। ਭਵਿੱਖ ਵਿੱਚ ਇਸ ਦੇ ਸਮੁੱਚੇ ਸਮਾਜ ਲਈ ਘਾਤਕ ਨਤੀਜੇ ਸਾਹਮਣੇ ਆਉਣਗੇ। ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਉਨ੍ਹਾਂ ਦੀਆਂ ਮੰਗਾਂ ਨੂੰ ਗੰਭੀਰਤਾ ਨਾਲ ਨਾ ਲਿਆ ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਚੇਤਾਵਨੀ ਦਿੰਦਿਆ ਕਿਹਾ ਕਿ ਇਹ ਸਿਸਟਮ ਨੂੰ ਜਦੋਂ ਤੱਕ ਰੱਦ ਨਹੀਂ ਕੀਤਾ ਜਾਂਦਾ, ਵਕੀਲ ਭਾਈਚਾਰੇ ਦਾ ਸੰਘਰਸ਼ ਜਾਰੀ ਰਹੇਗਾ। ਇਸ ਮੌਕੇ ਬਾਰ ਐਸੋਸੀਏਸ਼ਨ ਦੇ ਹੋਰ ਮੈਂਬਰ ਵੀ ਵੱਡੀ ਗਿਣਤੀ ਵਿੱਚ ਹਾਜ਼ਰ ਰਹੇ ਤੇ ਭੁੱਖ ਹੜਤਾਲ 'ਤੇ ਬੈਠੇ ਵਕੀਲਾਂ ਨੂੰ ਆਪਣਾ ਸਮਰਥਨ ਦਿੱਤਾ।

# ਸਫਾਈ ਕਾਮਿਆਂ 'ਤੇ ਲਾਠੀਚਾਰਜ ਗੈਰ-ਵਿਧਾਨਕ : ਚੌਹਾਨ/ਭੋਲਾ



**ਮਾਨਸਾ (ਆਤਮਾ ਸਿੰਘ ਪਮਾਰ)**-ਕੰਮੀਆਂ ਦੇ ਵਿਹੜੇ ਤੇ ਆਮ ਘਰਾਂ ਦਾ ਗੁੰਮਰਾਹਕੁਨ ਪ੍ਰਚਾਰ ਕਰਕੇ ਸੱਤਾ 'ਤੇ ਕਾਬਜ਼ ਹੋਈ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਪਿਛਲੇ ਦਿਨੀਂ ਬਰਨਾਲਾ ਦੇ ਕਸਬਾ ਹੰਡਿਆਇਆ ਤੇ ਸੰਗਰੂਰ 'ਚ ਸਫਾਈ ਕਾਮਿਆਂ 'ਤੇ ਸਰਕਾਰੀ ਤੰਤਰ ਵੱਲੋਂ ਕੀਤੇ ਗਏ ਲਾਠੀਚਾਰਜ ਨੇ ਮਾਨ ਸਰਕਾਰ ਤੇ ਆਮ ਆਦਮੀ ਪਾਰਟੀ ਦੀ ਗਰੀਬ ਵਿਰੋਧੀ ਨੀਤੀ ਨੂੰ ਪੂਰੀ ਤਰ੍ਹਾਂ ਜਨਤਕ ਕਰ ਦਿੱਤਾ ਹੈ।ਸੀ ਪੀ ਆਈ ਦੇ ਜ਼ਿਲ੍ਹਾ ਸਕੱਤਰ ਸਾਥੀ ਕ੍ਰਿਸ਼ਨ ਸਿੰਘ ਚੌਹਾਨ ਤੇ ਸ਼ਹਿਰੀ ਕਮੇਟੀ ਦੇ ਸਕੱਤਰ ਰਤਨ ਭੋਲਾ ਨੇ ਸਰਕਾਰ ਵੱਲੋਂ ਸਫਾਈ ਕਾਮਿਆਂ ਦੀਆਂ ਹੱਕੀ ਤੇ ਜਾਇਜ਼ ਮੰਗਾਂ ਨੂੰ ਮੰਨਣ ਦੀ ਬਜਾਏ ਉਨ੍ਹਾਂ 'ਤੇ ਲਾਠੀਚਾਰਜ਼ ਕਰਨਾ ਗੈਰ-ਵਿਧਾਨਕ ਤੇ ਸ਼ਰੇਆਮ ਧੱਕੇਸ਼ਾਹੀ ਦੱਸਿਆ ਤੇ ਤਸ਼ੱਦਦ ਦੀ ਸਖ਼ਤ ਸ਼ਬਦਾਂ 'ਚ ਨਿੰਦਾ ਕੀਤੀ।ਉਨ੍ਹਾਂ ਕਿਹਾ ਕਿ ਨਾਮਾਤਰ ਤਨਖ਼ਾਹਾਂ 'ਤੇ ਕੰਮ ਕਰਨ ਵਾਲੇ ਸਫਾਈ ਕਾਮਿਆਂ ਨੂੰ ਫੌਰੀ ਤੌਰ 'ਤੇ ਸਰਕਾਰ ਠੇਕੇਦਾਰੀ ਪ੍ਰਬੰਧ ਤੋਂ ਨਿਜਾਤ ਦਿਵਾ ਕੇ ਕੱਚੇ ਕਾਮਿਆਂ ਨੂੰ ਪੱਕੇ ਕਰੇ।ਚੌਹਾਨ ਨੇ ਚਿੰਤਾ ਜ਼ਾਹਰ ਕਰਦਿਆਂ ਕਿਹਾ ਕਿ ਸ਼ਹਿਰ 'ਚ ਕੂੜੇ ਲੱਗੇ ਦੇ ਢੇਰ ਭਿਆਨਕ ਬਿਮਾਰੀਆਂ ਨੂੰ ਸੱਦਾ ਦੇ ਰਹੇ ਹਨ।ਬਰਸਾਤੀ ਮੌਸਮ ਦੌਰਾਨ ਬਿਮਾਰੀਆਂ ਫੈਲਣ ਦਾ ਖ਼ਤਰਾ ਆਮ ਨਾਲੋਂ ਵੱਧ ਜਾਂਦਾ ਹੈ। ਇਸ ਮੌਕੇ ਬਲਵੰਤ ਸਿੰਘ ਫੱਕਰ, ਡਾ. ਰਾਜ਼ ਕੁਮਾਰ ਸ਼ਰਮਾ, ਨਰੇਸ਼ ਕੁਮਾਰ ਬੁਰਜ਼ ਹਰੀ ਆਦਿ ਆਗੂ ਹਾਜ਼ਰ ਸਨ।

# ਵਿਦਿਆਰਥੀਆਂ 'ਤੇ ਅੱਤਿਆਚਾਰਾਂ ਦੀ ਜ਼ਿੰਮੇਵਾਰੀ ਲੈਂਦਿਆਂ ਮੋਦੀ ਅਸਤੀਫਾ ਦੇਵੇ : ਯੂਨਾਈਟਡ ਫਰੰਟ

■ ਸਿਰਫ਼ ਨੀਟ ਨਹੀਂ, ਸਗੋਂ ਪੂਰੇ ਸਿੱਖਿਆ ਪ੍ਰਬੰਧ ਨੂੰ ਬਦਲਣ ਦੀ ਲੋੜ : ਆਗੂ



**ਲੁਧਿਆਣਾ (ਐੱਮ ਐੱਸ ਭਾਟੀਆ)**

ਯੂਨਾਈਟਡ ਫਰੰਟ ਆਫ ਟਰੇਡ ਯੂਨੀਅਨਜ਼ ਲੁਧਿਆਣਾ, ਜਿਸ ਵਿੱਚ ਇੰਟਕ, ਏਟਕ, ਸੀਟੂ, ਐਕਟੂ ਤੇ ਸੀਟੀਯੂ ਪੰਜਾਬ ਸ਼ਾਮਲ ਹਨ, ਵੱਲੋਂ ਜੰਤਰ-ਮੰਤਰ 'ਤੇ ਆਪਣੀਆਂ ਹੱਕੀ ਮੰਗਾਂ ਲਈ ਭੁੱਖ ਹੜਤਾਲ 'ਤੇ ਬੈਠੇ ਵਿਦਿਆਰਥੀਆਂ ਤੇ ਨੌਜਵਾਨਾਂ ਦੇ ਸੰਘਰਸ਼ 'ਤੇ ਮੋਦੀ ਸਰਕਾਰ ਵੱਲੋਂ ਕੀਤੇ ਗਏ ਲਾਠੀਚਾਰਜ ਤੇ ਅੱਤਿਆਚਾਰਾਂ ਦੇ ਵਿਰੋਧ ਵਿੱਚ ਸ਼ਹਿਰ ਵਿੱਚ ਰੋਸ ਪ੍ਰਦਰਸ਼ਨ ਕੀਤਾ ਗਿਆ।ਰੋਸ ਪ੍ਰਦਰਸ਼ਨ ਨੂੰ ਸੰਬੋਧਨ ਕਰਦਿਆਂ ਵੱਖ-ਵੱਖ ਬੁਲਾਰਿਆਂ ਨੇ ਕਿਹਾ ਕਿ ਨੀਟ ਪ੍ਰੀਖਿਆ ਵਿੱਚ ਹੋਈਆਂ ਗੰਭੀਰ ਬੇਨਿਯਮੀਆਂ ਤੇ ਘਪਲਿਆਂ ਦਾ ਅਸਰ ਲਗਭਗ 22 ਲੱਖ ਪਰਵਾਰਾਂ 'ਤੇ ਪਿਆ ਹੈ।ਇਸ ਕਾਰਨ ਕਈ ਵਿਦਿਆਰਥੀਆਂ ਵੱਲੋਂ ਆਤਮਹੱਤਿਆ ਕਰਨ ਦੀਆਂ ਦੁਖਦਾਈ ਘਟਨਾਵਾਂ ਵੀ ਸਾਹਮਣੇ ਆਈਆਂ ਹਨ।ਅਜਿਹੀ ਸਥਿਤੀ ਵਿੱਚ ਕੇਂਦਰੀ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦਾ ਅਸਤੀਫਾ ਮੰਗਣਾ ਪੂਰੀ ਤਰ੍ਹਾਂ ਜਾਇਜ਼ ਹੈ।ਆਗੂਆਂ ਨੇ ਕਿਹਾ ਕਿ ਇਹ ਲੜਾਈ ਸਿਰਫ਼ ਨੀਟ ਪ੍ਰੀਖਿਆ ਵਿੱਚ ਹੋਈਆਂ ਬੇਨਿਯਮੀਆਂ ਤੱਕ ਸੀਮਤ ਨਹੀਂ, ਸਗੋਂ ਦੇਸ਼ ਦੀ ਪੂਰੀ ਸਿੱਖਿਆ ਪ੍ਰਣਾਲੀ ਨੂੰ ਲੋਕ-ਪੱਖੀ, ਵਿਗਿਆਨਕ ਤੇ ਬਰਾਬਰੀ ਦੇ ਅਸੂਲਾਂ 'ਤੇ ਮੁੜ ਸੰਗਠਿਤ ਕਰਨ ਦੀ ਲੜਾਈ ਹੈ।ਉਨ੍ਹਾਂ ਕਿਹਾ ਕਿ ਸਿੱਖਿਆ ਨੂੰ ਵਪਾਰ ਬਣਾਉਣ ਤੇ ਨਿੱਜੀਕਰਨ ਨੂੰ ਉਤਸ਼ਾਹਤ ਕਰਨ ਵਾਲੀਆਂ ਨੀਤੀਆਂ ਨੇ ਵਿਦਿਆਰਥੀਆਂ ਦਾ ਭਵਿੱਖ ਅਸੁਰੱਖਿਅਤ ਕਰ ਦਿੱਤਾ ਹੈ।ਬੁਲਾਰਿਆਂ ਨੇ ਸਿੱਖਿਆ ਪ੍ਰਣਾਲੀ ਵਿੱਚ ਬਦਲਾਅ ਦੀ ਮੰਗ ਨੂੰ ਲੈ ਕੇ ਸੋਨਮ ਵਾਂਗਚੁੱਕ ਵੱਲੋਂ ਕੀਤੀ ਜਾ ਰਹੀ ਭੁੱਖ ਹੜਤਾਲ ਪ੍ਰਤੀ ਕੇਂਦਰ ਸਰਕਾਰ ਦੇ ਨਕਾਰਾਤਮਕ ਤੇ ਦਮਨਕਾਰੀ ਰਵੱਈਏ ਦੀ ਸਖ਼ਤ ਨਿਖੇਧੀ ਕੀਤੀ।ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਤੇ ਨੌਜਵਾਨਾਂ 'ਤੇ ਕੀਤਾ ਗਿਆ ਲਾਠੀਚਾਰਜ ਬਰਤਾਨਵੀ ਰਾਜ ਦੌਰਾਨ ਸਾਈਮਨ ਕਮਿਸ਼ਨ ਵਿਰੁੱਧ ਹੋਏ ਅੰਦੋਲਨ ਸਮੇਂ ਕੀਤੇ ਗਏ ਦਮਨ ਦੀ ਯਾਦ ਤਾਜ਼ਾ ਕਰਦਾ ਹੈ।ਉਨ੍ਹਾਂ ਦਾਅਵਾ ਕੀਤਾ ਕਿ ਇਹ ਦਮਨਕਾਰੀ ਰਵੱਈਆ ਲੋਕਾਂ ਦੇ ਗੁੱਸੇ ਨੂੰ ਹੋਰ ਵਧਾਏਗਾ ਤੇ ਸਰਕਾਰ ਲਈ ਘਾਤਕ ਸਾਬਿਤ ਹੋਵੇਗਾ।ਆਗੂਆਂ ਨੇ ਕਿਹਾ ਕਿ ਮੌਜੂਦਾ ਕੇਂਦਰ ਸਰਕਾਰ ਵਿੱਚ ਹਰ ਮਹੱਤਵਪੂਰਨ ਫ਼ੈਸਲਾ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਮਨਜ਼ੂਰੀ ਨਾਲ ਹੁੰਦਾ ਹੈ।ਇਸ ਲਈ ਵਿਦਿਆਰਥੀਆਂ 'ਤੇ ਹੋਏ ਦਮਨ ਤੇ ਲੋਕਤੰਤਰੀ ਅਧਿਕਾਰਾਂ ਦੇ ਹਨਨ ਦੀ ਰਾਜਨੀਤਕ ਜ਼ਿੰਮੇਵਾਰੀ ਵੀ ਪ੍ਰਧਾਨ ਮੰਤਰੀ ਦੀ ਬਣਦੀ ਹੈ ਅਤੇ ਇਸੇ ਲਈ ਉਨ੍ਹਾਂ ਤੋਂ ਅਸਤੀਫੇ ਦੀ ਮੰਗ ਕੀਤੀ ਜਾ ਰਹੀ ਹੈ।ਰੋਸ ਪ੍ਰਦਰਸ਼ਨ ਦੌਰਾਨ ਪੰਜਾਬ ਦੇ ਸਫਾਈ ਸੇਵਕਾਂ ਦੇ ਚੱਲ ਰਹੇ ਸੰਘਰਸ਼ ਨਾਲ ਇਕਜੁੱਟਤਾ ਦਾ ਪ੍ਰਗਟਾਵਾ ਕੀਤਾ ਗਿਆ ਤੇ ਪੰਜਾਬ ਸਰਕਾਰ ਵੱਲੋਂ ਉਨ੍ਹਾਂ ਉੱਤੇ ਕੀਤੇ ਜਾ ਰਹੇ ਤਸ਼ੱਦਦ ਦੀ ਵੀ ਨਿਖੇਧੀ ਕੀਤੀ ਗਈ।

ਇਸ ਮੌਕੇ ਗੁਰਜੀਤ ਸਿੰਘ ਜਗਪਾਲ, ਵਿਜੇ ਕੁਮਾਰ, ਅਮਰਨਾਥ ਕੂਮਕਲਾਂ, ਜੈ ਪ੍ਰਕਾਸ਼ ਨਰਾਇਣ, ਜਗਦੀਸ਼ ਚੰਦ, ਕੇਵਲ ਸਿੰਘ ਬਨਵੈਤ, ਰਘਬੀਰ ਸਿੰਘ ਬੈਨੀਪਾਲ, ਜੋਗਿੰਦਰ ਰਾਮ, ਵਿਨੋਦ ਕੁਮਾਰ ਤਿਵਾੜੀ, ਕਰਮਾ, ਪਰਮਜੀਤ ਸਿੰਘ, ਮਾਸਟਰ ਚਰਨ ਸਿੰਘ, ਬਲਰਾਮ ਸਿੰਘ, ਅਜੀਤ ਕੁਮਾਰ, ਰਾਮ ਬ੍ਰਿੱਛ, ਹਨੂਮਾਨ ਪ੍ਰਸ਼ਾਦ ਦੂਬੇ ਤੇ ਮਹੀਪਾਲ ਨੇ ਸੰਬੋਧਨ ਕੀਤਾ। ਇਹ ਰੋਸ ਪ੍ਰਦਰਸ਼ਨ ਸ਼ਹੀਦ ਕਰਨੈਲ ਸਿੰਘ ਈਸੜੂ ਭਵਨ, ਅਬਦੁੱਲਾਪੁਰ ਬਸਤੀ ਤੋਂ ਸ਼ੁਰੂ ਹੋ ਕੇ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਵਿੱਚੋਂ ਲੰਘਦਾ ਹੋਇਆ ਕੇ-ਮਾਲ ਨੇੜੇ ਸਮਾਪਤ ਹੋਇਆ, ਜਿੱਥੇ ਪ੍ਰਦਰਸ਼ਨਕਾਰੀਆਂ ਵੱਲੋਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਪੁਤਲਾ ਸਾੜ ਕੇ ਰੋਸ ਪ੍ਰਗਟ ਕੀਤਾ ਗਿਆ।

# ਸਰਕਾਰੀ ਮੁਲਾਜ਼ਮਾਂ ਨੂੰ ਬਕਾਇਆ ਮਹਿੰਗਾਈ ਭੱਤਾ ਤੇ 7ਵੇਂ ਪੇ ਕਮਿਸ਼ਨ ਅਨੁਸਾਰ ਤਨਖਾਹ ਦਿੱਤੀ ਜਾਵੇ : ਜੱਜ ਕੌੜਾ

**ਪਟਿਆਲਾ/ਸਨੌਰ (ਰਾਜਿੰਦਰ ਸਿੰਘ ਥਿੰਦ)**



ਕਾਂਗਰਸ ਪਾਰਟੀ ਵੱਲੋਂ ਕਿਸਾਨ ਕਾਂਗਰਸ ਦੇ ਸੂਬਾ ਮੀਤ ਪ੍ਰਧਾਨ ਤੇ ਨੌਜਵਾਨ ਆਗੂ ਜੱਜ ਕੌੜਾ ਸਰਪੰਚ ਨੇ ਪੰਜਾਬ ਦੀਆਂ ਵੱਖ-ਵੱਖ ਮੁਲਾਜ਼ਮ ਜਥੇਬੰਦੀਆਂ ਦੇ ਹੱਕ ਵਿੱਚ ਅਵਾਜ਼ ਬੁਲੰਦ ਕਰਦਿਆਂ ਕਿਹਾ ਕਿ ਬੀਤੇ ਕਈ ਮਹੀਨਿਆਂ ਤੋਂ ਸੂਬੇ ਅੰਦਰ ਮੁਲਾਜ਼ਮ ਜਥੇਬੰਦੀਆਂ ਵੱਲੋਂ ਪੰਜਾਬ ਸਰਕਾਰ ਖ਼ਿਲਾਫ਼ ਹੱਕੀ ਮੰਗਾਂ ਨੂੰ ਲੈਕੇ ਪਰਦਰਸ਼ਨ ਕੀਤੇ ਜਾ ਰਹੇ ਹਨ, ਉਨ੍ਹਾਂ ਵਿੱਚੋਂ ਇੱਕ ਪ੍ਰਮੁੱਖ ਮੰਗ ਜੋ 2022 ਦੇ 'ਆਪ' ਦੇ ਮੈਨੀਫੈਸਟੋ ਦਾ ਹਿੱਸਾ ਸੀ, ਉਨ੍ਹਾਂ ਦਾ ਬਕਾਇਆ ਅਤੇ ਵਾਧੇ ਦਾ ਮਹਿੰਗਾਈ ਭੱਤਾ ਅਤੇ ਕੇਂਦਰ ਸਰਕਾਰ ਦੇ ਮੁਲਾਜ਼ਮਾਂ ਵਾਂਗ 7ਵੇਂ ਪੇ ਕਮਿਸ਼ਨ ਦੀਆਂ ਸਿਫਾਰਸ਼ਾਂ ਮੁਤਾਬਕ ਪੰਜਾਬ ਸਰਕਾਰ ਦੇ ਸਾਰੇ ਕ੍ਰਮਚਾਰੀਆਂ ਨੂੰ ਤਨਖਾਹ ਦੇਣਾ ਹੈ, ਜੋ ਸਰਕਾਰ ਵੱਲੋਂ ਉਨ੍ਹਾਂ 'ਤੇ ਤਰਸ ਵਜੋਂ ਅਦਾ ਨਹੀਂ ਕੀਤਾ ਜਾਣਾ, ਸਗੋਂ ਉਨ੍ਹਾਂ ਦਾ ਬਣਦਾ ਹੱਕ ਹੈ, ਜਿਸਦੀ ਮੰਗ ਮੁਲਾਜ਼ਮਾਂ ਤੇ ਪੈਨਸ਼ਰਾਂ ਵੱਲੋਂ ਲਗਾਤਾਰ ਕੀਤੀ ਜਾ ਰਹੀ ਹੈ। ਪਹਾੜਪੁਰ ਨੇ ਕਿਹਾ ਕਿ ਬੜੀ ਨਮੋਸ਼ੀ ਵਾਲੀ ਗੱਲ ਹੈ ਕਿ ਲੰਮਾ ਸਮਾਂ ਬੀਤ ਜਾਣ ਤੋਂ ਬਾਅਦ ਮੁਲਾਜ਼ਮਾਂ ਨੂੰ ਇਸ ਸੰਬੰਧੀ ਹਾਈਕੋਰਟ ਦਾ ਰੁਖ਼ ਕਰਨਾ ਪਿਆ, ਜਿੱਥੇ ਮਾਣਯੋਗ ਅਦਾਲਤ ਵੱਲੋਂ ਵੀ ਪੰਜਾਬ ਸਰਕਾਰ ਵੱਲੋਂ ਪੰਜਾਬੀਆਂ ਨੂੰ ਫ੍ਰੀ ਬੀਜ ਦਿੱਤੇ ਜਾਣ ਦਾ ਹਵਾਲਾ ਦੇਂਦੇ ਹੋਏ ਤੁਰੰਤ ਸਾਰੇ ਮੁਲਾਜ਼ਮਾਂ ਨੂੰ ਓਨਾ ਦੇ ਹੱਕ ਦਾ ਪੈਸਾ ਬਿਨਾਂ ਦੇਰੀ ਕੀਤੇ ਜਾਰੀ ਕਰਨ ਦਾ ਹੁਕਮ ਕੀਤਾ ਗਿਆ। ਇਸਦੇ ਬਾਵਜੂਦ ਪੰਜਾਬ ਸਰਕਾਰ ਆਪਣੇ ਹੀ ਮੁਲਾਜ਼ਮਾਂ ਦੀਆਂ ਹੱਕੀ ਮੰਗਾਂ ਦੇ ਵਿਰੁੱਧ ਇੱਕ ਵਾਰ ਫੇਰ ਹਾਈ ਕੋਰਟ ਅਪੀਲ ਵਿੱਚ ਗਈ।

ਧੰਜੂ ਨੇ ਆਪ ਆਗੂਆਂ ਨੂੰ ਯਾਦ ਕਰਾਉਂਦਿਆਂ ਕਿਹਾ ਕਿ ਇਹ ਉਹੀ ਮੁਲਾਜ਼ਮ ਨੇ ਜਿੰਨਾ ਨੇ ਸੂਬੇ ਵਿਚ ਆਪ ਦੀ ਸਰਕਾਰ ਬਣਾਉਣ ਵਿੱਚ ਅਹਿਮ ਯੋਗਦਾਨ ਪਾਇਆ ਸੀ ਤੇ ਸੈਕਟਰੀਏਟ ਤੋਂ ਨਵੀਂ ਆਪ ਸਰਕਾਰ ਲਈ ਫੁੱਲਾਂ ਦੀ ਵਰਖਾ ਵੀ ਕੀਤੀ ਸੀ। ਦਲਵਿੰਦਰ ਧੰਜੂ ਨੇ ਕਿਹਾ ਕਿ ਮੌਜੂਦਾ ਹਾਲਾਤਾਂ ਵਿੱਚ ਜਦੋਂ ਪੰਜਾਬ ਸਰਕਾਰ 2027 ਵਿੱਚ ਵੋਟਾਂ ਬਟੋਰਨ ਵਾਸਤੇ ਫ੍ਰੀ ਬੀਜ਼ ਤੇ ਮਹੀਨਾਵਾਰ 4000 ਕਰੋੜ ਕਰਜ਼ਾ ਪੰਜਾਬ ਸਿਰ ਚੜ੍ਹਾ ਰਹੀ ਹੈ ਤਾਂ ਫੇਰ ਇਨ੍ਹਾਂ ਮੁਲਾਜ਼ਮਾਂ ਨੂੰ ਉਨ੍ਹਾਂ ਦਾ ਬਣਦਾ ਹੱਕ ਬਿਨਾਂ ਦੇਰੀ ਅਦਾ ਕੀਤਾ ਜਾਣਾ ਚਾਹੀਦਾ ਹੈ।

# ਥੋੜ੍ਹਾ ਜਿਹਾ ਮੀਂਹ ਪੈਣ ਕਾਰਨ ਲੋਕਾਂ ਦਾ ਘਰਾਂ 'ਚੋਂ ਨਿਕਲਣਾ ਹੋਇਆ ਮੁਸ਼ਕਲ

**ਬਰੇਟਾ (ਰੀਤਵਾਲ)**-ਬਰੇਟਾ ਵਿਖੇ ਮਾਨਸੂਨ ਆਉਣ ਤੋਂ ਬਾਅਦ ਅੱਜ ਪਹਿਲੀ ਵਾਰ ਮੀਂਹ ਪਿਆ ਹੈ, ਕਿਉਂਕਿ ਹੁਣ ਤੱਕ ਤਾਂ ਲੋਕ ਹੁੰਮਸ ਭਰੀ ਗਰਮੀ ਦਾ ਸਾਹਮਣਾ ਕਰਨ ਉਪਰੰਤ ਬਰਸਾਤ ਦੀ ਆਸ ਲਾਈ ਬੈਠੇ ਸਨ।ਇਸ 15-20 ਕੁ ਮਿੰਟ ਦੇ ਮੀਂਹ ਨੇ ਹੁੰਮਸ ਭਰੀ ਗਰਮੀ ਤੋਂ ਨਿਜਾਤ ਤਾਂ ਦਿਵਾਈ ਹੈ, ਪ੍ਰੰਤੂ ਕਈ ਮੁਹੱਲਾ ਵਾਸੀਆਂ ਲਈ ਮੁਸ਼ਕਲਾਂ ਖੜ੍ਹੀਆਂ ਕਰ ਦਿੱਤੀਆਂ ਹਨ।ਬਰੇਟਾ ਮੰਡੀ ਦੀ ਮਿਉਂਸਪਲ ਕਲੌਨੀ ਵਿੱਚ ਪਾਣੀ ਦੀ ਨਿਕਾਸੀ ਨਾ ਹੋਣ ਕਰਕੇ ਥੋੜ੍ਹੇ ਜਿਹੇ ਮੀਂਹ ਪੈਣ ਨਾਲ ਘਰਾਂ ਦੇ ਅੱਗੇ ਸਾਰੀ ਸੜਕ ਝੀਲ ਦਾ ਰੂਪ ਧਾਰਨ ਕਰ ਲੈਂਦੀ ਹੈ ਤੇ ਕਈ ਨੀਵੇਂ ਘਰਾਂ ਦੇ ਅੰਦਰ ਪਾਣੀ ਵੜ ਜਾਣ ਕਾਰਨ ਘਰੇਲੂ ਸਾਮਾਨ ਵੀ ਖਰਾਬ ਹੋ ਜਾਂਦਾ ਹੈ।ਮੁਹੱਲਾ ਵਾਸੀ ਰਘਬੀਰ ਸਿੰਘ, ਰਵਿੰਦਰ ਸਿੰਘ ਤੇ ਰਾਮ ਲਾਲ ਨੇ ਦੱਸਿਆ ਕਿ ਉਨ੍ਹਾਂ ਦੇ ਮੁਹੱਲੇ ਦਾ ਪਾਣੀ ਪਹਿਲਾਂ ਇੱਕ ਪਲਾਟ ਵਿੱਚੋਂ ਦੀ ਲੰਘਦਾ ਸੀ, ਪ੍ਰੰਤੂ ਉਸ ਪਲਾਟ ਦੇ ਮਾਲਕ ਨੇ ਆਪਣੇ ਪਲਾਟ ਵਿੱਚ ਮਿੱਟੀ ਪਾ ਕੇ ਪਾਣੀ ਲੰਘਣਾ ਬੰਦ ਕਰ ਦਿੱਤਾ ਹੈ।ਹੁਣ ਇਸ ਮੁਹੱਲੇ ਦਾ ਘਰਾਂ ਦਾ ਪਾਣੀ ਤੇ ਬਾਰਿਸ਼ ਦੇ ਪਾਣੀ ਦਾ ਖੜਾਵ ਜ਼ਿਆਦਾਤਰ ਸੜਕ 'ਤੇ ਹੀ ਖੜ੍ਹਾ ਰਹਿੰਦਾ ਹੈ ਅਤੇ ਗੰਦੇ ਪਾਣੀ ਦੀ ਨਿਕਾਸੀ ਪਹਿਲਾਂ ਨਾਲੇ ਤੇ ਨਾਲੀਆਂ ਰਾਹੀਂ ਹੋਣ ਕਾਰਨ ਵੀ ਹੁੰਦੀ ਰਹਿੰਦੀ ਸੀ, ਪਰ ਮੁਹੱਲਾ ਵਾਸੀ ਹੁਣ ਨਾਲੇ-ਨਾਲੀਆਂ ਦੀ ਥਾਂ 'ਤੇ ਪਾਇਪਾਂ ਪਾਉਣ ਕਰਕੇ ਪਾਣੀ ਇਕੱਠਾ ਹੋ ਕੇ ਸੜਕ 'ਤੇ ਖੜ੍ਹ ਜਾਂਦਾ ਹੈ।ਹੁਣ ਤਾਂ ਮੀਂਹ ਦੇ ਪਾਣੀ ਨਾਲ ਚਿਕੜੀ ਬਣ ਜਾਂਦੀ ਹੈ ਤੇ ਇਸ ਨਾਲ ਤਿਲਕਣ ਬਾਜ਼ੀ ਬਣੀ ਹੋਈ ਹੈ, ਜਿਸ ਨਾਲ ਡਿੱਗ ਕੇ ਕੋਈ ਵੀ ਦੁਰਘਟਨਾ ਵਾਪਰ ਸਕਦੀ ਹੈ।ਇਸ ਸਬੰਧੀ ਨਗਰ ਕੌਂਸਲ ਦੇ ਵਾਈਸ ਪ੍ਰਧਾਨ ਅਭਿਤਾਸ਼ ਗੋਇਲ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਇਸ ਸਮੱਸਿਆ ਟੈਂਡਰ ਪਾਏ ਹੋਏ ਹਨ ਤੇ ਜਲਦੀ ਹੀ ਹੱਲ ਕਰ ਦਿੱਤਾ ਜਾਵੇਗਾ।



## ਟਾਂਕ ਕਸ਼ੱਤਰੀ ਸਭਾ ਦੀ ਵਰਕਿੰਗ ਕਮੇਟੀ ਦੀ ਅਹਿਮ ਮੀਟਿੰਗ ਹੋਈ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਪਰਮਜੀਤ ਸਿੰਘ)**-ਟਾਂਕ ਕਸ਼ੱਤਰੀ ਸਭਾ ਸ੍ਰੀ ਮੁਕਤਸਰ ਸਾਹਿਬ ਦੀ ਵਰਕਿੰਗ ਕਮੇਟੀ ਦੀ ਅਹਿਮ ਮੀਟਿੰਗ ਸਭਾ ਦੇ ਪ੍ਰਧਾਨ ਨਿਰੰਜਣ ਸਿੰਘ ਰੱਖੜਾ ਦੀ ਅਗਵਾਈ ਹੇਠ ਕੱਚਾ ਥਾਂਦੇਵਾਲਾ ਰੋਡ ਸਥਿਤ ਸ਼੍ਰੋਮਣੀ ਭਗਤ ਬਾਬਾ ਨਾਮਦੇਵ ਭਵਨ ਵਿਖੇ ਹੋਈ।ਮੀਟਿੰਗ ਵਿੱਚ 26 ਜੁਲਾਈ ਨੂੰ ਨਕੋਦਰ ਵਿਖੇ ਹੋਣ ਵਾਲੀ ਆਲ ਇੰਡੀਆ ਕਸ਼ੱਤਰੀਆ ਟਾਂਕ ਪ੍ਰਤੀਨਿਧ ਸਭਾ ਦੇ ਕੌਮੀ ਪ੍ਰਧਾਨ ਦੀ ਚੋਣ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ।ਮੀਟਿੰਗ ਦੌਰਾਨ ਵਰਕਿੰਗ ਕਮੇਟੀ ਦੇ ਮੈਂਬਰ ਸੁਖਦਰਸ਼ਨ ਸਿੰਘ ਤੱਗੜ, ਦਰਸ਼ਨ ਸਿੰਘ ਮੱਲਣ, ਰਿਸ਼ਮ ਸਿੰਘ ਢਿੱਲੋਂ, ਰਛਪਾਲ ਸਿੰਘ ਟੀਟਾ, ਮਲਕੀਤ ਸਿੰਘ ਸਰਾ, ਜਗਜੀਤ ਸਿੰਘ ਫੌਜੀ, ਬਲਦੇਵ ਸਿੰਘ ਤੱਗੜ, ਗੁਰਮੀਤ ਸਿੰਘ ਪੁਰਬਾ, ਮਨਜੀਤ ਸਿੰਘ ਰੱਖੜਾ, ਤਰਸੇਮ ਸਿੰਘ ਤੱਗੜ ਅਤੇ ਜਗਸੀਰ ਸਿੰਘ ਤੱਗੜ ਸਮੇਤ ਹੋਰ ਮੈਂਬਰ ਹਾਜ਼ਰ ਰਹੇ।ਸਭਾ ਦੇ ਪ੍ਰਧਾਨ ਨਿਰੰਜਣ ਸਿੰਘ ਰੱਖੜਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ 26 ਜੁਲਾਈ ਨੂੰ ਨਕੋਦਰ ਵਿਖੇ ਹੋਣ ਵਾਲੀ ਮੀਟਿੰਗ ਵਿੱਚ ਕੌਮੀ ਪ੍ਰਧਾਨ ਦੀ ਚੋਣ ਕੀਤੀ ਜਾਵੇਗੀ, ਜਿਸ ਵਿੱਚ ਟਾਂਕ ਕਸ਼ੱਤਰੀ ਸਭਾ ਸ੍ਰੀ ਮੁਕਤਸਰ ਸਾਹਿਬ ਦੇ ਸਾਰੇ ਡੈਲੀਗੇਟ ਭਾਗ ਲੈਣਗੇ।ਉਨ੍ਹਾਂ ਦੱਸਿਆ ਕਿ ਕੌਮੀ ਪ੍ਰਧਾਨ ਦੇ ਅਹੁਦੇ ਲਈ ਤਿੰਨ ਉਮੀਦਵਾਰ ਚੋਣ ਮੈਦਾਨ ਵਿੱਚ ਹਨ, ਜਿਨ੍ਹਾਂ ਵਿੱਚ ਨਿਰੰਜਣ ਸਿੰਘ ਰੱਖੜਾ (ਸ੍ਰੀ ਮੁਕਤਸਰ ਸਾਹਿਬ), ਸ਼ਰਨਜੀਤ ਸਿੰਘ ਮੁਕਰ (ਕੋਟਕਪੂਰਾ, ਜ਼ਿਲ੍ਹਾ ਫਰੀਦਕੋਟ) ਅਤੇ ਮਨਜੀਤ ਕੁਮਾਰ ਦੇਦ (ਸ਼ਾਹਕੋਟ, ਜ਼ਿਲ੍ਹਾ ਜਲੰਧਰ) ਸ਼ਾਮਲ ਹਨ।

## ਟਰੱਸਟ ਵੱਲੋਂ 110 ਲੋੜਵੰਦ ਪਰਵਾਰਾਂ ਨੂੰ ਸਹਾਇਤਾ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਪਰਮਜੀਤ)**-ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਬਾਨੀ ਡਾ. ਐਸ.ਪੀ. ਸਿੰਘ ਓਬਰਾਏ ਦੀ ਅਗਵਾਈ ਹੇਠ 110 ਲੋੜਵੰਦ ਪਰਿਵਾਰਾਂ ਨੂੰ ਕੁੱਲ 1 ਲੱਖ 30 ਹਜ਼ਾਰ ਰੁਪਏ ਦੀ ਸਹਾਇਤਾ ਰਾਸ਼ੀ ਵੰਡੀ ਗਈ। ਸਮਾਗਮ ਡੇਰਾ ਭਾਈ ਮਸਤਾਨ ਸਿੰਘ ਵਿਖੇ ਕਰਵਾਇਆ ਗਿਆ।ਜ਼ਿਲ੍ਹਾ ਪ੍ਰਧਾਨ ਅਰਵਿੰਦਰ ਪਾਲ ਸਿੰਘ ਚਾਹਲ ਬੁਰਾ ਗੁੱਜਰ ਨੇ ਦੱਸਿਆ ਕਿ ਇਹ ਸਹਾਇਤਾ ਰਾਸ਼ੀ ਹਰ ਮਹੀਨੇ ਚੈੱਕਾਂ ਰਾਹੀਂ ਦਿੱਤੀ ਜਾਂਦੀ ਹੈ। ਡਾ. ਓਬਰਾਏ ਵੱਲੋਂ ਕੀਤੇ ਜਾ ਰਹੇ ਨਿਸ਼ਕਾਮ ਸਮਾਜ ਸੇਵਾ ਦੇ ਕਾਰਜਾਂ ਦੀ ਸ਼ਲਾਘਾ ਕੀਤੀ ਅਤੇ ਲੋੜਵੰਦਾਂ ਨੂੰ ਸਹਾਇਤਾ ਰਾਸ਼ੀ ਦੇ ਚੈੱਕ ਵੰਡੇ।ਸਹਾਇਤਾ ਪ੍ਰਾਪਤ ਕਰਨ ਵਾਲੇ ਪਰਵਾਰਾਂ ਨੇ ਡਾ. ਓਬਰਾਏ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਮਦਦ ਨਾਲ ਉਨ੍ਹਾਂ ਦੀਆਂ ਘਰੇਲੂ ਲੋੜਾਂ ਪੂਰੀਆਂ ਕਰਨ ਵਿੱਚ ਵੱਡੀ ਰਾਹਤ ਮਿਲੇਗੀ।

## ਸਪੋਰਟਸ ਵੈੱਲਫੇਅਰ ਬੋਰਡ ਦਾ ਚੇਅਰਮੈਨ ਬਣਨ 'ਤੇ ਕਰਨੈਲ ਸਿੰਘ ਦਾ ਵਿਧਾਇਕਾ ਵੱਲੋਂ ਸਨਮਾਨ



**ਮੋਗਾ (ਇਕਬਾਲ ਸਿੰਘ ਖਹਿਰਾ)**-ਪੰਜਾਬ ਸਰਕਾਰ ਵੱਲੋਂ ਸਪੋਰਟਸ ਵੈੱਲਫੇਅਰ ਬੋਰਡ ਹਲਕਾ ਮੋਗਾ ਦੇ ਚੇਅਰਮੈਨ ਵਜੋਂ ਕਰਨੈਲ ਸਿੰਘ ਭਲਵਾਨ ਚੜਿੱਕ ਦੀ ਨਿਯੁਕਤੀ ਹੋਣ 'ਤੇ ਮੋਗਾ ਦੀ ਵਿਧਾਇਕਾ ਤੇ ਆਮ ਆਦਮੀ ਪਾਰਟੀ ਦੀ ਸੀਨੀਅਰ ਆਗੂ ਡਾ. ਅਮਨਦੀਪ ਕੌਰ ਅਰੋੜਾ ਨੇ ਉਨ੍ਹਾਂ ਨੂੰ ਆਪਣੇ ਨਿਵਾਸ ਸਥਾਨ 'ਤੇ ਸਿਰੋਪਾ ਭੇਟ ਕਰਕੇ ਸਨਮਾਨਤ ਕੀਤਾ ਅਤੇ ਮੂੰਹ ਮਿੱਠਾ ਕਰਵਾਉਂਦਿਆਂ ਦਿਲੋਂ ਵਧਾਈ ਦਿੱਤੀ।ਇਸ ਮੌਕੇ ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ ਉਨ੍ਹਾਂ ਨੂੰ ਪੂਰਾ ਵਿਸ਼ਵਾਸ ਹੈ ਕਿ ਕਰਨੈਲ ਸਿੰਘ ਭਲਵਾਨ ਆਪਣੇ ਲੰਬੇ ਤਜਰਬੇ, ਸਮਰਪਣ ਤੇ ਯੋਗ ਅਗਵਾਈ ਸਦਕਾ ਹਲਕਾ ਮੋਗਾ ਵਿੱਚ ਖੇਡਾਂ ਨੂੰ ਨਵੀਂ ਦਿਸ਼ਾ ਦੇਣਗੇ ਤੇ ਨੌਜਵਾਨ ਖਿਡਾਰੀਆਂ ਨੂੰ ਅੱਗੇ ਵੱਧਣ ਲਈ ਬਿਹਤਰ ਮੌਕੇ ਪ੍ਰਦਾਨ ਕਰਨਗੇ।ਉਨ੍ਹਾਂ ਕਿਹਾ ਕਿ ਖਿਡਾਰੀਆਂ ਦੀ ਭਲਾਈ ਤੇ ਖੇਡ ਸਹੂਲਤਾਂ ਨੂੰ ਮਜ਼ਬੂਤ ਕਰਨ ਵਿੱਚ ਉਨ੍ਹਾਂ ਦਾ ਯੋਗਦਾਨ ਨਵੇਂ ਮਾਪਦੰਡ ਸਥਾਪਤ ਕਰੇਗਾ।ਕਰਨੈਲ ਸਿੰਘ ਭਲਵਾਨ ਨੇ ਸਪੋਰਟਸ ਵੈੱਲਫੇਅਰ ਬੋਰਡ ਦੀ ਸਮੁੱਚੀ ਟੀਮ ਨੂੰ ਵੀ ਵਧਾਈ ਦਿੰਦਿਆਂ ਕਿਹਾ ਕਿ ਸਾਰੇ ਮੈਂਬਰ ਖੇਡਾਂ ਦੇ ਵਿਕਾਸ ਤੇ ਖਿਡਾਰੀਆਂ ਦੇ ਹਿੱਤਾਂ ਲਈ ਪੂਰੀ ਨਿਸ਼ਠਾ ਤੇ ਇਮਾਨਦਾਰੀ ਨਾਲ ਕੰਮ ਕਰਨਗੇ ਅਤੇ ਸਰਕਾਰ ਦੀਆਂ ਖੇਡ ਪ੍ਰੋਤਸਾਹਨ ਨੀਤੀਆਂ ਨੂੰ ਜ਼ਮੀਨੀ ਪੱਧਰ ਤੱਕ ਪਹੁੰਚਾਉਣ ਵਿੱਚ ਅਹਿਮ ਭੂਮਿਕਾ ਨਿਭਾਉਣਗੇ।

## ਨਿਰੰਕਾਰੀ ਭਵਨ ਭਵਾਨੀਗੜ੍ਹ ਵਿਖੇ ਵਿਸ਼ਾਲ ਖ਼ੂਨਦਾਨ ਕੈਂਪ



**ਭਵਾਨੀਗੜ੍ਹ (ਰਾਜ ਖੁਰਮੀ)**-ਸੰਤ ਨਿਰੰਕਾਰੀ ਮਿਸ਼ਨ ਵੱਲੋਂ ਨਿਰੰਕਾਰੀ ਭਵਨ ਭਵਾਨੀਗੜ੍ਹ ਵਿਖੇ ਵਿਸ਼ਾਲ ਖ਼ੂਨਦਾਨ ਕੈਂਪ ਲਗਾਇਆ ਗਿਆ।ਕੈਂਪ ਵਿੱਚ ਵੱਡੀ ਗਿਣਤੀ ਵਿੱਚ ਸਾਧ-ਸੰਗਤ ਨੇ ਉਤਸ਼ਾਹ ਨਾਲ ਖ਼ੂਨ ਦਾਨ ਕਰਕੇ ਮਾਨਵਤਾ ਦੀ ਸੇਵਾ ਦਾ ਸੰਦੇਸ਼ ਦਿੱਤਾ।ਖ਼ੂਨਦਾਨ ਕੈਂਪ ਦੌਰਾਨ ਨੌਜਵਾਨਾਂ, ਮਹਿਲਾਵਾਂ ਤੇ ਬਜ਼ੁਰਗਾਂ ਨੇ ਵੀ ਵਧ-ਚੜ੍ਹ ਕੇ ਸ਼ਮੂਲੀਅਤ ਕੀਤੀ।ਇਸ ਮੌਕੇ ਮੁੱਖ ਮਹਿਮਾਨ ਵਜੋਂ ਪਹੁੰਚੇ ਜ਼ੋਨਲ ਇੰਚਾਰਜ ਡਾ. ਵੀ. ਸੀ. ਲੁਥਰਾ (ਜ਼ੋਨ ਸੰਗਰੂਰ-15ਏ) ਨੇ ਸੰਬੋਧਨ ਕਰਦਿਆਂ ਕਿਹਾ ਕਿ ਸੰਤ ਨਿਰੰਕਾਰੀ ਮਿਸ਼ਨ ਹਮੇਸ਼ਾ ਮਾਨਵਤਾ ਦੀ ਨਿਸ਼ਕਾਮ ਸੇਵਾ ਲਈ ਸਮਰਪਤ ਰਿਹਾ ਹੈ।ਉਨ੍ਹਾਂ ਸਤਿਗੁਰੂ ਜੀ ਦੇ ਸੰਦੇਸ਼ ਦਾ ਜ਼ਿਕਰ ਕਰਦਿਆਂ ਕਿਹਾ ਕਿ ਸਾਡਾ ਖ਼ੂਨ ਨਾਲੀਆਂ ਵਿੱਚ ਨਹੀਂ, ਸਗੋਂ ਲੋੜਵੰਦਾਂ ਦੀਆਂ ਨਾੜਾਂ ਵਿੱਚ ਵਹਿਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਖ਼ੂਨਦਾਨ ਮਹਾਨ ਸੇਵਾ ਹੈ, ਜਿਸ ਨਾਲ ਕਿਸੇ ਅਣਜਾਣ ਵਿਅਕਤੀ ਦੀ ਜ਼ਿੰਦਗੀ ਬਚਾਈ ਜਾ ਸਕਦੀ ਹੈ।ਇਸ ਮੌਕੇ ਭਵਾਨੀਗੜ੍ਹ ਦੇ ਮੁਖੀ ਅਵਤਾਰ ਸਿੰਘ ਟੰਡਨ, ਸੰਚਾਲਕ ਸ਼ੰਕਰ ਲਾਲ, ਸੰਚਾਲਿਕਾ ਭੈਣ ਮੀਨੂੰ ਕਟਾਰੀਆ, ਸਿੱਖਿਆਕ ਭਾਈ ਸਾਹਿਬ ਜਸਵੀਰ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਸਾਧ-ਸੰਗਤ ਹਾਜ਼ਰ ਰਹੀ।ਕੈਂਪ ਦੌਰਾਨ ਖ਼ੂਨਦਾਨੀਆਂ ਨੂੰ ਸਨਮਾਨਤ ਵੀ ਕੀਤਾ ਗਿਆ ਤੇ ਮਾਨਵਤਾ ਦੀ ਸੇਵਾ ਲਈ ਅੱਗੇ ਆਉਣ ਦਾ ਸੱਦਾ ਦਿੱਤਾ।

## ਸੂਰਜਕੁੰਡ ਵਿੱਦਿਆ ਮੰਦਰ ਵਿਖੇ ਸੋਸ਼ਲ ਮੀਡੀਆ ਪੰਦਰਵਾੜਾ ਮਨਾਇਆ



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ ਹਾਮਾ ਭੱਟੀ)**-ਸ੍ਰੀ ਸੂਰਜਕੁੰਡ ਸਰਵਹਿੱਤਕਾਰੀ ਵਿੱਦਿਆ ਮੰਦਰ ਸੁਨਾਮ ਵਿਖੇ ਸੋਸ਼ਲ ਮੀਡੀਆ ਪੰਦਰਵਾੜਾ ਮਨਾਇਆ ਗਿਆ। ਇਸ ਦਾ ਆਰੰਭ ਸਰਸਵਤੀ ਵੰਦਨਾ ਤੇ ਦੀਪ ਜੋਤੀ ਅਤੇ ਸ਼ਬਦ ਗਾਇਨ ਨਾਲ ਕੀਤਾ ਗਿਆ।ਇਸ ਵਿੱਚ ਸ੍ਰੀ ਯਸ਼ਪਾਲ ਮੰਗਲਾ ਮੁੱਖ ਬੁਲਾਰੇ ਦੇ ਤੌਰ 'ਤੇ ਸ਼ਾਮਲ ਹੋਏ।ਸਕੂਲ ਦੇ ਪ੍ਰਿੰਸੀਪਲ ਅਮਿਤ ਡੋਗਰਾ ਨੇ ਆਏ ਮਹਿਮਾਨ ਨਾਲ ਜਾਣ ਪਛਾਣ ਕਰਵਾਈ ਤੇ ਉਨ੍ਹਾਂ ਦਾ ਸ੍ਰੀ ਫ਼ਲ ਦੇ ਕੇ ਸਵਾਗਤ ਕੀਤਾ। ਉਹਨਾਂ ਨੇ ਦੱਸਿਆ ਕਿ ਸਕੂਲ ਵਿੱਚ ਸੋਸ਼ਲ ਮੀਡੀਆ ਪੰਦਰਵਾੜਾ 30 ਜੁਲਾਈ ਤੱਕ ਮਨਾਇਆ ਜਾ ਰਿਹਾ ਹੈ।ਇਸ ਪੰਦਰਵਾੜੇ ਅਧੀਨ ਸਕੂਲ ਦੀ ਪ੍ਰਚਾਰ ਪ੍ਰਸਾਰ ਕੌਂਸਲ ਵੱਲੋਂ ਪੋਸਟਰ ਬਣਾਉਣ, ਲੇਖ ਲਿਖਣ, ਨਾਟਕ, ਫੋਟੋਗ੍ਰਾਫੀ, ਪ੍ਰਸ਼ਨੋਤਰੀ, ਵੀਡੀਓਗ੍ਰਾਫੀ ਅਤੇ ਵੱਟਸ ਐਪ ਹਾਊਸ ਮੁਕਾਬਲੇ ਕਰਵਾਏ ਗਏ, ਜਿਸ ਵਿੱਚ ਜੇਤੂ ਰਹਿਣ ਵਾਲੇ ਵਿਦਿਆਰਥੀਆਂ ਨੂੰ ਇਨਾਮ ਦਿੱਤੇ ਗਏ।ਇਸ ਮੌਕੇ ਯਸ਼ਪਾਲ ਮੰਗਲਾ ਨੇ ਵਿਦਿਆਰਥੀਆਂ ਨੂੰ ਸੋਸ਼ਲ ਮੀਡੀਆ ਦੇ ਬੁਰੇ ਪ੍ਰਭਾਵਾਂ ਬਾਰੇ ਜਾਣੂ ਕਰਵਾਇਆ।ਇਸ ਮੌਕੇ ਬਲਵਿੰਦਰ ਭਾਰਦਵਾਜ ਨੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ।ਸਕੂਲ ਵੱਲੋਂ ਆਏ ਹੋਏ ਮਹਿਮਾਨ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਸ੍ਰੀ ਰਾਜ ਕੁਮਾਰ ਤੇ ਰਜਿੰਦਰ ਗੋਇਲ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਬਖਸ਼ੀਸ਼ ਕੌਰ ਤੇ ਗੁਰਪ੍ਰੀਤ ਕੌਰ ਵੱਲੋਂ ਮੰਚ ਸੰਚਾਲਨ ਕੀਤਾ ਗਿਆ।

## ਆਂਗਣਵਾੜੀ ਮੁਲਾਜ਼ਮ ਯੂਨੀਅਨ ਵੱਲੋਂ ਪੁਲਸ ਤਸ਼ੱਦਦ ਦੀ ਨਿੰਦਾ



**ਬੁਢਲਾਡਾ (ਅਸ਼ੋਕ ਲਾਕੜਾ)**-ਆਂਗਣਵਾੜੀ ਮੁਲਾਜ਼ਮ ਯੂਨੀਅਨ ਪੰਜਾਬ (ਸੀਟੂ) ਦੀ ਸੂਬਾ ਮੀਤ ਪ੍ਰਧਾਨ ਤੇ ਜ਼ਿਲ੍ਹਾ ਮਾਨਸਾ ਦੀ ਪ੍ਰਧਾਨ ਰਣਜੀਤ ਕੌਰ ਬਰੇਟਾ, ਜ਼ਿਲ੍ਹਾ ਆਗੂਆਂ ਜਿੰਦਰ ਕੌਰ ਬਰੇਟਾ, ਡੇਜ਼ੀ ਸ਼ਰਮਾ ਬਾਵਾ, ਤੇਜਿੰਦਰ ਕੌਰ ਵਾਲੀਆ ਤੇ ਬਲਾਕ ਬੁਢਲਾਡਾ ਦੀ ਪ੍ਰਧਾਨ ਮਨਜੀਤ ਕੌਰ ਬੀਰੋਕੇ ਨੇ ਕਿਹਾ ਕਿ ਬਰਨਾਲਾ ਵਿਖੇ ਆਪਣੇ ਹੱਕਾਂ ਲਈ ਸ਼ਾਂਤਮਈ ਸੰਘਰਸ਼ ਕਰ ਰਹੇ ਸਫਾਈ ਸੇਵਕਾਂ ਅਤੇ ਜੰਤਰ-ਮੰਤਰ ਵਿਖੇ ਲੋਕਤੰਤਰ 'ਤੇ ਸਿੱਧਾ ਹਮਲਾ ਹੈ।ਖ਼ਾਸ ਕਰਕੇ ਮਹਿਲਾ ਸਫਾਈ ਕਰਮਚਾਰੀਆਂ ਨਾਲ ਕੀਤੀ ਗਈ ਵਧੀਕੀ ਤੇ ਉਨ੍ਹਾਂ ਉੱਤੇ ਮਰਦ ਪੁਲਸ ਮੁਲਾਜ਼ਮਾਂ ਵੱਲੋਂ ਹੱਥ ਚੁੱਕਣਾ ਬਹੁਤ ਹੀ ਸ਼ਰਮਨਾਕ ਤੇ ਨਿੰਦਣਯੋਗ ਹੈ।ਉਨ੍ਹਾਂ ਮੰਗ ਕੀਤੀ ਕਿ ਮਹਿਲਾ ਸਫਾਈ ਕਰਮਚਾਰੀਆਂ ਨਾਲ ਧੱਕੇਸ਼ਾਹੀ ਕਰਨ ਵਾਲੇ ਤੇ ਥੱਪੜ ਮਾਰਨ ਵਾਲੇ ਸਾਰੇ ਪੁਲਸ ਮੁਲਾਜ਼ਮਾਂ ਖ਼ਿਲਾਫ ਤੁਰੰਤ ਫੌਜਦਾਰੀ ਮੁਕੱਦਮਾ ਦਰਜ ਕੀਤਾ ਜਾਵੇ, ਉਨ੍ਹਾਂ ਨੂੰ ਮੁਅੱਤਲ ਕਰਕੇ ਬਰਖ਼ਾਸਤ ਕੀਤਾ ਜਾਵੇ ਅਤੇ ਪੂਰੇ ਮਾਮਲੇ ਦੀ ਨਿਰਪੱਖ ਨਿਆਂਇਕ ਜਾਂਚ ਕਰਵਾਈ ਜਾਵੇ।ਜੇਕਰ ਦੋਸ਼ੀ ਪੁਲਸ ਮੁਲਾਜ਼ਮਾਂ ਖ਼ਿਲਾਫ ਸਖ਼ਤ ਕਾਰਵਾਈ ਨਾ ਕੀਤੀ ਗਈ ਤਾਂ ਸੂਬਾ ਪੱਧਰੀ ਤਿੱਖਾ ਸੰਘਰਸ਼ ਵਿੱਢਿਆ ਜਾਵੇਗਾ, ਜਿਸ ਦੀ ਜ਼ਿੰਮੇਵਾਰ ਪੰਜਾਬ ਸਰਕਾਰ ਹੋਵੇਗੀ।

# ਪੇਪਰ ਲੀਕ ਤੇ ਦਿੱਲੀ ਪੁਲਸ ਦੀ ਦਰਿੰਦਗੀ ਖ਼ਿਲਾਫ਼ ਵਿਸ਼ਾਲ ਰੋਸ ਪ੍ਰਦਰਸ਼ਨ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪਟਿਆਲਾ ਵਿਖੇ ਗੁਰਸ਼ਰਨ ਕੌਰ ਰੰਧਾਵਾ ਪ੍ਰਧਾਨ ਜ਼ਿਲ੍ਹਾ ਕਾਂਗਰਸ ਪਟਿਆਲਾ ਦਿਹਾਤੀ ਤੇ ਨਰੇਸ਼ ਦੁੱਗਲ ਪ੍ਰਧਾਨ ਸ਼ਹਿਰੀ ਦੀ ਅਗਵਾਈ ਹੇਠ ਸੈਂਕੜਿਆਂ ਦੀ ਤਾਦਾਦ ਵਿੱਚ ਕਾਂਗਰਸੀ ਵਰਕਰਾਂ ਨੇ ਵਾਰ-ਵਾਰ ਹੋ ਰਹੇ ਪੇਪਰ ਲੀਕ ਤੇ ਦਿੱਲੀ ਵਿੱਚ ਸ਼ਾਂਤਮਈ ਢੰਗ ਨਾਲ ਪ੍ਰਦਰਸ਼ਨ ਕਰ ਰਹੇ ਵਿਦਿਆਰਥੀਆਂ 'ਤੇ ਪੁਲਸ ਵੱਲੋਂ ਕੀਤੀ ਗਈ ਦਰਿੰਦਗੀ ਦੇ ਵਿਰੋਧ ਵਿੱਚ ਵਿਸ਼ਾਲ ਰੋਸ ਪ੍ਰਦਰਸ਼ਨ ਕੀਤਾ।ਉਨ੍ਹਾਂ ਪੇਪਰ ਲੀਕ ਮਾਮਲਿਆਂ ਨੂੰ ਲੈ ਕੇ ਕੇਂਦਰੀ ਸਿੱਖਿਆ ਮੰਤਰੀ ਧਰਮੇਂਦਰ ਪ੍ਰਧਾਨ ਤੇ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੇ ਅਸਤੀਫ਼ਿਆਂ ਦੀ ਮੰਗ ਕੀਤੀ।ਇਸ ਮੌਕੇ ਪ੍ਰਦਰਸ਼ਨਕਾਰੀਆਂ ਨੂੰ ਸੰਬੋਧਨ ਕਰਦਿਆਂ ਗੁਰਸ਼ਰਨ ਕੌਰ ਰੰਧਾਵਾ ਨੇ ਕਿਹਾ ਕਿ ਦੇਸ਼ ਵਿੱਚ ਲਗਭਗ ਹਰ ਮੁਕਾਬਲੇ ਦੀ ਪ੍ਰੀਖਿਆ ਦਾ ਪੇਪਰ ਲੀਕ ਹੋ ਰਿਹਾ ਹੈ ਤੇ ਸਿੱਖਿਆ ਪ੍ਰਣਾਲੀ ਦੇ ਪ੍ਰਬੰਧ ਵਿੱਚ ਪੂਰੀ ਤਰ੍ਹਾਂ ਅਵਿਵਸਥਾ ਫੈਲੀ ਹੋਈ ਹੈ।ਉਨ੍ਹਾਂ ਨੇ ਕਿਹਾ ਕਿ ਸੀਬੀਐੱਸਈ ਵੀ ਗਲਤ ਮੁਲਾਂਕਣ ਕਰਕੇ ਵਿਦਿਆਰਥੀਆਂ ਨਾਲ ਇਨਸਾਫ਼ ਕਰਨ ਵਿੱਚ ਨਾਕਾਮ ਰਹੀ ਹੈ, ਪਰ ਸਰਕਾਰ ਨੂੰ ਇਸ ਦੀ ਕੋਈ ਪ੍ਰਵਾਹ ਨਹੀਂ ਹੈ।ਬੀਬੀ ਰੰਧਾਵਾ ਨੇ ਕਿਹਾ ਕਿ ਜਦੋਂ ਸ਼ਾਂਤਮਈ ਢੰਗ ਨਾਲ ਪ੍ਰਦਰਸ਼ਨ ਕਰ ਰਹੇ ਵਿਦਿਆਰਥੀ ਪੇਪਰ ਲੀਕ ਲਈ ਜ਼ਿੰਮੇਵਾਰ ਲੋਕਾਂ ਖ਼ਿਲਾਫ਼ ਕਾਰਵਾਈ ਦੀ ਮੰਗ ਕਰ ਰਹੇ ਸਨ, ਤਾਂ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਨਿਰਦੇਸ਼ਾਂ 'ਤੇ ਦਿੱਲੀ ਪੁਲਸ ਨੇ ਉਨ੍ਹਾਂ ਨਾਲ ਬੇਰਹਿਮੀ ਨਾਲ ਧੱਕਾ-ਮੁੱਕੀ ਤੇ ਕੁੱਟਮਾਰ ਕੀਤੀ। ਉਨ੍ਹਾਂ ਨੇ ਜ਼ੋਰ ਦਿੰਦਿਆਂ ਕਿਹਾ ਕਿ ਭਾਜਪਾ ਲੋਕਤੰਤਰੀ ਸਰਕਾਰ ਨਹੀਂ, ਸਗੋਂ ਤਾਨਾਸ਼ਾਹੀ ਚਲਾ ਰਹੀ ਹੈ, ਜਿੱਥੇ ਵਿਰੋਧ ਦੀ ਹਰ ਆਵਾਜ਼ ਨੂੰ ਕੁਚਲਿਆ ਜਾ ਰਿਹਾ ਹੈ। ਇਸ ਮੌਕੇ ਨਰੇਸ਼ ਦੁੱਗਲ ਨੇ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ 'ਤੇ ਵੀ ਤੰਜ ਕੱਸਦਿਆਂ, ਕਿਹਾ ਕਿ ਇੱਕ ਪਾਸੇ ਉਹ ਕੇਂਦਰੀ ਸਿੱਖਿਆ ਮੰਤਰੀ ਤੋਂ ਪੇਪਰ ਲੀਕ ਮਾਮਲਿਆਂ 'ਤੇ ਅਸਤੀਫ਼ੇ ਦੀ ਮੰਗ ਕਰ ਰਹੀ ਹੈ, ਜਦਕਿ ਦੂਜੇ ਧਿਰ ਪੰਜਾਬ ਵਿੱਚ ਹੋਏ ਕਈ ਪੇਪਰ ਲੀਕ ਮਾਮਲਿਆਂ ਦੇ ਬਾਵਜੂਦ ਆਪਣੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦਾ ਬਚਾਅ ਕਰ ਰਹੀ ਹੈ।ਉਨ੍ਹਾਂ ਨੇ ਕਿਹਾ ਕਿ ਆਪ ਨੂੰ ਵੀ ਉਹੀ ਕਰਨਾ ਚਾਹੀਦਾ ਹੈ, ਜੋ ਉਹ ਦੂਜਿਆਂ ਨੂੰ ਕਰਨ ਲਈ ਕਹਿੰਦੀ ਹੈ।ਇਸ ਧਰਨੇ ਵਿੱਚ ਸਾਬਕਾ ਵਿਧਾਇਕ ਰਜਿੰਦਰ ਸਿੰਘ, ਦਰਬਾਰਾ ਬੰਣਵਾਲਾ, ਨੈਬ ਭਾਨਰੀ, ਅਸ਼ਵਨੀ ਬੱਤਾ, ਨਰਿੰਦਰ ਸ਼ਾਸਤਰੀ, ਰਾਜ ਕੁਮਾਰ, ਟਿੰਕਾ ਗਾਜੇਵਾਸੀਆ, ਪੂਜਾ ਗਰਗ, ਸੁਨੀਲ ਬੱਬਰ, ਦੀਦਾਰ ਦੌਣਕਲਾ, ਹਰਵਿੰਦਰ ਰਾਠੀਆਂ, ਮਹਿਕ ਗਰੇਵਾਲ, ਤਜਿੰਦਰ ਗਾਜੇਵਾਸ, ਮੇਜਰ ਢੀਂਡਸਾ, ਜਤਿੰਦਰ ਮੱਟੂ, ਗੌਰਵ ਸੰਧੂ, ਨਰਿੰਦਰ ਸੰਧੂ, ਗੁਰਸੇਵਕ ਜੌੜਾਮਾਜਰਾ, ਸੁਖਦੇਵ ਰੌਣੀ, ਪਰਮਜੀਤ ਕੌਰ, ਮਲਕੀਤ ਉੱਪਲਹੇੜੀ, ਬਲਦੇਵ ਗੱਦੋ ਮਾਜਰਾ, ਅਮਰਜੀਤ ਕੌਰ, ਦੀਪੂ ਭੰਡਾਰੀ ਆਦਿ ਹਾਜ਼ਰ ਸਨ।

# ਕੇਂਦਰ ਵਿਦਿਆਰਥੀਆਂ ਦੇ ਭਵਿੱਖ ਨਾਲ ਖਿਲਵਾੜ ਕਰ ਰਹੀ : ਰਾਜਿੰਦਰ ਸਿੰਘ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਦੇਸ਼ ਦੀ ਸਿੱਖਿਆ ਪ੍ਰਣਾਲੀ, ਨੀਟ ਪੇਪਰ ਲੀਕ ਮਾਮਲੇ ਤੇ ਪ੍ਰੀਖਿਆ ਪ੍ਰਣਾਲੀ ਵਿੱਚ ਆ ਰਹੀਆਂ ਖਾਮੀਆਂ ਨੂੰ ਲੈ ਕੇ ਕਾਂਗਰਸ ਪਾਰਟੀ ਵੱਲੋਂ ਦੇਸ਼ ਭਰ ਵਿੱਚ ਵਿਰੋਧ ਪ੍ਰਦਰਸ਼ਨ ਕੀਤੇ ਜਾ ਰਹੇ ਹਨ।ਇਸੇ ਕੜੀ ਤਹਿਤ ਪਟਿਆਲਾ ਵਿੱਚ ਪੰਜਾਬ ਦੇ ਸਮਾਣਾ ਹਲਕੇ ਦੇ ਸਾਬਕਾ ਵਿਧਾਇਕ ਰਾਜਿੰਦਰ ਸਿੰਘ ਦੀ ਅਗਵਾਈ ਹੇਠ ਵਿਦਿਆਰਥੀਆਂ ਨਾਲ ਗੱਲਬਾਤ ਕੀਤੀ ਗਈ।ਉਨ੍ਹਾਂ ਵਿਦਿਆਰਥੀਆਂ ਦੀਆਂ ਸਮੱਸਿਆਵਾਂ ਸੁਣੀਆਂ ਤੇ ਕੇਂਦਰ ਸਰਕਾਰ ਦੀ ਸਿੱਖਿਆ ਨੀਤੀ 'ਤੇ ਸਵਾਲ ਉਠਾਉਂਦਿਆਂ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਅਤੇ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦੇ ਅਸਤੀਫ਼ੇ ਦੀ ਮੰਗ ਕੀਤੀ।ਰਾਜਿੰਦਰ ਸਿੰਘ ਨੇ ਕਿਹਾ ਕਿ ਨੀਟ ਪੇਪਰ ਲੀਕ ਵਰਗੇ ਗੰਭੀਰ ਮਾਮਲੇ ਨੇ ਦੇਸ਼ ਦੀ ਪ੍ਰੀਖਿਆ ਪ੍ਰਣਾਲੀ ਦੀ ਭਰੋਸੇਯੋਗਤਾ 'ਤੇ ਸਵਾਲ ਖੜੇ ਕਰ ਦਿੱਤੇ ਹਨ।ਉਨ੍ਹਾਂ ਦਾਅਵਾ ਕੀਤਾ ਕਿ ਮਾਮਲੇ ਨੂੰ ਕਈ ਹਫ਼ਤੇ ਬੀਤ ਜਾਣ ਦੇ ਬਾਵਜੂਦ ਕੇਂਦਰ ਸਰਕਾਰ ਨੇ ਜ਼ਿੰਮੇਵਾਰਾਂ ਖ਼ਿਲਾਫ਼ ਲੋੜੀਂਦੀ ਕਾਰਵਾਈ ਨਹੀਂ ਕੀਤੀ ਅਤੇ ਨਾ ਹੀ ਸਿੱਖਿਆ ਮੰਤਰੀ ਤੋਂ ਜਵਾਬਦੇਹੀ ਤੈਅ ਕੀਤੀ ਗਈ ਹੈ।ਉਨ੍ਹਾਂ ਨੇ ਕਿਹਾ ਕਿ ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ, ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਆਗੂ ਰਾਹੁਲ ਗਾਂਧੀ ਅਤੇ ਸੰਸਦ ਮੈਂਬਰ ਪ੍ਰਿਯੰਕਾ ਗਾਂਧੀ ਦੀ ਅਗਵਾਈ ਹੇਠ ਸੰਸਦ ਦੇ ਅੰਦਰ ਤੇ ਬਾਹਰ ਇਹ ਮੁੱਦਾ ਲਗਾਤਾਰ ਉਠਾਇਆ ਜਾ ਰਿਹਾ ਹੈ।ਉਨ੍ਹਾਂ ਦੋਸ਼ ਲਾਇਆ ਕਿ ਜਦੋਂ ਵਿਰੋਧੀ ਧਿਰ ਜਾਂ ਵਿਦਿਆਰਥੀ ਆਪਣੀ ਆਵਾਜ਼ ਬੁਲੰਦ ਕਰਦੇ ਹਨ ਤਾਂ ਉਨ੍ਹਾਂ ਨੂੰ ਪੁਲਿਸ ਕਾਰਵਾਈ ਅਤੇ ਲਾਠੀਚਾਰਜ ਰਾਹੀਂ ਦਬਾਉਣ ਦੀ ਕੋਸ਼ਿਸ਼ ਕੀਤੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਵਿਰੋਧੀ ਧਿਰ ਦੇ ਆਗੂਆਂ ਨਾਲ ਕੀਤਾ ਗਿਆ ਵਰਤਾਅ ਲੋਕਤੰਤਰੀ ਪ੍ਰੰਪਰਾਵਾਂ ਦੇ ਉਲਟ ਹੈ।ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਦਾ ਭਵਿੱਖ ਕਿਸੇ ਵੀ ਦੇਸ਼ ਦੀ ਸਭ ਤੋਂ ਵੱਡੀ ਪੂੰਜੀ ਹੁੰਦਾ ਹੈ, ਪਰ ਮੌਜੂਦਾ ਹਾਲਾਤਾਂ ਵਿੱਚ ਨੌਜਵਾਨਾਂ ਦਾ ਪ੍ਰੀਖਿਆ ਪ੍ਰਣਾਲੀ ਤੋਂ ਭਰੋਸਾ ਉੱਠਦਾ ਜਾ ਰਿਹਾ ਹੈ।ਰਾਜਿੰਦਰ ਸਿੰਘ ਨੇ ਦੋਸ਼ ਲਾਇਆ ਕਿ ਪੇਪਰ ਲੀਕ ਦੀਆਂ ਘਟਨਾਵਾਂ ਕਾਰਨ ਹਜ਼ਾਰਾਂ ਵਿਦਿਆਰਥੀਆਂ ਨੂੰ ਮਾਨਸਿਕ ਪਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ ਹੈ।ਉਨ੍ਹਾਂ ਕਿਹਾ ਕਿ ਇਸ ਮਾਮਲੇ ਵਿੱਚ ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ ਅਤੇ ਪੂਰੇ ਮਾਮਲੇ ਦੀ ਨਿਰਪੱਖ ਜਾਂਚ ਕਰਾਈ ਜਾਵੇ।

## 193 ਬਿਨਾਂ ਟਿਕਟ/ਅਨਿਯਮਿਤ ਯਾਤਰੀ ਫੜੇ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਮੰਡਲ ਰੇਲ ਪ੍ਰਬੰਧਕ ਸੰਜੀਵ ਕੁਮਾਰ ਤੇ ਸੀਨੀਅਰ ਮੰਡਲ ਵਣਜ ਪ੍ਰਬੰਧਕ ਬਸੰਤ ਕੁਮਾਰ ਦੇ ਨਿਰਦੇਸ਼ਾਂ ਅਨੁਸਾਰ 21 ਜੁਲਾਈ 2026 ਨੂੰ ਲੁਧਿਆਣਾ-ਅੰਮ੍ਰਿਤਸਰ ਮੇਨ ਲਾਈਨ ਸੈਕਸ਼ਨ 'ਤੇ ਵਿਸ਼ੇਸ਼ ਟਿਕਟ ਚੈਕਿੰਗ ਅਭਿਆਨ ਚਲਾਇਆ ਗਿਆ। ਟਿਕਟ ਚੈਕਿੰਗ ਅਭਿਆਨ ਦੀ ਅਗਵਾਈ ਸਹਾਇਕ ਵਣਜ ਪ੍ਰਬੰਧਕ ਰਾਜ ਕੁਮਾਰ ਨੇ ਕੀਤੀ। ਇਸ ਦੌਰਾਨ 9 ਲੋਕਾਂ ਦੀ ਟਿਕਟ ਚੈਕਿੰਗ ਟੀਮ ਨੇ ਵੱਖ-ਵੱਖ ਟਰੇਨਾਂ ਵਿੱਚ ਸੰਘਣੀ ਚੈਕਿੰਗ ਕੀਤੀ। ਅਭਿਆਨ ਦੌਰਾਨ ਟਰੇਨ ਨੰਬਰ 14674 ਤੇ 14673 (ਸ਼ਹੀਦ ਐਕਸਪ੍ਰੈੱਸ), 11057 (ਅੰਮ੍ਰਿਤਸਰ ਐਕਸਪ੍ਰੈਸ) ਤੇ 13006 (ਅੰਮ੍ਰਿਤਸਰ-ਹਾਵੜਾ ਮੇਲ) ਸਮੇਤ ਹੋਰ ਟਰੇਨਾਂ ਵਿੱਚ ਟਿਕਟਾਂ ਦੀ ਚੈਕਿੰਗ ਕੀਤੀ ਗਈ। ਚੈਕਿੰਗ ਦੌਰਾਨ ਬਿਨਾਂ ਟਿਕਟ ਤੇ ਅਨਿਯਮਤ ਯਾਤਰਾ ਕਰ ਰਹੇ 193 ਯਾਤਰੀਆਂ ਤੋਂ ਕੁੱਲ 1.78 ਲੱਖ ਰੁਪਏ ਜੁਰਮਾਨੇ ਵਜੋਂ ਮਾਲੀਆ ਵਸੂਲ ਕੀਤਾ ਗਿਆ। ਟਿਕਟ ਚੈਕਿੰਗ ਦੇ ਨਾਲ-ਨਾਲ ਸਹਾਇਕ ਵਣਜ ਪ੍ਰਬੰਧਕ ਨੇ ਟਰੇਨਾਂ ਵਿੱਚ ਯਾਤਰੀ ਸਹੂਲਤਾਂ ਤੇ ਖਾਣ-ਪੀਣ ਦੀ ਵਿਵਸਥਾ ਦਾ ਵੀ ਨਰੀਖਣ ਕੀਤਾ। ਸੀਨੀਅਰ ਮੰਡਲ ਵਣਜ ਪ੍ਰਬੰਧਕ ਬਸੰਤ ਕੁਮਾਰ ਨੇ ਦੱਸਿਆ ਕਿ ਭਾਰਤੀ ਰੇਲਵੇ ਦੀ ਪਹਿਲਕਦਮੀ ਯਾਤਰੀਆਂ ਨੂੰ ਸੁਰੱਖਿਅਤ, ਸੁਖਾਵਾਂ ਤੇ ਅਨੁਸ਼ਾਸਤ ਰੇਲ ਸਫ਼ਰ ਮੁਹੱਈਆ ਕਰਵਾਉਣਾ ਹੈ। ਉਨ੍ਹਾਂ ਕਿਹਾ ਕਿ ਬਿਨਾਂ ਟਿਕਟ ਯਾਤਰਾ ਕਰਨਾ ਕਾਨੂੰਨਨ ਜੁਰਮ ਹੈ। ਇਸ ਲਈ ਉਨ੍ਹਾਂ ਨੇ ਯਾਤਰੀਆਂ ਨੂੰ ਅਪੀਲ ਕੀਤੀ ਕਿ ਉਹ ਹਮੇਸ਼ਾ ਜਾਇਜ਼ ਟਿਕਟ ਲੈ ਕੇ ਹੀ ਯਾਤਰਾ ਕਰਨ।

## ਪਟਿਆਲਾ ਜੇਲ੍ਹ 'ਚ ਹੋਈ ਲੜਾਈ ਦੌਰਾਨ ਜ਼ਖਮੀ ਕੈਦੀ ਦੀ ਮੌਤ

**ਪਟਿਆਲ (ਰਾਜਿੰਦਰ ਸਿੰਘ ਥਿੰਦ)**-ਪਿਛਲੇ ਦਿਨੀਂ ਕੇਂਦਰੀ ਜੇਲ੍ਹ ਪਟਿਆਲਾ ਵਿੱਚ ਕੈਦੀਆਂ ਦੇ ਦੋ ਗਰੁੱਪਾਂ ਦਰਮਿਆਨ ਹੋਈ ਝੜਪ ਮੌਕੇ ਜ਼ਖਮੀ ਹੋਏ ਦੋਵਾਂ ਧਿਰਾਂ ਦੇ ਦੋ ਮੈਂਬਰਾਂ ਨੂੰ ਸਰਕਾਰੀ ਰਜਿੰਦਰਾ ਹਸਪਤਾਲ ਪਟਿਆਲਾ ਵਿਖੇ ਦਾਖਲ ਕਰਾਇਆ ਗਿਆ ਸੀ।ਬਾਅਦ ਵਿੱਚ ਇਨ੍ਹਾਂ ਵਿੱਚੋਂ ਗੰਭੀਰ ਹਾਲਤ ਦੇ ਚਲਦਿਆਂ ਅਜੇ ਕੁਮਾਰ ਵਾਸੀ ਗੋਪਾਲ ਕਲੋਨੀ ਪਟਿਆਲਾ ਨੂੰ ਪੀ ਜੀ ਆਈ ਰੈਫਰ ਕਰ ਦਿੱਤਾ ਗਿਆ ਸੀ, ਪਰ ਅੱਜ ਇਲਾਜ ਦੌਰਾਨ ਉਹ ਦਮ ਤੋੜ ਗਿਆ, ਜਿਸ ਦਾ ਪੋਸਟ ਮਾਰਟਮ ਜੁਡੀਸ਼ਲ ਅਧਿਕਾਰੀ ਦੀ ਨਿਗਰਾਨੀ ਹੇਠ ਡਾਕਟਰਾਂ ਦੇ ਇੱਕ ਬੋਰਡ ਵੱਲੋਂ ਕੀਤਾ ਜਾਵੇਗਾ।ਸੰਪਰਕ ਕਰਨ 'ਤੇ ਪਟਿਆਲਾ ਜੇਲ੍ਹ ਦੇ ਸੁਪਰਡੈਂਟ ਗੁਰਚਰਨ ਸਿੰਘ ਧਾਲੀਵਾਲ ਨੇ ਇਸ ਗੱਲ ਦੀ ਪੁਸ਼ਟੀ ਕੀਤੀ।ਉਧਰ ਇਸ ਘਟਨਾ ਦੌਰਾਨ ਜ਼ਖਮੀ ਹੋਏ ਦੂਸਰੇ ਕੈਦੀ/ਹਵਾਲਾਤੀ ਦਾ ਨਾਮ ਵੀ ਅਜੇ ਕੁਮਾਰ ਉਰਫ ਕੰਗਾਰੂ ਹੈ, ਉਹ ਵੀ ਪਟਿਆਲਾ ਸ਼ਹਿਰ ਦਾ ਹੀ ਵਸਨੀਕ ਹੈ।

# ਅਧਿਆਪਕ ਜਥੇਬੰਦੀਆਂ ਦਾ ਵਫਦ ਡੀ ਐੱਸ ਪੀ ਨੂੰ ਮਿਲਿਆ



**ਮਾਨਸਾ (ਆਤਮਾ ਸਿੰਘ ਪਮਾਰ)**-ਲੰਘੇ 2023 ਸਾਲ ਦੌਰਾਨ ਪੰਜਾਬ ਦੇ ਮੁੱਖ ਮੰਤਰੀ ਵੱਲੋਂ ਸੂਬੇ ਦੇ ਵੱਖ ਵੱਖ ਜ਼ਿਲ੍ਹਿਆਂ 'ਚ ਜਾ ਕੇ ਕੈਬਨਿਟ ਮੀਟਿੰਗਾਂ ਕਰਨ ਦੇ ਫਲਾਪ ਡਰਾਮੇ ਸਮੇਂ ਪੁਰਾਣੀ ਪੈਨਸ਼ਨ ਬਹਾਲੀ ਕਮੇਟੀ ਦੇ ਆਗੂਆਂ ਤੇ ਹੋਰ ਜਥੇਬੰਦੀਆਂ 'ਤੇ ਕੀਤੇ ਝੂਠੇ ਪਰਚਿਆਂ ਨੂੰ ਰੱਦ ਕਰਵਾਉਣ ਲਈ ਅਧਿਆਪਕ ਜਥੇਬੰਦੀਆਂ ਦਾ ਇੱਕ ਵਫਦ ਡੀ ਐੱਸ ਪੀ ਮਾਨਸਾ ਨੂੰ ਮਿਲਿਆ। ਜਾਣਕਾਰੀ ਦਿੰਦਿਆਂ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਦੇ ਆਗੂਆਂ ਕਰਮਜੀਤ ਸਿੰਘ ਤਾਮਕੋਟ, ਦਰਸ਼ਨ ਅਲੀਸ਼ੇਰ, ਧਰਮਿੰਦਰ ਹੀਰੇਵਾਲਾ ਅਤੇ ਲਖਵਿੰਦਰ ਮਾਨ ਨੇ ਦੱਸਿਆ ਕਿ ਜੂਨ 2023 'ਚ ਜਦੋਂ ਮੁੱਖ ਮੰਤਰੀ ਭਗਵੰਤ ਮਾਨ ਮਾਨਸਾ ਵਿਖੇ ਕੈਬਨਿਟ ਮੀਟਿੰਗ ਕਰਨ ਲਈ ਆਏ ਤਾਂ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ, ਠੇਕਾ ਮੁਲਾਜ਼ਮ ਮੋਰਚਾ ਤੇ ਬੇਰੁਜ਼ਗਾਰ ਅਧਿਆਪਕ ਯੂਨੀਅਨਾਂ ਦੇ ਆਗੂ ਤੇ ਵਰਕਰ ਆਪਣੀਆਂ ਮੰਗਾਂ ਦੇ ਸਬੰਧ 'ਚ ਮੰਗ ਪੱਤਰ ਦੇਣ ਲਈ ਮੁੱਖ ਮੰਤਰੀ ਦੇ ਪ੍ਰੋਗਰਾਮ ਵੱਲ ਜਾ ਰਹੇ ਸਨ ਤਾਂ ਉਨ੍ਹਾਂ ਨੂੰ ਰਸਤੇ 'ਚ ਹੀ ਗ੍ਰਿਫਤਾਰ ਕਰ ਲਿਆ ਗਿਆ ਅਤੇ 158 ਆਗੂਆਂ ਤੇ ਵਰਕਰਾਂ 'ਤੇ ਭੰਨ ਤੋੜ ਕਰਨ ਦਾ ਝੂਠਾ ਪਰਚਾ ਪਾ ਦਿੱਤਾ। ਕਰੀਬ ਇੱਕ ਸਾਲ ਪਹਿਲਾਂ ਇਸ ਪਰਚੇ ਨੂੰ ਰੱਦ ਕਰਨ ਦੀ ਪ੍ਰਕਿਰਿਆ ਵੀ ਸ਼ੁਰੂ ਹੋਈ, ਪ੍ਰਤੂ ਅਜੇ ਤੱਕ ਇਹ ਪਰਚਾ ਰੱਦ ਨਹੀਂ ਹੋਇਆ।ਅਧਿਆਪਕ ਆਗੂਆਂ ਰਾਜਵਿੰਦਰ ਸਿੰਘ ਬਹਿਣੀਵਾਲ, ਨਵੀਨ ਬੋਹਾ, ਇਕਬਾਲ ਸਿੰਘ ਤੇ ਸੁਖਦੀਪ ਸਿੰਘ ਨੇ ਕਿਹਾ ਕਿ ਇਸ ਤਰ੍ਹਾਂ ਦੇ ਝੂਠੇ ਪਰਚੇ ਪਾ ਕੇ ਸੰਘਰਸ਼ ਕਰਨ ਵਾਲੇ ਲੋਕਾਂ ਦੀ ਜ਼ੁਬਾਨ ਨੂੰ ਬੰਦ ਨਹੀਂ ਕੀਤਾ ਜਾ ਸਕਦਾ। ਉਹ ਆਪਣੇ ਹੱਕਾਂ ਲਈ ਇਸੇ ਤਰ੍ਹਾਂ ਲੜਦੇ ਆਏ ਹਨ ਤੇ ਲੜਦੇ ਰਹਿਣਗੇ, ਪਰਚੇ ਉਨ੍ਹਾਂ ਦੇ ਰਸਤੇ ਦਾ ਰੋੜਾ ਨਹੀਂ ਬਣ ਸਕਦੇ।

ਉਨ੍ਹਾਂ ਚਿਤਾਵਨੀ ਦਿੱਤੀ ਕਿ ਜੇਕਰ ਪਰਚਾ ਰੱਦ ਨਾ ਹੋਇਆ ਤਾਂ ਜ਼ਿਲ੍ਹੇ ਦੀਆਂ ਸਮੂਹ ਜਨਤਕ ਜਥੇਬੰਦੀਆ ਨੂੰ ਨਾਲ ਲੈ ਕੇ ਵੱਡਾ ਸੰਘਰਸ਼ ਵਿੱਢਣ ਦਾ ਐਲਾਨ ਕੀਤਾ ਜਾਵੇਗਾ। ਇਸ ਮੌਕੇ ਗੁਰਪ੍ਰੀਤ ਭੀਖੀ, ਮਨਦੀਪ ਕੋਟਲੀ, ਸੁਖਚੈਨ ਸੇਖੋਂ, ਕੁਲਦੀਪ ਅੱਕਾਂਵਾਲੀ, ਇਕਬਾਲ ਸਿੰਘ ਉੱਭਾ, ਗੁਰਪਿੰਦਰ ਸਿੰਘ, ਦਮਨਜੀਤ ਸਿੰਘ, ਗੁਰਜੰਟ ਸਿੰਘ, ਗੁਰਦੀਪ ਬਰਨਾਲਾ, ਰਣਜੀਤ ਸਿੰਘ ਆਦਿ ਆਗੂ ਹਾਜ਼ਰ ਸਨ।

# ਹੋਲੀ ਹਾਰਟ ਸਕੂਲ 'ਚ 'ਨਾਰੀ ਸ਼ਕਤੀਕਰਨ ਦਿਵਸ' ਧੂਮ-ਧਾਮ ਨਾਲ ਮਨਾਇਆ



**ਅਜੀਤਵਾਲ (ਨਛੱਤਰ ਸੰਧੂ)**

ਸਕੂਲ ਹੋਲੀ ਹਾਰਟ ਸਕੂਲ ਵਿਖੇ ਸਮਾਜ ਵਿੱਚ ਔਰਤਾਂ ਦੇ ਮਹੱਤਵਪੂਰਨ ਯੋਗਦਾਨ, ਅਧਿਕਾਰਾਂ ਤੇ ਉਨ੍ਹਾਂ ਦੀ ਨਿਰੋਈ ਸ਼ਕਤੀ ਨੂੰ ਸਮਰਪਤ 'ਨਾਰੀ ਸ਼ਕਤੀਕਰਨ ਦਿਵਸ' ਬੜੀ ਸਰਗਰਮੀ ਅਤੇ ਉਤਸ਼ਾਹ ਨਾਲ ਮਨਾਇਆ ਗਿਆ।ਸਮਾਗਮ ਦਾ ਮੁੱਖ ਮਨੋਰਥ ਵਿਦਿਆਰਥੀਆਂ ਵਿੱਚ ਲਿੰਗ ਸਮਾਨਤਾ, ਔਰਤਾਂ ਪ੍ਰਤੀ ਸਤਿਕਾਰ ਤੇ ਉਨ੍ਹਾਂ ਨੂੰ ਸਮਾਜ ਦੇ ਹਰ ਖੇਤਰ ਵਿੱਚ ਅੱਗੇ ਵਧਣ ਲਈ ਪ੍ਰੇਰਿਤ ਕਰਨਾ ਸੀ।ਸਮਾਗਮ ਦੀ ਸ਼ੁਰੂਆਤ ਸਕੂਲ ਦੀ ਵਿਸ਼ੇਸ਼ ਪ੍ਰਾਰਥਨਾ ਸਭਾ ਨਾਲ ਹੋਈ, ਜਿਸ ਤੋਂ ਬਾਅਦ ਵਿਦਿਆਰਥੀਆਂ ਨੇ ਸਮਾਜਿਕ ਚੇਤਨਾ ਅਤੇ ਔਰਤਾਂ ਦੀ ਆਜ਼ਾਦੀ 'ਤੇ ਅਧਾਰਤ ਕਈ ਪ੍ਰਭਾਵਸ਼ਾਲੀ ਪ੍ਰੋਗਰਾਮ ਪੇਸ਼ ਕੀਤੇ।

ਸਮਾਗਮ ਦੌਰਾਨ ਵਿਦਿਆਰਥੀਆਂ ਨੇ ਨਾਰੀ ਸ਼ਕਤੀਕਰਨ ਦੇ ਵੱਖ-ਵੱਖ ਪਹਿਲੂਆਂ ਨੂੰ ਦਰਸਾਉਂਦੇ ਹੋਏ ਭਾਸ਼ਣ, ਕਵਿਤਾਵਾਂ ਅਤੇ ਨਾਟਕ ਪੇਸ਼ ਕੀਤੇ।ਨਾਟਕ ਰਾਹੀਂ ਵਿਦਿਆਰਥੀਆਂ ਨੇ ਦਰਸ਼ਕਾਂ ਨੂੰ ਦਿਖਾਇਆ ਕਿ ਕਿਸ ਤਰ੍ਹਾਂ ਇੱਕ ਔਰਤ ਪਰਿਵਾਰ ਦੇ ਨਾਲ-ਨਾਲ ਦੇਸ਼ ਦੇ ਵਿਕਾਸ ਵਿੱਚ ਵੀ ਬਰਾਬਰ ਦੀ ਹਿੱਸੇਦਾਰ ਹੈ।ਇਸ ਤੋਂ ਬਾਅਦ ਵਿਦਿਆਰਥੀਆਂ ਵੱਲੋਂ ਪੋਸਟਰ ਮੇਕਿੰਗ ਅਤੇ ਸਲੋਗਨ ਲਿਖਣ ਦੇ ਮੁਕਾਬਲੇ ਕਰਾਏ ਗਏ, ਜਿਸ ਵਿੱਚ ਉਨ੍ਹਾਂ ਨੇ ਆਪਣੀ ਰਚਨਾਤਮਕਤਾ ਰਾਹੀਂ ਔਰਤਾਂ 'ਤੇ ਹੁੰਦੇ ਅੱਤਿਆਚਾਰਾਂ ਨੂੰ ਖ਼ਤਮ ਕਰਨ ਅਤੇ ਉਨ੍ਹਾਂ ਦੇ ਹੱਕਾਂ ਦੀ ਰਾਖੀ ਕਰਨ ਦਾ ਸੁਨੇਹਾ ਦਿੱਤਾ।ਸਕੂਲ ਦੇ ਵੱਖ-ਵੱਖ ਜਮਾਤਾਂ ਦੇ ਬੱਚਿਆਂ ਨੇ ਭਾਰਤ ਦੀਆਂ ਮਹਾਨ ਔਰਤਾਂ ਜਿਵੇਂ ਕਿ ਕਲਪਨਾ ਚਾਵਲਾ, ਰਾਣੀ ਲਕਸ਼ਮੀਬਾਈ, ਅਤੇ ਮਾਤਾ ਜੀਜਾਬਾਈ ਦੇ ਜੀਵਨ ਤੋਂ ਪ੍ਰੇਰਨਾ ਲੈਂਦਿਆਂ ਉਨ੍ਹਾਂ ਦੇ ਰੂਪ ਧਾਰਨ ਕੀਤੇ, ਜਿਸ ਨੇ ਸਾਰਿਆਂ ਦਾ ਧਿਆਨ ਖਿੱਚਿਆ।ਸਕੂਲ ਦੇ ਪ੍ਰਿੰਸੀਪਲ ਸਾਕਸ਼ੀ ਗੁਲੇਰੀਆ ਨੇ ਕਿਹਾ ਕਿ ਔਰਤਾਂ ਸਮਾਜ ਦੀ ਨਾਂਹ-ਪੱਖੀ ਸੋਚ ਨੂੰ ਬਦਲਣ ਤੇ ਇੱਕ ਨਵੇਂ ਯੁੱਗ ਦੀ ਸਿਰਜਣਾ ਕਰਨ ਦੀ ਸ਼ਕਤੀ ਰੱਖਦੀਆਂ ਹਨ।ਉਨ੍ਹਾਂ ਜ਼ੋਰ ਦਿੱਤਾ ਕਿ ਅੱਜ ਦੀਆਂ ਲੜਕੀਆਂ ਨੂੰ ਸਿੱਖਿਆ ਤੇ ਆਤਮ-ਨਿਰਭਰਤਾ ਦੇ ਖੇਤਰ ਵਿੱਚ ਨਵੀਆਂ ਉੱਚਾਈਆਂ ਛੂਹਣ ਦੀ ਲੋੜ ਹੈ ਤਾਂ ਜੁ ਉਹ ਦੇਸ਼ ਦਾ ਨਾਂਅ ਰੌਸ਼ਨ ਕਰ ਸਕਣ। ਪ੍ਰਿੰਸੀਪਲ ਨੇ ਅਧਿਆਪਕਾਂ ਅਤੇ ਮਾਪਿਆਂ ਨੂੰ ਵੀ ਅਪੀਲ ਕੀਤੀ ਕਿ ਲੜਕੀਆਂ ਨੂੰ ਲੜਕਿਆਂ ਦੇ ਬਰਾਬਰ ਮੌਕੇ ਦਿੱਤੇ ਜਾਣ।

## ਨਸ਼ੀਲੀਆਂ ਗੋਲੀਆਂ ਸਮੇਤ ਕਾਬੂ

**ਰਾਏਕੋਟ (ਇਕਬਾਲ ਸਿੰਘ ਫੇਰੂਰਾਈਂ)**-ਥਾਣਾ ਸਦਰ ਰਾਏਕੋਟ ਅਧੀਨ ਪੈਂਦੀ ਪੁਲਸ ਚੌਕੀ ਲੋਹਟਬੱਦੀ ਪੁਲਸ ਵੱਲੋਂ ਇੱਕ ਨੌਜਵਾਨ ਨੂੰ ਨਸ਼ੀਲੀਆਂ ਗੋਲੀਆਂ ਸਮੇਤ ਕਾਬੂ ਕੀਤਾ ਗਿਆ।ਇਸ ਸੰਬੰਧੀ ਜਾਣਕਾਰੀ ਦਿੰਦਿਆ ਥਾਣਾ ਸਦਰ ਰਾਏਕੋਟ ਦੇ ਇੰਚਾਰਜ ਇੰਸਪੈਕਟਰ ਹੀਰਾ ਸਿੰਘ ਨੇ ਦੱਸਿਆ ਕਿ ਪੁਲਸ ਚੌਕੀ ਲੋਹਟਬੱਦੀ ਦੇ ਇੰਚਾਰਜ ਏਐੱਸਆਈ ਬੂਟਾ ਖਾਨ ਸਮੇਤ ਸਾਥੀ ਮੁਲਾਜ਼ਮਾ ਦੇ ਸ਼ੱਕੀ ਪੁਰਸ਼ਾਂ ਦੀ ਚੈਕਿੰਗ ਦੇ ਸੰਬੰਧ ਵਿੱਚ ਬੱਸ ਸਟੈਂਡ ਬਾਹੱਦ ਲੋਹਟਬੱਦੀ ਮੌਜੂਦ ਸਨ ਤਾਂ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਸੰਜੀਵ ਕੁਮਾਰ ਵਰਮਾ ਪੁੱਤਰ ਦਰਸ਼ਨ ਕੁਮਾਰ ਵਾਸੀ ਕਲਸੀਆਂ, ਜੋ ਕਿ ਨਸ਼ੀਲੀਆਂ ਗੋਲੀਆਂ ਵੇਚਨ ਦਾ ਆਦੀ ਹੈ, ਜੋ ਕਿ ਅੱਜ ਵੀ ਸੇਮ ਨਾਲਾ ਨੇੜੇ ਕ੍ਰਿਸਟਲ ਪੈਲੇਸ ਕੋਲ ਖੜ੍ਹਾ ਆਪਣੇ ਗਾਹਕਾਂ ਦੀ ਉਡੀਕ ਕਰ ਰਿਹਾ ਹੈ, ਜਿਸ ਉਪਰੰਤ ਪੁਲਸ ਵੱਲੋ ਉਕਤ ਨੌਜਵਾਨ ਨੂੰ ਗ੍ਰਿਫਤਾਰ ਕਰਕੇ ਉਸ ਕੋਲੋਂ 10 ਨਸ਼ੀਲੀਆਂ ਗੋਲੀਆਂ ਬਰਾਮਦ ਕੀਤੀਆਂ ਗਈਆਂ। ਉਕਤ ਨੌਜਵਾਨ ਵਿਰੁੱਧ ਥਾਣਾ ਸਦਰ ਰਾਏਕੋਟ ਵਿੱਚ ਮਾਮਲਾ ਦਰਜ ਕਰ ਲਿਆ ਗਿਆ ਹੈ।

## ਕੇਂਦਰੀ ਸਿੱਖਿਆ ਮੰਤਰੀ ਨੂੰ ਅਹੁਦੇ ਤੋਂ ਫਾਰਗ ਕੀਤਾ ਜਾਵੇ : ਤਰਕਸ਼ੀਲ ਸੁਸਾਇਟੀ

**ਮਾਨਸਾ (ਆਤਮਾ ਸਿੰਘ ਪਮਾਰ)**-ਤਰਕਸ਼ੀਲ ਸੁਸਾਇਟੀ ਪੰਜਾਬ ਨੇ ਨੀਟ ਦੇ ਪੇਪਰ ਲੀਕ ਮੁੱਦੇ ਸਮੇਤ ਆਪਣੀਆਂ ਜਾਇਜ਼ ਮੰਗਾਂ ਨੂੰ ਲੈ ਕੇ ਜੰਤਰ-ਮੰਤਰ ਤੋਂ ਸੰਸਦ ਭਵਨ ਤੱਕ ਰੋਸ ਮਾਰਚ ਕਰ ਰਹੇ ਨੌਜਵਾਨਾਂ 'ਤੇ ਦਿੱਲੀ ਪੁਲਸ ਵੱਲੋਂ ਅੱਥਰੂ ਗੈਸ ਦੇ ਗੋਲੇ ਸੁੱਟਣ ਤੇ ਅੰਨ੍ਹੇਵਾਹ ਲਾਠੀਚਾਰਜ, ਗ੍ਰਿਫ਼ਤਾਰ ਕਰਨ ਤੇ ਪੰਡਾਲ ਦੀ ਤੋੜ ਭੰਨ ਕਰਕੇ ਜਬਰੀ ਧਰਨਾ ਉਠਾਉਣ ਦੀ ਸਖ਼ਤ ਸ਼ਬਦਾਂ 'ਚ ਨਿਖੇਧੀ ਕੀਤੀ ਹੈ।ਇਸ ਦੇ ਨਾਲ ਹੀ ਸੁਸਾਇਟੀ ਨੇ ਪੰਜਾਬ 'ਚ ਮਗਨਰੇਗਾ ਕਰਮਚਾਰੀਆਂ 'ਤੇ ਵੀ ਅੰਨ੍ਹੇਵਾਹ ਲਾਠੀਚਾਰਜ ਕਰਨ ਤੇ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਕੰਪਲੈਕਸ 'ਚ ਆਰ.ਐੱਸ.ਐੱਸ. ਨਾਲ ਸੰਬੰਧਤ ਫ਼ਿਰਕੂ ਸਮਾਗਮ ਦਾ ਵਿਰੋਧ ਕਰਦੇ ਵਿਦਿਆਰਥੀਆਂ ਨਾਲ ਧੱਕਾ-ਮੁੱਕੀ ਤੇ ਬਦਸਲੂਕੀ ਕਰਨ ਦੀ ਵੀ ਨਿੰਦਾ ਕੀਤੀ ਹੈ।ਰੋਸ ਜ਼ਾਹਰ ਕਰਦਿਆਂ ਸੁਸਾਇਟੀ ਦੇ ਜ਼ੋਨ ਮਾਨਸਾ ਤੋਂ ਆਗੂਆਂ ਅੰਮ੍ਰਿਤ ਰਿਸ਼ੀ, ਭਰਪੂਰ ਸਿੰਘ ਮੰਨਣ, ਮਾਸਟਰ ਲੱਖਾ ਸਿੰਘ ਸਹਾਰਨਾ, ਗੁਰਦੀਪ ਸਿੰਘ ਸਿੱਧੂ, ਕ੍ਰਿਸ਼ਨ ਮਾਨਬੀਬੜੀਆਂ, ਜਸਵੀਰ ਸੋਨੀ, ਹਰਬੰਸ ਸਿੰਘ ਢਿੱਲੋਂ, ਭੁਪਿੰਦਰ ਫ਼ੌਜੀ ਤੇ ਨਰਿੰਦਰ ਕੌਰ ਬੁਰਜ ਹਮੀਰਾ ਨੇ ਇੱਕ ਸਾਂਝੇ ਬਿਆਨ ਰਾਹੀਂ ਕਿਹਾ ਕਿ ਦੇਸ਼ ਦੇ ਵਿਦਿਆਰਥੀਆਂ ਤੇ ਨੌਜਵਾਨਾਂ ਨੂੰ ਪੇਪਰ ਲੀਕ ਹੋਣ, ਬੇਰੁਜ਼ਗਾਰੀ ਤੇ ਭ੍ਰਿਸ਼ਟ ਸਿੱਖਿਆ ਢਾਂਚੇ ਸਮੇਤ ਮੌਜੂਦਾ ਹਾਕਮਾਂ ਦੀਆਂ ਲੋਕ ਵਿਰੋਧੀ ਤੇ ਕਾਰਪੋਰੇਟ ਪੱਖੀ ਨੀਤੀਆਂ ਤੇ ਭ੍ਰਿਸ਼ਟ ਕਾਰਵਾਈਆਂ ਦਾ ਜਮਹੂਰੀ ਢੰਗ ਨਾਲ ਵਿਰੋਧ ਕਰਨ ਦਾ ਸੰਵਿਧਾਨਕ ਹੱਕ ਹੈ, ਪਰ ਮੋਦੀ ਸਰਕਾਰ ਗੱਲਬਾਤ ਦਾ ਰਸਤਾ ਅਖ਼ਤਿਆਰ ਕਰਨ ਦੀ ਬਜਾਏ ਹਿੰਦੂਤਵ ਦੇ ਫ਼ਿਰਕੂ ਏਜੰਡੇ ਹੇਠ ਦੇਸ਼ 'ਚੋਂ ਅਸਹਿਮਤੀ ਤੇ ਸਿਆਸੀ ਵਿਰੋਧੀਆਂ ਦੀਆਂ ਆਵਾਜ਼ਾਂ ਨੂੰ ਲਾਠੀ ਤੇ ਗੋਲੀ ਦੇ ਤਾਨਾਸ਼ਾਹੀ ਹੱਥਕੰਡਿਆਂ ਰਾਹੀਂ ਦਬਾਉਣ ਦੀ ਨੀਤੀ ਅਪਣਾ ਰਹੀ ਹੈ।

# ਡੰਡੇ ਦੇ ਜ਼ੋਰ ਨਾਲ ਕੋਈ ਅੰਦੋਲਨ ਖਤਮ ਨਹੀਂ ਕੀਤਾ ਜਾ ਸਕਦਾ : ਚੰਦਰ ਸ਼ੇਖਰ

**ਸੰਗਰੂਰ (ਪ੍ਰਵੀਨ ਸਿੰਘ)**

ਮਨਰੇਗਾ ਮਜ਼ਦੂਰ ਯੂਨੀਅਨ ਦੇ ਸੂਬਾਈ ਅਹੁਦੇਦਾਰਾਂ ਦੀ ਆਨਲਾਈਨ ਮੀਟਿੰਗ ਸੂਬਾ ਪ੍ਰਧਾਨ ਸੇਰ ਸਿੰਘ ਫਰਵਾਹੀ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਵਿੱਚ ਸੀਟੂ ਦੇ ਸੂਬਾ ਪ੍ਰਧਾਨ ਚੰਦਰ ਸ਼ੇਖਰ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਇਸ ਮੌਕੇ ਆਗੂਆਂ ਨੇ ਮਨਰੇਗਾ ਕਾਨੂੰਨ ਖਤਮ ਕਰਕੇ ਲਾਗੂ ਕੀਤੀ ਗ੍ਰਾਮ ਜੀ ਸਕੀਮ ਦਾ ਸਖਤ ਵਿਰੋਧ ਕੀਤਾ।ਕਾਮਰੇਡ ਚੰਦਰ ਸ਼ੇਖਰ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਦੇਸ਼ ਦੇ ਮਿਹਨਤਕਸ਼ ਵਰਗ ਮਜ਼ਦੂਰਾਂ ਤੇ ਕਿਸਾਨਾਂ ਉੱਪਰ ਲਗਾਤਾਰ ਹਮਲੇ ਵਧਾ ਰਹੀ ਹੈ।ਉਨ੍ਹਾਂ ਕਿਹਾ ਕਿ ਮਨਰੇਗਾ ਕਰਮਚਾਰੀ ਆਪਣੀਆਂ ਮੰਗਾਂ ਨੂੰ ਲੈ ਕੇ ਲੰਮੇ ਸਮੇਂ ਤੋਂ ਸੰਘਰਸ਼ ਕਰ ਰਹੇ ਹਨ, ਪਿਛਲੇ ਦਿਨੀਂ ਉਨ੍ਹਾਂ ਵੱਲੋਂ ਖੰਨਾ ਵਿਖੇ ਜਦ ਆਪਣਾ ਪ੍ਰਦਰਸ਼ਨ ਕੀਤਾ ਜਾ ਰਿਹਾ ਸੀ ਤਾਂ ਸਰਕਾਰ ਨੇ ਉਨ੍ਹਾਂ ਨੂੰ ਲਾਠੀਆਂ, ਡੰਡਿਆਂ ਨਾਲ ਬੁਰੀ ਤਰ੍ਹਾਂ ਕੁੱਟਿਆ ਤੇ ਕਈਆਂ ਨੂੰ ਜੇਲ੍ਹੀਂ ਵੀ ਭੇਜਿਆ ਗਿਆ।ਦੂਜੇ ਪਾਸੇ ਬੀਤੇ ਕੱਲ੍ਹ ਬਰਨਾਲਾ ਵਿਖੇ ਸ਼ਾਂਤਮਈ ਪ੍ਰਦਰਸ਼ਨ ਕਰ ਰਹੇ ਹੜਤਾਲੀ ਸਫਾਈ ਸੇਵਕਾਂ ਉਪਰ ਵੀ ਪੰਜਾਬ ਪੁਲਸ ਵੱਲੋਂ ਅੰਨ੍ਹੇਵਾਹ ਤਸ਼ੱਦਦ ਢਾਹਿਆ ਗਿਆ।ਸੀਟੂ ਆਗੂਆਂ ਨੇ ਕਿਹਾ ਕਿ ਪੰਜਾਬ ਦੀ ਭਗਵੰਤ ਸਰਕਾਰ ਤੇ ਕੇਂਦਰ ਦੀ ਮੋਦੀ ਸਰਕਾਰ ਇਕੋ ਥੈਲੀ ਦੇ ਚੱਟੇ ਵੱਟੇ ਹਨ। ਉਧਰ ਜੰਤਰ-ਮੰਤਰ ਉਪਰ ਸ਼ਾਂਤਮਈ ਧਰਨਾ ਦੇ ਰਹੇ ਵਿਦਿਆਰਥੀਆਂ ਉਪਰ ਮੋਦੀ ਸਰਕਾਰ ਆਪਣਾ ਜ਼ੁਲਮ ਢਾਹ ਰਹੀ ਹੈ, ਪ੍ਰਸਿੱਧ ਵਾਤਾਵਰਣ ਪ੍ਰੇਮੀ ਸੋਨਮ ਵਾਂਗਚੂੰਗ ਦੀ ਭੁੱਖ ਹੜਤਾਲ ਕਾਰਨ ਹਾਲਤ ਪਤਲੀ ਹੋਈ ਪਈ ਹੈ ਤੇ ਸਰਕਾਰ ਜਬਰੀ ਉਸ ਨੂੰ ਚੁੱਕ ਰਹੀ ਹੈ।ਸਰਕਾਰਾਂ ਦੀਆਂ ਇਹ ਕਾਰਵਾਈਆਂ ਦੇਸ਼ ਅੰਦਰ ਆਮ ਲੋਕਾਂ ਵਿਚ ਸਰਕਾਰ ਪ੍ਰਤੀ ਪੈਦਾ ਹੋ ਰਹੇ ਗੁੱਸੇ ਉੱਪਰ ਬਲਦੀ 'ਤੇ ਤੇਲ ਪਾਉਣ ਦਾ ਕੰਮ ਕਰ ਰਹੀਆਂ ਹਨ।ਚੰਦਰ ਸ਼ੇਖਰ ਨੇ ਕਿਹਾ ਕਿ ਡੰਡੇ ਦੇ ਜੋਰਵਨਾਲ ਕੋਈ ਵੀ ਸਰਕਾਰ ਕਿਸੇ ਵੀ ਅੰਦੋਲਨ ਨੂੰ ਦਬਾਅ ਨਹੀਂ ਸਕੇਗੀ, ਸਗੋਂ ਸੰਘਰਸ਼ ਹੋਰ ਤਿੱਖੇ ਹੋਣਗੇ। ਆਗੂਆਂ ਨੇ ਦੱਸਿਆ ਕਿ ਸੀਟੂ ਸਰਕਾਰ ਦੀਆਂ ਇਨਾਂ ਲੋਕ ਵਿਰੋਧੀ ਕਾਰਵਾਈਆਂ ਖਿਲਾਫ ਸੰਘਰਸ਼ ਦੇ ਮੈਦਾਨ ਵਿਚ ਡਟੀ ਹੋਈ ਹੈ, ਉਨ੍ਹਾਂ ਕਿਹਾ ਕਿ 29 ਜੁਲਾਈ ਨੂੰ ਸੀਟੂ ਵੱਲੋਂ ਦਿੱਲੀ ਦੇ ਤਾਲਕਟੋਰਾ ਸਟੇਡੀਅਮ ਵਿਚ ਵੱਡੀ ਕਨਵੈਂਸ਼ਨ ਕੀਤੀ ਜਾ ਰਹੀ ਹੈ, ਜਿਸ 'ਚ ਪੰਜਾਬ ਚੋਂ ਸੈਂਕੜੇ ਮਨਰੇਗਾ ਵਰਕਰ ਸ਼ਾਮਲ ਹੋਣਗੇ।ਮੀਟਿੰਗ ਵਿੱਚ ਸ਼ੇਰ ਸਿੰਘ ਫਰਵਾਹੀ ਤੋਂ ਇਲਾਵਾ ਸੂਬਾਈ ਸਕੱਤਰ ਅਮਰ ਨਾਥ ਕੂੰਮਕਲਾਂ, ਗੁਰਨਾਮ ਸਿੰਘ ਘਨੌਰ, ਪ੍ਰਕਾਸ਼ ਵਰਮੀ ਤੇ ਸਤਵੀਰ ਤੁੰਗਾਂ ਵੀ ਸ਼ਾਮਲ ਸਨ।


**ਉੱਤਰ ਰੇਲਵੇ**

**ਈ-ਨਿਵਿਦਾ ਸੂਚਨਾ**

ਨਿਵਿਦਾ ਨੰਬਰ: — 65, 67-2026-27-ADEN-2-FZR & 66-2026-27-ADEN-1-FZR ਤਾਰੀਕ : 23.07.2026

ਮੰਡਲ ਇੰਜੀਨੀਅਰ-ਹੈਡਕੁਆਟਰ ਫਿਰੋਜਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਹੇਠਾਂ ਲਿਖਤ ਈ-ਨਿਵਿਦਾਵਾਂ, ਅੰਤਮ ਮਿਤੀ 13.08.2026 ਸਮਾਂ 15.00 ਵਜੇ ਤਕ, www.ireps.gov.in ਮੰਗ ਕੀਤੀ ਜਾਂਦੀ ਹੈ। ਨਿਵਿਦਾਕਰਤਾ ਆਪਣੇ ਮੂਲ/ਸੰਸ਼ੋਧਿਤ ਟੈਂਡਰ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ।ਮੈਨੂੰਅਲ ਨਿਵਿਦਾ ਮਾਨਯ ਨਹੀਂ ਹੈ ਅਤੇ ਐਸੇ ਕਿਸੇ ਵੀ ਮੈਨੂੰਅਲ ਪ੍ਰਾਪਤ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ।ਠੇਕੇਦਾਰ ਨਿਵਿਦਾ ਫਾਰਮ ਦੀ ਲਾਗਤ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ www.ireps.gov.in ਪੋਰਟਲ ਉਤੇ ਉਪਲਬਧ ਆਨ ਲਾਈਨ ਸਾਧਨਾ ਦੇ ਮਾਧਿਅਮ ਨਾਲ ਜਿਵੇਂ ਨੈਟ ਬੈਂਕਿੰਗ, ਡੇਬਿਟ ਕਾਰਡ, ਤੇ ਕਰੈਡਿਟ ਕਾਰਡ ਆਦਿ ਲਾਲ ਭੁਗਤਾਨ ਕਰ ਸਕਦੇ ਹਨ। ਡਿਮਾਂਡ ਡ੍ਰਾਫਟ, ਬੈਂਕਰਸ ਚੈਕ, ਐਫ.ਡੀ.ਆਰ. ਤੇ ਰਸੀਦਾਂ ਆਦਿ ਦੇ ਮਾਧਿਅਮ ਨਾਲ ਭੁਗਤਾਨ ਦੀ ਇਜਾਜਤ ਨਹੀਂ ਹੈ।

| ਨਿਵਿਦਾ ਪ੍ਰਕਾਰ | ਨਿਵਿਦਾ ਅਨੁਭਾਗ | ਪੈਕੇਟ ਪ੍ਰਣਾਲੀ |
|---|---|---|
| ਖੁਲ੍ਹਾ | ਕੰਮ | ਸਿੰਗਲ ਪੈਕੇਟ ਪ੍ਰਣਾਲੀ |
| ਨਿਵਿਦਾ ਅਪਲੋਡ ਕਰਨ ਦੀ ਮਿਤੀ | ਬੋਲੀ ਸ਼ੁਰੂ ਦੀ ਮਿਤੀ | ਨਿਵਿਦਾ ਸਮਾਪਨ ਦੀ ਮਿਤੀ ਅਤੇ ਸਮਾਂ |
| 21.07.2026 | 30.07.2026 | 13.08.2026 15:00 ਵਜੇ |

| ਲ. | ਨਿਵਿਦਾ ਨੰਬਰ | ਨਿਵਿਦਾ ਦਾ ਵੇਰਵਾ | | | |
|---|---|---|---|---|---|
| 1 | 65-2026-27-ADEN-2-FZR | ਸਹਾਇਕ ਮੰਡਲ ਇੰਜੀਨੀਅਰ-ਸੈਕਿੰਡ/ਫਿਰੋਜਪੁਰ ਦੇ ਤਹਿਤ ਫਾਜਿਲਕਾ, ਜਲਾਲਾਬਾਦ ਅਤੇ ਫਿਰੋਜਪੁਰ ਸ਼ਹਿਰ ਵਿਚ ਸਟਾਫ ਕਵਾਟਰਾਂ ਦੀ ਆਰਥ ਰੂਫ ਦੀ ਮੁਰੰਮਤ/ਬਦਲਾਅ। | | | |
| | | ਵਿਗਿਆਪਨ ਮੁੱਲ (ਰੁ) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਨ ਦੀ ਅਵਧੀ |
| | | 7996458.77 | 159900.00 | 60 ਦਿਨ | 12 ਮਹੀਨੇ |
| | | ਸਮਾਨ ਨੇਚਰ ਦਾ ਕੰਮ: "ਟ੍ਰੈਕ ਦੇ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ" | | | |
| 2 | 66-2026-27-ADEN-1-FZR | ਸਹਾਇਕ ਮੰਡਲ ਇੰਜੀਨੀਅਰ-ਫਸਟ/ਫਿਰੋਜਪੁਰ ਦੇ ਤਹਿਤ 25 ਸਟੇਸ਼ਨਾਂ ਅਤੇ ਮੰਡਲ ਇੰਜੀਨੀਅਰ-ਹੈਡਕੁਆਟਰ/ਫਿਰੋਜਪੁਰ ਦੇ ਤਹਿਤ 55 ਸਟੇਸ਼ਨਾਂ ਉਤੇ ਟੈਕਟਾਈ, ਪਾਥ, ਪਾਰਕਿੰਗ ਏਰੀਆ, ਦਿਵਯਾਂਗਜਨ ਟਾਯਲੇਟ COP ਆਦਿ ਜਿਹੀ MEA ਅਤੇ ਦਿਵਯਾਂਗਜਨ ਸਹੂਲਤਾਂ ਮਹੁੱਈਆ ਕਰਾਉਣਾ। | | | |
| | | ਵਿਗਿਆਪਨ ਮੁੱਲ (ਰੁ) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਨ ਦੀ ਅਵਧੀ |
| | | 63181032.24 | 1263600.00 | 60 ਦਿਨ | 12 ਮਹੀਨੇ |
| | | ਸਮਾਨ ਨੇਚਰ ਦਾ ਕੰਮ: "ਟ੍ਰੈਕ ਦੇ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ" | | | |
| 3 | 67-2026-27-ADEN-2-FZR | ਸਹਾਇਕ ਮੰਡਲ ਇੰਜੀਨੀਅਰ-ਸੈਕਿੰਡ/ਫਿਰੋਜਪੁਰ ਦੇ ਤਹਿਤ 30 ਸਟੇਸ਼ਨਾਂ ਅਤੇ ਮੰਡਲ ਇੰਜੀਨੀਅਰ-ਹੈਡਕੁਆਟਰ/ਫਿਰੋਜਪੁਰ ਦੇ ਤਹਿਤ 55 ਸਟੇਸ਼ਨਾਂ ਉਤੇ ਟੈਕਟਾਈ, ਪਾਥ, ਪਾਰਕਿੰਗ ਏਰੀਆ, ਦਿਵਯਾਂਗਜਨ ਟਾਯਲੇਟ COP ਆਦਿ ਜਿਹੀ MEA ਅਤੇ ਦਿਵਯਾਂਗਜਨ ਸਹੂਲਤਾਂ ਮੁਹੱਈਆ ਕਰਾਉਣਾ। | | | |
| | | ਵਿਗਿਆਪਨ ਮੁੱਲ (ਰੁ) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਨ ਦੀ ਅਵਧੀ |
| | | 75789890.69 | 1515800.00 | 60 ਦਿਨ | 12 ਮਹੀਨੇ |
| | | ਸਮਾਨ ਨੇਚਰ ਦਾ ਕੰਮ: "ਟ੍ਰੈਕ ਦੇ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ" | | | |

ਨੋਟ : 1. ਨਿਵਿਦਾ ਪਾਉਣ ਤੋਂ ਪਹਿਲਾਂ ਨਿਵਿਦਾਕਰਤਾ ਨਿਵਿਦਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੇ ਵੀ ਸ਼ੁਧੀਪੱਤਰ ਦੀ ਜਾਂਚ ਕਰਨਗੇ। 2. ਹਿੰਦੀ ਵਿਚ ਕਿਸੇ ਵੀ ਗਲਤੀ ਲਈ ਅੰਗ੍ਰੇਜ਼ੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜ਼ੀ ਵਰਜਨ ਹੀ ਮਾਨਯ ਹੋਣਗੇ।

2534/26

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ



**AXIS BANK LTD.** ਐਕਸਿਸ ਬੈਂਕ ਲਿਮਟਿਡ, ਸ਼ਾਖਾ ਪਤਾ : ਰਿਟੇਲ ਐੱਸਟ ਸੈਂਟਰ, ਪਹਿਲੀ ਮੰਜ਼ਲ, ਐੱਸ ਸੀ ਬੀ 5, ਛੋਟੀ ਬਾਰਾਂਦਰੀ, ਪਟਿਆਲਾ-147001

ਰਜਿਸਟਰਡ ਦਫਤਰ : 'ਤ੍ਰਿਸ਼ੂਲ', ਤੀਜੀ ਮੰਜ਼ਲ, ਸਾਹਮਣੇ ਸਮਰਥੇਸ਼ਵਰ ਮੰਦਰ, ਲਾਅ ਗਾਰਡਨ, ਐਲਿਸਬਰਿਜ, ਅਹਿਮਦਾਬਾਦ-380006

**ਸਕਿਉਰਟਾਈਜ਼ੇਸ਼ਨ ਐਂਡ ਰੀਕੰਸਟ੍ਰਕਸ਼ਨ ਆਫ ਫਾਇਨਾਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ, ਐਕਟ 2002 ਦੇ ਸੈਕਸ਼ਨ 13(2) ਦੀ ਪਾਲਣਾ 'ਚ ਪਬਲਿਕ ਨੋਟਿਸ**

ਇਹ ਨੋਟਿਸ ਆਮ ਜਨਤਾ ਦੀ ਜਾਣਕਾਰੀ ਲਈ ਹੈ ਕਿ ਕਰਜ਼ਦਾਰ/ਸਹਿ-ਕਰਜ਼ਦਾਰਾਂ/ਗਰੰਟਰ (ਗਰੰਟਰਾਂ) ਨੇ ਬੈਂਕ ਤੋਂ ਕਰਜ਼ਾ ਸਹੂਲਤ ਪ੍ਰਾਪਤ ਕੀਤੀ ਸੀ, ਪਰ ਉਹ ਮੂਲ ਰਕਮ ਅਤੇ ਇਸ 'ਤੇ ਵਿਆਜ ਦੀ ਮੁੜ ਅਦਾਇਗੀ ਕਰਨ 'ਚ ਨਾਕਾਮ ਰਹੇ ਹਨ। ਸਿੱਟੇ ਵਜੋਂ ਅਜਿਹੇ ਖਾਤੇ-ਨਾਨ-ਪ੍ਰਫਾਰਮਿੰਗ ਐੱਸਟਸ (ਐੱਨ ਪੀ ਏ) ਵਜੋਂ ਕਲਾਸੀਫਾਈਡ ਕਰ ਦਿੱਤੇ ਗਏ ਹਨ। ਸੈਕਸ਼ਨ 13(2) ਅਧੀਨ ਕਰਜ਼ਦਾਰਾਂ ਨੂੰ ਉਨ੍ਹਾਂ ਦੇ ਆਖਰੀ ਜਾਣਕਾਰੀ ਵਾਲੇ ਪਤਿਆਂ 'ਤੇ ਨੋਟਿਸ ਜਾਰੀ ਕੀਤੇ ਗਏ ਸਨ, ਜੋ ਕਿ ਬਿਨਾਂ ਤਾਮੀਲ ਵਾਪਸ ਆ ਗਏ।

| ਕਰਜ਼ਦਾਰ, ਸਹਿ-ਕਰਜ਼ਦਾਰ ਅਤੇ ਗਰੰਟਰ/ਕਾਨੂੰਨੀ ਵਾਰਸਾਂ ਦਾ ਨਾਂਅ | 1. ਐੱਨ ਪੀ ਏ ਮਿਤੀ 2. ਡਿਮਾਂਡ ਨੋਟਿਸ ਦੀ ਮਿਤੀ 3. ਬਕਾਇਆ ਰਕਮ (ਡਿਮਾਂਡ ਨੋਟਿਸ ਅਨੁਸਾਰ) |
|---|---|
| 1. ਸ੍ਰੀ ਕਪਿਸ਼ ਪੁੱਤਰ ਕਸ਼ਮੀਰੀ ਲਾਲ ਵਾਸੀ ਮਕਾਨ ਨੰ. 63, ਗਲੀ ਪ੍ਰਧਾਨ ਵਾਲੀ, ਜੰਡਿਆਲਾ ਰੋਡ, ਤਰਨ ਤਾਰਨ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ-143401, ਨਾਲ ਹੀ: ਮਕਾਨ ਨੰ. ਬੀ ਵੀ/796, ਪਿੰਡ ਮੁਰਾਦਪੁਰ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ-143401 2. ਸ੍ਰੀ ਕਸ਼ਮੀਰੀ ਲਾਲ ਪੁੱਤਰ ਨਾਨਕ ਚੰਦ ਵਾਸੀ ਮਕਾਨ ਨੰ. 63, ਗਲੀ ਪ੍ਰਧਾਨ ਵਾਲੀ, ਜੰਡਿਆਲਾ ਰੋਡ, ਤਰਨ ਤਾਰਨ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ-143401, ਨਾਲ ਹੀ : ਮਕਾਨ ਨੰ. ਬੀ ਵੀ/796, ਪਿੰਡ ਮੁਰਾਦਪੁਰ, ਤਹਿ. ਤੇ ਜ਼ਿਲ੍ਹਾ ਤਰਨ ਤਾਰਨ-143401 ਨਾਲ ਹੀ : ਮਕਾਨ ਨੰ. 63, ਗਲੀ ਪ੍ਰਧਾਨ ਵਾਲੀ, ਜੰਡਿਆਲਾ ਰੋਡ, ਤਰਨ ਤਾਰਨ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ-143401 3. ਸ੍ਰੀਮਤੀ ਨੀਲੂ ਰਤਨ ਪਤਨੀ ਕਸ਼ਮੀਰੀ ਲਾਲ ਵਾਸੀ ਮਕਾਨ ਨੰ. 63, ਗਲੀ ਪ੍ਰਧਾਨ ਵਾਲੀ, ਜੰਡਿਆਲਾ ਰੋਡ, ਤਰਨ ਤਾਰਨ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ-143401, ਨਾਲ ਹੀ : ਮਕਾਨ ਨੰ. ਬੀ ਵੀ/796, ਪਿੰਡ ਮੁਰਾਦਪੁਰ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ-143401 | 1. 6 ਜੂਨ 2026 2. 18 ਜੂਨ 2026 3. ਰੁਪਏ 21,15,762.00/- (ਇੱਕੀ ਲੱਖ ਪੰਦਰਾਂ ਹਜ਼ਾਰ ਸੱਤ ਸੌ ਬਾਹਠ ਰੁਪਏ ਕੇਵਲ) |

ਸਕਿਉਰਡ ਐੱਸਟਸ ਦਾ ਜਾਇਦਾਦੀ ਪਤਾ : ਜਾਇਦਾਦ ਨਾਲ ਸੰਬੰਧਤ ਸਭ ਕੁਝ ਦਾ ਉਚਿਤ ਗਿਰਵੀਨਾਮਾ, ਜੋ ਕਿ ਮਕਾਨ ਐੱਮ ਸੀ ਨੰ. ਬੀ-ਵੀ/796, ਰਕਬਾ 6 ਮਰਲੇ 50 ਫੁੱਟ, ਖਸਰਾ ਨੰ. 134 ਮਿੰਨ 135, ਪਿੰਡ ਮੁਰਾਦਪੁਰ ਵਿਖੇ ਸਥਿਤ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ ਰਾਹੀਂ ਇਸ ਦੇ ਰਜਿਸਟਰਡ ਮਾਲਕ ਸ੍ਰੀ ਕਸ਼ਮੀਰੀ ਲਾਲ ਪੁੱਤਰ ਨਾਨਕ ਚੰਦ ਬੈਨਾਮਾ ਨੰ. 2165 ਮਿਤੀ 20-07-1999 ਅਨੁਸਾਰ। ਹੱਦਾਂ ਬੈਨਾਮੇ ਅਨੁਸਾਰ : ਉੱਤਰ ਬਲਵਿੰਦਰ ਸਿੰਘ ਅਤੇ ਮਲਵਿੰਦਰ ਸਿੰਘ, ਦੱਖਣ : ਗਿਆਨ ਸਿੰਘ, ਪੂਰਬ : ਵਿਦਿਆ ਹਸਪਤਾਲ, ਪੱਛਮ : ਗਲੀ।

ਵਲੋਂ ਮੁਲਾਜ਼ਮਾਂ ਦੀਆਂ ਮੰਨੀਆਂ ਹੋਈਆਂ ਮੰਗਾਂ ਨੂੰ ਅਮਲੀ ਰੂਪ ਨਾ ਦਿੱਤੇ ਜਾਣ ਦੇ ਰੋਸ ਵਜੋਂ 21 ਜੁਲਾਈ ਤੋਂ ਸਮੂਹਿਕ ਛੁੱਟੀ 'ਤੇ ਹਨ ਤੇ ਸਮੂਹਿਕ ਛੁੱਟੀ 'ਤੇ ਰਹਿੰਦਿਆਂ 24 ਜੁਲਾਈ ਤੱਕ ਸੰਘਰਸ਼ ਜਾਰੀ ਰੱਖਣ ਦਾ ਫ਼ੈਸਲਾ ਕੀਤਾ ਹੈ। ਪੀ ਐੱਸ ਈ ਬੀ ਇੰਪਲਾਈਜ਼ ਜੁਆਇੰਟ ਫੋਰਮ, ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ, ਐਸੋਸੀਏਸ਼ਨ ਆਫ਼ ਜੂਨੀਅਰ ਇੰਜਨੀਅਰਜ਼, ਟੈਕਨੀਕਲ ਸਰਵਿਸਿਜ਼ ਯੂਨੀਅਨ ਅਤੇ ਗਰਿੱਡ ਸਬ-ਸਟੇਸ਼ਨ ਇੰਪਲਾਈਜ਼ ਯੂਨੀਅਨ ਸਮੇਤ ਸਹਿਯੋਗੀ ਮੁਲਾਜ਼ਮ ਤੇ ਪੈਨਸ਼ਨਰ ਜਥੇਬੰਦੀਆਂ ਇਸ ਸੰਘਰਸ਼ ਵਿਚ ਸ਼ਾਮਲ ਹਨ। ਰੋਸ ਧਰਨੇ ਨੂੰ ਸੰਬੋਧਨ ਕਰਦਿਆਂ ਵੱਖ ਵੱਖ ਜਥੇਬੰਦੀਆਂ ਦੇ ਆਗੂਆਂ ਨੇ ਦੋਸ਼ ਲਾਇਆ ਕਿ ਸਰਕਾਰ ਅਤੇ ਪਾਵਰਕਾਮ ਮੈਨੇਜਮੈਂਟ ਨਾਲ ਕਈ ਦੌਰ ਦੀਆਂ ਮੀਟਿੰਗਾਂ ਦੇ ਬਾਵਜੂਦ ਮੰਗਾਂ ਲਗਾਤਾਰ ਲਟਕਦੀਆਂ ਆ ਰਹੀਆਂ ਹਨ। ਬੁਲਾਰਿਆਂ ਨੇ ਮੰਗ ਕੀਤੀ ਕਿ ਵਿਭਾਗ ਵਿਚ ਖਾਲੀ ਪਈਆਂ ਹਜ਼ਾਰਾਂ ਅਸਾਮੀਆਂ ਸਿੱਧੀ ਭਰਤੀ ਰਾਹੀਂ ਭਰਨ, ਆਊਟਸੋਰਸ 'ਤੇ ਪੀ ਟੀ ਐੱਸ ਕਾਮਿਆਂ ਨੂੰ ਵਿਭਾਗ ਵਿਚ ਸਿੱਧੇ ਤੌਰ 'ਤੇ ਭਰਤੀ ਕਰਨ, ਬਿਜਲੀ ਕਾਮਿਆਂ ਦੇ ਤਨਖ਼ਾਹ ਮਸਲੇ ਹੱਲ ਕਰਨ ਅਤੇ ਲੰਬਿਤ ਪਈਆਂ ਤਰੱਕੀਆਂ ਜਲਦ ਤੋਂ ਜਲਦ ਕਰਨ ਦੀ ਮੰਗ ਕੀਤੀ। ਉਨ੍ਹਾਂ ਸਰਕਾਰ ਅਤੇ ਪਾਵਰਕਾਮ ਮੈਨੇਜਮੈਂਟ ਨੂੰ ਮੰਨੀਆਂ ਮੰਗਾਂ ਤੁਰੰਤ ਲਾਗੂ ਕਰਨ ਦੀ ਮੰਗ ਕਰਦਿਆਂ ਚਿਤਾਵਨੀ ਦਿੱਤੀ ਕਿ ਜੇ ਸਰਕਾਰ ਨੇ ਉਨ੍ਹਾਂ ਦੀਆਂ ਮੰਗਾਂ ਨੂੰ ਪੂਰਾ ਨਾ ਕੀਤਾ ਤਾਂ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ। ਇਸ ਮੌਕੇ ਰੁਪਿੰਦਰਜੀਤ ਸਿੰਘ ਜੇ ਈ, ਅਮਰੀਕ ਲਾਲ ਜੇ ਈ, ਮਨਦੀਪ ਸਿੰਘ ਜੇ ਈ, ਦੀਪਕ ਸੋਬਤੀ ਆਰ ਏ, ਤਰਨ ਕੁਮਾਰ, ਅਮਨਦੀਪ ਸਿੰਘ ਪ੍ਰਧਾਨ ਟੀ ਐੱਸ ਯੂ ਸ਼ਾਹਕੋਟ, ਅਮਰਜੀਤ ਸਿੰਘ ਲਾਈਨਮੈਨ, ਦਰਸ਼ਨ ਸਿੰਘ ਪ੍ਰਧਾਨ, ਬਲਜਿੰਦਰ ਸਿੰਘ ਪ੍ਰਧਾਨ ਟੀ ਐੱਸ ਯੂ ਡਵੀਜ਼ਨ ਨਕੋਦਰ, ਜਤਿੰਦਰ ਸਿੰਘ ਐੱਲ ਡੀ ਸੀ, ਜਸਵਿੰਦਰ ਸਿੰਘ ਲਾਈਨਮੈਨ, ਪ੍ਰਦੀਪ ਸਿੰਘ ਲਾਈਨਮੈਨ, ਰਜਿੰਦਰ ਕੁਮਾਰ ਲਾਈਨਮੈਨ ਆਦਿ ਹਾਜ਼ਰ ਸਨ।

### ਮਾਮਲਾ ਸਿਕੰਦਰਪੁਰ 'ਚ ਛੱਪੜ ਦੀ ਮਿੱਟੀ ਨੂੰ ਕਥਿਤ ਤੌਰ 'ਤੇ ਖੁਰਦ-ਬੁਰਦ ਕਰਨ ਦਾ

# ਡਿਪਟੀ ਡਾਇਰੈਕਟਰ ਤੇ ਬੀ ਡੀ ਪੀ ਓ ਨੇ ਕੀਤਾ ਮੁਆਇਨਾ

**ਅਲਾਵਲਪੁਰ (ਮਦਨ ਬੰਗੜ)**- ਪਿੰਡ ਸਿਕੰਦਰਪੁਰ ਵਿੱਚ ਛੱਪੜ ਦੀ ਸਫਾਈ ਦੌਰਾਨ ਕੱਢੀ ਗਈ ਮਿੱਟੀ ਨੂੰ ਕਥਿਤ ਤੌਰ 'ਤੇ ਖੁਰਦ-ਬੁਰਦ ਕਰਨ ਦੀ ਸ਼ਿਕਾਇਤ ਦੇ ਮਾਮਲੇ ਵਿੱਚ ਪੰਚਾਇਤ ਵਿਭਾਗ ਦੇ ਡਿਪਟੀ ਡਾਇਰੈਕਟਰ ਸ਼ਸ਼ੀ ਕੁਮਾਰ ਸ਼ਰਮਾ, ਬੀਡੀਪੀਓ ਆਦਮਪੁਰ ਗੁਰਪ੍ਰੀਤ ਸਿੰਘ ਭੁੱਲਰ ਅਤੇ ਪੰਚਾਇਤ ਸੈਕਟਰੀ ਕਸ਼ਮੀਰ ਸਿੰਘ ਨੇ ਪਿੰਡ ਦਾ ਦੌਰਾ ਕਰਕੇ ਮੌਕੇ ਦੀ ਜਾਂਚ ਕੀਤੀ। ਜਾਂਚ ਦੌਰਾਨ ਸਰਪੰਚ ਪ੍ਰਿਤਪਾਲ ਸਿੰਘ ਅਤੇ ਪੰਚਾਇਤ ਮੈਂਬਰਾਂ ਨੇ ਅਧਿਕਾਰੀਆਂ ਨੂੰ ਉਹ ਥਾਵਾਂ ਦਿਖਾਈਆਂ, ਜਿੱਥੇ ਉਨ੍ਹਾਂ ਦੇ ਅਨੁਸਾਰ ਛੱਪੜ ਵਿੱਚੋਂ ਕੱਢੀ ਗਈ ਮਿੱਟੀ ਪੰਚਾਇਤੀ ਜ਼ਮੀਨ, ਪਿੰਡ ਦੇ ਰਸਤਿਆਂ ਅਤੇ ਸਰਕਾਰੀ ਐਲੀਮੈਂਟਰੀ ਸਕੂਲ ਵਿੱਚ ਪਾਈ ਗਈ ਹੈ। ਦੂਜੇ ਪਾਸੇ, ਸ਼ਿਕਾਇਤਕਰਤਾ ਧਿਰ ਦੇ ਮੈਂਬਰ ਪੰਚਾਇਤ ਸਰਬਜੀਤ ਸਿੰਘ, ਚਰਨਜੀਤ ਸਿੰਘ ਅਤੇ ਉਨ੍ਹਾਂ ਦੇ ਸਮਰਥਕਾਂ ਨੇ ਅਧਿਕਾਰੀਆਂ ਨੂੰ ਦੱਸਿਆ ਕਿ ਮਿੱਟੀ ਪਾਏ ਜਾਣ ਤੋਂ ਇਨਕਾਰ ਨਹੀਂ ਹੈ, ਪਰ ਕਿੰਨੀਆਂ ਟਰਾਲੀਆਂ ਮਿੱਟੀ ਪਾਈ ਗਈ ਅਤੇ ਉਸ ਦਾ ਪੂਰਾ ਹਿਸਾਬ-ਕਿਤਾਬ ਸਾਹਮਣੇ ਨਹੀਂ ਲਿਆਂਦਾ ਗਿਆ। ਅਧਿਕਾਰੀਆਂ ਨੇ ਸ਼ਿਕਾਇਤਕਰਤਾ ਧਿਰ ਨੂੰ ਭਰੋਸਾ ਦਿਵਾਇਆ ਕਿ ਤਕਨੀਕੀ ਟੀਮ ਜਲਦ



ਹੀ ਮੌਕੇ 'ਤੇ ਪਹੁੰਚ ਕੇ ਮਿੱਟੀ ਦੇ ਸੈਂਪਲ ਲਵੇਗੀ ਅਤੇ ਇਹ ਵੀ ਜਾਂਚੇਗੀ ਕਿ ਕਿੰਨੀ ਮਾਤਰਾ ਵਿੱਚ ਮਿੱਟੀ ਪਾਈ ਗਈ ਹੈ। ਜਾਂਚ ਦੌਰਾਨ ਪੰਚਾਇਤ ਵਿਭਾਗ ਦੇ ਜੇ ਈ ਆਰੀਅਨ ਅਤੇ ਮੁਅੱਤਲ ਪੰਚਾਇਤ ਸੈਕਟਰੀ ਜਸਵਿੰਦਰ ਸਿੰਘ ਨੂੰ ਵੀ ਹਾਜ਼ਰ ਹੋਣ ਲਈ ਕਿਹਾ ਗਿਆ ਸੀ, ਪਰ ਦੋਵੇਂ ਮੌਕੇ 'ਤੇ ਨਹੀਂ ਪਹੁੰਚੇ। ਇਸ ਮੌਕੇ ਸ਼ਿਕਾਇਤਕਰਤਾ ਧਿਰ ਦੇ ਮੈਂਬਰ ਪੰਚਾਇਤ ਸਰਬਜੀਤ ਸਿੰਘ, ਚਰਨਜੀਤ ਸਿੰਘ, ਗੁਰਪਿੰਦਰ ਸਿੰਘ ਚੀਮਾ ਅਤੇ ਉਨ੍ਹਾਂ ਦੇ ਸਮਰਥਕਾਂ ਨੇ ਦੋਸ਼ ਲਗਾਇਆ ਕਿ ਛੱਪੜ ਦੀ ਸਫਾਈ ਲਈ ਰਿਕਾਰਡ ਅਨੁਸਾਰ ਲਗਭਗ 8 ਲੱਖ ਰੁਪਏ ਦਾ ਐਸਟੀਮੇਟ ਤਿਆਰ ਕੀਤਾ ਗਿਆ ਸੀ, ਜਦਕਿ ਕਰੀਬ 21 ਤੋਂ 22 ਲੱਖ ਰੁਪਏ ਦਾ ਖਰਚ ਦਰਸਾਇਆ ਗਿਆ ਹੈ ਅਤੇ ਕਰੀਬ 12 ਲੱਖ ਰੁਪਏ ਦੀ ਦੇਣਦਾਰੀ ਅਜੇ ਵੀ ਬਾਕੀ ਦੱਸੀ ਜਾ ਰਹੀ ਹੈ। ਉਨਾਂ ਆਖਿਆ ਕਿ ਜਾਂਚ ਕਰਨ ਆਏ ਅਧਿਕਾਰੀਆਂ ਵੱਲੋਂ ਇਸ ਐਸਟੀਮੇਟ ਵਿੱਚ ਗੜਬੜੀ ਸਬੰਧੀ ਵੀ ਚੁੱਪ ਵੱਟੀ ਰੱਖੀ। ਉਨ੍ਹਾਂ ਪ੍ਰਸ਼ਾਸਨ ਦੇ ਉੱਚ ਅਧਿਕਾਰੀਆਂ ਤੋਂ ਮਾਮਲੇ ਦੀ ਨਿਰਪੱਖ ਅਤੇ ਵਿਸਥਾਰਪੂਰਵਕ ਜਾਂਚ ਕਰਵਾਉਣ ਦੀ ਮੰਗ ਕੀਤੀ ਹੈ। ਸਰਪੰਚ ਪ੍ਰਿਤਪਾਲ ਸਿੰਘ ਇਸ ਸਬੰਧੀ ਗੱਲਬਾਤ ਕਰਦਿਆਂ ਸਰਪੰਚ ਪ੍ਰਿਤਪਾਲ ਸਿੰਘ ਨੇ ਕਿਹਾ ਕਿ ਛੱਪੜ ਵਿੱਚੋਂ ਕੱਢੀ ਗਈ ਮਿੱਟੀ ਨੂੰ ਕਿਸੇ ਵੀ ਤਰ੍ਹਾਂ ਖੁਰਦ-ਬੁਰਦ ਨਹੀਂ ਕੀਤਾ ਗਿਆ, ਸਗੋਂ ਪੰਚਾਇਤੀ ਜ਼ਮੀਨ, ਪਿੰਡ ਦੇ ਰਸਤਿਆਂ ਅਤੇ ਸਰਕਾਰੀ ਸਕੂਲ ਵਿੱਚ ਵਿਕਾਸ ਕਾਰਜਾਂ ਲਈ ਵਰਤਿਆ ਗਿਆ ਹੈ। ਉਨ੍ਹਾਂ ਕਿਹਾ ਕਿ ਸਾਰੇ ਸਥਾਨ ਅਧਿਕਾਰੀਆਂ ਨੂੰ ਦਿਖਾ ਦਿੱਤੇ ਗਏ ਹਨ।

# ਸਰਕਾਰ ਲੋਕਾਂ ਨਾਲ ਦਰਿੰਦਗੀ ਕਰਨੀ ਬੰਦ ਕਰੇ : ਤਰਕਸ਼ੀਲ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਜੰਤਰ ਮੰਤਰ ਦਿੱਲੀ ਵਿਖੇ ਪ੍ਰਦਰਸ਼ਨ ਕਰ ਰਹੇ ਵਿਦਿਆਰਥੀਆਂ ਤੇ ਨਿਆਂ ਪਸੰਦ ਲੋਕਾਂ ਉਤੇ ਭਾਜਪਾ ਸਰਕਾਰ ਦੀ ਸਰਪ੍ਰਸਤੀ ਹੇਠ ਪੁਲਸ ਵਲੋਂ ਕੀਤੇ ਵਹਿਸ਼ੀ ਅਤਿਆਚਾਰ



ਖਿਲਾਫ ਫਗਵਾੜਾ ਦੀਆਂ ਸਮਾਜਿਕ ਜਥੇਬੰਦੀਆਂ ਨੇ ਸਾਂਝਾ ਵਿਰੋਧ ਪ੍ਰਦਰਸ਼ਨ ਕੀਤਾ। ਜਥੇਬੰਦੀਆਂ ਦੇ ਕਾਰਕੁੰਨ ਤੇ ਨਿਆਂ ਪਸੰਦ ਸੰਵੇਦਨਸ਼ੀਲ ਲੋਕਾਂ ਦਾ ਇਕੱਠ ਅੰਬੇਡਕਰ ਪਾਰਕ ਹਰਗੋਬਿੰਦ ਨਗਰ ਫਗਵਾੜਾ ਵਿਖੇ ਹੋਇਆ। ਇਸ ਇਕੱਠ ਨੂੰ ਅੰਬੇਡਕਰ ਸੈਨਾ ਮੂਲਨਿਵਾਸੀ ਦੇ ਪ੍ਰਧਾਨ ਹਰਭਜਨ ਸੁਮਨ, ਤਰਕਸ਼ੀਲ ਸੁਸਾਇਟੀ ਪੰਜਾਬ ਦੇ ਸੂਬਾ ਕਮੇਟੀ ਮੈਂਬਰ ਜਸਵਿੰਦਰ ਫਗਵਾੜਾ, ਸਵਿੱਤਰੀ ਬਾਈ ਫੂਲੇ ਸੁਸਾਇਟੀ ਦੀ ਕਾਰਕੁੰਨ ਗੀਤਾ ਆਦਿ ਨੇ ਸੰਬੋਧਨ ਕਰਦਿਆਂ ਲੋਕਾਂ ਨੂੰ ਅਪੀਲ ਕੀਤੀ ਕਿ ਵਿਦਿਆਰਥੀਆਂ ਦੇ ਭਵਿੱਖ ਨਾਲ ਖਿਲਵਾੜ ਕਰਨ ਤੇ ਨਿਆਂ ਲਈ ਸੰਘਰਸ਼ ਕਰ ਰਹੇ ਵਿਦਿਆਰਥੀ ਉਤੇ ਦਿੱਲੀ ਪੁਲਸ ਵੱਲੋਂ ਕੀਤੇ ਵਹਿਸ਼ੀ ਤੇ ਦਰਿੰਦਗੀ ਭਰੇ ਅਤਿਆਚਾਰ ਖਿਲਾਫ, ਲੋਕਾਂ ਨੂੰ ਜ਼ਿੰਮੇਵਾਰੀ ਸਮਝਦੇ ਹੋਏ ਭਾਰਤ ਦੀ ਕੇਂਦਰ ਸਰਕਾਰ ਖ਼ਿਲਾਫ਼ ਅਵਾਜ਼ ਬੁਲੰਦ ਕਰਦੇ ਹੋਏ ਵਿਦਿਆਰਥੀ ਸੰਘਰਸ਼ ਦਾ ਸਾਥ ਦੇਣ ਦੀ ਲੋੜ ਹੈ। ਅਖੀਰ 'ਚ ਇਸ ਲੋਕ ਇਕੱਠ ਨੇ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਪੁਤਲਾ ਫੂਕਿਆ ਅਤੇ ਮੰਗ ਕੀਤੀ ਕਿ ਸਿਖਿਆ ਮੰਤਰੀ ਧਰਮਿੰਦਰ ਪ੍ਰਧਾਨ ਤੋਂ ਅਸਤੀਫਾ ਲਿਆ ਜਾਵੇ ਅਤੇ ਵਹਿਸ਼ਤ ਭਰਿਆ ਲਾਠੀਚਾਰਜ ਕਰਨ ਵਾਲੇ ਪੁਲਿਸ ਅਫਸਰਾਂ ਤੇ ਕਰਮਚਾਰੀਆਂ ਖ਼ਿਲਾਫ਼ ਕਾਨੂੰਨੀ ਕਾਰਵਾਈ ਕੀਤੀ ਜਾਵੇ। ਇਸ ਇਕੱਠ ਵਿੱਚ ਤਰਕਸ਼ੀਲ ਸੁਸਾਇਟੀ ਵੱਲੋਂ ਵਿਸ਼ੇਸ਼ ਤੌਰ ਤੇ ਸੁਖਦੇਵ ਫਗਵਾੜਾ ਜਿਲਾ ਆਗੂ, ਬਲਵਿੰਦਰ ਪ੍ਰੀਤ, ਸਿਰਜਣ ਪ੍ਰੀਤ, ਅਵਿਨਾਸ਼ ਕੁਮਾਰ ਹਰਦਾਸਪੁਰ,ਕੁਲਵੰਤ ਸਿੰਘ ਬਾਸੀ, ਕਾ. ਦਿਲਬਾਗ ਸਿੰਘ, ਲਵਪ੍ਰੀਤ, ਰੋਹਿਤ ਕੁਮਾਰ, ਜਤਿਨ, ਸੁਰਿੰਦਰਪਾਲ ਆਦਿ ਸ਼ਾਮਲ ਹੋਏ।

# ਪੁਲਸਿਆ ਜਬਰ ਤੇ ਗੁੰਡਾਗਰਦੀ ਖਿਲਾਫ ਧਰਨਾ-ਪ੍ਰਦਰਸ਼ਨ ਭਲਕੇ

**ਜਲੰਧਰ (ਰਾਜੇਸ਼ ਥਾਪਾ)**- ਜੰਤਰ-ਮੰਤਰ ਨਵੀਂ ਦਿੱਲੀ ਵਿਖੇ ਆਪਣੀਆਂ ਹੱਕੀ ਮੰਗਾਂ ਮਨਵਾਉਣ ਲਈ ਕਈ ਹਫਤਿਆਂ ਤੋਂ ਸ਼ਾਂਤਮਈ ਤੇ ਬਾਜ਼ਾਬਤਾ ਘੋਲ ਲੜ ਰਹੇ ਨੌਜਵਾਨਾਂ, ਵਿਦਿਆਰਥੀਆਂ ਤੇ ਆਮ ਲੋਕਾਂ 'ਤੇ ਲੰਘੀ 20 ਜੁਲਾਈ ਨੂੰ ਢਾਹੇ ਗਏ ਵਹਿਸ਼ੀਆਨਾ ਜਬਰ ਖਿਲਾਫ ਆਉਣ ਵਾਲੇ 25 ਜੁਲਾਈ ਨੂੰ ਦੇਸ਼ ਭਗਤ ਯਾਦਗਾਰ ਜਲੰਧਰ ਵਿਖੇ ਸੂਬਾ ਪੱਧਰ ਦਾ ਸਾਂਝਾ ਧਰਨਾ-ਪ੍ਰਦਰਸ਼ਨ ਆਯੋਜਿਤ ਕੀਤਾ ਜਾਵੇਗਾ। ਇਹ ਜਾਣਕਾਰੀ ਇੱਥੇ ਜਾਰੀ ਇਕ ਬਿਆਨ ਰਾਹੀਂ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ ਐਮ ਪੀ ਆਈ) ਦੇ ਜਨਰਲ ਸਕੱਤਰ ਕਾਮਰੇਡ ਮੰਗਤ ਰਾਮ ਪਾਸਲਾ ਨੇ ਦਿੱਤੀ ਹੈ। ਸਾਥੀ ਪਾਸਲਾ ਨੇ ਦੱਸਿਆ ਹੈ ਕਿ ਉਕਤ ਰੋਸ ਐਕਸ਼ਨ 'ਚ ਪ੍ਰਮੁੱਖ ਖੱਬੀਆਂ-ਜਮਹੂਰੀ ਧਿਰਾਂ ਦੇ ਸਿਰਕੱਢ ਆਗੂ, ਨਿਆਂ ਪਸੰਦ ਤੇ ਪ੍ਰਗਤੀਸ਼ੀਲ ਤਾਕਤਾਂ ਅਤੇ ਨਾਮਵਰ ਬੁੱਧੀਜੀਵੀ ਸ਼ਾਮਲ ਹੋਣਗੇ। ਧਰਨਾ ਸਵੇਰੇ ਠੀਕ 11 ਵਜੇ ਸ਼ੁਰੂ ਹੋਵੇਗਾ ਤੇ ਬਾਅਦ ਦੁਪਹਿਰ ਡੀ ਸੀ ਦਫਤਰ ਤੱਕ ਰੋਸ ਮਾਰਚ ਕੱਢਿਆ ਜਾਵੇਗਾ। ਉਨ੍ਹਾਂ ਕਿਹਾ ਕਿ ਇਹ ਡਾਢੇ ਦੁੱਖ ਤੇ ਰੋਸ ਦੀ ਗੱਲ ਹੈ ਕਿ ਨਾ ਕੇਵਲ ਦਿੱਲੀ ਪੁਲਸ ਤੇ ਅਰਧ ਸੈਨਿਕ ਬਲਾਂ ਦੇ ਮੁਲਾਜ਼ਮਾਂ, ਬਲਕਿ ਆਰ ਐਸ ਐਸ., ਭਾਜਪਾ ਤੇ ਹੋਰ ਸੰਘੀ ਸੰਗਠਨਾਂ ਦੇ ਪਾਲੇ ਗੁੰਡੇ ਵੀ ਨੌਜਵਾਨਾਂ, ਖਾਸ ਕਰਕੇ ਧੀਆਂ ਦੀ ਕੁੱਟਮਾਰ, ਖਿੱਚ੍ਹਧੂਹ ਤੇ ਬੇਹੁਰਮਤੀ ਕਰ ਰਹੇ ਸਨ। ਇਸ ਖਿਲਾਫ ਦੇਸ਼ ਭਰ ਦੇ ਸਾਵੀਂ ਸੋਚਣੀ ਵਾਲੇ ਲੋਕਾਂ 'ਚ ਸਖ਼ਤ ਗੁੱਸਾ ਪਾਇਆ ਜਾਇਆ ਰਿਹਾ ਹੈ।ਉਨ੍ਹਾਂ ਪੇਪਰ ਲੀਕ ਘੁਟਾਲੇ ਦੇ ਦੋਸ਼ੀਆਂ ਖਿਲਾਫ ਸਖਤ ਕਾਰਵਾਈ ਕੀਤੇ ਜਾਣ ਤੇ ਘੁਟਾਲੇਬਾਜਾਂ ਦੀ ਪੁਸ਼ਤ-ਪਨਾਹੀ ਕਰਨ ਵਾਲੇ ਕੇਂਦਰੀ ਸਿੱਖਿਆ ਮੰਤਰੀ ਧਰਮੇਂਦਰ ਪ੍ਰਧਾਨ ਨੂੰ ਮੰਤਰੀ ਮੰਡਲ ਚੋਂ ਫੌਰੀ ਬਰਖਾਸਤ ਕਰਨ ਦੀ ਮੰਗ ਕੀਤੀ ਹੈ।ਸਾਥੀ ਮੰਗਤ ਰਾਮ ਪਾਸਲਾ ਨੇ ਸਕੂਲਾਂ-ਕਾਲਜਾਂ, ਯੂਨੀਵਰਸਿਟੀਆਂ ਤੇ ਹੋਰ ਵਿਦਿਅਕ ਸੰਸਥਾਵਾਂ ਦੇ ਵਿਦਿਆਰਥੀਆਂ ਨੂੰ ਉਕਤ ਧਰਨੇ-ਪ੍ਰਦਰਸ਼ਨ 'ਚ ਵਧ-ਚੜ੍ਹ ਕੇ ਸ਼ਾਮਲ ਹੋਣ ਦੀ ਅਪੀਲ ਕੀਤੀ ਹੈ।

# ਪੰਚਾਇਤਾਂ ਵਿਕਾਸ ਕਾਰਜਾਂ ਲਈ ਦਿੱਤੀਆਂ ਗਰਾਂਟਾਂ ਖਰਚਣ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਬਲਾਕ ਨੂਰਮਹਿਲ ਦੇ ਪਿੰਡ ਭੰਡਾਲ ਬੂਟ, ਭੰਡਾਲ ਹਿੰਮਤ, ਚੂਹੇਕੀ ਅਤੇ ਪਿੰਡ ਬਾਠ ਵਿਖੇ ਲੋਕ ਮਿਲਣੀ ਪ੍ਰੋਗਰਾਮ ਦੌਰਾਨ ਵਿਧਾਇਕ ਇੰਦਰਜੀਤ ਕੌਰ ਮਾਨ ਨੇ ਇਹਨਾਂ ਪਿੰਡਾਂ ਨੂੰ ਦਿੱਤੇ ਵਿਕਾਸ ਕਾਰਜਾਂ ਲਈ ਫੰਡਾਂ ਦਾ ਲੇਖਾ ਜੋਖਾ ਕਰਦਿਆਂ ਆਖਿਆ ਕਿ ਪੰਚਾਇਤਾਂ ਜਲਦ ਆਪਣੇ ਖਾਤਿਆਂ ਵਿੱਚ ਪਏ ਪੈਸੇ ਖਰਚ ਕਰਨ। ਉਹਨਾਂ ਕਿਹਾ ਕਿ ਆਪਣੇ ਪਿੰਡਾਂ ਲਈ ਉੱਦਮੀ ਸਰਪੰਚ ਵਿਕਾਸ ਕਾਰਜਾਂ ਲਈ ਸਰਕਾਰ ਦੁਆਰਾ ਭੇਜੇ ਪੈਸੇ ਖਰਚ ਕਰਕੇ ਖਾਤਾ



ਖਾਲੀ ਕਰ ਚੁੱਕੇ ਹਨ ਜਿਨ੍ਹਾਂ ਸਰਪੰਚਾਂ ਦਾ ਆਪਣੇ ਪਿੰਡ ਪ੍ਰਤੀ ਵਿਕਾਸ ਕਾਰਜਾਂ ਲਈ ਸ਼ੌਕ ਨਹੀਂ ਹੈ। ਉਹਨਾਂ ਪੰਚਾਇਤਾਂ ਦੇ ਖਾਤਿਆਂ ਵਿੱਚ ਲੱਖਾਂ ਰੁਪਏ ਖੜੇ ਹਨ। ਇਹ ਵਿਚਾਰ ਇੰਦਰਜੀਤ ਕੌਰ ਮਾਨ ਵੱਲੋਂ ਪਿੰਡ ਚੂਹੇਕੀ ਵਿੱਚ ਲੋਕ ਮਿਲਣੀ ਦੌਰਾਨ ਇਕੱਤਰ ਲੋਕਾਂ ਨੂੰ ਸੰਬੋਧਨ ਕਰਦਿਆਂ ਕਹੇ। ਇਸ ਸਮੇਂ ਉਹਨਾਂ ਨਾਲ ਚੇਅਰਮੈਨ ਲਖਵੀਰ ਸਿੰਘ ਸੀਰ, ਅਜੀਤ ਕੁਮਾਰ ਸਿੱਧਮ, ਐਸ ਡੀ ਓ ਬਿਜਲੀ ਵਿਭਾਗ, ਪੰਚਾਇਤ ਸੈਕਟਰੀ, ਜੇ ਈ ਵਾਟਰ ਸਪਲਾਈ ਆਦਿ ਸਰਕਾਰੀ ਕਰਮਚਾਰੀਆਂ ਤੋਂ ਇਲਾਵਾ ਪਿੰਡ ਭੰਡਾਲ ਬੂਟ ਦੀ ਜਸਵਿੰਦਰ ਕੌਰ ਸਰਪੰਚ, ਬਲਵੀਰ ਸਿੰਘ, ਅਵਤਾਰ ਸਿੰਘ, ਜਸਵੰਤ ਸਿੰਘ, ਜਰਨੈਲ ਸਿੰਘ, ਜਸਵਿੰਦਰ ਸਿੰਘ ਪੰਚ, ਜਸਵਿੰਦਰ ਸਿੰਘ ਪੰਚ, ਗੁਰਮੇਲ ਚੰਦ ਪੰਚ, ਚਰਨਜੀਤ ਸਿੰਘ ਪੰਚ, ਜਸਵਿੰਦਰ ਸਿੰਘ ਪੰਚ, ਸਾਬਕਾ ਰਣਜੀਤ ਸਿੰਘ ਪੰਚ, ਪਾਲ ਸਿੰਘ ਮੰਡ, ਸੁਰਿੰਦਰ ਪਾਲ ਸਿੰਘ ਬਿੱਲਾ, ਜਸਵਿੰਦਰ ਸਿੰਘ ਬਿੱਟੂ, ਤੀਰਥ ਸਿੰਘ, ਸਤਨਾਮ ਸਿੰਘ, ਮੰਗਲ ਰਾਮ, ਤਰਸੇਮ ਸਿੰਘ, ਜਰਨੈਲ ਸਿੰਘ, ਸਲੱਖਣ ਸਿੰਘ, ਪਿੰਡ ਭੰਡਾਲ ਹਿੰਮਤ ਦੇ ਭੁਪਿੰਦਰ ਸਿੰਘ ਸਰਪੰਚ, ਸਰਬਜੀਤ ਸਿੰਘ ਪੰਚ, ਮਨਜੀਤ ਕੌਰ ਪੰਚ, ਦੇਸ ਰਾਜ ਪੰਚ, ਕਸ਼ਮੀਰ ਲਾਲ ਪੰਚ ਆਦਿ ਹਾਜ਼ਰ ਸਨ।

# ਕੈਬਨਿਟ ਮੰਤਰੀ ਵੱਲੋਂ ਢੱਡੇ ਫਤਹਿ ਸਿੰਘ ਵਿਖੇ ਟਿਊਬਵੈੱਲ ਦੇ ਕੰਮ ਦੀ ਸ਼ੁਰੂਆਤ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਪੰਜਾਬ ਦੇ ਜਲ ਸਰੋਤ ਅਤੇ ਪ੍ਰਵਾਸੀ ਭਾਰਤੀ ਮਾਮਲੇ ਮੰਤਰੀ ਡਾ. ਰਵਜੋਤ ਸਿੰਘ ਨੇ ਵਿਧਾਨ ਸਭਾ ਹਲਕਾ ਸ਼ਾਮਚੁਰਾਸੀ ਦੇ ਪਿੰਡ ਢੱਡੇ ਫਤਹਿ ਸਿੰਘ ਵਿਖੇ ਲਗਭਗ 60 ਲੱਖ ਰੁਪਏ ਦੀ ਲਾਗਤ ਨਾਲ ਲੱਗਣ ਵਾਲੇ ਸਿੰਚਾਈ ਦੇ ਟਿਊਬਵੈੱਲ ਦੇ



ਕੰਮ ਦੀ ਸ਼ੁਰੂਆਤ ਕਰਵਾਈ। ਇਸ ਮੌਕੇ ਉਨ੍ਹਾਂ ਕਿਹਾ ਕਿ ਇਸ ਮਹੱਤਵਪੂਰਨ ਪ੍ਰੋਜੈਕਟ ਦੇ ਮੁਕੰਮਲ ਹੋਣ ਨਾਲ ਪਿੰਡ ਦੀ ਕਰੀਬ 125 ਏਕੜ ਖੇਤੀ ਵਾਲੀ ਜ਼ਮੀਨ ਨੂੰ ਸਿੰਚਾਈ ਲਈ ਪਾਣੀ ਦੀ ਸਹੂਲਤ ਮਿਲੇਗੀ, ਜਿਸ ਨਾਲ ਕਿਸਾਨਾਂ ਨੂੰ ਵੱਡੀ ਰਾਹਤ ਪ੍ਰਾਪਤ ਹੋਵੇਗੀ ਅਤੇ ਖੇਤੀ ਉਤਪਾਦਨ ਵਿੱਚ ਵੀ ਵਾਧਾ ਹੋਵੇਗਾ। ਡਾ. ਰਵਜੋਤ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਕਿਸਾਨਾਂ ਦੀ ਭਲਾਈ ਅਤੇ ਪਿੰਡਾਂ ਦੇ ਸਰਵਪੱਖੀ ਵਿਕਾਸ ਲਈ ਲਗਾਤਾਰ ਕੰਮ ਕਰ ਰਹੀ ਹੈ। ਉਨ੍ਹਾਂ ਦੱਸਿਆ ਕਿ ਪਿੰਡ ਵਿੱਚ ਨਵਾਂ ਟਿਊਬਵੈੱਲ ਲੱਗਣ ਨਾਲ ਕਿਸਾਨਾਂ ਨੂੰ ਸਿੰਚਾਈ ਲਈ ਪਾਣੀ ਦੀ ਉਪਲਬਧਤਾ ਯਕੀਨੀ ਬਣੇਗੀ। ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਹਰ ਪਿੰਡ ਵਿੱਚ ਵਿਕਾਸ ਕਾਰਜ ਕੀਤੇ ਜਾ ਰਹੇ ਹਨ। ਸੜਕਾਂ, ਪੀਣ ਵਾਲੇ ਪਾਣੀ, ਸਿੰਚਾਈ, ਸਿੱਖਿਆ, ਸਿਹਤ ਅਤੇ ਹੋਰ ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤ ਬਣਾਉਣ ਲਈ ਸਰਕਾਰ ਵੱਲੋਂ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਨੇ ਪਿੰਡ ਵਾਸੀਆਂ ਨੂੰ ਇਸ ਮਹੱਤਵਪੂਰਨ ਪ੍ਰੋਜੈਕਟ ਲਈ ਵਧਾਈ ਦਿੰਦਿਆਂ ਕਿਹਾ ਕਿ ਇਹ ਟਿਊਬਵੈਲ ਪਿੰਡ ਦੇ ਕਿਸਾਨਾਂ ਲਈ ਵਰਦਾਨ ਸਾਬਤ ਹੋਵੇਗਾ।ਇਸ ਮੌਕੇ ਇਕਬਾਲ ਸਿੰਘ, ਲਖਵੀਰ ਸਿੰਘ, ਤਲਵਿੰਦਰ ਸਿੰਘ, ਗੁਰਵਿੰਦਰ ਸਿੰਘ, ਹਰਵਿੰਦਰ ਸਿੰਘ, ਗੁਰਮਨ ਸਿੰਘ, ਹਰਜੀਤ ਸਿੰਘ, ਮਲਕੀਤ ਸਿੰਘ, ਜਸਪਾਲ ਸਿੰਘ, ਕੁਲਦੀਪ ਸਿੰਘ, ਮਹਿਤਾਬ ਸਿੰਘ, ਰਣਜੋਧ ਸਿੰਘ ਸਮੇਤ ਹੋਰ ਪਿੰਡ ਵਾਸੀ ਵੀ ਹਾਜ਼ਰ ਸਨ।

## ਸਫਾਈ ਸੇਵਕਾਂ 'ਤੇ ਕੀਤੇ ਲਾਠੀਚਾਰਜ ਦੀ ਨਿਖੇਧੀ

**ਨਕੋਦਰ (ਮਨਜੀਤ ਮਾਨ)**- ਪੀ ਡਬਲਯੂ ਡੀ ਫੀਲਡ ਐਂਡ ਵਰਕਸ਼ਾਪ ਵਰਕਰ ਯੂਨੀਅਨ ਦੇ ਸੂਬਾ ਪ੍ਰੈਸ ਸਕੱਤਰ ਅਤੇ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਦੇ ਸੀਨੀਅਰ ਮੀਤ ਪ੍ਰਧਾਨ ਸੰਜੀਵ ਕੌਂਡਲ ਨੇ ਬਠਿੰਡੇ ਵਿੱਚ ਹੋਈ ਸਫਾਈ ਸੇਵਕਾਂ 'ਤੇ ਲਾਠੀਚਾਰਜ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ। ਕੌਂਡਲ ਨੇ ਕਿਹਾ ਕਿ ਸਫਾਈ ਸੇਵਕਾਂ 'ਤੇ ਕੀਤਾ ਗਿਆ ਲਾਠੀਚਾਰਜ ਜ਼ੁਲਮ ਦੀ ਸਿਖਰ ਹੈ ਅਤੇ ਇਹ ਲੋਕਤੰਤਰ ਵਿੱਚ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਪੁਲਸ ਵਲੋਂ ਔਰਤਾਂ 'ਤੇ ਵੀ ਲਾਠੀਚਾਰਜ ਕੀਤਾ ਗਿਆ ਜਿਸ ਦੀਆਂ ਵੀਡੀਓ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਰਹੀਆਂ ਹਨ। ਦਿੱਲੀ ਦੇ ਜੰਤਰ ਮੰਤਰ 'ਤੇ ਵਿਦਿਆਰਥੀਆਂ 'ਤੇ ਹੋਏ ਲਾਠੀਚਾਰਜ ਦੀ ਵੀ ਨਿੰਦਾ ਕੀਤੀ ਹੈ।

## ਸਿੱਖਿਆ ਕ੍ਰਾਂਤੀ ਮੁਹਿੰਮ ਤਹਿਤ ਸਰਕਾਰੀ ਸਕੂਲਾਂ ਦੀ ਬਦਲੀ ਤਸਵੀਰ : ਬ੍ਰਹਮ ਸ਼ੰਕਰ ਜਿੰਪਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਪੰਜਾਬ ਸਰਕਾਰ ਦੀ ਸਿੱਖਿਆ ਕ੍ਰਾਂਤੀ ਮੁਹਿੰਮ ਨੂੰ ਅੱਗੇ ਵਧਾਉਂਦੇ ਹੋਏ ਵਿਧਾਇਕ ਬ੍ਰਹਮ ਸ਼ੰਕਰ ਜਿੰਪਾ ਨੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਪਿਪਲਾਂਵਾਲਾ ਵਿਖੇ ਕਰਵਾਏ ਗਏ ਇੱਕ ਪ੍ਰੋਗਰਾਮ ਦੌਰਾਨ 11ਵੀਂ ਅਤੇ 12ਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਸਕੂਲ ਬੈਗ ਵੰਡੇ। ਉਨ੍ਹਾਂ ਵਿਦਿਆਰਥੀਆਂ ਨੂੰ ਬਿਹਤਰ ਸਿੱਖਿਆ ਅਤੇ ਉੱਜਵਲ ਭਵਿੱਖ ਲਈ ਪ੍ਰੇਰਿਤ ਕੀਤਾ।



ਵਿਧਾਇਕ ਬ੍ਰਹਮ ਸ਼ੰਕਰ ਜਿੰਪਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਸਿੱਖਿਆ ਖੇਤਰ ਵਿੱਚ ਇਤਿਹਾਸਕ ਬਦਲਾਅ ਕੀਤੇ ਹਨ, ਜਿਸ ਦੇ ਨਤੀਜੇ ਵਜੋਂ ਅੱਜ ਪੰਜਾਬ ਪੂਰੇ ਦੇਸ਼ ਵਿੱਚ ਸਿੱਖਿਆ ਦੇ ਖੇਤਰ ਵਿੱਚ ਮੋਹਰੀ ਸਥਾਨ 'ਤੇ ਪਹੁੰਚ ਗਿਆ ਹੈ। ਉਨ੍ਹਾਂ ਕਿਹਾ ਕਿ ਸਿੱਖਿਆ ਕ੍ਰਾਂਤੀ ਮੁਹਿੰਮ ਤਹਿਤ ਸਰਕਾਰੀ ਸਕੂਲਾਂ ਦੇ ਬੁਨਿਆਦੀ ਢਾਂਚੇ ਦਾ ਆਧੁਨਿਕੀਕਰਨ ਕੀਤਾ ਗਿਆ ਹੈ ਅਤੇ ਵਿਦਿਆਰਥੀਆਂ ਨੂੰ ਮਿਆਰੀ ਸਿੱਖਿਆ ਪ੍ਰਦਾਨ ਕਰਨ ਲਈ ਵਿਆਪਕ ਸੁਧਾਰ ਕੀਤੇ ਗਏ ਹਨ। ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਵੈਸ਼ਾਲੀ ਚੱਢਾ, ਦੀਪਕ ਵਸ਼ਿਸ਼ਟ, ਕੌਂਸਲਰ ਜਸਵੰਤ ਰਾਏ, ਕੌਂਸਲਰ ਰਾਜ ਰਾਣੀ, ਯੂਥ ਕੋਆਰਡੀਨੇਟਰ ਪ੍ਰਿਤਪਾਲ, ਲਖਬੀਰ ਅਤੇ ਹੋਰ ਪਤਵੰਤੇ ਵੀ ਮੌਜੂਦ ਸਨ।

# 'ਮੇਲਾ ਤੀਆਂ ਤੇ ਧੀਆਂ ਦਾ' 8 ਨੂੰ



**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਵਾਰਡ ਨੰਬਰ 11- 12 ਬੀ.ਡੀ.ਓ. ਕਾਲੋਨੀ ਮਾਹਿਲਪੁਰ ਵਿਖੇ ਹਰ ਸਾਲ ਦੀ ਤਰ੍ਹਾਂ ਸਾਵਣ ਮਹੀਨੇ ਤੇ ਤੀਆਂ ਦਾ ਤਿਉਹਾਰ ਮਨਾਉਣ ਸਬੰਧੀ ਸਾਉਣ ਮੇਲਾ ਤੀਆਂ ਤੇ ਧੀਆਂ ਦਾ ਜਾਗਰਤੀ ਮੰਚ ਦੀ ਮੀਟਿੰਗ ਨਿਰਮਲ ਕੌਰ ਬੋਧ ਦੀ ਦੇਖ ਰੇਖ ਹੋਈ। ਜਿਸ ਵਿੱਚ ਪਰਮਜੀਤ ਕੌਰ ਮੁੱਗੋਵਾਲ, ਰੇਖਾ ਰਾਣੀ ਪ੍ਰਧਾਨ ਜੈ ਭੀਮ ਕਾਰਵਾਂ ਚੈਰੀਟੇਬਲ ਸੁਸਾਇਟੀ ਰਜਿਸਟਰਡ ਮਾਹਿਲਪੁਰ, ਜਸਵਿੰਦਰ ਕੌਰ,ਸ਼ਸ਼ੀ ਬੰਗੜ ਮੀਤ ਪ੍ਰਧਾਨ ਨਗਰ ਪੰਚਾਇਤ ਮਾਹਿਲਪੁਰ, ਹਰਜੀਤ ਕੌਰ ਤੋਸ਼ੀ, ਸੁਮੀਤਾ, ਗੁਰਪਾਲ ਕੌਰ, ਗਗਨਦੀਪ ਕੌਰ ਸੋਨੂ, ਅਮਰਜੀਤ ਕੌਰ, ਕਮਲਦੀਪ ਕੌਰ, ਧੰਨ ਕੌਰ, ਰਾਜ ਕੁਮਾਰੀ, ਰੰਜਨਾ, ਸਤਵਿੰਦਰ ਕੌਰ, ਧਰਮ ਸਿੰਘ ਫੌਜੀ, ਨਿਰਮਲ ਸਿੰਘ ਮੁੱਗੋਵਾਲ, ਆਦਿ ਹਾਜ਼ਰ ਹੋਏ। ਇਸ ਮੌਕੇ ਸਰਬ ਸੰਮਤੀ ਨਾਲ 8 ਅਗਸਤ ਦਿਨ ਸ਼ਨੀਵਾਰ ਨੂੰ ਦੁਪਹਿਰ 1 ਤੋਂ 5 ਵਜੇ ਤੱਕ ਬੀ.ਡੀ.ਓ. ਕਾਲੋਨੀ ਵਾਰਡ ਨੰਬਰ 11-12 ਮਾਹਿਲਪੁਰ ਵਿਖੇ 'ਮੇਲਾ ਤੀਆਂ ਤੇ ਧੀਆਂ ਦਾ' ਕਰਵਾਉਣ ਸਬੰਧੀ ਵਿਚਾਰ ਵਟਾਂਦਰਾ ਕੀਤਾ ਜਿਸ ਦੀ ਰੂਪ ਰੇਖਾ ਬਣਾਈ ਗਈ ਅਤੇ ਸਾਰਿਆਂ ਨੇ ਇਸ ਪ੍ਰੋਗਰਾਮ ਵਿੱਚ ਸਹਿਯੋਗ ਕਰਨ ਦਾ ਸੰਕਲਪ ਕੀਤਾ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਗੱਲਬਾਤ ਕਰਦਿਆ ਜਾਗਰਤੀ ਮੰਚ ਦੀ ਪ੍ਰਧਾਨ ਐੱਮ ਸੀ ਸੁਰਿੰਦਰ ਕੌਰ ਨੇ ਦੱਸਿਆ ਕਿ ਇਸ ਮੌਕੇ ਛੋਟੀਆਂ ਬੱਚੀਆਂ, ਲੜਕੀਆਂ ਅਤੇ ਔਰਤਾਂ ਵੱਲੋਂ ਪੰਜਾਬੀ ਸੱਭਿਆਚਾਰ ਨੂੰ ਦਰਸਾਉਂਦਾ ਪ੍ਰੋਗਰਾਮ ਪੇਸ਼ ਕੀਤਾ ਜਾਵੇਗਾ। ਸਮਾਗਮ ਦੇ ਮੁੱਖ ਮਹਿਮਾਨ ਜੈ ਕ੍ਰਿਸ਼ਨ ਸਿੰਘ ਰੌੜੀ ਡਿਪਟੀ ਸਪੀਕਰ ਪੰਜਾਬ ਵਿਧਾਨ ਸਭਾ ਵਿਧਾਇਕ ਹਲਕਾ ਗੜ੍ਹਸ਼ੰਕਰ ਹੋਣਗੇ।

ਲੰਗਰ ਪਾਣੀ ਦਾ ਉਚਿਤ ਪ੍ਰਬੰਧ ਹੋਵੇਗਾ। ਮੀਟਿੰਗ ਵਿੱਚ ਪ੍ਰਬੰਧਕਾਂ ਵੱਲੋਂ ਮੀਟਿੰਗ ਵਿੱਚ ਸ਼ਾਮਿਲ ਹੋਏ ਭੈਣਾਂ ਭਰਾਵਾਂ ਨੂੰ ਖੀਰ ਪੂੜਿਆਂ ਦਾ ਲੰਗਰ ਛਕਾਇਆ ਗਿਆ।

# ਫ਼ਲਦਾਰ ਤੇ ਰਵਾਇਤੀ ਪੌਦਿਆਂ ਦਾ ਲਗਾਇਆ ਲੰਗਰ

**ਐਸ.ਏ.ਐਸ. ਨਗਰ (ਮੋਹਾਲੀ) (ਗੁਰਜੀਤ ਬਿੱਲਾ)**- ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਦੀ ਰਹਿਨੁਮਾਈ ਹੇਠ ਸ਼ਹੀਦ ਭਗਤ ਸਿੰਘ ਹਰਿਆਵਲ ਲਹਿਰ ਤਹਿਤ ਪੰਜਾਬ ਮੰਡੀ ਬੋਰਡ ਦੇ ਮੁੱਖ ਦਫ਼ਤਰ ਵਿਖੇ ਫ਼ਲਦਾਰ ਅਤੇ ਰਵਾਇਤੀ ਪੌਦਿਆਂ ਦਾ ਲੰਗਰ ਲਗਾਇਆ ਗਿਆ।



ਇਸ ਦੌਰਾਨ ਹਰਚੰਦ ਸਿੰਘ ਬਰਸਟ ਵੱਲੋਂ ਮੰਡੀ ਬੋਰਡ ਦੇ ਮੁੱਖ ਦਫ਼ਤਰ ਤੇ ਮਾਡਰਨ ਫਲ ਅਤੇ ਸਬਜੀ ਮੰਡੀ, ਮੋਹਾਲੀ ਵਿਖੇ 100 ਬੂਟੇ ਲਗਾਏ ਗਏ ਤੇ ਉਹਨਾਂ ਦੀ ਸਾਂਭ ਸੰਭਾਲ ਦੀ ਜ਼ਿੰਮੇਵਾਰੀ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਸੌਂਪੀ ਗਈ। ਇਸ ਮੌਕੇ ਆਮ ਲੋਕਾਂ ਨੂੰ ਵਾਤਾਵਰਨ ਦੀ ਮਹਤੱਤਾ ਬਾਰੇ ਦੱਸਿਆ ਗਿਆ ਅਤੇ 700 ਬੂਟੇ ਵੰਡੇ ਗਏ। ਇਸ ਤੋਂ ਪਹਿਲਾਂ ਵੀ ਸ਼ਹੀਦ ਭਗਤ ਸਿੰਘ ਹਰਿਆਵਲ ਲਹਿਰ ਤਹਿਤ ਪੰਜਾਬ ਮੰਡੀ ਬੋਰਡ ਦੇ ਮੁੱਖ ਦਫ਼ਤਰ ਵਿਖੇ ਬੂਟੇ ਲਗਾਏ ਗਏ ਸਨ, ਜਿਨ੍ਹਾਂ ਦੀ ਪਰਵਰਿਸ਼ ਵੀ ਕੀਤੀ ਜਾ ਰਹੀ ਹੈ, ਜਿਸ ਕਰਕੇ ਉਹ ਪੌਦੇ ਕਰੀਬ 10-12 ਫੁੱਟ ਲੰਬੇ ਹੋ ਗਏ ਹਨ, ਜਿਨ੍ਹਾਂ ਨੂੰ ਦੇਖ ਕੇ ਸ. ਬਰਸਟ ਵੱਲੋਂ ਖ਼ੁਸ਼ੀ ਦਾ ਪ੍ਰਗਟਾਵਾ ਕੀਤਾ ਗਿਆ। ਉਨ੍ਹਾਂ ਕਿਹਾ ਕਿ ਵਾਤਾਵਰਨ ਵਿੱਚ ਜੋ ਤਬਦੀਲੀਆਂ ਆ ਰਹੀਆਂ ਹਨ, ਉਹ ਸਾਨੂੰ ਸਿੱਧੇ ਤੌਰ ਤੇ ਇਹ ਸੰਕੇਤ ਦੇ ਰਹੀਆਂ ਹਨ ਕਿ ਦਿਨੋਂ-ਦਿਨ ਲੋਕ ਕੁਦਰਤ ਤੋਂ ਦੂਰ ਹੁੰਦੇ ਜਾ ਰਹੇ ਹਨ। ਵੱਧ ਰਹੀ ਤਪਸ਼ ਨੇ ਲੋਕਾਂ ਨੂੰ ਚਿੰਤਾ ਵਿੱਚ ਪਾ ਦਿੱਤਾ ਹੈ। ਗਰਮੀ ਵਿੱਚ ਹੋ ਰਹੇ ਵਾਧੇ ਦਾ ਅਸਰ ਆਮ ਲੋਕਾਂ ਦੇ ਜੀਵਨ ਤੇ ਪੈ ਰਿਹਾ ਹੈ। ਇਸ ਲਈ ਸਾਰਿਆਂ ਨੂੰ ਬੂਟੇ ਲਗਾ ਕੇ ਵਾਤਾਵਰਨ ਨੂੰ ਸ਼ੁੱਧ ਰੱਖਣ ਵਿੱਚ ਆਪਣਾ ਸਹਿਯੋਗ ਦੇਣਾ ਚਾਹੀਦਾ ਹੈ, ਤਾਂ ਜੋ ਸਾਡਾ ਆਲਾ-ਦੁਆਲਾ ਹਰਿਆ-ਭਰਿਆ ਰਹਿ ਸਕੇ।

ਉਨ੍ਹਾਂ ਦੱਸਿਆ ਕਿ ਸ਼ਹੀਦ ਭਗਤ ਸਿੰਘ ਹਰਿਆਵਲ ਲਹਿਰ ਤਹਿਤ ਪਿਛਲੇ ਚਾਰ ਸੀਜਨ ਦੌਰਾਨ 1,21,000 ਤੋਂ ਵੱਧ ਬੂਟੇ ਲਗਾਏ ਜਾ ਚੁੱਕੇ ਹਨ ਅਤੇ ਇਸ ਸੀਜਨ ਵਿੱਚ ਪੰਜਾਬ ਮੰਡੀ ਬੋਰਡ ਵੱਲੋਂ 55 ਹਜਾਰ ਬੂਟੇ ਲਗਾਉਣ ਦਾ ਟੀਚਾ ਹੈ।ਇਸ ਮੌਕੇ ਜਤਿੰਦਰ ਸਿੰਘ ਭੰਗੂ ਇੰਜੀਨੀਅਰ-ਇਨ-ਚੀਫ਼, ਹਰਜੀਤ ਸਿੰਘ ਸੰਧੂ ਸੰਯੁਕਤ ਸਕੱਤਰ, ਗੁਰਿੰਦਰ ਸਿੰਘ ਚੀਮਾ ਮੁੱਖ ਇੰਜੀਨੀਅਰ, ਅਮਨਦੀਪ ਸਿੰਘ ਮੁੱਖ ਇੰਜੀਨੀਅਰ, ਮਨਿੰਦਰਜੀਤ ਸਿੰਘ ਬੇਦੀ ਜੀ.ਐਮ., ਸੁਰਮੁੱਖ ਸਿੰਘ ਅਮਲਾ ਅਫ਼ਸਰ ਸਮੇਤ ਸਮੂਹ ਅਧਿਕਾਰੀਆਂ ਅਤੇ ਕਰਮਚਾਰੀਆਂ ਮੌਜੂਦ ਰਹੇ।

# 6 ਮੁਲਜ਼ਮ ਨਾਜਾਇਜ਼ ਅਸਲੇ ਤੇ ਜ਼ਿੰਦਾ ਕਾਰਤੂਸਾਂ ਸਮੇਤ ਕਾਬੂ

**ਜਲੰਧਰ (ਸ਼ੈਲੀ ਐਲਬਰਟ)**- ਹਰਵਿੰਦਰ ਸਿੰਘ ਵਿਰਕ, ਸੀਨੀਅਰ ਪੁਲਿਸ ਕਪਤਾਨ, ਜਲੰਧਰ ਦਿਹਾਤੀ ਦੇ ਦਿਸ਼ਾ-ਨਿਰਦੇਸ਼ਾਂ ਅਤੇ ਵਿਨੀਤ ਆਹਲਾਵਤ, ਪੁਲਸ ਕਪਤਾਨ (ਤਫ਼ਤੀਸ਼), ਜਲੰਧਰ ਦਿਹਾਤੀ ਤੇ ਭਾਰਤ ਮਸੀਹ ਲੱਧੜ, ਉਪ ਪੁਲਿਸ ਕਪਤਾਨ, ਸਬ-ਡਿਵੀਜ਼ਨ ਫਿਲੌਰ ਦੀ ਨਿਗਰਾਨੀ ਹੇਠ ਇੰਸਪੈਕਟਰ ਬਲਵਿੰਦਰ ਸਿੰਘ ਭੁੱਲਰ, ਮੁੱਖ ਅਫ਼ਸਰ ਥਾਣਾ ਫਿਲੌਰ ਦੀ ਅਗਵਾਈ ਵਿੱਚ ਪੁਲਸ ਟੀਮ ਨੇ ਇੱਕ ਨਾਜਾਇਜ਼ ਅਸਲਾ ਤਸਕਰੀ ਰੈਕਟ ਦਾ ਪਰਦਾਫਾਸ਼ ਕਰਦਿਆਂ 6 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿਚੋਂ ਇੱਕ .30 ਬੋਰ ਪਿਸਤੌਲ, ਇੱਕ ਮੈਗਜ਼ੀਨ ਅਤੇ .30 ਬੋਰ ਦੇ 3 ਜਿੰਦਾ ਕਾਰਤੂਸ ਬਰਾਮਦ ਕੀਤੇ ਹਨ।ਇਸ ਸਬੰਧੀ ਜਾਣਕਾਰੀ ਦਿੰਦਿਆਂ ਭਾਰਤ ਮਸੀਹ ਲੱਧੜ, ਡੀ ਐੱਸ ਪੀ ਸਬ ਡਿਵੀਜ਼ਨ ਫ਼ਿਲੌਰ ਨੇ ਦੱਸਿਆ ਕਿ ਹਾਈ-ਟੈਕ ਨਾਕਾ, ਸਤਲੁਜ ਪੁਲ ਵਿਖੇ ਵਿਸ਼ੇਸ਼ ਨਾਕਾਬੰਦੀ ਅਤੇ ਵਾਹਨ ਚੈਕਿੰਗ ਦੌਰਾਨ ਪੁਲਿਸ ਪਾਰਟੀ ਨੇ ਸ਼ੱਕ ਦੇ ਆਧਾਰ 'ਤੇ ਸਵਿਫਟ ਕਾਰ ਨੰਬਰ ਨੂੰ ਰੋਕ ਕੇ ਤਲਾਸ਼ੀ ਲਈ।ਕਾਰ ਵਿੱਚ ਸਵਾਰ ਮੁਲਜ਼ਮ ਮਹਿਕਪ੍ਰੀਤ ਉਰਫ਼ ਰੋਹਿਤ, ਕਰਨਦੀਪ ਸਿੰਘ ਉਰਫ਼ ਕਰਨ, ਗੌਬਨਪ੍ਰੀਤ ਸਿੰਘ, ਰਾਜੇਸ਼ਵਰ ਸਿੰਘ, ਮਨਜੀਤ ਸਿੰਘ ਅਤੇ ਨਿਖਿਲ ਨੂੰ ਕਾਬੂ ਕੀਤਾ ਗਿਆ। ਤਲਾਸ਼ੀ ਦੌਰਾਨ ਉਨ੍ਹਾਂ ਦੇ ਕਬਜ਼ੇ ਵਿਚੋਂ ਇੱਕ .30 ਬੋਰ ਪਿਸਤੌਲ, ਇੱਕ ਮੈਗਜ਼ੀਨ ਅਤੇ .30 ਬੋਰ ਦੇ 3 ਜਿੰਦਾ ਕਾਰਤੂਸ ਬਰਾਮਦ ਹੋਏ।ਇਸ ਸਬੰਧੀ ਥਾਣਾ ਫਿਲੌਰ ਜ਼ਿਲ੍ਹਾ ਜਲੰਧਰ ਦਿਹਾਤੀ ਵਿਖੇ ਮਾਮਲਾ ਦਰਜ ਕੀਤਾ ਗਿਆ ਹੈ।

## ਵਿਦਿਆਰਥੀ ਅੰਦੋਲਨ ਲੋਕਾਂ ਤੇ ਜੋਕਾਂ ਵਿਚਕਾਰ : ਇਪਟਾ

**ਚੰਡੀਗੜ੍ਹ (ਗੁਰਜੀਤ ਬਿੱਲਾ, ਸੁਰਜੀਤ ਸੁਮਨ)** ਇਪਟਾ ਨੇ ਅੰਦੋਲਨਕਾਰੀ ਵਿਦਿਆਰਥੀਆ ਵੱਲੋਂ ਜੋਸ਼ ਅਤੇ ਹੋਸ਼ ਕਾਇਮ ਰੱਖਣ ਦੀ ਸ਼ਲਾਘਾਯੋਗ ਕਰਦਿਆਂ ਹੈ ਕਿ ਦਿੱਲੀ ਦੇ ਜੰਤਰ-ਮੰਤਰ ਵਿਖੇ ਚੱਲ ਰਿਹਾ ਨੀਟ ਪ੍ਰਸ਼ਨ-ਪੱਤਰ ਲੀਕ ਅੰਦੋਲਨ ਲੋਕਾਂ ਤੇ ਜੋਕਾਂ ਵਿਚਕਾਰ ਹੈ। ਲੋਕਤੰਤਰ ਵਿੱਚ ਹਰ ਨਾਗਰਿਕ ਨੂੰ ਆਪਣੇ ਵਿਚਾਰ ਸ਼ਾਂਤੀਪੂਰਨ ਅਤੇ ਸੰਵਿਧਾਨਕ ਢੰਗ ਨਾਲ ਪ੍ਰਗਟ ਕਰਨ ਦਾ ਅਧਿਕਾਰ ਹੈ। ਸਾਰੀਆਂ ਧਿਰਾਂ ਨੂੰ ਸੰਜਮ, ਆਪਸੀ ਸਤਿਕਾਰ ਅਤੇ ਸੰਵਾਦ ਦਾ ਰਾਹ ਅਪਣਾਉਣ ਦੀ ਅਪੀਲ ਕਰਦਿਆ ਨਾਟਕਾਕਾਰ, ਨਾਟ-ਨਿਰਦੇਸ਼ਕ ਅਤੇ ਇਪਟਾ, ਪੰਜਾਬ ਦੇ ਪ੍ਰਧਾਨ ਸੰਜੀਵਨ ਸਿੰਘ ਨੇ ਕਿਹਾ ਹੈ ਕਿ ਦਿੱਲੀ ਦੇ ਸਿੰਘੂ ਬਾਰਡਰ 'ਤੇ ਸਾਲ ਤੋਂ ਵੱਧ ਸਮਾਂ ਚੱਲੇ ਕਿਸਾਨ ਅੰਦੋਲਨ ਵਾਂਗ ਸਿਆਸਤਦਾਨਾ ਤੋਂ ਵਾਜਿਬ ਦੂਰੀ ਰੱਖੀ ਜਾਵੇ। ਉਨਾਂ ਇਕ ਗਾਇਕ ਵੱਲੋਂ ਪੰਜਾਬੀਆਂ ਹਰ ਅੰਦੋਲਨ ਦਾ ਠੇਕਾ ਨਾ ਲੈਣ ਲਈ ਕਹਿਣਾ ਅਤਿ ਮੰਦਭਾਗਾ ਕਹਿੰਦਿਆ ਕਿਹਾ ਕਿ ਸਾਡੇ ਗੁਰੂਆਂ, ਪੀਰਾਂ, ਪੈਗੰਬਰਾਂ ਨੇ ਮਨੁੱਖਤਾ ਦੇ ਘਾਣ ਦੇ ਖਿਲਾਫ਼ ਆਪਣੀ ਆਵਾਜ਼ ਵੀ ਬੁਲੰਦ ਕੀਤੀ ਸੀ, ਆਪਣੀਆਂ ਜਾਨਾਂ ਕੁਰਬਾਨ ਕੀਤੀਆਂ। ਪੰਜਾਬ ਅਤੇ ਪੰਜਾਬੀਆਂ ਨੇ ਨਾ ਤਾਂ ਕਿਸੇ ਸੰਘਰਸ਼ ਦਾ ਠੇਕਾ ਲੈਣਾ ਹੁੰਦਾ ਹੈ, ਨਾ ਇਹ ਯੁੱਧ ਲੜ ਕੇ ਕਿਸੇ ''ਤੇ ਅਹਿਸਾਨ ਕਰਨਾ ਹੁੰਦਾ ਹੈ। ਬਲਕਿ ਆਪਣੇ ਹਿੱਸਾ ਦਾ ਯੁੱਧ ਲੜਨ ਲਈ ਜ਼ਮੀਰ ਦੀ ਆਵਾਜ਼ 'ਤੇ ਰਣਤੱਤੇ ਵਿਚ ਕੁੱਦਣਾ ਹੁੰਦਾ ਹੈ।

## ਕਾਹਮਾ ਵਿਖੇ ਸਾਲਾਨਾ ਮੇਲਾ ਸ਼ਾਨੋ-ਸ਼ੌਕਤ ਨਾਲ ਸਮਾਪਤ

**ਬੰਗਾ (ਅਵਤਾਰ ਕਲੇਰ)**- ਦਰਬਾਰ ਸੱਯਦ ਕਾਦਰੀ ਸ਼ਾਹ ਜ਼ਿੰਦਾ ਪੀਰ ਪਿੰਡ ਕਾਹਮਾ ਵਿਖੇ ਸਾਲਾਨਾ ਮੇਲਾ ਮੁੱਖ ਸੇਵਾਦਾਰ ਬਾਬਾ ਅਮਰੀਕ ਸਿੰਘ ਦੀ ਅਗਵਾਈ ਹੇਠ, ਗ੍ਰਾਮ ਪੰਚਾਇਤ, ਐਨ ਆਰ ਆਈ ਅਤੇ ਸਮੂਹ



ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਵੱਖ ਵੱਖ ਦਰਬਾਰਾਂ ਤੋਂ ਸੰਤ ਮਹਾਂਪੁਰਸ਼ਾਂ ਨੇ ਸ਼ਿਰਕਤ ਕੀਤੀ। ਇਸ ਤਿੰਨ ਦਿਨਾਂ ਮੇਲੇ ਦੌਰਾਨ ਪਹਿਲੇ ਦਿਨ ਝੰਡੇ ਦੀ ਰਸਮ, ਚਿਰਾਗਾਂ ਦੀ ਰਸਮ ਅਦਾ ਕੀਤੀ ਗਈ। ਉਪਰੰਤ ਕਵਾਲ ਅਤੇ ਨਕਾਲ ਪਾਰਟੀਆਂ ਨੇ ਹਾਜ਼ਰੀਆਂ ਭਰੀਆਂ। ਮੇਲੇ ਦੇ ਦੂਸਰੇ ਅਤੇ ਤੀਸਰੇ ਦਿਨ ਨਾਮਵਰ ਕਲਾਕਾਰਾਂ ਪਰਵੇਜ਼ ਆਲਮ, ਰਣਜੀਤ ਰਾਣਾ, ਰਾਗਨੀ ਹੀਰਾ ,ਮੁਸਕਾਨ ਸਿਸਟਰ, ਕਾਹਮਾ ਬ੍ਰਦਰਜ ਆਦਿ ਨੇ ਧਾਰਮਿਕ ਅਤੇ ਸੱਭਿਆਚਾਰ ਗੀਤਾਂ ਨਾਲ ਸੰਗਤਾਂ ਨੂੰ ਨਿਹਾਲ ਕੀਤਾ। ਸਾਈਂ ਪੱਪਲ ਸ਼ਾਹ ਭਰੋਮਜਾਰਾ ਵਲੋਂ ਕੀਰਤਨ ਅਤੇ ਪ੍ਰਵਚਨਾਂ ਨਾਲ ਸੰਗਤਾਂ ਨੂੰ ਬਾਣੀ ਨਾਲ ਜੋੜਿਆ। ਰਾਤ ਨੂੰ ਧਰਮਵੀਰ ਪ੍ਰਦੇਸੀ ਦੀ ਟੀਮ ਵਲੋਂ ਨਾਟਕ (ਡਰਾਮਾ) ਪੇਸ਼ ਕੀਤਾ। ਗੱਦੀ ਨਸ਼ੀਨ ਬਾਬਾ ਅਮਰੀਕ ਸਿੰਘ ਵਲੋਂ ਸੰਗਤਾਂ ਨੂੰ ਜੀ ਆਇਆਂ ਕਿਹਾ ਅਤੇ ਸਾਰਿਆਂ ਦਾ ਧੰਨਵਾਦ ਕੀਤਾ। ਪ੍ਰਬੰਧਕਾਂ ਵੱਲੋਂ ਪਹੁੰਚੇ ਹੋਏ ਸੰਤ ਮਹਾਂਪੁਰਸ਼ਾਂ ਕਲਾਕਾਰਾਂ ਅਤੇ ਸੇਵਾਦਾਰਾਂ ਨੂੰ ਸਨਮਾਨਤ ਕੀਤਾ। ਸਟੇਜ ਸਕੱਤਰ ਦੀ ਭੂਮਿਕਾ ਕੁਲਰਾਜ ਮੁਹੰਮਦ ਵਲੋਂ ਬਾਖੂਬੀ ਨਿਭਾਈ ਗਈ।ਦਰਬਾਰ ਤੇ ਤਿੰਨ ਦਿਨ ਹੀ ਚਾਹ ਪਕੌੜੇ ਅਤੇ ਲੰਗਰ ਅਤੁੱਟ ਵਰਤਾਇਆ ਗਿਆ।ਮੇਲਾ ਸ਼ਾਨੋ ਸ਼ੌਕਤ ਨਾਲ ਸਮਾਪਤ ਹੋਇਆ। ਇਸ ਮੌਕੇ ਬਾਬਾ ਅਮਰੀਕ ਸਿੰਘ, ਸਾਈਂ ਪੱਪਲ ਸ਼ਾਹ ਭਰੋਮਜਾਰਾ, ਸਰਪੰਚ ਕਾਹਮਾ, ਕਮਲ ਕਾਹਮਾ, ਕੁਲਵਿੰਦਰ ਸਿੰਘ,ਕਾਲਾ ਮਿਸਤਰੀ, ਪ੍ਰੇਮ ਚਾਹਲ, ਅਮਿਤ, ਸੋਨੀ, ਇਟਲੀ, ਰੇਸ਼ਮ, ਬਿੰਦਰ ਸਿੱਧੂ ਤੋਂ ਇਲਾਵਾ ਭਾਰੀ ਗਿਣਤੀ 'ਚ ਸੰਗਤਾਂ ਹਾਜ਼ਰ ਸਨ।

# ਸੁਚੇਤਕ ਰੰਗਮੰਚ ਨੇ 'ਵਕਤ ਤੈਨੂੰ ਸਲਾਮ ਹੈ' ਨਾਟਕ ਨਾਲ ਟੈਗੋਰ ਥੀਏਟਰ ਵਿਖੇ ਰੰਗ ਬੰਨ੍ਹਿਆ

**ਚੰਡੀਗੜ੍ਹ, (ਗੁਰਜੀਤ ਬਿੱਲਾ)**- ਥੀਏਟਰ ਗਰੁੱਪ 'ਸੁਚੇਤਕ ਰੰਗਮੰਚ' ਵੱਲੋਂ ਟੈਗੋਰ ਥੀਏਟਰ, ਚੰਡੀਗੜ੍ਹ ਵਿਖੇ ਪੰਜਾਬੀ ਨਾਟਕ 'ਵਕਤ ਤੈਨੂੰ ਸਲਾਮ ਹੈ' ਦਾ ਮੰਚਨ ਕੀਤਾ ਗਿਆ।ਨਾਟਕ ਨੂੰ ਇਸ ਦੇ ਮਜ਼ਬੂਤ



ਸਮਾਜਿਕ ਸੰਦੇਸ਼ ਅਤੇ ਦਿਲ ਟੁੰਬਵੀਂ ਅਦਾਕਾਰੀ ਲਈ ਸਰੋਤਿਆਂ ਦਾ ਭਰਵਾਂ ਹੁੰਗਾਰਾ ਮਿਲਿਆ। ਇਹ ਨਾਟਕ ਸੀ ਟੀ ਖਾਨੋਲਕਰ ਦੇ ਪ੍ਰਸਿੱਧ ਨਾਟਕ ਦਾ ਪੰਜਾਬੀ ਰੂਪਾਂਤਰ ਹੈ।

ਇਸ ਪੇਸ਼ਕਾਰੀ ਦੌਰਾਨ ਦੇਸ਼ ਭਗਤ ਯੂਨੀਵਰਸਿਟੀ ਦੇ ਚਾਂਸਲਰ ਡਾ. ਜ਼ੋਰਾ ਸਿੰਘ ਅਤੇ ਦੇਸ਼ ਭਗਤ ਯੂਨੀਵਰਸਿਟੀ ਦੇ ਪ੍ਰੋ-ਚਾਂਸਲਰ ਡਾ. ਤਜਿੰਦਰ ਕੌਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਪੰਜਾਬ ਰਾਜ ਖੁਰਾਕ ਕਮਿਸ਼ਨ ਦੇ ਚੇਅਰਮੈਨ ਬਾਲ ਮੁਕੰਦ ਸ਼ਰਮਾ ਅਤੇ ਬੋਟੈਨਿਕ ਹੈਲਥਕੇਅਰ ਦੇ ਡਾ. ਗੌਰਵ ਸੋਨੀ, ਭਾਈਚਾਰੇ ਦੇ ਕਈ ਹੋਰ ਪਤਵੰਤਿਆਂ ਦੇ ਨਾਲ ਮਹਿਮਾਨਾਂ ਵਜੋਂ ਹਾਜ਼ਰ ਸਨ।ਬਾਲ ਮੁਕੰਦ ਸ਼ਰਮਾ ਨੇ ਨਾਟਕ, ਇਸਦੇ ਨਿਰਦੇਸ਼ਕ ਅਤੇ ਕਲਾਕਾਰਾਂ ਨੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸਮਾਜਿਕ ਵਿਸ਼ੇ 'ਤੇ ਅਧਾਰਤ ਅਜਿਹੇ ਨਾਟਕ ਨਾਲ ਕੇਵਲ ਅੰਧਵਿਸ਼ਵਾਸਾਂ ਉਪਰ ਉੱਠਣ ਦਾ ਸੁਨੇਹਾ ਦਿੰਦੇ ਹਨ ਸਗੋਂ ਜੀਵਨ ਨੂੰ ਵਿਵਹਾਰਕ ਤੌਰ 'ਤੇ ਜਿਉਣ ਲਈ ਵੀ ਪ੍ਰੇਰਦੇ ਹਨ।ਅਨੀਤਾ ਸ਼ਬਦੀਸ਼ ਵੱਲੋਂ ਨਿਰਦੇਸ਼ਤ ਅਤੇ ਪੰਜਾਬੀ ਵਿੱਚ ਅਨੁਵਾਦਿਤ ਕੀਤੇ ਇਸ ਨਾਟਕ ਨੇ ਦਰਸ਼ਕਾਂ ਨੂੰ ਆਪਣੇ ਦਿਲਚਸਪ ਬਿਰਤਾਂਤ, ਦਿਲ-ਖਿੱਚਵੀਂ ਅਦਾਕਾਰੀ ਅਤੇ ਅਰਥਪੂਰਨ ਥੀਮ ਨਾਲ ਕੀਲ ਕੇ ਰੱਖ ਦਿੱਤਾ। ਰੰਗਮੰਚ ਪ੍ਰੇਮੀਆਂ, ਕਲਾਕਾਰਾਂ ਅਤੇ ਮਹਿਮਾਨਾਂ ਵੱਲੋਂ ਨਾਟਕ ਦੀ ਭਰਪੂਰ ਸ਼ਲਾਘਾ ਕੀਤੀ ਗਈ।

# ਗੁਰੂ ਪੁੰਨਿਆਂ ਮੇਲਾ 29 ਨੂੰ

**ਜਲੰਧਰ, ਕਪੂਰਥਲਾ (ਲਖਵਿੰਦਰ ਸਿੰਘ ਆਧੀ, ਮਨਜੀਤ ਮਾਨ)**- ਸ੍ਰੀ ਸ੍ਰੀ 1008 ਸਵਾਮੀ ਪ੍ਰਕਾਸ਼ ਨੰਦ ਜੀ ਮਹਾਰਾਜ ਦੀ ਅਪਾਰ ਕਿਰਪਾ ਸਦਕਾ ਅਤੇ ਗੱਦੀ ਨਸ਼ੀਨ ਸ੍ਰੀ ਸ੍ਰੀ 1008 ਪੂਰਨ ਨੰਦ ਜੀ ਮਹਾਰਾਜ ਜੀ ਦੀ ਰਹਿਨੁਮਾਈ ਹੇਠ, ਸਵਾਮੀ ਪ੍ਰਦੀਪਾ ਨੰਦ ਜੀ ਦੇ ਯਤਨਾਂ ਸਦਕਾ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ 29 ਜੁਲਾਈ (ਬੁੱਧਵਾਰ) ਪਿੰਡ ਕਾਹਲਵਾਂ ਦੋਨਾਂ ਵਿਖੇ ਸਾਲਾਨਾ ਗੁਰੂ



ਪੁੰਨਿਆਂ ਮੇਲਾ ਬੜੀ ਸ਼ਰਧਾ, ਭਾਵਨਾ ਅਤੇ ਉਤਸ਼ਾਹ ਨਾਲ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਸਮੂਹ ਪ੍ਰਬੰਧਕ ਕਮੇਟੀ ਅਤੇ ਸੇਵਾਦਾਰਾਂ ਵੱਲੋਂ ਸਮਾਗਮ ਦੀਆਂ ਤਿਆਰੀਆਂ ਨੂੰ ਅੰਤਿਮ ਰੂਪ ਦੇ ਦਿੱਤਾ ਗਿਆ ਹੈ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਰਬਜੀਤ ਸਿੰਘ ਕਾਹਲਵਾ ਨੇ ਦੱਸਿਆ ਕਿ ਮੇਲੇ ਦੀ ਸ਼ੁਰੂਆਤ ਸਵੇਰੇ 7 ਵਜੇ ਤੋਂ 9 ਵਜੇ ਤੱਕ ਹਵਨ ਤੇ ਝੰਡੇ ਦੀ ਰਸਮ ਅਦਾ ਕੀਤੀ ਜਾਵੇਗੀ। ਇਸ ਉਪਰੰਤ ਸਵੇਰੇ 10 ਵਜੇ ਤੋਂ ਸ਼ਾਮ 4 ਵਜੇ ਤੱਕ ਧਾਰਮਿਕ ਅਤੇ ਸੱਭਿਆਚਾਰਕ ਪ੍ਰੋਗਰਾਮ ਕਰਵਾਏ ਜਾਣਗੇ, ਜਿਨ੍ਹਾਂ ਵਿੱਚ ਵੱਡੀ ਗਿਣਤੀ ਵਿੱਚ ਸੰਗਤਾਂ ਸ਼ਾਮਲ ਹੋਣਗੀਆਂ। ਉਨ੍ਹਾਂ ਦੱਸਿਆ ਕਿ ਸਮਾਗਮ ਦੌਰਾਨ ਪ੍ਰਸਿੱਧ ਰਾਗੀ ਜਥੇ, ਕੀਰਤਨੀਏ, ਧਾਰਮਿਕ ਵਕਤਾ ਅਤੇ ਨਾਮਵਰ ਕਲਾਕਾਰ ਆਪਣੀ ਹਾਜ਼ਰੀ ਲਗਾ ਕੇ ਸੰਗਤਾਂ ਨੂੰ ਨਿਹਾਲ ਕਰਨਗੇ। ਸੱਭਿਆਚਾਰਕ ਪ੍ਰੋਗਰਾਮਾਂ ਵਿੱਚ ਸਿੱਧੂ ਸੁਰਜੀਤ, ਚਰਨਜੀਤ ਚੰਨੀ, ਬਾਜ ਸਿੰਘ ਬਾਜ, ਸੁਖਵਿੰਦਰ ਸੁੱਖੀ ਸਮੇਤ ਹੋਰ ਕਈ ਪ੍ਰਸਿੱਧ ਕਲਾਕਾਰ ਆਪਣੀਆਂ ਪੇਸ਼ਕਾਰੀਆਂ ਰਾਹੀਂ ਹਾਜ਼ਰੀ ਭਰਨਗੇ। ਸਰਬਜੀਤ ਸਿੰਘ ਕਾਹਲਵਾ ਨੇ ਕਿਹਾ ਕਿ ਇਸ ਧਾਰਮਿਕ ਸਮਾਗਮ ਵਿੱਚ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਤੋਂ ਇਲਾਵਾ ਦੇਸ਼-ਵਿਦੇਸ਼ ਤੋਂ ਵੀ ਵੱਡੀ ਗਿਣਤੀ ਵਿੱਚ ਸ਼ਰਧਾਲੂਆਂ ਦੇ ਪੁੱਜਣ ਦੀ ਸੰਭਾਵਨਾ ਹੈ। ਸੰਗਤਾਂ ਦੀ ਸਹੂਲਤ ਲਈ ਵਿਸ਼ਾਲ ਲੰਗਰ, ਪੀਣ ਵਾਲੇ ਪਾਣੀ, ਬੈਠਣ ਦੀ ਸੁਚੱਜੀ ਵਿਵਸਥਾ, ਪਾਰਕਿੰਗ ਅਤੇ ਹੋਰ ਸਾਰੀਆਂ ਲੋੜੀਂਦੀਆਂ ਸਹੂਲਤਾਂ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ ਹੈ।

# ਪੈਂਡਿੰਗ ਮਾਲੀਆ ਮਾਮਲਿਆਂ ਦਾ ਸਮੇਂ ਸਿਰ ਨਿਪਟਾਰਾ ਯਕੀਨੀ ਬਣਾਉਣ ਅਧਿਕਾਰੀ : ਆਸ਼ਿਕਾ ਜੈਨ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ, ਓਮ ਪ੍ਰਕਾਸ਼ ਰਾਣਾ)**- ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਜ਼ਿਲ੍ਹਾ ਪ੍ਰਸ਼ਾਸਕੀ ਕੰਪਲੈਕਸ ਵਿਖੇ ਜ਼ਿਲ੍ਹੇ ਦੇ ਸਾਰੇ ਮਾਲੀਆ ਅਧਿਕਾਰੀਆਂ ਨਾਲ ਸਮੀਖਿਆ ਮੀਟਿੰਗ ਕਰਕੇ ਵੱਖ-ਵੱਖ ਮਾਲੀਆ ਮਾਮਲਿਆਂ ਦੀ ਪ੍ਰਗਤੀ ਦਾ ਜਾਇਜ਼ਾ ਲਿਆ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸਰਕਾਰ ਦੀਆਂ ਲੋਕ ਭਲਾਈ ਯੋਜਨਾਵਾਂ ਅਤੇ ਮਾਲੀਆ ਨਾਲ ਸਬੰਧਤ ਮਾਮਲਿਆਂ ਦਾ ਨਿਪਟਾਰਾ ਨਿਰਧਾਰਤ ਸਮਾਂ ਸੀਮਾ ਅੰਦਰ ਯਕੀਨੀ ਬਣਾਇਆ ਜਾਵੇ ਤਾਂ ਜੋ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਅਸੁਵਿਧਾ ਦਾ




ਸਾਹਮਣਾ ਨਾ ਕਰਨਾ ਪਵੇ। ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ 'ਮੇਰਾ ਘਰ ਮੇਰੇ ਨਾਮ (ਸਵਾਮਿਤਵ) ਯੋਜਨਾ', ਘਰੇਲੂ/ਨਿੱਜੀ ਤਕਸੀਮ, ਈਜ਼ੀ ਰਜਿਸਟ੍ਰੇਸ਼ਨ, ਪੈਂਡਿੰਗ ਇੰਤਕਾਲ (ਮਿਊਟੇਸ਼ਨ), ਕੈਡਸਟ੍ਰਲ ਮੈਪ (ਮੁਸਾਵੀ) ਵੈਲੀਡੇਸ਼ਨ, ਮਾਲੀਆ ਦਸਤਾਵੇਜ਼ਾਂ ਦੀ ਸਕੈਨਿੰਗ, ਜਮਾਬੰਦੀ ਤਿਆਰ ਕਰਨ ਅਤੇ ਈਜ਼ੀ ਜਮਾਬੰਦੀ ਪੋਰਟਲ ਰਾਹੀਂ ਆਨਲਾਈਨ ਸੇਵਾਵਾਂ, ਇੰਤਕਾਲ, ਰਪਟ ਤੇ ਫਰਦ ਬਦਰ ਨਾਲ ਸਬੰਧਤ ਕੰਮਾਂ ਦੀ ਵਿਸਥਾਰ ਨਾਲ ਸਮੀਖਿਆ ਕੀਤੀ।ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸਾਰੇ ਪੈਂਡਿੰਗ ਮਾਮਲਿਆਂ ਦਾ ਜਲਦ ਨਿਪਟਾਰਾ ਕੀਤਾ ਜਾਵੇ ਅਤੇ ਆਨਲਾਈਨ ਸੇਵਾਵਾਂ ਨੂੰ ਹੋਰ ਪ੍ਰਭਾਵਸ਼ਾਲੀ ਬਣਾ ਕੇ ਲੋਕਾਂ ਨੂੰ ਪਾਰਦਰਸ਼ੀ ਅਤੇ ਸੁਗਮ ਸੇਵਾਵਾਂ ਮੁਹੱਈਆ ਕਰਵਾਈਆਂ ਜਾਣ। ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਹੜ੍ਹ ਸੁਰੱਖਿਆ ਕਾਰਜਾਂ, ਖਣਨ ਗਤੀਵਿਧੀਆਂ ਦੀ ਸਮੀਖਿਆ, ਖਣਨ ਸਬੰਧੀ ਸ਼ਿਕਾਇਤਾਂ ਅਤੇ ਸਾਲਾਨਾ ਲੰਬਿਤ ਰਿਪੋਰਟਾਂ, ਜ਼ਿਲ੍ਹੇ ਵਿੱਚ ਚੱਲ ਰਹੇ ਭੂਮੀ ਅਧਿਗ੍ਰਹਿਣ ਮਾਮਲਿਆਂ ਦੀ ਸਥਿਤੀ ਅਤੇ ਭੂਮੀ ਮਾਲੀਆ ਬਕਾਏ ਦੀ ਵਸੂਲੀ ਆਦਿ ਦੀ ਵੀ ਸਮੀਖਿਆ ਕੀਤੀ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸਾਰੇ ਮਾਮਲਿਆਂ ਵਿੱਚ ਨਿਰਧਾਰਤ ਪ੍ਰਕਿਰਿਆ ਅਨੁਸਾਰ ਤੇਜ਼ੀ ਨਾਲ ਕਾਰਵਾਈ ਯਕੀਨੀ ਬਣਾਈ ਜਾਵੇ ਅਤੇ ਸਰਕਾਰ ਦੇ ਨਿਰਦੇਸ਼ਾਂ ਦੀ ਪੂਰੀ ਗੰਭੀਰਤਾ ਨਾਲ ਪਾਲਣਾ ਕੀਤੀ ਜਾਵੇ।

## ਬਾਰ ਐਸੋਸੀਏਸ਼ਨ ਦੀ ਹੜਤਾਲ 15ਵੇਂ ਦਿਨ 'ਚ ਦਾਖ਼ਲ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਜੁਆਇੰਟ ਐਕਸ਼ਨ ਕਮੇਟੀ (ਜੇ.ਏ.ਸੀ.) ਪੰਜਾਬ ਅਤੇ ਹਰਿਆਣਾ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਲੀਗਲ ਏਡ ਡਿਫੈਂਸ ਕੌਂਸਲ ਨੀਤੀ ਦੇ ਖ਼ਿਲਾਫ਼ ਬਾਰ ਐਸੋਸੀਏਸ਼ਨ ਡੇਰਾਬੱਸੀ ਵੱਲੋਂ ਚਲਾਇਆ ਜਾ ਰਹਾ ਸੰਘਰਸ਼ 15ਵੇਂ ਦਿਨ ਵੀ ਪੂਰੇ ਜੋਸ਼ ਅਤੇ ਅਨੁਸ਼ਾਸਨ ਨਾਲ ਜਾਰੀ ਰਿਹਾ। ਇਸ ਦੇ ਨਾਲ ਹੀ ਵਕੀਲਾਂ ਵੱਲੋਂ ਸ਼ੁਰੂ ਕੀਤੀ ਗਈ ਲੜੀਵਾਰ ਭੁੱਖ ਹੜਤਾਲ ਵੀ ਤੀਜੇ ਦਿਨ ਵਿੱਚ ਦਾਖ਼ਲ ਹੋ ਗਈ। ਇਸ ਵਿਰੋਧ ਪ੍ਰਦਰਸ਼ਨ ਕਾਰਨ ਅਦਾਲਤੀ ਕੰਮਕਾਰ ਮੁਕੰਮਲ ਤੌਰ 'ਤੇ ਠੱਪ ਰਿਹਾ ਅਤੇ ਸਮੂਹ ਵਕੀਲ ਕੰਮਕਾਜ ਛੱਡ ਕੇ ਸੰਘਰਸ਼ ਵਿੱਚ ਡਟੇ ਹੋਏ ਹਨ। ਜ਼ਿਕਰਯੋਗ ਹੈ ਕਿ ਹਾਈਕੋਰਟ ਵੱਲੋਂ ਮਾਨਯੋਗ ਜਸਟਿਸ ਵਿਨੋਦ ਐੱਸ. ਭਾਰਦਵਾਜ ਦੀ



ਪ੍ਰਧਾਨਗੀ ਹੇਠ ਗਠਿਤ ਕਮੇਟੀ ਅਤੇ ਪੰਜਾਬ ਦੀਆਂ ਬਾਰ ਐਸੋਸੀਏਸ਼ਨਾਂ ਦੇ ਅਹੁਦੇਦਾਰਾਂ ਵਿਚਕਾਰ ਬੀਤੇ ਦਿਨੀਂ ਇੱਕ ਬੈਠਕ ਹੋਈ ਸੀ, ਪਰ ਇਸ ਵਿੱਚੋਂ ਕੋਈ ਠੋਸ ਨਤੀਜਾ ਨਹੀਂ ਨਿਕਲ ਸਕਿਆ। ਬਾਰ ਐਸੋਸੀਏਸ਼ਨ ਡੇਰਾਬੱਸੀ ਦੇ ਪ੍ਰਧਾਨ ਐਡਵੋਕੇਟ ਵਿਕਰਮਜੀਤ ਸਿੰਘ ਦੱਪਰ ਨੇ ਦੱਸਿਆ ਕਿ ਇਹ ਸੰਘਰਸ਼ ਹੁਣ ਸਿਰਫ਼ ਹੜਤਾਲ ਤੱਕ ਸੀਮਤ ਨਹੀਂ ਰਿਹਾ, ਸਗੋਂ ਇੱਕ ਵਿਆਪਕ ਜਨ ਅੰਦੋਲਨ ਦਾ ਰੂਪ ਧਾਰਨ ਕਰ ਚੁੱਕਾ ਹੈ। ਉਨ੍ਹਾਂ ਕਿਹਾ ਕਿ ਜਦੋਂ ਤੱਕ ਇਸ ਮਸਲੇ ਦਾ ਕੋਈ ਸਥਾਈ ਅਤੇ ਤਸੱਲੀਬਖਸ਼ ਹੱਲ ਨਹੀਂ ਨਿਕਲਦਾ, ਉਦੋਂ ਤੱਕ ਅੰਦੋਲਨ ਜਾਰੀ ਰਹੇਗਾ।

# ਵਿਦਿਆਰਥੀਆਂ 'ਤੇ ਲਾਠੀਚਾਰਜ ਖ਼ਿਲਾਫ਼ ਪ੍ਰਦਰਸ਼ਨ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਦੇਸ਼ ਭਰ ਵਿੱਚ ਲਗਾਤਾਰ ਹੋ ਰਹੇ ਪੇਪਰ ਲੀਕਾਂ ਅਤੇ ਦਿੱਲੀ ਵਿੱਚ ਸ਼ਾਂਤੀਪੂਰਨ ਪ੍ਰਦਰਸ਼ਨ ਕਰ ਰਹੇ ਵਿਦਿਆਰਥੀਆਂ 'ਤੇ ਕਥਿਤ ਪੁਲਿਸ ਜ਼ੁਲਮ ਦੇ ਵਿਰੋਧ ਵਿੱਚ ਅੱਜ ਕਾਂਗਰਸ ਆਗੂਆਂ ਅਤੇ



ਵਰਕਰਾਂ ਨੇ ਕਾਂਗਰਸ ਭਵਨ, ਚੰਡੀਗੜ੍ਹ ਵਿਖੇ ਰੋਸ ਪ੍ਰਦਰਸ਼ਨ ਕੀਤਾ। ਇਸ ਦੌਰਾਨ ਪੰਜਾਬ ਭਾਜਪਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਵੱਲੋਂ ਕਾਂਗਰਸ ਭਵਨ ਪਹੁੰਚ ਕੇ ਲਗਾਏ ਗਏ ਦੋਸ਼ਾਂ ਦਾ ਵੀ ਕਾਂਗਰਸੀ ਆਗੂਆਂ ਨੇ ਡਟ ਕੇ ਜਵਾਬ ਦਿੱਤਾ ਅਤੇ ਭਾਜਪਾ ਤੋਂ ਲਗਾਤਾਰ ਹੋ ਰਹੀਆਂ ਪ੍ਰੀਖਿਆ ਬੇਨਿਯਮੀਆਂ ਬਾਰੇ ਸਵਾਲ ਪੁੱਛੇ।ਕਾਂਗਰਸ ਆਗੂਆਂ ਨੇ ਲਗਾਤਾਰ ਹੋ ਰਹੇ ਪੇਪਰ ਲੀਕਾਂ ਅਤੇ ਵਿਦਿਆਰਥੀਆਂ ਦੇ ਹਿੱਤਾਂ ਦੀ ਰੱਖਿਆ ਕਰਨ ਵਿੱਚ ਨਾਕਾਮ ਰਹਿਣ ਲਈ ਕੇਂਦਰੀ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦੇ ਅਸਤੀਫੇ ਦੀ ਮੰਗ ਕੀਤੀ। ਆਗੂਆਂ ਨੇ ਦਿੱਲੀ ਵਿੱਚ ਸ਼ਾਂਤੀਪੂਰਨ ਪ੍ਰਦਰਸ਼ਨ ਕਰ ਰਹੇ ਵਿਦਿਆਰਥੀਆਂ 'ਤੇ ਕਥਿਤ ਤੌਰ 'ਤੇ ਕੀਤੀ ਗਈ ਪੁਲਿਸ ਕਾਰਵਾਈ ਦੀ ਸਖ਼ਤ ਨਿੰਦਾ ਕਰਦਿਆਂ ਕਿਹਾ ਕਿ ਪੇਪਰ ਲੀਕ ਲਈ ਜ਼ਿੰਮੇਵਾਰ ਲੋਕਾਂ ਖ਼ਿਲਾਫ਼ ਕਾਰਵਾਈ ਕਰਨ ਦੀ ਬਜਾਏ ਭਾਜਪਾ ਸਰਕਾਰ ਨੇ ਵਿਦਿਆਰਥੀਆਂ ਦੀ ਆਵਾਜ਼ ਦਬਾਉਣ ਦਾ ਰਾਹ ਚੁਣਿਆ ਹੈ। ਉਨ੍ਹਾਂ ਦੋਸ਼ ਲਗਾਇਆ ਕਿ ਕੇਂਦਰ ਸਰਕਾਰ ਨੌਜਵਾਨਾਂ ਦੀਆਂ ਜਾਇਜ਼ ਮੰਗਾਂ ਦਾ ਹੱਲ ਕਰਨ ਦੀ ਥਾਂ ਲੋਕਤੰਤਰੀ ਆਵਾਜ਼ਾਂ ਨੂੰ ਕੁਚਲ ਰਹੀ ਹੈ। ਇਸ ਪ੍ਰਦਰਸ਼ਨ ਵਿੱਚ ਡੀ ਸੀ ਸੀ ਮੋਹਾਲੀ ਦੇ ਪ੍ਰਧਾਨ ਕਮਲ ਕਿਸ਼ੋਰ ਸ਼ਰਮਾ, ਰਣਜੀਤ ਸਿੰਘ, ਹਰਸਿਮਰਨ ਸਿੰਘ, ਅਮਨ ਸਿੱਧੂ, ਕਨਵਰਬੀਰ ਸਿੰਘ (ਰੂਬੀ ਸਿੱਧੂ), ਜੰਗ ਬਹਾਦਰ ਸਿੰਘ, ਰਾਣਾ ਬਲਜੀਤ ਸਿੰਘ, ਗਿਆਨ ਸਿੰਘ, ਸਾਬਕਾ ਵਿਧਾਇਕ ਵਿਜੇ ਟਿੰਕੂ, ਮਨਜੀਤ ਸਿੰਘ, ਹੈਪੀ ਖੇੜਾ, ਅਮਿਤ ਬਾਵਾ, ਰਵਿੰਦਰ ਰੂਬੀ ਗਿੱਲ ਸਮੇਤ ਵੱਡੀ ਗਿਣਤੀ ਵਿੱਚ ਕਾਂਗਰਸੀ ਆਗੂਆਂ, ਵਰਕਰਾਂ ਅਤੇ ਸਮਰਥਕਾਂ ਨੇ ਸ਼ਮੂਲੀਅਤ ਕੀਤੀ।

# ਫਰੀ ਮੈਡੀਕਲ ਕੈਂਪ 26 ਨੂੰ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਜਥੇਦਾਰ ਅਕਾਲੀ ਬਾਬਾ ਫੂਲਾ ਸਿੰਘ, ਸਿੰਘ ਸਾਹਿਬ ਗਿਆਨੀ ਗੁਰਦਿਆਲ ਸਿੰਘ ਜੀ ਅਜਨੋਹਾ ਦਾ ਜੱਦੀ ਪਿੰਡ ਅਜਨੋਹਾ ਇਹਨਾਂ ਮਹਾਂਪੁਰਖਾਂ ਦੇ ਇਲਾਕੇ ਵਿੱਚ




ਸਿਰਮੌਰ ਸੰਸਥਾ ਗਰੀਬ ਦਾ ਮੂੰਹ, ਗੁਰੂ ਦੀ ਗੋਲਕ ਸੰਸਥਾ ਰਜਿ ਅਜਨੋਹਾ ਪਿਛਲੇ ਕਈ ਸਾਲਾਂ ਤੋਂ ਲੋਕ ਭਲਾਈ ਦੇ ਕਾਰਜ ਕਰ ਰਹੀ ਹੈ। ਸੰਸਥਾ ਵਲੋਂ ਧੰਨ ਧੰਨ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਅਪਾਰ ਮਿਹਰ ਸਦਕਾ ਇਲਾਕਾ ਨਿਵਾਸੀ ਅਤੇ ਐਨ ਆਰ ਆਈ ਸੰਗਤਾਂ ਦੇ ਸਹਿਯੋਗ ਨਾਲ ਸੱਤਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਰਾਇ ਮਹਾਰਾਜ ਜੀ ਵੱਲੋਂ ਵਰਸਾਏ ਬਾਬਾ ਯੱਖ ਜੀ ਦੇ ਜੱਦੀ ਪਿੰਡ ਨੂਰੜ ਵਿਖੇ ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਅਤੇ ਲੈਬੋਰਟਰੀ ਚਲਾਈ ਜਾ ਰਹੀ ਹੈ। ਸੰਸਥਾ ਮੁੱਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ ਨੇ ਦੱਸਿਆ ਕਿ ਸੰਸਥਾ ਵਲੋਂ ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਅਤੇ ਲੈਬੋਰਟਰੀ ਪਿੰਡ ਨੂਰੜ ਦੇ ਸਹਿਯੋਗ ਨਾਲ ਗੁਰਦੁਆਰਾ ਸਾਹਿਬ ਚੜ੍ਹਦੀ ਪੱਤੀ ਪਿੰਡ ਸਾਹਨੀ ਵਿਖੇ 174 ਵਾਂ ਮੁਫ਼ਤ ਮੈਡੀਕਲ ਕੈਂਪ 26 ਜੁਲਾਈ 2026 ਦਿਨ ਐਤਵਾਰ ਨੂੰ ਸਵੇਰੇ 10 ਤੋਂ ਦੁਪਹਿਰ 2 ਵਜੇ ਤੱਕ ਲਗਾਇਆ ਜਾ ਰਿਹਾ ਹੈ। ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਅਤੇ ਲੈਬੋਰਟਰੀ ਪਿੰਡ ਨੂਰੜ ਦੇ ਡਾਕਟਰਾਂ ਦੀ ਟੀਮ ਵਲੋਂ ਮਰੀਜ਼ਾਂ ਦਾ ਚੈਕਅੱਪ ਕਰਕੇ ਫਰੀ ਦਵਾਈਆਂ ਦਿੱਤੀਆਂ ਜਾਣਗੀਆਂ।

ਇਸ ਮੌਕੇ ਗੁਰੂ ਘਰ ਵਜ਼ੀਰ ਭਾਈ ਭਗਵਾਨ ਸਿੰਘ, ਸੰਸਥਾ ਮੁੱਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ, ਸੁਮੀਤ ਪਾਲ ਸਿੰਘ ਅਜਨੋਹਾ ਸੁਖਦੇਵ ਸਿੰਘ ਬਾਂਸਲ ਇੰਡਸਟਰੀ ਵਾਲੇ, ਤਰਲੋਚਨ ਸਿੰਘ, ਸਾਬਕਾ ਸਰਪੰਚ ਬਲਜਿੰਦਰ ਸਿੰਘ, ਹਰਵਿੰਦਰ ਸਿੰਘ ਸੰਨੀ, ਮਿੰਟੂ ਆਦਿ ਹਾਜ਼ਰ ਸਨ।

## ਵਿਧਾਇਕ ਨੇ ਵਿਦਿਆਰਥੀਆਂ ਨੂੰ ਸਕੂਲ ਬੈਗ ਵੰਡੇ



**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਪੰਡਿਤ ਮਿਥਲੇਸ਼)**- ਪੰਜਾਬ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਦੇ 11ਵੀਂ ਅਤੇ 12ਵੀਂ ਜਮਾਤ ਦੇ ਵਿਦਿਆਰਥੀਆਂ ਲਈ ਮੁਫ਼ਤ ਸਕੂਲ ਬੈਗ ਵੰਡਣ ਦੀ ਪਹਿਲ ਸ਼ੁਰੂ ਕੀਤੀ ਗਈ ਹੈ। ਇਸ ਤਹਿਤ ਸਕੂਲ ਆਫ਼ ਐਮੀਨੈਂਸ ਵਿੱਚ ਪ੍ਰਿੰਸੀਪਲ ਅਰਵਿੰਦਰ ਸਿੰਘ ਦੀ ਦੇਖ-ਰੇਖ ਹੇਠ ਬੈਗ ਵੰਡ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਵਿਧਾਇਕ ਜਸਵੀਰ ਸਿੰਘ ਰਾਜਾ ਗਿੱਲ ਅਤੇ ਨਗਰ ਕੌਂਸਲ ਦੇ ਪ੍ਰਧਾਨ ਹਰੀ ਕ੍ਰਿਸ਼ਨ ਸੈਣੀ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਇਸ ਮੌਕੇ ਉਨ੍ਹਾਂ ਨੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ 400 ਵਿਦਿਆਰਥੀਆਂ ਨੂੰ ਸਕੂਲ ਬੈਗ ਵੰਡੇ। ਵਿਧਾਇਕ ਜਸਵੀਰ ਸਿੰਘ ਰਾਜਾ ਗਿੱਲ ਨੇ ਕਿਹਾ ਕਿ ਰਾਜ ਸਰਕਾਰ ਨੇ ਹੋਰ ਖੇਤਰਾਂ ਦੀ ਤਰ੍ਹਾਂ ਸਿੱਖਿਆ ਖੇਤਰ ਵਿੱਚ ਵੀ ਇਤਿਹਾਸਕ ਕੰਮ ਕੀਤੇ ਹਨ। ਸਰਕਾਰੀ ਸਕੂਲਾਂ ਵਿੱਚ ਸਿੱਖਿਆ ਦਾ ਪੱਧਰ ਉੱਚਾ ਚੁੱਕਣ ਲਈ ਹਰ ਸੰਭਵ ਯਤਨ ਕੀਤੇ ਗਏ ਹਨ, ਜਿਸ ਦੇ ਨਤੀਜੇ ਵਜੋਂ ਅੱਜ ਪੰਜਾਬ ਦੇ ਸਰਕਾਰੀ ਸਕੂਲਾਂ ਦੀ ਤਸਵੀਰ ਬਦਲ ਗਈ ਹੈ।ਇਸ ਮੌਕੇ ਕੌਂਸਲਰ ਹਰਮੀਤ ਸਿੰਘ, ਆਪ ਆਗੂ ਗੁਰਮੀਤ ਬਿੱਟੂ, ਮੋਹਨ ਇੰਦਰ ਸਿੰਘ ਸੰਘਾ, ਗੁਰਦੀਪ ਸਿੰਘ ਹੈਪੀ, ਨਰਿੰਦਰ ਸਿੰਘ ਬੱਬੀ, ਗੁਰਜੀਤ ਕੁਮਾਰ, ਆਰਤੀ ਕੌਰ, ਗੁਰਵਿੰਦਰ, ਵਿਪਲ ਸਿੰਘ, ਸਤਵਿੰਦਰ ਸਿੰਘ, ਨਿਰਲੇਪ ਕੌਰ, ਰਾਜਦੀਪ ਕੌਰ ਅਤੇ ਈਸ਼ਾ ਆਦਿ ਹਾਜ਼ਰ ਸਨ।

## ਲੋੜਵੰਦ ਪਰਵਾਰਾਂ ਨੂੰ ਡਾ. ਰਵਜੋਤ ਨੇ ਰਾਸ਼ਨ ਕਿੱਟਾਂ ਵੰਡੀਆਂ

**ਹੁਸ਼ਿਆਰਪੁਰ (ਓ ਪੀ ਰਾਣਾ, ਬਲਵੀਰ ਸਿੰਘ ਸੈਣੀ)**- ਪੰਜਾਬ ਦੇ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ ਵਿਧਾਨ ਸਭਾ ਹਲਕਾ ਸ਼ਾਮਚੁਰਾਸੀ ਦੇ ਤਿੰਨ ਪਿੰਡਾਂ ਬ੍ਰਹਮਜੀਤ, ਅਖਲਾਸਪੁਰ ਅਤੇ ਸੱਜਣਾ ਦੀ ਕਰਵਾਈ ਗਈ ਸਾਂਝੀ ਲੋਕ ਮਿਲਣੀ ਦੌਰਾਨ ਪਿੰਡ ਵਾਸੀਆਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਮੌਕੇ 'ਤੇ ਹੀ ਸਬੰਧਿਤ ਅਧਿਕਾਰੀਆਂ ਨੂੰ ਉਨ੍ਹਾਂ ਦੇ ਜਲਦ ਹੱਲ ਲਈ ਨਿਰਦੇਸ਼ ਦਿੱਤੇ। ਇਸ ਮੌਕੇ ਮੁੱਖ ਮੰਤਰੀ ਮੇਰੀ ਰਸੋਈ ਸਕੀਮ ਤਹਿਤ ਤਿੰਨਾਂ ਪਿੰਡਾਂ ਦੇ ਲੋੜਵੰਦ ਪਰਵਾਰਾਂ ਨੂੰ ਸਮਾਰਟ ਕਾਰਡ ਅਤੇ ਰਾਸ਼ਨ ਕਿੱਟਾਂ ਵੀ ਵੰਡੀਆਂ ਗਈਆਂ, ਤਾਂ ਜੋ ਹਰ ਯੋਗ ਪਰਵਾਰ ਤੱਕ ਸਰਕਾਰੀ ਸਹੂਲਤਾਂ ਦਾ ਲਾਭ ਪਾਰਦਰਸ਼ੀ ਅਤੇ ਸਿੱਧੇ ਤੌਰ 'ਤੇ ਪਹੁੰਚ ਸਕੇ। ਮੰਤਰੀ ਰਵਜੋਤ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ



ਨਵੇਂ ਰਾਸ਼ਨ ਕਾਰਡ ਬਣਾਉਣ ਦੀ ਪ੍ਰਕ੍ਰਿਆ ਸ਼ੁਰੂ ਕਰ ਦਿੱਤੀ ਗਈ ਹੈ ਅਤੇ ਹੁਣ ਉਨ੍ਹਾਂ ਜਰੂਰਤਮੰਦ ਪਰਿਵਾਰਾਂ ਦੇ ਕਾਰਡ ਵੀ ਬਣਾ ਦਿੱਤੇ ਜਾਣਗੇ ਜਿਨ੍ਹਾਂ ਦੇ ਅੱਜ ਤੱਕ ਕਾਰਡ ਨਹੀਂ ਬਣੇ ਸਨ। ਮੰਤਰੀ ਡਾ. ਰਵਜੋਤ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕ ਭਲਾਈ ਨੂੰ ਸਮਰਪਿਤ ਹੈ ਅਤੇ ਸਰਕਾਰ ਦਾ ਉਦੇਸ਼ ਸਮਾਜ ਦੇ ਹਰ ਵਰਗ ਨੂੰ ਬਿਨਾਂ ਕਿਸੇ ਭੇਦਭਾਵ ਦੇ ਸਰਕਾਰੀ ਯੋਜਨਾਵਾਂ ਦਾ ਲਾਭ ਦੇਣਾ ਹੈ। ਉਨ੍ਹਾਂ ਕਿਹਾ ਕਿ ਲੋਕ ਮਿਲਣੀ ਪ੍ਰੋਗਰਾਮਾਂ ਰਾਹੀਂ ਸਰਕਾਰ ਲੋਕਾਂ ਦੇ ਘਰਾਂ ਤੱਕ ਪਹੁੰਚ ਰਹੀ ਹੈ ਅਤੇ ਉਨ੍ਹਾਂ ਦੀਆਂ ਮੁਸ਼ਕਲਾਂ ਦਾ ਹੱਲ ਪਹਿਲ ਦੇ ਆਧਾਰ 'ਤੇ ਕੀਤਾ ਜਾ ਰਿਹਾ ਹੈ। ਇਸ ਮੌਕੇ ਪੰਚ ਮੋਹਨ ਲਾਲ, ਅਵਤਾਰ ਸਿੰਘ, ਹਰਮੇਸ਼ ਸਿੰਘ, ਗਿਆਨੋ ਦੇਵੀ, ਹੰਸ ਰਾਜ ਆਦਿ ਸਮੇਤ ਵੱਡੀ ਗਿਣਤੀ ਵਿੱਚ ਲੋਕ ਮੌਜੂਦ ਸਨ।

## ਜ਼ਿਲ੍ਹਾ ਪ੍ਰਧਾਨ ਬਣਨ ਉਪਰੰਤ ਜਗਬੀਰ ਸਿੰਘ ਬਰਾੜ ਵਰਕਰਾਂ ਨੂੰ ਮਿਲਣ ਸ਼ਾਹਕੋਟ ਪਧਾਰੇ



ਸ਼ਾਹਕੋਟ (ਗਿਆਨ ਸੈਦਪੁਰੀ)- 'ਪ੍ਰਸ਼ਾਸਨਿਕ ਪੱਧਰ 'ਤੇ ਲੋਕਾਂ ਦੇ ਬੁਨਿਆਦੀ ਮਸਲਿਆਂ ਨੂੰ ਦਰ ਕਿਨਾਰ ਕਰਕੇ ਕਈ ਅਧਿਕਾਰੀ ਤੇ ਕਰਮਚਾਰੀ ਅਵੇਸਲੇ ਹੋ ਚੁੱਕੇ ਹਨ। ਉਹਨਾਂ ਨੂੰ ਆਪਣੇ ਫਰਜ਼ਾਂ ਦਾ ਅਹਿਸਾਸ ਕਰਵਾਉਣ ਲਈ ਭਾਰਤੀ ਜਨਤਾ ਪਾਰਟੀ ਦੇ ਕਾਰਕੂਨ ਪੂਰੀ ਤਰ੍ਹਾਂ ਸਰਗਰਮ ਭੂਮਿਕਾ ਨਿਭਾਉਣਗੇ'। ਉਕਤ ਵਿਚਾਰਾਂ ਦਾ ਪ੍ਰਗਟਾਵਾ ਭਾਜਪਾ ਜ਼ਿਲ੍ਹਾ ਜਲੰਧਰ ਦੇ ਨਵੇਂ ਬਣੇ ਪ੍ਰਧਾਨ ਜਗਬੀਰ ਸਿੰਘ ਬਰਾੜ ਨੇ ਕੀਤਾ। ਉਹ ਭਾਜਪਾ ਦੇ ਸਥਾਨਕ ਆਗੂਆਂ ਤੇ ਵਰਕਰਾਂ ਨੂੰ ਮਿਲਣ ਉਪਰੰਤ ਇਸ ਪੱਤਰਕਾਰ ਨਾਲ ਗੱਲਬਾਤ ਕਰ ਰਹੇ ਸਨ। ਭਾਜਪਾ ਜ਼ਿਲ੍ਹਾ ਜਲੰਧਰ ਦੇ ਜਨਰਲ ਸਕੱਤਰ ਅਸ਼ਵਨੀ ਮਿੱਤਲ ਦੇ ਦਫਤਰ ਵਿੱਚ ਪ੍ਰਧਾਨ ਬਣਨ ਤੋਂ ਬਾਅਦ ਪਹਿਲੀ ਵਾਰ ਪਹੁੰਚੇ। ਜਗਬੀਰ ਸਿੰਘ ਬਰਾੜ ਦਾ ਸਥਾਨਕ ਆਗੂਆਂ ਤੇ ਵਰਕਰਾਂ ਨੇ ਭਰਵਾਂ ਸਵਾਗਤ ਕੀਤਾ। ਭਾਜਪਾ ਹਲਕਾ ਸ਼ਾਹਕੋਟ ਦੇ ਕੈਂਪ ਇੰਚਾਰਜ ਰਾਣਾ ਹਰਦੀਪ ਸਿੰਘ ਨੇ ਸਥਾਨਕ ਆਗੂਆਂ ਤੇ ਵਰਕਰਾਂ ਨਾਲ ਬਰਾੜ ਦੀ ਜਾਣ ਪਛਾਣ ਕਰਵਾਈ। ਇਸ ਮੌਕੇ ਬਰਾੜ ਨੇ ਕਿਹਾ ਕਿ ਬਰਸਾਤ ਦੇ ਮੌਸਮ ਸਮੇਂ ਸ਼ਾਹਕੋਟ ਇਲਾਕੇ ਵਿੱਚ ਹੜ੍ਹ ਆਉਣ ਦਾ ਖਤਰਾ ਬਣਿਆ ਰਹਿੰਦਾ ਹੈ। ਪਿਛਲਾ ਤਜਰਬਾ ਦਰਸਾਉਂਦਾ ਹੈ ਕਿ ਹੜ੍ਹ ਆ ਜਾਣ 'ਤੇ ਹੀ ਪ੍ਰਸ਼ਾਸਨ ਦੀ ਨੀਂਦ ਖੁੱਲਦੀ ਹੈ।

ਉਹ ਸਮੇਂ ਤੋਂ ਪਹਿਲਾਂ ਪ੍ਰਸ਼ਾਸਨ ਨੂੰ ਜਗਾਉਣ ਆਏ ਹਨ। ਉਨ੍ਹਾਂ ਕਿਹਾ ਕਿ ਧੁੱਸੀ ਬੰਨ੍ਹ ਦੀਆਂ ਨਾਜ਼ੁਕ ਤੇ ਕਮਜ਼ੋਰ ਥਾਵਾਂ ਦੀ ਨਿਸ਼ਾਨਦੇਹੀ ਕਰ ਕੇ ਪ੍ਰਸ਼ਾਸਨ ਨੂੰ ਤੁਰੰਤ ਕਾਰਵਾਈ ਲਈ ਕਹਿਣਗੇ।ਇਸ ਮੌਕੇ ਜ਼ਿਲ੍ਹਾ ਜਨਰਲ ਸਕੱਤਰ ਅਮਿਤ ਵਿੱਜ, ਸੀਨੀਅਰ ਆਗੂ ਜਗਦੀਸ਼ ਕੁਮਾਰ ਵਡੈਹਿਰਾ ਤੇ ਹਰਦੇਵ ਸਿੰਘ ਪੀਟਾ, ਮੰਡਲ ਪ੍ਰਦਾਨ ਕਮਲ ਹੀਰ, ਮੰਡਲ ਪ੍ਰਧਾਨ ਸਾਹਿਲ ਸਚਦੇਵਾ, ਰਾਜੀਵ ਅਰੋੜਾ, ਅਨਵਰ ਮਸੀਹ, ਗੁਰਭਗਤ ਵੇਹਰਾਂ, ਸ਼ੰਮੀ ਖੇੜਾ, ਸੰਜੀਵ ਸੋਬਤੀ, ਰਵੀਸ਼ ਗੋਇਲ, ਅਕਾਸ਼ਦੀਪ ਸਿੰਘ ਉੱਪਲ ਅਤੇ ਨੈਨਦੀਪ ਸਿੰਘ ਪੰਨੂੰ ਮੌਜੂਦ ਸਨ।

## ਨੀਟ ਪੇਪਰ ਲੀਕ ਮਾਮਲੇ 'ਤੇ ਰਾਜਨੀਤੀ ਕਰਨਾ ਸ਼ਰਮਨਾਕ : ਬਲਤੇਜ ਪੰਨੂ

ਚੰਡੀਗੜ੍ਹ (ਗੁਰਜੀਤ ਬਿੱਲਾ)- ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਸੂਬਾ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਨੀਟ ਪੇਪਰ ਲੀਕ ਨੂੰ ਲੈ ਕੇ ਦੇਸ਼ ਭਰ ਵਿੱਚ ਚੱਲ ਰਹੇ ਵਿਦਿਆਰਥੀਆਂ ਦੇ ਅੰਦੋਲਨ 'ਤੇ ਕਾਂਗਰਸ ਅਤੇ ਭਾਜਪਾ ਦੀ ਰਾਜਨੀਤੀ ਨੂੰ ਸ਼ਰਮਨਾਕ ਕਰਾਰ ਦਿੱਤਾ। ਉਨ੍ਹਾਂ ਕਿਹਾ ਕਿ ਅੱਜ ਲੱਖਾਂ



ਵਿਦਿਆਰਥੀ ਆਪਣੇ ਭਵਿੱਖ ਤੇ ਇਨਸਾਫ਼ ਦੀ ਲੜਾਈ ਲੜ ਰਹੇ ਹਨ। ਉਨ੍ਹਾਂ ਦਾ ਸੰਘਰਸ਼ ਇਸ ਪੱਧਰ 'ਤੇ ਪਹੁੰਚ ਚੁੱਕਾ ਹੈ ਜਿਸ ਨੇ ਕਦੇ ਕੇਂਦਰ ਵਿੱਚ ਸੱਤਾ 'ਚ ਰਹੀ ਕਾਂਗਰਸ ਨੂੰ ਵੀ ਹਿਲਾ ਦਿੱਤਾ ਹੈ। ਪਰ ਅਫ਼ਸੋਸ ਦੀ ਗੱਲ ਇਹ ਹੈ ਕਿ ਵਿਦਿਆਰਥੀਆਂ ਦੀ ਆਵਾਜ਼ ਬੁਲੰਦ ਕਰਨ ਦੀ ਬਜਾਏ ਪੰਜਾਬ ਕਾਂਗਰਸ ਅਤੇ ਭਾਜਪਾ ਮਿਲ ਕੇ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ 'ਤੇ ਝੂਠੇ ਅਤੇ ਬੇਬੁਨਿਆਦ ਦੋਸ਼ ਲਗਾਉਣ ਵਿੱਚ ਜੁਟੀਆਂ ਹੋਈਆਂ ਹਨ। ਪੰਨੂ ਨੇ ਕਿਹਾ ਕਿ ਕਾਂਗਰਸ ਅਤੇ ਭਾਜਪਾ ਜਾਣਬੁੱਝ ਕੇ ਤੱਥਾਂ ਨੂੰ ਮਰੋੜ ਕੇ ਪੇਸ਼ ਕਰ ਰਹੀਆਂ ਹਨ। ਉਨ੍ਹਾਂ ਸਪੱਸ਼ਟ ਕੀਤਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੇ ਪੌਣੇ ਪੰਜ ਸਾਲ ਦੇ ਕਾਰਜਕਾਲ ਦੌਰਾਨ ਪੰਜਾਬ ਵਿੱਚ ਇੱਕ ਵੀ ਭਰਤੀ ਪ੍ਰੀਖਿਆ ਦਾ ਪੇਪਰ ਲੀਕ ਨਹੀਂ ਹੋਇਆ। ਫ਼ਰੀਦਕੋਟ ਵਿੱਚ ਜੋ ਮਾਮਲਾ ਸਾਹਮਣੇ ਆਇਆ ਸੀ, ਉਹ ਪੇਪਰ ਲੀਕ ਦਾ ਨਹੀਂ ਸਗੋਂ ਗੈਜੇਟਸ ਰਾਹੀਂ ਨਕਲ ਦਾ ਮਾਮਲਾ ਸੀ। ਸਬੰਧਤ ਉਮੀਦਵਾਰ ਨੂੰ ਪ੍ਰੀਖਿਆ ਕੇਂਦਰ 'ਤੇ ਹੀ ਰੰਗੇ ਹੱਥੀਂ ਫੜਿਆ ਗਿਆ ਅਤੇ ਪੁਲਿਸ ਨੇ ਤੁਰੰਤ ਕਾਰਵਾਈ ਕਰਦਿਆਂ ਮੁਲਜ਼ਮਾਂ ਖ਼ਿਲਾਫ਼ ਸਖ਼ਤ ਕਾਨੂੰਨੀ ਕਦਮ ਚੁੱਕੇ। ਇਸ ਦੇ ਬਾਵਜੂਦ ਕਾਂਗਰਸ ਇਸ ਘਟਨਾ ਨੂੰ ਜਾਣਬੁੱਝ ਕੇ ਪੇਪਰ ਲੀਕ ਦੱਸ ਕੇ ਜਨਤਾ ਨੂੰ ਗੁੰਮਰਾਹ ਕਰਨ ਦੀ ਕੋਸ਼ਿਸ਼ ਕਰ ਰਹੀ ਹੈ।

## ਭਾਜਪਾ ਸਰਕਾਰ ਲੋਕਤੰਤਰ ਦੀ ਆਵਾਜ਼ ਨੂੰ ਦਬਾਉਣ 'ਤੇ ਉਤਾਰੂ : ਦਾਹੀਆ

ਜਲੰਧਰ/ਸੁਲਤਾਨਪੁਰ ਲੋਧੀ (ਲਖਵਿੰਦਰ ਸਿੰਘ ਆਧੀ, ਬਲਵਿੰਦਰ ਸਿੰਘ ਧਾਲੀਵਾਲ)- ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਬੁਲਾਰੇ ਅਤੇ ਨਕੋਦਰ ਹਲਕਾ ਇੰਚਾਰਜ ਡਾ. ਨਵਜੋਤ ਸਿੰਘ ਦਾਹੀਆ ਦੀ




ਅਗਵਾਈ ਹੇਠ ਨਕੋਦਰ ਹਲਕੇ ਤੋਂ ਸੈਂਕੜੇ ਕਾਂਗਰਸੀ ਵਰਕਰਾਂ ਨੇ ਜਲੰਧਰ ਦੇ ਕੰਪਨੀ ਬਾਗ ਵਿਖੇ ਜ਼ਿਲ੍ਹਾ ਕਾਂਗਰਸ ਵੱਲੋਂ ਕੀਤੇ ਗਏ ਰੋਸ ਪ੍ਰਦਰਸ਼ਨ ਵਿੱਚ ਸ਼ਮੂਲੀਅਤ ਕੀਤੀ। ਇਹ ਪ੍ਰਦਰਸ਼ਨ ਦਿੱਲੀ ਵਿੱਚ ਸ਼ਾਂਤਮਈ ਧਰਨੇ ਦੌਰਾਨ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ, ਕਾਂਗਰਸ ਦੀ ਜਨਰਲ ਸਕੱਤਰ ਪ੍ਰਿਯੰਕਾ ਗਾਂਧੀ ਵਾਡਰਾ ਅਤੇ ਹੋਰ ਕਾਂਗਰਸੀ ਸੰਸਦ ਮੈਂਬਰਾਂ ਨੂੰ ਕਥਿਤ ਤੌਰ 'ਤੇ ਜ਼ਬਰਦਸਤੀ ਹਿਰਾਸਤ ਵਿੱਚ ਲੈ ਕੇ ਉਥੋਂ ਹਟਾਉਣ ਦੇ ਵਿਰੋਧ ਵਿੱਚ ਕੀਤਾ ਗਿਆ।

ਇਸ ਮੌਕੇ ਸੰਬੋਧਨ ਕਰਦਿਆਂ ਡਾ. ਨਵਜੋਤ ਸਿੰਘ ਦਾਹੀਆ ਨੇ ਕਿਹਾ ਕਿ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਲੋਕਤੰਤਰ ਦੀਆਂ ਬੁਨਿਆਦੀ ਕਦਰਾਂ-ਕੀਮਤਾਂ ਨੂੰ ਕਮਜ਼ੋਰ ਕਰਨ ਅਤੇ ਵਿਰੋਧ ਦੀ ਹਰ ਆਵਾਜ਼ ਨੂੰ ਦਬਾਉਣ ਦੀ ਕੋਸ਼ਿਸ਼ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸ਼ਾਂਤਮਈ ਢੰਗ ਨਾਲ ਆਪਣੀ ਗੱਲ ਰੱਖਣਾ ਹਰ ਨਾਗਰਿਕ ਦਾ ਸੰਵਿਧਾਨਕ ਅਧਿਕਾਰ ਹੈ, ਪਰ ਕੇਂਦਰ ਸਰਕਾਰ ਵਿਰੋਧੀ ਧਿਰ ਦੀ ਆਵਾਜ਼ ਸੁਣਨ ਦੀ ਬਜਾਏ ਉਸ ਨੂੰ ਪੁਲਿਸ ਦੇ ਜ਼ਰੀਏ ਦਬਾਉਣ ਦਾ ਰਾਹ ਅਪਨਾ ਰਹੀ ਹੈ।ਡਾ. ਦਾਹੀਆ ਨੇ ਕਿਹਾ ਕਿ ਨੀਟ ਦੇ ਮਸਲੇ 'ਤੇ ਦੇਸ਼ ਭਰ ਦੇ ਲੱਖਾਂ ਵਿਦਿਆਰਥੀ ਅਤੇ ਉਨ੍ਹਾਂ ਦੇ ਪਰਵਾਰ ਇਨਸਾਫ਼ ਅਤੇ ਪਾਰਦਰਸ਼ਤਾ ਦੀ ਮੰਗ ਕਰ ਰਹੇ ਹਨ, ਪਰ ਮੋਦੀ ਸਰਕਾਰ ਨਾ ਤਾਂ ਸੰਸਦ ਦੇ ਅੰਦਰ ਇਸ ਮਸਲੇ 'ਤੇ ਗੰਭੀਰ ਚਰਚਾ ਕਰਨ ਲਈ ਤਿਆਰ ਹੈ ਅਤੇ ਨਾ ਹੀ ਸੰਸਦ ਤੋਂ ਬਾਹਰ ਵਿਦਿਆਰਥੀਆਂ ਦੀ ਆਵਾਜ਼ ਸੁਣ ਰਹੀ ਹੈ।

## ਸਰਕਾਰੀ ਕਾਲਜ ਵਿਖੇ ਪੌਦੇ ਲਗਾਏ




ਡੇਰਾਬੱਸੀ (ਵਿਨੈ ਕੁਮਾਰ ਜੈਨ) ਸਰਕਾਰੀ ਕਾਲਜ ਡੇਰਾਬੱਸੀ ਵਿਖੇ ਪ੍ਰਿੰਸੀਪਲ ਸ੍ਰੀਮਤੀ ਵਿਨੀਤਾ ਰਾਓ ਦੀ ਯੋਗ ਅਗਵਾਈ ਹੇਠ ਕਾਲਜ ਦੇ ਈਕੋ ਕਲੱਬ ਦੁਆਰਾ ਹਨੂ ਰਾਮੇਸ਼ਟਾ ਫਾਊਂਡੇਸ਼ਨ (ਐਨ ਜੀ ਓ) ਦੇ ਸਹਿਯੋਗ ਨਾਲ ਪੌਦਾ ਰੋਪਣ ਮੁਹਿੰਮ ਚਲਾਈ ਗਈ। ਇਸ ਮੁਹਿੰਮ ਤਹਿਤ ਕਾਲਜ ਕੈਂਪਸ ਵਿੱਚ ਵੱਖ-ਵੱਖ ਕਿਸਮਾਂ ਦੀਆਂ ਜੜ੍ਹੀ-ਬੂਟੀਆਂ, ਮੌਸਮੀ ਫਲਾਂ ਅਤੇ ਫੁੱਲਾਂ ਦੇ ਪੌਦੇ ਲਗਾਏ ਗਏ। ਇਸ ਮੌਕੇ ਐਨ.ਜੀ.ਓ. ਦੇ ਨੁਮਾਇੰਦਿਆਂ ਨੇ ਦੱਸਿਆ ਕਿ ਉਹਨਾਂ ਦੀ ਸੰਸਥਾ ਦੁਆਰਾ 1 ਜੁਲਾਈ ਤੋਂ 31 ਜੁਲਾਈ ਤੱਕ ਵਾਤਾਵਰਣ ਨੂੰ ਪ੍ਰਦੂਸ਼ਣ ਮੁਕਤ ਬਣਾਉਣ ਦੇ ਮਕਸਦ ਨਾਲ ਵੱਖ-ਵੱਖ ਵਿਦਿਅਕ ਅਤੇ ਸਮਾਜਿਕ ਸੰਸਥਾਵਾਂ ਵਿੱਚ ਪੌਦੇ ਲਗਾਉਣ ਦੀ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ। ਪ੍ਰਿੰਸੀਪਲ ਵਿਨੀਤਾ ਰਾਓ ਨੇ ਐਨ ਜੀ ਓ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਵਾਤਾਵਰਣ ਦੀ ਸੰਭਾਲ ਲਈ ਵਿਦਿਅਕ ਅਤੇ ਸਮਾਜਿਕ ਸੰਸਥਾਵਾਂ ਦਾ ਮਿਲ ਕੇ ਹੰਭਲਾ ਮਾਰਨਾ ਸਮੇਂ ਦੀ ਮੁੱਖ ਲੋੜ ਹੈ। ਅਜਿਹੀਆਂ ਮੁਹਿੰਮਾਂ ਨਾਲ ਹੀ ਅਸੀਂ ਆਪਣੇ ਆਲੇ-ਦੁਆਲੇ ਨੂੰ ਸਾਫ਼-ਸੁਥਰਾ ਅਤੇ ਹਰਾ-ਭਰਾ ਬਣਾ ਸਕਦੇ ਹਾਂ। ਇਸ ਮੌਕੇ ਐਨ ਜੀ ਓ ਵੱਲੋਂ ਕਵਿਤਾ ਸਿੰਘ, ਅਰਚਨਾ ਸਿੰਘ ਅਤੇ ਗੌਰਵ ਵਿਸ਼ੇਸ਼ ਤੌਰ ਤੇ ਹਾਜ਼ਰ ਸਨ। ਕਾਲਜ ਸਟਾਫ਼ ਵਿੱਚੋਂ ਵਾਈਸ ਪ੍ਰਿੰਸੀਪਲ ਪ੍ਰੋ. ਰਾਜਬੀਰ ਕੌਰ, ਪ੍ਰੋ. ਸਵਿਤਾ ਗੁਪਤਾ, ਡਾ. ਨਵਦੀਪ ਕਹੌਲ, ਸ੍ਰੀਮਤੀ ਭੁਪਿੰਦਰ ਕੌਰ ਅਤੇ ਈਕੋ ਕਲੱਬ ਦੇ ਮੈਂਬਰ ਪ੍ਰੋ. ਬੋਮਿੰਦਰ ਕੌਰ, ਪ੍ਰੋ. ਸ਼ਵੇਤਾ ਖਰਬੰਦਾ ਤੇ ਡਾ. ਨਿਰਮਲ ਸਿੰਘ ਵੀ ਮੌਜੂਦ ਸਨ।

## ਆਰ ਐੱਮ ਪੀ ਆਈ ਨੇ ਕੇਂਦਰ ਸਰਕਾਰ ਦਾ ਪੁਤਲਾ ਫੂਕਿਆ



ਫਿਲੌਰ (ਨਿਰਮਲ)- ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਵਲਿੋਂ ਪਿੰਡ ਮੁਠੱਡਾ ਕਲਾਂ ਦੇ ਚੌਂਕ 'ਚ ਕੇਂਦਰ ਸਰਕਾਰ ਦਾ ਪੁਤਲਾ ਫੂਕ ਕੇ ਜ਼ੋਰਦਾਰ ਪ੍ਰਦਰਸ਼ਨ ਕੀਤਾ ਗਿਆ। ਦਿੱਲੀ 'ਚ ਵਿਦਿਆਰਥੀਆਂ ਉਪਰ ਕੀਤੇ ਵਹਿਸ਼ੀਆਨਾਂ ਲਾਠੀਚਾਰਜ ਅਤੇ ਇਸ ਤੋਂ ਪਹਿਲਾ ਸੋਨਮ ਵਾਗਚੁੱਕ ਨੂੰ ਜਿਸ ਢੰਗ ਨਾਲ ਚੁੱਕ ਲਿਆ ਗਿਆ, ਉਸ ਨਾਲ ਆਮ ਲੋਕਾਂ ਦੀ ਆਵਾਜ਼ ਬੰਦੀ ਦਾ ਕੰਮ ਕੀਤਾ ਗਿਆ। ਇਸ ਮੌਕੇ ਮਨਜਿੰਦਰ ਸਿੰਘ ਢੇਸੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਵਿਦਿਆਰਥੀਆਂ ਦੀ ਮੰਗ ਰਹੀ ਹੈ ਕਿ ਦੇਸ਼ ਦਾ ਸਿੱਖਿਆ ਮੰਤਰੀ ਅਸਤੀਫ਼ਾ ਦੇਵੇ ਕਿਉਂਕਿ ਨੀਟ ਦੀ ਪ੍ਰੀਖਿਆ ਦੌਰਾਨ ਨਕਲ ਹੋਈ ਅਤੇ ਵੀਹ ਦੇ ਕਰੀਬ ਵਿਦਿਆਰਥੀਆਂ ਨੇ ਆਤਮ ਹੱਤਿਆ ਕੀਤੀ। ਦਿੱਲੀ ਦੀ ਉਕਤ ਘਟਨਾ ਤੋਂ ਬਿਨਾਂ ਬੰਗਾਲ 'ਚ ਜਿਓਤੀ ਬਾਸੂ ਦੀ ਯਾਦਗਾਰ ਬਣਾਉਣ ਲਈ ਪੈਸੇ ਇਕੱਠੇ ਕਰ ਰਹੇ ਲੋਕਾਂ ਉਪਰ ਉਥੋਂ ਦੀ ਸਰਕਾਰ ਦੀ ਸ਼ਹਿ 'ਤੇ ਕਾਤਲਾਨਾ ਹਮਲਾ ਕੀਤਾ ਗਿਆ। ਇਸ ਤੋਂ ਇਲਾਵਾ ਰਾਹੁਲ ਸੰਕਰਤਾਇਣ ਦੇ ਬੁੱਤ ਨੂੰ ਨੁਕਸਾਨ ਪੁਚਾਏ ਜਾਣ ਦੀ ਘਟਨਾ ਵੀ ਵਾਪਰੀ ਹੈ। ਇਸ ਮੌਕੇ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਦੇ ਸੂਬਾ ਸਕੱਤਰ ਪਰਗਟ ਸਿੰਘ ਜਾਮਾਰਾਏ, ਕੇਂਦਰੀ ਕਮੇਟੀ ਮੈਂਬਰ ਕੁਲਵੰਤ ਸਿੰਘ ਸੰਧੂ, ਜ਼ਿਲ੍ਹਾ ਸਕੱਤਰ ਜਸਵਿੰਦਰ ਸਿੰਘ ਢੇਸੀ, ਸੂਬਾ ਸਕੱਤਰੇਤ ਮੈਂਬਰ ਡਾ. ਸਰਬਜੀਤ ਮੁਠੱਡਾ, ਸੂਬਾ ਕਮੇਟੀ ਮੈਂਬਰ ਪਰਮਜੀਤ ਰੰਧਾਵਾ ਤੇ ਸ਼ਿਵ ਤਿਵਾੜੀ, ਜ਼ਿਲ੍ਹਾ ਕਮੇਟੀ ਮੈਂਬਰ ਕੁਲਦੀਪ ਫਿਲੌਰ, ਮੇਜਰ ਫਿਲੌਰ, ਕੁਲਜੀਤ ਫਿਲੌਰ, ਕੁਲਦੀਪ ਕੌੜਾ ਤੋਂ ਇਲਾਵਾ ਹੋਰ ਬਹੁਤ ਸਾਰੇ ਪਾਰਟੀ ਕਾਰਕੁੰਨ ਹਾਜ਼ਰ ਸਨ।

## ਸਿੱਖਿਆ ਹਰ ਬੱਚੇ ਦਾ ਹੱਕ : ਸਲਵਿੰਦਰਜੀਤ ਕੌਰ

ਜਲੰਧਰ (ਰਾਜੇਸ਼ ਥਾਪਾ)- ਇਲਾਕੇ ਦੀ ਪ੍ਰਮੁੱਖ ਰੀਅਲ ਐਸਟੇਟ ਅਤੇ ਨਿਰਮਾਣ ਕੰਪਨੀ ਏ ਜੀ ਆਈ ਇੰਫਰਾ ਲਿਮਿਟਿਡ ਹਮੇਸ਼ਾ ਸਮਾਜ ਸੇਵਾ ਦੇ ਕੰਮਾਂ ਵਿੱਚ ਅੱਗੇ ਰਹੀ ਹੈ। ਅੱਜ ਜਦੋਂ ਸਿੱਖਿਆ ਦਾ ਖਰਚਾ ਲਗਾਤਾਰ ਵੱਧ ਰਿਹਾ ਹੈ, ਜਿਸ ਕਾਰਨ ਕਈ ਸਾਧਾਰਨ ਅਤੇ ਗਰੀਬ ਪਰਵਾਰਾਂ 'ਤੇ ਆਰਥਿਕ ਬੋਝ ਪੈਂਦਾ ਹੈ, ਇਸ ਨੂੰ ਧਿਆਨ ਵਿੱਚ ਰੱਖਦੇ ਹੋਏ ਕੰਪਨੀ ਨੇ ਜਲੰਧਰ ਹਾਈਟਸ-1, 66 ਫੁੱਟ ਰੋਡ, ਜਲੰਧਰ ਵਿੱਚ ਏ ਜੀ ਆਈ ਵੈਲਫੇਅਰ ਸਕੂਲ ਸ਼ੁਰੂ ਕੀਤਾ ਹੈ। ਇਸ ਸਕੂਲ ਦਾ ਮਕਸਦ ਆਰਥਿਕ ਤੌਰ 'ਤੇ ਕਮਜ਼ੋਰ ਪਰਿਵਾਰਾਂ ਦੇ ਲਗਭਗ 150 ਬੱਚਿਆਂ ਨੂੰ ਪੂਰੀ ਤਰ੍ਹਾਂ ਮੁਫ਼ਤ ਸਿੱਖਿਆ ਦੇਣਾ ਹੈ। ਏ ਜੀ ਆਈ ਐਜੂਕੇਸ਼ਨਲ ਸੋਸਾਇਟੀ ਦੀ ਚੇਅਰਪਰਸਨ ਸ਼੍ਰੀਮਤੀ ਸਲਵਿੰਦਰਜੀਤ ਕੌਰ ਨੇ ਕਿਹਾ ਕਿ ਹਰ ਬੱਚੇ ਨੂੰ ਪੜ੍ਹਨ, ਅੱਗੇ ਵਧਣ ਤੇ ਆਪਣੇ ਸੁਪਨੇ ਪੂਰੇ ਕਰਨ ਦਾ ਬਰਾਬਰ ਮੌਕਾ ਮਿਲਣਾ ਚਾਹੀਦਾ ਹੈ, ਭਾਵੇਂ ਉਸ ਦੇ ਪਰਵਾਰ ਦੀ ਆਰਥਿਕ ਹਾਲਤ ਕਿਹੋ ਜਿਹੀ ਵੀ ਹੋਵੇ।



ਉਨ੍ਹਾਂ ਕਿਹਾ ਸਿੱਖਿਆ ਹਰ ਬੱਚੇ ਦਾ ਹੱਕ ਹੈ। ਗਰੀਬੀ ਕਾਰਨ ਕੋਈ ਵੀ ਬੱਚਾ ਚੰਗੀ ਸਿੱਖਿਆ ਤੋਂ ਵਾਂਝਾ ਨਹੀਂ ਰਹਿਣਾ ਚਾਹੀਦਾ। ਏ ਜੀ ਆਈ ਇਨਫਰਾ ਲਿਮਿਟਿਡ ਦੇ ਮੈਨੇਜਿੰਗ ਡਾਇਰੈਕਟਰ ਸੁਖਦੇਵ ਸਿੰਘ ਨੇ ਕਿਹਾ ਅਸੀਂ ਮੰਨਦੇ ਹਾਂ ਕਿ ਸਮਾਜ ਦੀ ਸੇਵਾ ਕਰਨਾ ਕਾਰੋਬਾਰ ਵਿੱਚ ਸਫਲਤਾ ਜਿੰਨਾ ਹੀ ਮਹੱਤਵਪੂਰਨ ਹੈ। ਲੋੜਵੰਦ ਬੱਚਿਆਂ ਨੂੰ ਮੁਫ਼ਤ ਸਿੱਖਿਆ ਦੇਣਾ ਸਾਡੀ ਸਮਾਜਿਕ ਜ਼ਿੰਮੇਵਾਰੀ ਅਤੇ ਸਮਾਜ ਪ੍ਰਤੀ ਸਾਡੀ ਵਚਨਬੱਧਤਾ ਹੈ। ਏ ਜੀ ਆਈ ਵੈਲਫੇਅਰ ਸਕੂਲ ਦੀ ਪ੍ਰਿੰਸੀਪਲ ਸ਼੍ਰੀਮਤੀ ਜਸਵਿੰਦਰ ਕੌਰ ਨੇ ਦੱਸਿਆ ਕਿ ਸਕੂਲ ਵਿੱਚ ਬੱਚਿਆਂ ਨੂੰ ਪੂਰੀ ਤਰ੍ਹਾਂ ਮੁਫ਼ਤ ਸਿੱਖਿਆ ਦੇ ਨਾਲ ਕਿਤਾਬਾਂ, ਕਾਪੀਆਂ, ਸਟੇਸ਼ਨਰੀ, ਗਰਮੀ ਅਤੇ ਸਰਦੀ ਦੀ ਵਰਦੀ, ਜੁੱਤੇ, ਜੁਰਾਬਾਂ, ਸਕੂਲ ਬੈਗ ਅਤੇ ਪੜ੍ਹਾਈ ਦਾ ਸਾਰਾ ਸਮਾਨ ਵੀ ਮੁਫ਼ਤ ਦਿੱਤਾ ਜਾਂਦਾ ਹੈ।ਉਨ੍ਹਾਂ ਦੱਸਿਆ ਕਿ ਬੱਚਿਆਂ ਲਈ ਘਰ ਤੋਂ ਸਕੂਲ ਅਤੇ ਸਕੂਲ ਤੋਂ ਘਰ ਤੱਕ ਮੁਫ਼ਤ ਬੱਸ ਸੇਵਾ ਵੀ ਦਿੱਤੀ ਜਾਂਦੀ ਹੈ।

ਜਲੰਧਰ ਦੇ ਕਿਸੇ ਵੀ ਇਲਾਕੇ ਤੋਂ ਬੱਚੇ ਬਿਨਾਂ ਕਿਸੇ ਫੀਸ ਦੇ ਦਾਖਲਾ ਲੈ ਕੇ ਇਹ ਸਾਰੀਆਂ ਸਹੂਲਤਾਂ ਹਾਸਲ ਕਰ ਸਕਦੇ ਹਨ।ਇਸ ਤੋਂ ਇਲਾਵਾ ਹਰ ਬੱਚੇ ਨੂੰ ਪੌਸ਼ਟਿਕ ਮੁਫ਼ਤ ਦੁਪਹਿਰ ਦਾ ਖਾਣਾ (ਮਿਡ-ਡੇ ਮੀਲ) ਵੀ ਦਿੱਤਾ ਜਾਂਦਾ ਹੈ, ਜੋ ਜਲੰਧਰ ਹਾਈਟਸ-1 ਕਲੱਬ ਵੱਲੋਂ ਪਿਆਰ ਨਾਲ ਤਿਆਰ ਕਰਕੇ ਪਰੋਸਿਆ ਜਾਂਦਾ ਹੈ।

## ਜੰਤਰ-ਮੰਤਰ ਵਿਖੇ ਵਿਦਿਆਰਥੀਆਂ 'ਤੇ ਲਾਠੀਚਾਰਜ ਦੀ ਨਿੰਦਾ

ਮੋਹਾਲੀ (ਗੁਰਜੀਤ ਬਿੱਲਾ)- ਨਵੀਂ ਦਿੱਲੀ ਦੇ ਜੰਤਰ-ਮੰਤਰ ਵਿਖੇ ਹਾਲ ਹੀ ਵਿੱਚ ਹੋਏ ਪ੍ਰਦਰਸ਼ਨਾਂ ਦੌਰਾਨ ਨੌਜਵਾਨ ਪ੍ਰਦਰਸ਼ਨਕਾਰੀਆਂ ਨਾਲ ਕੀਤੇ ਗਏ ਵਿਵਹਾਰ 'ਤੇ ਡੂੰਘੀ ਚਿੰਤਾ ਪ੍ਰਗਟ ਕਰਦਿਆਂ ਪੰਜਾਬ ਰਾਜ ਬਾਲ ਅਧਿਕਾਰ ਸੁਰੱਖਿਆ ਕਮਿਸ਼ਨ ਦੀ ਵਾਈਸ ਚੇਅਰਪਰਸਨ ਗੁੰਜੀਤ ਰੁਚੀ ਬਾਵਾ ਨੇ ਸੰਜਮ, ਸੰਵੇਦਨਸ਼ੀਲਤਾ ਅਤੇ ਨੌਜਵਾਨ ਨਾਗਰਿਕਾਂ ਦੇ ਲੋਕਤੰਤਰਿਕ ਅਧਿਕਾਰਾਂ ਦਾ ਸਨਮਾਨ ਕਰਨ ਦੀ ਅਪੀਲ ਕੀਤੀ ਹੈ।ਵਿਦਿਆਰਥੀਆਂ ਦੇ ਪ੍ਰਦਰਸ਼ਨ ਦੌਰਾਨ ਪੁਲਸ ਕਾਰਵਾਈ ਨਾਲ ਸਬੰਧਤ ਸਾਹਮਣੇ ਆਈਆਂ ਤਸਵੀਰਾਂ 'ਤੇ ਪ੍ਰਤੀਕਿਰਿਆ ਦਿੰਦਿਆਂ ਸ੍ਰੀਮਤੀ ਬਾਵਾ ਨੇ ਕਿਹਾ ਕਿ ਇਹ ਦ੍ਰਿਸ਼ ਬੇਹੱਦ ਦੁਖਦਾਈ ਅਤੇ ਪਰੇਸ਼ਾਨ ਕਰਨ ਵਾਲੇ ਹਨ ਅਤੇ ਹਰ ਬਾਲ ਅਧਿਕਾਰ ਕਾਰਕੁਨ ਨੂੰ ਇਹ ਸੋਚਣ ਲਈ



ਮਜਬੂਰ ਕਰਦੇ ਹਨ ਕਿ ਕੀ ਦੇਸ਼ ਦੇ ਨੌਜਵਾਨਾਂ ਦੀ ਆਵਾਜ਼ ਸੁਣੀ ਜਾ ਰਹੀ ਹੈ ਜਾਂ ਉਨ੍ਹਾਂ ਨੂੰ ਸਿਰਫ਼ ਦਬਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਕਥਿਤ ਪ੍ਰੀਖਿਆ ਬੇਨਿਯਮੀਆਂ ਅਤੇ ਸਿੱਖਿਆ ਸੁਧਾਰਾਂ ਸੰਬੰਧੀ ਜਵਾਬਦੇਹੀ ਦੀ ਮੰਗ ਨੂੰ ਲੈ ਕੇ ਵਿਦਿਆਰਥੀਆਂ ਵੱਲੋਂ ਕੀਤੇ ਗਏ ਪ੍ਰਦਰਸ਼ਨ ਦੌਰਾਨ ਪ੍ਰਦਰਸ਼ਨਕਾਰੀਆਂ ਅਤੇ ਪੁਲਸ ਵਿਚਕਾਰ ਝੜਪਾਂ ਹੋਣ ਦੀਆਂ ਰਿਪੋਰਟਾਂ ਸਾਹਮਣੇ ਆਈਆਂ ਹਨ ਅਤੇ ਪੁਲਸ ਬਲ ਦੀ ਵਰਤੋਂ ਨੂੰ ਲੈ ਕੇ ਵਿਆਪਕ ਚਿੰਤਾ ਪ੍ਰਗਟ ਕੀਤੀ ਗਈ ਹੈ। ਉਨ੍ਹਾਂ ਅੱਗੇ ਕਿਹਾ ਕਿ ਕਾਨੂੰਨ ਅਤੇ ਸੰਵਿਧਾਨਕ ਕਦਰਾਂ-ਕੀਮਤਾਂ ਨੌਜਵਾਨਾਂ ਨੂੰ ਆਪਣੇ ਡਰ, ਚਿੰਤਾਵਾਂ ਅਤੇ ਆਕਾਂਖਿਆਵਾਂ ਨੂੰ ਸ਼ਾਂਤੀਪੂਰਨ ਢੰਗ ਨਾਲ ਪ੍ਰਗਟ ਕਰਨ ਦਾ ਅਧਿਕਾਰ ਦਿੰਦੀਆਂ ਹਨ। ਸ੍ਰੀਮਤੀ ਬਾਵਾ ਨੇ ਅਪੀਲ ਕੀਤੀ ਕਿ ਨੌਜਵਾਨ ਨਾਗਰਿਕਾਂ ਦੀ ਲੋਕਤੰਤਰਿਕ ਭਾਗੀਦਾਰੀ ਦਾ ਜਵਾਬ ਸੰਵਾਦ, ਹਮਦਰਦੀ ਅਤੇ ਸੰਵਿਧਾਨਕ ਸੰਵੇਦਨਸ਼ੀਲਤਾ ਨਾਲ ਦਿੱਤਾ ਜਾਵੇ।

## ਸਮਾਜ ਸੇਵਕ ਵੱਲੋਂ ਖਾਲੀ ਪਈ ਜਗ੍ਹਾ 'ਤੇ ਬੀਜਾਂ ਨੂੰ ਬੀਜਣ ਦੀ ਸੇਵਾ ਸ਼ੁਰੂ

ਨਕੋਦਰ (ਮਨਜੀਤ ਮਾਨ)- ਖ਼ਰਾਬ ਵਾਤਾਵਰਨ ਅਤੇ ਦਰੱਖਤਾਂ ਦੀ ਕਮੀ ਨੂੰ ਦੇਖਦਿਆਂ ਹੋਇਆਂ ਖ਼ਾਲੀ ਪਈਆ ਥਾਵਾਂ ਤੇ ਬਰਸਾਤ ਦੇ ਮੌਸਮ ਨੂੰ ਦੇਖਦਿਆਂ ਉਂਘੇ ਸਮਾਜ ਸੇਵਕ ਸੁਵਾਮੀ ਪ੍ਰਕਾਸ਼ਾਂ ਨੰਦ ਸੇਵਾ ਸੰਮਤੀ ਚੂਹੜ ਗਊ ਸ਼ਾਲਾ ਤਲਵੰਡੀ ਸਲੇਮ ਦੇ ਸੇਵਾਦਾਰ ਸ੍ਰੀ ਜੁਗਲ ਕਿਸ਼ੋਰ ਵੱਲੋਂ ਖ਼ਾਲੀ ਪਈਆ ਥਾਵਾਂ ਤੇ ਫ਼ਲਦਾਰ ਅਤੇ ਛਾਂਦਾਰ ਬੂਟਿਆਂ ਦੇ ਬੀਜਾਂ ਨੂੰ ਬੀਜਣ ਦੀ ਸੇਵਾ ਸ਼ੁਰੂ ਕੀਤੀ ਗਈ ਹੈ। ਸ੍ਰੀ ਜੁਗਲ ਕਿਸ਼ੋਰ ਸ਼ਰਮਾ ਨੇ ਕਿਹਾ ਕਿ ਅੱਜ ਲੋੜ ਹੈ ਪ੍ਰਦੂਸ਼ਤ ਹੋ ਰਹੇ ਵਾਤਾਵਰਨ ਨੂੰ ਸ਼ੁੱਧ ਤੇ ਸਵੱਛ ਬਣਾਉਣ ਦੀ ਲੋੜ ਹੈ। ਉਨ੍ਹਾਂ ਕਿਹਾ ਸੂਬੇ ਅੰਦਰ ਜੰਗਲਾਂ ਤੇ ਦਰੱਖਤਾਂ ਦੀ ਕਟਾਈ ਹੋ ਰਹੀ ਹੈ ਉਨ੍ਹਾਂ ਥਾਵਾਂ ਤੇ ਨਵੇਂ ਉਂਨੇ ਦਰੱਖਤ ਨਹੀਂ ਲਗਾਏ ਜਾ ਰਹੇ ਇਹ ਇਕ ਚਿੰਤਾ ਦਾ ਵਿਸ਼ਾ ਹੈ। ਜੁਗਲ ਕਿਸ਼ੋਰ ਸ਼ਰਮਾ ਨੇ ਸਮਾਜ ਸੇਵੀ ਸੰਸਥਾਵਾਂ ਤੇ ਬੁਧੀਜੀਵੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਜੇਕਰ ਪ੍ਰਦੂਸ਼ਿਤ ਹੋ ਰਹੇ ਸੂਬੇ ਨੂੰ ਬਚਾਉਣਾ ਹੈ ਤਾਂ ਸਾਨੂੰ ਵੱਧ ਤੋਂ ਵੱਧ ਪੌਦੇ ਲਗਾਉਣੇ ਚਾਹੀਦੇ ਹਨ।



## ਸਾਲਾਨਾ ਜਾਗਰਣ 15 ਨੂੰ



ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ) ਮਾਂ ਦੁਰਗਾ ਪ੍ਰਬੰਧਕ ਕਮੇਟੀ , ਸਮੂਹ ਗ੍ਰਾਮ ਪੰਚਾਇਤ ਤੇ ਐਨ ਆਰ ਆਈ, ਪਿੰਡ ਭੰਡਾਲ ਹਿੰਮਤ / ਭੰਡਾਲ ਬੂਟਾ ਜ਼ਿਲ੍ਹਾ ਜਲੰਧਰ ਵੱਲੋਂ ਮਾਂ ਦੁਰਗਾ ਸਾਲਾਨਾ ਵਿਸ਼ਾਲ ਜਾਗਰਣ 15 ਅਗਸਤ ਦਿਨ ਸ਼ਨੀਵਾਰ ਨੂੰ ਪਿੰਡ ਭੰਡਾਲ ਹਿੰਮਤ/ਭੰਡਾਲ ਬੂਟਾ ਨੇੜੇ ਨੂਰਮਹਿਲ ਵਿਖੇ ਬੜੀ ਸ਼ਰਧਾ ਪੂਰਵਕ ਕਰਵਾਇਆ ਜਾ ਰਿਹਾ ਹੈ। ਮਹਾਂਮਾਈ ਦੀ ਪਵਿੱਤਰ ਜੋਤ ਜਵਾਲਾ ਜੀ ਤੋਂ ਕੁਲਵਿੰਦਰ ਲਾਲੀ ਦੇ ਪਰਵਾਰ ਵੱਲੋਂ ਲਿਆਂਦੀ ਜਾਵੇਗੀ। ਮਾਂ ਦੀ ਜੋਤ ਦੀ ਪ੍ਰਿਕਰਮਾਂ 4.00 ਵਜੇ ਸ਼ਾਮ, ਗਣੇਸ਼ ਪੂਜਾ 8.00 ਵਜੇ। ਜਾਗਰਣ 9.00 ਵਜੇ ਅਤੇ ਤਾਰਾ ਰਾਣੀ ਦੀ ਕਥਾ 3.00 ਵਜੇ ਸਵੇਰੇ ਹੋਵੇਗੀ। ਮਾਤਾ ਦੇ ਜਾਗਰਣ ਤੇ ਗਾਇਕ ਅਨੀਸ਼ਾ ਵਾਲੀਆਂ ਮਾਤਾ ਦਾ ਗੁਣਗਾਨ ਪੇਸ਼ ਕਰਨਗੇ ਅਤੇ ਬੱਬੂ ਕੋਟੀਆਂ ਤਾਰਾ ਰਾਣੀ ਦੀ ਕਥਾ ਅਤੇ ਮਾਤਾ ਦਾ ਗੁਣਗਾਨ ਪੇਸ਼ ਕਰਨਗੇ। ਮਹਾਮਾਈ ਜੀ ਦਾ ਭੰਡਾਰਾ ਅਟੁੱਟ ਚਲੇਗਾ। ਇਸ ਦੀ ਜਾਣਕਾਰੀ ਚੇਅਰਮੈਨ ਸੋਹਣ ਲਾਲ ਅਤੇ ਪ੍ਰਧਾਨ ਨਰਿੰਦਰ ਭੰਡਾਲ ਨੇ ਦਿੱਤੀ।

## ਹਿਮਾਚਲ ਤੋਂ ਆਉਣ ਵਾਲੇ ਵਾਹਨਾਂ 'ਤੇ ਇਨਫਰਾਸਟਕਚਰ ਟੈਕਸ ਲਗਾਉਣਾ ਚੰਗਾ ਫੈਸਲਾ : ਕਕਰਾਲੀ, ਮਾਵੀ

ਮੋਰਿੰਡਾ (ਨਿਹਾਲ ਸਿੰਘ ਕਲਸੀ)- ਪੰਚਾਇਤੀ ਰਾਜ ਦੀ ਧਾਰਾਂ 189 ਅਧੀਨ ਮਿਲੀਆਂ ਵਿੱਤੀ ਸ਼ਕਤੀਆਂ ਦੀ ਵਰਤੋਂ ਕਰਦਿਆਂ ਜ਼ਿਲ੍ਹਾ ਪ੍ਰੀਸ਼ਦ ਰੂਪਨਗਰ ਵੱਲੋਂ ਹਿਮਾਚਲ ਪ੍ਰਦੇਸ਼ ਤੋਂ ਆਉਣ ਵਾਲੇ ਵਾਹਨਾਂ 'ਤੇ ਇੰਨਫਰਾਸਟਰਕਚਰ ਟੈਕਸ ਲਗਾਉਣ ਦਾ ਮਤਾ ਪਾਸ ਕੀਤਾ ਗਿਆ ਹੈ ਜਿਸ ਨੂੰ ਸਰਕਾਰ ਦੀ ਮਨਜ਼ੂਰੀ ਮਿਲਣ ਉਪਰੰਤ ਲਾਗੂ ਕੀਤਾ ਜਾਵੇਗਾ। ਇਹ ਜਾਣਕਾਰੀ ਜ਼ਿਲ੍ਹਾ ਪ੍ਰੀਸ਼ਦ ਦੇ ਚੇਅਰਮੈਨ ਕਕਰਾਲੀ ਅਤੇ ਨਰਿੰਦਰ ਸਿੰਘ ਮਾਵੀ ਨੇ ਦੱਸਿਆ ਜ਼ਿਲ੍ਹਾ ਪ੍ਰੀਸ਼ਦ ਰੂਪਨਗਰ ਦੀ ਹੋਈ ਪਲੇਠੀ ਮੀਟਿੰਗ ਵਿਚ ਇਹ ਸਰਬਸੰਮਤੀ ਨਾਲ ਮਤਾ ਪਾਸ ਕੀਤਾ ਗਿਆ ਹੈ ਕਿ ਜ਼ਿਲ੍ਹਾ ਪ੍ਰੀਸ਼ਦ ਦੀ ਵਿੱਤੀ ਹਾਲਤ ਨੂੰ ਮਜ਼ਬੂਤ ਕਰਨ ਅਤੇ ਵਿਕਾਸ ਲਈ ਵਿੱਤੀ ਸਰੋਤ ਵਧਾਉਣ ਲਈ ਜ਼ਿਲ੍ਹੇ ਦੀ ਹਦੂਦ ਅੰਦਰ ਹਿਮਾਚਲ ਪ੍ਰਦੇਸ਼ ਤੋਂ ਆਉਣ ਵਾਲੇ ਵਾਹਨਾਂ 'ਤੇ ਟੈਕਸ ਲਗਾਇਆ ਜਾਵੇਗਾ। ਮੀਟਿੰਗ ਵਿਚ ਇਹ ਵੀ ਸਪੱਸ਼ਟ ਕੀਤਾ ਗਿਆ ਕਿ ਇਸ ਮਤੇ ਨੂੰ ਲਾਗੂ ਕਰਨ ਲਈ ਸਰਕਾਰ ਤੋਂ ਲੋੜੀਂਦੀ ਮਨਜ਼ੂਰੀ ਲਈ ਜਾਵੇਗੀ। ਮਨਜ਼ੂਰੀ ਮਿਲਣ ਉਪਰੰਤ ਟੈਕਸ ਵਸੂਲੀ ਸ਼ੁਰੂ ਕੀਤੀ ਜਾਵੇਗੀ ਅਤੇ ਇਸ ਤੋਂ ਪ੍ਰਾਪਤ ਹੋਣ ਵਾਲੀ ਆਮਦਨ ਨੂੰ ਜ਼ਿਲ੍ਹੇ ਅੰਦਰ ਪੇਂਡੂ ਸੜਕਾਂ, ਪੁਲਾਂ, ਸਟਰੀਟ ਲਾਈਟਾਂ, ਸਫ਼ਾਈ ਪ੍ਰਬੰਧ ਅਤੇ ਹੋਰ ਵਿਕਾਸ ਕਾਰਜਾਂ 'ਤੇ ਖਰਚ ਕੀਤਾ ਜਾਵੇਗਾ, ਜਿਸ ਨਾਲ ਲੋਕਾਂ ਨੂੰ ਬਿਹਤਰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਸਕਣਗੀਆਂ।ਉਨ੍ਹਾਂ ਕਿਹਾ ਕਿ ਮੀਟਿੰਗ ਵਿਚ ਹਿਮਾਚਲ ਪ੍ਰਦੇਸ਼ ਤੋਂ ਰੂਪਨਗਰ ਜ਼ਿਲ੍ਹੇ ਵਿਚ ਦਾਖ਼ਲ ਹੋਣ ਵਾਲੇ ਵਾਹਨਾਂ 'ਤੇ ਇੰਨਫਰਾਸਟਕਚਰ ਟੈਕਸ ਲਗਾਉਣ ਦਾ ਸੁਝਾਅ ਦਿੱਤਾ ਗਿਆ, ਜਿਸ ਨੂੰ ਜ਼ਿਲ੍ਹਾ ਪ੍ਰੀਸ਼ਦ ਦੇ ਸਮੂਹ ਮੈਂਬਰਾਂ ਨੇ ਸਰਬਸੰਮਤੀ ਨਾਲ ਮਨਜ਼ੂਰ ਕਰਦਿਆਂ ਮਤਾ ਪਾਸ ਕਰ ਦਿੱਤਾ।

## ਸੰਤ ਗਰੀਬ ਦਾਸ ਦਾ ਬਰਸੀ ਸਮਾਗਮ ਮਨਾਇਆ

ਕਿਸ਼ਨਗੜ੍ਹ (ਸੁਖਜੀਤ ਕੁਮਾਰ)- ਡੇਰਾ ਸੰਤ ਸਰਵਣ ਦਾਸ ਸੱਚਖੰਡ ਬੱਲਾਂ ਵਿਖੇ ਬ੍ਰਹਮਲੀਨ ਸੰਤ ਗਰੀਬ ਦਾਸ ਮਹਾਰਾਜ ਦਾ 32ਵਾਂ ਬਰਸੀ ਸਮਾਗਮ ਡੇਰਾ ਬੱਲਾਂ ਦੇ ਮੌਜੂਦਾ ਗੱਦੀ ਨਸ਼ੀਨ ਤੇ ਚੇਅਰਮੈਨ ਸ੍ਰੀ ਗੁਰੂ ਰਵਿਦਾਸ ਜਨਮ ਅਸਥਾਨ ਪਬਲਿਕ ਚੈਰੀਟੇਬਲ ਟਰਸਟ ਕਾਂਸ਼ੀ (ਬਨਾਰਸ) ਸੰਤ ਨਿਰੰਜਨ ਦਾਸ ਮਹਾਰਾਜ ਦੀ ਸਰਪ੍ਰਸਤੀ ਹੇਠ ਬੜੀ ਸ਼ਰਧਾ ਪੂਰਵਕ ਮਨਾਇਆ ਗਿਆ। ਇਸ ਮੌਕੇ ਸਵੇਰੇ ਸ੍ਰੀ ਗੁਰੂ ਰਵਿਦਾਸ ਸਤਿਸੰਗ ਭਵਨ ਵਿਖੇ ਅੰਮ੍ਰਿਤ ਬਾਣੀ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ ਪਾਠਾਂ ਦੇ ਭੋਗ ਪਾਏ ਗਏ। ਸਰਬੱਤ ਦੇ ਭਲੇ ਦੀ ਅਰਦਾਸ ਉਪਰੰਤ ਰਾਗੀ ਜਥਿਆਂ ਦੁਆਰਾ ਸੰਤ ਗਰੀਬ ਦਾਸ ਮਹਾਰਾਜ ਦੀ ਜੀਵਨੀ ਅਤੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੀ ਮਹਿਮਾ ਦਾ ਗੁਣਗਾਨ ਕੀਤਾ ਗਿਆ। ਬਰਸੀ ਸਮਾਗਮ ਮੌਕੇ ਵੱਖ ਵੱਖ ਧਾਰਮਿਕ ਡੇਰਿਆਂ ਤੋਂ ਆਏ ਸੰਤਾਂ ਮਹਾਂਪੁਰਸ਼ਾਂ ਅਤੇ ਵੱਖ ਵੱਖ ਸਿਆਸੀ ਪਾਰਟੀ ਦੇ ਆਗੂਆਂ ਨੇ ਸੰਤ ਗਰੀਬ ਦਾਸ ਮਹਾਰਾਜ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਇਸ ਮੌਕੇ ਸੰਤ ਨਿਰੰਜਨ ਦਾਸ ਮਹਾਰਾਜ ਵੱਲੋਂ ਸੰਤ ਗਰੀਬ ਦਾਸ ਜੀ ਮਹਾਰਾਜ ਵੱਲੋਂ ਮਨੁੱਖਤਾ ਅਤੇ ਸਮਾਜ ਭਲਾਈ ਲਈ ਕੀਤੇ ਕੰਮਾਂ ਜਿਸ ਤਰ੍ਹਾਂ ਸੰਤ ਸਰਵਣ ਦਾਸ ਚੈਰੀਟੇਬਲ ਹਸਪਤਾਲ ਕਠਾਰ, ਸੰਤ ਸਰਵਣ ਦਾਸ ਮੈਮੋਰੀਅਲ ਪਬਲਿਕ ਸਕੂਲ ਹਦੀਆਬਾਦ ਫਗਵਾੜਾ ਦੀ ਉਸਾਰੀ ਅਤੇ ਸ੍ਰੀ ਗੁਰੂ ਰਵਿਦਾਸ



ਮੰਦਰ ਸੀਰ ਗੋਵਰਧਨ ਪੁਰ ਕਾਂਸ਼ੀ ਬਨਾਰਸ ਦੀ ਉਸਾਰੀ ਕਰਨ ਲਈ ਵਿਸ਼ੇਸ ਸੇਵਾਵਾਂ ਨਿਭਾਉਣ ਅਤੇ ਹੋਰ ਸਮਾਜ ਭਲਾਈ ਦੇ ਕੰਮਾਂ ਬਾਰੇ ਸੰਗਤਾਂ ਨੂੰ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ। ਇਸ ਮੌਕੇ ਸੰਤ ਨਿਰੰਜਨ ਦਾਸ ਮਹਾਰਾਜ ਵੱਲੋਂ ਨਾਮ ਸਿਮਰਨ ਕਰਨ, ਪ੍ਰਭੂ ਭਗਤੀ 'ਚ ਲੀਨ ਰਹਿਣ ਅਤੇ ਆਪਣੇ ਬੱਚਿਆਂ ਨੂੰ ਵੱਧ ਤੋਂ ਵੱਧ ਸਿੱਖਿਅਤ ਕਰਨ ਕਰਨ, ਸਭ ਧਰਮਾਂ ਅਤੇ ਧਾਰਮਿਕ ਗ੍ਰੰਥਾਂ ਦਾ ਸਤਿਕਾਰ ਕਰਨ ਤੇ ਨਸ਼ਿਆਂ ਤੋਂ ਦੂਰ ਰਹਿਣ ਉਪਦੇਸ਼ ਦਿੱਤਾ ਗਿਆ। ਇਸ ਮੌਕੇ ਸੰਤ ਪ੍ਰਦੀਪ ਦਾਸ ਕਠਾਰ, ਸੰਤ ਲੇਖ ਰਾਜ ਨੂਰਪੁਰ, ਸੰਤ ਜਸਵਿੰਦਰ ਦਾਸ ਸ਼ੇਰਪੁਰ, ਸੰਤ ਲਖਵਿੰਦਰ ਸਿੰਘ ਕਠਿਆਣਾ ਧਾਮੀਆਂ, ਸੰਤ ਰਹੀਮ ਦਾਸ ਹਰਿਆਣਾ, ਸੰਤ ਰਾਜਾ ਰਾਮ ਬਠਿੰਡਾ, ਸੰਤ ਸਤਪਾਲ ਦਾਸ ਹਰਿਆਣਾ, ਸੰਤ ਬਲਜੀਤ ਦਾਸ ਜਗਰਾਓਂ, ਸੰਤ ਰਾਜਾ ਰਾਮ ਸੰਤ ਮੋਤੀ ਰਾਮ, ਸੰਤ ਗੁਰਮੇਲ ਦਾਸ ਰਹੀਮ, ਸੰਤ ਮਹਲ ਦਾਸ ਡੱਲੋਂ ਮਾਜਰਾ, ਸੰਤ ਮਹਿੰਦਰ ਦਾਸ ਮੱਧ ਪ੍ਰਦੇਸ਼, ਸੰਤ ਸੇਠ ਦਾਸ, ਸੰਤ ਗੁਰਮੁਖ ਦਾਸ ਸਿੰਘ ਸੁਨਾਮ, ਸੰਤ ਗੁਰਮੁਖ ਦਾਸ ਫਗਵਾੜਾ, ਸੰਤ ਰਖੀ ਦਾਸ ਮੱਧ ਪ੍ਰਦੇਸ਼, ਸੰਤ ਖਲਣ ਦਾਸ ਮੱਧ ਪ੍ਰਦੇਸ਼, ਸੰਤ ਰਾਣਾ ਦਾਸ ਫਿਲੌਰ,ਬਾਬਾ ਟੇਕ ਚੰਦ ਜਲੰਧਰ,ਸੰਤ ਸੇਵਕ ਦਾਸ ਮੰਡਲੀ ਅਤੇ ਹੋਰ ਵੱਖ ਵੱਖ ਧਾਰਮਿਕ ਡੇਰਿਆਂ ਤੋਂ ਆਏ ਸੰਤਾਂ ਮਹਾਂਪੁਰਸ਼ਾਂ ਨੇ ਸੰਤ ਗਰੀਬ ਦਾਸ ਜੀ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ।

## ਨਹਿਰ 'ਚੋਂ ਮਿਲੀ ਅਣਪਛਾਤੇ ਦੀ ਲਾਸ਼

ਫਿਲੌਰ (ਨਿਰਮਲ)- ਫਿਲੌਰ ਦੇ ਨੇੜਲੇ ਪਿੰਡ ਲਾਂਧੜਾ ਕਲੋਨੀ ਦੇ ਨਜ਼ਦੀਕ ਲੰਘਦੀ ਨਹਿਰ ਵਿੱਚੋਂ ਇੱਕ ਅਣਪਛਾਤੇ ਵਿਅਕਤੀ ਦੀ ਲਾਸ਼ ਮਿਲਣ ਦੀ ਜਾਣਕਾਰੀ ਮਿਲਦਿਆਂ ਹੀ ਪੁਲਿਸ ਚੌਂਕੀ ਦੇ ਇੰਚਾਰਜ ਏ ਐਸ ਆਈ ਸੁਖਵਿੰਦਰ ਪਾਲ ਮੌਕੇ ਉਤੇ ਪਹੁੰਚੇ। ਉਨ੍ਹਾਂ ਨੇ ਦੱਸਿਆ ਕਿ ਪਿੰਡ ਵਾਸੀਆਂ ਨੂੰ ਸੂਚਨਾ ਮਿਲੀ ਕਿ ਲਾਂਧੜਾ ਕਲੋਨੀ ਦੀ ਨਹਿਰ ਵਿੱਚ ਇੱਕ ਲਾਸ਼ ਤੈਰਦੀ ਹੋਈ ਦਿਖਾਈ ਦੇ ਰਹੀ ਹੈ। ਸੂਚਨਾ ਮਿਲਣ 'ਤੇ ਪੁਲਿਸ ਟੀਮ ਤੁਰੰਤ ਮੌਕੇ 'ਤੇ ਪਹੁੰਚੀ ਅਤੇ ਲਾਸ਼ ਨੂੰ ਕਬਜ਼ੇ ਵਿੱਚ ਲਿਆ। ਮ੍ਰਿਤਕ ਦੀ ਸੱਜੀ ਬਾਂਹ 'ਤੇ ਅੰਗਰੇਜ਼ੀ ਦਾ ਅੱਖਰ "ਓਮ" ਲਿਖਿਆ ਹੋਇਆ ਹੈ। ਉਸ ਨੇ ਕਾਲੇ ਰੰਗ ਦੀ ਟੀ-ਸ਼ਰਟ ਪਾਈ ਹੋਈ ਹੈ। ਮ੍ਰਿਤਕ ਦੀ ਉਮਰ ਲਗਭਗ 30 ਤੋਂ 35 ਸਾਲ ਦੇ ਵਿਚਕਾਰ ਦੱਸੀ ਜਾ ਰਹੀ ਹੈ ਅਤੇ ਲਾਸ਼ ਕਈ ਦਿਨ ਪੁਰਾਣੀ ਹੋਈ ਹੈ। ਮ੍ਰਿਤਕ ਦੀ ਅਜੇ ਤੱਕ ਕੋਈ ਪਹਿਚਾਣ ਨਹੀ ਹੋ ਸਕੀ। ਪੁਲਸ ਮੁਤਾਬਕ ਮੁੱਢਲੀ ਜਾਂਚ ਵਿੱਚ ਮੌਤ ਨਹਿਰ ਦੇ ਪਾਣੀ ਵਿੱਚ ਡੁੱਬਣ ਕਾਰਨ ਹੋਣ ਦਾ ਖਦਸ਼ਾ ਹੈ। ਲਾਸ਼ ਨੂੰ ਸ਼ਨਾਖਤ ਲਈ ਸਿਵਲ ਹਸਪਤਾਲ ਫਿਲੌਰ ਦੀ ਮੋਰਚਰੀ ਵਿੱਚ 72 ਘੰਟਿਆਂ ਲਈ ਰਖਵਾ ਦਿੱਤਾ ਗਿਆ ਹੈ।ਪੁਲਿਸ ਨੇ ਧਾਰਾ 194 ਬੀ ਐਨ ਐੱਸ ਐੱਸ ਤਹਿਤ ਅਗਲੀ ਕਾਨੂੰਨੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।



## ਫੁੱਟਬਾਲ ਚੈਂਪੀਅਨਸ਼ਿਪ 'ਚ ਕਪੂਰਥਲਾ ਨੇ ਲਗਾਤਾਰ ਤੀਜੀ ਵਾਰ ਜਿੱਤਿਆ ਖਿਤਾਬ

ਫਗਵਾੜਾ (ਜਰਸਵਿੰਦਰ ਢੱਡਾ) ਪੰਜਾਬ ਫੁੱਟਬਾਲ ਐਸੋਸੀਏਸ਼ਨ ਵੱਲੋਂ 15 ਤੋਂ 20 ਜੁਲਾਈ ਤੱਕ ਅੰਮ੍ਰਿਤਸਰ ਵਿਖੇ ਕਰਵਾਈ ਗਈ 77ਵੀਂ ਸੀਨੀਅਰ ਸਟੇਟ ਫੁੱਟਬਾਲ ਚੈਂਪੀਅਨਸ਼ਿਪ 'ਚ ਜ਼ਿਲ੍ਹਾ ਕਪੂਰਥਲਾ ਦੀ ਟੀਮ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਲਗਾਤਾਰ ਤੀਸਰੀ ਵਾਰ ਚੈਂਪੀਅਨ ਬਣਨ ਦਾ ਮਾਣ ਹਾਸਲ ਕੀਤਾ ਹੈ। ਇਸ ਚੈਂਪੀਅਨਸ਼ਿਪ 'ਚ ਪੰਜਾਬ ਦੇ 16 ਜ਼ਿਲ੍ਹਿਆਂ ਦੀਆਂ ਟੀਮਾਂ ਨੇ ਭਾਗ ਲਿਆ। ਜੇਤੂ ਟੀਮ ਦਾ ਫਗਵਾੜਾ ਪੁੱਜਣ 'ਤੇ ਭਰਵਾਂ ਸੁਆਗਤ ਕੀਤਾ ਗਿਆ। ਇਸ ਮੌਕੇ ਜ਼ਿਲ੍ਹਾ ਖੇਡ ਅਫ਼ਸਰ ਕੁਲਵਿੰਦਰ ਸਿੰਘ ਨੇ ਜੇਤੂ ਟੀਮ ਨੂੰ ਵਧਾਈ ਦਿੱਤੀ। ਉਨ੍ਹਾਂ ਦੱਸਿਆ ਕਿ ਇਸ ਟੀਮ ਦੀ ਅਗਵਾਈ ਕੋਚ ਪ੍ਰਦੀਪ ਕੁਮਾਰ, ਕੁਲਵਿੰਦਰ ਸਿੰਘ ਲੱਕੀ, ਨਿਰਮਲਜੀਤ ਗੋਗਾ ਨੇ ਕੀਤੀ। ਉਨ੍ਹਾਂ ਦੱਸਿਆ ਕਿ ਟੀਮ ਨੇ ਚੰਗੀ ਕਾਰਗੁਜ਼ਾਰੀ ਕਰਦਿਆਂ ਵਿਰੋਧੀ ਜ਼ਿਲ੍ਹਿਆਂ ਨੂੰ ਪਛਾੜਦਿਆਂ ਖ਼ਿਤਾਬ ਆਪਣੇ ਨਾਮ ਕੀਤਾ। ਇਸ ਜਿੱਤ ਨਾਲ ਨਾ ਸਿਰਫ਼ ਜ਼ਿਲ੍ਹਾ ਕਪੂਰਥਲਾ ਦਾ ਨਾਮ ਰੌਸ਼ਨ ਹੋਇਆ ਹੈ, ਸਗੋਂ ਫਗਵਾੜਾ ਦੀ ਖੇਡ ਜਗਤ ਵਿਚ ਵੱਖਰੀ ਪਛਾਣ ਬਣੀ ਹੈ।



## ਵਿਦਿਆਰਥੀਆਂ ਨੇ ਗਤੀਵਿਧੀਆਂ ਰਾਹੀਂ ਆਤਮ-ਵਿਸ਼ਵਾਸ ਦਾ ਕੀਤਾ ਪ੍ਰਦਰਸ਼ਨ

ਜਲੰਧਰ (ਸ਼ੈਲੀ ਐਲਬਰਟ)- ਇੰਨੋਸੈਂਟ ਹਾਰਟਸ ਦੇ ਗ੍ਰੀਨ ਮਾਡਲ ਟਾਊਨ, ਲੋਹਾਰਾਂ, ਕੈਂਟ-ਜੰਡਿਆਲਾ ਰੋਡ, ਨੂਰਪੁਰ ਰੋਡ ਅਤੇ ਕਪੂਰਥਲਾ ਰੋਡ ਕੈਂਪਸਾਂ ਦੇ ਪ੍ਰੀ-ਪ੍ਰਾਇਮਰੀ ਸਕੂਲਾਂ ਵਿੱਚ ਨੰਨੇ-




ਮੁੰਨੇ ਵਿਦਿਆਰਥੀਆਂ ਦੀ ਰਚਨਾਤਮਕਤਾ, ਆਤਮ-ਵਿਸ਼ਵਾਸ ਅਤੇ ਸਵੈ-ਅਭਿਵਿਅਕਤੀ ਨੂੰ ਉਤਸ਼ਾਹਿਤ ਕਰਨ ਲਈ ਦੋ ਵਿਸ਼ੇਸ਼ ਗਤੀਵਿਧੀਆਂ ਦਾ ਆਯੋਜਨ ਕੀਤਾ ਗਿਆ। ਐਲ ਕੇ ਜੀ ਦੇ ਵਿਦਿਆਰਥੀਆਂ ਲਈ ਅੰਗਰੇਜ਼ੀ ਕਵਿਤਾ ਵਾਚਨ ਗਤੀਵਿਧੀ ਅਤੇ ਯੂ ਕੇ ਜੀ ਦੇ ਵਿਦਿਆਰਥੀਆਂ ਲਈ ਕਲੇ ਕ੍ਰਾਫਟ ਗਤੀਵਿਧੀ ਕਰਵਾਈ ਗਈ।ਐਲ ਕੇ ਜੀ ਦੇ ਨੰਨੇ-ਮੁੰਨੇ ਵਿਦਿਆਰਥੀਆਂ ਨੇ ਅੰਗਰੇਜ਼ੀ ਕਵਿਤਾ ਵਾਚਨ ਗਤੀਵਿਧੀ ਦੌਰਾਨ ਆਪਣੀ ਸ਼ਾਨਦਾਰ ਪ੍ਰਤਿਭਾ ਅਤੇ ਆਤਮ-ਵਿਸ਼ਵਾਸ ਦਾ ਪ੍ਰਦਰਸ਼ਨ ਕੀਤਾ। ਉਨ੍ਹਾਂ ਨੇ ਆਪਣੇ ਪਾਠਕ੍ਰਮ ਤੋਂ ਇਲਾਵਾ ਪਾਣੀ ਬਚਾਓ, ਕੁਦਰਤ, ਛਤਰੀ, ਜਾਨਵਰ ਅਤੇ ਸਕੂਲ ਵਰਗੇ ਵਿਸ਼ਿਆਂ 'ਤੇ ਕਵਿਤਾਵਾਂ ਪ੍ਰਭਾਵਸ਼ਾਲੀ ਹਾਵ-ਭਾਵ, ਆਵਾਜ਼ ਦੇ ਉਤਾਰ-ਚੜ੍ਹਾਵ ਅਤੇ ਆਕਰਸ਼ਕ ਪ੍ਰਾਪਸ ਦੀ ਮਦਦ ਨਾਲ ਪੇਸ਼ ਕੀਤੀਆਂ। ਇਸ ਗਤੀਵਿਧੀ ਨੇ ਬੱਚਿਆਂ ਨੂੰ ਮਨੋਰੰਜਨ ਦੇ ਨਾਲ-ਨਾਲ ਹੱਥਾਂ ਦੀ ਸੂਖਮ ਗਤੀ, ਰਚਨਾਤਮਕ ਸੋਚ, ਇਕਾਗਰਤਾ ਅਤੇ ਧੀਰਜ ਨੂੰ ਵੀ ਵਿਕਸਤ ਕਰਨ ਦਾ ਮੌਕਾ ਦਿੱਤਾ।

## ਵਿਦਿਆਰਥੀਆਂ ਨੇ ਸਜਾਏ ਡਿਸਪਲੇਅ ਬੋਰਡ



ਕਰਤਾਰਪੁਰ (ਹਰਮੇਸ਼ ਦੱਤ ) ਸੰਤ ਬਾਬਾ ਨਿਧਾਨ ਸਿੰਘ ਪਬਲਿਕ ਸਕੂਲ ਕਰਤਾਰਪੁਰ ਵਿਖੇ ਇੱਕ ਬੁਲੇਟਿਨ ਬੋਰਡ ਸਜਾਵਟ ਮੁਕਾਬਲਾ ਕਰਵਾਇਆ ਗਿਆ। ਇਹ ਮੁਕਾਬਲਾ ਸਕੂਲ ਦੇ ਚਾਰਾਂ ਹਾਊਸਾਂ-ਗੋਬਿੰਦ ਹਾਊਸ, ਰਣਜੀਤ ਹਾਊਸ, ਸ਼ਿਵਾਜੀ ਹਾਊਸ ਅਤੇ ਟੈਗੋਰ ਹਾਊਸ ਦੇ ਵਿਦਿਆਰਥੀਆਂ ਵਿਚਕਾਰ ਕਰਵਾਇਆ ਗਿਆ। ਵਿਦਿਆਰਥੀਆਂ ਨੇ ਮੁਕਾਬਲੇ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ। ਸਾਰੇ ਹਾਊਸਾਂ ਦੇ ਵਿਦਿਆਰਥੀਆਂ ਨੇ ਆਪਣੇ ਚੁਣੇ ਹੋਏ ਥੀਮ ਅਨੁਸਾਰ ਬੁਲੇਟਿਨ ਬੋਰਡਾਂ ਨੂੰ ਆਕਰਸ਼ਕ ਢੰਗ ਨਾਲ ਸਜਾਇਆ। ਮੁਕਾਬਲੇ ਵਿੱਚ ਟੈਗੋਰ ਹਾਊਸ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਸ਼ਿਵਾਜੀ ਹਾਊਸ ਨੇ ਦੂਜਾ ਸਥਾਨ ਪ੍ਰਾਪਤ ਕੀਤਾ, ਜਦੋਂ ਕਿ ਰਣਜੀਤ ਹਾਊਸ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸ ਮੌਕੇ ਪ੍ਰਿੰਸੀਪਲ ਕੰਵਲਜੀਤ ਕੌਰ ਨੇ ਸਾਰੇ ਜੇਤੂ ਵਿਦਿਆਰਥੀਆਂ ਨੂੰ ਇਨਾਮ ਦੇ ਕੇ ਸਨਮਾਨਿਤ ਕੀਤਾ।

## ਰੋਟਰੀ ਕਲੱਬ ਬੰਗਾ ਦੇ ਨਵੇਂ ਪ੍ਰਧਾਨ ਨੂੰ ਕੀਤਾ ਸਨਮਾਨਤ

ਬੰਗਾ (ਅਵਤਾਰ ਕਲੇਰ) ਰੋਟਰੀ ਕਲੱਬ ਬੰਗਾ ਦੇ ਨਵੇਂ ਪ੍ਰਧਾਨ ਸ਼ਰਨਜੀਤ ਸਿੰਘ ਦਾ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵਿਖੇ ਪੁੱਜਣ ਤੇ ਵਿਸ਼ੇਸ਼ ਸਨਮਾਨ ਕੀਤਾ ਗਿਆ। ਉਨ੍ਹਾਂ ਨੇ ਹਸਪਤਾਲ ਵੱਲੋਂ ਇਲਾਕੇ ਦੇ ਲੋਕਾਂ ਨੂੰ ਦਿੱਤੀਆਂ ਜਾ ਰਹੀਆਂ ਮਿਆਰੀ ਸਿਹਤ ਸੇਵਾਵਾਂ ਦੀ ਭਰਪੂਰ ਸ਼ਲਾਘਾ ਕੀਤੀ। ਸ਼ਰਨਜੀਤ ਸਿੰਘ ਨੇ ਕਿਹਾ ਕਿ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਲੋੜਵੰਦਾਂ ਮਰੀਜ਼ਾਂ ਲਈ ਸਿਹਤ ਸੇਵਾਵਾਂ ਦਾ ਭਰੋਸੇਯੋਗ ਹਸਪਤਾਲ ਬਣ ਚੁੱਕਾ ਹੈ।ਉਨ੍ਹਾਂ ਨੇ ਹਸਪਤਾਲ ਨੂੰ ਵੱਖ-ਵੱਖ ਸਿਹਤ ਅਤੇ ਸਿੱਖਿਅਕ ਸੇਵਾ ਪ੍ਰੋਜੈਕਟਾਂ ਦੇ ਨਾਲ-ਨਾਲ ਖੂਨਦਾਨ ਕੈਂਪਾਂ, ਮੈਡੀਕਲ ਕੈਂਪਾਂ ਲਈ ਰੋਟਰੀ ਕਲੱਬ ਬੰਗਾ ਵੱਲੋਂ ਪੂਰਨ ਸਹਿਯੋਗ ਦੇਣ ਦਾ ਭਰੋਸਾ ਦਿਵਾਇਆ।ਇਸ ਤੋਂ ਪਹਿਲਾਂ ਹਸਪਤਾਲ ਪ੍ਰਬੰਧਕ ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਦੇ ਪ੍ਰਧਾਨ ਕੁਲਵਿੰਦਰ ਸਿੰਘ ਢਾਹਾਂ ਨੇ ਰੋਟਰੀ ਕਲੱਬ ਬੰਗਾ ਦੇ ਨਵੇਂ ਪ੍ਰਧਾਨ ਸ਼ਰਨਜੀਤ ਸਿੰਘ ਦਾ ਨਿੱਘਾ ਸਵਾਗਤ ਕੀਤਾ । ਉਹਨਾਂ ਨੇ ਰੋਟਰੀ ਕਲੱਬ ਬੰਗਾ ਵੱਲੋਂ ਸਮਾਜ ਸੇਵਾ ਅਤੇ ਸਿਹਤ ਖੇਤਰ ਵਿੱਚ ਕੀਤੇ ਜਾ ਰਹੇ ਪ੍ਰੋਜੈਕਟਾਂ ਦੀ ਸ਼ਲਾਘਾ ਕੀਤੀ । ਢਾਹਾਂ ਨੇ ਹਸਪਤਾਲ ਵਿਖੇ ਚੱਲ ਰਹੀਆਂ ਸਿਹਤ ਅਤੇ ਸਿੱਖਿਅਕ ਸੇਵਾ ਪ੍ਰੋਜੈਕਟਾਂ ਵਿਚ ਸਹਿਯੋਗ ਦੇਣ ਦੇ ਫ਼ੈਸਲੇ ਲਈ ਰੋਟਰੀ



ਕਲੱਬ ਦਾ ਦਿਲੋਂ ਧੰਨਵਾਦ ਕੀਤਾ । ਇਸ ਮੌਕੇ ਰੋਟਰੀ ਕਲੱਬ ਬੰਗਾ ਅਤੇ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵਿਚਕਾਰ ਆਮ ਲੋਕਾਈ ਨੂੰ ਉੱਚ ਪੱਧਰੀ ਸਿਹਤ ਸੇਵਾਵਾਂ ਪ੍ਰਦਾਨ ਕਰਨ ਲਈ ਆਪਸੀ ਸਹਿਯੋਗ ਨੂੰ ਵਧਾਉਣ ਦੇ ਵਿਚਾਰਾਂ ਕੀਤੀਆਂ ਗਈਆਂ । ਇਸ ਮੌਕੇ ਦਵਿੰਦਰ ਸਿੰਘ ਢਿੱਲੋਂ ਟਰੱਸਟ ਮੈਂਬਰ, ਸੁਰਿੰਦਰ ਸਿੰਘ ਢੀਂਡਸਾ ਸਾਬਕਾ ਪ੍ਰਧਾਨ ਰੋਟਰੀ ਕਲੱਬ ਬੰਗਾ ਅਤੇ ਸਮਾਜ ਸੇਵਿਕਾ ਜਗਜੀਤ ਕੌਰ ਕਰਨਾਨਾ ਸਮੇਤ ਹੋਰ ਪ੍ਰਮੁੱਖ ਸ਼ਖਸੀਅਤਾਂ ਵੀ ਹਾਜ਼ਰ ਸਨ।

## ਏਅਰ ਇੰਡੀਆ ਪਹਿਲੀ ਤੋਂ ਦਿੱਲੀ-ਟੋਰਾਂਟੋ ਰੂਟ 'ਤੇ ਸ਼ੁਰੂ ਕਰੇਗੀ ਨਾਨ-ਸਟਾਪ ਉਡਾਣ

ਜਲੰਧਰ-ਏਅਰ ਇੰਡੀਆ ਨੇ 1 ਅਗਸਤ ਤੋਂ ਦਿੱਲੀ-ਟੋਰਾਂਟੋ ਰੂਟ 'ਤੇ ਆਪਣੀ ਸੇਵਾ ਨੂੰ ਅਪਗ੍ਰੇਡ ਕਰਨ ਦਾ ਐਲਾਨ ਕੀਤਾ ਹੈ। ਇਸ ਰੂਟ 'ਤੇ ਹੁਣ ਏਅਰਲਾਈਨ ਦਾ ਨਵਾਂ ਬੋਇੰਗ 787-9 ਜਹਾਜ਼ ਚੱਲੇਗਾ, ਜਿਸ ਨਾਲ ਵਿਯੇਨਾ ਵਿੱਚ ਬਾਲਣ ਭਰਨ ਲਈ ਹੋਣ ਵਾਲਾ ਸਟਾਪ ਖਤਮ ਹੋ ਜਾਵੇਗਾ ਅਤੇ ਉਡਾਣ ਸਿੱਧੀ (ਨਾਨ-ਸਟਾਪ) ਹੋਵੇਗੀ। ਇਸ ਨਾਲ ਦਿੱਲੀ ਤੋਂ ਟੋਰਾਂਟੋ ਤੱਕ ਯਾਤਰਾ ਦਾ ਸਮਾਂ ਲਗਭਗ 20 ਘੰਟਿਆਂ ਤੋਂ ਘਟ ਕੇ ਕਰੀਬ 17 ਘੰਟੇ ਰਹਿ ਜਾਵੇਗਾ, ਜਦਕਿ ਟੋਰਾਂਟੋ ਤੋਂ ਦਿੱਲੀ ਦੀ ਵਾਪਸੀ ਉਡਾਣ ਪਹਿਲਾਂ ਵਾਂਗ ਨਾਨ-ਸਟਾਪ ਰਹੇਗੀ ਅਤੇ ਲਗਭਗ 16 ਘੰਟਿਆਂ ਵਿੱਚ ਪੂਰੀ ਹੋਵੇਗੀ। ਏਅਰ ਇੰਡੀਆ ਦੇ ਮੁੱਖ ਕਾਰਜਕਾਰੀ ਅਧਿਕਾਰੀ (ਸੀ ਈ ਓ) ਅਤੇ ਮੈਨੇਜਿੰਗ ਡਾਇਰੈਕਟਰ ਕੈਂਪਬੈਲ ਵਿਲਸਨ ਨੇ ਕਿਹਾ ਕਿ ਕੈਨੇਡਾ ਵਿੱਚ ਭਾਰਤੀ ਭਾਈਚਾਰੇ ਦੀ ਵੱਡੀ ਮੌਜੂਦਗੀ ਕਾਰਨ ਟੋਰਾਂਟੋ ਏਅਰ ਇੰਡੀਆ ਦੇ ਸਭ ਤੋਂ ਮਹੱਤਵਪੂਰਨ ਅੰਤਰਰਾਸ਼ਟਰੀ ਗੇਟਵੇਜ਼ ਵਿੱਚੋਂ ਇੱਕ ਹੈ। 1 ਅਗਸਤ ਤੋਂ ਏਅਰ ਇੰਡੀਆ ਦਿੱਲੀ ਅਤੇ ਟੋਰਾਂਟੋ ਵਿਚਕਾਰ ਰੋਜ਼ਾਨਾ ਉਡਾਣਾਂ ਚਲਾਏਗੀ। ਮੌਜੂਦਾ ਸਮੇਂ ਇਹ ਸੇਵਾ ਹਫ਼ਤੇ ਵਿੱਚ ਪੰਜ ਦਿਨ ਉਪਲਬਧ ਹੈ।

## ਬੇਰੋਜ਼ਗਾਰਾਂ ਤੇ ਕਰਮਚਾਰੀਆਂ 'ਤੇ ਸਰਕਾਰ ਕਰ ਰਹੀ ਅੱਤਿਆਚਾਰ : ਗਿਲਜੀਆਂ



ਅੱਡਾ ਸਰਾਂ (ਜਸਵੀਰ ਕਾਜਲ)- ਸਾਬਕਾ ਕੈਬਨਿਟ ਮੰਤਰੀ ਪੰਜਾਬ ਸੰਗਤ ਸਿੰਘ ਗਿਲਜੀਆਂ ਨੇ ਨਜ਼ਦੀਕੀ ਪਿੰਡ ਕੰਧਾਲਾ ਸ਼ੇਖਾਂ ਵਿਚ ਪਿੰਡ ਵਾਸੀਆਂ ਨਾਲ ਮੀਟਿੰਗ ਦੌਰਾਨ ਕਿਹਾ ਪੰਜਾਬ ਵਿਚ ਜਦੋ ਵੀ ਬਿਜਲੀ ਮਹਿਕਮੇ ਦੇ ਕੱਚੇ ਕਾਮਿਆਂ, ਲਾਈਨਮੈਨਾਂ, ਮਨਰੇਗਾ ਕਰਮਚਾਰੀਆਂ ਅਧਿਆਪਕਾਂ ਅਤੇ ਬੇਰੋਜ਼ਗਾਰਾਂ ਨੇ ਆਪਣੇ ਹੱਕ ਮੰਗਣ ਲਈ ਅਵਾਜ ਬੁਲੰਦ ਕੀਤੀ ਹੈ ਸਰਕਾਰ ਨੇ ਉਨ੍ਹਾਂ ਦੀ ਸੁਣਵਾਈ ਕਰਨ ਦੀ ਬਜਾਏ ਪੁਲਸ ਦਾ ਦੁਰਉਪਯੋਗ ਕਰਕੇ ਉਨ੍ਹਾਂ ਤੇ ਜਬਰ ਕੀਤਾ ਹੈ ਜਿਸ ਕਾਰਨ ਹਰੇਕ ਵਰਗ ਵਿਚ ਸਰਕਾਰ ਪ੍ਰਤੀ ਜ਼ਬਰਦਸਤ ਗੁੱਸਾ ਹੈ।ਇਸ ਮੌਕੇ ਉਨ੍ਹਾਂ ਸੰਗਠਨ ਦੀ ਮਜ਼ਬੂਤੀ ਲਈ ਵਰਕਰਾਂ ਨਾਲ ਚਰਚਾ ਵੀ ਕੀਤੀ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਐਡਵੋਕੇਟ ਦਲਜੀਤ ਸਿੰਘ ਗਿਲਜੀਆਂ, ਸੀਨੀਅਰ ਕਾਂਗਰਸ ਆਗੂ ਜਤਿੰਦਰਪਾਲ ਸਿੰਘ ਝਾਵਰ, ਸਰਪੰਚ ਤਰਨਵੀਰ ਸਿੰਘ, ਸਾਬਕਾ ਸਰਪੰਚ ਬਲਵੀਰ ਸਿੰਘ, ਜੀਤ ਰਾਮ, ਦੇਵ ਰਾਜ, ਗਗਨ, ਸਰਬਜੀਤ ਕੌਰ, ਦਸੌਂਧੀ ਰਾਮ, ਸਾਬਕਾ ਸੰਮਤੀ ਮੈਂਬਰ ਦਰਸ਼ਨ ਸਿੰਘ, ਹਰਭਜਨ ਸਿੰਘ, ਗੁਰਪ੍ਰਸਾਦ, ਕਸ਼ਮੀਰ ਸਿੰਘ ਫੌਜੀ, ਸਹਿਜਪ੍ਰੀਤ, ਧਰਮਪ੍ਰੀਤ, ਸੁਖਵਿੰਦਰ ਸਿੰਘ ਰਿੰਕੂ, ਜਸਵੰਤ ਸਿੰਘ, ਗਿਆਨੀ ਹਰਭਜਨ ਸਿੰਘ, ਇਕਬਾਲ ਸਿੰਘ, ਪ੍ਰਕਾਸ਼ ਸਿੰਘ, ਸੀਤਾ ਰਾਣੀ, ਲਵਲੀ, ਗੁਰਮੀਤ ਸਿੰਘ, ਕੁਲਦੀਪ ਸਿੰਘ, ਸੁਖਦੇਵ ਸਿੰਘ, ਜਗਤਾਰ ਸਿੰਘ, ਦਲਜੀਤ ਸਿੰਘ ਆਦਿ ਮੌਜੂਦ ਸਨ ।

## ਨਰੇਗਾ ਮੁਲਾਜ਼ਮਾਂ ਤੇ ਸਫਾਈ ਕਰਮਚਾਰੀਆਂ 'ਤੇ ਲਾਠੀਚਾਰਜ ਦੀ ਜੱਥੇਬੰਦੀਆਂ ਵੱਲੋਂ ਨਿਖੇਧੀ

ਮਾਹਿਲਪੁਰ (ਸ.ਫਰੀ)- ਪਿਛਲੇ ਲੰਮੇ ਸਮੇਂ ਤੋਂ ਪੰਜਾਬ ਸਰਕਾਰ ਦੀ ਬੇਰੁੱਖੀ ਦਾ ਸ਼ਿਕਾਰ ਨਰੇਗਾ ਮੁਲਾਜਮਾਂ ਅਤੇ ਸਫਾਈ ਕਰਮਚਾਰੀਆਂ ਜੋ ਆਪਣੀਆਂ ਮੰਗਾਂ ਮਨਵਾਉਣ ਲਈ ਸ਼ਾਂਤਮਈ ਵਿਰੋਧ ਪ੍ਰਦਰਸ਼ਨ ਕਰ ਰਹੇ ਸਨ, ਉੱਪਰ ਪੁਲਸ ਵੱਲੋਂ ਕੀਤੇ ਲਾਠੀਚਾਰਜ ਦੀ ਪਸਸਫ, ਜੀ.ਟੀ.ਯੂ, ਪੁਰਾਣੀ



ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ, ਪੈਨਸ਼ਨਰ ਵੈਲਫੇਅਰ ਐਸੋਸੀਏਸ਼ਨ ਅਤੇ ਜੇ.ਪੀ.ਐਮ.ਓ ਵਲੋਂ ਪੁਰਜੋਰ ਨਿਖੇਧੀ ਕੀਤੀ ਜਾਂਦੀ ਹੈ।ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਨਰਿੰਦਰ ਅਜਨੋਹਾ, ਜਨਰਲ ਸਕੱਤਰ ਮੱਖਣ ਸਿੰਘ ਲੰਗੇਰੀ, ਅਮਰਜੀਤ ਕੁਮਾਰ ਨੰਗਲ ਖਿਲਾੜੀਆਂ, ਮਲਕੀਤ ਸਿੰਘ ਬਾਹੋਵਾਲ ਅਤੇ ਜਿਲ੍ਹਾ ਜੀ.ਟੀ.ਯੂ ਆਗੂ ਪਰਮਜੀਤ ਕਾਤਿਬ ਨੇ ਕੀਤਾ। ਆਗੂਆਂ ਨੇ ਕਿਹਾ ਕਿ ਸ਼ਾਂਤਮਈ ਵਿਰੋਧ ਪ੍ਰਦਰਸ਼ਨ ਸਾਰਿਆਂ ਦਾ ਸੰਵਿਧਾਨਿਕ ਹੱਕ ਹੈ।ਇਸ ਮੌਕੇ ਜਸਵੀਰ ਸਿੰਘ, ਵਰਿੰਦਰ ਕੁਮਾਰ, ਸੰਜੀਵ ਕੁਮਾਰ, ਸਤਨਾਮ ਸਿੰਘ, ਗੁਰਨਾਮ ਚੰਦ, ਰਾਮ ਆਸਰਾ, ਰਜੇਸ਼ ਕੁਮਾਰ, ਕਮਲਜੀਤ ਸਿੰਘ, ਗਿਆਨ ਚੰਦ ਅਤੇ ਬਲਵਿੰਦਰ ਸਿੰਘ ਆਦਿ ਹਾਜ਼ਰ ਸਨ।

## ਜ਼ਿਲ੍ਹਾ ਪੱਧਰੀ ਕੀਰਤਨ ਦਰਬਾਰ ਦੇ ਸਾਰੇ ਪ੍ਰਬੰਧ ਮੁਕੰਮਲ

ਬੰਗਾ (ਅਵਤਾਰ ਕਲੇਰ)- ਪੰਜਾਬ ਸਰਕਾਰ ਵੱਲੋਂ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ 24 ਜੁਲਾਈ ਨੂੰ ਦਾਣਾ ਮੰਡੀ ਬੰਗਾ ਵਿਖੇ ਕਰਵਾਏ ਜਾ ਰਹੇ ਜ਼ਿਲ੍ਹਾ ਪੱਧਰੀ ਕੀਰਤਨ ਦਰਬਾਰ ਦੇ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ। ਇਹ ਪ੍ਰਗਟਾਵਾ ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਨੇ ਜ਼ਿਲ੍ਹਾ ਪੱਧਰੀ ਕੀਰਤਨ ਦਰਬਾਰ ਦੇ ਕੀਤੇ ਗਏ ਪ੍ਰਬੰਧਾਂ ਦਾ ਜਾਇਜ਼ਾ ਲੈਣ ਮੌਕੇ ਕੀਤਾ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹਾ ਪੱਧਰੀ ਕੀਰਤਨ ਦਰਬਾਰ ਵਿੱਚ ਭਾਈ ਦਵਿੰਦਰ ਸਿੰਘ ਸੋਢੀ ਲੁਧਿਆਣੇ ਵਾਲੇ ਅਤੇ ਭਾਈ ਰਵਿੰਦਰ ਸਿੰਘ ਹਜ਼ੂਰੀ ਰਾਗੀ, ਸ੍ਰੀ ਹਰਮਿੰਦਰ ਸਾਹਿਬ ਵਲੋਂ ਕੀਰਤਨ ਕੀਤਾ ਜਾਵੇਗਾ।



## ਲੇਖਕ ਭਾਈਚਾਰਾ ਭਲਕੇ ਜਲੰਧਰ ਧਰਨੇ 'ਚ ਸ਼ਮੂਲੀਅਤ ਕਰੇਗਾ

ਚੰਡੀਗੜ੍ਹ (ਗੁਰਜੀਤ ਬਿੱਲਾ) ਦਿੱਲੀ ਵਿੱਚ ਪੁਲਸ ਅਤੇ ਆਰ.ਐਸ.ਐਸ. ਨਾਲ ਸਬੰਧਿਤ ਤੱਤਾਂ ਵੱਲੋਂ ਨੌਜਵਾਨਾਂ ਅਤੇ ਵਿਦਿਆਰਥੀਆਂ ਨਾਲ ਕੀਤੀ ਗਈ ਕੁੱਟਮਾਰ ਅਤੇ ਜਮਹੂਰੀ ਹੱਕਾਂ ਉੱਤੇ ਹੋਏ ਹਮਲੇ ਦੇ ਵਿਰੋਧ ਵਿੱਚ 25 ਜੁਲਾਈ ਨੂੰ ਸਵੇਰੇ 11 ਵਜੇ ਦੇਸ਼ ਭਗਤ ਯਾਦਗਾਰ, ਜਲੰਧਰ ਵਿਖੇ ਦਿੱਤੇ ਜਾ ਰਹੇ ਧਰਨੇ ਦੀ ਹਮਾਇਤ ਕਰਦਿਆਂ ਕੇਂਦਰੀ ਪੰਜਾਬੀ ਲੇਖਕ ਸਭਾ (ਰਜਿ.) ਨੇ ਪੰਜਾਬ ਦੇ ਸਮੂਹ ਲੇਖਕ ਭਾਈਚਾਰੇ ਨੂੰ ਇਸ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ ਹੈ।ਕੇਂਦਰੀ ਪੰਜਾਬੀ ਲੇਖਕ ਸਭਾ ਦੇ ਪ੍ਰਧਾਨ ਦਰਸ਼ਨ ਬੁੱਟਰ, ਜਨਰਲ ਸਕੱਤਰ ਸੁਸ਼ੀਲ ਦੁਸਾਂਝ, ਸੀਨੀਅਰ ਮੀਤ ਪ੍ਰਧਾਨ ਮੱਖਣ ਸਿੰਘ ਕੁਹਾੜ ਅਤੇ ਦਫ਼ਤਰ ਸਕੱਤਰ ਦੀਪ ਦੇਵਿੰਦਰ ਸਿੰਘ ਵੱਲੋਂ ਜਾਰੀ ਸਾਂਝੇ ਬਿਆਨ ਵਿੱਚ ਕਿਹਾ ਗਿਆ ਹੈ ਕਿ ਸ਼ਾਂਤਮਈ ਢੰਗ ਨਾਲ ਆਪਣੀ ਰਾਇ ਪ੍ਰਗਟ ਕਰਨਾ, ਲੋਕ-ਮੁੱਦਿਆਂ ਲਈ ਸੰਘਰਸ਼ ਕਰਨਾ ਅਤੇ ਜਮਹੂਰੀ ਹੱਕਾਂ ਦੀ ਵਰਤੋਂ ਕਰਨਾ ਹਰ ਨਾਗਰਿਕ ਦਾ ਸੰਵਿਧਾਨਕ ਹੱਕ ਹੈ। ਅਸਹਿਮਤੀ ਦੀ ਆਵਾਜ਼ ਨੂੰ ਪੁਲਸ ਬਲ ਜਾਂ ਹਿੰਸਾ ਰਾਹੀਂ ਕੁਚਲਣ ਦੀ ਹਰ ਕੋਸ਼ਿਸ਼ ਜਮਹੂਰੀਅਤ ਦੀ ਰੂਹ ਅਤੇ ਸੰਵਿਧਾਨ ਦੀ ਭਾਵਨਾ ਦੇ ਉਲਟ ਹੈ, ਜਿਸ ਦਾ ਹਰ ਜਮਹੂਰੀ ਸ਼ਕਤੀ ਵੱਲੋਂ ਡਟ ਕੇ ਵਿਰੋਧ ਕੀਤਾ ਜਾਣਾ ਚਾਹੀਦਾ ਹੈ।ਕੇਂਦਰੀ ਪੰਜਾਬੀ ਲੇਖਕ ਸਭਾ (ਰਜਿ.) ਨੇ ਪੰਜਾਬ ਦੇ ਸਮੂਹ ਲੇਖਕਾਂ, ਕਵੀਆਂ, ਕਹਾਣੀਕਾਰਾਂ, ਨਾਟਕਕਾਰਾਂ, ਆਲੋਚਕਾਂ, ਪੱਤਰਕਾਰਾਂ ਅਤੇ ਸਾਹਿਤਕ-ਸੱਭਿਆਚਾਰਕ ਕਾਰਕੁਨਾਂ ਨੂੰ ਅਪੀਲ ਕੀਤੀ ਹੈ ਕਿ ਉਹ 25 ਜੁਲਾਈ ਨੂੰ ਦੇਸ਼ ਭਗਤ ਯਾਦਗਾਰ, ਜਲੰਧਰ ਵਿਖੇ ਹੋਣ ਵਾਲੇ ਇਸ ਧਰਨੇ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਮੂਲੀਅਤ ਕਰਕੇ ਜਮਹੂਰੀ ਹੱਕਾਂ, ਨਾਗਰਿਕ ਆਜ਼ਾਦੀਆਂ ਅਤੇ ਸੰਵਿਧਾਨਕ ਕਦਰਾਂ-ਕੀਮਤਾਂ ਦੀ ਰਾਖੀ ਲਈ ਆਪਣੀ ਇੱਕਜੁੱਟਤਾ ਦਾ ਪ੍ਰਗਟਾਵਾ ਕਰਨ।

## ਸਰਕਾਰੀ ਕੰਨਿਆ ਸਕੂਲ ਦੀਆਂ ਵਿਦਿਆਰਥਣਾਂ ਨੂੰ ਸਕੂਲ ਬੈਗ ਦੀ ਕੀਤੀ ਵੰਡ



ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ) ਪੰਜਾਬ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਵਿੱਚ ਪੜ੍ਹਦੇ ਵਿਦਿਆਰਥੀਆਂ ਨੂੰ ਗੁਣਵੱਤਾ ਭਰਪੂਰ ਸਿੱਖਿਆ ਅਤੇ ਲੋੜੀਂਦੀਆਂ ਸਹੂਲਤਾਂ ਪ੍ਰਦਾਨ ਕਰਨ ਦੇ ਉਦੇਸ਼ ਨਾਲ ਚਲਾਈ ਜਾ ਰਹੀ ਮੁਹਿੰਮ ਤਹਿਤ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ, ਸ੍ਰੀ ਅਨੰਦਪੁਰ ਸਾਹਿਬ ਵਿਖੇ ਸਰਕਾਰੀ ਸਕੂਲ ਦੀਆਂ ਵਿਦਿਆਰਥਣਾਂ ਨੂੰ ਸਕੂਲ ਬੈਗ ਵੰਡੇ ਗਏ।

ਇਸ ਮੌਕੇ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੀ ਮਾਤਾ ਬਲਵਿੰਦਰ ਕੌਰ ਬੈਂਸ ਵਿਸ਼ੇਸ਼ ਤੌਰ 'ਤੇ ਸਮਾਗਮ ਵਿੱਚ ਸ਼ਾਮਲ ਹੋਏ।ਸਮਾਗਮ ਦੌਰਾਨ ਜ਼ਿਲ੍ਹਾ ਸਿੱਖਿਆ ਅਫ਼ਸਰ (ਪ੍ਰਾਇਮਰੀ) ਰੂਪਨਗਰ ਸ਼ਮਸ਼ੇਰ ਸਿੰਘ ਅਤੇ ਬਲਵਿੰਦਰ ਕੌਰ ਬੈਂਸ ਵੱਲੋਂ ਸਰਕਾਰੀ ਕੰਨਿਆ ਸੀਨੀ.ਸੈਕੰਡਰੀ ਸਕੂਲ ਵਿਖੇ ਵਿਦਿਆਰਥਣਾਂ ਨੂੰ ਸਕੂਲ ਬੈਗ ਵੰਡੇ ਅਤੇ ਵਿਦਿਆਰਥਣਾਂ ਨੂੰ ਮਨ ਲਾ ਕੇ ਪੜ੍ਹਾਈ ਕਰਨ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਬਲਵਿੰਦਰ ਕੌਰ ਬੈਂਸ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਮੁੱਖ ਉਦੇਸ਼ ਸਰਕਾਰੀ ਸਕੂਲਾਂ ਨੂੰ ਹਰ ਪੱਖੋਂ ਮਜ਼ਬੂਤ ਬਣਾਉਣਾ ਅਤੇ ਵਿਦਿਆਰਥੀਆਂ ਲਈ ਅਜਿਹਾ ਮਾਹੌਲ ਤਿਆਰ ਕਰਨਾ ਹੈ।

## 140 ਪੇਟੀਆਂ ਸ਼ਰਾਬ ਨਾਲ ਭਰਿਆ ਕੈਂਟਰ ਕਾਬੂ

ਜ਼ੀਰਕਪੁਰ (ਜਤਿੰਦਰ ਕੁਮਾਰ)- ਜ਼ੀਰਕਪੁਰ ਵਿੱਚ ਗੈਰ-ਕਾਨੂੰਨੀ ਸ਼ਰਾਬ ਦੀ ਤਸਕਰੀ ਖ਼ਿਲਾਫ਼ ਆਬਕਾਰੀ ਵਿਭਾਗ ਅਤੇ ਪੁਲਿਸ ਨੇ ਸਾਂਝੀ ਕਾਰਵਾਈ ਕਰਦਿਆਂ 140 ਪੇਟੀਆਂ ਸ਼ਰਾਬ ਨਾਲ ਭਰਿਆ ਇੱਕ ਕੈਂਟਰ ਕਾਬੂ ਕੀਤਾ ਹੈ। ਕਾਰਵਾਈ ਦੌਰਾਨ ਸ਼ਰਾਬ ਦੀਆਂ ਬੋਤਲਾਂ 'ਤੇ ਲੱਗੇ ਕਿਉ ਆਰ ਕੋਡ ਨਾਲ ਛੇੜਛਾੜ ਅਤੇ ਸ਼ੱਕੀ ਹੋਲੋਗ੍ਰਾਮ ਮਿਲਣ ਕਾਰਨ ਮਾਮਲਾ ਹੋਰ ਵੀ ਗੰਭੀਰ ਹੋ ਗਿਆ ਹੈ।ਸ਼ੁਰੂਆਤੀ ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਬਰਾਮਦ ਕੀਤੀ ਗਈ ਸ਼ਰਾਬ ਸਿਰਫ਼ ਯੂ ਟੀ ਚੰਡੀਗੜ੍ਹ ਵਿੱਚ ਵਿਕਰੀ ਲਈ ਮਨਜ਼ੂਰਸ਼ੁਦਾ ਸੀ, ਪਰ ਇਸ ਨੂੰ ਕਥਿਤ ਤੌਰ 'ਤੇ ਗੈਰ-ਕਾਨੂੰਨੀ ਢੰਗ ਨਾਲ ਪੰਜਾਬ ਵਿੱਚ ਖਪਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਸੀ। ਇਸ ਕਾਰਵਾਈ ਤੋਂ ਬਾਅਦ ਇੱਕ ਵਾਰ ਫਿਰ ਸਵਾਲ ਉੱਠ ਰਹੇ ਹਨ ਕਿ ਚੰਡੀਗੜ੍ਹ ਲਈ ਨਿਰਧਾਰਤ ਸ਼ਰਾਬ ਪੰਜਾਬ ਤੱਕ ਕਿਵੇਂ ਪਹੁੰਚ ਰਹੀ ਹੈ ਅਤੇ ਇਸ ਦੇ ਪਿੱਛੇ ਕਿਹੜਾ ਨੈੱਟਵਰਕ ਸਰਗਰਮ ਹੈ। ਪੁਲਿਸ ਨੇ ਕੈਂਟਰ ਚਾਲਕ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਉਸ ਦੀ ਪਛਾਣ ਅਮਨ ਪੁੱਤਰ ਜਹਾਂਗੀਰ, ਵਾਸੀ ਵਿਕਾਸ ਨਗਰ, ਪਾਣੀਪਤ (ਹਰਿਆਣਾ) ਵਜੋਂ ਹੋਈ ਹੈ।ਮੁਲਜ਼ਮ ਖ਼ਿਲਾਫ਼ ਜ਼ੀਰਕਪੁਰ ਥਾਣੇ ਵਿੱਚ ਪੰਜਾਬ ਆਬਕਾਰੀ ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ।



## ਸਿੰਘ ਸ਼ਹੀਦਾਂ ਸੋਹਾਣਾ ਵਿਖੇ ਮੀਰੀ ਪੀਰੀ ਦਿਵਸ ਅੱਜ

ਮੋਹਾਲੀ: (ਗੁਰਜੀਤ ਬਿੱਲਾ) ਧੰਨ ਧੰਨ ਅਮਰ ਸ਼ਹੀਦ ਜੱਥੇਦਾਰ ਬਾਬਾ ਹਨੂੰਮਾਨ ਸਿੰਘ ਦੇ ਸ਼ਹੀਦੀ ਅਸਥਾਨ ਗੁਰਦੁਆਰਾ ਸਿੰਘ ਸ਼ਹੀਦਾਂ ਵਿਖੇ ਛੇਵੇ ਪਾਤਸਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਦਾ ਮੀਰੀ ਪੀਰੀ ਦਿਵਸ ਅਤੇ ਦਸਵੀਂ ਦਾ ਸ਼ੁੱਭ ਦਿਹਾੜਾ ਮਿਤੀ 24 ਜੁਲਾਈ ਨੂੰ ਬੜੀ ਸ਼ਰਧਾ ਭਾਵਨਾ ਨਾਲ ਉਤਸ਼ਾਹ ਪੂਰਵਕ ਮਨਾਇਆ ਜਾਵੇਗਾ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਬੁਲਾਰੇ ਨੇ ਦੱਸਿਆ ਕਿ ਇਸ ਦਿਨ ਸਵੇਰੇ 9:00 ਵਜੇ ਸ੍ਰੀ ਸਿਹਜ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ।

## ਸਫਾਈ ਕਰਮਚਾਰੀਆਂ 'ਤੇ ਹੋਏ ਲਾਠੀਚਾਰਜ ਦੀ ਸਖ਼ਤ ਸ਼ਬਦਾਂ 'ਚ ਨਿਖੇਧੀ



ਪੋਜੇਵਾਲ (ਰਾਮ ਲਾਲ): ਬਲਾਚੌਰ ਕਾਂਗਰਸ ਦੇ ਸੀਨੀਅਰ ਆਗੂ ਲਾਲ ਬਹਾਦੁਰ ਗਾਂਧੀ, ਧਰਮ ਪਾਲ, ਜਿੰਦਰ ਧੋਲ, ਬਾਬਾ ਕੁਲਦੀਪ ਕੁਮਾਰ, ਦਿਨੇਸ਼ ਗੰਗੜ ਅਤੇ ਕੁਲਵਿੰਦਰ ਮੰਡ ਨੇ ਬਰਨਾਲਾ ਵਿਖੇ ਆਪਣੀਆਂ ਜਾਇਜ਼ ਮੰਗਾਂ ਨੂੰ ਲੈ ਕੇ ਸ਼ਾਂਤਮਈ ਢੰਗ ਨਾਲ ਰੋਸ ਪ੍ਰਦਰਸ਼ਨ ਕਰ ਰਹੇ ਸਫਾਈ ਕਰਮਚਾਰੀਆਂ 'ਤੇ ਪੁਲਸ ਵੱਲੋਂ ਕੀਤੇ ਗਏ ਲਾਠੀਚਾਰਜ ਦੀ ਨਿੰਦਾ ਕੀਤੀ ਜਾ ਰਹੀ ਹੈ।ਇਸ ਘਟਨਾ ਨੂੰ ਲੋਕਤੰਤਰੀ ਹੱਕਾਂ 'ਤੇ ਸਿੱਧਾ ਹਮਲਾ ਕਰਾਰ ਦਿੰਦਿਆਂ ਸਮਾਜਿਕ ਅਤੇ ਜਨਤਕ ਜਥੇਬੰਦੀਆਂ ਨੇ ਇਸ ਦਾ ਸਖ਼ਤ ਸ਼ਬਦਾਂ ਵਿੱਚ ਵਿਰੋਧ ਕੀਤਾ ਹੈ।ਇਸ ਦੇ ਨਾਲ ਹੀ ਸਫਾਈ ਕਰਮਚਾਰੀਆਂ ਦੀਆਂ ਜਾਇਜ਼ ਮੰਗਾਂ ਨੂੰ ਜਲਦ ਤੋਂ ਜਲਦ ਮੰਨ ਕੇ ਉਨ੍ਹਾਂ ਨੂੰ ਇਨਸਾਫ਼ ਦਿੱਤਾ ਜਾਵੇ।

## ਫੈਕਟਰੀ ਨੂੰ ਜਿੰਦਰੇ ਲਗਾਉਣ ਕਾਰਨ ਵਰਕਰ ਫਾਕੇ ਕੱਟਣ ਲਈ ਮਜਬੂਰ

ਬਲਾਚੌਰ (ਜਸਵਿੰਦਰ ਬੈਂਸ)- ਸ੍ਰੀਆਂਸ ਪੇਪਰ ਮਿਲ ਬਨਾਂ ਦੀ ਮੈਨੇਜਮੈਂਟ ਵੱਲੋਂ ਫੈਕਟਰੀ ਦੇ ਸਾਰੇ ਹੀ ਗੇਟਾਂ ਨੂੰ ਜਿੰਦਰੇ ਲਗਾਉਣ ਦੀ ਨਿਖੇਧੀ ਕਰਦਿਆਂ ਸੀਟੂ ਦੇ ਸੂਬਾਈ ਜਨਰਲ ਸਕੱਤਰ ਮਹਾਂ ਸਿੰਘ ਰੌੜੀ ਨੇ ਕਿਹਾ ਪ੍ਰੈਸ ਬਿਆਨ ਜਾਰੀ ਕਰਦੇ ਹੋਏ ਕਿਹਾ ਕਿ ਮੈਨੇਜਮੈਂਟ ਨੇ ਫੈਕਟਰੀ ਨੂੰ ਜਿੰਦਰਾ ਲਗਾ ਕੇ ਫੈਕਟਰੀ ਐਕਟ ਨੂੰ ਛਿਕੇ ਟੰਗ ਕੇ ਜੰਗਲ ਰਾਜ ਬਣਾ ਦਿੱਤਾ ਹੈ। ਉਹਨਾਂ ਕਿਹਾ ਮੈਨੇਜਮੈਂਟ ਦੇ ਗ਼ੈਰ ਕਾਨੂੰਨੀ ਬਤੀਰੇ ਕਾਰਨ ਜਿਥੇ ਫੈਕਟਰੀ ਚ ਕੰਮ ਕਰਦੇ ਵਰਕਰ ਮਜਬੂਰੀ ਬਸ ਸੜਕ ਉਤੇ ਆ ਗਏ ਹਨ ਉਥੇ ਵਰਕਰ ਅਤੇ ਉਹਨਾਂ ਦੇ ਪਰਵਾਰ ਮਹਿੰਗਾਈ ਦੇ ਇਸ ਦੌਰ 'ਚ ਫਾਕੇ ਕੱਟਣ ਲਈ ਮਜਬੂਰ ਹੋ ਗਏ ਹਨ । ਫੈਕਟਰੀ ਮੈਨੇਜਮੈਂਟ ਦੀ ਇਸ ਗ਼ੈਰ ਕਾਨੂੰਨੀ ਤਾਲਾ ਬੰਦੀ ਕਾਰਨ ਵਰਕਰਾਂ, ਮਜਦੂਰਾਂ ਅਤੇ ਆਮ ਲੋਕਾਂ ਨੂੰ ਬਹੁਤ ਹੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ । ਕਾਮਰੇਡ ਰੌੜੀ ਨੇ ਕਿਹਾ ਕਿ ਸੀਟੂ ਲੇਬਰ ਵਿਭਾਗ ਦੇ ਅਧਿਕਾਰੀਆਂ, ਸਿਵਲ ਪ੍ਰਸ਼ਾਸਨ ਅਤੇ ਪੰਜਾਬ ਸਰਕਾਰ ਤੋਂ ਮੰਗ ਕਰਦੀ ਹੈ ਕਿ ਤੁਰੰਤ ਦਖਲ ਦੇ ਕੇ ਲਗਾਏ ਜਿੰਦਰੇ ਖੁਲਵਾ ਕੇ ਕਾਨੂੰਨ ਮੁਤਾਬਕ ਫੈਕਟਰੀ ਚਾਲੂ ਕੀਤੀ ਜਾਵੇ ਅਤੇ ਸੜਕ ਉਤੇ ਬੈਠਣ ਲਈ ਮਜਬੂਰ ਹੋਏ ਮਜਦੂਰਾਂ ਅਤੇ ਵਰਕਰਾਂ ਨੂੰ ਡਿਊਟੀ ਉਤੇ ਲਿਆ ਜਾਵੇ ।



## 'ਆਲਮੀ ਜੰਗਾਂ, ਸਾਡੇ ਮਸਲੇ ਤੇ ਹੋਂਦ' ਵਿਸ਼ੇ 'ਤੇ ਕਾਨਫਰੰਸ 9 ਨੂੰ



ਲੁਧਿਆਣਾ (ਰੈਕਟਰ ਕਥੂਰੀਆ)-ਪੰਜਾਬੀ ਸਾਹਿਤ ਅਕਾਡਮੀ ਵੱਲੋਂ ਇੰਡੀਅਨ ਡਾਕਟਰਜ਼ ਫ਼ਾਰ ਪੀਸ ਐਂਡ ਡਿਵੈਲਪਮੈਂਟ ਦੇ ਸਹਿਯੋਗ ਨਾਲ 9 ਅਗਸਤ ਨੂੰ ਪੰਜਾਬੀ ਭਵਨ ਵਿਖੇ ਅਮਨ ਕਾਨਫ਼ਰੰਸ ਕਰਾਈ ਜਾ ਰਹੀ ਹੈ।ਪੰਜਾਬੀ ਸਾਹਿਤ ਅਕਾਡਮੀ ਦੇ ਪ੍ਰਧਾਨ ਡਾ. ਸਰਬਜੀਤ ਸਿੰਘ ਨੇ ਦੱਸਿਆ ਕਿ ਅਮਨ ਕਾਨਫ਼ਰੰਸ ਵਿਚ ਹੀਰੋਸ਼ੀਮਾ ਤੇ ਨਾਗਾਸਾਕੀ 'ਤੇ ਹੋਏ ਪ੍ਰਮਾਣੂ ਹਮਲੇ ਦੇ ਪੀੜਤਾਂ ਨੂੰ ਸ਼ਰਧਾਂਜਲੀ ਭੇਟ ਕਰਨ ਲਈ 'ਆਲਮੀ ਜੰਗਾਂ, ਸਾਡੇ ਮਸਲੇ ਅਤੇ ਹੋਂਦ' ਵਿਸ਼ੇ 'ਤੇ ਕਾਨਫ਼ਰੰਸ ਆਯੋਜਤ ਕੀਤੀ ਜਾਵੇਗੀ।ਆਈ.ਡੀ.ਪੀ.ਡੀ. ਦੇ ਪ੍ਰਧਾਨ ਡਾ. ਅਰੁਣ ਮਿੱਤਰਾ ਨੇ ਕਿਹਾ ਕਿ ਯੁੱਧ ਕਾਰਨ ਵਾਤਾਵਰਣ ਨਾਲ ਖਿਲਵਾੜ ਹੋ ਰਿਹਾ ਹੈ।ਯੁੱਧ ਨਾਲ ਜੰਗਲਾਂ 'ਚ ਅੱਗ ਲੱਗਣ ਦੀਆਂ ਘਟਨਾਵਾਂ ਵਧੀਆਂ ਹਨ।ਉਨ੍ਹਾਂ ਦੱਸਿਆ ਕਾਨਫ਼ਰੰਸ ਮੌਕੇ ਹੀਰੋਸ਼ੀਮਾ ਤੇ ਨਾਗਾਸਾਕੀ ਬਾਰੇ ਡਾਕੂਮੈਂਟਰੀ ਫ਼ਿਲਮਾਂ ਵੀ ਵਿਖਾਈਆਂ ਜਾਣਗੀਆਂ।ਇਕ ਤਿਆਰੀ ਮੀਟਿੰਗ 29 ਜੁਲਾਈ ਨੂੰ ਫੇਰ ਪੰਜਾਬੀ ਭਵਨ 'ਚ ਹੋਵੇਗੀ।ਅਕਾਡਮੀ ਦੇ ਸੀਨੀਅਰ ਮੀਤ ਪ੍ਰਧਾਨ ਡਾ. ਪਾਲ ਕੌਰ ਨੇ ਕਿਹਾ ਕਿ ਅੱਜ-ਕੱਲ੍ਹ ਦੇ ਮਾਹੌਲ ਵਿੱਚ ਇਹੋ ਜਿਹੀਆਂ ਕਾਨਫ਼ਰੰਸਾਂ ਦਾ ਹੋਣ ਲਾਜ਼ਮੀ ਹੈ।ਪੰਜਾਬੀ ਸਾਹਿਤ ਅਕਾਡਮੀ ਦੇ ਜਨਰਲ ਸਕੱਤਰ ਡਾ. ਗੁਲਜ਼ਾਰ ਸਿੰਘ ਪੰਧੇਰ ਨੇ ਦੱਸਿਆ ਕਿ ਉਪਰੋਕਤ ਕਾਨਫ਼ਰੰਸ ਦੀ ਤਿਆਰੀ ਲਈ ਪੰਜਾਬੀ ਭਵਨ ਵਿਚ ਮੀਟਿੰਗ ਰੱਖੀ ਗਈ, ਜਿਸ ਵਿਚ ਅਮਨ ਸ਼ਾਂਤੀ ਪਸੰਦ ਸਮੂਹ ਲੋਕਾਂ ਨੂੰ 9 ਅਗਸਤ ਨੂੰ ਹੋਣ ਵਾਲੀ ਕਾਨਫ਼ਰੰਸ 'ਚ ਸ਼ਾਮਲ ਹੋਣ ਦਾ ਖੁੱਲ੍ਹਾ ਸੱਦਾ ਦਿੱਤਾ।

## ਕਈ ਪਰਵਾਰ ਆਮ ਆਦਮੀ ਪਾਰਟੀ 'ਚ ਸ਼ਾਮਲ



ਦੋਰਾਹਾ (ਹਰਮਿੰਦਰ ਸੇਠ)-ਪਿੰਡ ਬਿਲਾਸਪੁਰ ਵਿਖੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਮਨਵਿੰਦਰ ਸਿੰਘ ਗਿਆਸਪੁਰਾ ਵਿਧਾਇਕ ਹਲਕਾ ਪਾਇਲ ਦੇ ਕੀਤੇ ਵਿਕਾਸ ਕੰਮਾਂ ਤੋਂ ਖੁਸ਼ ਹੋ ਕੇ ਕਈ ਪਰਿਵਾਰ ਕਾਂਗਰਸ ਨੂੰ ਅਲਵਿਦਾ ਆਖ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਏ। ਗਿਆਸਪੁਰਾ ਨੇ ਸਿਰੋਪਾ ਦੇ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਕਰਵਾਇਆ। ਸ਼ਾਮਿਲ ਹੋਣ ਵਾਲਿਆਂ ਵਿੱਚ ਡਾਕਟਰ ਫਕੀਰ ਮੁਹੰਮਦ, ਇਮਾਨਾ ਜਾਵੇਦ, ਅਖਤਰ ਮੁਹੰਮਦ, ਰਸੀਦਨ ਮੀਨਾ, ਸੀਮਾ ਅਰਮਾਨ, ਸਹਿਵਾਜ ਆਪਨਾ, ਬੇਅੰਤ ਸਿੰਘ, ਹਰਦੀਪ ਸਿੰਘ, ਹਰਜੋਤ ਸਿੰਘ, ਸੁਖਪ੍ਰੀਤ ਸਿੰਘ, ਹਰਮਨ ਸਿੰਘ, ਹਰਜਿੰਦਰ ਸਿੰਘ, ਅਮਰਜੀਤ ਸਿੰਘ, ਕਰਮਜੀਤ ਸਿੰਘ, ਜੋਤ ਸਿੰਘ, ਸਤਿਨਾਮ ਸਿੰਘ, ਪਵਨਪ੍ਰੀਤ ਸਿੰਘ, ਜਗਜੀਤ ਸਿੰਘ, ਅਮਨਦੀਪ ਸਿੰਘ, ਮਨਜੋਤ ਸਿੰਘ, ਰਮਨਦੀਪ ਸਿੰਘ, ਚਰਨਜੀਤ ਕੌਰ, ਹਰਦੀਪ ਸਿੰਘ, ਪਰਮਜੀਤ ਕੌਰ, ਆਦਿ ਸ਼ਾਮਲ ਹਨ।

# ਨਵੇਂ ਰਾਸ਼ਨ ਕਾਰਡ ਬਣਾਉਣ ਤੇ ਰਾਸ਼ਨ ਕਾਰਡਾਂ 'ਚ ਮੈਂਬਰ ਸ਼ਾਮਲ ਕਰਨ ਲਈ ਅਰਜ਼ੀਆਂ 11 ਤੱਕ ਲਈਆਂ ਜਾਣਗੀਆਂ : ਡਾ. ਰਵਿੰਦਰ ਕੌਰ



ਸਮਾਣਾ/ਪਟਿਆਲਾ (ਇਕਬਾਲ ਸਿੰਘ ਬੱਲ, ਰਾਜਿੰਦਰ ਸਿੰਘ ਥਿੰਦ)

ਪਟਿਆਲਾ ਦੇ ਜ਼ਿਲ੍ਹਾ ਕੰਟਰੋਲਰ, ਖੁਰਾਕ, ਸਿਵਲ ਸਪਲਾਈਜ਼ ਤੇ ਖਪਤਕਾਰ ਮਾਮਲੇ ਡਾ. ਰਵਿੰਦਰ ਕੌਰ ਨੇ ਦੱਸਿਆ ਕਿ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਵੱਲੋਂ ਕੀਤੇ ਐਲਾਨ ਤੇ ਪੰਜਾਬ ਸਰਕਾਰ ਵੱਲੋਂ ਲਏ ਫੈਸਲੇ ਅਨੁਸਾਰ ਨੈਸ਼ਨਲ ਫੂਡ ਸਕਿਉਰਿਟੀ ਐਕਟ, 2013/ਸਮਾਰਟ ਰਾਸ਼ਨ ਕਾਰਡ ਸਕੀਮ ਅਧੀਨ ਨਵੇਂ ਰਾਸ਼ਨ ਕਾਰਡ ਬਣਾਉਣ ਤੇ ਮੌਜੂਦਾ ਰਾਸ਼ਨ ਕਾਰਡਾਂ ਵਿੱਚ ਮੈਂਬਰ ਸ਼ਾਮਲ ਕਰਨ ਲਈ ਆਨਲਾਈਨ ਅਰਜ਼ੀਆਂ ਪ੍ਰਾਪਤ ਕੀਤੀਆਂ ਜਾਣੀਆਂ ਹਨ।ਉਨ੍ਹਾਂ ਦੱਸਿਆ ਕਿ ਇਸ ਪਹਿਲਕਦਮੀ ਦਾ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਯੋਗ ਪਰਿਵਾਰਾਂ/ਲਾਭਪਾਤਰੀਆਂ ਨੂੰ ਇੱਕ ਪਾਰਦਰਸ਼ੀ, ਨਿਰਪੱਖ ਤੇ ਤਕਨਾਲੋਜੀ-ਅਧਾਰਤ ਪ੍ਰਕਿਰਿਆ ਰਾਹੀਂ ਸ਼ਾਮਲ ਕੀਤਾ ਜਾਵੇ।ਨਵੇਂ ਰਾਸ਼ਨ ਕਾਰਡ ਬਣਾਉਣ ਜਾਂ ਮੌਜੂਦਾ ਰਾਸ਼ਨ ਕਾਰਡਾਂ ਵਿੱਚ ਮੈਂਬਰ ਸ਼ਾਮਲ ਕਰਨ ਲਈ ਫਾਰਮ, ਅੰਗਰੇਜ਼ੀ ਤੇ ਪੰਜਾਬੀ ਭਾਸ਼ਾ ਵਿੱਚ ਵਿਭਾਗੀ ਵੈੱਬਸਾਇਟ http://foodsuppb.gov.in ਤੋਂ ਡਾਊਨਲੋਡ ਕੀਤੇ ਜਾ ਸਕਦੇ ਹਨ।

ਡਾ. ਰਵਿੰਦਰ ਕੌਰ ਨੇ ਦੱਸਿਆ ਕਿ ਬਿਨੈਕਾਰ ਫਾਰਮ ਭਰਨ ਤੋਂ ਪਹਿਲਾਂ ਫਾਰਮ ਦੇ ਨਾਲ ਦਿੱਤੀਆਂ ਹਦਾਇਤਾਂ ਨੂੰ ਧਿਆਨ ਨਾਲ ਪੜ੍ਹਨ ਤੇ ਲੋੜੀਂਦੇ ਦਸਤਾਵੇਜ਼ਾਂ ਸਮੇਤ ਹੀ ਮੁਕੰਮਲ ਅਰਜ਼ੀ ਜਮ੍ਹਾਂ ਕਰਵਾਉਣ।ਬਿਨੈਕਾਰ ਆਪਣੀਆਂ ਅਰਜ਼ੀਆਂ ਨਜ਼ਦੀਕੀ ਸੇਵਾ ਕੇਂਦਰ/ਕਾਮਨ ਸਰਵਿਸ ਸੈਂਟਰ (ਸੀਐੱਸਸੀ) ਜਾ ਕੇ ਆਨਲਾਇਨ ਜਮ੍ਹਾਂ ਕਰਵਾ ਸਕਦਾ ਹੈ।ਸੇਵਾ ਕੇਂਦਰ/ਸੀਐੱਸਸੀ ਰਾਹੀਂ ਅਰਜ਼ੀ ਸਫਲਤਾਪੂਰਵਕ ਜਮ੍ਹਾਂ ਹੋਣ 'ਤੇ ਬਿਨੈਕਾਰ ਨੂੰ 100 ਰੁਪਏ ਪ੍ਰਤੀ ਫਾਰਮ ਪ੍ਰੋਸੈਸਿੰਗ ਫੀਸ ਵੀ ਜਮ੍ਹਾਂ ਕਰਵਾਉਣੀ ਪਵੇਗੀ। ਜ਼ਿਲ੍ਹਾ ਕੰਟਰੋਲਰ, ਖੁਰਾਕ, ਸਿਵਲ ਸਪਲਾਈਜ਼ ਤੇ ਖਪਤਕਾਰ ਮਾਮਲੇ ਨੇ ਹੋਰ ਕਿਹਾ ਕਿ ਬਿਨੈਕਾਰ ਆਪਣੀ ਅਰਜ਼ੀ ਖ਼ੁਦ ਵੀ ਸਿੱਧੇ ਤੌਰ 'ਤੇ https://ercms.punjab.gov.in ਪੋਰਟਲ ਰਾਹੀਂ ਆਨਲਾਈਨ ਜਮ੍ਹਾਂ ਕਰਵਾ ਸਕਦੇ ਹਨ ਤੇ ਫਾਰਮ ਆਨਲਾਈਨ ਜਮ੍ਹਾਂ ਕਰਵਾਉਣ ਲਈ ਬਿਨੈਕਾਰ ਨੂੰ ਕੋਈ ਵੀ ਫੀਸ ਨਹੀਂ ਦੇਣੀ ਪਵੇਗੀ।ਇਸ ਤੋਂ ਇਲਾਵਾ ਬਿਨੈਕਾਰ ਆਪਣਾ ਫਾਰਮ ਸਮੇਤ ਦਸਤਾਵੇਜ਼ ਤੇ 100 ਰੁਪਏ ਪ੍ਰਤੀ ਫਾਰਮ ਫੀਸ ਜ਼ਿਲ੍ਹਾ ਕੰਟਰੋਲਰ, ਖੁਰਾਕ ਸਿਵਲ ਸਪਲਾਇਜ਼ ਤੇ ਖਪਤਕਾਰ ਮਾਮਲੇ, ਪਟਿਆਲਾ ਦੇ ਦਫ਼ਤਰ ਦੇ ਕਮਰਾ ਨੰਬਰ ਨੰਬਰ 417, ਏ ਬਲਾਕ ਮਿੰਨੀ ਸਕੱਤਰੇਤ ਪਟਿਆਲਾ ਵਿਖੇ ਵੀ ਜਮ੍ਹਾਂ ਕਰਵਾ ਸਕਦਾ ਹੈ।ਫਾਰਮ ਸਫਲਤਾਪੂਰਵਕ ਆਨਲਾਇਨ ਜਮ੍ਹਾਂ ਹੋਣ 'ਤੇ ਬਿਨੈਕਾਰ ਨੂੰ ਉਸ ਦੇ ਮੋਬਾਇਲ ਨੰਬਰ 'ਤੇ ਫਾਰਮ ਪ੍ਰਾਪਤੀ ਦਾ ਮੈਸਜ ਸਮੇਤ ਰਸੀਦ ਨੰਬਰ ਪ੍ਰਾਪਤ ਹੋਵੇਗਾ।

ਉਨ੍ਹਾਂ ਅੱਗੇ ਦੱਸਿਆ ਕਿ ਅਰਜ਼ੀਆਂ 22 ਜੁਲਾਈ 2026 ਤੋਂ ਲੈ ਕੇ 11 ਅਗਸਤ 2026 ਦੌਰਾਨ ਹੀ ਪ੍ਰਾਪਤ ਕੀਤੀਆਂ ਜਾਣਗੀਆਂ ਤੇ ਬਿਨੈਕਾਰ ਕਿਸੇ ਵੀ ਕੰਮਕਾਜੀ ਦਿਨ ਦੌਰਾਨ ਸਵੇਰੇ 9 ਵਜੇ ਤੋਂ ਸ਼ਾਮ 5 ਵਜੇ ਤੱਕ ਆਨਲਾਇਨ ਵਿਧੀ ਰਾਹੀਂ ਸੇਵਾ ਕੇਂਦਰ/ਕਾਮਨ ਸਰਵਿਸ ਸੈਂਟਰ ਵਿਖੇ ਜਾਂ ਆਫਲਾਇਨ ਵਿਧੀ ਰਾਹੀਂ ਜ਼ਿਲ੍ਹਾ ਕੰਟਰੋਲਰ ਖੁਰਾਕ ਸਿਵਲ ਸਪਲਾਈਜ਼ ਤੇ ਖਪਤਕਾਰ ਮਾਮਲੇ ਪਟਿਆਲਾ ਦੇ ਦਫਤਰ ਵਿਖੇ ਫਾਰਮ ਜਮ੍ਹਾਂ ਕਰਵਾ ਸਕਦਾ ਹੈ।ਡਾ. ਰਵਿੰਦਰ ਕੌਰ ਨੇ ਦੱਸਿਆ ਕਿ ਵਧੇਰੇ ਜਾਣਕਾਰੀ ਲਈ ਬਿਨੈਕਾਰ ਜ਼ਿਲ੍ਹਾ ਕੰਟਰੋਲਰ, ਖੁਰਾਕ, ਸਿਵਲ ਸਪਲਾਈਜ਼ ਤੇ ਖਪਤਕਾਰ ਮਾਮਲੇ ਪਟਿਆਲਾ ਦਫ਼ਤਰ (ਮੋਬਾਇਲ ਨੰਬਰ 94655-24655, 95929-92726, 97791-41428, 94175-43643, 84271-00229, 95692-70956, 98782-00096, 98551-26274, 94652-24234, 81958-17769, 89686-00493, 98148-55233, 98884-91665, 70094-88358, 97791-41552) ਜਾਂ ਨਜ਼ਦੀਕੀ ਸੇਵਾ ਕੇਂਦਰ/ਕਾਮਨ ਸਰਵਿਸ ਸੈਂਟਰ ਨਾਲ ਸੰਪਰਕ ਕਰ ਸਕਦੇ ਹਨ।

## ਪਿੰਡਾਂ 'ਚ ਗੁਰੂ ਰਵਿਦਾਸ ਜੀ ਦੇ ਜੀਵਨ ਦਰਸ਼ਨ ਦੀ ਪੇਸ਼ਕਾਰੀ



ਦੋਦਾ/ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਪਰਮਜੀਤ)-ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਤ ਚਲਾਈ ਜਾ ਰਹੀ ਰਾਜ ਪੱਧਰੀ ਜਾਗਰੂਕਤਾ ਮੁਹਿੰਮ ਤਹਿਤ ਪ੍ਰਚਾਰ ਵੈਨ ਬੀਤੀ ਸ਼ਾਮ ਬਲਾਕ ਗਿੱਦੜਬਾਹਾ ਦੇ ਪਿੰਡ ਸੂਰੇਵਾਲਾ ਤੇ ਆਸਾ ਬੁੱਟਰ ਵਿਖੇ ਪਹੁੰਚੀ।ਵੱਡੀ ਗਿਣਤੀ 'ਚ ਪਿੰਡ ਵਾਸੀਆਂ ਨੇ ਸ਼ਮੂਲੀਅਤ ਕਰਦਿਆਂ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਬਾਣੀ ਤੇ ਉਪਦੇਸ਼ਾਂ ਬਾਰੇ ਜਾਣਕਾਰੀ ਹਾਸਲ ਕੀਤੀ।ਪ੍ਰਚਾਰ ਵੈਨ ਰਾਹੀਂ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਫ਼ਲਸਫ਼ੇ ਤੇ ਉਨ੍ਹਾਂ ਵੱਲੋਂ ਦਿੱਤੇ ਮਨੁੱਖਤਾ, ਸਮਾਨਤਾ, ਸਮਾਜਿਕ ਨਿਆਂ, ਸੇਵਾ, ਭਾਈਚਾਰੇ ਤੇ ਸਦਭਾਵਨਾ ਦੇ ਸਰਬਵਿਆਪੀ ਸੰਦੇਸ਼ ਨੂੰ ਦਰਸਾਉਂਦੀ ਕਰੀਬ 30 ਮਿੰਟ ਦੀ ਪ੍ਰਭਾਵਸ਼ਾਲੀ ਡਾਕੂਮੈਂਟਰੀ ਸ਼ੋਅ ਦਾ ਪ੍ਰਦਰਸ਼ਨ ਕੀਤਾ ਗਿਆ। ਡਾਕੂਮੈਂਟਰੀ ਨੇ ਹਾਜ਼ਰ ਦਰਸ਼ਕਾਂ ਨੂੰ ਗੁਰੂ ਸਾਹਿਬ ਦੇ ਮਹਾਨ ਜੀਵਨ ਦਰਸ਼ਨ, ਸਮਾਜ ਸੁਧਾਰਕ ਵਿਚਾਰਾਂ ਤੇ ਸਮਾਜ ਵਿੱਚ ਬਰਾਬਰੀ ਤੇ ਮਨੁੱਖੀ ਅਧਿਕਾਰਾਂ ਲਈ ਉਹਨਾਂ ਦੇ ਯੋਗਦਾਨ ਨਾਲ ਨੇੜਿਓਂ ਜਾਣੂ ਕਰਾਇਆ।ਪਿੰਡ ਸੂਰੇਵਾਲਾ ਤੇ ਆਸਾ ਬੁੱਟਰ ਦੇ ਨਾਗਰਿਕਾਂ ਨੇ ਪੰਜਾਬ ਸਰਕਾਰ ਦੇ ਇਸ ਵਿਲੱਖਣ ਉਪਰਾਲੇ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੀਆਂ ਜਾਗਰੂਕਤਾ ਮੁਹਿੰਮਾਂ ਰਾਹੀਂ ਸ੍ਰੀ ਗੁਰੂ ਰਵਿਦਾਸ ਜੀ ਦੀਆਂ ਮਹਾਨ ਸਿੱਖਿਆਵਾਂ ਤੇ ਮਨੁੱਖਤਾ ਦੇ ਸੰਦੇਸ਼ ਨੂੰ ਆਮ ਲੋਕਾਂ, ਵਿਸ਼ੇਸ਼ ਤੌਰ ਤੇ ਨੌਜਵਾਨ ਪੀੜ੍ਹੀ ਤੱਕ ਪ੍ਰਭਾਵਸ਼ਾਲੀ ਢੰਗ ਨਾਲ ਪੁਚਾਇਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਦੀ ਬਾਣੀ ਅੱਜ ਵੀ ਸਮਾਜ ਨੂੰ ਸੱਚ, ਸਮਾਨਤਾ ਤੇ ਆਪਸੀ ਸਤਿਕਾਰ ਦਾ ਰਾਹ ਦਿਖਾਉਂਦੀ ਹੈ, ਜਿਸ ਨਾਲ ਸਮਾਜ ਵਿੱਚ ਭਾਈਚਾਰਾ ਅਤੇ ਸਦਭਾਵਨਾ ਹੋਰ ਮਜ਼ਬੂਤ ਹੋਵੇਗੀ।ਇਹ ਰਾਜ ਪੱਧਰੀ ਜਾਗਰੂਕਤਾ ਮੁਹਿੰਮ ਸ੍ਰੀ ਮੁਕਤਸਰ ਸਾਹਿਬ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿੱਚ ਲਗਾਤਾਰ ਜਾਰੀ ਰਹੇਗੀ ਤਾਂ ਜੁ ਵੱਧ ਤੋਂ ਵੱਧ ਲੋਕ ਸ਼੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਉਪਦੇਸ਼ਾਂ ਅਤੇ ਸਮਾਜ ਨੂੰ ਦਿੱਤੇ ਅਮੁੱਲੇ ਯੋਗਦਾਨ ਤੋਂ ਜਾਣੂ ਹੋ ਸਕਣ।

## ਮਾਨਵ ਸੇਵਾ ਉੱਤਮ ਸੇਵਾ ਨਾਭਾ ਵੱਲੋਂ ਮੁਫ਼ਤ ਖ਼ੂਨ ਜਾਂਚ ਕੈਂਪ 26 ਨੂੰ

ਨਾਭਾ (ਅਮਨ ਗਰਗ)-ਮਾਨਵ ਸੇਵਾ ਉੱਤਮ ਸੇਵਾ ਨਾਭਾ ਵੱਲੋਂ ਸੀਨੀਅਰ ਸਿਟੀਜਨ ਵੈੱਲਫੇਅਰ ਐਸੋਸੀਏਸ਼ਨ ਨਾਭਾ ਦੇ ਸਹਿਯੋਗ ਨਾਲ ਮੁਫ਼ਤ ਖ਼ੂਨ ਜਾਂਚ ਕੈਂਪ ਲਗਾਇਆ ਜਾ ਰਿਹਾ ਹੈ।ਇਸ ਕੈਂਪ ਦੀ ਜਾਣਕਾਰੀ ਦਿੰਦਿਆਂ ਸੰਸਥਾ ਦੇ ਮੁੱਖ ਸੇਵਾਦਾਰ ਵਿਕਾਸ ਮਿੱਤਲ ਤੇ ਪ੍ਰਧਾਨ ਚਰਨਜੀਤ ਸਿੰਘ ਵਿਰਕ ਨੇ ਦੱਸਿਆ ਕਿ ਇਹ ਕੈਂਪ 26 ਜੁਲਾਈ ਐਤਵਾਰ ਨੂੰ ਸਵੇਰੇ 6:00 ਵਜੇ ਤੋਂ 8:00 ਵਜੇ ਤੱਕ ਨਜ਼ਦੀਕ ਸ਼ਿਵ ਮੰਦਿਰ, ਕਰੌਂਦ ਕਲੋਨੀ, ਗਰਿੱਡ ਚੌਕ ਨਾਭਾ ਵਿਖੇ ਲਗਾਇਆ ਜਾਵੇਗਾ।ਉਨ੍ਹਾਂ ਕਿਹਾ ਕਿ ਕੈਂਪ ਵਿੱਚ ਡਾਕਟਰ ਕੰਗਜ਼ ਲੈਬ ਵਲੋਂ ਕਿਡਨੀ, ਲੀਵਰ ਤੇ ਲਿਪਿਡ ਪ੍ਰੋਫਾਈਲ ਸਮੇਤ ਮਹੱਤਵਪੂਰਨ ਖ਼ੂਨ ਦੀਆਂ ਜਾਂਚਾਂ ਮੁਫ਼ਤ ਕੀਤੀਆਂ ਜਾਣਗੀਆਂ।ਉਨ੍ਹਾਂ ਹਲਕਾ ਵਾਸੀਆਂ ਨੂੰ ਬੇਨਤੀ ਕੀਤੀ ਕਿ ਉਹ ਇਸ ਸੁਵਿਧਾ ਦਾ ਵੱਧ ਤੋਂ ਵੱਧ ਲਾਭ ਉਠਾਉਣ। ਇਸ ਮੌਕੇ ਸੁਨੀਲ ਗੁਪਤਾ, ਅੰਕੁਰ ਸਿੰਗਲਾ, ਰਜਿੰਦਰ ਸਿੰਘ, ਨਰਿੰਦਰ ਮੋਹਣ ਸ਼ਰਮਾ, ਵਰੁਣ ਸਿੰਗਲਾ, ਸਾਹਿਲ ਗੁਪਤਾ, ਦੀਪਕ ਲੱਕੀ, ਕਰਨ ਸਿੰਗਲਾ, ਨਰੇਸ਼ ਕੁਮਾਰ ਸਾਬਕਾ ਸੀਨੀਅਰ ਸਲਾਹਕਾਰ, ਦਰਸ਼ਨ ਸਿੰਘ ਦਰਸ਼ਨੀ ਸੀਨੀਅਰ ਮੀਤ ਪ੍ਰਧਾਨ, ਗੁਰਵਿੰਦਰਜੀਤ ਸਿੰਘ ਸੇਠੀ ਪ੍ਰੈੱਸ ਸਕੱਤਰ, ਗੁਰਜਿੰਦਰ ਸਿੰਘ, ਰਕੇਸ਼ ਸਿੰਘ ਜਨਰਲ ਸਕੱਤਰ, ਅਜੇ ਗਰਗ ਕੈਸ਼ੀਅਰ, ਬਲਵਿੰਦਰ ਸਿੰਘ, ਮਲਕੀਤ ਸਿੰਘ ਆਦਿ ਹਾਜ਼ਰ ਸਨ।

## ਸਫਾਈ ਅਪਣਾਓ ਬਿਮਾਰੀ ਭਜਾਓ ਮੁਹਿੰਮ ਤਹਿਤ ਜਾਗਰੂਕਤਾ ਅਭਿਆਨ



ਕੋਟ ਈਸੇ ਖਾਂ (ਅਰੋੜਾ)-ਮਾਨਯੋਗ ਵਧੀਕ ਡਿਪਟੀ ਕਮਿਸ਼ਨਰ (ਜ) ਸ੍ਰੀ ਜਸਪਿੰਦਰ ਸਿੰਘ ਵੱਲੋਂ ਜਾਰੀ ਹਦਾਇਤਾਂ ਦੀ ਪਾਲਣਾ ਹਿੱਤ ਕਾਰਜ ਸਾਧਕ ਅਫਸਰ ਸ੍ਰੀ ਅਮਰਜੀਤ ਸਿੰਘ, ਨਗਰ ਪੰਚਾਇਤ ਕੋਟ ਈਸੇ ਖਾਂ ਦੀ ਯੋਗ ਅਗਵਾਈ ਹੇਠ ਨਗਰ ਪੰਚਾਇਤ ਕੋਟ ਈਸੇ ਖਾਂ ਵੱਲੋਂ ਪੀ.ਐਮ.ਸ੍ਰੀ. ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਧਰਮਕੋਟ ਰੋਡ ਕੋਟ ਈਸੇ ਖਾਂ ਵਿਖੇ ਸਫਾਈ ਅਪਣਾਓ ਬਿਮਾਰੀ ਭਜਾਓ ਮੁਹਿੰਮ ਤਹਿਤ ਵਿਦਿਆਰਥੀਆਂ ਨੂੰ ਜਾਗਰੂਕ ਕੀਤਾ ਗਿਆ, ਜਿਸ ਵਿੱਚ ਵਿਦਿਆਰਥੀਆਂ ਨੂੰ ਹੱਥ ਧੋਣ ਦੇ ਸਹੀ ਤਰੀਕੇ ਬਾਰੇ ਜਾਣੂ ਕਰਵਾਇਆ ਗਿਆ।ਇਸ ਤੋਂ ਇਲਾਵਾ ਸੋਲਿਡ ਵੇਸਟ ਮੈਨੇਜਮੈਂਟ ਰੂਲਜ਼ 2026 ਤਹਿਤ ਜਾਰੀ ਹਦਾਇਤਾਂ ਅਨੁਸਾਰ ਸਕੂਲੀ ਵਿਦਿਆਰਥੀਆਂ ਤੇ ਅਧਿਆਪਕਾਂ ਨੂੰ ਹਰੇ, ਨੀਲੇ, ਲਾਲ ਅਤੇ ਕਾਲੇ ਡਸਟਬਿਨ ਵਿੱਚ ਅਲੱਗ-ਅਲੱਗ ਰੱਖਣ ਵਾਲੀ ਵੇਸਟ ਬਾਰੇ ਜਾਗਰੂਕ ਕੀਤਾ।ਇਸ ਮੌਕੇ ਸ੍ਰੀ ਪ੍ਰਦੀਪ ਕੁਮਾਰ ਸੈਨੇਟਰੀ ਇੰਸਪੈਕਟਰ, ਨਗਰ ਪੰਚਾਇਤ ਕੋਟ ਈਸੇ ਖਾਂ, ਸ੍ਰੀਮਤੀ ਸੀਮਾ ਸੀ ਐਫ (ਸਵੱਛ ਭਾਰਤ ਮਿਸ਼ਨ), ਮੋਟੀਵੇਟਰ ਸ੍ਰੀਮਤੀ ਗੀਤਾ ਰਾਣੀ, ਸਿਮਰਨ ਹਾਜ਼ਰ ਸਨ।

## ਰੋਟਰੈਕਟ ਕਲੱਬ ਗ੍ਰੇਟਰ ਦੇ ਨਵੇਂ ਚੁਣੇ ਪ੍ਰਧਾਨ ਤੇ ਟੀਮ ਦਾ ਤਾਜਪੋਸ਼ੀ ਸਮਾਗਮ



ਨਾਭਾ (ਅਮਨ ਗਰਗ)-ਰੋਟਰੈਕਟ ਕਲੱਬ ਨਾਭਾ ਗ੍ਰੇਟਰ ਦੇ ਨਵੇਂ ਚੁਣੇ ਗਏ ਪ੍ਰਧਾਨ ਰਾਹੁਲ ਸਿੰਗਲਾ ਤੇ ਉਨ੍ਹਾਂ ਦੀ ਟੀਮ ਦਾ ਤਾਜਪੋਸ਼ੀ ਸਮਾਗਮ ਨਿੱਜੀ ਹੋਟਲ ਕਲੱਬੀ ਵਿਖੇ ਕਰਵਾਇਆ ਗਿਆ।ਇਸ ਸਮਾਗਮ ਦੇ ਮੁੱਖ ਮਹਿਮਾਨ ਰੋਟੇਰੀਅਨ ਸੀ ਏ ਅਮਿਤ ਸਿੰਗਲਾ, ਜ਼ਿਲ੍ਹਾ ਗਵਰਨਰ ਆਰ ਆਈ ਡੀ 3090 ਤੇ ਵਿਸ਼ੇਸ਼ ਮਹਿਮਾਨ ਕਸ਼ਿਸ਼ ਨਰੂਲਾ ਡੀ ਆਰ ਆਰ/ਆਰ ਆਈ ਡੀ 3090 ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਉਨ੍ਹਾਂ ਸਾਂਝੇ ਤੌਰ 'ਤੇ ਕਿਹਾ ਕਿ ਕਲੱਬ ਦਾ ਉਦੇਸ਼ ਲੋੜਵੰਦ ਦੀ ਮਦਦ ਕਰਨਾ ਹੈ।ਰੋਟਰੈਕਟ ਕਲੱਬ ਨਾਭਾ ਗ੍ਰੇਟਰ ਵੱਲੋਂ ਹਮੇਸ਼ਾ ਹੀ ਵੱਧ ਚੜ੍ਹ ਕੇ ਸਮਾਜ ਭਲਾਈ ਦੇ ਕਾਰਜ ਕੀਤੇ ਜਾਂਦੇ ਹਨ, ਜੋ ਕਿ ਸ਼ਲਾਘਾਯੋਗ ਕਦਮ ਹੈ। ਇਸ ਮੌਕੇ ਪੀ ਡੀ ਜੀ ਅਮਜਦ ਅਲੀ, ਲਲਿਤ ਸ਼ਰਮਾ, ਬ੍ਰਜੇਸ਼ ਬਾਂਸਲ, ਨਰਿੰਦਰ ਭਾਰਤੀ ਮੌਜੂਦ ਸਨ।ਨਵ-ਨਿਯੁਕਤ ਪ੍ਰਧਾਨ ਰਾਹੁਲ ਸਿੰਗਲਾ ਨੇ ਨਵੀਂ ਚੁਣੀ ਗਈ ਟੀਮ ਦਾ ਗਠਨ ਕੀਤਾ, ਜਿਸ ਵਿੱਚ ਜਨਰਲ ਸਕੱਤਰ ਕੇਸ਼ਵ ਗਰਗ, ਕੈਸ਼ੀਅਰ ਮਾਨਿਕ ਸਿੰਗਲਾ, ਵਾਈਸ ਪ੍ਰਧਾਨ ਸ਼ਾਂਤਨੂੰ ਖੰਨਾ ਤੋਂ ਇਲਾਵਾ ਸੰਦੀਪ ਸਿੰਗਲਾ ਫਾਊਂਡੇਸ਼ਨ ਚੇਅਰਮੈਨ, ਹਰੁਨ ਵਰਮਾ ਜੁਆਇੰਟ ਸਕੱਤਰ, ਤਰੁਣ ਗੁਪਤਾ ਮੈਂਬਰਸ਼ਿਪ ਚੇਅਰ, ਅਮਿਤ ਮੰਗਲਾ ਪਬਲਿਕ ਇਮੇਜ ਚੇਅਰ, ਭਾਨੂ ਜਿੰਦਲ ਇੰਟਰਨੈਸ਼ਨਲ ਸਰਵਿਸ ਡਾਇਰੈਕਟਰ, ਨਿਖਿਲ ਗਰਗ ਸਰਜੈਂਟ/ਆਰਮਜ਼ ਨੂੰ ਨਿਯੁਕਤ ਕੀਤਾ ਗਿਆ।ਨਿਯੁਕਤ ਹੋਣ ਉਪਰੰਤ ਸਾਂਝੇ ਤੌਰ 'ਤੇ ਉਨ੍ਹਾਂ ਨੇ ਸਮੂਹ ਮੈਂਬਰਾਂ ਦਾ ਤਹਿ ਦਿਲੋਂ ਧੰਨਵਾਦ ਕਰਦੇ ਹੋਏ ਕਿਹਾ ਕਿ ਮਿਲੀ ਜ਼ਿੰਮੇਵਾਰੀ ਨੂੰ ਇਮਾਨਦਾਰੀ ਤੇ ਮਿਹਨਤ ਨਾਲ ਨਿਭਾਵਾਂਗੇ।ਉਨ੍ਹਾਂ ਕਿਹਾ ਕਿ ਕਲੱਬ ਵੱਲੋਂ ਹਮੇਸ਼ਾ ਹੀ ਸਮਾਜ ਭਲਾਈ ਦੇ ਕਾਰਜ ਕੀਤੇ ਜਾਂਦੇ ਰਹੇ ਹਨ ਤੇ ਅੱਗੇ ਤੋਂ ਵੀ ਜਾਰੀ ਰਹਿਣਗੇ।ਇਸ ਮੌਕੇ ਹਿਮਾਂਸ਼ੂ ਜਿੰਦਲ, ਕਸ਼ਿਸ਼ ਨਰੂਲਾ, ਅੰਕਿਤ ਗੁਪਤਾ, ਵਨੀਤ ਬਾਂਸਲ, ਅਨੁਜ ਬਾਂਸਲ, ਰੋਬਿਨ ਅਰੋੜਾ, ਸਾਹਿਲ ਲੱਡਾ, ਵਿਵਿਤ ਜਿੰਦਲ, ਦੀਪਕ ਗੁਪਤਾ, ਗਿਆਨਤ ਸਿੰਗਲਾ, ਰਜਤ ਗਰਗ, ਮਨੀਸ਼ ਗੋਇਲ, ਲੁਕੇਸ਼ ਗੋਇਲ, ਰਵੀ ਵਰਮਾ, ਵੈਭਵ ਮੰਗਲਾ, ਵਾਸੂ ਗੋਇਲ, ਯੁਵਰਾਜ, ਕਰਨ ਨਰੂਲਾ, ਵਿਵੇਕ ਗਰਗ, ਹਿਮਾਂਸ਼ੂ ਸਿੰਗਲਾ, ਕਰਨ ਸਿੰਗਲਾ ਆਦਿ ਹਾਜ਼ਰ ਸਨ।

## ਜਪਲੀਨ ਕੌਰ ਨੇ ਪੰਜਾਬ ਸਟੇਟ ਬੈਡਮਿੰਟਨ ਟੂਰਨਾਮੈਂਟ 'ਚ ਜਿੱਤੇ ਤਿੰਨ ਸੋਨ ਤਗਮੇ



ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਡੀ ਸੀ ਐੱਮ ਇੰਟਰਨੈਸ਼ਨਲ ਸਕੂਲ ਦੀ ਹੋਨਹਾਰ ਬੈਡਮਿੰਟਨ ਖਿਡਾਰਨ ਜਪਲੀਨ ਕੌਰ ਨੇ 16 ਤੋਂ 19 ਜੁਲਾਈ ਤੱਕ ਆਯੋਜਿਤ ਦੂਜੇ ਸਬ-ਜੂਨੀਅਰ ਪੰਜਾਬ ਸਟੇਟ ਰੈਂਕਿੰਗ ਬੈਡਮਿੰਟਨ ਟੂਰਨਾਮੈਂਟ-2026 'ਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਤਿੰਨ ਸੋਨ ਤਗਮੇ ਜਿੱਤ ਕੇ ਸਕੂਲ ਅਤੇ ਮਾਪਿਆਂ ਅਤੇ ਆਪਣੇ ਜ਼ਿਲ੍ਹੇ ਦਾ ਨਾਂ ਪੂਰੇ ਪੰਜਾਬ 'ਚ ਰੋਸ਼ਨ ਕੀਤਾ ਹੈ। ਪ੍ਰਿੰਸੀਪਲ ਅਨੁਰਾਧਾ ਚੰਦੇਲ ਨੇ ਦੱਸਿਆ ਕਿ ਜਪਲੀਨ ਨੇ ਅੰਡਰ-15 ਗਰਲਜ਼ ਸਿੰਗਲਜ਼, ਅੰਡਰ-15 ਗਰਲਜ਼ ਡਬਲਜ਼ ਅਤੇ ਅੰਡਰ-17 ਗਰਲਜ਼ ਸਿੰਗਲਜ਼ ਵਰਗ 'ਚ ਸੋਨ ਤਗਮੇ ਜਿੱਤ ਕੇ ਆਪਣੀ ਪ੍ਰਤਿਭਾ, ਮਿਹਨਤ ਅਤੇ ਖੇਡ ਪ੍ਰਤੀ ਸਮਰਪਣ ਦਾ ਸ਼ਾਨਦਾਰ ਪ੍ਰਗਟਾਵਾ ਕੀਤਾ ਹੈ। ਉਨ੍ਹਾਂ ਨੇ ਕਿਹਾ ਕਿ ਇਹ ਸਫਲਤਾ ਲਗਾਤਾਰ ਅਭਿਆਸ, ਸਖ਼ਤ ਮਿਹਨਤ ਅਤੇ ਦ੍ਰਿੜ ਸੰਕਲਪ ਦਾ ਨਤੀਜਾ ਹੈ।

## ਸ਼ਹੀਦ ਕਾਮਰੇਡ ਅਵਤਾਰ ਢੁੱਡੀਕੇ ਦੀ ਬਰਸੀ ਭਲਕੇ ਮਨਾਈ ਜਾਵੇਗੀ



ਮੋਗਾ (ਇਕਬਾਲ ਸਿੰਘ ਖਹਿਰਾ)-ਭਾਰਤੀ ਕਮਿਊਨਿਸਟ ਪਾਰਟੀ ਮਾਰਕਸਵਾਦੀ ਲੈਨਿਨਵਾਦੀ (ਨਿਊ ਡੈਮੋਕਰੇਸੀ) 25 ਜੁਲਾਈ ਨੂੰ ਪਿੰਡ ਢੁੱਡੀਕੇ ਦੇ ਕਮਿਊਨਿਟੀ ਹਾਲ ਵਿੱਚ ਸ਼ਹੀਦ ਕਾਮਰੇਡ ਅਵਤਾਰ ਸਿੰਘ ਢੁੱਡੀਕੇ ਦੀ ਬਰਸੀ ਮਨਾਵੇਗੀ, ਜਿਸ ਦੀਆਂ ਤਿਆਰੀਆਂ ਜ਼ੋਰਾਂ 'ਤੇ ਚੱਲ ਰਹੀਆਂ ਹਨ ਤੇ ਪਿੰਡ ਵਾਸੀ ਵੱਡਾ ਹੁੰਗਾਰਾ ਦੇ ਰਹੇ ਹਨ।ਪ੍ਰੈੱਸ ਦੇ ਨਾਂਅ ਬਿਆਨ ਜਾਰੀ ਕਰਦਿਆਂ ਸੀ ਪੀ ਆਈ ਐੱਮ ਐੱਲ (ਨਿਊ ਡੈਮੋਕਰੇਸੀ) ਦੇ ਸੂਬਾਈ ਆਗੂ ਚਮਕੌਰ ਸਿੰਘ ਨੇ ਕਿਹਾ ਕਿ ਸਾਥੀ ਅਵਤਾਰ ਢੁੱਡੀਕੇ ਕਮਿਊਨਿਸਟ ਇਨਕਲਾਬੀ ਲਹਿਰ ਦੇ ਮਹਾਨ ਸ਼ਹੀਦ ਹਨ, ਜਿਨ੍ਹਾਂ ਦੇ ਸੰਘਰਸ਼ਮਈ ਜੀਵਨ ਦੀ ਸ਼ੁਰੂਆਤ ਨੌਜਵਾਨ ਭਾਰਤ ਸਭਾ ਤੋਂ ਹੋਈ।ਉਨ੍ਹਾਂ ਕਮਿਊਨਿਸਟ ਪਾਰਟੀ ਦੀ ਲਾਇਨ ਮੁਤਾਬਕ ਪੇਂਡੂ ਘੁੜੰਮ ਚੌਧਰੀਆਂ, ਸਮਾਜ ਵਿਰੋਧੀ ਅਨਸਰਾਂ ਖਿਲਾਫ ਗਰੀਬ ਗੁਰਬੇ ਦੇ ਹੱਕ ਵਿੱਚ ਆਵਾਜ਼ ਬੁਲੰਦ ਕੀਤੀ।ਇਸੇ ਤਰਾਂ ਪਿੰਡ ਦੇ ਮੁੱਛਰੇ ਸਮਾਜ ਵਿਰੋਧੀ ਅਨਸਰਾਂ ਵੱਲੋਂ ਇੱਕ ਨਰਸ ਨਾਲ ਕੀਤੀ ਛੇੜਛਾੜ ਵਿਰੁੱਧ ਘੋਲ ਲੜਿਆ, ਜਿਸ ਕਾਰਨ ਉਨ੍ਹਾਂ ਗੁੰਡਿਆਂ ਨੇ ਖਫਾ ਹੋ ਕੇ 25 ਜੁਲਾਈ 1983 ਨੂੰ ਪਿੰਡ ਕੋਕਰੀ ਕਲਾਂ ਦੇ ਡਾਕਖਾਨੇ ਤੋਂ ਡਿਊਟੀ ਤੋਂ ਵਾਪਸ ਆਉਂਦੇ ਅਵਤਾਰ ਢੁੱਡੀਕੇ ਦਾ ਕਤਲ ਕਰ ਦਿੱਤਾ ਸੀ।

## ਕੇਂਦਰੀ ਸਿੱਖਿਆ ਮੰਤਰੀ ਅਸਤੀਫ਼ਾ ਦੇਣ : ਕਰਨਵੀਰ ਸਿੰਘ ਇੰਦੌਰਾ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਪਰਮਜੀਤ ਸਿੰਘ)-ਸਾਬਕਾ ਮੈਂਬਰ, ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਚੰਡੀਗੜ੍ਹ ਕਰਨਵੀਰ ਸਿੰਘ ਇੰਦੌਰਾ ਨੇ ਦਿੱਲੀ ਵਿੱਚ ਨੀਟ ਪੇਪਰ ਲੀਕ ਮਾਮਲੇ ਨੂੰ ਲੈ ਕੇ ਪ੍ਰਦਰਸ਼ਨ ਕਰ ਰਹੇ ਵਿਦਿਆਰਥੀਆਂ 'ਤੇ ਹੋਏ ਲਾਠੀਚਾਰਜ ਦੀ ਨਿੰਦਾ ਕਰਦਿਆਂ ਕੇਂਦਰੀ ਸਿੱਖਿਆ ਮੰਤਰੀ ਧਰਮੇਂਦਰ ਪ੍ਰਧਾਨ ਤੋਂ ਅਸਤੀਫ਼ੇ ਦੀ ਮੰਗ ਕੀਤੀ ਹੈ। ਜਾਰੀ ਪ੍ਰੈੱਸ ਬਿਆਨ ਵਿੱਚ ਕਰਨਵੀਰ ਸਿੰਘ ਇੰਦੌਰਾ ਨੇ ਕਿਹਾ ਕਿ 21 ਜੁਲਾਈ ਨੂੰ ਨੀਟ ਪੇਪਰ ਲੀਕ ਮਾਮਲੇ ਅਤੇ ਸਿੱਖਿਆ ਮੰਤਰੀ ਦੇ ਅਸਤੀਫ਼ੇ ਦੀ ਮੰਗ ਨੂੰ ਲੈ ਕੇ ਵਿਦਿਆਰਥੀਆਂ ਵੱਲੋਂ ਦਿੱਲੀ ਵਿੱਚ ਸ਼ਾਂਤਮਈ ਰੋਸ ਪ੍ਰਦਰਸ਼ਨ ਕੀਤਾ ਜਾ ਰਿਹਾ ਸੀ। ਉਨ੍ਹਾਂ ਦੋਸ਼ ਲਗਾਇਆ ਕਿ ਪ੍ਰਦਰਸ਼ਨ ਦੌਰਾਨ ਵਿਦਿਆਰਥੀਆਂ 'ਤੇ ਲਾਠੀਚਾਰਜ ਕੀਤਾ ਗਿਆ ਅਤੇ ਉਨ੍ਹਾਂ ਖ਼ਿਲਾਫ਼ ਅੱਥਰੂ ਗੈਸ ਦੇ ਗੋਲੇ ਵੀ ਵਰਤੇ ਗਏ, ਜਿਸ ਨਾਲ ਕਈ ਵਿਦਿਆਰਥੀ ਜ਼ਖ਼ਮੀ ਹੋਏ।ਉਨ੍ਹਾਂ ਸਿੱਖਿਆ ਮੰਤਰੀ ਧਰਮੇਂਦਰ ਪ੍ਰਧਾਨ ਦੇ ਅਸਤੀਫ਼ੇ ਦੀ ਮੰਗ ਕੀਤੀ।

## ਸਿਵਲ ਸਰਜਨ ਨੇ ਟੀ ਬੀ ਦੇ ਮਰੀਜ਼ਾਂ ਨੂੰ ਵੰਡੀਆਂ ਰਾਸ਼ਨ ਕਿੱਟਾਂ



ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)-ਸਿਵਲ ਸਰਜਨ ਡਾ. ਅਮਰਜੀਤ ਕੌਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਟੀ. ਬੀ. ਅਫ਼ਸਰ ਡਾ. ਰਜਿੰਦਰ ਕੌਰ ਦੀ ਅਗਵਾਈ ਵਿੱਚ ਕੇ ਆਰ ਬੀ ਐੱਲ ਭਸੌੜ ਵੱਲੋਂ ਮੂਨਕ ਤੇ ਰਾਇਸਿਲਾ ਗਰੁੱਪ ਧੂਰੀ ਵੱਲੋਂ ਸੰਗਰੂਰ ਵਿਖੇ ਟੀ ਬੀ ਦਾ ਇਲਾਜ ਕਰਵਾ ਰਹੇ ਮਰੀਜ਼ਾਂ ਨੂੰ ਰਾਸ਼ਨ ਕਿੱਟਾਂ ਵੰਡੀਆਂ ਗਈਆਂ।ਇਸ ਮੌਕੇ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਨੇ ਦੱਸਿਆ ਕਿ ਸਰਕਾਰ ਵੱਲੋਂ 'ਨਿਕਸ਼ੇ ਮਿੱਤਰਾ' ਪ੍ਰੋਗਰਾਮ ਸ਼ੁਰੂ ਕੀਤਾ ਹੋਇਆ ਹੈ, ਜਿਸ ਦਾ ਮਕਸਦ ਦੇਸ਼ ਨੂੰ ਟੀ ਬੀ ਮੁਕਤ ਕਰਨਾ ਤੇ ਟੀ ਬੀ ਦੇ ਮਰੀਜ਼ਾਂ ਦੀ ਸਿਹਤ ਦਾ ਖਿਆਲ ਰੱਖਣਾ ਹੈ।ਉਨ੍ਹਾਂ ਦੱਸਿਆ ਕਿ ਕੋਈ ਵੀ ਵਿਅਕਤੀ, ਪ੍ਰਤੀਨਿਧੀ, ਸਰਕਾਰੀ ਜਾਂ ਗੈਰ-ਸਰਕਾਰੀ ਸੰਸਥਾ ਦੇ ਮੁਲਾਜ਼ਮ, ਕਿਸੇ ਕਾਰਪੋਰੇਸ਼ਨ ਜਾਂ ਕੰਪਨੀ ਵੱਲੋਂ ਜ਼ਿਲ੍ਹੇ ਦੇ ਕਿਸੇ ਵੀ ਟੀ ਬੀ ਮਰੀਜ਼ ਨੂੰ ਗੋਦ ਲਿਆ ਜਾ ਸਕਦਾ ਹੈ, ਜਿਸ ਤਹਿਤ ਉਹ ਉਸ ਮਰੀਜ਼ ਨੂੰ 6 ਮਹੀਨੇ ਤੱਕ ਖਾਣ ਪੀਣ ਦਾ ਸਾਮਾਨ ਜਿਵੇਂ ਦਾਲਾਂ, ਅਨਾਜ, ਦੁੱਧ ਆਦਿ ਮੁਫ਼ਤ ਮੁਹੱਈਆ ਕਰਵਾਉਣਗੇ ਤੇ ਉਨ੍ਹਾਂ ਵੱਲੋਂ ਮਰੀਜ਼ ਨੂੰ ਪੌਸ਼ਟਿਕ ਖ਼ੁਰਾਕ ਦੇਣ ਤੋਂ ਇਲਾਵਾ ਉਸ ਦੀ ਜਾਂ ਉਸ ਦੇ ਪਰਵਾਰ ਦੀ ਕਿੱਤਾਮੁਖੀ ਸਿਖਲਾਈ ਕਰਵਾਉਣ ਤੇ ਇਲਾਜ ਪ੍ਰਬੰਧਨ ਵਿੱਚ ਵੀ ਮਦਦ ਕੀਤੀ ਜਾ ਸਕਦੀ ਹੈ।

## ਸੈਕਰਡ ਹਾਰਟ ਸਕੂਲ ਵਿਖੇ ਭਾਸ਼ਣ ਮੁਕਾਬਲਾ ਕਰਵਾਇਆ



ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)-ਸੈਕਰਡ ਹਾਰਟ ਇੰਟਰਨੈਸ਼ਨਲ ਸਕੂਲ ਦਿਵਾਨਗੜ੍ਹ ਕੈਮਪੁਰ, ਦਿੜ੍ਹਬਾ ਵਿਖੇ ਨੈਲਸਨ ਮੰਡੇਲਾ ਦਿਵਸ ਮੌਕੇ ਵਿਦਿਆਰਥੀਆਂ ਵਿੱਚ ਭਾਸ਼ਣ ਮੁਕਾਬਲਾ ਕਰਵਾਇਆ ਗਿਆ।ਸਕੂਲ ਦੇ ਵੱਖ-ਵੱਖ ਜਮਾਤਾਂ ਦੇ ਵਿਦਿਆਰਥੀਆਂ ਨੇ ਪੂਰੇ ਉਤਸ਼ਾਹ ਨਾਲ ਭਾਗ ਲੈਂਦਿਆਂ ਨੈਲਸਨ ਮੰਡੇਲਾ ਦੇ ਜੀਵਨ, ਉਨ੍ਹਾਂ ਦੇ ਸੰਘਰਸ਼, ਮਨੁੱਖੀ ਅਧਿਕਾਰਾਂ ਦੀ ਰੱਖਿਆ ਲਈ ਕੀਤੇ ਯਤਨਾਂ ਤੇ ਵਿਸ਼ਵ ਸ਼ਾਂਤੀ ਲਈ ਪਾਏ ਗਏ ਅਮੁੱਲੇ ਯੋਗਦਾਨ ਬਾਰੇ ਪ੍ਰਭਾਵਸ਼ਾਲੀ ਭਾਸ਼ਣ ਪੇਸ਼ ਕੀਤੇ।ਨਿਰਣਾਇਕਾਂ ਨੇ ਭਾਗ ਲੈਣ ਵਾਲੇ ਵਿਦਿਆਰਥੀਆਂ ਦੇ ਆਤਮ-ਵਿਸ਼ਵਾਸ, ਪ੍ਰਭਾਵਸ਼ਾਲੀ ਪੇਸ਼ਕਾਰੀ ਤੇ ਵਿਸ਼ੇ ਪ੍ਰਤੀ ਡੂੰਘੀ ਸਮਝ ਦੀ ਭਰਪੂਰ ਸਰਾਹਨਾ ਕੀਤੀ।ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ, ਜਦਕਿ ਸਾਰੇ ਭਾਗੀਦਾਰਾਂ ਨੂੰ ਉਨ੍ਹਾਂ ਦੇ ਉਤਸ਼ਾਹ ਤੇ ਮਿਹਨਤ ਲਈ ਵਧਾਈ ਦਿੱਤੀ ਗਈ।ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਸੋਨਿਕਾ ਗੁਪਤਾ ਨੇ ਵਿਦਿਆਰਥੀਆਂ ਨੂੰ ਨੈਲਸਨ ਮੰਡੇਲਾ ਦੇ ਜੀਵਨ ਤੋਂ ਪ੍ਰੇਰਨਾ ਲੈ ਕੇ ਮਨੁੱਖਤਾ, ਸਹਿਣਸ਼ੀਲਤਾ, ਦਇਆ ਤੇ ਸਮਾਜਿਕ ਜ਼ਿੰਮੇਵਾਰੀ ਦੀ ਭਾਵਨਾ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਲਈ ਪ੍ਰੇਰਿਤ ਕੀਤਾ।

## ਨਿਸ਼ਕਾਮ ਸਿੱਖ ਵੈੱਲਫੇਅਰ ਕੌਂਸਲ ਵੱਲੋਂ ਸਕਾਲਰਸ਼ਿਪ ਰਾਸ਼ੀ ਪ੍ਰਦਾਨ



ਸਮਾਣਾ (ਇਕਬਾਲ ਸਿੰਘ ਬੱਲ)-ਨਿਸ਼ਕਾਮ ਸਿੱਖ ਵੈੱਲਫੇਅਰ ਕੌਂਸਲ ਨਵੀਂ ਦਿੱਲੀ ਵੱਲੋਂ ਪਬਲਿਕ ਕਾਲਜ ਸਮਾਣਾ ਦੀਆਂ ਦੋ ਵਿਦਿਆਰਥਣਾਂ ਖੁਸ਼ਪ੍ਰੀਤ ਕੌਰ ਕਲਾਸ ਬੀ. ਵਾਕ ਭਾਗ ਤੀਜਾ ਤੇ ਨਵਲੀਨ ਕੌਰ, ਕਲਾਸ ਬੀ.ਸੀ.ਏ. ਭਾਗ ਤੀਜਾ ਨੂੰ ਮੈਰਿਟ ਦੇ ਅਧਾਰ 'ਤੇ ਕ੍ਰਮਵਾਰ 40,000 ਰੁਪਏ ਤੇ 24,000 ਰੁਪਏ ਦੀ ਸਕਾਲਰਸ਼ਿਪ ਰਾਸ਼ੀ ਪ੍ਰਦਾਨ ਕੀਤੀ ਗਈ ਹੈ।ਉਪਰੋਕਤ ਵਿਦਿਆਰਥਣਾਂ ਦੇ ਸਕਾਲਰਸ਼ਿਪ ਦਾ ਇਹ ਕਾਰਜ ਸਿੱਖ ਹਿਊਮਨ ਡਿਵੈਲਪਮੈਂਟ ਫਾਊਂਡੇਸ਼ਨ ਦੇ ਵੱਡਮੁੱਲੇ ਸਹਿਯੋਗ ਨਾਲ ਨੇਪਰੇ ਚਾੜ੍ਹਿਆ ਗਿਆ।ਕਾਲਜ ਪ੍ਰਿੰਸੀਪਲ ਡਾ. ਹਰਕੀਰਤ ਸਿੰਘ ਸਿੱਧੂ ਨੇ ਸਬੰਧਤ ਵਿਦਿਆਰਥਣਾਂ ਨੂੰ ਸਕਾਲਰਸ਼ਿਪ ਰਾਸ਼ੀ ਦੇ ਚੱਕੇ ਪ੍ਰਦਾਨ ਕੀਤੇ।ਉਨ੍ਹਾਂ ਸਕਾਲਰਸ਼ਿਪ ਪ੍ਰਾਪਤ ਕਰਨ ਵਾਲੀਆਂ ਵਿਦਿਆਰਥਣਾਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਮੁਬਾਰਕਬਾਦ ਦਿੱਤੀ।ਇਸ ਮੌਕੇ ਡਾ. ਹਰਕੀਰਤਨ ਕੌਰ, ਵਾਈਸ ਪ੍ਰਿੰਸੀਪਲ, ਜਸਵਿੰਦਰਬੀਰ ਸਿੰਘ ਮੁੱਖੀ, ਕੰਪਿਊਟਰ ਸਾਇੰਸ ਵਿਭਾਗ ਤੇ ਪ੍ਰੋ. ਰੁਪਿੰਦਰ ਕੌਰ (ਕੰਪਿਊਟਰ ਸਾਇੰਸ ਵਿਭਾਗ) ਮੌਜੂਦ ਰਹੇ।

## ਮਨੁੱਖਤਾ ਦੀ ਸੇਵਾ ਦੀ ਮਿਸਾਲ ਬਣੇ ਖੂਨਦਾਨੀ ਜਤਿੰਦਰ ਮੌੜੀਗੱਡ



ਭੀਖੀ (ਧਰਮਵੀਰ ਸ਼ਰਮਾ)-ਅੱਜ ਦੇ ਸਵਾਰਥੀ ਯੁੱਗ ਵਿੱਚ ਜਿੱਥੇ ਬਹੁਤ ਸਾਰੇ ਲੋਕ ਆਪਣੇ ਤੱਕ ਹੀ ਸੀਮਤ ਰਹਿ ਜਾਂਦੇ ਹਨ, ਉੱਥੇ ਭੀਖੀ ਦੇ ਸਮਾਜ ਸੇਵੀ, ਖ਼ੂਨਦਾਨੀ ਤੇ ਸ਼੍ਰੀ ਕਾਲੀ ਮਾਤਾ ਮੰਦਿਰ ਕਮੇਟੀ ਦੇ ਪ੍ਰੈੱਸ ਸਕੱਤਰ ਜਤਿੰਦਰ ਵਿੱਕੀ ਮੌੜੀਗੱਡ ਮਨੁੱਖਤਾ ਦੀ ਨਿਸ਼ਕਾਮ ਸੇਵਾ ਕਰਕੇ ਸਮਾਜ ਲਈ ਪ੍ਰੇਰਣਾ ਬਣੇ ਹੋਏ ਹਨ। ਪਿਛਲੇ ਕਈ ਸਾਲਾਂ ਤੋਂ ਖ਼ੂਨਦਾਨ ਦੇ ਖੇਤਰ ਵਿੱਚ ਸਰਗਰਮ ਰਹਿੰਦੇ ਹੋਏ ਨਾ ਸਿਰਫ਼ ਖ਼ੁਦ ਨਿਯਮਤ ਖ਼ੂਨ ਦਾਨ ਕਰ ਰਹੇ ਹਨ, ਸਗੋਂ ਨੌਜਵਾਨਾਂ ਨੂੰ ਵੀ ਇਸ ਮਹਾਨ ਕਾਰਜ ਨਾਲ ਜੋੜਨ ਲਈ ਲਗਾਤਾਰ ਯਤਨਸ਼ੀਲ ਹਨ। ਜਦੋਂ ਵੀ ਕਿਸੇ ਹਸਪਤਾਲ ਵਿੱਚ ਕਿਸੇ ਮਰੀਜ਼ ਨੂੰ ਖ਼ੂਨ ਦੀ ਲੋੜ ਪੈਂਦੀ ਹੈ ਤਾਂ ਜਤਿੰਦਰ ਵਿੱਕੀ ਮੌੜੀਗੱਡ ਆਪਣੀ ਸਮਰੱਥਾ ਅਨੁਸਾਰ ਤੁਰੰਤ ਮਦਦ ਲਈ ਅੱਗੇ ਆਉਂਦੇ ਹਨ। ਕਈ ਵਾਰ ਉਨ੍ਹਾਂ ਨੇ ਐਮਰਜੈਂਸੀ ਹਾਲਾਤਾਂ ਵਿੱਚ ਵੀ ਖ਼ੂਨ ਦਾਨ ਕਰਕੇ ਲੋੜਵੰਦ ਮਰੀਜ਼ਾਂ ਦੀ ਜਾਨ ਬਚਾਉਣ ਵਿੱਚ ਅਹਿਮ ਯੋਗਦਾਨ ਪਾਇਆ ਹੈ। ਉਨ੍ਹਾਂ ਦਾ ਮੰਨਣਾ ਹੈ ਕਿ ਮਨੁੱਖਤਾ ਤੋਂ ਵੱਡਾ ਕੋਈ ਧਰਮ ਨਹੀਂ ਤੇ ਖ਼ੂਨਦਾਨ ਵਰਗਾ ਪੁੰਨ ਦਾ ਕੰਮ ਕਿਸੇ ਪਰਿਵਾਰ ਲਈ ਨਵੀਂ ਜ਼ਿੰਦਗੀ ਦੀ ਉਮੀਦ ਬਣ ਸਕਦਾ ਹੈ। ਉਨ੍ਹਾਂ ਦਾ ਕਹਿਣਾ ਹੈ ਕਿ ਖ਼ੂਨ ਦਾ ਇੱਕੋ-ਇੱਕ ਸਰੋਤ ਸਿਹਤਮੰਦ ਮਨੁੱਖ ਹੈ। ਇਸ ਲਈ ਹਰ ਤੰਦਰੁਸਤ ਵਿਅਕਤੀ ਨੂੰ ਸਮੇਂ-ਸਮੇਂ 'ਤੇ ਖ਼ੂਨ ਦਾਨ ਕਰਨਾ ਚਾਹੀਦਾ ਹੈ ਤਾਂ ਜੋ ਕਿਸੇ ਹਾਦਸੇ, ਗੰਭੀਰ ਬਿਮਾਰੀ, ਥੈਲੇਸੀਮੀਆ ਦੇ ਮਰੀਜ਼ ਜਾਂ ਜੱਚਾ-ਬੱਚਾ ਦੇ ਇਲਾਜ ਦੌਰਾਨ ਖ਼ੂਨ ਦੀ ਕਮੀ ਕਾਰਨ ਕਿਸੇ ਦੀ ਜਾਨ ਨਾ ਜਾਵੇ। ਖ਼ੂਨਦਾਨ ਦੇ ਨਾਲ-ਨਾਲ ਜਤਿੰਦਰ ਵਿੱਕੀ ਮੌੜੀਗੱਡ ਸਮਾਜਿਕ ਅਤੇ ਧਾਰਮਿਕ ਗਤੀਵਿਧੀਆਂ ਵਿੱਚ ਵੀ ਵਧ-ਚੜ੍ਹ ਕੇ ਹਿੱਸਾ ਲੈਂਦੇ ਹਨ। ਇਲਾਕੇ ਦੀਆਂ ਸਮਾਜਿਕ, ਧਾਰਮਿਕ ਤੇ ਸੇਵਾ ਸੰਸਥਾਵਾਂ ਨੇ ਜਤਿੰਦਰ ਵਿੱਕੀ ਮੌੜੀਗੱਡ ਦੀ ਨਿਸ਼ਕਾਮ ਸੇਵਾ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਸੇਵਾਦਾਰ ਸਮਾਜ ਦੀ ਅਸਲ ਪੂੰਜੀ ਹੁੰਦੇ ਹਨ। ਉਨ੍ਹਾਂ ਵਰਗੇ ਲੋਕਾਂ ਦੀ ਬਦੌਲਤ ਹੀ ਮਨੁੱਖਤਾ ਦੀ ਸੇਵਾ ਦੀ ਭਾਵਨਾ ਜਿਊਂਦੀ ਹੈ ਤੇ ਲੋੜਵੰਦਾਂ ਨੂੰ ਸਮੇਂ ਸਿਰ ਨਵੀਂ ਜ਼ਿੰਦਗੀ ਮਿਲਦੀ ਹੈ।

## ਮਾਤਾ ਹਰਪਾਲ ਕੌਰ ਖਹਿਰਾ ਨੂੰ ਵੱਖ-ਵੱਖ ਸ਼ਖ਼ਸੀਅਤਾਂ ਵੱਲੋਂ ਸ਼ਰਧਾਂਜਲੀ ਭੇਟ



ਜਗਰਾਉਂ (ਨਛੱਤਰ ਸੰਧੂ)-ਪਿੰਡ ਲੋਧੀਵਾਲ ਵਿਖੇ ਅਮਨਜੀਤ ਸਿੰਘ ਖਹਿਰਾ ਦੇ ਮਾਤਾ ਜੀ ਅਤੇ ਨੰਬਰਦਾਰ ਇੰਦਰਜੀਤ ਸਿੰਘ ਖਹਿਰਾ ਦੇ ਚਾਚੀ, ਮਾਤਾ ਹਰਪਾਲ ਕੌਰ ਖਹਿਰਾ ਦੇ ਅੰਤਿਮ ਸੰਸਕਾਰ ਮੌਕੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ, ਪਿੰਡ ਵਾਸੀਆਂ ਅਤੇ ਵੱਖ-ਵੱਖ ਸਮਾਜਿਕ ਤੇ ਸਿਆਸੀ ਸ਼ਖ਼ਸੀਅਤਾਂ ਨੇ ਸ਼ਮੂਲੀਅਤ ਕਰਦਿਆਂ ਵਿਛੜੀ ਰੂਹ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ।ਇਸ ਮੌਕੇ ਵਿਛੜੀ ਹੋਈ ਰੂਹ ਦੀ ਆਤਮਿਕ ਸ਼ਾਂਤੀ ਲਈ ਅਰਦਾਸ ਕੀਤੀ ਗਈ ਤੇ ਵਾਹਿਗੁਰੂ ਅੱਗੇ ਅਰਜ਼ੋਈ ਕੀਤੀ ਗਈ ਕਿ ਉਹ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖ਼ਸ਼ਣ ਤੇ ਸਮੂਹ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖ਼ਸ਼ਣ।ਅੰਤਮ ਸੰਸਕਾਰ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ, ਸਾਬਕਾ ਵਿਧਾਇਕ ਅਤੇ ਹਲਕਾ ਇੰਚਾਰਜ ਐਸ. ਆਰ. ਕਲੇਰ, ਐਸ.ਜੀ.ਪੀ.ਸੀ. ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ, ਸਾਬਕਾ ਚੇਅਰਮੈਨ ਦੀਦਾਰ ਸਿੰਘ ਮਲਕ, ਸਰਕਲ ਪ੍ਰਧਾਨ ਕੁਲਦੀਪ ਸਿੰਘ ਗਿੱਦੜਵਿੰਡੀ, ਜਸਵੰਤ ਸਿੰਘ ਪੱਤੀ ਮੁਲਤਾਨੀ, ਕੁਲਵੀਰ ਸਿੰਘ ਬਹਾਦਰਕੇ, ਭਾਵਖੰਡਨ ਸਿੰਘ ਗਿੱਦੜਵਿੰਡੀ ਸਮੇਤ ਹੋਰ ਪਤਵੰਤੇ ਹਾਜ਼ਰ ਸਨ।

## ਸਬਜ਼ੀ ਦੀ ਆੜ 'ਚ ਮੰਗਵਾਈ ਜਾ ਰਹੀ ਨਕਲੀ ਮਠਿਆਈ, ਸਿਹਤ ਵਿਭਾਗ ਖਾਮੋਸ਼

ਬਰੇਟਾ (ਗੀਤਵਾਲ)-ਮਿਲਾਵਟਖੋਰਾਂ ਨੇ ਇੱਕ ਨਵਾਂ ਤਰੀਕਾ ਲੱਭ ਲਿਆ ਹੈ।ਸਬਜ਼ੀਆਂ ਦੀਆਂ ਗੱਡੀਆਂ ਵਿੱਚ ਲੁਕਾ ਕੇ ਬਾਹਰਲੇ ਰਾਜ ਹਰਿਆਣਾ ਦੇ ਸ਼ਹਿਰ ਟੋਹਾਣਾ ਤੋਂ ਨਕਲੀ ਮਠਿਆਈ ਤੇ ਮਿਲਾਵਟੀ ਖੋਆ ਮੰਗਵਾਇਆ ਜਾ ਰਿਹਾ ਹੈ, ਤਾਂ ਜੁ ਚੈਕਿੰਗ ਦੌਰਾਨ ਸ਼ੱਕ ਨਾ ਪਵੇ।ਟਰੱਕਾਂ ਅਤੇ ਪਿਕਅੱਪ ਗੱਡੀਆਂ ਵਿੱਚ ਆਲੂ, ਪਿਆਜ਼ ਤੇ ਹੋਰ ਸਬਜ਼ੀਆਂ ਦੀਆਂ ਬੋਰੀਆਂ ਹੇਠਾਂ ਮਠਿਆਈ ਅਤੇ ਖੋਏ ਦੇ ਟੀਨ ਲੁਕਾ ਕੇ ਲਿਆਂਦੇ ਜਾ ਰਹੇ ਹਨ।ਇਹ ਮਾਲ ਸਸਤੇ ਭਾਅ 'ਤੇ ਖਰੀਦ ਕੇ ਸ਼ਹਿਰ ਦੀਆਂ ਦੁਕਾਨਾਂ 'ਤੇ ਨਾਮੀ ਬ੍ਰਾਂਡਾਂ ਦੇ ਨਾਂਅ ਹੇਠ ਵੇਚਿਆ ਜਾਂਦਾ ਹੈ।ਸ਼ੱਕ ਹੈ ਕਿ ਇਸ ਮਠਿਆਈ ਵਿੱਚ ਸਿੰਥੈਟਿਕ ਦੁੱਧ, ਖ਼ਰਾਬ ਖੋਆ ਤੇ ਨੁਕਸਾਨਦੇਹ ਰੰਗ ਵਰਤੇ ਜਾ ਰਹੇ ਹਨ, ਜੋ ਸਿਹਤ ਲਈ ਬੇਹੱਦ ਹਾਨੀਕਾਰਕ ਹਨ।ਆਵਾਜ਼ ਬੁਲੰਦ ਲੋਕਾਂ ਵੱਲੋਂ ਆਮ ਲੋਕਾਂ ਨੂੰ ਅਪੀਲ ਕੀਤੀ ਗਈ ਹੈ ਕਿ ਮਠਿਆਈ ਖਰੀਦਣ ਸਮੇਂ ਭਰੋਸੇਯੋਗ ਦੁਕਾਨਾਂ ਤੋਂ ਹੀ ਖਰੀਦਦਾਰੀ ਕਰਨ, ਬਹੁਤ ਸਸਤੀ ਮਠਿਆਈ ਤੋਂ ਸੁਚੇਤ ਰਹਿਣ ਅਤੇ ਜੇਕਰ ਕਿਤੇ ਵੀ ਮਿਲਾਵਟ ਦਾ ਸ਼ੱਕ ਹੋਵੇ ਤਾਂ ਤੁਰੰਤ ਹੈਲਪਲਾਈਨ ਨੰਬਰ 'ਤੇ ਸੂਚਿਤ ਕਰਨ।

## ਮਾਲਵਿਕਾ ਸੂਦ ਵੱਲੋਂ ਇੰਟਕ ਵਿੰਗ ਦੇ ਨਵੇਂ ਅਹੁਦੇਦਾਰਾਂ ਦਾ ਐਲਾਨ



ਮੋਗਾ (ਇਕਬਾਲ ਸਿੰਘ ਖਹਿਰਾ)

ਵਿਧਾਨ ਸਭਾ ਹਲਕਾ ਮੋਗਾ ਵਿੱਚ ਕਾਂਗਰਸ ਪਾਰਟੀ ਦੇ ਮਿਸ਼ਨ-2027 ਨੂੰ ਸਫ਼ਲ ਬਣਾਉਣ ਲਈ ਹਲਕਾ ਇੰਚਾਰਜ ਮਾਲਵਿਕਾ ਸੂਦ ਲਗਾਤਾਰ ਸਰਗਰਮ ਨਜ਼ਰ ਆ ਰਹੇ ਹਨ।ਪਾਰਟੀ ਦੇ ਸੰਗਠਨ ਨੂੰ ਹੋਰ ਮਜ਼ਬੂਤ ਕਰਨ ਤੇ ਮਜ਼ਦੂਰ ਵਰਗ ਨੂੰ ਕਾਂਗਰਸ ਨਾਲ ਜੋੜਨ ਦੇ ਉਦੇਸ਼ ਨਾਲ ਮਾਲਵਿਕਾ ਸੂਦ ਵੱਲੋਂ ਕਾਂਗਰਸ ਦੇ ਇੰਟਕ ਵਿੰਗ ਵਿਚ ਨਵੀਆਂ ਨਿਯੁਕਤੀਆਂ ਕੀਤੀਆਂ ਗਈਆਂ।ਇਸ ਮੌਕੇ ਬਾਬਾ ਵਿਸ਼ਵਕਰਮਾ ਮਜ਼ਦੂਰ ਯੂਨੀਅਨ ਮੋਗਾ ਨੇ ਵੀ ਮਾਲਵਿਕਾ ਸੂਦ ਦੀ ਅਗਵਾਈ ਵਿੱਚ ਆਪਣਾ ਸਮਰਥਨ ਜਤਾਉਂਦਿਆਂ ਪਾਰਟੀ ਨਾਲ ਮਜ਼ਬੂਤੀ ਨਾਲ ਖੜ੍ਹੇ ਰਹਿਣ ਦਾ ਐਲਾਨ ਕੀਤਾ।ਇਸ ਮੌਕੇ ਮਾਲਵਿਕਾ ਸੂਦ ਵੱਲੋਂ ਬੇਅੰਤ ਸਿੰਘ ਨੂੰ ਕਾਂਗਰਸ ਇੰਟਕ ਦਾ ਪ੍ਰਧਾਨ, ਗੁਰਮੇਲ ਸਿੰਘ ਨੂੰ ਸੀਨੀਅਰ ਮੀਤ ਪ੍ਰਧਾਨ, ਜਗਤਾਰ ਸਿੰਘ ਘਾਲੀ ਨੂੰ ਵਾਈਸ ਪ੍ਰਧਾਨ ਤੇ ਗੁਰਤੇਜ ਸਿੰਘ ਨੂੰ ਸੈਕਟਰੀ ਨਿਯੁਕਤ ਕੀਤਾ ਗਿਆ।ਇਸ ਤੋਂ ਇਲਾਵਾ ਨਮਤੇਜ ਸਿੰਘ, ਗੁਰਸੇਵਕ ਸਿੰਘ, ਜੱਸਾ ਡਰੋਲੀ, ਰਣਜੀਤ ਸਿੰਘ ਮਹਿਣਾ, ਬਲਵੰਤ ਸਿੰਘ, ਜਰਨੈਲ ਸਿੰਘ, ਗੇਲਾ ਮੋਗਾ, ਚਮਕੌਰ ਸਿੰਘ, ਗੁਰਤੇਜ ਸਿੰਘ ਗਿੱਲ ਤੇ ਗੁਰਜੰਟ ਸਿੰਘ ਨੂੰ ਕਾਂਗਰਸ ਇੰਟਕ ਦੇ ਮੈਂਬਰ ਵਜੋਂ ਜ਼ਿੰਮੇਵਾਰੀ ਸੌਂਪੀ ਗਈ।ਨਿਯੁਕਤੀ ਪੱਤਰ ਸੌਂਪਣ ਉਪਰੰਤ ਮਾਲਵਿਕਾ ਸੂਦ ਨੇ ਸਾਰੇ ਨਵ-ਨਿਯੁਕਤ ਅਹੁਦੇਦਾਰਾਂ ਨੂੰ ਹਾਰ ਪਾ ਕੇ ਸਨਮਾਨਤ ਕੀਤਾ ਤੇ ਉਨ੍ਹਾਂ ਨੂੰ ਨਵੀਆਂ ਜ਼ਿੰਮੇਵਾਰੀਆਂ ਲਈ ਵਧਾਈ ਦਿੱਤੀ।ਇਸ ਮੌਕੇ ਹਾਜ਼ਰ ਇੰਟਕ ਦੇ ਪ੍ਰਧਾਨ ਰਾਜਾ ਘਾਲੀ ਨੇ ਵੀ ਹਲਕਾ ਇੰਚਾਰਜ ਮਾਲਵਿਕਾ ਸੂਦ ਦਾ ਸਮਰਥਨ ਕਰਦਿਆਂ ਆਖਿਆ ਕਿ ਉਹ ਮਾਲਵਿਕਾ ਸੂਦ ਦੀ ਜਿੱਤ ਲਈ ਮਿਹਨਤ ਕਰਨ ਦੀ ਕੋਈ ਕਸਰ ਬਾਕੀ ਨਹੀਂ ਰਹਿਣ ਦੇਣਗੇ ਤੇ ਵੱਧ ਤੋਂ ਵੱਧ ਹਲਕੇ ਦੇ ਹਰ ਵਰਗ ਦੇ ਲੋਕਾਂ ਨੂੰ ਮਾਲਵਿਕਾ ਸੂਦ ਨਾਲ ਤੋਰਿਆ ਜਾਵੇਗਾ।ਉਨ੍ਹਾਂ ਵਿਸ਼ਵਾਸ ਜਤਾਇਆ ਕਿ ਇਹ ਟੀਮ ਕਾਂਗਰਸ ਪਾਰਟੀ ਨੂੰ ਹਲਕਾ ਮੋਗਾ ਵਿੱਚ ਹੋਰ ਮਜ਼ਬੂਤ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਏਗੀ।ਇਸ ਮੌਕੇ ਨਵ-ਨਿਯੁਕਤ ਅਹੁਦੇਦਾਰਾਂ ਨੇ ਮਾਲਵਿਕਾ ਸੂਦ ਦਾ ਧੰਨਵਾਦ ਕਰਦਿਆਂ ਵਿਸ਼ਵਾਸ ਦਿਵਾਇਆ ਕਿ ਉਹ ਉਨ੍ਹਾਂ ਦੀ ਅਗਵਾਈ ਹੇਠ ਪਾਰਟੀ ਦੀ ਮਜ਼ਬੂਤੀ ਲਈ ਦਿਨ-ਰਾਤ ਕੰਮ ਕਰਨਗੇ।

## ਲਾਠੀਚਾਰਜ ਖਿਲਾਫ ਮੋਦੀ ਸਰਕਾਰ ਦੀ ਅਰਥੀ ਫੂਕੀ



ਲੁਧਿਆਣਾ (ਸਤੀਸ਼ ਸਚਦੇਵਾ)-ਗ਼ਦਰੀ ਸ਼ਹੀਦ ਬਾਬਾ ਭਾਨ ਸਿੰਘ ਨੌਜਵਾਨ ਸਭਾ ਦੇ ਸੱਦੇ 'ਤੇ ਵੱਖ-ਵੱਖ ਜਥੇਬੰਦੀਆਂ ਵੱਲੋਂ ਦਿੱਲੀ ਵਿੱਚ ਜੰਤਰ-ਮੰਤਰ ਵਿਖੇ ਨੀਟ ਪ੍ਰੀਖਿਆ ਵਿੱਚ ਹੋਈ ਧਾਂਦਲੀ ਵਿਰੁੱਧ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦੇ ਅਸਤੀਫੇ ਦੀ ਮੰਗ ਨੂੰ ਲੈ ਕੇ ਸ਼ਾਂਤਮਈ ਢੰਗ ਨਾਲ ਵਿਦਿਆਰਥੀਆਂ ਵੱਲੋਂ ਚਲ ਰਹੇ ਪ੍ਰਦਰਸ਼ਨ ਤੇ ਦਿੱਲੀ ਪੁਲਸ ਵੱਲੋਂ ਕੀਤੇ ਲਾਠੀਚਾਰਜ ਖਿਲਾਫ ਸਥਾਨਕ ਗਦਰੀ ਸ਼ਹੀਦ ਬਾਬਾ ਭਾਨ ਸਿੰਘ ਯਾਦਗਾਰ ਵਿਖੇ ਮੋਦੀ ਸਰਕਾਰ ਦੀ ਅਰਥੀ ਫੂਕੀ ਗਈ ਤੇ ਸਰਕਾਰ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ।ਪ੍ਰੈੱਸ ਨੂੰ ਬਿਆਨ ਜਾਰੀ ਕਰਦਿਆਂ ਨੌਜਵਾਨ ਸਭਾ ਦੇ ਪ੍ਰਧਾਨ ਐਡਵੋਕੇਟ ਹਰਪ੍ਰੀਤ ਜ਼ੀਰਖ ਤੇ ਜਨਰਲ ਸਕੱਤਰ ਰਾਕੇਸ਼ ਆਜ਼ਾਦ ਨੇ ਕਿਹਾ ਕਿ ਦਿੱਲੀ ਵਿੱਚ ਪ੍ਰਦਰਸ਼ਨ ਕਰਦੇ ਵਿਦਿਆਰਥੀਆਂ ਦੀਆਂ ਮੰਗਾਂ ਵੱਲ ਧਿਆਨ ਦੇਣ ਦੀ ਬਜਾਏ ਮੋਦੀ ਸਰਕਾਰ ਅੰਦੋਲਨ ਨੂੰ ਡੰਡੇ ਦੇ ਜ਼ੋਰ 'ਤੇ ਦਬਾਉਣਾ ਚਾਹੁੰਦੀ ਹੈ।

ਵਿਦਿਆਰਥੀ ਆਪਣੇ ਸੁਪਨੇ ਨੂੰ ਹਕੀਕੀ ਰੂਪ ਦੇਣ ਲਈ ਪੇਪਰਾਂ ਦੀ ਤਿਆਰੀ ਕਰਦੇ ਹਨ ਤੇ ਪੇਪਰਾਂ ਦਾ ਲੀਕ ਹੋਣਾ ਉਨ੍ਹਾਂ ਦੇ ਮਨੋਬਲ ਨੂੰ ਡੇਗਦਾ ਹੈ।ਇਕੱਠ ਨੇ ਮੰਗ ਕੀਤੀ ਕਿ ਕੇਂਦਰੀ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਤੋਂ ਅਸਤੀਫਾ ਲਿਆ ਜਾਵੇ ਤੇ ਪ੍ਰਦਰਸ਼ਨਕਾਰੀਆਂ 'ਤੇ ਲਾਠੀਚਾਰਜ ਕਰਨ ਵਾਲੇ ਪੁਲਸ ਅਧਿਕਾਰੀਆਂ ਖ਼ਿਲਾਫ਼ ਬਣਦੀ ਸਖ਼ਤ ਕਾਰਵਾਈ ਕੀਤੀ ਜਾਵੇ।ਇਕੱਠ ਨੇ ਵਿਦਿਆਰਥੀਆਂ ਦੇ ਹੱਕੀ ਸੰਘਰਸ਼ ਦੀ ਹਮਾਇਤ ਕੀਤੀ।ਇਸ ਮੌਕੇ ਸ਼ਹੀਦ ਬਾਬਾ ਭਾਨ ਸਿੰਘ ਗਦਰ ਮੈਮੋਰੀਅਲ ਟ੍ਰੱਸਟ ਦੇ ਪ੍ਰਧਾਨ ਪ੍ਰੋ. ਜਗਮੋਹਨ ਸਿੰਘ ਨੇ ਵੀ ਇਕੱਠ ਨੂੰ ਸੰਬੋਧਿਤ ਕੀਤਾ।ਇਸ ਤੋਂ ਇਲਾਵਾ ਜਮਹੂਰੀ ਅਧਿਕਾਰ ਸਭਾ ਦੇ ਜ਼ਿਲ੍ਹਾ ਪ੍ਰਧਾਨ ਜਸਵੰਤ ਜ਼ੀਰਖ, ਤਰਕਸ਼ੀਲ ਸੁਸਾਇਟੀ ਦੇ ਜ਼ਿਲ੍ਹਾ ਮੁਖੀ ਬਲਵਿੰਦਰ ਲਾਲਬਾਗ ਤੋਂ ਇਲਾਵਾ ਨੌਜਵਾਨ ਸਭਾ ਦੇ ਸਹਾਇਕ ਸਕੱਤਰ ਮੀਨੂੰ ਸ਼ਰਮਾ, ਖਜ਼ਾਨਚੀ ਤਜਿੰਦਰ ਕੁਮਾਰ, ਪ੍ਰਤਾਪ ਸਿੰਘ, ਵਰੁਣ ਕੁਮਾਰ, ਜਗਜੀਤ ਗੁੜੇ, ਕੁਲਵਿੰਦਰ ਸਿੰਘ, ਨੀਲ ਆਦਿ ਹਾਜ਼ਰ ਸਨ।

## ਪੰਜਾਬ ਦੇ ਲੋਕ ਅਕਾਲੀ ਦਲ (ਵਾਰਿਸ ਪੰਜਾਬ ਦੇ) ਸਰਕਾਰ ਬਣਾਉਣ ਲਈ ਕਾਹਲੇ : ਲਖਵੀਰ ਲੌਟ

ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਪੰਜਾਬ ਦੇ ਲੋਕ ਕਾਂਗਰਸ ਪਾਰਟੀ, ਅਕਾਲੀ ਦਲ-ਬੀਜੇਪੀ ਅਤੇ ਮੌਜੂਦਾ ਆਮ ਆਦਮੀ ਪਾਰਟੀ ਦੀ ਸਰਕਾਰ ਦੀ ਕਾਰਗੁਜ਼ਾਰੀ ਦੇਖ ਚੁੱਕੇ ਹਨ, ਕਿਉਂ ਜੋ ਕਿਸੇ ਵੀ ਪਾਰਟੀ ਦੀ ਸਰਕਾਰ ਨੇ ਪੰਜਾਬ ਨੂੰ ਲੁੱਟਣ ਅਤੇ ਕਰਜ਼ਾਈ ਕਰਨ ਤੋਂ ਬਿਨਾਂ ਪੰਜਾਬ ਦਾ ਕੁਝ ਨਹੀਂ ਸੰਵਾਰਿਆ, ਜਿਸ ਕਰਕੇ ਹੁਣ ਪੰਜਾਬ ਦੇ ਸੂਝਵਾਨ ਲੋਕ ਖੇਤਰੀ ਪਾਰਟੀ ਅਤੇ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਦੀ ਪਾਰਟੀ ਅਕਾਲੀ ਦਲ (ਵਾਰਿਸ ਪੰਜਾਬ ਦੇ) ਪਾਰਟੀ ਵਲੋਂ ਜੋ ਪੰਜਾਬ ਦੇ ਨੌਜਵਾਨਾਂ ਨੂੰ ਨਸ਼ੇ ਤੋਂ ਬਚਾਉਣ ਲਈ ਜੋ ਵਹੀਰ ਚਲਾਈ ਗਈ ਹੈ, ਉਸ ਲਹਿਰ ਨੂੰ ਅੱਗੇ ਵਧਾਉਣ ਲਈ ਤੇ ਪੰਜਾਬ ਦੀ ਜਵਾਨੀ ਨੂੰ ਬਚਾਉਣ ਲਈ 2027 ਦੀਆਂ ਵਿਧਾਨ ਸਭਾ ਚੋਣਾਂ ਵਿਚ ਅਕਾਲੀ ਦਲ (ਵਾਰਿਸ ਪੰਜਾਬ ਦੇ) ਪਾਰਟੀ ਦੀ ਸਰਕਾਰ ਬਣਾਉਣ ਲਈ ਉਤਾਵਲੇ ਹਨ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਬੀਬੀ ਪ੍ਰੋ. ਸਤਨਾਮ ਕੌਰ ਖ਼ਾਲਸਾ ਅਤੇ ਪਾਰਟੀ ਦੇ ਸਰਗਰਮ ਆਗੂ ਸਾਬਕਾ ਚੇਅਰਮੈਨ ਜਥੇਦਾਰ ਲਖਵੀਰ ਸਿੰਘ ਲੌਟ ਨੇ ਨਾਭਾ ਨੇੜਲੇ ਵੱਖ ਵੱਖ ਪਿੰਡਾਂ 'ਚ ਮੀਟਿੰਗਾਂ ਕਰਨ ਉਪਰੰਤ ਕੀਤਾ।



## ਅਗਨੀਵੀਰ ਪ੍ਰੀਖਿਆ 'ਚ ਸਫਲਤਾ ਹਾਸਲ ਕਰਨ ਵਾਲੇ ਕੀਤੇ ਸਨਮਾਨਤ



ਮਾਨਸਾ (ਆਤਮਾ ਸਿੰਘ ਪਮਾਰ)-ਸਰ ਜੈਫ਼ਰੀ ਸੰਸਥਾ ਦੇ ਚੇਅਰਮੈਨ ਲਖਵਿੰਦਰ ਸਿੰਘ ਮੂਸਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸੰਸਥਾ ਵੱਲੋਂ ਉਨ੍ਹਾਂ ਵਿਦਿਆਰਥੀਆਂ ਦੇ ਸਨਮਾਨ 'ਚ ਸਨਮਾਨ ਸਮਾਰੋਹ ਰੱਖਿਆ ਗਿਆ, ਜਿਨ੍ਹਾਂ ਨੇ ਅਗਨੀਵੀਰ ਦੀ ਪ੍ਰੀਖਿਆ 'ਚ ਸਫਲਤਾ ਹਾਸਲ ਕੀਤੀ ਹੈ। ਇਸ ਮੌਕੇ ਮੂਸਾ ਨੇ ਉਮੀਦ ਜਤਾਈ ਕਿ ਆਉਣ ਇਹ ਵਿਦਿਆਰਥੀ ਭਵਿੱਖ 'ਚ ਆਪਣੀ ਨੌਕਰੀ ਦੌਰਾਨ ਵੀ ਦੇਸ਼ ਦੀ ਸੇਵਾ ਸ਼ਿੱਦਤ ਨਾਲ ਕਰਨਗੇ।ਇਸ ਮੌਕੇ ਸਾਦੇ ਪ੍ਰੰਤੂ ਪ੍ਰਭਾਵਸ਼ਾਲੀ ਪ੍ਰੋਗਰਾਮ 'ਚ ਲਵਦੀਪ ਸਿੰਘ ਕੋਟਲੀ ਖੁਰਦ, ਮਨਪ੍ਰੀਤ ਸਿੰਘ ਦਾਨੇਵਾਲੀਆ, ਸਤਨਾਮ ਸਿੰਘ ਰੱਲਾ, ਸੰਦੀਪ ਸਿੰਘ ਕੋਟਲੀ ਖੁਰਦ, ਮਨਦੀਪ ਸਿੰਘ ਮਲਕਪੁਰ ਖਿਆਲਾ, ਜਗਦੀਪ ਸਿੰਘ ਰੱਲਾ ਤੇ ਗੁਰਦੀਪ ਸਿੰਘ ਰੱਲਾ ਨੂੰ ਵੀ ਸਨਮਾਨਤ ਕੀਤਾ ਗਿਆ।ਇਸ ਮੌਕੇ ਸੰਸਥਾ ਦੇ ਸਟਾਫ਼ ਮੈਂਬਰ ਸ਼ੁਭਮ ਸਰ, ਸੁਖਪ੍ਰੀਤ ਸ਼ਰਮਾ, ਜੋਤੀ ਰਾਣੀ, ਰਜਨੀ ਰਾਣੀ ਤੇ ਪ੍ਰਵੀਨ ਕੁਮਾਰ ਨੂੰ ਵੀ ਸਨਮਾਨਤ ਕੀਤਾ ਗਿਆ।ਇਸ ਸਮੇਂ ਵਿਦਿਆਰਥੀਆਂ ਨੇ ਗੱਲਬਾਤ ਕਰਦਿਆਂ ਕਿਹਾ ਕਿ ਅਧਿਆਪਕਾਂ ਵੱਲੋਂ ਕਰਵਾਈ ਗਈ ਤਿਆਰੀ ਅਤੇ ਸਾਡੀ ਸਖ਼ਤ ਮਿਹਨਤ ਕਰਕੇ ਹੀ ਅਜਿਹੇ ਨਿਸ਼ਾਨੇ ਦੀ ਪ੍ਰਾਪਤੀ ਸੰਭਵ ਹੋ ਸਕੀ ਹੈ।

## ਨੂਰਦੀਨ ਮੁਸਲਿਮ ਡਿਵੈੱਲਪਮੈਂਟ ਬੋਰਡ ਦੇ ਚੇਅਰਮੈਨ ਬਣੇ



ਜਗਰਾਉਂ (ਅਮਿਤ ਖੰਨਾ)-ਬੀਤੇ ਦਿਨੀਂ ਆਮ ਆਦਮੀ ਪਾਰਟੀ ਵੱਲੋਂ ਪੰਜਾਬ ਵਿੱਚ ਵੱਖ-ਵੱਖ ਬਿਰਾਦਰੀਆਂ ਨਾਲ ਸੰਬੰਧਤ ਆਪਣੇ ਆਗੂਆਂ ਨੂੰ ਪਾਰਟੀਆਂ ਵਿੱਚ ਜ਼ਿੰਮੇਵਾਰੀਆਂ ਸੌਂਪੀਆਂ ਗਈਆਂ। ਇਸੇ ਸਿਲਸਿਲੇ ਤਹਿਤ ਹਲਕਾ ਜਗਰਾਉਂ ਵਿੱਚ ਪੀਰ ਬਾਬਾ ਮੋਹਕਮਦੀਨ ਦਰਗਾਹ ਦੇ ਗੱਦੀ ਨਸ਼ੀਨ ਸੂਫ਼ੀ ਨੂਰਦੀਨ ਨਕਸ਼ਬੰਦੀ ਜੀ ਨੂੰ ਮੁਸਲਿਮ ਡਿਵੈਲਪਮੈਂਟ ਬੋਰਡ ਹਲਕਾ ਜਗਰਾਉਂ ਦਾ ਚੇਅਰਮੈਨ ਨਿਯੁਕਤ ਕੀਤਾ ਗਿਆ। ਇਸ ਮੌਕੇ ਨੂਰਦੀਨ ਵੱਲੋਂ ਮੁੱਖ ਮੰਤਰੀ ਭਗਵੰਤ ਮਾਨ ਤੇ ਸਟੇਟ ਚੇਅਰਮੈਨ ਮੁਸਲਿਮ ਡਿਵੈਲਪਮੈਂਟ ਬੋਰਡ ਦੇ ਅਬਦੁਲ ਬਰੀ ਸਲਮਾਨੀ, ਐੱਮ ਐੱਲ ਏ ਸਰਬਜੀਤ ਕੌਰ ਮਾਣੂਕੇ ਤੇ ਸਮੁੱਚੀ ਲੀਡਰਸ਼ਿੱਪ ਦਾ ਧੰਨਵਾਦ ਕਰਦਿਆਂ ਵਿਸ਼ਵਾਸ ਜਤਾਇਆ ਕਿ ਨੂਰਦੀਨ ਆਪਣੀ ਜ਼ਿੰਮੇਵਾਰੀ ਪੂਰੀ ਇਮਾਨਦਾਰੀ, ਮਿਹਨਤ ਤੇ ਸਮਰਪਣ ਨਾਲ ਨਿਭਾਉਣਗੇ।

## ਕਿਸਾਨਾਂ ਵੱਲੋਂ ਭਾਜਪਾ ਆਗੂ ਰਾਣਾ ਸੋਢੀ ਦੀ ਰਿਹਾਇਸ਼ ਅੱਗੇ ਰੋਸ ਪ੍ਰਦਰਸ਼ਨ



ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)-ਸੰਯੁਕਤ ਕਿਸਾਨ ਮੋਰਚੇ ਦੇ ਦੇਸ਼ ਪੱਧਰੀ ਸੱਦੇ ਤਹਿਤ ਕਿਰਤੀ ਕਿਸਾਨ ਯੂਨੀਅਨ ਵੱਲੋਂ ਬੀਜੇਪੀ ਲੀਡਰ ਰਾਣਾ ਗੁਰਮੀਤ ਸਿੰਘ ਸੋਢੀ ਦੇ ਘਰ ਸਾਹਮਣੇ ਮੋਹਨ ਕੇ ਉਤਾੜ ਵਿਖੇ ਰੋਸ ਪ੍ਰਦਰਸ਼ਨ ਕੀਤਾ ਗਿਆ।ਇਸ ਮੌਕੇ ਬੋਲਦਿਆਂ ਕਿਰਤੀ ਕਿਸਾਨ ਯੂਨੀਅਨ ਦੇ ਜਨਰਲ ਸਕੱਤਰ ਰਾਜਿੰਦਰ ਸਿੰਘ ਦੀਪ ਸਿੰਘ ਵਾਲਾ, ਕਾਰਜਕਾਰੀ ਪ੍ਰਧਾਨ ਰਾਜਿੰਦਰ ਕਿੰਗਰਾ, ਫਾਜ਼ਿਲਕਾ ਦੇ ਜ਼ਿਲ੍ਹਾ ਪ੍ਰਧਾਨ ਸੁਖਚੈਨ ਸਿੰਘ, ਜ਼ਿਲ੍ਹਾ ਸਕੱਤਰ ਮਨਦੀਪ ਸਿੰਘ, ਔਰਤ ਵਿੰਗ ਦੇ ਕਨਵੀਨਰ ਰਾਜ ਕੌਰ ਚੱਕ ਸੈਦੋਕੇ ਕੇ ਨੇ ਕਿਹਾ ਕਿ ਤਿੰਨ ਖੇਤੀ ਕਾਨੂੰਨਾਂ ਨੂੰ ਰੱਦ ਕਰਨ ਤੋਂ ਬਾਅਦ ਇਹ ਮੁਕਤ ਵਪਾਰ ਸਮਝੌਤਾ ਕਰਕੇ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਭਾਜਪਾ ਸਰਕਾਰ ਨੇ ਕਿਸਾਨਾਂ ਦੀ ਆਮਦਨ ਦੁਗਣੀ ਕਰਨ ਦੇ ਦਮਗਜ਼ੇ ਮਾਰੇ ਸਨ, ਪ੍ਰੰਤੂ ਕਿਸਾਨਾਂ ਦੀ ਆਮਦਨ ਦੁੱਗਣੀ ਨਹੀਂ ਹੋਈ। ਕਿਸਾਨੀ ਪਹਿਲਾਂ ਹੀ ਸੰਕਟ ਝੱਲ ਰਹੀ ਹੈ, ਕੇਂਦਰ ਦੀ ਸਰਕਾਰ ਦੇਸੀ ਤੇ ਵਿਦੇਸ਼ੀ ਕਾਰਪੋਰੇਟ ਘਰਾਣਿਆਂ ਦੇ ਮੁਨਾਫਿਆਂ ਦੇ ਢੇਰ ਵੱਡੇ ਕਰਨ ਲਈ ਇਸ ਤਰ੍ਹਾਂ ਦੇ ਇੱਕ ਪਾਸੜ ਫੈਸਲੇ ਕਰਕੇ ਅਮਰੀਕਾ ਵਰਗੇ ਸਾਮਰਾਜੀ ਮੁਲਕਾਂ ਅੱਗੇ ਵਿਛ ਚੁੱਕੀ ਹੈ।ਕਿਰਤੀ ਕਿਸਾਨ ਯੂਨੀਅਨ ਦੇ ਆਗੂਆਂ ਨੇ ਕਿਹਾ ਕਿ ਫਰੀ ਟਰੇਡ ਐਗਰੀਮੈਂਟ ਜੇਕਰ ਸਿਰੇ ਚੜ੍ਹਦਾ ਹੈ ਤਾਂ ਅਮਰੀਕਾ ਤੋਂ ਆਉਣ ਵਾਲੀ ਸਸਤੀ ਕਣਕ, ਸਸਤਾ ਦੁੱਧ ਤੇ ਹੋਰ ਸਸਤੀਆਂ ਖੇਤੀ ਵਸਤਾਂ ਸਾਡੀ ਕਿਸਾਨੀ ਤੇ ਪੇਂਡੂ ਅਰਥ ਚਾਰੇ ਨੂੰ ਬੁਰੀ ਤਰ੍ਹਾਂ ਤਬਾਹ ਕਰ ਦੇਣਗੀਆਂ।ਜੇਕਰ ਫਰੀ ਟਰੇਡ ਐਗਰੀਮੈਂਟ ਹੋਇਆ ਤਾਂ ਭਾਜਪਾ ਦੀ ਇਸ ਮੁਲਕ ਵਿੱਚ ਕਿਸਾਨ ਪੁੱਠੀ ਗਿਣਤੀ ਸ਼ੁਰੂ ਕਰ ਦੇਣਗੇ ਤੇ ਇਹੀ ਚੇਤਾਵਨੀ ਦੇਣ ਲਈ ਅੱਜ ਰਾਣਾ ਸੋਢੀ ਤੇ ਹੋਰ ਭਾਜਪਾ ਆਗੂਆਂ ਦੇ ਘਰਾਂ ਅੱਗੇ ਪ੍ਰਦਰਸ਼ਨ ਕੀਤੇ ਗਏ ਹਨ। ਧਰਨੇ ਨੂੰ ਬਿੰਦਰ ਸਿੰਘ ਕਿੰਗਰਾ,ਗੁਰਜੀਤ ਸਿੰਘ ਦੀਪ ਸਿੰਘ ਵਾਲਾ, ਨੌਜਵਾਨ ਭਾਰਤ ਸਭਾ ਦੇ ਸੂਬਾ ਆਗੂ ਨੌਨਿਹਾਲ ਸਿੰਘ ਨੇ ਵੀ ਸੰਬੋਧਨ ਕੀਤਾ।

# ਕਤਲ ਦੇ ਮੁਲਜ਼ਮ 24 ਘੰਟਿਆਂ ਅੰਦਰ ਗ੍ਰਿਫ਼ਤਾਰ



ਛੇਹਰਟਾ/ਖਾਸਾ (ਮਨੋਜ ਕੁਮਾਰ/ਸ਼ਸ਼ਪਾਲ ਸਿੰਘ) : ਕਮਿਸ਼ਨਰੇਟ ਪੁਲਿਸ ਅੰਮ੍ਰਿਤਸਰ ਨੇ 24 ਘੰਟਿਆਂ ਦੇ ਅੰਦਰ ਕਤਲ ਕੇਸ ਵਿਚ ਸ਼ਾਮਲ ਦੋ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰ ਕੇ ਮਹੱਤਵਪੂਰਨ ਸਫਲਤਾ ਹਾਸਲ ਕੀਤੀ ਹੈ। ਇਸ ਬਾਰੇ ਜਾਣਕਾਰੀ ਦਿੰਦੇ ਹੋਏ ਡੀ ਸੀ ਪੀ ਲਾਅ ਐਂਡ ਆਰਡਰ ਆਲਮ ਵਿਜੇ ਸਿੰਘ ਨੇ ਦੱਸਿਆ ਕਿ ਥਾਣਾ ਛੇਹਰਟਾ ਵਿਚ ਸ਼ਮਸ਼ੇਰ ਸਿੰਘ ਉਰਫ਼ ਪ੍ਰਿੰਸ ਵੱਲੋਂ ਸ਼ਿਕਾਇਤ ਦਰਜ ਕਰਵਾਈ ਗਈ ਸੀ ਕਿ ਉਹ ਫ੍ਰੀਲਾਂਸਰ ਫੋਟੋਗ੍ਰਾਫਰ ਵਜੋਂ ਕੰਮ ਕਰਦਾ ਸੀ ਤੇ ਗਗਨ ਉਰਫ਼ ਦੀਪ ਨਾਲ ਫੋਟੋਗ੍ਰਾਫੀ ਦੇ ਕੰਮ ਨਾਲ ਜੁੜਿਆ ਹੋਇਆ ਸੀ। ਇਕ ਸੜਕ ਹਾਦਸੇ ਵਿਚ ਜ਼ਖ਼ਮੀ ਹੋਣ ਤੋਂ ਬਾਅਦ ਸ਼ਿਕਾਇਤਕਰਤਾ ਕੰਮ ਛੱਡ ਗਏ ਕੈਮਰੇ ਦੀ ਵਾਪਸੀ ਨੂੰ ਲੈ ਕੇ ਉਨ੍ਹਾਂ ਦੋਨਾਂ ਵਿਚਕਾਰ ਝਗੜਾ ਹੋ ਗਿਆ ਸੀ।

ਮਾਮਲੇ ਨੂੰ ਸੁਲਝਾਉਣ ਲਈ ਦੋਵੇਂ ਧਿਰਾਂ ਬਾਈਪਾਸ ਪੁਲ ਦੇ ਨਾਲ ਲੱਗਦੇ ਨਵੇਂ ਬਣੇ ਪੈਟਰੋਲ ਪੰਪ ਦੇ ਨੇੜੇ ਮਿਲਣ ਲਈ ਸਹਿਮਤ ਹੋ ਗਈਆਂ। ਮੀਟਿੰਗ ਦੌਰਾਨ ਬਹਿਸ ਹਿੰਸਕ ਟਕਰਾਅ ਵਿਚ ਬਦਲ ਗਈ। ਸ਼ਿਕਾਇਤਕਰਤਾ ਅਨੁਸਾਰ ਮੁਲਜ਼ਮ ਨੇ ਕਥਿਤ ਤੌਰ 'ਤੇ ਸ਼ਿਕਾਇਤਕਰਤਾ ਦੇ ਭਰਾਵਾਂ 'ਤੇ ਤੇਜ਼ਧਾਰ ਹਥਿਆਰਾਂ ਨਾਲ ਹਮਲਾ ਕਰ ਦਿੱਤਾ। ਇਸ ਹਮਲੇ ਵਿਚ ਆਕਾਸ਼ਦੀਪ ਸਿੰਘ ਨੂੰ ਗੰਭੀਰ ਸੱਟਾਂ ਲੱਗੀਆਂ ਤੇ ਉਸ ਨੂੰ ਮੈਡੀਸਿਟੀ ਹਸਪਤਾਲ ਵਿਚ ਲੈ ਕੇ ਜਾਣ 'ਤੇ ਮ੍ਰਿਤਕ ਐਲਾਨ ਦਿੱਤਾ ਗਿਆ, ਜਦੋਂ ਕਿ ਹਰਮਨਦੀਪ ਸਿੰਘ ਨੂੰ ਵੀ ਗੰਭੀਰ ਸੱਟਾਂ ਲੱਗੀਆਂ ਤੇ ਉਹ ਇਸ ਸਮੇਂ ਈ ਐਸ ਆਈ ਹਸਪਤਾਲ ਅੰਮ੍ਰਿਤਸਰ ਵਿਚ ਇਲਾਜ ਅਧੀਨ ਹੈ। ਆਲਮ ਵਿਜੇ ਸਿੰਘ ਨੇ ਦੱਸਿਆ ਕਿ ਇਸ ਸਬੰਧੀ ਥਾਣਾ ਛੇਹਰਟਾ ਵਿਚ ਮਾਮਲਾ ਦਰਜ ਕਰ ਲਿਆ ਗਿਆ। ਵਿਸ਼ੇਸ਼ ਪੁਲਿਸ ਟੀਮ ਨੇ ਮਾਮਲੇ ਦੀ ਡੂੰਘਾਈ ਨਾਲ ਜਾਂਚ ਕਰਦੇ ਹੋਏ 24 ਘੰਟਿਆਂ ਅੰਦਰ ਦੋਵਾਂ ਮੁਲਜ਼ਮਾਂ ਹਰਦੀਪ ਸਿੰਘ ਉਰਫ਼ ਦੀਪ ਵਾਸੀ ਗੁਰੂ ਰਾਮ ਦਾਸ ਐਵੇਨਿਊ, ਸੁਲਤਾਨਵਿੰਡ ਰੋਡ ਤੇ ਸੁਖਬੀਰ ਸਿੰਘ ਉਰਫ਼ ਸੁੱਖ ਵਾਸੀ ਫਤਿਹ ਸਿੰਘ ਕਾਲੋਨੀ ਨੂੰ ਮਾਨਾਂਵਾਲਾ ਨੇੜੇ ਸਥਿਤ ਕਾਲੋਨੀ ਤੋਂ ਗ੍ਰਿਫ਼ਤਾਰ ਕਰ ਲਿਆ।

# ਸਬ-ਡਵੀਜ਼ਨਾਂ ਦੇ ਸਟਾਫ ਦੀ ਸਮੂਹਕ ਛੁੱਟੀ ਤੀਸਰੇ ਦਿਨ 'ਚ ਦਾਖਲ



ਬਿਆਸ (ਪਰਮਜੀਤ ਸਿੰਘ ਰੱਖੜਾ): ਜਾਇੰਟ ਫੋਰਮ ਤੇ ਏਕਤਾ ਮੰਚ ਪੰਜਾਬ ਦੇ ਸੱਦੇ 'ਤੇ ਰਈਆ ਮੰਡਲ ਬਿਆਸ ਵਿਖੇ ਭਾਰੀ ਰੋਸ ਧਰਨਾ ਦਿੱਤਾ ਗਿਆ, ਜਿਸ ਵਿੱਚ ਸੂਬਾਈ ਆਗੂ ਇੰਪਲਾਈਜ਼ ਫੈਡਰੇਸ਼ਨ (ਪਹਿਲਵਾਨ) ਦੇ ਜਾਇੰਟ ਫੋਰਮ ਹਰਪਿੰਦਰ ਸਿੰਘ ਚਾਹਲ, ਸੂਬਾ ਆਗੂ ਕਰਮਚਾਰੀ ਦਲ ਤੇਜਿੰਦਰ ਸਿੰਘ ਸੇਖੋਂ, ਗੁਰਚਰਨ ਸਿੰਘ ਬਾਠ ਸਾਬਕਾ ਜੇ ਈ, ਸਾਬਕਾ ਜਨਰਲ ਸਕੱਤਰ ਇੰਪਲਾਈਜ਼ ਫੈਡਰੇਸ਼ਨ (ਪਹਿਲਵਾਨ) ਪੰਜਾਬ ਸੁਖਵਿੰਦਰ ਸਿੰਘ ਚਾਹਲ ਉਚੇਚੇ ਤੌਰ 'ਤੇ ਸ਼ਾਮਲ ਹੋਏ। ਇਸ ਰੋਸ ਧਰਨੇ ਦੀ ਅਗਵਾਈ ਪ੍ਰਧਾਨ ਸੁਰਿੰਦਰ ਸਿੰਘ ਕੰਗ ਬੁਟਾਰੀ, ਪ੍ਰਧਾਨ ਸੁਰਜੀਤ ਸਿੰਘ ਉੱਪਲ ਤੇ ਕੰਵਲਜੀਤ ਸਿੰਘ ਵੱਲੋਂ ਸਾਂਝੇ ਤੌਰ 'ਤੇ ਕੀਤੀ ਗਈ।ਬੁਲਾਰਿਆਂ ਨੇ ਮੁਲਾਜ਼ਮ ਮੰਗਾਂ ਸੰਬੰਧੀ ਦੱਸਿਆ ਕਿ ਬਿਜਲੀ ਬੋਰਡ ਮੈਨੇਜਮੈਂਟ 17-07-2020 ਦਾ ਪੱਤਰ ਰੱਦ ਕਰਕੇ ਕੇਂਦਰੀ ਪੇ ਸਕੇਲ ਦੀ ਜਗ੍ਹਾ ਬਿਜਲੀ ਬੋਰਡ ਦੇ ਸਕੇਲ ਲਾਗੂ ਕੀਤੇ ਜਾਣ, 01-01-16 ਤੋਂ ਪਹਿਲਾਂ ਭਰਤੀ ਹੋਏ ਮੁਲਾਜ਼ਮਾਂ ਨੂੰ ਪ੍ਰਮੋਸ਼ਨ ਸਮੇਂ ਤਨਖਾਹ ਫਿਕਸੇਸ਼ਨ ਦਿੱਤੀ ਜਾਵੇ, ਡੀ ਏ ਦੀ ਰਹਿੰਦੀ ਅਦਾਇਗੀ 18% ਜਾਰੀ ਕੀਤੀ ਜਾਵੇ, 01-01- 2004 ਤੋਂ ਭਰਤੀ ਮੁਲਾਜ਼ਮਾਂ ਨੂੰ ਪੁਰਾਣੀ ਪੈਨਸ਼ਨ ਦਿੱਤੀ ਜਾਵੇ। ਤਰਸ ਦੇ ਆਧਾਰ 'ਤੇ ਮੁਲਾਜ਼ਮਾਂ ਦੀ ਸਲੈਕਸ਼ਨ ਦੀ ਰਕਮ ਅਦਾਇਗੀ ਪੂਰਨ ਤੌਰ 'ਤੇ ਬੰਦ ਕੀਤੀ ਜਾਵੇ।

ਇਸ ਮੌਕੇ ਜਨਰਲ ਸਕੱਤਰ ਇੰਪਲਾਈਜ਼ ਫੈਡਰੇਸ਼ਨ (ਪਹਿਲਵਾਨ) ਰਈਆ ਮੰਡਲ ਬਿਆਸ ਹਰਜੀਤ ਸਿੰਘ ਖੋਜਕੀਪੁਰ ਜਨਰਲ ਸਕੱਤਰ ਰਈਆ ਮੰਡਲ ਬਿਆਸ, ਸਤਨਾਮ ਸਿੰਘ ਮਹਿਤਾ ਸਰਕਲ ਸਕੱਤਰ, ਗੁਰਇਕਬਾਲ ਸਿੰਘ ਪ੍ਰਧਾਨ ਪੀ ਤੇ ਐੱਮ-2 ਅੰਮ੍ਰਿਤਸਰ, ਗੁਰਦੇਵ ਸਿੰਘ ਭਲਾਈਪੁਰ ਜਨਰਲ ਸਕੱਤਰ ਪੀ ਐੱਮ ਜ਼ੋਨ ਲੁਧਿਆਣਾ, ਮਲਕੀਤ ਸਿੰਘ ਜੇ ਈ, ਯੁੱਧਵੀਰ ਸਿੰਘ ਬਿਆਸ, ਸੁਖਵਿੰਦਰ ਸਿੰਘ ਨਾਗੋਕੇ, ਮਲਕੀਤ ਸਿੰਘ ਸੇਖਵਾਂ, ਮਨਪ੍ਰੀਤ ਸਿੰਘ ਕੈਸ਼ੀਅਰ, ਹਰਜਿੰਦਰ ਸਿੰਘ ਪ੍ਰਧਾਨ ਬਾਬਾ ਬਕਾਲਾ ਸਾਹਿਬ, ਜਗਤਾਰ ਸਿੰਘ ਪ੍ਰਧਾਨ ਬੁਟਾਰੀ, ਹਰਿੰਦਰ ਸਿੰਘ ਪ੍ਰਧਾਨ ਮਹਿਤਾ ਚੌਕ, ਪਰਮਜੀਤ ਸਿੰਘ ਅਤੇ ਹੋਰ ਮੁਲਾਜ਼ਮ ਹਾਜ਼ਰ ਸਨ।

# ਟੋਲ ਪਲਾਜ਼ਾ 'ਤੇ ਸੈਂਕੜੇ ਕਿਸਾਨਾਂ, ਮਜ਼ਦੂਰਾਂ ਵੱਲੋਂ ਮੁਜ਼ਾਹਰਾ ਤੇ ਧਰਨਾ



ਚੇਤਨਪੁਰਾ/ਅਟਾਰੀ/ਅਜਨਾਲਾ/ਛੇਹਰਟਾ/ਖਾਸਾ (ਸੁਖਵੰਤ ਚੇਤਨਪੁਰੀ/ ਸੁਖਤਿੰਦਰ ਸਿੰਘ ਰਾਜੂ/ ਸੁਰਜਿੰਦਰ ਸਿੰਘ/ਮਨੋਜ ਕੁਮਾਰ/ਸ਼ਸ਼ਪਾਲ ਸਿੰਘ)- ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਅਟਾਰੀ ਨਜ਼ਦੀਕ ਛਿੱਡਣ ਟੋਲ ਪਲਾਜ਼ਾ 'ਤੇ ਸੈਂਕੜੇ ਕਿਸਾਨ ਮਜ਼ਦੂਰਾਂ ਵੱਲੋਂ ਰੋਹ ਭਰਪੂਰ ਮੁਜ਼ਾਹਰਾ ਅਤੇ ਧਰਨਾ ਦਿੱਤਾ ਗਿਆ ਅਤੇ ਟੋਲ ਪਲਾਜ਼ੇ ਨੂੰ 12 ਤੋਂ 3 ਵਜੇ ਤੱਕ ਮੁਕੰਮਲ ਟੋਲ ਮੁਕਤ ਕਰਕੇ ਦਿੱਲੀ ਵਿਖੇ ਪੜ੍ਹਦੇ ਬੱਚਿਆਂ ਉੱਪਰ ਮੋਦੀ ਸਰਕਾਰ ਵੱਲੋਂ ਕੀਤੇ ਵਹਿਸ਼ੀਆਨਾਂ ਲਾਠੀਚਾਰਜ ਦੀ ਘੋਰ ਨਿੰਦਿਆ ਕੀਤੀ ਗਈ ਅਤੇ ਉਹਨਾਂ ਨਾਲ ਇਕਮੁੱਠਤਾ ਦਾ ਇਜ਼ਹਾਰ ਕੀਤਾ ਗਿਆ। ਇਸ ਸਮੇਂ ਵਿਸ਼ਾਲ ਇਕੱਠ ਨੂੰ ਵੱਖ ਵੱਖ ਜਥੇਬੰਦੀਆਂ ਦੇ ਪ੍ਰਮੁੱਖ ਆਗੂ ਡਾਕਟਰ ਸਤਨਾਮ ਸਿੰਘ ਅਜਨਾਲਾ, ਕਾ: ਰਤਨ ਸਿੰਘ ਰੰਧਾਵਾ, ਸੁੱਚਾ ਸਿੰਘ ਅਜਨਾਲਾ, ਸੁਖਰਾਜਬੀਰ ਲੋਹਾਰਕਾ, ਸ਼ਮਸ਼ੇਰ ਸਿੰਘ ਲੋਹਾਰਕਾ ਗੁਰਲਾਲ ਸਿੰਘ ਲਾਲੀ, ਕਾਬਲ ਸਿੰਘ ਛੀਨਾ, ਹਰਪਾਲ ਸਿੰਘ ਨੇ ਸੰਬੋਧਨ ਕੀਤਾ। ਬੁਲਾਰਿਆਂ ਵੱਲੋਂ ਆਪਣੇ ਸੰਬੋਧਨ ਵਿਚ ਮੰਗ ਕੀਤੀ ਗਈ ਕਿ ਕੇਂਦਰੀ ਸਿਖਿਆ ਮੰਤਰੀ ਧਰਮਿੰਦਰ ਪ੍ਰਧਾਨ ਤੁਰੰਤ ਅਸਤੀਫਾ ਦੇਵੇ ਅਤੇ ਉਸ ਦੀ ਨੀਟ ਇਮਤਿਹਾਨਾਂ ਨੂੰ ਲੀਕ ਕਰਨ ਦੀ ਜ਼ਿੰਮੇਵਾਰੀ ਠਹਿਰਾਈ ਜਾਵੇ, ਕਿਸਾਨ ਮਜ਼ਦੂਰ ਅਤੇ ਲੋਕ ਵਿਰੋਧੀ ਕਰ ਮੁਕਤ ਵਪਾਰ ਸਮਝੌਤਾ ਰੱਦ ਕੀਤਾ ਜਾਵੇ, ਭਗਵੰਤ ਮਾਨ ਸਰਕਾਰ ਵੱਲੋਂ ਕਿਸਾਨ ਮਜ਼ਦੂਰ ਵਿਰੋਧੀ ਨਵੀਂ ਲੈਂਡ ਪੂਲਿੰਗ ਪਾਲਸੀ ਤੁਰੰਤ ਵਾਪਸ ਕੀਤੀ ਜਾਵੇ। ਸਮੂਹ ਬੁਲਾਰਿਆਂ ਨੇ ਇਸ ਗੱਲ 'ਤੇ ਵੀ ਜ਼ੋਰ ਦਿੱਤਾ ਕਿ ਕਿਸਾਨ ਮਜ਼ਦੂਰ ਤੇ ਆਮ ਲੋਕਾਂ ਵਿਰੋਧੀ ਬਿਜਲੀ ਬਿੱਲ ਅਤੇ ਬੀਜ ਬਿੱਲ 2026 ਵਾਪਸ ਲਏ ਜਾਣ, ਕੇਂਦਰ ਅਤੇ ਸੂਬਾ ਸਰਕਾਰਾਂ ਕਿਸਾਨ ਮਜ਼ਦੂਰ ਵਿਰੋਧੀ ਨੀਤੀਆਂ ਕਾਰਨ ਚੜ੍ਹਿਆ 19 ਲੱਖ ਕਰੋੜ ਦਾ ਕਰਜ਼ਾ ਜਿਸ ਵਿਚ ਪੰਜਾਬ ਦਾ ਵੀ ਚਾਲੀ ਲੱਖ ਕਰੋੜ ਦਾ ਕਰਜ਼ਾ ਸ਼ਾਮਲ ਹੈ, ਰੱਦ ਕੀਤਾ ਜਾਵੇ, ਪੰਜਾਬ ਦੇ ਡੁੱਬ ਰਹੇ ਪਾਣੀ ਨੂੰ ਬਚਾਉਣ ਲਈ ਬਾਸਮਤੀ ਸਮੇਤ ਸਬਜ਼ੀਆਂ, ਫਲਾਂ, ਲੱਕੜਾਂ ਤੇ ਦੁੱਧ 'ਤੇ ਲਾਹੇਵੰਦਾ ਭਾਅ ਤੇ ਐਮ ਐਸ ਪੀ ਦਿੱਤੀ ਜਾਵੇ ਅਤੇ ਫਸਲੀ ਵਿਭਿੰਨਤਾ ਪੰਜਾਬ ਹਿਤ 'ਚ ਲਾਗੂ ਕੀਤੀ ਜਾਵੇ। ਇਸ ਤੋਂ ਇਲਾਵਾ ਖਰਚ ਖਰ ਰਿਕਾਰਡ ਵਿੱਚ ਮੰਗ ਦੁਹਰਾਈ ਗਈ ਕਿ ਮਜ਼ਦੂਰ ਹਿਤਾਂ ਵਿੱਚ ਕੰਮ ਦੀ ਦਿਹਾੜੀ 12 ਘੰਟੇ ਦੀ ਬਜਾਏ 8 ਘੰਟੇ ਕੀਤੀ ਜਾਵੇ, ਮਜ਼ਦੂਰ ਵਿਰੋਧੀ ਕੋਡ ਰੱਦ ਕੀਤੇ ਜਾਣ। ਮਨਰੇਗਾ ਦਾ ਮੁਢਲਾ ਸਰੂਪ ਬਹਾਲ ਕੀਤਾ ਜਾਵੇ। ਇਸ ਸਮੇਂ ਹੋਰਨਾਂ ਤੋਂ ਇਲਾਵਾ ਸ਼ਰਨਜੀਤ ਸਿੰਘ ਧਨੋਆ, ਮੁਖਤਾਰ ਸਿੰਘ ਮੁਹਾਵਾ, ਨਿਰਮਲ ਸਿੰਘ ਮੱਦੇ, ਬਾਬਾ ਅਰਜਨ ਸਿੰਘ, ਸੁਖਵਿੰਦਰ ਸਿੰਘ ਲਹੌਰੀ ਮੱਲ, ਰਜਿੰਦਰ ਸਿੰਘ ਭੰਗਾ ਪਿੰਡ, ਬਲਵਿੰਦਰ ਸਿੰਘ ਝਬਾਲ, ਸਤਵਿੰਦਰ ਸਿੰਘ ਓਠੀਆਂ ਅਤੇ ਇੰਦਰਜੀਤ ਸਿੰਘ ਨੇ ਵੀ ਸੰਬੋਧਨ ਕੀਤਾ ਅਤੇ ਵਿਦਿਆਰਥੀਆਂ ਉੱਪਰ ਅਣਮਨੁੱਖੀ ਲਾਠੀਚਾਰਜ ਦੇ ਮੁੱਖ ਜ਼ਿੰਮੇਵਾਰ ਮੋਦੀ ਦਾ ਪੁਤਲਾ ਫੂਕਿਆ ਗਿਆ ਤੇ ਨਾਅਰੇਬਾਜ਼ੀ ਕੀਤੀ ਗਈ ਅਤੇ ਧਰਮਿੰਦਰ ਪ੍ਰਧਾਨ ਦੇ ਅਸਤੀਫੇ ਦੀ ਤਰੁੰਤ ਮੰਗ ਕੀਤੀ ਗਈ।

# ਸੇਫਐਕਸਪ੍ਰੈਸ ਵੱਲੋਂ ਅਤਿ-ਆਧੁਨਿਕ ਲੌਜਿਸਟਿਕਸ ਪਾਰਕ ਦੀ ਸ਼ੁਰੂਆਤ

ਅੰਮ੍ਰਿਤਸਰ (ਜਸਬੀਰ ਸਿੰਘ ਸੱਗੂ)-ਭਾਰਤ ਦੀ ਮੋਹਰੀ ਸਪਲਾਈ ਚੇਨ ਅਤੇ ਲੌਜਿਸਟਿਕਸ ਕੰਪਨੀ, ਸੇਫਐਕਸਪ੍ਰੈਸ ਨੇ ਪੰਜਾਬ ਦੇ ਰਾਜਪੁਰਾ ਵਿੱਚ ਆਪਣੇ ਅਤਿ-ਆਧੁਨਿਕ ਲੌਜਿਸਟਿਕਸ ਪਾਰਕ ਦਾ ਉਦਘਾਟਨ ਕੀਤਾ ਹੈ। ਰਣਨੀਤਕ ਤੌਰ 'ਤੇ ਐਨ ਐਚ -44, ਗੰਡੀਆਂ, ਮਦਨਪੁਰ, ਰਾਜਪੁਰਾ ਵਿਖੇ ਸਥਿਤ, ਇਹ ਨਵੀਂ ਸਹੂਲਤ ਖੇਤਰ ਦੇ ਲੌਜਿਸਟਿਕਸ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਵਿੱਚ ਇੱਕ ਮਹੱਤਵਪੂਰਨ ਮੀਲ ਪੱਥਰ ਨੂੰ ਦਰਸਾਉਂਦੀ ਹੈ। ਸੇਫਐਕਸਪ੍ਰੈਸ ਦੇ ਸੀਨੀਅਰ ਪਤਵੰਤੇ ਉਦਘਾਟਨ ਸਮਾਰੋਹ ਵਿੱਚ ਸ਼ਾਮਲ ਹੋਏ।2.40 ਲੱਖ ਵਰਗ ਫੁੱਟ ਵਿੱਚ ਫੈਲਿਆ, ਰਾਜਪੁਰਾ ਲੌਜਿਸਟਿਕਸ ਪਾਰਕ ਉੱਨਤ ਟ੍ਰਾਂਸਸ਼ਿਪਮੈਂਟ ਅਤੇ ਥਰਡ-ਪਾਰਟੀ ਲੌਜਿਸਟਿਕਸ (3 ਪੀਐਲ ) ਸਮਰੱਥਾਵਾਂ ਨਾਲ ਲੈਸ ਹੈ।

# ਸਰਹੱਦੀ ਪਿੰਡ ਜਨਿਆਲ 3 ਦਿਨਾਂ ਤੋਂ ਹਨੇਰੇ 'ਚ ਡੁੱਬਾ



ਪਠਾਨਕੋਟ : (ਦਵਿੰਦਰ ਸਿੰਘ)-ਪਠਾਨਕੋਟ ਦੇ ਸਰਹੱਦੀ ਪਿੰਡ ਜਨਿਆਲ ਵਿੱਚ ਪਿਛਲੇ ਤਿੰਨ ਦਿਨਾਂ ਤੋਂ ਬਿਜਲੀ ਸਪਲਾਈ ਬੰਦ ਹੋਣ ਕਾਰਨ ਪਿੰਡ ਵਾਸੀਆਂ ਦੀ ਜ਼ਿੰਦਗੀ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਗਈ ਹੈ। ਇਸ ਦੇ ਚਲਦੇ ਪ੍ਰਭਾਵਿਤ ਲੋਕਾਂ ਨੇ ਬਿਜਲੀ ਵਿਭਾਗ ਖ਼ਿਲਾਫ਼ ਜ਼ੋਰਦਾਰ ਰੋਸ ਪ੍ਰਦਰਸ਼ਨ ਕੀਤਾ ਅਤੇ ਦੋਸ਼ ਲਗਾਇਆ ਕਿ ਵਾਰ ਵਾਰ ਸ਼ਿਕਾਇਤਾਂ ਕਰਨ ਦੇ ਬਾਵਜੂਦ ਵੀ ਵਿਭਾਗ ਇਸ ਮਾਮਲੇ ਵੱਲ ਕੋਈ ਧਿਆਨ ਨਹੀਂ ਦੇ ਰਿਹਾ। ਲੋਕਾਂ ਦਾ ਗੁੱਸਾ ਫੁੱਟ ਪਿਆ ਹੈ। ਵੀਰਵਾਰ ਨੂੰ ਪਿੰਡ ਵਾਸੀ ਜਲਾਲੀ ਪੁਲ 'ਤੇ ਇਕੱਠੇ ਹੋਏ ਅਤੇ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਖ਼ਿਲਾਫ਼ ਜ਼ੋਰਦਾਰ ਰੋਸ ਪ੍ਰਦਰਸ਼ਨ ਕਰਦੇ ਹੋਏ ਨਾਅਰੇਬਾਜ਼ੀ ਕੀਤੀ।

# ਲਾਵਾਰਸ ਵਿਅਕਤੀ ਦੀ ਮੌਤ

ਇੰਦੌਰਾ (ਦਵਿੰਦਰ ਸਿੰਘ)- ਐਸ ਪੀ ਨੂਰਪੁਰ ਧਰਮ ਚੰਦ ਵਰਮਾ ਨੇ ਦੱਸਿਆ ਕਿ ਵਿਧਾਨ ਸਭਾ ਹਲਕਾ ਇੰਦੌਰਾ ਅਧੀਨ ਥਾਣਾ ਡਮਟਾਲ ਦੇ ਕੰਦਰੋੜੀ ਰੇਲਵੇ ਸਟੇਸ਼ਨ ਨੇੜੇ ਇੱਕ ਵਿਅਕਤੀ ਬਿਮਾਰ ਹਾਲਤ ਵਿੱਚ ਬੇਹੋਸ਼ ਪਿਆ ਹੋਇਆ ਸੀ। ਸਥਾਨਕ ਲੋਕਾਂ ਨੇ ਉਸ ਨੂੰ ਇਲਾਜ ਲਈ ਡਾਕਟਰ ਕੋਲ ਲਿਜਾਣ ਦੀ ਕੋਸ਼ਿਸ਼ ਕੀਤੀ, ਪਰ ਉਸ ਨੇ ਰਸਤੇ ਵਿੱਚ ਹੀ ਦਮ ਤੋੜ ਦਿੱਤਾ।ਇਸ ਦੀ ਸੂਚਨਾ ਤੁਰੰਤ ਥਾਣਾ ਡਮਟਾਲ ਪੁਲਿਸ ਨੂੰ ਦਿੱਤੀ ਗਈ। ਮੌਕੇ 'ਤੇ ਪਹੁੰਚੀ ਪੁਲਿਸ ਨੇ ਮ੍ਰਿਤਕ ਦੀ ਜੇਬ ਵਿੱਚੋਂ ਇੱਕ ਡਾਕਟਰ ਦੀ ਪਰਚੀ ਬਰਾਮਦ ਕੀਤੀ, ਜਿਸ ਤੋਂ ਪਤਾ ਲੱਗਿਆ ਕਿ ਉਸ ਨੇ ਇੰਦੌਰਾ ਦੇ ਇੱਕ ਡਾਕਟਰ ਤੋਂ ਦਵਾਈ ਲਈ ਸੀ। ਉਸ ਪਰਚੀ 'ਤੇ ਉਸ ਦਾ ਨਾਮ ਲਾਲੂ ਯਾਦਵ, ਉਮਰ 62 ਸਾਲ ਦਰਜ ਸੀ। ਪੁਲਿਸ ਨੇ ਲਾਸ਼ ਨੂੰ ਪਛਾਣ ਲਈ 72 ਘੰਟਿਆਂ ਵਾਸਤੇ ਨੂਰਪੁਰ ਹਸਪਤਾਲ ਦੇ ਮੁਰਦਾਘਰ ਵਿੱਚ ਰੱਖਿਆ ਹੈ।

# ਗਰਭਵਤੀ ਔਰਤਾਂ ਦੀ ਸਿਹਤ ਦੀ ਕੀਤੀ ਜਾਂਚ

ਚੋਹਲਾ ਸਾਹਿਬ (ਰਮਨ ਚੱਡਾ)-ਸਿਵਲ ਸਰਜਨ ਤਰਨ ਤਾਰਨ ਡਾਕਟਰ ਸੰਦੀਪ ਧਵਨ ,ਜਿਲ੍ਹਾ ਪਰਿਵਾਰ ਭਲਾਈ ਅਫਸਰ ਡਾਕਟਰ ਭਾਰਤੀ ਧਵਨ ਅਤੇ ਜਿਲ੍ਹਾ ਟੀਕਾਕਰਨ ਅਫਸਰ ਡਾਕਟਰ ਵਰਿੰਦਰਪਾਲ ਕੌਰ ਦੇ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਡਾਕਟਰ ਜਤਿੰਦਰ ਸਿੰਘ ਗਿੱਲ ਸੀਨੀਅਰ ਮੈਡੀਕਲ ਅਫਸਰ ਇੰਚਾਰਜ ਸੀ ਐਚ ਸੀ ਸਰਹਾਲੀ ਦੀ ਯੋਗ ਰਹਿਨੁਮਾਈ ਹੇਠ ਡਾਕਟਰ ਸੰਦੀਪ ਕੌਰ ਮੈਡੀਕਲ ਅਫਸਰ ਵੱਲੋਂ ਗਰਭਵਤੀ ਔਰਤਾਂ ਦਾ ਚੈੱਕਅੱਪ ਕੀਤਾ ਗਿਆ। ਡਾਕਟਰ ਗਿੱਲ ਨੇ ਦੱਸਿਆ ਕਿ ਪ੍ਰਧਾਨ ਮੰਤਰੀ ਸੁਰੱਖਿਅਤ ਮਾਤਰਤਵ ਅਭਿਆਨ ਤਹਿਤ ਡਾ ਸੰਦੀਪ ਕੌਰ ਨੇ ਚੈੱਕਅੱਪ ਤੋਂ ਬਾਅਦ ਗਰਭਵਤੀ ਔਰਤਾਂ ਨੂੰ ਆਪਣੀ ਅਤੇ ਪਲ ਰਹੇ ਬੱਚੇ ਦੀ ਸਾਂਭ ਸੰਭਾਲ ਸਬੰਧੀ ਜਾਣਕਾਰੀ ਦਿੱਤੀ। ਡਾਕਟਰ ਨੇ ਦੱਸਿਆ ਕਿ ਗਰਭਵਤੀ ਔਰਤਾਂ ਨੂੰ ਫਾਸਟ ਫੂਡ,ਤਲੀਆਂ ਮਸਾਲੇਦਾਰ ਚੀਜ਼ਾਂ ਆਦਿ ਦਾ ਸੇਵਨ ਨਹੀਂ ਕਰਨਾ ਚਾਹੀਦਾ ਅਤੇ ਹਰੀਆਂ ਪੱਤੇਦਾਰ ਸਬਜੀਆਂ,ਫਲ ਅਤੇ ਸਲਾਦ ਆਦਿ ਦਾ ਸੇਵਨ ਕਰਨਾ ਚਾਹੀਦਾ ਹੈ। ਸਮੇਂ ਫਾਰਮੇਸੀ ਅਫਸਰ ਪ੍ਰਭਜੋਤ ਕੌਰ,ਬਲਜੀਤ ਸਿੰਘ,ਬੇਅੰਤ ਸਿੰਘ ਆਦਿ ਹਾਜਰ ਸਨ।

# ਨਗੀਤਾ ਦਾ ਅੰਤਮ ਸੰਸਕਾਰ



ਝਬਾਲ (ਹਰਜਿੰਦਰ ਸਿੰਘ ਸੋਨੀ) ਅਰਮੀਨੀਆ ਦੇ ਵਿੱਚ ਦੁਖਦਾਈ ਹਾਲਾਤ ਵਿੱਚ ਅਕਾਲ ਚਲਾਣਾ ਕਰ ਗਈ ਤਰਨ ਤਾਰਨ ਜ਼ਿਲ੍ਹੇ ਦੇ ਪਿੰਡ ਲੁਹਾਕਾ ਦੀ ਵਸਨੀਕ ਧੀ ਨਗੀਤਾ ਦੀ ਮ੍ਰਿਤਕ ਦੇਹ ਪੰਜਾਬ ਪਹੁੰਚ ਗਈ ਹੈ।ਮ੍ਰਿਤਕਾ ਦਾ ਪਰਿਵਾਰ ਬਹੁਤ ਹੀ ਗਰੀਬੀ ਨਾਲ ਜੂਝ ਰਿਹਾ ਹੈ, ਜਿਸ ਕਾਰਨ ਵਿਦੇਸ਼ ਤੋਂ ਲਾਸ਼ ਨੂੰ ਵਾਪਸ ਲਿਆਉਣਾ ਅਤੇ ਪਰਿਵਾਰ ਲਈ ਇਸ ਦੁੱਖ ਦੀ ਘੜੀ ਵਿੱਚ ਗੁਜ਼ਾਰਾ ਕਰਨਾ ਬਹੁਤ ਮੁਸ਼ਕਲ ਹੋ ਗਿਆ ਸੀ।ਇਸ ਗੰਭੀਰ ਤੇ ਦੁਖਦਾਈ ਸਥਿਤੀ ਨੂੰ ਦੇਖਦਿਆਂ ਮਾਨਵਤਾ ਦੀ ਸੇਵਾ ਨੂੰ ਸਮਰਪਿਤ ਸ਼ਖ਼ਸ਼ੀਅਤਾਂ ਅੱਗੇ ਆਈਆਂ। ਭਾਈ ਘਨੱਈਆ ਹਿਊਮੈਨਿਟੇਰੀਅਨ ਏਡ ਯੂ ਕੇ ਨੇ ਵਿਦੇਸ਼ੀ ਧਰਤੀ ਤੋਂ ਮ੍ਰਿਤਕ ਦੇਹ ਨੂੰ ਪੰਜਾਬ ਲਿਆਉਣ ਵਿੱਚ ਅਹਿਮ ਭੂਮਿਕਾ ਨਿਭਾਈ । ?ਇਸ ਮੌਕੇ ਵਿਸ਼ੇਸ਼ ਤੌਰ 'ਤੇ ਕੁਲਵਿੰਦਰ ਸਿੰਘ ਫਰਾਂਸ ਅਤੇ ਜਸਪ੍ਰੀਤ ਸਿੰਘ (ਪ੍ਰਧਾਨ ਜਲੰਧਰ) ਵੱਲੋਂ ਇਸ ਗ਼ਰੀਬ ਪਰਿਵਾਰ ਦੀ ਬਾਂਹ ਫੜਦਿਆਂ ਵੱਡੀ ਮਾਲੀ ਅਤੇ ਇਨਸਾਨੀ ਸੇਵਾ ਨਿਭਾਈ ਗਈ । ਨਗੀਤਾ ਦੇ ਅੰਤਿਮ ਸਸਕਾਰ ਅਤੇ ਬਾਲਣ ਦੀ ਸਮੁੱਚੀ ਸੇਵਾ ਵੀ ਇਨ੍ਹਾਂ ਸੇਵਾਦਾਰਾਂ ਵੱਲੋਂ ਆਪਣੇ ਹੱਥੀਂ ਕੀਤੀ ਗਈ।

# ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਬੈਗ ਵੰਡੇ



ਬਿਆਸ (ਪਰਮਜੀਤ ਸਿੰਘ ਰੱਖੜਾ) ਪੰਜਾਬ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਮੁਫ਼ਤ ਸਕੂਲੀ ਬੈਗ ਮੁਹੱਈਆ ਕਰਵਾਉਣ ਦੀ ਮੁਹਿੰਮ ਤਹਿਤ ਵੀਰਵਾਰ ਵਿਧਾਨ ਸਭਾ ਹਲਕਾ ਬਾਬਾ ਬਕਾਲਾ ਸਾਹਿਬ ਦੇ ਵਿਧਾਇਕ ਦਲਬੀਰ ਸਿੰਘ ਟੌਂਗ ਦੀ ਅਗਵਾਈ ਹੇਠ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੁਤਾਲਾ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਰਈਆ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੱਲ ਸਰਾਏ ਵਿਖੇ ਵਿਦਿਆਰਥੀਆਂ ਨੂੰ ਸਕੂਲੀ ਬੈਗ ਵੰਡੇ ਗਏ।

ਇਸ ਮੌਕੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਸੰਬੋਧਨ ਕਰਦਿਆਂ ਆਮ ਆਦਮੀ ਪਾਰਟੀ ਦੇ ਯੂਥ ਆਗੂ ਪ੍ਰਧਾਨ ਰਣਧੀਰ ਸਿੰਘ, ਹਲਕਾ ਸਿੱਖਿਆ ਕੋਆਰਡੀਨੇਟਰ ਪਰਦੀਪ ਸਿੰਘ, ਜ਼ਿਲ੍ਹਾ ਪ੍ਰਧਾਨ ਗੁਰਪ੍ਰੀਤ ਸਿੰਘ, ਜ਼ਿਲ੍ਹਾ ਸਕੱਤਰ ਜੋਬਨ ਜ਼ੈਲਦਾਰ, ਜ਼ਿਲ੍ਹਾ ਮੀਤ ਪ੍ਰਧਾਨ ਹਰਦੀਪ ਸਿੰਘ, ਬਲਾਕ ਪ੍ਰਧਾਨ ਅਰਵਿੰਦਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸਿੱਖਿਆ ਦੇ ਖੇਤਰ ਵਿੱਚ ਇਤਿਹਾਸਕ ਸੁਧਾਰ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੂੰ ਮੁਫ਼ਤ ਸਕੂਲੀ ਬੈਗ ਮੁਹੱਈਆ ਕਰਵਾਉਣ ਦਾ ਉਦੇਸ਼ ਉਨ੍ਹਾਂ ਨੂੰ ਪੜ੍ਹਾਈ ਲਈ ਉਤਸ਼ਾਹਤ ਕਰਨ ਦੇ ਨਾਲ-ਨਾਲ ਮਾਪਿਆਂ 'ਤੇ ਪੈਣ ਵਾਲੇ ਆਰਥਿਕ ਬੋਝ ਨੂੰ ਵੀ ਘਟਾਉਣਾ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਉਹ ਪੂਰੀ ਮਿਹਨਤ, ਲਗਨ ਅਤੇ ਅਨੁਸ਼ਾਸਨ ਨਾਲ ਪੜ੍ਹਾਈ ਕਰਨ ਤੇ ਆਪਣੇ ਮਾਪਿਆਂ, ਅਧਿਆਪਕਾਂ ਅਤੇ ਪੰਜਾਬ ਦਾ ਨਾਂਅ ਰੌਸ਼ਨ ਕਰਨ।

# ਅੰਮ੍ਰਿਤਸਰ ਦੇ ਵਿਕਾਸ ਕਾਰਜਾਂ ਦੀ ਸਮੀਖਿਆ



ਅੰਮ੍ਰਿਤਸਰ (ਜਗਦੀਸ਼ ਕਮਲੇਸ਼)-ਪੰਜਾਬ ਮਿਊਂਸਪਲ ਇਨਫਰਾਸਟਰੱਕਚਰ ਡਿਵੈਲਪਮੈਂਟ ਕੰਪਨੀ ਦੀ ਮੁੱਖ ਕਾਰਜਕਾਰੀ ਅਧਿਕਾਰੀ ਸੁਸ਼੍ਰੀ ਦੀਪਤੀ ਉੱਪਲ, ਆਈ ਏ ਐਸ ਨੇ ਵੀਰਵਾਰ ਨੂੰ ਨਗਰ ਨਿਗਮ ਅੰਮ੍ਰਿਤਸਰ ਦੇ ਅਧਿਕਾਰੀਆਂ ਨਾਲ ਸ਼ਹਿਰ ਵਿੱਚ ਚੱਲ ਰਹੇ ਵੱਖ-ਵੱਖ ਵਿਕਾਸ ਅਤੇ ਬੁਨਿਆਦੀ ਢਾਂਚਾਗਤ ਪ੍ਰੋਜੈਕਟਾਂ ਦੀ ਵਿਸਤ੍ਰਿਤ ਸਮੀਖਿਆ ਕੀਤੀ। ਇਸ ਮੀਟਿੰਗ ਦਾ ਮੁੱਖ ਉਦੇਸ਼ ਸਾਰੇ ਵਿਕਾਸ ਕਾਰਜ ਨਿਰਧਾਰਤ ਸਮੇਂ ਅੰਦਰ ਉੱਚ ਗੁਣਵੱਤਾ ਨਾਲ ਮੁਕੰਮਲ ਕਰਨਾ ਅਤੇ ਸਾਰੀਆਂ ਕਾਰਜਕਾਰੀ ਏਜੰਸੀਆਂ ਵਿਚਕਾਰ ਬਿਹਤਰ ਤਾਲਮੇਲ ਯਕੀਨੀ ਬਣਾਉਣਾ ਸੀ।ਮੀਟਿੰਗ ਵਿੱਚ ਨਗਰ ਨਿਗਮ ਕਮਿਸ਼ਨਰ ਬਿਕਰਮਜੀਤ ਸਿੰਘ ਸ਼ੇਰਗਿੱਲ, ਵਧੀਕ ਨਗਰ ਨਿਗਮ ਕਮਿਸ਼ਨਰ ਡਾ. ਜੈ ਇੰਦਰ ਸਿੰਘ, ਏਜੰਸੀਆਂ ਅਤੇ ਕੰਪਨੀਆਂ ਦੇ ਨੁਮਾਇੰਦਿਆਂ ਨੇ ਹਿੱਸਾ ਲਿਆ।ਮੀਟਿੰਗ ਦੌਰਾਨ ਵਾਟਰ ਟਰੀਟਮੈਂਟ ਪਲਾਂਟ ਪ੍ਰੋਜੈਕਟ ਦੀ ਵਿਸਤ੍ਰਿਤ ਸਮੀਖਿਆ ਕੀਤੀ ਗਈ। ਦੀਪਤੀ ਉੱਪਲ ਨੇ ਸਬੰਧਤ ਏਜੰਸੀਆਂ ਨੂੰ ਕੰਮ ਦੀ ਰਫ਼ਤਾਰ ਤੇਜ਼ ਕਰਨ ਅਤੇ ਨਿਰਧਾਰਤ ਸਮੇਂ ਅੰਦਰ ਸਾਰੇ ਕੰਮ ਉੱਚ ਗੁਣਵੱਤਾ ਨਾਲ ਮੁਕੰਮਲ ਕਰਨ ਦੇ ਨਿਰਦੇਸ਼ ਦਿੱਤੇ। ਸ਼ਹਿਰ ਦੀ ਸਫ਼ਾਈ ਪ੍ਰਣਾਲੀ ਦੀ ਸਮੀਖਿਆ ਕਰਦਿਆਂ ਸੀ ਈ ਓ ਨੇ ਸਫ਼ਾਈ ਵਾਹਨਾਂ ਦੀ ਤਾਇਨਾਤੀ, ਡੋਰ-ਟੂ-ਡੋਰ ਕੂੜਾ ਇਕੱਠਾ ਕਰਨ ਦੀ ਪ੍ਰਣਾਲੀ ਅਤੇ ਠੋਸ ਕਚਰਾ ਪ੍ਰਬੰਧਨ ਦੇ ਕੰਮਾਂ ਦਾ ਜਾਇਜ਼ਾ ਲਿਆ। ਮੀਟਿੰਗ ਦੌਰਾਨ ਸੀਵਰੇਜ ਬੁਨਿਆਦੀ ਢਾਂਚੇ ਨਾਲ ਸਬੰਧਤ ਪ੍ਰੋਜੈਕਟਾਂ ਦੀ ਵੀ ਸਮੀਖਿਆ ਕੀਤੀ ਗਈ । ਨਗਰ ਨਿਗਮ ਕਮਿਸ਼ਨਰ ਬਿਕਰਮਜੀਤ ਸਿੰਘ ਸ਼ੇਰਗਿੱਲ ਨੇ ਭਰੋਸਾ ਦਿਵਾਇਆ ਕਿ ਨਗਰ ਨਿਗਮ ਅੰਮ੍ਰਿਤਸਰ ਸਾਰੇ ਪ੍ਰੋਜੈਕਟਾਂ ਦੀ ਨਿਯਮਿਤ ਨਿਗਰਾਨੀ ਕਰੇਗਾ ਅਤੇ ਸਾਰੀਆਂ ਕਾਰਜਕਾਰੀ ਏਜੰਸੀਆਂ ਨਾਲ ਤਾਲਮੇਲ ਬਣਾਕੇ ਉਨ੍ਹਾਂ ਨੂੰ ਸਮੇਂ ਸਿਰ ਸਫ਼ਲਤਾਪੂਰਵਕ ਮੁਕੰਮਲ ਕਰਨਾ ਯਕੀਨੀ ਬਣਾਏਗਾ।

# ਦਿੱਲੀ-ਅੰਮ੍ਰਿਤਸਰ-ਕਟੜਾ ਐਕਸਪ੍ਰੈਸ ਵੇਅ ਲਈ 14 ਪਿੰਡਾਂ ਦੀ ਜ਼ਮੀਨ ਐਕਵਾਇਰ ਕੀਤੀ : ਐੱਸ ਡੀ ਐੱਮ



ਬਟਾਲਾ (ਡਾਕਟਰ ਮਲਵਿੰਦਰ ਸਿੰਘ)-ਉਪ ਮੰਡਲ ਮੈਜਿਸਟ੍ਰੇਟ ਬਟਾਲਾ ਸਰਬਜੀਤ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਦਿੱਲੀ-ਅੰਮ੍ਰਿਤਸਰ-ਕਟੜਾ ਐਕਸਪ੍ਰੈਸ ਵੇ ਦੇ ਵਿਕਾਸ ਉਸਾਰੀ ਲਈ ਬਟਾਲਾ ਸਬ ਡਵੀਜ਼ਨ ਦੇ 14 ਪਿੰਡ ਜਿਨ੍ਹਾਂ ਵਿੱਚ ਬਸਰਾਏ, ਹਰਚੋਵਾਲ, ਭਾਮੜੀ, ਨੰਗਲ ਝੌਰ, ਭਰਥ, ਮੰਡਲਾ, ਚੀਮਾ, ਖੁੰਡੀ, ਕਿਸ਼ਨਕੋਟ, ਸੁਕਾਲਾ, ਮਰੜਾਏ, ਪੰਜੋਖੇ, ਮਾੜੀ ਬੁੱਚਿਆਂ, ਬਲੜਵਾਲ ਦੀ ਜ਼ਮੀਨ ਐਕਵਾਇਰ ਕੀਤੀ ਗਈ ਹੈ ਅਤੇ ਇਸ ਪ੍ਰੋਜੈਕਟ ਲਈ ਸਬ ਡਵੀਜ਼ਨ ਬਟਾਲਾ ਦਾ 19.01 ਕਿਲੋਮੀਟਰ ਏਰੀਆ ਪੈਂਦਾ ਹੈ ਜਿਸ ਦਾ 207.18 ਹੈਕਟੇਅਰ ਏਰੀਆ ਬਣਦਾ ਹੈ।ਉਨ੍ਹਾਂ ਕਿਹਾ ਕਿ ਬਟਾਲਾ ਸਬ- ਡਵੀਜ਼ਨ ਵਿੱਚ ਪੈਂਦੇ ਪਿੰਡਾਂ ਦੀ ਐਕਵਾਇਰ ਹੋਈ ਜ਼ਮੀਨ ਦੇ ਜਿਨ੍ਹਾਂ ਭੋਂ ਮਾਲਕਾਂ ਵੱਲੋਂ ਅਜੇ ਤੱਕ ਮੁਆਵਜ਼ੇ ਦੀ ਰਕਮ ਪ੍ਰਾਪਤ ਨਹੀਂ ਕੀਤੀ ਗਈ, ਉਨ੍ਹਾਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਹ ਆਪਣੇ ਲੋੜੀਂਦੇ ਦਸਤਾਵੇਜ਼ ਜਿਵੇਂ ਕਿ ਅਧਾਰ ਕਾਰਡ ਹਲਫੀਆ ਬਿਆਨ ਬੈਂਕ ਅਕਾਊਂਟ ਜਮਾਂਬੰਦੀ ਆਦਿ ਤੁਰੰਤ ਇਸ ਦਫਤਰ ਵਿੱਚ ਜਮ੍ਹਾਂ ਕਰਾਉਣ ਤਾਂ ਜੋ ਉਨ੍ਹਾਂ ਨੂੰ ਇਸ ਐਕਵਾਇਰ ਕੀਤੀ ਗਈ ਜ਼ਮੀਨ ਦੇ ਮੁਆਵਜ਼ੇ ਦੀ ਰਕਮ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਜਮ੍ਹਾਂ ਕੀਤੀ ਜਾ ਸਕੇ।

# 'ਬਜ਼ੁਰਗਾਂ ਨਾਲ ਬਦਸਲੂਕੀ ਦੀ ਰੋਕਥਾਮ ਨੂੰ ਕਾਰਗਰ ਬਣਾਉਣਾ' ਵਿਸ਼ੇ 'ਤੇ ਵੈਬੀਨਾਰ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ) -ਖਾਲਸਾ ਯੂਨੀਵਰਸਿਟੀ ਦੇ ਸਕੂਲ ਆਫ਼ ਨਰਸਿੰਗ ਵੱਲੋਂ ਵਿਸ਼ਵ ਬਜ਼ੁਰਗ ਦੁਰਵਿਵਹਾਰ ਜਾਗਰੂਕਤਾ ਦਿਵਸ ਦੇ ਸੰਬੰਧ 'ਤੇ 'ਬਜ਼ੁਰਗਾਂ ਨਾਲ ਬਦਸਲੂਕੀ ਦੀ ਰੋਕਥਾਮ ਨੂੰ ਕਾਰਗਰ ਬਣਾਉਣਾ' ਵਿਸ਼ੇ ਹੇਠ ਰਾਸ਼ਟਰੀ ਈ-ਪੋਸਟਰ ਮੁਕਾਬਲੇ ਅਤੇ ਈ-ਸਿੰਪੋਜ਼ੀਅਮ ਪ੍ਰੋਗਰਾਮ ਕਰਵਾਇਆ ਗਿਆ। ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਬਜ਼ੁਰਗਾਂ ਨਾਲ ਹੋਣ ਵਾਲੇ ਦੁਰਵਿਵਹਾਰ ਪ੍ਰਤੀ ਜਾਗਰੂਕਤਾ ਫੈਲਾਉਣਾ, ਉਨ੍ਹਾਂ ਪ੍ਰਤੀ ਸਤਿਕਾਰ ਦੀ ਭਾਵਨਾ ਨੂੰ ਉਤਸ਼ਾਹਿਤ ਕਰਨਾ ਅਤੇ ਸਿੱਖਿਆ ਤੇ ਸਮਾਜਿਕ ਭਾਗੀਦਾਰੀ ਰਾਹੀਂ ਇਸ ਦੀ ਰੋਕਥਾਮ ਲਈ ਪ੍ਰਭਾਵਸ਼ਾਲੀ ਉਪਰਾਲਿਆਂ ਨੂੰ ਉਤਸ਼ਾਹਿਤ ਦੇਣਾ ਸੀ। ਇਸ ਵੈਬੀਨਾਰ 'ਚ ਭਾਰਤ ਦੇ ਵੱਖ-ਵੱਖ ਰਾਜਾਂ ਦੀਆਂ ਸੰਸਥਾਵਾਂ ਤੋਂ ਲਗਭਗ 170 ਭਾਗੀਦਾਰਾਂ ਨੇ ਸ਼ਮੂਲੀਅਤ ਕੀਤੀ। ਇਸ ਪ੍ਰੋਗਰਾਮ ਦੀ ਸ਼ੁਰੂਆਤ ਸਕੂਲ ਆਫ਼ ਨਰਸਿੰਗ ਦੇ ਮੁੱਖੀ ਡਾ. ਅਮਨਪ੍ਰੀਤ ਕੌਰ ਦੇ ਸਵਾਗਤੀ ਭਾਸ਼ਣ ਨਾਲ ਹੋਈ ਜਿਸ ਉਪਰੰਤ ਸ਼ਮ੍ਹਾ ਰੌਸ਼ਨ ਕੀਤੀ ਗਈ। ਇਸ ਪ੍ਰੋਗਰਾਮ 'ਚ ਮੁੱਖ ਮਹਿਮਾਨ ਵਜੋਂ ਮਿਲਵਰਤਨ ਓਲਡ ਏਜ ਹੋਮ, ਅੰਮ੍ਰਿਤਸਰ ਤੋਂ ਮੁੱਖ ਸਕੱਤਰ ਸ੍ਰੀਮਤੀ ਰੇਣੂ ਭੰਡਾਰੀ ਨੇ ਸੰਬੋਧਨ ਕਰਦਿਆਂ ਸੀਨੀਅਰ ਨਾਗਰਿਕਾਂ ਦੀ ਇੱਜ਼ਤ, ਸੁਰੱਖਿਆ ਅਤੇ ਤੰਦਰੁਸਤੀ ਨੂੰ ਯਕੀਨੀ ਬਣਾਉਣ 'ਚ ਸਮਾਜ ਦੀ ਸਮੂਹਿਕ ਜ਼ਿੰਮੇਵਾਰੀ 'ਤੇ ਜ਼ੋਰ ਦਿੱਤਾ। ਇਸ ਵੈਬੀਨਾਰ ਸਬੰਧੀ ਡਾ. ਅਮਨਪ੍ਰੀਤ ਕੌਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸੰਪੋਜ਼ੀਅਮ 'ਚ ਪ੍ਰਸਿੱਧ ਸਰੋਤ ਵਿਅਕਤੀਆਂ ਵੱਲੋਂ ਗਿਆਨ ਭਰਪੂਰ ਸੈਸ਼ਨ ਪੇਸ਼ ਕੀਤੇ ਗਏ। ਉਨ੍ਹਾਂ ਕਿਹਾ ਕਿ ਸੀ. ਕੇ. ਡੀ. ਕਾਲਜ ਆਫ਼ ਨਰਸਿੰਗ ਤੋਂ ਪ੍ਰੋਫੈਸਰ ਸ੍ਰੀਮਤੀ ਸੁਰਿੰਦਰ ਕੌਰ ਨੇ 'ਚੁੱਪ ਸੰਕਟ ਨੂੰ ਪਛਾਣਨਾ: ਬਜ਼ੁਰਗਾਂ ਦੀ ਇਕੱਲਤਾ ਅਤੇ ਦੁਰਵਿਵਹਾਰ ਨੂੰ ਸਮਝਣਾ' ਵਿਸ਼ੇ 'ਤੇ ਭਾਸ਼ਣ ਦਿੱਤਾ। ਜਦ ਕਿ ਡੀ. ਐੱਮ. ਸੀ. ਐੱਚ ਹਸਪਤਾਲ ਕਾਲਜ ਆਫ਼ ਨਰਸਿੰਗ, ਲੁਧਿਆਣਾ ਤੋਂ ਪ੍ਰੋਫੈਸਰ ਸ੍ਰੀਮਤੀ ਮੀਨਾਕਸ਼ੀ ਨੇ 'ਬਜ਼ੁਰਗਾਂ ਦੀ ਸੁਰੱਖਿਆ ਲਈ ਨਰਸਿੰਗ ਮੁਲਾਂਕਣ ਅਤੇ ਸ਼ੁਰੂਆਤੀ ਦਖਲਅੰਦਾਜ਼ੀ ਰਣਨੀਤੀਆਂ' 'ਤੇ ਭਾਸ਼ਣ ਦਿੱਤਾ। ਇਸ ਤੋਂ ਇਲਾਵਾ ਭਾਟੀਆ ਨਿਊਰੋ ਸਾਈਕਿਆਟ੍ਰਿਕ ਹਸਪਤਾਲ ਅਤੇ ਨਸ਼ਾ ਛੁਡਾਊ ਕੇਂਦਰ, ਅੰਮ੍ਰਿਤਸਰ ਤੋਂ ਮਨੋਵਿਗਿਆਨੀ ਡਾ. ਜਗਦੀਪ ਪਾਲ ਸਿੰਘ ਭਾਟੀਆ ਨੇ 'ਜਾਗਰੂਕਤਾ ਦੁਆਰਾ ਬਜ਼ੁਰਗਾਂ ਦਾ ਸਤਿਕਾਰ ਕਰਨਾ: ਰੋਕਥਾਮ, ਵਕਾਲਤ ਅਤੇ ਭਾਈਚਾਰਕ ਪ੍ਰਤੀ' ਵਿਸ਼ੇ 'ਤੇ ਵਿਚਾਰ ਸਾਂਝੇ ਕੀਤੇ। ਉਨ੍ਹਾਂ ਕਿਹਾ ਕਿ ਸੈਸ਼ਨ ਬਹੁਤ ਜਾਣਕਾਰੀ ਭਰਪੂਰ ਸਨ, ਜਿਸ ਦੌਰਾਨ ਵਿਦਿਆਰਥੀਆਂ ਨੂੰ ਬਜ਼ੁਰਗਾਂ ਦੇ ਅਧਿਕਾਰਾਂ ਅਤੇ ਤੰਦਰੁਸਤੀ ਦੀ ਰੱਖਿਆ 'ਚ ਆਪਣੀ ਭੂਮਿਕਾ ਨੂੰ ਮਜ਼ਬੂਤ ਕਰਨ ਲਈ ਉਤਸ਼ਾਹਿਤ ਕੀਤਾ ਗਿਆ। ਉਨ੍ਹਾਂ ਕਿਹਾ ਕਿ ਰਾਸ਼ਟਰੀ ਈ-ਪੋਸਟਰ ਮੁਕਾਬਲੇ 'ਚ ਵੱਖ-ਵੱਖ ਰਾਜਾਂ ਦੇ 30 ਪ੍ਰਤੀਯੋਗੀਆਂ ਨੇ ਉਤਸ਼ਾਹੀ ਭਾਗੀਦਾਰੀ ਨਾਲ ਪੋਸਟਰਾਂ 'ਚ ਬਜ਼ੁਰਗਾਂ ਨਾਲ ਦੁਰਵਿਵਹਾਰ ਨੂੰ ਰੋਕਣ, ਸਿਹਤਮੰਦ ਬੁਢਾਪੇ ਨੂੰ ਉਤਸ਼ਾਹਿਤ ਕਰਨ ਲਈ ਨਵੀਨਤਾਕਾਰੀ ਅਤੇ ਰਚਨਾਤਮਕ ਵਿਚਾਰ ਸਾਂਝੇ ਕੀਤੇ। ਪੋਸਟਰਾਂ ਦਾ ਮੁਲਾਂਕਣ ਦ ਹਰਮਿਟੇਜ ਰੀਹੈਬ, ਅੰਮ੍ਰਿਤਸਰ ਤੋਂ ਮਨੋਵਿਗਿਆਨੀ ਡਾ. ਨਿਧੀ ਅਰੋੜਾ ਅਤੇ ਐੱਸ. ਜੀ. ਆਰ. ਡੀ., ਵੱਲ੍ਹਾ ਤੋਂ ਮਨੋਵਿਗਿਆਨੀ ਡਾ. ਅਮਨਦੀਪ ਸਿੰਘ ਵੱਲੋਂ ਕੀਤਾ ਗਿਆ । ਜੇਤੂਆਂ ਨੂੰ ਉਨ੍ਹਾਂ ਦੀ ਸਿਰਜਣਾਤਮਕਤਾ, ਮੌਲਿਕਤਾ ਅਤੇ ਸ਼ਾਨਦਾਰ ਪੇਸ਼ਕਾਰੀ ਲਈ ਨਕਦ ਇਨਾਮ ਨਾਲ ਸਨਮਾਨਿਤ ਕੀਤਾ ਗਿਆ।

# ਰਾਹੁਲ 'ਤੇ ਧੱਕਾਮੁੱਕੀ ਕਰਕੇ ਕੇਂਦਰ ਸਰਕਾਰ ਨੇ ਬੁਖਲਾਹਟ ਦਾ ਸਬੂਤ ਦਿੱਤਾ : ਸਿੱਕੀ, ਪੱਖੋਕੇ





ਝਬਾਲ (ਹਰਜਿੰਦਰ ਸਿੰਘ ਸੋਨੀ)- ਵਿਧਾਨ ਸਭਾ ਹਲਕਾ ਖਡੂਰ ਸਾਹਿਬ ਤੋਂ ਕਾਂਗਰਸ ਪਾਰਟੀ ਦੇ ਸਾਬਕਾ ਵਿਧਾਇਕ ਰਮਨਜੀਤ ਸਿੰਘ ਸਿੱਕੀ ਤੇ ਕਾਂਗਰਸ ਪਾਰਟੀ ਦੇ ਮੀਤ ਪ੍ਰਧਾਨ ਪੰਜਾਬ ਰਾਜਬੀਰ ਸਿੰਘ ਪੱਖੋਕੇ ਨੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਕਾਂਗਰਸ ਦੇ ਪ੍ਰਧਾਨ ਰਾਹੁਲ ਗਾਂਧੀ ਦੀ ਅਗਵਾਈ ਹੇਠ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਨਿਵਾਸ ਦੇ ਬਾਹਰ ਜੋ ਵਿਦਿਆਰਥੀਆਂ ਦੇ ਹੱਕ ਵਿੱਚ ਜੋ ਧਰਨਾ ਦਿੱਤਾ ਜਾ ਰਿਹਾ ਸੀ, ਜਿਸ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਅਤੇ ਕੇਂਦਰੀ ਸਿੱਖਿਆ ਮੰਤਰੀ ਧਰਮੇਂਦਰ ਪ੍ਰਧਾਨ ਦੇ ਅਸਤੀਫੇ ਦੀ ਮੰਗ ਕੀਤੀ ਜਾ ਰਹੀ ਸੀ।ਇਸ ਮੌਕੇ ਪ੍ਰਧਾਨ ਰਾਹੁਲ ਗਾਂਧੀ ਅਤੇ ਹੋਰ ਕਾਂਗਰਸੀ ਆਗੂਆਂ ਨਾਲ ਕੀਤੀ ਗਈ ਧੱਕਾਮੁੱਕੀ ਦੀ ਉਹ ਕਰੜੇ ਸ਼ਬਦਾਂ ਵਿੱਚ ਨਿੰਦਾ ਕਰਦੇ ਹਨ।ਉਹਨਾਂ ਕਿਹਾ ਕਿ ਸਰਕਾਰ ਨੂੰ ਚਾਹੀਦਾ ਸੀ ਕਿ ਵਿਦਿਆਰਥੀਆਂ ਦੇ ਮਸਲੇ ਹੱਲ ਕਰਨ ਲਈ ਰਾਹੁਲ ਗਾਂਧੀ ਨਾਲ ਗੱਲਬਾਤ ਕਰਦੇ ਪਰ ਸਰਕਾਰ ਨੇ ਬੁਖਲਾਹਟ ਵਿੱਚ ਆ ਕੇ ਧੱਕਾਮੁੱਕੀ ਕਰਨੀ ਸ਼ੁਰੂ ਕਰ ਦਿੱਤੀ ਤੇ ਰਾਹੁਲ ਗਾਂਧੀ ਸਮੇਤ ਕਾਂਗਰਸੀ ਆਗੂਆਂ ਨੂੰ ਹਿਰਾਸਤ ਵਿੱਚ ਲੈ ਲਿਆ। ਉਹਨਾਂ ਨੇ ਕਿਹਾ ਕਿ ਕੇਂਦਰ ਸਰਕਾਰ ਨੇ ਇਸ ਘਿਨਾਉਣੀ ਕਾਰਵਾਈ ਕਰਕੇ ਸਮਹੂਰੀਅਤ ਦਾ ਘਾਣ ਕੀਤਾ ਹੈ।ਉਹਨਾਂ ਕਿਹਾ ਕਿ ਸਾਡੇ ਦੇਸ਼ ਵਿੱਚ ਆਪਣੇ ਹੱਕਾਂ ਲਈ ਸੰਘਰਸ਼ ਕਰਨ ਵਾਲਿਆਂ ਨੂੰ ਗੁਲਾਮ ਹੋ ਗਿਆ ਹੈ।ਜਿਸ ਦੌਰਾਨ ਉਥੇ ਨੌਜਵਾਨ ਮੁੰਡੇ ਕੁੜੀਆਂ 'ਤੇ ਲਾਠੀਚਾਰਜ ਕੀਤਾ ਗਿਆ, ਇਹ ਬਹੁਤ ਹੀ ਨਿੰਦਣਯੋਗ ਕਾਰਵਾਈ ਸੀ ਜਿਸ ਦੀ ਜਿੰਨੀ ਵੀ ਨਿੰਦਾ ਕੀਤੀ ਜਾਵੇ ਓਨੀ ਘੱਟ ਹੈ।

ਇਸ ਮੌਕੇ ਕਰਤਾਰ ਸਿੰਘ ਕੱਲਾ, ਜੁਗਰਾਜ ਸਿੰਘ ਬਾਠ, ਕੇਵਲ ਸਿੰਘ ਬਾਠ, ਲਖਵਿੰਦਰ ਸਿੰਘ ਬਾਣੀਆਂ, ਗੋਗਾ ਪਹਿਲਵਾਨ ਬਾਣੀਆਂ, ਪ੍ਰਭਜੀਤ ਸਿੰਘ ਦੁੱਗਲਵਾਲ, ਸੇਰ ਸਿੰਘ ਸੰਘਾ, ਨੰਬਰਦਾਰ ਕੁਲਦੀਪ ਸਿੰਘ ਪੱਖੋਕੇ, ਹਰਦੀਪ ਸਿੰਘ ਦੀਪੂ ਪੱਖੋਕੇ, ਮਲਕੀਤ ਸਿੰਘ ਪੱਖੋਕੇ, ਕੁਲਵੰਤ ਸਿੰਘ ਪੱਖੋਕੇ, ਪ੍ਰਗਟ ਸਿੰਘ, ਕੰਵਰਪਾਲ ਸਿੰਘ ਪੱਖੋਕੇ ਆਦਿ ਹਾਜ਼ਰ ਸਨ।

# ਆਰ ਐੱਮ ਪੀ ਆਈ ਦੀ ਮੀਟਿੰਗ 'ਚ ਵਿਦਿਆਰਥੀਆਂ 'ਤੇ ਜਬਰ ਖ਼ਿਲਾਫ਼ ਸੰਘਰਸ਼ ਦਾ ਐਲਾਨ



ਤਰਨ ਤਾਰਨ (ਪ੍ਰਿਤਪਾਲ ਸਿੰਘ)- ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ ਐਮ ਪੀ ਆਈ) ਵੱਲੋਂ ਪਿੰਡ ਰਟੌਲ ਵਿਖੇ ਇੱਕ ਰਾਜਨੀਤਿਕ ਪਬਲਿਕ ਮੀਟਿੰਗ ਕਰਵਾਈ ਗਈ। ਇਸ ਮੀਟਿੰਗ ਦੀ ਪ੍ਰਧਾਨਗੀ ਨਰਿੰਦਰ ਸਿੰਘ ਰਟੌਲ ਨੇ ਕੀਤੀ। ਮੀਟਿੰਗ ਵਿਚ ਭਾਜਪਾ ਸਰਕਾਰ ਵੱਲੋਂ ਦਿੱਲੀ ਵਿੱਚ ਵਿਦਿਆਰਥੀਆਂ ਅਤੇ ਨੌਜਵਾਨ ਲੜਕੇ-ਲੜਕੀਆਂ 'ਤੇ ਕੀਤੇ ਜਾ ਰਹੇ ਤਸ਼ੱਦਦ ਦੇ ਮਾਮਲੇ ਅਤੇ ਕੇਂਦਰੀ ਸਿੱਖਿਆ ਮੰਤਰੀ ਦੇ ਅਸਤੀਫੇ ਦੀ ਮੰਗ ਸੀ।ਮੀਟਿੰਗ ਨੂੰ ਸੰਬੋਧਨ ਕਰਦਿਆਂ ਮੰਗਤ ਰਾਮ ਪਾਸਲਾ (ਕੁੱਲ ਹਿੰਦ ਜਨਰਲ ਸਕੱਤਰ, ( ਆਰ ਐਮ ਪੀ ਆਈ) ਅਤੇ ਸੂਬਾ ਸਕੱਤਰ ਪਰਗਟ ਸਿੰਘ ਜਾਮਾਰਾਏ ਨੇ ਕਿਹਾ ਕਿ ਦਿੱਲੀ ਵਿੱਚ ਵਿਦਿਆਰਥੀ ਆਪਣੀ ਆਵਾਜ਼ ਉਠਾ ਰਹੇ ਹਨ, ਪਰ ਸਰਕਾਰ ਉਨ੍ਹਾਂ 'ਤੇ ਜਬਰ-ਜ਼ੁਲਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਇਹ ਲੋਕਤੰਤਰ ਅਤੇ ਸੰਵਿਧਾਨਕ ਹੱਕਾਂ ਦਾ ਕਤਲ ਹੈ।ਉਹਨਾਂ ਕਿਹਾ ਕਿ ਨੀਟ ਪ੍ਰੀਖਿਆ ਵਿੱਚ ਧਾਂਦਲੀ ਖਿਲਾਫ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦੇ ਅਸਤੀਫੇ ਦੀ ਮੰਗ ਕਰ ਰਹੇ ਜੰਤਰ ਮੰਤਰ ਦਿੱਲੀ ਵਿਖੇ ਸੰਘਰਸ਼ ਕਰ ਰਹੇ ਵਿਦਿਆਰਥੀਆਂ ਤੇ ਅੰਨ੍ਹੇਵਾਹ ਪੁਲਸ ਜਬਰ ਖ਼ਿਲਾਫ਼ ਰੋਸ ਪ੍ਰਦਰਸ਼ਨ ਕਰਾਂਗੇ। ਮੋਦੀ ਸਰਕਾਰ ਵਲੋਂ ਨੌਜਵਾਨਾਂ ਦੀਆਂ ਮੰਗਾਂ 'ਤੇ ਕੰਨ ਧਰਨ ਦੀ ਥਾਂ ਬੇਸ਼ਰਮੀ ਤੇ ਢੀਠਤਾਈ ਦਾ ਰਾਹ ਫੜ ਕੇ ਅੱਤਿਆਚਾਰ ਦਾ ਝੱਖੜ ਝੁਲਾਇਆ ਹੈ । ਹੁਣ ਸਾਬਤ ਹੋ ਗਿਆ ਹੈ ਕਿ ਮੋਦੀ ਸਰਕਾਰ ਸਿੱਖਿਆ ਮੰਤਰੀ ਦਾ ਅਸਤੀਫਾ ਨਹੀਂ ਲਵੇਗੀ। ਨੀਟ ਪ੍ਰੀਖਿਆ ਵਿੱਚ ਧਾਂਦਲੀ ਕਾਰਨ, ਪੇਪਰ ਲੀਕ ਹੋਣ ਕਾਰਨ ਦੋ ਦਰਜਨ ਬੱਚਿਆਂ ਦੀ ਖੁਦਕੁਸ਼ੀ ਦਾ ਮੁਆਵਜ਼ਾ ਹਾਸਲ ਕਰਨ ਲਈ ਲੜਾਈ ਲੜ ਰਹੇ ਬੱਚਿਆਂ ਦਾ ਸਾਥ ਦੇਣ ਲਈ, ਆਪਾਂ ਇਸ ਸਮੇਂ ਜਬਰ ਖਿਲਾਫ ਮੋਦੀ ਸਰਕਾਰ ਖਿਲਾਫ ਰੋਸ ਪ੍ਰਦਰਸ਼ਨ ਕਰਨ ਦਾ ਸੱਦਾ ਦਿੱਤਾ ।ਇਸ ਮੌਕੇ ਬਲਦੇਵ ਸਿੰਘ ਪੰਡੋਰੀ ਨੇ ਵੀ ਵਿਚਾਰ ਪ੍ਰਗਟ ਕੀਤੇ ਅਤੇ ਪਾਰਟੀ ਵਰਕਰਾਂ ਨੂੰ ਅੰਦੋਲਨ ਲਈ ਤਿਆਰ ਰਹਿਣ ਦਾ ਸੱਦਾ ਦਿੱਤਾ। ਇਸ ਮੌਕੇ ਪਿੰਡ ਰਟੌਲ ਅਤੇ ਆਸ-ਪਾਸ ਦੇ ਖੇਤਰਾਂ ਤੋਂ ਵੱਡੀ ਗਿਣਤੀ ਵਿੱਚ ਪਾਰਟੀ ਵਰਕਰ ਅਤੇ ਸਮਰਥਕ ਹਾਜ਼ਰ ਸਨ। ਇਸ ਮੌਕੇ ਕੁਲਦੀਪ ਸਿੰਘ, ਮੰਗਲ ਸਿੰਘ, ਕੁਲਵਿੰਦਰ ਸਿੰਘ, ਮੈਂਬਰ ਕਰਮ ਸਿੰਘ ਵਰਪਾਲ ਨੇ ਆਪਣੇ ਵਿਚਾਰ ਪੇਸ਼ ਕੀਤੇ।

# ਸ਼ੈਰੀ ਕਲਸੀ ਨੇ ਤੀਰਥ ਯਾਤਰਾ ਲਈ ਬੱਸ ਰਵਾਨਾ ਕੀਤੀ



ਬਟਾਲਾ (ਡਾਕਟਰ ਮਲਵਿੰਦਰ ਸਿੰਘ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਤੀਰਥ ਸਥਾਨਾਂ ਦੇ ਦਰਸ਼ਨਾਂ ਲਈ ਸ਼ੁਰੂ ਕੀਤੀ 'ਮੁੱਖ ਮੰਤਰੀ ਤੀਰਥ ਯਾਤਰਾ' ਸ਼ਰਧਾਲੂਆਂ ਲਈ ਕਾਫੀ ਲਾਹੇਵੰਦ ਸਾਬਤ ਹੋ ਰਹੀ ਹੈ। ਇਸੇ ਲੜੀ ਤਹਿਤ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਨੇ ਦਫਤਰ ਨਗਰ ਨਿਗਮ ਬਟਾਲਾ ਤੋਂ ਧਾਰਮਿਕ ਤੀਰਥ ਸਥਾਨਾਂ ਦੀ ਯਾਤਰਾ ਲਈ ਬੱਸ ਰਵਾਨਾ ਕੀਤੀ। ਇਸ ਮੌਕੇ ਮੇਅਰ ਨਗਰ ਨਿਗਮ ਬਟਾਲਾ ਭੁਪਿੰਦਰ ਸਿੰਘ ਬਾਜਵਾ ਵੀ ਮੌਜੂਦ ਸਨ । ਉਨ੍ਹਾਂ ਕਿਹਾ ਕਿ ਤੀਰਥ ਸਥਾਨਾਂ ਦੇ ਦਰਸ਼ਨਾਂ ਤੋਂ ਇਲਾਵਾ ਰਹਿਣ-ਸਹਿਣ,ਖਾਣ - ਪੀਣ ਦਾ ਵਧੀਆ ਤੇ ਮੁਫਤ ਪ੍ਰਬੰਧ ਪੰਜਾਬ ਸਰਕਾਰ ਵਲੋਂ ਕੀਤਾ ਗਿਆ ਹੈ। ਵਿਧਾਇਕ ਕਲਸੀ ਨੇ ਕਿਹਾ ਕਿ ਮੁੱਖ ਮੰਤਰੀ ਦੀ ਅਗਵਾਈ ਹੇਠ ਪੰਜਾਬ ਸਰਕਾਰ ਵਲੋਂ 'ਮੁੱਖ ਮੰਤਰੀ ਤੀਰਥ ਯਾਤਰਾ' ਸਕੀਮ ਸ਼ੁਰੂ ਹੋਣ ਨਾਲ ਸੰਗਤਾਂ ਵੱਖ-ਵੱਖ ਧਾਰਮਿਕ ਸਥਾਨਾਂ ਦੇ ਦਰਸ਼ਨ ਕਰ ਰਹੀਆਂ ਹਨ। ਉਨ੍ਹਾਂ ਕਿਹਾ ਕਿ ਇਸ ਯਾਤਰਾ ਦਾ ਅਨੇਕਾਂ ਲੋਕਾਂ ਨੇ ਲਾਹਾ ਹਾਸਲ ਕੀਤਾ ਹੈ।

# ਵਿਸ਼ਵ ਸਾਹਿਤਕ ਸਿਤਾਰੇ ਮੰਚ ਵੱਲੋਂ ਧਰਵਿੰਦਰ ਸਿੰਘ ਔਲਖ ਦਾ ਸਨਮਾਨ



ਚੇਤਨਪੁਰਾ (ਸੁਖਵੰਤ ਚੇਤਨਪੁਰੀ)- ਵਿਸ਼ਵ ਸਾਹਿਤਕ ਸਿਤਾਰੇ ਮੰਚ, ਤਰਨ ਤਾਰਨ ਵੱਲੋਂ ਹਰਭਜਨ ਸਿੰਘ ਭਗਰਥ ਦੀ ਅਗਵਾਈ ਹੇਠ ਯੂਥ ਹੋਸਟਲ, ਪੁਲਸ ਲਾਈਨ ਤਰਨ ਤਾਰਨ ਵਿਖੇ ਇੱਕ ਪ੍ਰਭਾਵਸ਼ਾਲੀ ਸਾਹਿਤਕ ਸਮਾਗਮ ਕਰਵਾਇਆ ਗਿਆ। ਸਮਾਗਮ ਵਿੱਚ ਪ੍ਰਸਿੱਧ ਸਾਹਿਤਕਾਰ ਅਤੇ 'ਕਾਇਨਾਤ' ਦੇ ਮੁੱਖ ਸੰਪਾਦਕ ਅਵਿਨਾਸ਼ ਰਾਣਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ, ਜਦਕਿ ਪ੍ਰਧਾਨਗੀ ਮੰਡਲ ਵਿੱਚ ਪੰਜਾਬੀ ਸਾਹਿਤ ਸਭਾ ਚੋਗਾਵਾਂ ਦੇ ਪ੍ਰਧਾਨ ਧਰਵਿੰਦਰ ਸਿੰਘ ਔਲਖ, ਰਾਜਵਿੰਦਰ ਸਿੰਘ ਰਾਜ ਗੁੱਡੂ, ਪ੍ਰੋ. ਰੇਨੂੰ ਸੂਰਯਵੰਸ਼ੀ, ਪ੍ਰੋ. ਰੇਖਾ ਸੂਰਯਵੰਸ਼ੀ, ਰਣਜੀਤ ਆਜ਼ਾਦ ਕਾਂਜਲਾ, ਇੰਦਰਜੀਤ ਲੋਟੇ ਅਤੇ ਡਾ. ਟਿੱਕਾ ਜੇ. ਐਸ. ਸਿੱਧੂ ਸ਼ਾਮਲ ਸਨ। ਇਸ ਮੌਕੇ ਅਵਿਨਾਸ਼ ਰਾਣਾ ਦੀ ਸੰਪਾਦਨਾ ਹੇਠ ਪ੍ਰਕਾਸ਼ਿਤ ਸਾਹਿਤਕ ਮੈਗਜ਼ੀਨ 'ਮਕਰੰਦ' ਅਤੇ ਡਾ. ਟਿੱਕਾ ਜੇ. ਐਸ. ਸਿੱਧੂ ਦੀ ਕਾਵਿ-ਪੁਸਤਕ 'ਬਿਰਹਾ' ਨੂੰ ਲੋਕ ਅਰਪਣ ਕੀਤਾ ਗਿਆ।ਉਪਰੰਤ ਕਰਵਾਏ ਗਏ ਕਵੀ ਦਰਬਾਰ ਵਿੱਚ ਪੰਜਾਬ ਦੇ ਵੱਖ-ਵੱਖ ਖੇਤਰਾਂ ਤੋਂ ਪਹੁੰਚੇ ਕਵੀਆਂ ਮਾਸਟਰ ਅਵਤਾਰ ਸਿੰਘ ਗੋਇੰਦਵਾਲੀਆ, ਮਾਹੀ ਮਰਜਾਣਾ, ਡਾ. ਸਾਧੂ ਰਾਮ ਲੰਘੇਆਣਾ, ਜਸਵੀਰ ਸ਼ਰਮਾ ਦੱਦਾਹੂਰ, ਰਕੇਸ਼ ਸਚਦੇਵਾ, ਗੁਰਮੀਤ ਸਿੰਘ ਜੇਈ ਅਤੇ ਮੁੰਦਰਾਂ ਵਾਲਾ ਮੁੰਡਾ ਸਮੇਤ ਹੋਰਨਾਂ ਰਚਨਾਕਾਰਾਂ ਨੇ ਆਪਣੀਆਂ ਕਾਵਿ ਰਚਨਾਵਾਂ ਰਾਹੀਂ ਸਰੋਤਿਆਂ ਨੂੰ ਮੰਤਰਮੁਗਧ ਕੀਤਾ। ਪ੍ਰਸਿੱਧ ਭੰਡਾ ਜੋਗੀ ਕਲਾਕਾਰ ਛਿੰਦਾ ਧਾਲੀਵਾਲ ਅਤੇ ਪਰਮ ਸਿੱਧੂ ਨੇ ਵੀ ਆਪਣੀ ਕਲਾਤਮਿਕ ਪੇਸ਼ਕਾਰੀ ਦਿੱਤੀ।

ਮੰਚ ਵੱਲੋਂ ਵੱਖ-ਵੱਖ ਖੇਤਰਾਂ ਵਿੱਚ ਯੋਗਦਾਨ ਪਾਉਣ ਵਾਲੀਆਂ ਪ੍ਰਮੁੱਖ ਸ਼ਖ਼ਸੀਅਤਾਂ ਦੇ ਨਾਲ-ਨਾਲ ਉੱਘੇ ਪੱਤਰਕਾਰ, ਲੇਖਕ ਅਤੇ ਪੰਜਾਬੀ ਸਾਹਿਤ ਸਭਾ ਚੋਗਾਵਾਂ ਦੇ ਪ੍ਰਧਾਨ ਧਰਵਿੰਦਰ ਸਿੰਘ ਔਲਖ ਨੂੰ ਸਾਹਿਤ ਅਤੇ ਪੱਤਰਕਾਰੀ ਖੇਤਰ ਵਿੱਚ ਪਾਏ ਜਾ ਰਹੇ ਵਿਸ਼ੇਸ਼ ਯੋਗਦਾਨ ਲਈ ਸਨਮਾਨਤ ਕੀਤਾ ਗਿਆ।

ਇਸ ਮੌਕੇ ਸੰਬੋਧਨ ਕਰਦਿਆਂ ਮੰਚ ਦੇ ਸੰਚਾਲਕ ਹਰਭਜਨ ਸਿੰਘ ਭਗਰਥ ਨੇ ਕਿਹਾ ਕਿ ਵਿਸ਼ਵ ਸਾਹਿਤਕ ਸਿਤਾਰੇ ਮੰਚ ਹੁਣ ਤੱਕ 350 ਤੋਂ ਵੱਧ ਸਾਹਿਤਕ ਸਮਾਗਮ ਸਫਲਤਾਪੂਰਵਕ ਕਰਵਾ ਚੁੱਕਾ ਹੈ। ਮੰਚ ਸੰਚਾਲਨ ਪ੍ਰੋ. ਕੁਲਵਿੰਦਰ ਸਿੰਘ ਗਾਖਲ ਨੇ ਪ੍ਰਭਾਵਸ਼ਾਲੀ ਢੰਗ ਨਾਲ ਨਿਭਾਇਆ।

# ਦੇਸ਼ ਦਾ ਨੌਜਵਾਨ ਆਪਣੇ ਭਵਿੱਖ ਨੂੰ ਲੈ ਕੇ ਚਿੰਤਤ : ਔਜਲਾ

ਛੇਹਰਟਾ (ਮਨੋਜ ਕੁਮਾਰ) : ਲੋਕ ਸਭਾ ਹਲਕਾ ਅੰਮ੍ਰਿਤਸਰ ਤੋਂ ਐੱਮ ਪੀ ਗੁਰਜੀਤ ਸਿੰਘ ਔਜਲਾ ਨੇ ਵੀਰਵਾਰ ਨੂੰ ਨਵੀਂ ਦਿੱਲੀ ਵਿਚ ਕੇਂਦਰ ਸਰਕਾਰ ਵਿਰੁੱਧ ਰੋਸ ਪ੍ਰਦਰਸ਼ਨ ਦੌਰਾਨ ਕਿਹਾ ਕਿ ਅੱਜ ਦੇਸ਼ ਦਾ ਕਿਸਾਨ ਨਿਰਾਸ਼ ਤੇ ਨੌਜਵਾਨ ਆਪਣੇ ਭਵਿੱਖ ਨੂੰ ਲੈ ਕੇ ਚਿੰਤਤ ਹੈ। ਉਨ੍ਹਾਂ ਕਿਹਾ ਕਿ ਪੇਪਰ ਲੀਕ ਦੀਆਂ ਲਗਾਤਾਰ ਘਟਨਾਵਾਂ ਨੇ ਸਿੱਖਿਆ ਪ੍ਰਣਾਲੀ ਦੀਆਂ ਗੰਭੀਰ ਖਾਮੀਆਂ ਨੂੰ ਬੇਨਕਾਬ ਕਰ ਦਿੱਤਾ ਹੈ। ਜੇਕਰ ਵਿਰੋਧੀ ਧਿਰ ਵੱਲੋਂ ਸਮੇਂ-ਸਮੇਂ 'ਤੇ ਉਠਾਈਆਂ ਗਈਆਂ ਚਿੰਤਾਵਾਂ ਨੂੰ ਗੰਭੀਰਤਾ ਨਾਲ ਸੁਣਿਆ ਜਾਂਦਾ ਤਾਂ ਅੱਜ ਦੇਸ਼ ਦੇ ਲੱਖਾਂ ਵਿਦਿਆਰਥੀਆਂ ਨੂੰ ਇਸ ਸਥਿਤੀ ਦਾ ਸਾਹਮਣਾ ਨਾ ਕਰਨਾ ਪੈਂਦਾ। ਉਨ੍ਹਾਂ ਕਿਹਾ ਕਿ ਉਹ ਮੰਗ ਕਰਦੇ ਹਨ ਕਿ ਇਸ ਨਾਕਾਮੀ ਦੀ ਨੈਤਿਕ ਜ਼ਿੰਮੇਵਾਰੀ ਸਵੀਕਾਰ ਕਰਦਿਆਂ ਕੇਂਦਰੀ ਸਿੱਖਿਆ ਮੰਤਰੀ ਆਪਣਾ ਅਸਤੀਫ਼ਾ ਦੇਣ, ਪੇਪਰ ਲੀਕ ਮਾਮਲਿਆਂ ਦੇ ਮੁਲਜ਼ਮਾਂ ਖ਼ਿਲਾਫ਼ ਸਖ਼ਤ ਕਾਰਵਾਈ ਹੋਵੇ ਤੇ ਸਰਕਾਰ ਦੇਸ਼ ਦੇ ਵਿਦਿਆਰਥੀਆਂ ਤੋਂ ਜਨਤਕ ਤੌਰ 'ਤੇ ਮੁਆਫ਼ੀ ਮੰਗੇ।

# 90% ਤੋਂ ਵੱਧ ਅਪੰਗਤਾ ਵੀ ਨਹੀਂ ਰੋਕ ਸਕੀ ਹੌਸਲੇ ਦੀ ਉਡਾਣ



ਧਾਰੀਵਾਲ (ਮਨਦੀਪ ਵਿੱਕੀ) - ਅੱਜ ਦੇ ਸਮੇਂ ਵਿੱਚ ਜਿੱਥੇ ਬਹੁਤ ਸਾਰੇ ਲੋਕ ਛੋਟੀਆਂ-ਛੋਟੀਆਂ ਮੁਸ਼ਕਲਾਂ ਨੂੰ ਆਪਣੀ ਮੰਜ਼ਿਲ ਦੇ ਰਾਹ ਦੀ ਰੁਕਾਵਟ ਮੰਨ ਕੇ ਹਾਰ ਮੰਨ ਲੈਂਦੇ ਹਨ, ਉੱਥੇ ਗੁਰਦਾਸਪੁਰ ਦੀ ਦਿਵਿਆਂਗ ਵਿਦਿਆਰਥਣ ਕਾਜਲ ਆਪਣੀ ਅਦਭੁੱਤ ਇੱਛਾ-ਸ਼ਕਤੀ, ਅਟੁੱਟ ਹੌਸਲੇ ਅਤੇ ਅਣਥੱਕ ਮਿਹਨਤ ਦੇ ਬਲਬੂਤੇ ਹਰ ਕਿਸੇ ਲਈ ਪ੍ਰੇਰਨਾ ਦਾ ਸਰੋਤ ਬਣ ਗਈ ਹੈ। ਡਾਕਟਰਾਂ ਵੱਲੋਂ 90 ਫੀਸਦੀ ਤੋਂ ਵੀ ਵੱਧ ਦਿਵਿਆਂਗ ਘੋਸ਼ਿਤ ਕੀਤੀ ਜਾ ਚੁੱਕੀ ਕਾਜਲ ਨੇ ਸਾਬਤ ਕਰ ਦਿੱਤਾ ਹੈ ਕਿ ਜੇਕਰ ਮਨ ਵਿੱਚ ਕੁਝ ਕਰ ਵਿਖਾਉਣ ਦਾ ਜਜ਼ਬਾ ਹੋਵੇ ਤਾਂ ਸਰੀਰਕ ਕਮਜ਼ੋਰੀ ਵੀ ਸਫ਼ਲਤਾ ਦੇ ਰਾਹ ਵਿੱਚ ਰੁਕਾਵਟ ਨਹੀਂ ਬਣ ਸਕਦੀ। ਕਾਜਲ ਇਸ ਸਮੇਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਗੁਰਦਾਸਪੁਰ ਦੇ ਕਮਰਾ ਨੰਬਰ 218 ਵਿੱਚ ਬੈਠ ਕੇ ਭਾਰਤ ਦੀ ਸਭ ਤੋਂ ਵੱਕਾਰੀ ਅਤੇ ਚੁਣੌਤੀਪੂਰਨ ਪ੍ਰਤੀਯੋਗੀ ਪ੍ਰੀਖਿਆ ਯੂ.ਪੀ.ਐੱਸ.ਸੀ. ਦੀ ਆਨਲਾਈਨ ਤਿਆਰੀ ਕਰ ਰਹੀ ਹੈ। ਦੇਸ਼ ਦੀ ਸਰਵੱਚ ਸਿਵਲ ਸੇਵਾ ਵਿੱਚ ਆਪਣੀ ਥਾਂ ਬਣਾਉਣ ਦਾ ਉਸ ਦਾ ਸੁਪਨਾ ਅੱਜ ਉਸ ਦੀ ਲਗਨ ਅਤੇ ਮਿਹਨਤ ਦਾ ਕੇਂਦਰ ਬਣਿਆ ਹੋਇਆ ਹੈ। ਕਾਜਲ ਦੇ ਇਸ ਪ੍ਰੇਰਨਾਦਾਇਕ ਸਫ਼ਰ ਵਿੱਚ ਡਿਪਟੀ ਕਮਿਸ਼ਨਰ ਗੁਰਦਾਸਪੁਰ ਅਦਿਤਿਆ ਉੱਪਲ ਵੱਲੋਂ ਮਿਲੇ ਹੌਸਲੇ ਅਤੇ ਸਹਿਯੋਗ ਨੇ ਉਸ ਦੇ ਆਤਮ-ਵਿਸ਼ਵਾਸ ਨੂੰ ਹੋਰ ਮਜ਼ਬੂਤ ਕੀਤਾ ਹੈ।ਸਾਬਕਾ ਜ਼ਿਲ੍ਹਾ ਗਾਈਡੈਂਸ ਕੌਂਸਲਰ ਅਤੇ ਮੌਜੂਦਾ ਜ਼ਿਲ੍ਹਾ ਹੈਰੀਟੇਜ ਸੋਸਾਇਟੀ ਦੇ ਪ੍ਰੋਗਰਾਮ ਅਫ਼ਸਰ ਪਰਮਿੰਦਰ ਸਿੰਘ ਸੈਣੀ ਦੇ ਨਿਰੰਤਰ ਮਾਰਗਦਰਸ਼ਨ ਨੇ ਉਸ ਨੂੰ ਇਸ ਮੁਕਾਮ ਤੱਕ ਪਹੁੰਚਾਉਣ ਵਿੱਚ ਅਹਿਮ ਯੋਗਦਾਨ ਪਾਇਆ ਹੈ

# ਕਾਂਗਰਸ ਦੀ ਮਜ਼ਬੂਤੀ ਲਈ ਜ਼ਮੀਨੀ ਪੱਧਰ 'ਤੇ ਸਰਗਰਮ ਹੋਏ ਬਲਦੇਵ ਸਿੰਘ ਸੰਧੂ



ਅੰਮ੍ਰਿਤਸਰ (ਜਗਦੀਸ਼ ਕਮਲੇਸ਼)- ਪੰਜਾਬ ਕਾਂਗਰਸ ਅਨੁਸੂਚਿਤ ਜਾਤੀ ਵਿਭਾਗ ਦੇ ਸੂਬਾ ਸਕੱਤਰ ਬਲਦੇਵ ਸਿੰਘ ਸੰਧੂ ਨੇ ਹਲਕਾ ਅਟਾਰੀ ਦੇ ਪਿੰਡ ਹੁਸ਼ਿਆਰ ਨਗਰ ਦਾ ਦੌਰਾ ਕਰਦੇ ਹੋਏ ਬਲਾਕ ਪ੍ਰਧਾਨ ਰਾਜਬੀਰ ਸਿੰਘ ਦੇ ਗ੍ਰਿਹ ਵਿਖੇ ਪਹੁੰਚ ਕੇ ਉਨ੍ਹਾਂ ਨਾਲ ਮੁਲਾਕਾਤ ਕੀਤੀ ।

ਇਸ ਮੀਟਿੰਗ ਵਿੱਚ ਹਲਕਾ ਅਟਾਰੀ ਦੀ ਸੰਗਠਨਾਤਮਕ ਮਜ਼ਬੂਤੀ, ਪਾਰਟੀ ਦੀਆਂ ਗਤੀਵਿਧੀਆਂ ਅਤੇ ਪਿੰਡਾਂ ਵਿੱਚ ਲੋਕਾਂ ਨਾਲ ਜੁੜੇ ਮੁੱਦਿਆਂ 'ਤੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਸੰਧੂ ਨੇ ਕਿਹਾ ਕਿ ਕਾਂਗਰਸ ਪਾਰਟੀ ਦੀ ਅਸਲ ਤਾਕਤ ਉਸ ਦੇ ਸਮਰਪਿਤ ਵਰਕਰ ਹਨ, ਜੋ ਹਰ ਹਾਲਾਤ ਵਿੱਚ ਲੋਕਾਂ ਦੇ ਨਾਲ ਖੜ੍ਹੇ ਰਹਿੰਦੇ ਹਨ। ਉਨ੍ਹਾਂ ਕਿਹਾ ਕਿ ਪਾਰਟੀ ਹਾਈਕਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਹਲਕਾ ਅਟਾਰੀ ਦੇ ਹਰ ਪਿੰਡ ਵਿੱਚ ਪਹੁੰਚ ਕੇ ਵਰਕਰਾਂ ਨਾਲ ਸਿੱਧਾ ਸੰਪਰਕ ਕੀਤਾ ਜਾ ਰਿਹਾ ਹੈ ਤਾਂ ਜੋ ਸੰਗਠਨ ਨੂੰ ਹੋਰ ਮਜ਼ਬੂਤ ਕੀਤਾ ਜਾ ਸਕੇ ਅਤੇ ਲੋਕਾਂ ਦੀ ਆਵਾਜ਼ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਉਠਾਇਆ ਜਾ ਸਕੇ।ਉਨ੍ਹਾਂ ਕਿਹਾ ਕਿ ਅੱਜ ਲੋੜ ਇਸ ਗੱਲ ਦੀ ਹੈ ਕਿ ਪਾਰਟੀ ਦਾ ਹਰ ਅਹੁਦੇਦਾਰ ਅਤੇ ਵਰਕਰ ਆਪਸੀ ਤਾਲਮੇਲ ਨਾਲ ਕੰਮ ਕਰੇ ਅਤੇ ਕਾਂਗਰਸ ਦੀਆਂ ਲੋਕ-ਪੱਖੀ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਏ।

# ਜ਼ਿਲ੍ਹਾ ਪ੍ਰੀਸ਼ਦ ਪਠਾਨਕੋਟ ਦੇ ਚੇਅਰਮੈਨ ਤੇ ਉਪ ਚੇਅਰਮੈਨ ਦੀ ਤਾਜਪੋਸ਼ੀ



ਪਠਾਨਕੋਟ : (ਦਵਿੰਦਰ ਸਿੰਘ)-ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਦੇ ਦਫ਼ਤਰ ਵਿਖੇ ਸ਼੍ਰੀ ਅਰਸ਼ਦੀਪ ਸਿੰਘ ਵਧੀਕ ਡਿਪਟੀ ਕਮਿਸ਼ਨਰ (ਜ) ਦੀ ਪ੍ਰਧਾਨਗੀ ਵਿੱਚ ਵੀਰਵਾਰ ਨੂੰ ਜ਼ਿਲ੍ਹਾ ਪ੍ਰੀਸ਼ਦ ਪਠਾਨਕੋਟ ਦੇ ਨਵ-ਨਿਯੁਕਤ ਚੇਅਰਮੈਨ ਅਤੇ ਉਪ ਚੇਅਰਮੈਨ ਦਾ ਤਾਜਪੋਸ਼ੀ ਸਮਾਰੋਹ ਸ਼ਾਨੋ-ਸ਼ੌਕਤ ਨਾਲ ਆਯੋਜਿਤ ਕੀਤਾ ਗਿਆ। ਪੰਜਾਬ ਦੇ ਕੈਬਨਿਟ ਮੰਤਰੀ ਸ੍ਰੀ ਲਾਲ ਚੰਦ ਕਟਾਰੂਚੱਕ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ।ਸਮਾਰੋਹ ਵਿੱਚ ਨਰੇਸ਼ ਸੈਣੀ ਸਕੱਤਰ ਮਾਝਾ ਜ਼ੋਨ, ਸ੍ਰੀ ਅਮਨਦੀਪ ਸਿੰਘ ਸੰਧੂ ਜ਼ਿਲ੍ਹਾ ਪ੍ਰਧਾਨ, ਸਵਰਨ ਸਿੰਘ ਸਲਾਰੀਆ ਹਲਕਾ ਇੰਚਾਰਜ ਸੁਜਾਨਪੁਰ, ਰੋਹਿਤ ਸਿਆਲ ਹਲਕਾ ਇੰਚਾਰਜ ਪਠਾਨਕੋਟ, ਪਵਨ ਕੁਮਾਰ ਫੌਜੀ ਚੇਅਰਮੈਨ, ਬਲਾਕ ਸੰਮਤੀ ਘਰੋਟਾ, ਰੇਖਾ ਮਨੀ ਸ਼ਰਮਾ ਮਹਿਲਾ ਪ੍ਰਮੁੱਖ, ਠਾਕੁਰ ਮਨੋਹਰ ਸਿੰਘ ਚੇਅਰਮੈਨ, ਮਾਰਕੀਟ ਕਮੇਟੀ ਨਰੋਟ ਜੈਮਲ ਸਿੰਘ, ਭੁਪਿੰਦਰ ਸਿੰਘ ਮੁੰਨਾ(ਮੈਂਬਰ ਜ਼ਿਲ੍ਹਾ ਪਰਿਸ਼ਦ, ਡਾ. ਅਨਿਲ ਭਾਰਦਵਾਜ ਚੇਅਰਮੈਨ, ਟਰੇਡ ਵਿੰਗ ਪਠਾਨਕੋਟ, ਸੋਹਣ ਸਿੰਘ, ਐਡਵੋਕੇਟ ਰਮੇਸ਼ ਚੰਦਰ ਅਤੇ ਆਮ ਆਦਮੀ ਪਾਰਟੀ ਦੇ ਹੋਰ ਅਹੁਦੇਦਾਰ ਤੇ ਵਰਕਰ ਵੀ ਹਾਜ਼ਰ ਸਨ। ਆਪਣੇ ਸੰਬੋਧਨ ਵਿਚ ਸ੍ਰੀ ਲਾਲ ਚੰਦ ਨੇ ਨਵ-ਨਿਯੁਕਤ ਚੇਅਰਮੈਨ ਸ੍ਰੀਮਤੀ ਗੁਰਪ੍ਰੀਤ ਕੌਰ ਅਤੇ ਉਪ ਚੇਅਰਮੈਨ ਸ੍ਰੀ ਸਾਹਿਬ ਸਿੰਘ ਸਾਬਾ ਨੂੰ ਵਧਾਈ ਦਿੰਦਿਆਂ ਕਿਹਾ ਕਿ ਅੱਜ ਖੁਸ਼ੀ ਦਾ ਦਿਨ ਹੈ ਕਿ ਲੋਕਾਂ ਵੱਲੋਂ ਚੁਣੇ ਗਏ ਪ੍ਰਤੀਨਿਧੀਆਂ ਨੇ ਜ਼ਿਲ੍ਹਾ ਪ੍ਰੀਸ਼ਦ ਦੇ ਚੇਅਰਮੈਨ ਅਤੇ ਉਪ ਚੇਅਰਮੈਨ ਦਾ ਅਹੁਦਾ ਸੰਭਾਲਿਆ ਹੈ । ਕੈਬਨਿਟ ਮੰਤਰੀ ਨੇ ਕਿਹਾ ਕਿ ਜ਼ਿਲ੍ਹਾ ਪ੍ਰੀਸ਼ਦ ਪਠਾਨਕੋਟ ਦਾ ਦਫ਼ਤਰ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਦੇ ਦਫ਼ਤਰ ਵਿਖੇ ਸਥਾਪਿਤ ਕੀਤਾ ਗਿਆ ਹੈ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਜ਼ਿਲ੍ਹਾ ਪ੍ਰੀਸ਼ਦ ਨਾਲ ਸਬੰਧਤ ਆਪਣੇ ਕੰਮਾਂ ਲਈ ਉਹ ਇਸ ਦਫ਼ਤਰ ਨਾਲ ਸੰਪਰਕ ਕਰ ਸਕਦੇ ਹਨ। ਇਸ ਮੌਕੇ ਸ੍ਰੀਮਤੀ ਗੁਰਪ੍ਰੀਤ ਕੌਰ ਅਤੇ ਸ੍ਰੀ ਸਾਹਿਬ ਸਿੰਘ ਸਾਬਾ ਨੇ ਸਾਂਝੇ ਤੌਰ 'ਤੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਸ੍ਰੀ ਅਰਵਿੰਦ ਕੇਜਰੀਵਾਲ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਪੰਜਾਬ ਪ੍ਰਭਾਰੀ ਸ੍ਰੀ ਮੁਨੀਸ਼ ਸਿਸੋਦੀਆ ਅਤੇ ਸ਼੍ਰੀ ਲਾਲ ਚੰਦ ਕਟਾਰੂ ਚੱਕ ਕੈਬਨਟ ਮੰਤਰੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਵੱਲੋਂ ਉਨ੍ਹਾਂ 'ਤੇ ਜਤਾਏ ਵਿਸ਼ਵਾਸ 'ਤੇ ਉਹ ਪੂਰੀ ਤਰ੍ਹਾਂ ਖਰਾ ਉਤਰਨਗੇ।

# ਮਾਤਰਾ ਸ਼ਾਸਤਰ ਦੇ ਪਾਠ 28 ਨੂੰ ਆਰੰਭ ਹੋਣਗੇ



ਫਤਹਿਗੜ੍ਹ ਚੂੜੀਆਂ ਨਾਨਕਚੱਕ (ਜਸਦੇਵ ਸਿੰਘ ਮਾਨ)- ਤਪ ਅਸਥਾਨ ਮੰਦਰ ਭਗਵਾਨ ਬਾਬਾ ਸ਼੍ਰੀ ਚੰਦ੍ ਜੀ ਉਦਾਸੀਨ ਆਸ਼ਰਮ ਨਾਨਕਚੱਕ ਦੇ ਮੌਜੂਦਾ ਗੱਦੀਨਸ਼ੀਨ ਮਹੰਤ ਹਰੀ ਕੁੰਭਦਾਸ ਦੀ ਅਗਵਾਈ ਹੇਠ ਬਿਆਸ ਪੂਜਾ ਮਹੋਤਸਵ ਦੀਆਂ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਗਈਆਂ ਹਨ।

ਉਨ੍ਹਾਂ ਦੱਸਿਆ ਕਿ 28 ਜੁਲਾਈ ਦਿਨ ਮੰਗਲਵਾਰ ਨੂੰ ਮਨਾਈ ਜਾ ਰਹੀ ਗੁਰੂ ਪੂਜਾ ਮਹੋਤਸਵ (ਬਿਆਸ ਪੂਜਾ) ਨੂੰ ਸਮਰਪਿਤ ਪਵਿੱਤਰ ਬਾਣੀ ਮਾਤ੍ਰਾ ਸਾਸ਼ਤਰ ਦੇ ਪਾਠ ਸਵੇਰੇ ਅੱਠ ਵਜੇ ਆਰੰਭ ਹੋਣਗੇ।29 ਜੁਲਾਈ ਨੂੰ ਮਾਤ੍ਰਾ ਸਾਸ਼ਤਰ ਬਾਣੀ ਦੇ ਭੋਗ ਪਾਏ ਜਾਣਗੇ ਤੇ ਉਪਰੰਤ ਆਰਤੀ ਪੂਜਣ ਤੇ ਭੰਡਾਰਾ ਹੋਵੇਗਾ।

# ਬਿਜਲੀ ਬੋਰਡ ਮੁਲਾਜ਼ਮ ਤੀਸਰੇ ਦਿਨ ਵੀ ਹੜਤਾਲ 'ਤੇ

ਰਈਆ (ਡੀ ਕੇ ਰੈਂਡੀ)- ਸਬ ਡਵੀਜ਼ਨ ਬੁਟਾਰੀ ਦੇ ਮੁਲਾਜ਼ਮ ਸਾਥੀਆਂ ਵੱਲੋਂ ਜੁਆਇੰਟ ਫੋਰਮ ਅਤੇ ਏਕਤਾ ਮੰਚ ਸਾਂਝੇ ਥੜੇ ਦੁਆਰਾ ਉਲੀਕੇ ਗਏ ਪ੍ਰੋਗਰਾਮ ਅਨੁਸਾਰ ਜਾਇਜ਼ ਮੰਗਾਂ ਨੂੰ ਲੈ ਕੇ ਪੰਜਾਬ ਸਰਕਾਰ ਅਤੇ ਬਿਜਲੀ ਬੋਰਡ ਦੀ ਘਟੀਆ ਮੈਨੇਜਮੈਂਟ ਵਿਰੁੱਧ ਤੀਸਰੇ ਦਿਨ ਵੀ ਹੜਤਾਲ ਕੀਤੀ ਗਈ ਤੇ ਮੰਗਾਂ ਨਾ ਮੰਨਣ ਲਈ ਰੋਸ ਪ੍ਰਦਰਸ਼ਨ ਕੀਤੀ ਗਿਆ ।

ਮੁੱਖ ਮੰਗਾਂ ਵਿਚ ਪੇ ਬੈਂਡ ਲਾਗੂ ,18% ਡੀ ਏ ਕਿਸ਼ਤ ,ਪੁਰਾਣੀ ਪੈਨਸ਼ਨ ਬਹਾਲ ਕਰਵਾਉਣਾ, ਬਰਾਬਰ ਕੰਮ ਬਰਾਬਰ ਤਨਖਾਹ,ਸੀ ਆਰ ਏ ਦੇ ਠੇਕਾ ਸਮੇਂ ਨੂੰ ਰੈਗੂਲਰ ਸੇਵਾ ਵਿਚ ਜੋੜਨਾ ਸ਼ਾਮਿਲ ਹਨ। ਇੰਪਲਾਈਜ ਫੈਡਰੇਸ਼ਨ ਪਹਿਲਵਾਨ ਜਥੇਬੰਦੀ ਮੰਡਲ ਪ੍ਰਧਾਨ ਸਰਿੰਦਰ ਸਿੰਘ ਕੰਗ, ਡਿਪਟੀ ਜਨਰਲ ਸਕੱਤਰ ਪਵਨ ਕੁਮਾਰ ਰਈਆ,ਸਬ ਡਵੀਜਨ ਪ੍ਰਧਾਨ ਜਗਤਾਰ ਸਿੰਘ, ਪਰਮਜੀਤ ਸਿੰਘ ਚਾਹਲ , ਪੁਖਰਾਜ ਸਿੰਘ ,ਦਿਲਬਾਗ ਸਿੰਘ,ਮਨਵਿੰਦਰ ਸਿੰਘ, ਗੁਰਮੁੱਖ ਸਿੰਘ ਰਤਨਗੜ੍ਹ,ਅਜੀਤ ਸਿੰਘ, ਜਗਤਾਰ ਸਿੰਘ ,ਕੰਵਲਜੀਤ ਸਿੰਘ ਤੇ ਹੋਰ ਮੁਲਜ਼ਮ ਸਾਥੀਆਂ ਵੱਲੋਂ ਸਰਕਾਰ ਖਿਲਾਫ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ।



# ਮੰਦਰ ਰਾਮਵਾੜਾ ਰਈਆ ਵਿਖੇ ਅੱਖਾਂ ਦਾ ਕੈਂਪ ਲੱਗਾ



**ਰਈਆ (ਡੀ ਕੇ ਰੈਂਡੀ)** - ਸਿਵਲ ਸਰਜਨ ਅੰਮ੍ਰਿਤਸਰ ਡਾ. ਰਸ਼ਮੀ ਵਿੱਜ ਤੇ ਐਸ ਐਮ ਓ ਬਾਬਾ ਬਕਾਲਾ ਸਾਹਿਬ ਡਾ. ਨੀਰਜ ਭਾਟੀਆ ਦੇ ਦਿਸ਼ਾ ਨਿਰਦੇਸ਼ਾਂ ਹੇਠ ਅੱਖਾਂ ਦੀ ਜਾਂਚ ਦਾ ਮੁਫਤ ਕੈਂਪ ਲਗਾਇਆ ਗਿਆ। ਜਿਸ ਵਿੱਚ ਨਗਰ ਪੰਚਾਇਤ ਰਈਆ ਦੇ ਪ੍ਰਧਾਨ ਸੰਜੀਵ ਭੰਡਾਰੀ, ਕੌਂਸਲਰ ਰਜਿੰਦਰ ਰਿਖੀ ਤੇ ਆੜਤੀਆ ਸੁਰਿੰਦਰ ਕੁਮਾਰ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸੰਜੀਵ ਭੰਡਾਰੀ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਪੰਜਾਬ ਦੇ ਹਰ ਪਿੰਡ ਵਿੱਚ ਅੱਖਾਂ ਦੀ ਜਾਂਚ ਦੇ ਮੁਫਤ ਕੈਂਪ ਲਗਵਾਏ ਜਾ ਰਹੇ ਹਨ ਉਹਨਾਂ ਦੱਸਿਆ ਕਿ ਹਲਕਾ ਬਾਬਾ ਬਕਾਲਾ ਸਾਹਿਬ ਦੇ ਵਿੱਚ ਵੀਰਵਾਰ ਮੰਦਰ ਵਿਖੇ ਪਹਿਲਾ ਕੈਂਪ ਲਗਾਇਆ ਗਿਆ ਹੈ ਜਿਸ ਵਿੱਚ 150 ਦੇ ਕਰੀਬ ਮਰੀਜ਼ਾਂ ਦਾ ਚੈਕ ਅਪ ਕੀਤਾ ਗਿਆ। ਅੱਖਾਂ 'ਚ ਪਾਉਣ ਲਈ ਮੁਫਤ ਦਾਰੂ ਤੇ ਐਨਕਾਂ ਦਿੱਤੀਆਂ ਗਈਆਂ।

# ਦਿਹਾਤੀ ਮਜ਼ਦੂਰ ਸਭਾ ਦਾ ਵੱਡਾ ਕਾਫ਼ਲਾ ਰੈਲੀ 'ਚ ਸ਼ਾਮਲ ਹੋਵੇਗਾ : ਵੈਰੋਵਾਲ



ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)- ਦਿਹਾਤੀ ਮਜ਼ਦੂਰ ਸਭਾ ਵਲੋਂ 5 ਅਗਸਤ ਨੂੰ ਤਹਿਸੀਲ ਵਿੱਚੋਂ ਵੱਡਾ ਕਾਫ਼ਲਾ ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੀ ਸਾਂਝੀ ਰੈਲੀ ਵਿੱਚ ਸ਼ਾਮਲ ਹੋਵੇਗਾ।ਇਹ ਪ੍ਰਗਟਾਵਾ ਕਰਦਿਆਂ ਦਿਹਾਤੀ ਮਜ਼ਦੂਰ ਸਭਾ ਦੇ ਜ਼ਿਲ੍ਹਾ ਪ੍ਰਧਾਨ ਜਸਬੀਰ ਸਿੰਘ ਵੈਰੋਵਾਲ ਨੇ ਪਿੰਡ ਤੁੜ ਵਿਖੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਰਕਾਰ ਨੇ ਪਿਛਲੇ ਲੰਮੇ ਸਮੇਂ ਤੋਂ ਮਜ਼ਦੂਰਾਂ ਨੂੰ ਕੋਈ ਰਾਹਤ ਨਹੀਂ ਦਿੱਤੀ । 75 ਸਾਲ ਦੀ ਅਜਾਦੀ ਤੋਂ ਬਾਅਦ ਵੀ ਮਜ਼ਦੂਰ ਮੰਗਤੇ ਬਣੇ ਹੋਏ ਹਨ, ਹਰ ਪੰਜ ਸਾਲ ਬਾਅਦ ਨਵਾਂ ਸ਼ੋਸ਼ਾ ਛੱਡ ਕੇ ਮਜ਼ਦੂਰਾਂ ਦੀਆਂ ਵੋਟਾਂ ਲੁੱਟ ਲਈਆਂ ਜਾਂਦੀਆਂ ਹਨ। ਸਰਕਾਰਾਂ ਦੀਆਂ ਪੱਖਪਾਤੀ ਨੀਤੀਆਂ ਕਾਰਨ ਗਰੀਬ ਹੋਰ ਗਰੀਬ ਹੋ ਗਏ ਅਤੇ ਅਮੀਰ ਹੋਰ ਅਮੀਰ ਬਣ ਗਏ। ਮਜ਼ਦੂਰਾਂ ਦੇ ਸਾਂਝੇ ਮੋਰਚੇ ਵੱਲੋਂ ਕੀਤੇ ਜਾ ਰਹੇ ਇਕੱਠ ਦੀ ਹਮਾਇਤ ਕਰਦਿਆਂ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਪੰਜਾਬ ਦੇ ਆਗੂ ਸਲਖਣ ਸਿੰਘ ਤੁੜ ਨੇ ਕਿਹਾ ਕਿ ਮਜ਼ਦੂਰਾਂ ਦੇ ਹੱਕੀ ਘੋਲ ਦੀ ਸਾਡੀ ਜਥੇਬੰਦੀ ਹਮਾਇਤ ਕਰਦੀ ਹੈ ਅਤੇ ਸੰਘਰਸ਼ ਵਿੱਚ ਵੀ ਵੱਡਾ ਯੋਗਦਾਨ ਪਾਵੇਗੀ । ਇਸ ਸਮੇਂ ਇੰਦਰਜੀਤ ਸਿੰਘ ,ਤਰਸੇਮ ਸਿੰਘ, ਬਲਬੀਰ ਸਿੰਘ, ਬਲਦੇਵ ਸਿੰਘ, ਹਰਪ੍ਰਤਾਪ ਸਿੰਘ, ਜੋਗਿੰਦਰ ਸਿੰਘ,ਪਲਵਿੰਦਰ ਸਿੰਘ, ਦਲਬੀਰ ਕੌਰ , ਹਰਜੀਤ ਕੌਰ, ਦਰਸ਼ਨ ਕੌਰ, ਦਰਬਾਰਾ ਸਿੰਘ, ਕਰਤਾਰ ਸਿੰਘ ,ਜਸਬੀਰ ਸਿੰਘ ਤੇ ਹਰਭਜਨ ਸਿੰਘ ਆਦਿ ਆਗੂ ਹਾਜ਼ਰ ਸਨ।

# ਵਿਧਾਇਕ ਚਾਓ ਮਾਜਰਾ, ਮਨੌਲੀ ਤੇ ਸੈਣੀ ਮਾਜਰਾ ਵਿਖੇ ਲੋਕਾਂ ਨਾਲ ਰੂਬਰੂ ਹੋਏ

ਮੁਹਾਲੀ (ਗੁਰਜੀਤ ਬਿੱਲਾ) ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਕੀਤੇ ਜਾ ਰਹੇ ਵਿਕਾਸ ਕਾਰਜਾਂ ਅਤੇ ਲੋਕ ਪੱਖੀ ਸਕੀਮਾਂ ਨੂੰ ਲੋਕਾਂ ਤੱਕ ਪਹੁੰਚਾਉਣ ਅਤੇ ਉਨ੍ਹਾਂ ਦੀ ਰਾਏ ਜਾਣਨ ਲਈ ਵਿਧਾਨ ਸਭਾ ਹਲਕਾ ਮੋਹਾਲੀ ਵਿੱਚ 'ਲੋਕ ਮਿਲਣੀ' ਪ੍ਰੋਗਰਾਮਾਂ ਦਾ ਦੌਰ ਤੇਜ਼ੀ ਨਾਲ ਜਾਰੀ ਹੈ। ਇਨ੍ਹਾਂ ਪ੍ਰੋਗਰਾਮਾਂ ਵਿੱਚ ਲੋਕਾਂ ਦੀ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਸਰਕਾਰ ਦੀਆਂ ਨੀਤੀਆਂ ਅਤੇ ਵਿਕਾਸ ਕਾਰਜਾਂ ਪ੍ਰਤੀ ਲੋਕਾਂ ਦੇ ਭਰੋਸੇ ਨੂੰ ਦਰਸਾਉਂਦੀ ਹੈ। ਇਹ ਪ੍ਰਗਟਾਵਾ ਵਿਧਾਨ ਸਭਾ ਹਲਕਾ ਮੋਹਾਲੀ ਤੋਂ ਵਿਧਾਇਕ ਕੁਲਵੰਤ ਸਿੰਘ ਨੇ ਪਿੰਡ ਚਾਓ ਮਾਜਰਾ, ਮਨੌਲੀ ਅਤੇ ਸੈਣੀ ਮਾਜਰਾ ਵਿਖੇ ਲੋਕਾਂ ਨਾਲ ਰੂਬਰੂ ਹੁੰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਸਾਲ 2022 ਵਿੱਚ ਲੋਕਾਂ ਵੱਲੋਂ ਪੂਰੇ ਉਤਸ਼ਾਹ ਤੇ ਭਰੋਸੇ ਨਾਲ ਬਣਾਈ ਗਈ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਲੋਕਾਂ ਨਾਲ ਕੀਤੀਆਂ ਗਈਆਂ ਗਰੰਟੀਆਂ ਅਤੇ ਵਾਅਦਿਆਂ ਨੂੰ ਪੂਰਾ ਕਰਨ ਲਈ ਲਗਾਤਾਰ ਕੰਮ ਕੀਤਾ ਹੈ। ਉਨ੍ਹਾਂ ਕਿਹਾ ਕਿ ਸੂਬੇ ਦੇ ਸਰਬਪੱਖੀ ਵਿਕਾਸ ਦੀ ਰਫ਼ਤਾਰ ਲਗਾਤਾਰ ਤੇਜ਼ ਹੋ ਰਹੀ ਹੈ।ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ 'ਲੋਕ ਮਿਲਣੀ'



ਪ੍ਰੋਗਰਾਮਾਂ ਦਾ ਮੁੱਖ ਉਦੇਸ਼ ਲੋਕਾਂ ਨਾਲ ਸਿੱਧਾ ਸੰਵਾਦ ਕਰਨਾ, ਕੀਤੇ ਗਏ ਵਿਕਾਸ ਕਾਰਜਾਂ ਬਾਰੇ ਉਨ੍ਹਾਂ ਦੀ ਰਾਏ ਜਾਣਨਾ ਅਤੇ ਰਹਿੰਦੇ ਕੰਮਾਂ ਸਬੰਧੀ ਜਾਣਕਾਰੀ ਇਕੱਤਰ ਕਰਕੇ ਉਨ੍ਹਾਂ ਨੂੰ ਸਮੇਂ ਸਿਰ ਪੂਰਾ ਕਰਵਾਉਣਾ ਹੈ।

ਉਨ੍ਹਾਂ ਦੱਸਿਆ ਕਿ ਪਿੰਡ ਚਾਓ ਮਾਜਰਾ ਵਿਖੇ ਗਲੀਆਂ-ਨਾਲੀਆਂ ਦੀ ਉਸਾਰੀ ਲਈ 4 ਲੱਖ ਰੁਪਏ, ਖੇਡ ਮੈਦਾਨ ਲਈ 7 ਲੱਖ ਰੁਪਏ ਅਤੇ 2 ਲੋੜਵੰਦ ਪਰਿਵਾਰਾਂ ਲਈ 3 ਲੱਖ ਰੁਪਏ ਜਾਰੀ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਹਲਕੇ ਦੇ ਸਰਬਪੱਖੀ ਵਿਕਾਸ ਲਈ ਇਹ ਸਿਲਸਿਲਾ ਅੱਗੇ ਵੀ ਜਾਰੀ ਰਹੇਗਾ।ਇਸ ਮੌਕੇ ਪਿੰਡ ਚਾਓ ਮਾਜਰਾ ਦੇ ਸਰਪੰਚ ਰਣਧੀਰ ਸਿੰਘ, ਬਲਵਿੰਦਰ ਸਿੰਘ, ਸਰਪੰਚ ਕੁਲਵੀਰ ਸਿੰਘ, ਮੈਂਬਰ ਪੰਚਾਇਤ ਹਰਜੀਤ ਸਿੰਘ, ਅਮਿਤ ਮੋਦਗਿਲ, ਨੰਬਰਦਾਰ ਅਵਤਾਰ ਖਾਨ, ਦੀਦਾਰ ਸਿੰਘ, ਮੈਂਬਰ ਪੰਚਾਇਤ ਸਿਮਰਨ ਸਿੰਘ, ਸੈਣੀ ਮਾਜਰਾ ਦੇ ਸਰਪੰਚ ਬਲਜਿੰਦਰ ਸਿੰਘ, ਸਮੀਰ, ਗੁਰਦੀਪ ਸਿੰਘ, ਸੁਖਵਿੰਦਰ ਸਿੰਘ ਸੁੱਖਾ, ਸਾਬਕਾ ਸਰਪੰਚ ਅਵਤਾਰ ਸਿੰਘ ਮੌਲੀ, ਮੋਹਾਲੀ ਕਾਰਪੋਰੇਸ਼ਨ ਦੇ ਸੀਨੀਅਰ ਡਿਪਟੀ ਮੇਅਰ ਰਜਿੰਦਰ ਪ੍ਰਸਾਦ ਸ਼ਰਮਾ, ਡਾ. ਕੁਲਦੀਪ ਸਿੰਘ, ਡਿਪਟੀ ਮੇਅਰ ਹਰਪਾਲ ਸਿੰਘ ਚੰਨਾ, ਜਸਪਾਲ ਸਿੰਘ ਮਟੌਰ, ਤਰਲੋਚਨ ਸਿੰਘ ਮਟੌਰ, ਹਰਬੰਸ ਸਿੰਘ, ਨਿਰਮਲ ਸਿੰਘ, ਜਗਰੂਪ ਸਿੰਘ, ਨਰਿੰਦਰਪਾਲ ਸਿੰਘ ਧਾਲੀਵਾਲ, ਬਲਜੀਤ ਸਿੰਘ ਹੈਪੀ ਅਤੇ ਪ੍ਰਗਟ ਸਿੰਘ ਤੋਂ ਇਲਾਵਾ ਹੋਰ ਪਤਵੰਤੇ ਵੀ ਮੌਜੂਦ ਰਹੇ।

# ਚੱਬੇਵਾਲ ਵੱਲੋਂ ਗਡਕਰੀ ਨਾਲ ਮੁਲਾਕਾਤ

ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)- ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ ਨਵੀਂ ਦਿੱਲੀ ਵਿਖੇ ਕੇਂਦਰੀ ਸੜਕੀ ਆਵਾਜਾਈ ਅਤੇ ਰਾਜ



ਮਾਰਗ ਮੰਤਰੀ ਨਿਤਿਨ ਗਡਕਰੀ ਨਾਲ ਮੁਲਾਕਾਤ ਕਰਦਿਆਂ ਫਗਵਾੜਾ ਵਿਖੇ ਨੈਸ਼ਨਲ ਹਾਈਵੇਅ 'ਤੇ ਬਣੇ ਪੁੱਲ ਦੇ ਹੇਠਾਂ ਲੋਕਾਂ ਦੀ ਸਹੂਲਤ ਲਈ ਆਧੁਨਿਕ ਪਾਰਕਿੰਗ ਖੇਤਰ ਉਸਾਰਨ ਦੀ ਤਜ਼ਵੀਜ ਰੱਖੀ। ਕੇਂਦਰੀ ਮੰਤਰੀ ਨਾਲ ਵਿਚਾਰ-ਵਟਾਂਦਰਾ ਕਰਦਿਆਂ ਡਾ. ਰਾਜ ਕੁਮਾਰ ਚੱਬੇਵਾਲ ਨੇ ਉਨ੍ਹਾਂ ਨੇ ਮੰਗ ਰੱਖੀ ਕਿ ਨੈਸ਼ਨਲ ਹਾਈਵੇਅ ਲੋਜਿਸਟਿਕਸ ਮੈਨੇਜਮੈਂਟ ਲਿਮਟਡ ਵਲੋਂ ਜਿਵੇਂ ਹੋਰਨਾਂ ਸ਼ਹਿਰਾਂ ਵਿਚ ਪੁਲਾਂ ਹੇਠ ਪਾਰਕਿੰਗ ਲਾਟ ਬਣਾਏ ਗਏ ਹਨ ਉਸੇ ਤਰਜ਼ 'ਤੇ ਫਗਵਾੜਾ ਵਿਖੇ ਵੀ ਪੁਲ ਦੇ ਹੇਠਾਂ ਆਧੁਨਿਕ ਪਾਰਕਿੰਗ ਖੇਤਰ ਬਣਾਇਆ ਜਾਵੇ ਜਿਸ ਨਾਲ ਬੱਸ ਅੱਡੇ ਦੇ ਦੋਵਾਂ ਪਾਸੇ ਰੋਜ਼ਾਨਾ ਆਉਣ ਜਾਣ ਵਾਲੇ ਹਜ਼ਾਰਾਂ ਲੋਕਾਂ ਅਤੇ ਸ਼ਹਿਰ ਵਾਸੀਆਂ ਨੂੰ ਵੱਡੀ ਰਾਹਤ ਮਿਲੇਗੀ। ਉਨ੍ਹਾਂ ਨੇ ਕੇਂਦਰੀ ਮੰਤਰੀ ਨੂੰ ਦੱਸਿਆ ਕਿ ਫਗਵਾੜਾ, ਜੋ ਕਿ ਕੌਮੀ ਰਾਜ ਮਾਰਗ-44 'ਤੇ ਸਥਿਤ ਹੈ ਅਤੇ ਪੰਜਾਬ ਦੀ ਇਕ ਅਹਿਮ ਵਪਾਰਕ, ਉਦਯੋਗਿਕ, ਸਿੱਖਿਆ ਆਦਿ ਦਾ ਕੇਂਦਰ ਹੈ, ਵਿਖੇ ਅਜਿਹੀ ਵਿਵਸਥਾ ਅਤਿ ਲੋੜੀਂਦੀ ਹੈ। ਉਨ੍ਹਾਂ ਕਿਹਾ ਕਿ ਸ਼ਹਿਰ ਵਿਚ ਕੌਮੀ ਰਾਜ ਮਾਰਗ 'ਤੇ ਬਣੇ ਪੁਲ ਹੇਠਾਂ ਸੰਘਣੀ ਟਰੈਫਿਕ ਨੂੰ ਕੰਟਰੋਲ ਕਰਨ ਵਿਚ ਵੀ ਇਹ ਪਾਰਕਿੰਗ ਥਾਵਾਂ ਸਹਾਈ ਹੋਣਗੀਆਂ।ਡਾ. ਰਾਜ ਕੁਮਾਰ ਚੱਬੇਵਾਲ ਵਲੋਂ ਪੇਸ਼ ਕੀਤੀ ਤਜ਼ਵੀਜ ਨੂੰ ਗਹੁ ਨਾਲ ਸੁਣਦਿਆਂ ਕੇਂਦਰੀ ਮੰਤਰੀ ਨਿਤਿਨ ਗਡਕਰੀ ਨੇ ਮੌਕੇ 'ਤੇ ਹੀ ਪ੍ਰੋਜੈਕਟ ਨੂੰ ਅਮਲੀ ਜਾਮਾ ਪਹਿਨਾਉਣ ਦਾ ਭਰੋਸਾ ਦਿੰਦਿਆਂ ਕਿਹਾ ਕਿ ਜਲਦ ਹੀ ਕੌਮੀ ਰਾਜ ਮਾਰਗ ਅਥਾਰਟੀ ਦੀ ਟੀਮ ਵਲੋਂ ਮੌਕੇ ਦਾ ਜਾਇਜ਼ਾ ਲੈ ਕੇ ਆਧੁਨਿਕ ਪਾਰਕਿੰਗ ਲਾਟ ਸਥਾਪਿਤ ਕਰਨ ਲਈ ਸੰਭਾਵਨਾਵਾਂ ਤਲਾਸ਼ੀਆਂ ਜਾਣਗੀਆਂ ਅਤੇ ਯੋਗ ਕਾਰਵਾਈ ਕੀਤੀ ਜਾਵੇਗੀ।

# ਐੱਲ ਪੀ ਯੂ ਆਰਕੀਟੈਕਚਰ ਤੇ ਪਲੈਨਿੰਗ ਦੇ ਵਿਦਿਆਰਥੀਆਂ ਨੂੰ ਅੰਤਰਰਾਸ਼ਟਰੀ ਮੌਕੇ ਪ੍ਰਦਾਨ ਕਰਕੇ ਸਸ਼ਕਤ ਬਣਾਉਂਦਾ

ਜਲੰਧਰ (ਸ਼ੈਲੀ ਐਲਬਰਟ)- ਭਾਰਤ ਸਮਾਰਟ ਸਿਟੀਜ਼ ਮਿਸ਼ਨ, ਅਮਰੁਤ 2.0, ਅਤੇ ਪੀਐਮ ਗਤੀ ਸ਼ਕਤੀ ਵਰਗੀਆਂ ਪਹਿਲਕਦਮੀਆਂ ਰਾਹੀਂ ਬੇਮਿਸਾਲ ਬੁਨਿਆਦੀ ਢਾਂਚੇ ਦੇ ਵਿਕਾਸ ਦਾ ਅਨੁਭਵ ਕਰ ਰਿਹਾ ਹੈ। ਆਰਕੀਟੈਕਟਾਂ ਅਤੇ ਪਲੈਨਰਾਂ ਦੀ ਭੂਮਿਕਾ ਹੁਣ ਇਮਾਰਤਾਂ ਨੂੰ ਡਿਜ਼ਾਈਨ ਕਰਨ ਤੱਕ ਸੀਮਤ ਨਹੀਂ ਹੈ ਉਹ ਹੁਣ ਟਿਕਾਊ, ਤਕਨਾਲੋਜੀ-ਸਮਰੱਥ, ਅਤੇ ਲੋਕ-ਅਨੁਕੂਲ ਸ਼ਹਿਰੀ ਸਥਾਨ ਬਣਾ ਰਹੇ ਹਨ। ਉਦਯੋਗ ਦੀਆਂ ਬਦਲਦੀਆਂ ਜ਼ਰੂਰਤਾਂ ਨੂੰ ਧਿਆਨ ਵਿੱਚ ਰੱਖਦੇ ਹੋਏ, ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐਲ ਪੀ ਯੂ) ਬੈਚਲਰ ਆਫ਼ ਆਰਕੀਟੈਕਚਰ (ਬੀ.ਆਰਚ.) ਅਤੇ ਬੈਚਲਰ ਆਫ਼ ਪਲੈਨਿੰਗ (ਬੀ ਪਲੈਨ) ਪ੍ਰੋਗਰਾਮ ਪੇਸ਼ ਕਰਦੀ ਹੈ।



ਇਹ ਪ੍ਰੋਗਰਾਮ ਵਿਹਾਰਕ ਸਿਖਲਾਈ, ਸਟੂਡੀਓ-ਅਧਾਰਤ ਸਿੱਖਿਆ, ਡਿਜ਼ਾਈਨ ਵਰਕਸ਼ਾਪਾਂ, ਲਾਈਵ ਪ੍ਰੋਜੈਕਟਾਂ, ਸਾਈਟ ਵਿਜ਼ਿਟ, ਉਦਯੋਗ ਇੰਟਰੈਕਸ਼ਨਾਂ ਅਤੇ ਸਲਾਹਕਾਰੀ ਅਸਾਈਨਮੈਂਟਾਂ ਵਰਗੇ ਰੁਜ਼ਗਾਰ ਦੇ ਤਰੀਕਿਆਂ ਨਾਲ ਇੱਕ ਮਜ਼ਬੂਤ ਅਕਾਦਮਿਕ ਬੁਨਿਆਦ ਨੂੰ ਜੋੜਦੇ ਹਨ। ਉੱਨਤ ਡਿਜ਼ਾਈਨ ਸਟੂਡੀਓ, ਡਿਜੀਟਲ ਫੈਬਰੀਕੇਸ਼ਨ ਸਹੂਲਤਾਂ, ਏਆਈ-ਅਧਾਰਤ ਡਿਜ਼ਾਈਨ ਟੂਲਸ, ਅਤੇ ਬਿਲਡਿੰਗ ਇਨਫਰਮੇਸ਼ਨ ਮਾਡਲਿੰਗ (ਬੀ ਆਈ ਐਮ), ਜੀਓਗ੍ਰਾਫਿਕ ਇਨਫਰਮੇਸ਼ਨ ਸਿਸਟਮ (ਜੀ ਆਈ ਐਸ), ਅਤੇ ਕੰਪਿਊਟਰ-ਏਡਿਡ ਡਿਜ਼ਾਈਨ (ਸੀ ਏ ਡੀ) ਵਰਗੇ ਡਿਜੀਟਲ ਪਲੇਟਫਾਰਮਾਂ ਦੀ ਵਰਤੋਂ ਕਰਦੇ ਹੋਏ, ਵਿਦਿਆਰਥੀ ਆਰਕੀਟੈਕਚਰਲ ਡਿਜ਼ਾਈਨ, ਟਿਕਾਊ ਯੋਜਨਾਬੰਦੀ ਅਤੇ ਸ਼ਹਿਰੀ ਵਿਕਾਸ ਵਿੱਚ ਮੁਹਾਰਤ ਪ੍ਰਾਪਤ ਕਰਦੇ ਹਨ।ਐੱਲ ਪੀ ਯੂ ਦੇ ਐਡੂ-ਰਿਵੋਲਿਊਸ਼ਨ ਫਰੇਮਵਰਕ ਦੇ ਅਧੀਨ ਚੱਲ ਰਿਹਾ, ਸਕੂਲ ਕਲਾਸਰੂਮ ਸਿਖਲਾਈ ਨੂੰ ਲਾਈਵ ਪ੍ਰੋਜੈਕਟਾਂ, ਖੋਜ, ਪੇਸ਼ੇਵਰ ਇੰਟਰਨਸ਼ਿਪਾਂ, ਅੰਤਰਰਾਸ਼ਟਰੀ ਅਨੁਭਵਾਂ ਅਤੇ ਅੰਤਰ-ਖੇਤਰੀ ਸਹਿਯੋਗ ਨਾਲ ਜੋੜਦਾ ਹੈ।

# ਭਾਰਤੀ ਜਨਤਾ ਪਾਰਟੀ ਦੀ ਮੀਟਿੰਗ

ਟਾਂਡਾ ਉੜਮੁੜ, (ਮਿਥਲੇਸ਼ ਗਰਗ,ਜਸਵਿੰਦਰ ਸੰਧੂ)- ਭਾਰਤੀ ਜਨਤਾ ਪਾਰਟੀ ਦੀ ਇੱਕ ਵਿਸ਼ੇਸ਼ ਮੀਟਿੰਗ ਟਾਂਡਾ ਵਿਖੇ ਹੋਈ। ਜ਼ਿਲ੍ਹਾ ਯੁਵਾ ਮੋਰਚਾ ਦੇ ਪ੍ਰਧਾਨ ਵੀਨੂ ਪੰਡਿਤ ਦੀ ਅਗਵਾਈ ਵਿੱਚ ਹੋਈ ਇਸ ਮੀਟਿੰਗ ਦੌਰਾਨ ਭਾਜਪਾ ਦੇ ਨਵ ਨਿਯੁਕਤ



ਜ਼ਿਲ੍ਹਾ ਪ੍ਰਧਾਨ ਯੋਗੇਸ਼ ਸਪਰਾ, ਪਲੈਨਿੰਗ ਬੋਰਡ ਹੁਸ਼ਿਆਰਪੁਰ ਦੇ ਸਾਬਕਾ ਚੇਅਰਮੈਨ ਤੇ ਸਟੇਟ ਐਗਜੈਕਟਿਵ ਮੈਂਬਰ ਜਵਾਹਰ ਖੁਰਾਣਾ ਨੇ ਵਿਸ਼ੇਸ਼ ਤੌਰ ਤੇ ਹਾਜ਼ਰ ਹੁੰਦੇ ਹੋਏ ਭਾਜਪਾ ਦੀਆਂ ਨੀਤੀਆਂ ਨੂੰ ਘਰ-ਘਰ ਪਹੁੰਚਾਉਣ ਅਤੇ ਪਾਰਟੀ ਦੀ ਮਜਬੂਤੀ ਵਾਸਤੇ ਭਾਜਪਾ ਵਰਕਰਾਂ ਨੂੰ ਲਾਮਬੰਦ ਕੀਤਾ। ਇਸ ਮੌਕੇ ਸਭ ਤੋਂ ਪਹਿਲਾਂ ਨਵ ਨਿਯੁਕਤ ਜ਼ਿਲ੍ਹਾ ਪ੍ਰਧਾਨ ਯੋਗੇਸ਼ ਸਪਰਾ ਦਾ ਭਾਜਪਾ ਵਰਕਰਾਂ ਵੱਲੋਂ ਜਵਾਹਰ ਖੁਰਾਣਾ ਦੀ ਅਗਵਾਈ ਵਿੱਚ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ। ਇਸ ਮੌਕੇ ਸੰਬੋਧਨ ਕਰਦੇ ਹੋਏ ਜ਼ਿਲ੍ਹਾ ਪ੍ਰਧਾਨ ਯੋਗੇਸ਼ ਸਪਰਾ ਨੇ ਕਿਹਾ ਕਿ ਪਿਛਲੇ ਦਿਨੀ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਆਪਣੀ ਪੰਜਾਬ ਫੇਰੀ ਦੌਰਾਨ ਪੰਜਾਬ ਨੂੰ ਵਿਕਾਸ ਦੀਆਂ ਲੀਹਾਂ ਤੇ ਪਹੁੰਚਾਉਣ ਲਈ ਕਰੋੜਾਂ ਰੁਪਏ ਦੀ ਲਾਗਤ ਨਾਲ ਵਿਕਾਸ ਪ੍ਰਾਜੈਕਟਾ ਦੀ ਜੋ ਆਰੰਭਤਾ ਕੀਤੀ ਹੈ ਇਹ ਸਾਡੇ ਪੰਜਾਬ ਲਈ ਬੜੇ ਮਾਣ ਵਾਲੀ ਗੱਲ ਹੈ। ਮੀਟਿੰਗ ਦੌਰਾਨ ਯੁਵਾ ਮੋਰਚਾ ਦੇ ਜ਼ਿਲ੍ਹਾ ਪ੍ਰਧਾਨ ਵੀਨੂ ਪੰਡਿਤ, ਜੁਗਰਾਜ ਸਿੰਘ ਗੁਰੂ, ਲਲਿਤ ਕੁਮਾਰ,ਰਾਜ ਕੁਮਾਰ, ਦਰਸ਼ਨ ਕੁਮਾਰ, ਪਾਲਾ ਸਰਪੰਚ, ਅਸ਼ਵਨੀ ਜੈਨ, ਰੇਸ਼ਮ ਸਿੰਘ, ਵਿੱਕੀ ਮਦਾਨ, ਮਨੀਸ਼ ਕੁਮਾਰ, ਗੋਪਾਲ ਦਾਸ, ਦੀਪਕ ਮਹਾ ਪਵਨ ਖੁਰਾਨਾ, ਜਤਿੰਦਰ ਸਿੰਘ, ਅਜੇਪਾਲ ਸਿੰਘ ਸੈਣੀ ਹੀਰਾ ਪੁਰੀ, ਸੁਰਿੰਦਰ ਜਾਜਾ, ਨਰਿੰਦਰ ਤੁਲੀ, ਡਿੰਪੀ ਸੈਣੀ, ਸੂਰਜ ਸੈਣੀ ਲਖਬੀਰ ਸਿੰਘ, ਸਨੀ ਕੁਮਾਰ, ਭਿੰਦਾ ਪਹਿਲਵਾਨ ਵੀ ਹਾਜ਼ਰ ਵੀ ਹਾਜ਼ਰ ਸਨ।

# ਹਿੱਕੀ ਦੇ ਸਨਮਾਨ 'ਚ ਭਾਜਪਾ ਕੋਰ ਗਰੁੱਪ ਦੀ ਮੀਟਿੰਗ



ਜਲੰਧਰ (ਲਖਵਿੰਦਰ ਸਿੰਘ ਆਧੀ)- ਭਾਰਤੀ ਜਨਤਾ ਪਾਰਟੀ ਜਲੰਧਰ (ਸ਼ਹਿਰੀ) ਦੇ ਨਵ-ਨਿਯੁਕਤ ਜ਼ਿਲ੍ਹਾ ਪ੍ਰਧਾਨ ਅਸ਼ੋਕ ਸਰੀਨ ਹਿੱਕੀ ਦੇ ਸਨਮਾਨ ਵਿੱਚ ਸਥਾਨਕ ਹੋਟਲ ਵਿੱਚ ਭਾਜਪਾ ਕੋਰ ਗਰੁੱਪ ਦੀ ਇੱਕ ਮਹੱਤਵਪੂਰਨ ਮੀਟਿੰਗ ਆਯੋਜਿਤ ਕੀਤੀ ਗਈ। ਮੀਟਿੰਗ ਦੀ ਅਧਿਅਕਸ਼ਤਾ ਭਾਜਪਾ ਜਲੰਧਰ (ਸ਼ਹਿਰੀ) ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਸੁਸ਼ੀਲ ਸ਼ਰਮਾ ਨੇ ਕੀਤੀ। ਮੀਟਿੰਗ ਦੌਰਾਨ ਸੰਗਠਨ ਨੂੰ ਹੋਰ ਮਜ਼ਬੂਤ ਬਣਾਉਣ, ਆਉਣ ਵਾਲੀਆਂ ਰਾਜਨੀਤਿਕ ਗਤੀਵਿਧੀਆਂ ਅਤੇ ਸਾਲ 2027 ਦੀਆਂ ਵਿਧਾਨ ਸਭਾ ਚੋਣਾਂ ਦੀਆਂ ਤਿਆਰੀਆਂ ਸਬੰਧੀ ਵਿਸਥਾਰ ਨਾਲ ਚਰਚਾ ਕੀਤੀ ਗਈ। ਇਸ ਮੌਕੇ ਸਾਬਕਾ ਜ਼ਿਲ੍ਹਾ ਪ੍ਰਧਾਨ ਸੁਸ਼ੀਲ ਸ਼ਰਮਾ ਨੇ ਨਵ-ਨਿਯੁਕਤ ਜ਼ਿਲ੍ਹਾ ਪ੍ਰਧਾਨ ਅਸ਼ੋਕ ਸਰੀਨ ਹਿੱਕੀ ਨੂੰ ਵਧਾਈ ਦਿੰਦਿਆਂ ਕਿਹਾ ਕਿ ਪਾਰਟੀ ਨੇਤ੍ਰਿਤਵ ਨੇ ਇੱਕ ਸਮਰਪਿਤ, ਤਜਰਬੇਕਾਰ ਅਤੇ ਮਿਹਨਤੀ ਕਾਰਕੁਨ ਨੂੰ ਇਹ ਮਹੱਤਵਪੂਰਨ ਜ਼ਿੰਮੇਵਾਰੀ ਸੌਂਪੀ ਹੈ। ਸੁਸ਼ੀਲ ਸ਼ਰਮਾ ਨੇ ਕਿਹਾ ਕਿ ਭਾਜਪਾ ਕਾਰਕੁਨਾਂ ਆਧਾਰਿਤ ਸੰਗਠਨ ਹੈ ਅਤੇ ਹਰ ਕਾਰਕੁਨ ਦੀ ਮਿਹਨਤ ਅਤੇ ਸਮਰਪਣ ਸਦਕਾ ਹੀ ਪਾਰਟੀ ਲਗਾਤਾਰ ਅੱਗੇ ਵੱਧ ਰਹੀ ਹੈ। ਮੀਟਿੰਗ ਵਿੱਚ ਇਹ ਵੀ ਜਾਣਕਾਰੀ ਦਿੱਤੀ ਗਈ ਕਿ ਅਸ਼ੋਕ ਸਰੀਨ ਹਿੱਕੀ 25 ਜੁਲਾਈ (ਸ਼ਨੀਵਾਰ) ਨੂੰ ਸ਼ਾਮ 5:00 ਵਜੇ ਸਥਾਨਕ ਭਾਜਪਾ ਦਫ਼ਤਰ, ਸਰਕੂਲਰ ਰੋਡ, ਸ਼ੀਤਲਾ ਮਾਤਾ ਮੰਦਰ ਨੇੜੇ, ਜਲੰਧਰ ਵਿਖੇ ਜ਼ਿਲ੍ਹਾ ਪ੍ਰਧਾਨ ਦਾ ਅਹੁਦਾ ਵਿਧੀਵਤ ਤੌਰ 'ਤੇ ਸੰਭਾਲਣਗੇ।

# 'ਮਾਂਵਾਂ-ਧੀਆਂ ਸਤਿਕਾਰ ਯੋਜਨਾ' 100 ਸਾਲ ਤੋਂ ਵੱਧ ਉਮਰ ਦੀਆਂ ਮਹਿਲਾਵਾਂ ਨੂੰ ਵੀ ਦੇ ਰਹੀ ਆਰਥਿਕ ਸਹਾਰਾ

ਚੰਡੀਗੜ੍ਹ (ਗੁਰਜੀਤ ਬਿੱਲਾ)- ਪੰਜਾਬ ਦੀਆਂ 100 ਸਾਲ ਜਾਂ ਇਸ ਤੋਂ ਵੱਧ ਉਮਰ ਦੀਆਂ ਮਹਿਲਾਵਾਂ ਲਈ ਭਗਵੰਤ ਮਾਨ ਸਰਕਾਰ ਵੱਲੋਂ 'ਮਾਂਵਾਂ-ਧੀਆਂ ਸਤਿਕਾਰ ਯੋਜਨਾ' ਤਹਿਤ ਦਿੱਤੀ ਜਾ ਰਹੀ ਵਿੱਤੀ ਸਹਾਇਤਾ ਸਿਰਫ਼ ਆਰਥਿਕ ਮਦਦ ਨਹੀਂ ਹੈ ਇਹ ਉਨ੍ਹਾਂ ਦੇ ਜੀਵਨ ਦੇ ਆਖ਼ਰੀ ਪੜਾਅ ਵਿੱਚ ਸਨਮਾਨ, ਆਤਮਨਿਰਭਰਤਾ ਅਤੇ ਭਰੋਸੇ ਦਾ ਨਵਾਂ ਆਧਾਰ ਬਣ ਗਈ ਹੈ। ਇਨ੍ਹਾਂ ਵਿੱਚੋਂ ਕਈ ਔਰਤਾਂ ਤੁਰਨ-ਫਿਰਨ ਤੋਂ ਅਸਮਰੱਥ ਹਨ, ਕਿਸੇ ਨੂੰ ਠੀਕ ਤਰ੍ਹਾਂ ਸੁਣਾਈ ਨਹੀਂ ਦਿੰਦਾ ਅਤੇ ਕੋਈ ਠੀਕ ਤਰ੍ਹਾਂ ਬੋਲ ਵੀ ਨਹੀਂ ਸਕਦੀ। ਫਿਰ ਵੀ, ਸਦੀ ਦਾ ਅੰਕੜਾ ਪਾਰ ਕਰ ਚੁੱਕੀਆਂ ਇਹ ਮਹਿਲਾਵਾਂ ਚੰਗੀ ਤਰ੍ਹਾਂ ਜਾਣਦੀਆਂ ਹਨ ਕਿ ਇਹ ਰਕਮ ਉਨ੍ਹਾਂ ਦੀ ਆਪਣੀ ਹੈ ਅਤੇ ਉਹ ਇਸ ਨੂੰ ਆਪਣੀ ਮਰਜ਼ੀ ਅਨੁਸਾਰ ਖ਼ਰਚ ਕਰ ਸਕਦੀਆਂ ਹਨ। ਇਸ ਹੱਕ ਦਾ ਅਹਿਸਾਸ ਹੀ ਉਨ੍ਹਾਂ ਨੂੰ ਡੂੰਘੀ ਤਸੱਲੀ ਦਿੰਦਾ ਹੈ। ਸੰਗਰੂਰ ਦੀ 109 ਸਾਲਾ ਭਰਪੂਰ ਕੌਰ ਨੇ ਆਪਣੇ ਪੜਪੋਤੇ ਦੀ ਪਤਨੀ ਦੀ ਮਦਦ ਨਾਲ ਅਰਜ਼ੀ ਦੀ ਪ੍ਰਕਿਰਿਆ ਪੂਰੀ ਕੀਤੀ ਅਤੇ ਹੁਣ ਉਸੇ ਦੀ ਸਹਾਇਤਾ ਨਾਲ ਬੈਂਕ ਤੋਂ ਪੈਸੇ ਕਢਵਾਉਂਦੇ ਹਨ।ਫ਼ਤਹਿਗੜ੍ਹ ਦੀ 110 ਸਾਲਾ ਮੁਖਤਿਆਰ ਕੌਰ ਨੂੰ ਵੀ ਇਸ ਯੋਜਨਾ ਤਹਿਤ ਵਿੱਤੀ ਸਹਾਇਤਾ ਮਿਲੀ ਹੈ। ਉਨ੍ਹਾਂ ਨੂੰ ਸੁਣਨ ਵਿੱਚ ਦਿੱਕਤ ਹੈ, ਪਰ ਉਹ ਸਾਫ਼-ਸਾਫ਼ ਗੱਲ ਕਰ ਸਕਦੇ ਹਨ। ਉਹ ਦੱਸਦੇ ਹਨ ਕਿ ਉਨ੍ਹਾਂ ਨੇ ਇਹ ਰਕਮ ਘਰੇਲੂ ਲੋੜਾਂ 'ਤੇ ਖ਼ਰਚ ਕੀਤੀ। ਫ਼ਰੀਦਕੋਟ ਦੀ 102 ਸਾਲਾ ਜਸਮੇਲ ਕੌਰ ਨੇ ਆਪਣੀ ਜ਼ਿੰਦਗੀ ਦਾ ਵੱਡਾ ਹਿੱਸਾ ਪਰਿਵਾਰ ਦੀ ਸੇਵਾ ਕਰਦਿਆਂ ਬਿਤਾਇਆ ਹੈ। ਉਨ੍ਹਾਂ ਨੂੰ ਮਿਲੀ ਸਹਾਇਤਾ ਰਕਮ ਵੀ ਉਨ੍ਹਾਂ ਨੇ ਪਰਿਵਾਰ ਦੀ ਭਲਾਈ ਲਈ ਹੀ ਵਰਤੀ।ਮੋਗਾ ਦੀ 102 ਸਾਲਾ ਪ੍ਰੀਤਮ ਕੌਰ ਬਹੁਤ ਕਮਜ਼ੋਰ ਹਨ ਅਤੇ ਉਨ੍ਹਾਂ ਨੂੰ ਸੁਣਨ ਵਿੱਚ ਵੀ ਦਿੱਕਤ ਹੁੰਦੀ ਹੈ। ਉਮਰ ਦੇ ਕਾਰਨ ਉਹ ਬਹੁਤ ਘੱਟ ਬੋਲਦੇ ਹਨ, ਇਸ ਲਈ ਉਨ੍ਹਾਂ ਦੇ ਪੁੱਤਰ ਸਿਕੰਦਰ ਸਿੰਘ ਇਨ੍ਹਾਂ ਮਹਿਲਾਵਾਂ ਦੀ ਵਧਦੀ ਉਮਰ ਨਾਲ ਜੁੜੀਆਂ ਸਿਹਤ ਸਮੱਸਿਆਵਾਂ, ਸਰੀਰਕ ਸੀਮਾਵਾਂ ਅਤੇ ਔਖੇ ਹਾਲਾਤਾਂ ਵਿੱਚ ਵੀ ਉਨ੍ਹਾਂ ਦਾ ਸ਼ਾਂਤ ਹੌਸਲਾ 'ਮਾਂਵਾਂ-ਧੀਆਂ ਸਤਿਕਾਰ ਯੋਜਨਾ' ਦੀ ਮਹੱਤਤਾ ਨੂੰ ਹੋਰ ਉਜਾਗਰ ਕਰਦਾ ਹੈ।



# ਸੈਂਡਬਾਕਸ ਰਜਿਸਟ੍ਰੇਸ਼ਨ ਸਫਲਤਾਪੂਰਵਕ ਮੁਕੰਮਲ

ਮੋਹਾਲੀ (ਗੁਰਜੀਤ ਬਿੱਲਾ)- ਡਾਇਰੈਕਟਰ ਸਿਹਤ ਅਤੇ ਪਰਵਾਰ ਭਲਾਈ ਵਿਭਾਗ ਪੰਜਾਬ ਦੇ ਹੁਕਮਾਂ ਅਨੁਸਾਰ ਅਤੇ ਸਿਵਲ ਸਰਜਨ ਐੱਸ.ਏ.ਐੱਸ. ਨਗਰ ਡਾ. ਸੰਗੀਤਾ ਜੈਨ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਆਯੁਸ਼ਮਾਨ ਭਾਰਤ ਡਿਜੀਟਲ ਮਿਸ਼ਨ (ਏ ਬੀ ਡੀ ਐਮ) ਦੀ ਪ੍ਰਭਾਵਸ਼ਾਲੀ ਲਾਗੂ ਕਰਨ ਦੀ ਪ੍ਰਕਿਰਿਆ ਨੂੰ ਹੋਰ ਤੇਜ਼ ਕਰਨ ਲਈ ਜ਼ਿਲ੍ਹੇ ਦੇ ਜੇ ਪੀ ਹਸਪਤਾਲ ਦਾ ਦੌਰਾ ਕੀਤਾ ਗਿਆ।



ਇਸ ਮੌਕੇ ਜ਼ਿਲ੍ਹਾ ਪ੍ਰੋਗ੍ਰਾਮ ਮੈਨੇਜਰ ਮਾਨਵਿੰਦਰ ਚੌਧਰੀ ਅਤੇ ਜ਼ਿਲ੍ਹਾ ਡੀ ਐਮ ਈ ਓ ਧਰਮ ਦਾਸ ਅਤੇ ਐਚ ਐਮ ਐਸ ਕੋਆਰਡੀਨੇਟਰ ਵਿਵੇਕ ਭਗਤ ਨੇ ਨਿਰੀਖਣ ਦੌਰਾਨ ਹਸਪਤਾਲ ਵਿੱਚ ਏ ਬੀ ਡੀ ਐਮ ਦੇ ਲਾਗੂ ਕਰਨ ਸਬੰਧੀ ਤਕਨੀਕੀ ਅਤੇ ਪ੍ਰਸ਼ਾਸਕੀ ਪਹਿਲੂਆਂ ਦੀ ਸਮੀਖਿਆ ਕੀਤੀ ਗਈ। ਇਸ ਮੌਕੇ ਹਸਪਤਾਲ ਦੀ ਸੈਂਡਬਾਕਸ ਰਜਿਸਟ੍ਰੇਸ਼ਨ ਪ੍ਰਕਿਰਿਆ ਸਫਲਤਾਪੂਰਵਕ ਮੁਕੰਮਲ ਕਰਵਾਈ ਗਈ।ਅਧਿਕਾਰੀਆਂ ਨੇ ਹਸਪਤਾਲ ਦੇ ਪ੍ਰਬੰਧਕਾਂ ਨੂੰ ਏ ਬੀ ਡੀ ਐਮ ਅਧੀਨ ਡਿਜੀਟਲ ਹੈਲਥ ਰਿਕਾਰਡ, ਆਭਾ (ਆਭਾ) ਆਈ ਡੀ. ਅਤੇ ਹੋਰ ਡਿਜੀਟਲ ਸੇਵਾਵਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਅਪਣਾਉਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਇਸ ਨਾਲ ਮਰੀਜ਼ਾਂ ਨੂੰ ਤੇਜ਼, ਪਾਰਦਰਸ਼ੀ ਅਤੇ ਬਿਹਤਰ ਸਿਹਤ ਸੇਵਾਵਾਂ ਉਪਲਬਧ ਕਰਵਾਉਣ ਵਿੱਚ ਮਦਦ ਮਿਲੇਗੀ।

# ਟੈਲੀ-ਮਾਨਸ ਸਿਹਤ ਸੇਵਾਵਾਂ ਰਾਹੀਂ ਹਜ਼ਾਰਾਂ ਲੋਕਾਂ ਨੂੰ ਮਿਲਿਆ ਸਹਾਰਾ : ਡਾ. ਰਾਜੀਵ ਪਰਾਸ਼ਰ

ਫਗਵਾੜਾ (ਡਾ. ਰਮਨ)- ਸਿਵਲ ਸਰਜਨ ਕਪੂਰਥਲਾ ਡਾ. ਰਾਜੀਵ ਪਰਾਸ਼ਰ ਨੇ ਦੱਸਿਆ ਕਿ ਮਾਨਸਿਕ ਸਿਹਤ ਸੰਬੰਧੀ ਸਮੱਸਿਆਵਾਂ ਦਾ ਸਮੇਂ ਸਿਰ ਹੱਲ ਮੁਹੱਈਆ ਕਰਵਾਉਣ ਅਤੇ ਲੋਕਾਂ ਵਿੱਚ



ਜਾਗਰੂਕਤਾ ਵਧਾਉਣ ਦੇ ਉਦੇਸ਼ ਨਾਲ ਭਾਰਤ ਸਰਕਾਰ ਵੱਲੋਂ 10 ਅਕਤੂਬਰ 2022 ਨੂੰ ਟੈਲੀ-ਮਾਨਸ ਸੇਵਾ ਸ਼ੁਰੂ ਕੀਤੀ ਗਈ ਸੀ। ਇਹ ਦੇਸ਼-ਵਿਆਪੀ 24 ਘੰਟੇ, ਹਫ਼ਤੇ ਦੇ ਸੱਤੋਂ ਦਿਨ ਚੱਲਣ ਵਾਲੀ ਮੁਫ਼ਤ ਮਾਨਸਿਕ ਸਿਹਤ ਹੈਲਪਲਾਈਨ ਹੈ, ਜੋ 20 ਤੋਂ ਵੱਧ ਭਾਸ਼ਾਵਾਂ ਵਿੱਚ ਆਪਣੀਆਂ ਸੇਵਾਵਾਂ ਪ੍ਰਦਾਨ ਕਰ ਰਹੀ ਹੈ। ਉਨ੍ਹਾਂ ਦੱਸਿਆ ਕਿ ਕੋਈ ਵੀ ਵਿਅਕਤੀ ਟੋਲ ਫ੍ਰੀ ਨੰਬਰ 14416 ਜਾਂ 1-800-89-14416 'ਤੇ ਕਾਲ ਕਰਕੇ ਘਰ ਬੈਠੇ ਮਾਹਿਰਾਂ ਤੋਂ ਗੁਪਤ ਅਤੇ ਮੁਫ਼ਤ ਮਾਨਸਿਕ ਸਿਹਤ ਸਲਾਹ ਪ੍ਰਾਪਤ ਕਰ ਸਕਦਾ ਹੈ। ਟੈਲੀ-ਮਾਨਸ ਰਾਹੀਂ ਕਾਲਰ ਦੀ ਪੂਰੀ ਜਾਣਕਾਰੀ ਗੁਪਤ ਰੱਖੀ ਜਾਂਦੀ ਹੈ, ਜਿਸ ਨਾਲ ਲੋਕ ਬਿਨਾਂ ਕਿਸੇ ਝਿਜਕ ਦੇ ਆਪਣੀਆਂ ਸਮੱਸਿਆਵਾਂ ਸਾਂਝੀਆਂ ਕਰ ਸਕਦੇ ਹਨ। ਡਾ. ਪਰਾਸ਼ਰ ਨੇ ਕਿਹਾ ਕਿ ਟੈਲੀ-ਮਾਨਸ ਰਾਹੀਂ ਚਿੰਤਾ, ਤਣਾਅ, ਡਿਪਰੈਸ਼ਨ, ਪ੍ਰੀਖਿਆ ਸੰਬੰਧੀ ਦਬਾਅ, ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ, ਵਿੱਤੀ ਅਤੇ ਪਰਿਵਾਰਕ ਸਮੱਸਿਆਵਾਂ ਸਮੇਤ ਮਾਨਸਿਕ ਸਿਹਤ ਨਾਲ ਜੁੜੇ ਕਈ ਮੁੱਦਿਆਂ ਬਾਰੇ ਮਾਹਿਰ ਕੌਂਸਲਰਾਂ, ਸਮਾਜ ਸੇਵਕਾਂ ਅਤੇ ਮਨੋਵਿਗਿਆਨੀਆਂ ਵੱਲੋਂ ਸਲਾਹ ਅਤੇ ਮਾਰਗਦਰਸ਼ਨ ਦਿੱਤਾ ਜਾਂਦਾ ਹੈ। ਲੋੜ ਪੈਣ 'ਤੇ ਵਿਅਕਤੀਆਂ ਨੂੰ ਵਿਸ਼ੇਸ਼ ਮਾਨਸਿਕ ਸਿਹਤ ਸੇਵਾਵਾਂ ਲਈ ਰੈਫਰ ਵੀ ਕੀਤਾ ਜਾਂਦਾ ਹੈ। ਉਨ੍ਹਾਂ ਦੱਸਿਆ ਕਿ (ਜੇ ਪੁਸ਼ਟੀਸ਼ੁਦਾ ਹੋਵੇ ਤਾਂ) ਇਸ ਸਾਲ ਟੈਲੀ-ਮਾਨਸ ਪੰਜਾਬ ਨੂੰ 35,000 ਤੋਂ ਵੱਧ ਕਾਲਾਂ ਪ੍ਰਾਪਤ ਹੋਈਆਂ ਹਨ, ਜੋ ਇਸ ਸੇਵਾ 'ਤੇ ਲੋਕਾਂ ਦੇ ਵੱਧ ਰਹੇ ਭਰੋਸੇ ਨੂੰ ਦਰਸਾਉਂਦੀਆਂ ਹਨ।

# 'ਨੋ ਚਲਾਨ ਕਰੋ ਧਿਆਨ' ਦੇ ਐਲਾਨ ਮੌਕੇ ਕੁਮਾਰ ਵਿਨੋਦ ਨੂੰ ਕੀਤਾ ਸਨਮਾਨਤ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਹੁਸ਼ਿਆਰਪੁਰ ਦੀ ਧਰਤੀ ਤੋਂ ਬੀਤੇ ਚਾਰ ਦਹਾਕਿਆ ਤੋਂ ਰੰਗਮੰਚ ਅਤੇ ਦੋ ਦਹਾਕਿਆਂ ਤੋਂ ਫਿਲਮ ਨਾਲ ਜੁੜੇ ਸ੍ਰੀ ਗਰੇਸਾ ਫਿਲਮਜ਼ ਵੱਲੋਂ ਮਾਨਵਤਾ, ਸਮਾਜ ਅਤੇ ਰਾਸ਼ਟਰ ਨਾਲ ਪ੍ਰਤੀਬੱਧ ਅਨੇਕਾਂ ਪ੍ਰੋਡਕਸ਼ਨਾਂ ਲੋਕ ਅਰਪਣ ਕੀਤੀਆਂ ਹਨ। ਬੀਤੇ ਦਿਨੀਂ ਸਾਬਕਾ ਐਮ.ਪੀ. ਅਵਿਨਾਸ਼ ਰਾਏ ਖੰਨਾ ਦੀ ਲਿਖੀ ਕਹਾਣੀ 'ਗੋਲਡ ਮੈਡਲ ਦਾ ਦਹੇਜ' ਦੀ ਅਸ਼ੋਕ ਪੁਰੀ ਦੁਆਰਾ ਨਿਰਦੇਸ਼ਤ ਸ਼ੋਰਟ ਫਿਲਮ ਗੋਲਡ ਮੈਡਲ ਦਾ ਦਹੇਜ ਪੰਜਾਬੀ ਅਤੇ ਹਿੰਦੀ ਵਿੱਚ ਲੋਕ ਅਰਪਣ ਕੀਤੀ ਗਈ ਸੀ। ਇਸ ਦਾ ਅਗਲਾ ਪੜਾਅ ਗੁਜਰਾਤੀ ਭਾਸ਼ਾ ਵਿੱਚ ਤਿਆਰ ਕੀਤਾ ਜਾ ਰਿਹਾ ਹੈ। ਹੁਣ ਸ੍ਰੀ ਗਰੇਸਾ ਫਿਲਮਜ਼ ਵੱਲੋਂ ਅਵਿਨਾਸ਼ ਰਾਏ ਖੰਨ ਦੀ ਲਿਖੀ ਕਹਾਣੀ ਉੱਪਰ ਨੋ ਚਲਾਨ ਕਰੋ ਧਿਆਨ ਦਾ ਨਿਰਮਾਣ ਕੀਤਾ ਜਾ ਰਿਹਾ ਹੈ ।



ਅੱਜ ਇਸ ਫਿਲਮ ਦੇ ਅਸ਼ੋਕ ਪੁਰੀ ਦੁਆਰਾ ਲਿਖੇ ਥੀਮ ਸੌਂਗ ਨੋ ਚਲਾਨ ਕਰੋ ਧਿਆਨ ਦਾ ਐਲਾਨ ਕਰਦੇ ਹੋਏ ਅਵਿਨਾਸ਼ ਰਾਏ ਖੰਨਾ ਨੇ ਦੱਸਿਆ ਕਿ ਇਹ ਫਿਲਮ ਦਾ ਥੀਮ ਸੌਂਗ ਕੁਮਾਰ ਵਿਨੋਦ ਗਾ ਰਹੇ ਹਨ ਅਤੇ ਇਹ ਫਿਲਮ ਦਾ ਥੀਮ ਜਿਥੇ ਟ੍ਰੈਫਿਕ ਨਿਯਮਾਂ ਤੋਂ ਲੋਕਾਂ ਨੂੰ ਜਾਗਰੂਕ ਕਰਨਾ ਹੈ, ਉਥੇ ਟ੍ਰੈਫਿਕ ਚਲਾਨ ਸਰਕਾਰਾਂ ਨੂੰ ਰੈਵਿਨਿਊ (ਆਮਦਨ) ਨਾ ਸੋਚ ਕੇ ਲੋਕਾਂ ਨੂੰ ਟ੍ਰੈਫਿਕ ਸਮਝ ਬਾਰੇ ਜਾਗਰੂਕ ਕਰਨਾ ਚਾਹੀਦਾ ਹੈ।

ਉਹਨਾਂ ਦੱਸਿਆ ਕਿ ਉਹਨਾਂ ਇਸ ਆਈਡੀਏ ਨਾਲ ਗੜ੍ਹਸ਼ੰਕਰ ਇਲਾਕੇ ਵਿੱਚ ਟ੍ਰੈਫਿਕ ਸਮਝ ਵਿੱਚ ਬੜੇ ਸੁਧਾਰ ਦੇਖੇ ਹਨ । ਇਸ ਮੌਕੇ ਫਿਲਮ ਦੇ ਨਿਰਦੇਸ਼ਕ ਅਸ਼ੋਕ ਪੁਰੀ ਨੇ ਦੱਸਿਆ ਕਿ ਇਹ ਫਿਲਮ ਸਮਾਜ ਲਈ ਟ੍ਰੈਫਿਕ ਸੰਸਾਰ ਵਿੱਚ ਇਕ ਗਿਆਨ ਦਾ ਦੀਪਕ ਸਾਬਿਤ ਹੋਵੇਗੀ ਆਉਣ ਵਾਲੀਆਂ ਪੀੜ੍ਹੀਆਂ ਅਤੇ ਪ੍ਰਸ਼ਾਸਨ ਇਸ ਨਾਲ ਟ੍ਰੈਫਿਕ ਨਿਯਮਾਂ ਦਾ ਪਾਲਣ ਕਰਨਾ ਆਪਣਾ ਫਰਜ਼ ਸਮਝਣਗੀਆ। ਇਸ ਮੌਕੇ ਪਲੇਅ ਬੈਕ ਸਿੰਗਰ ਕੁਮਾਰ ਵਿਨੋਦ ਨੂੰ ਅਵਿਨਾਸ਼ ਰਾਏ ਖੰਨਾ, ਐਡਵੋਕੇਟ ਐਸ.ਪੀ. ਰਾਣਾ ਅਤੇ ਨਿਰਦੇਸ਼ਕ ਅਸ਼ੋਕ ਪੁਰੀ ਨੇ ਫੁੱਲਾਂ ਦੇ ਹਾਰ ਪਾ ਕੇ ਸਨਮਾਨਤ ਕੀਤਾ।

# ਕੈਬਨਿਟ ਮੰਤਰੀ ਨੇ ਵਿਦਿਆਰਥੀਆਂ ਨੂੰ ਸਕੂਲ ਬੈਗ ਵੰਡੇ

ਜਲੰਧਰ, (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)- ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਨੇ ਦੋ ਸਰਕਾਰੀ ਸਕੂਲਾਂ ਦੇ 11ਵੀਂ ਅਤੇ 12ਵੀਂ ਕਲਾਸ ਦੇ ਵਿਦਿਆਰਥੀਆਂ ਨੂੰ ਸਕੂਲ ਬੈਗਜ਼ ਦੀ ਵੰਡ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਹਰ ਵਿਦਿਆਰਥੀ ਨੂੰ ਗੁਣਵੱਤਾ ਭਰੂਪਰ ਸਿੱਖਿਆ ਅਤੇ ਲੋੜੀਂਦੀਆਂ ਸਹੂਲਤਾਂ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ। ਕੈਬਨਿਟ ਮੰਤਰੀ ਮੋਹਿੰਦਰ ਭਗਤ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ, ਬਸਤੀ ਮਿੱਠੂ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਾਡਲ ਹਾਊਸ ਵਿਖੇ ਵਿਦਿਆਰਥੀਆਂ ਨੂੰ ਸਕੂਲ ਬੈਗਾਂ ਦੀ ਵੰਡ ਕੀਤੀ ਗਈ। ਇਸ ਮੌਕੇ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ, ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਰਾਜ ਸਰਕਾਰ ਦੇ ਇਸ ਉਪਰਾਲੇ ਸਦਕਾ ਸਰਕਾਰੀ ਸਕੂਲਾਂ ਵਿੱਚ ਪੜ੍ਹ ਰਹੇ ਗਰੀਬ ਅਤੇ ਮੱਧ ਵਰਗੀ ਪਰਵਾਰਾਂ ਦੇ ਹਜ਼ਾਰਾਂ ਬੱਚਿਆਂ ਦੇ ਮਾਪਿਆਂ ਦਾ ਵਿੱਤੀ ਬੋਝ ਘਟੇਗਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਸਿੱਖਿਆ ਦੇ ਖੇਤਰ ਨੂੰ ਹਮੇਸ਼ਾ ਤਰਜੀਹ ਦਿੱਤੀ ਹੈ ਅਤੇ ਸਿੱਖਿਆ ਕ੍ਰਾਂਤੀ ਤਹਿਤ ਸਰਕਾਰੀ ਸਕੂਲਾਂ ਦੀ ਨੁਹਾਰ ਬਦਲਣ ਲਈ ਵਿਆਪਕ ਪੱਧਰ 'ਤੇ ਉਪਰਾਲੇ ਕੀਤੇ ਹਨ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੂੰ ਮਿਆਰੀ ਸਿੱਖਿਆ ਲਈ ਬਿਹਤਰ ਅਤੇ ਸੁਖਾਵਾਂ ਮਾਹੌਲ ਮੁਹੱਈਆ ਕਰਵਾਉਣ ਲਈ ਰਾਜ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਦੇ ਨਾਲ-ਨਾਲ ਸਕੂਲਾਂ ਨੂੰ ਆਧੁਨਿਕ ਸਹੂਲਤਾਂ ਨਾਲ ਲੈਸ ਕੀਤਾ ਜਾ ਰਿਹਾ ਹੈ।ਉਨ੍ਹਾਂ ਇਸ ਮੌਕੇ ਸਰਕਾਰੀ ਸੀਨੀਅਰ ਸੈਕੰਡਰੀ ਤੇ ਸਰਕਾਰੀ ਪ੍ਰਾਇਮਰੀ



ਸਕੂਲ, ਬਸਤੀ ਮਿੱਠੂ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਾਡਲ ਹਾਊਸ ਨੂੰ ਵਿਕਾਸ ਕਾਰਜਾਂ ਲਈ 10-10 ਲੱਖ (ਕੁੱਲ 30 ਲੱਖ) ਦੀ ਰਾਸ਼ੀ ਦੇਣ ਦਾ ਐਲਾਨ ਵੀ ਕੀਤਾ। ਇਸ ਮੌਕੇ ਕੌਂਸਲਰ ਮੁਕੇਸ਼ ਸੇਠੀ, ਪ੍ਰਿੰਸੀਪਲ ਪਵਨ ਕੁਮਾਰ, ਪ੍ਰਿੰ. ਜਗਪ੍ਰੀਤ ਕੌਰ, ਪ੍ਰਿੰ. ਪਰਮਿੰਦਰ ਫਲੋਰਾ, ਐਜੂਕੇਸ਼ਨ ਇੰਚਾਰਜ ਜਲੰਧਰ ਪੱਛਮੀ ਸੰਜੀਵ ਭਗਤ, ਹਰਚਰਨ ਸਿੰਘ ਸੰਧੂ, ਰਾਜੀਵ ਓਮਕਾਰ ਟਿੱਕਾ, ਸੁਖਵਿੰਦਰ ਸਿੰਘ, ਏਕਮ, ਲਵਲੀ ਚੌਹਾਨ, ਨਵੀਨ ਸੋਨੀ, ਕੁਲਵਿੰਦਰ ਸਿੰਘ ਹੀਰਾ ਬੋਲੀਨਾ, ਦਵਿੰਦਰ ਸਿੰਘ ਧਾਮੀ, ਅਧਿਆਪਕ ਜੈਸਮੀਨਜੀਤ ਕੌਰ, ਸੋਨੂੰ, ਕਮਲਜੀਤ ਸਿੰਘ ਤੇ ਹੋਰ ਸਟਾਫ਼ ਵੀ ਮੌਜੂਦ ਸੀ।

# ਧੀਆਂ ਦੀ ਤੰਦਰੁਸਤੀ ਲਈ ਐੱਚ ਪੀ ਵੀ ਟੀਕਾਕਰਨ ਕਰਵਾਉ : ਸਿਵਲ ਸਰਜਨ

ਮੋਹਾਲੀ, (ਗੁਰਜੀਤ ਬਿੱਲਾ)- ਜ਼ਿਲ੍ਹਾ ਸਿਹਤ ਵਿਭਾਗ ਦੀਆਂ ਟੀਮਾਂ ਵਲੋਂ ਐਚ.ਪੀ.ਵੀ. (ਹਿਊਮਨ ਪੈਪੀਲੋਮਾ ਵਾਇਰਸ) ਟੀਕਾਕਰਨ ਮੁਹਿੰਮ ਨੂੰ ਸਫ਼ਲ ਬਣਾਉਣ ਲਈ ਘਰ-ਘਰ ਜਾ ਕੇ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਡਾ. ਸੰਗੀਤਾ ਜੈਨ ਅਤੇ ਜ਼ਿਲ੍ਹਾ ਟੀਕਾਕਰਨ ਅਧਿਕਾਰੀ ਡਾ. ਗਿਰੀਸ਼ ਡੋਗਰਾ ਨੇ ਦਸਿਆ ਕਿ ਸਿਹਤ ਟੀਮਾਂ ਘਰਾਂ ਤੋਂ ਇਲਾਵਾ ਸਕੂਲਾਂ ਵਿਚ ਵੀ ਜਾ ਰਹੀਆਂ ਹਨ ਅਤੇ ਯੋਗ ਕੁੜੀਆਂ ਨੂੰ ਟੀਕਾਕਰਨ ਲਈ ਪ੍ਰੇਰਿਤ ਕਰ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਸਿਹਤ ਵਿਭਾਗ ਦੀਆਂ ਟੀਮਾਂ -ਆਸ਼ਾ ਵਰਕਰਾਂ, ਏ.ਐੱਨ.ਐੱਮ., ਮਲਟੀਪਰਪਜ਼ ਹੈਲਥ ਵਰਕਰ ਅਤੇ ਹੋਰ- ਫੀਲਡ ਸਟਾਫ਼ ਦੇ ਸਹਿਯੋਗ ਨਾਲ ਘਰ-ਘਰ ਜਾ ਕੇ ਲੋਕਾਂ ਨੂੰ ਟੀਕੇ ਦੇ ਲਾਭਾਂ ਬਾਰੇ ਜਾਣਕਾਰੀ ਦੇ ਰਹੀਆਂ ਹਨ, ਉਨ੍ਹਾਂ ਦੇ ਸਵਾਲਾਂ ਦੇ ਜਵਾਬ ਦੇ ਰਹੀਆਂ ਹਨ ਅਤੇ ਯੋਗ ਲਾਭਪਾਤਰੀਆਂ ਨੂੰ ਟੀਕਾਕਰਨ ਕੇਂਦਰਾਂ 'ਤੇ ਪਹੁੰਚਣ ਲਈ ਪ੍ਰੇਰਿਤ ਕਰ ਰਹੀਆਂ ਹਨ। ਉਨ੍ਹਾਂ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਆਪਣੀਆਂ ਧੀਆਂ ਨੂੰ ਸਮੇਂ ਸਿਰ ਐੱਚ ਪੀ ਵੀ ਦਾ ਟੀਕਾ ਜ਼ਰੂਰ ਲਗਵਾਉਣ ਤੇ ਸਿਹਤ ਵਿਭਾਗ ਦੀ ਇਸ ਮੁਹਿੰਮ ਵਿੱਚ ਪੂਰਾ ਸਹਿਯੋਗ ਦੇਣ।



# ਮਨਰੇਗਾ ਯੂਨੀਅਨ ਦੀ ਹੜਤਾਲ 51 ਦਿਨਾਂ ਤੋਂ ਜਾਰੀ

ਨਵਾਂਸ਼ਹਿਰ (ਮਨੋਜ ਲਾਡੀ)- ਮਨਰੇਗਾ ਯੂਨੀਅਨ ਨਵਾਸ਼ਹਿਰ ਵਲੋ ਟੈਕਨੀਕਲ ਅਸਿਸਟੈਂਟ ਦੀ ਕੀਤੀ ਜਾ ਰਹੀ ਨਵੀਂ ਭਰਤੀ ਦਾ ਤਿੱਖਾ ਵਿਰੋਧ ਕੀਤਾ ਗਿਆ।ਧਰਨੇ ਤੇ ਬੈਠੇ ਯੂਨੀਅਨ ਆਗੂਆਂ ਨੇ ਦੱਸਿਆ ਕਿ ਉਹ ਪਿਛਲੇ 51 ਦਿਨਾਂ ਤੋਂ ਲਗਾਤਾਰ ਰੋਸ ਪ੍ਰਦਰਸ਼ਨ ਕਰ ਰਹੇ ਹਨ। ਆਗੂਆਂ ਨੇ ਦੁੱਖ ਪ੍ਰਗਟਾਉਂਦਿਆਂ ਕਿਹਾ ਕਿ ਪਿਛਲੇ 18 ਸਾਲਾਂ ਤੋਂ ਮਗਨਰੇਗਾ ਕਰਮਚਾਰੀ ਨਿਗੂਣੀਆਂ ਤਨਖ਼ਾਹਾਂ 'ਤੇ ਕੰਮ ਕਰ ਰਹੇ ਹਨ ਅਤੇ ਇਸ ਵੇਲੇ ਬਹੁਤ ਹੀ ਮਾੜੇ ਦੌਰ ਵਿਚੋਂ ਗੁਜ਼ਰ ਰਹੇ ਹਨ। ਉਨ੍ਹਾਂ ਦੱਸਿਆ ਕਿ ਕਰਮਚਾਰੀਆਂ ਦੀਆਂ ਪਿਛਲੇ 6 ਤੋਂ 8 ਮਹੀਨਿਆਂ ਦੀਆਂ ਤਨਖ਼ਾਹਾਂ ਰੋਕੀਆਂ ਹੋਈਆਂ ਹਨ। ਜਦੋਂ ਵੀ ਇਸ ਬਾਰੇ ਅਫ਼ਸਰਸ਼ਾਹੀ ਨਾਲ ਗੱਲ ਕੀਤੀ ਜਾਂਦੀ ਹੈ ਤਾਂ ਕੋਈ ਨਾ ਕੋਈ ਬਹਾਨਾ ਬਣਾ ਕੇ ਨਾਂਹ-ਨੁੱਕਰ ਕਰ ਦਿੱਤੀ ਜਾਂਦੀ ਹੈ। ਯੂਨੀਅਨ ਨੇ ਦੋਸ਼ ਲਾਇਆ ਕਿ ਖੰਨਾ ਵਿਖੇ ਹੋਏ ਧਰਨੇ ਦੌਰਾਨ ਮਗਨਰੇਗਾ ਕਰਮਚਾਰੀਆਂ 'ਤੇ ਅੰਨ੍ਹੇਵਾਹ ਲਾਠੀਚਾਰਜ ਕਰਕੇ ਉਨ੍ਹਾਂ ਦੀ ਕੁੱਟਮਾਰ ਕੀਤੀ, ਜਿਸ ਵਿਚ ਕਈਆਂ ਦੀਆਂ ਲੱਤਾਂ-ਬਾਹਾਂ ਤੱਕ ਟੁੱਟ ਗਈਆਂ। ਯੂਨੀਅਨ ਦੇ ਅਹੁਦੇਦਾਰਾਂ ਨੇ ਚਿਤਾਵਨੀ ਦਿੱਤੀ ਹੈ ਆਉਣ ਵਾਲੇ ਇੱਕ-ਦੋ ਦਿਨਾਂ ਵਿਚ ਜ਼ਿਲ੍ਹਾ ਅਤੇ ਪੰਜਾਬ ਪੱਧਰ 'ਤੇ ਲੇਬਰ ਨੂੰ ਨਾਲ ਲੈ ਕੇ ਵੱਡੇ ਪੱਧਰ 'ਤੇ ਪੱਕੇ ਧਰਨੇ ਲਗਾਏ ਜਾਣਗੇ।

# ਅਦਾਲਤ ਵੱਲੋਂ ਮੁਲਾਜ਼ਮਾਂ ਦੇ ਮਹਿੰਗਾਈ ਭੱਤੇ ਦਾ ਕੇਸ ਰੱਖਿਆ ਸੁਰੱਖਿਅਤ



ਚੰਡੀਗੜ੍ਹ (ਸੁਰਜੀਤ ਸੁਮਨ)- ਪੰਜਾਬ ਦੇ ਮੁਲਾਜ਼ਮਾਂ ਵੱਲੋਂ ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਖੇ ਮਹਿੰਗਾਈ ਭੱਤੇ ਸਬੰਧੀ ਕੇਸ ਦੀ ਅੰਤਿਮ ਸੁਣਵਾਈ ਕਾਰਜਕਾਰੀ ਚੀਫ਼ ਜਸਟਿਸ ਅਸ਼ਵਨੀ ਕੁਮਾਰ ਮਿਸ਼ਰਾ ਤੇ ਜਸਟਿਸ ਰੋਹਿਤ ਕਪੂਰ ਦੇ ਡਵੀਜ਼ਨ ਬੈਂਚ ਵੱਲੋਂ ਕੀਤੀ ਗਈ। ਇਸ ਕੇਸ ਵਿਚ ਦੋਹਾਂ ਪੱਖਾਂ ਦੇ ਵਕੀਲਾਂ ਵੱਲੋਂ ਲੋੜੀਂਦੇ ਦਸਤਾਵੇਜ਼ ਪੇਸ਼ ਕੀਤੇ ਗਏ। ਪੰਜਾਬ ਸਿਵਲ ਸਕੱਤਰੇਤ ਸਟਾਫ ਐਸੋਸੀਏਸ਼ਨ ਵੱਲੋਂ ਦਾਇਰ ਇੱਕ ਹੋਰ ਐਲ ਪੀ ਏ ਦੀ ਸੁਣਵਾਈ ਵੀ ਇਸ ਕੇਸ ਦੇ ਨਾਲ ਹੀ ਹੋਈ ਹੈ। ਦੋਹਾਂ ਧਿਰਾਂ ਨੂੰ ਸੁਣਨ ਉਪਰੰਤ ਮਾਣਯੋਗ ਅਦਾਲਤ ਵਲੋਂ ਹੁਣ ਤੱਕ ਹੋਈ ਬਹਿਸ ਦੇ ਫੈਸਲੇ ਨੂੰ ਅਦਾਲਤੀ ਹੁਕਮਾਂ ਤੱਕ ਸੁਰੱਖਿਅਤ ਰੱਖ ਲਿਆ ਗਿਆ ਹੈ। ਇਸ ਮੌਕੇ ਐਸੋਸੀਏਸ਼ਨ ਦੇ ਪ੍ਰਧਾਨ ਸੁਸ਼ੀਲ ਕੁਮਾਰ ਫੌਜੀ ਨੇ ਕਿਹਾ ਕਿ ਮੁਲਾਜ਼ਮਾਂ ਦੇ ਮਹਿੰਗਾਈ ਭੱਤੇ ਸੰਬੰਧੀ ਕੇਸ ਦੀ ਸੁਣਵਾਈ ਲਗਾਤਾਰ ਮਾਣਯੋਗ ਹਾਈਕੋਰਟ ਵਿੱਚ ਚੱਲ ਰਹੀ ਹੈ, ਜਿਸ ਵਿੱਚ ਸਾਡੇ ਵਕੀਲਾਂ ਨੇ ਅਹਿਮ ਰੋਲ ਨਿਭਾਇਆ ਹੈ। ਉਨ੍ਹਾਂ ਕਿਹਾ ਕਿ ਹੁਣ ਸਾਡੀ ਇੱਕੋ ਇੱਕ ਆਸ ਮਾਣਯੋਗ ਅਦਾਲਤੀ ਫੈਸਲੇ ਉੱਤੇ ਹੈ, ਕਿਉਂਕਿ ਉਨ੍ਹਾਂ ਵੱਲੋਂ ਸਾਡੇ ਕੇਸ ਵਿੱਚਲੇ ਤੱਥਾਂ ਨੂੰ ਸਾਹਮਣੇ ਰੱਖਦੇ ਹੋਏ ਗਹੁ ਨਾਲ ਵਿਚਾਰਿਆ ਹੈ। ਇਸ ਮੌਕੇ ਮੁਲਾਜ਼ਮ ਆਗੂ ਸੁਖਚੈਨ ਸਿੰਘ ਖਹਿਰਾ, ਸਾਹਿਲ ਸ਼ਰਮਾ ਤੇ ਹੋਰਾਂ ਨੇ ਉਮੀਦ ਜਤਾਈ ਕਿ ਅਦਾਲਤੀ ਫੈਸਲਾ ਮੁਲਾਜ਼ਮਾਂ ਦੇ ਪੱਖ ਵਿੱਚ ਆਵੇਗਾ।

# ਨਵੇਂ ਅਧਿਆਇ ਦੇ ਸੂਤਰਧਾਰ ਬਣੇ ਨਾਇਬ ਸਿੰਘ ਸੈਣੀ

ਚੰਡੀਗੜ੍ਹ (ਕ੍ਰਿਸ਼ਨ ਗਰਗ)- ਹਰਿਆਣਾ ਵਿੱਚ ਸਮਾਜਿਕ ਸਮਰਸਤਾ ਨੂੰ ਨਵੀਂ ਦਿਸ਼ਾ ਦੇਣ ਦੇ ਉਦੇਸ਼ ਨਾਲ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਸੰਤ-ਮਹਾਂਪੁਰਖਾਂ ਦੀਆਂ ਸਿੱਖਿਆਵਾਂ ਨੂੰ ਘਰ-ਘਰ ਤੱਕ ਪਹੁੰਚਾਉਣ ਦੀ ਮੁਹਿੰਮ ਨੂੰ ਲਗਾਤਾਰ ਗਤੀ ਦੇ ਰਹੇ ਹਨ। ਸਾਲ 2014 ਵਿੱਚ ਉਸ ਸਮੇਂ ਦੇ ਮੁੱਖ ਮੰਤਰੀ ਮਨੋਹਰ ਲਾਲ ਵੱਲੋਂ ਸ਼ੁਰੂ ਕੀਤੀ ਗਈ ਇਸ ਪਰੰਪਰਾ ਨੂੰ ਅੱਗੇ ਵਧਾਉਂਦੇ ਹੋਏ ਨਾਇਬ ਸਿੰਘ ਸੈਣੀ ਨੇ ਹਰਿਆਣਾ ਹੀ ਨਹੀਂ, ਸਗੋਂ ਰਾਜਸਥਾਨ, ਪੰਜਾਬ ਅਤੇ ਦਿੱਲੀ ਵਿੱਚ ਵੀ ਮਹਾਂਪੁਰਖਾਂ ਦੇ ਜਯੰਤੀ ਸਮਾਰੋਹਾਂ ਵਿੱਚ ਹਿੱਸਾ ਲੈ ਕੇ ਸਮਾਜਿਕ ਏਕਤਾ ਦਾ ਸੰਦੇਸ਼ ਦਿੱਤਾ ਹੈ।

## ਜਨਮ ਦਿਨ ਮੁਬਾਰਕ



ਅਮਿਤੇਸ਼ਵਰ ਸਿੰਘ
ਸ੍ਰੀ ਮੁਕਤਸਰ ਸਾਹਿਬ



ਸਹਿਜ ਕੌਰ
ਬਰੇਟਾ



ਪਹਿਲਾਜ ਜੱਸਲ
ਬਰੇਟਾ

## ਵਰ੍ਹੇਗੰਢ ਮੁਬਾਰਕ



ਸੋਨੂੰ ਕਟਾਰੀਆ ਅਤੇ ਗਗਨਦੀਪ ਕੌਰ ਵਾਸੀ ਬੁਢਲਾਡਾ ਨੇ ਵਿਆਹ ਦੀ 11ਵੀਂ ਵਰ੍ਹੇਗੰਢ ਮਨਾਈ।

# ਹੋਟਲ ਉਦਯੋਗ 'ਚ ਹੁਨਰਮੰਦ ਨੌਜਵਾਨਾਂ ਲਈ ਰੋਜ਼ਗਾਰ ਦੇ ਅਥਾਹ ਮੌਕੇ : ਡਾ. ਚੱਬੇਵਾਲ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਭਾਰਤ ਸਰਕਾਰ ਦੇ ਸੈਰ ਸਪਾਟਾ ਮੰਤਰਾਲੇ ਅਧੀਨ ਚੱਲ ਰਹੇ 'ਹੁਨਰ ਸੇ ਰੋਜ਼ਗਾਰ ਤੱਕ' ਪ੍ਰੋਗਰਾਮ ਤਹਿਤ ਫੂਡ ਕ੍ਰਾਫਟ ਇੰਸਟੀਚਿਊਟ ਵਿਖੇ ਕੈਪੇਸਿਟੀ ਬਿਲਡਿੰਗ ਫਾਰ ਸਰਵਿਸ ਪ੍ਰੋਵਾਈਡਰਜ਼ ਕੋਰਸ ਵਿਦਿਆਰਥੀਆਂ ਦਾ ਵਿਦਾਇਗੀ ਸਮਾਗਮ ਕਰਾਇਆ ਗਿਆ ਜਿਸ ਵਿਚ ਮੁੱਖ ਮਹਿਮਾਨ ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ ਕੋਰਸ ਪੂਰਾ ਕਰਨ ਵਾਲੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਵੰਡੇ।ਸੰਸਦ ਮੈਂਬਰ ਡਾ. ਚੱਬੇਵਾਲ ਨੇ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਲਈ ਸ਼ੁੱਭਕਾਮਨਾਵਾਂ ਦਿੰਦਿਆਂ ਕਿਹਾ ਕਿ ਫੂਡ ਅਤੇ ਹੋਟਲ ਉਦਯੋਗ ਵਿੱਚ ਹੁਨਰਮੰਦ ਨੌਜਵਾਨਾਂ ਲਈ ਭਾਰਤ ਹੀ ਨਹੀਂ, ਸਗੋਂ ਵਿਦੇਸ਼ਾਂ ਵਿੱਚ ਵੀ ਰੋਜ਼ਗਾਰ ਦੇ ਬੇਅੰਤ ਮੌਕੇ ਹਨ। ਉਨ੍ਹਾਂ ਵਿਦਿਆਰਥੀਆਂ ਨੂੰ ਆਪਣੇ ਹੁਨਰ ਦਾ ਪੂਰਾ ਲਾਭ ਉਠਾਉਣ, ਉੱਚ ਪੱਧਰੀ ਹੋਟਲਾਂ ਅਤੇ ਪ੍ਰਾਹੁਣਚਾਰੀ ਉਦਯੋਗ ਵਿੱਚ ਆਪਣਾ ਭਵਿੱਖ ਬਣਾਉਣ ਅਤੇ ਜੇਕਰ ਉਹ ਉਦਯੋਗਪਤੀ ਬਣਨਾ ਚਾਹੁੰਦੇ ਹਨ ਤਾਂ ਆਪਣਾ ਖੁਦ ਦਾ ਸਟਾਰਟਅੱਪ ਜਾਂ ਕਾਰੋਬਾਰ ਸ਼ੁਰੂ ਕਰਕੇ ਹੋਰਨਾਂ ਲਈ ਵੀ ਰੋਜ਼ਗਾਰ ਦੇ ਮੌਕੇ ਪੈਦਾ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਮਿਹਨਤ, ਅਨੁਸ਼ਾਸਨ ਅਤੇ ਸਮਰਪਣ ਨਾਲ ਆਪਣੇ ਸੁਪਨਿਆਂ ਨੂੰ ਸਾਕਾਰ ਕਰਨ ਦੀ ਅਪੀਲ ਕੀਤੀ। ਇਸ ਮੌਕੇ ਫੂਡ ਕ੍ਰਾਫਟ ਇੰਸਟੀਚਿਊਟ ਦੇ ਪ੍ਰਿੰਸੀਪਲ ਡਾ. ਜਗਨਨਾਥਣ ਨੇ ਦੱਸਿਆ ਕਿ ਸਰਕਾਰ ਵਲੋ ਵੱਖ-ਵੱਖ ਸਕਿੱਲ ਡਿਵੈਲਪਮੈਂਟ ਕੋਰਸ ਚਲਾਏ ਜਾ ਰਹੇ ਹਨ, ਜਿਨ੍ਹਾਂ ਦਾ




ਉਦੇਸ਼ ਨੌਜਵਾਨਾਂ ਨੂੰ ਉਦਯੋਗ ਦੀਆਂ ਲੋੜਾਂ ਅਨੁਸਾਰ ਪ੍ਰਸ਼ਿਕਸ਼ਿਤ ਕਰਕੇ ਰੋਜ਼ਗਾਰ ਅਤੇ ਸਵੈਰੋਜ਼ਗਾਰ ਦੇ ਯੋਗ ਬਣਾਉਣਾ ਹੈ। ਸਮਾਗਮ ਦੇ ਅੰਤ ਵਿੱਚ ਮੁੱਖ ਮਹਿਮਾਨ ਡਾ. ਰਾਜ ਕੁਮਾਰ ਚੱਬੇਵਾਲ ਦਾ ਵਿਸ਼ੇਸ਼ ਧੰਨਵਾਦ ਕੀਤਾ ਗਿਆ। ਇਸ ਮੌਕੇ ਸੰਸਥਾ ਦੇ ਅਕਾਊਂਟੈਂਟ, ਮਿਸ ਦੀਪਿਕਾ, ਸੀ.ਬੀ.ਐਸ.ਸੀ ਕੋਆਡੀਨੇਟਰ ਅਸ਼ਵਨੀ ਕੁਮਾਰ, ਗਗਨਦੀਪ ਸਿੰਘ, ਸੁਨੀਲ ਕੁਮਾਰ, ਸੌਰਵ ਕੁਮਾਰ, ਹਰਦੀਪ ਕੁਮਾਰ, ਰੋਹਿਤ ਬਜਾਜ ਮੌਜੂਦ ਸਨ।

# ਡਾ. ਗੁਰਦਿਆਲ ਸਿੰਘ ਮੁਠੱਡਾ ਦਾ ਸ਼ਹੀਦੀ ਦਿਨ ਮਨਾਇਆ

ਫਿਲੌਰ (ਹਰਜਿੰਦਰ ਕੌਰ ਚਾਹਲ, ਨਿਰਮਲ)- ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਵਲੋਂ ਪਿੰਡ ਮੁਠੱਡਾ ਕਲਾਂ ਵਿਖੇ ਸ਼ਹੀਦ ਡਾ. ਗੁਰਦਿਆਲ ਸਿੰਘ ਮੁਠੱਡਾ ਦੀ 39ਵੀਂ ਬਰਸੀ ਮੌਕੇ ਇੱਕ ਇਕੱਠ ਨੂੰ ਸੰਬੋਧਨ ਕਰਦੇ ਹੋਏ ਆਰ ਐੱਮ ਪੀ ਆਈ ਦੇ ਸੂਬਾ ਸਕੱਤਰ ਪਰਗਟ ਸਿੰਘ ਜਾਮਾਰਾਏ ਨੇ ਕਿਹਾ ਕਿ ਅੱਸੀਵਿਆਂ ਦੇ ਦੌਰ ਦੌਰਾਨ ਧਰਮ ਦੇ ਨਾਂਅ ਹੇਠ ਜਿਹੜੀ ਬੁਰਸ਼ਾਗਰਦੀ ਹੋ ਰਹੀ ਸੀ ਉਸ ਨਾਲ ਆਮ ਲੋਕ ਭੈਅਭੀਤ ਹੋ ਗਏ ਸਨ। ਘੱਟ ਗਿਣਤੀਆਂ ਦੀ ਪੰਜਾਬ 'ਚੋਂ ਹਿਜ਼ਰਤ ਸ਼ੁਰੂ ਗਈ ਸੀ, ਵਪਾਰ ਖਤਮ ਹੋ ਗਿਆ ਸੀ। ਦੂਜੇ ਪਾਸੇ ਪੁਲਸ ਦੀਆਂ ਜ਼ਿਆਦਤੀਆਂ ਵੱਧ ਗਈਆਂ ਸਨ। ਜਾਮਾਰਾਏ ਨੇ ਕਿਹਾ ਡਾ. ਮੁਠੱਡਾ ਦੀ ਸ਼ਹੀਦੀ ਨੇ ਲੋਕ ਪੱਖੀ ਲਹਿਰ ਨੂੰ ਹੋਰ ਵੀ ਗੂੜਾ ਕੀਤਾ ਹੈ। ਇਸ ਮੌਕੇ ਕੇਂਦਰੀ ਕਮੇਟੀ ਮੈਂਬਰ ਕੁਲਵੰਤ ਸਿੰਘ ਸੰਧੂ ਨੇ ਕਿਹਾ ਕਿ ਮੋਦੀ ਸਰਕਾਰ ਲੋਕਾਂ ਦੇ ਮੁੱਦਿਆਂ ਲਈ ਸੰਘਰਸ਼ ਵਾਲੇ ਲੋਕਾਂ ਨੂੰ ਟੁਕੜੇ ਟੁਕੜੇ ਗੈਂਗ ਕਹਿ ਕਿ ਸਧਾਰਨ ਲੋਕਾਂ ਦਾ ਧਿਆਨ ਭਟਕਾਉਣ ਦਾ ਹੀ ਕੰਮ ਕਰ ਰਹੀਂ ਹੈ। ਜੰਤਰ ਮੰਤਰ 'ਤੇ ਕੇਂਦਰੀ ਸਿੱਖਿਆ ਮੰਤਰੀ ਦੇ ਅਸਤੀਫ਼ੇ ਦੀ ਮੰਗ ਨੂੰ ਲੈ ਕੇ ਜਿਸ ਢੰਗ ਨਾਲ ਲਾਠੀਚਾਰਜ ਕੀਤਾ ਗਿਆ, ਉਸ ਨਾਲ ਮੋਦੀ ਦਾ ਚਿਹਰਾ ਹੋਰ ਨੰਗਾ ਹੋਇਆ ਹੈ। ਸੰਧੂ ਨੇ ਅੱਗੇ ਕਿਹਾ ਕਿ ਦੋ ਕਿਸਾਨ ਜਥੇਬੰਦੀਆਂ ਦਾ ਏਕਾ ਹੋ ਰਿਹਾ ਹੈ, ਜਿਸ ਲਈ ਕਾਫੀ ਉਤਸ਼ਾਹ ਪਾਇਆ ਜਾ ਰਿਹਾ ਹੈ। ਇਸ ਮੌਕੇ ਸੂਬਾ ਸਕੱਤਰੇਤ ਮੈਂਬਰ ਡਾ. ਸਰਬਜੀਤ ਮੁਠੱਡਾ, ਜ਼ਿਲ੍ਹਾ ਸਕੱਤਰ ਜਸਵਿੰਦਰ ਸਿੰਘ ਢੇਸੀ, ਸੂਬਾ ਕਮੇਟੀ ਮੈਂਬਰ ਪਰਮਜੀਤ ਰੰਧਾਵਾ, ਸੂਬਾ ਕਮੇਟੀ ਮੈਂਬਰ ਸ਼ਿਵ ਤਿਵਾੜੀ,



ਨੌਜਵਾਨ ਆਗੂ ਮਨਜਿੰਦਰ ਸਿੰਘ ਢੇਸੀ ਅਤੇ ਮਨਮੋਹਣ ਸ਼ਰਮਾ ਨੇ ਵੀ ਸੰਬੋਧਨ ਕੀਤਾ। ਇਸ ਮੌਕੇ ਜ਼ਿਲ੍ਹਾ ਕਮੇਟੀ ਮੈਂਬਰ ਕੁਲਦੀਪ ਫਿਲੌਰ, ਮੇਜਰ ਫਿਲੌਰ, ਕੁਲਜੀਤ ਫਿਲੌਰ, ਕੁਲਦੀਪ ਕੌੜਾ, ਕੁਲਦੀਪ ਵਾਲੀਆ, ਅਮਰੀਕ ਰੁੜਕਾ, ਤਰਜਿੰਦਰ ਧਾਲੀਵਾਲ, ਰਾਮ ਨਾਥ ਦੁਸਾਂਝ, ਬਲਵਿੰਦਰ ਸਿੰਘ ਦੁਸਾਂਝ, ਬਿੱਟਾ ਭੈਣੀ, ਮਨਜੀਤ ਸੂਰਜਾ, ਜਯਬੀਰ ਭੋਲੀ, ਮੱਖਣ ਸੰਗਰਾਮੀ, ਬਲਜੀਤ ਪੀਤੂ ਤੋਂ ਇਲਾਵਾ ਹੋਰ ਬਹੁਤ ਸਾਰੇ ਪਾਰਟੀ ਕਾਰਕੁੰਨ ਹਾਜ਼ਰ ਸਨ। ਆਰੰਭ 'ਚ ਸ਼ਹੀਦੀ ਯਾਦਗਾਰ 'ਤੇ ਝੰਡਾ ਲਹਿਰਾਉਣ ਦੀ ਰਸਮ ਪਾਰਟੀ ਦੇ ਸੂਬਾ ਸਕੱਤਰ ਪਰਗਟ ਸਿੰਘ ਜਾਮਾਰਾਏ ਨੇ ਨਿਭਾਈ।

# ਗਮਾਡਾ ਦੀਆਂ ਰੀਵਿਊ ਪਟੀਸ਼ਨਾਂ ਦਾ ਵਿਰੋਧ ਕਰਨ ਲਈ 9 ਮੈਂਬਰੀ ਕਮੇਟੀ ਗਠਿਤ

ਮੋਹਾਲੀ (ਗੁਰਜੀਤ ਬਿੱਲਾ)- ਸੈਕਟਰ 88-89 ਵਿੱਚ ਜ਼ਮੀਨਾਂ ਅਕੁਆਇਰ ਕਰਵਾਉਣ ਵਾਲੇ ਪਿੰਡ ਸੋਹਾਣਾ, ਲਖਨੌਰ, ਮਾਣਕ ਮਾਜਰਾ, ਭਾਗੋਮਾਜਰਾ, ਲਾਂਡਰਾਂ, ਬੈਰੋਂਪੁਰ ਅਤੇ ਨਾਨੂਮਾਜਰਾ ਦੇ ਭੋਂ-ਮਾਲਿਕਾਂ ਨੂੰ ਗਮਾਡਾ



ਵੱਲੋਂ ਲਗਾਏ ਜਾ ਰਹੇ ਪ੍ਰੈਫਰੈਂਸ਼ਿਅਲ ਲੋਕੇਸ਼ਨ ਚਾਰਜਿਜ਼ (ਪੀ.ਐੱਲ.ਸੀ.) ਸਬੰਧੀ ਹਾਈਕੋਰਟ ਤੋਂ ਕੇਸ ਭੋਂ-ਮਾਲਿਕਾਂ ਦੇ ਹੱਕ ਵਿੱਚ ਹੋ ਜਾਣ ਉਪਰੰਤ ਗਮਾਡਾ ਵੱਲੋਂ ਦਾਇਰ ਕੀਤੀ ਰੀਵਿਊ ਪਟੀਸ਼ਨ ਦਾ ਵਿਰੋਧ ਕਰਨ ਲਈ ਭੋਂ-ਮਾਲਿਕਾਂ ਅਤੇ ਖਰੀਦਦਾਰਾਂ ਵੱਲੋਂ 9 ਮੈਂਬਰੀ ਕਮੇਟੀ ਗਠਿਤ ਕਰ ਲਈ ਹੈ। ਕਮੇਟੀ ਵਿੱਚ ਹਰਦੀਪ ਸਿੰਘ ਉੱਪਲ ਬਲਵਿੰਦਰ ਸਿੰਘ ਲਖਨੌਰ, ਸੁਰਜੀਤ ਸਿੰਘ ਮਾਣਕ ਮਾਜਰਾ, ਨਰੰਜਨ ਸਿੰਘ ਮਾਣਕ ਮਾਜਰਾ, ਅਮਰ ਬਲਿੰਗ, ਦਵਿੰਦਰ ਸਿੰਘ ਗਿੱਲ, ਕਰਨਲ ਬਾਜਵਾ, ਪਰਮਜੀਤ ਸਿੰਘ ਕੁੰਭੜਾ ਅਤੇ ਜੋਤੀ ਸੰਧੂ ਦੇ ਨਾਂਅ ਸ਼ਾਮਿਲ ਹਨ।ਇਸ ਬਾਰੇ ਜਾਣਕਾਰੀ ਦਿੰਦਿਆਂ ਸੈਕਟਰ 88 ਨਿਵਾਸੀ ਹਰਦੀਪ ਸਿੰਘ ਉੱਪਲ ਨੇ ਦੱਸਿਆ ਕਿ ਪੰਜਾਬ ਅਤੇ ਹਰਿਆਣਾ ਹਾਈਕੋਰਟ ਵੱਲੋਂ ਪੀ ਐਲ ਸੀ ਚਾਰਜਿਜ਼ ਰਿਫੰਡ ਕਰਨ ਦੇ ਸਪੱਸ਼ਟ ਹੁਕਮ ਪਾਸ ਕਰਨ ਦੇ ਬਾਵਜੂਦ ਵੀ ਰਿਫੰਡ ਨਾ ਕਰਕੇ ਸਰਕਾਰ ਭੋਂ-ਮਾਲਿਕਾਂ ਅਤੇ ਖਰੀਦਦਾਰਾਂ ਨੂੰ ਰੀਵਿਊ ਪਟੀਸ਼ਨਾਂ ਦੇ ਚੱਕਰਵਿਊ ਵਿੱਚ ਉਲਝਾਉਣਾ ਚਾਹੁੰਦੀ ਹੈ।ਰਿਫੰਡ ਨਾ ਕਰਕੇ ਹਾਈਕੋਰਟ ਦੀ ਹੁਕਮਾਂ ਦੀ ਉਲੰਘਣਾ ਕੀਤੀ ਜਾ ਰਹੀ ਹੈ।

ਇਸ ਦੇ ਨਾਲ਼ ਹੀ ਅਗਲੇ ਪਲਾਟਾਂ ਵਿੱਚ ਫਿਰ ਤੋਂ ਪੀ.ਐੱਲ.ਸੀ. ਚਾਰਜਿਜ਼ ਵਸੂਲੀ ਵੀ ਲਗਾਤਾਰ ਕੀਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਇਹ 9 ਮੈਂਬਰੀ ਕਮੇਟੀ ਹੁਣ ਇਸ ਕੇਸ ਨੂੰ ਮਾਨਯੋਗ ਸੁਪਰੀਮ ਕੋਰਟ ਤੱਕ ਵੀ ਲੜਨ ਲਈ ਬਣਾਈ ਗਈ ਹੈ।

# 5 ਦੀ ਮਜ਼ਦੂਰ ਰੈਲੀ 'ਚ ਨਕੋਦਰ, ਸ਼ਾਹਕੋਟ 'ਚੋਂ ਸੈਂਕੜੇ ਮਜ਼ਦੂਰ ਸ਼ਾਮਲ ਹੋਣਗੇ

## ਬਰਨਾਲਾ 'ਚ ਸਫ਼ਾਈ ਮਜ਼ਦੂਰਾਂ ਤੇ ਦਿੱਲੀ 'ਚ ਵਿਦਿਆਰਥੀਆਂ 'ਤੇ ਪੁਲਸ ਜਬਰ ਦੀ ਸਖ਼ਤ ਨਿੰਦਾ

ਸ਼ਾਹਕੋਟ (ਗਿਆਨ ਸੈਦਪੁਰੀ)- ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਵਲੋਂ 5 ਅਗਸਤ ਨੂੰ ਜਲੰਧਰ ਵਿਖੇ ਕੀਤੀ ਜਾ ਰਹੀ ਸੂਬਾ ਪੱਧਰੀ ਰੈਲੀ ਅਤੇ ਮੁੱਖ ਮੰਤਰੀ ਦੇ ਜਲੰਧਰ ਸਥਿਤ ਰਿਹਾਇਸ਼ ਵੱਲ ਮਾਰਚ ਕਰਨ ਦੇ ਸੱਦੇ ਉੱਤੇ ਪੰਜਾਬ ਖੇਤ ਮਜ਼ਦੂਰ ਯੂਨੀਅਨ ਦੀ ਅਗਵਾਈ ਹੇਠ ਇਲਾਕਾ ਨਕੋਦਰ ਅਤੇ ਸ਼ਾਹਕੋਟ 'ਚੋਂ ਸੈਂਕੜੇ ਮਜ਼ਦੂਰ ਆਪਣੇ ਪਰਵਾਰਾਂ ਸਮੇਤ ਸ਼ਾਮਲ ਹੋਣਗੇ।ਇਹ ਐਲਾਨ ਇਥੇ ਜਥੇਬੰਦੀ ਦੇ ਅਹੁਦੇਦਾਰਾਂ ਦੀ ਹੋਈ ਮੀਟਿੰਗ ਵਿੱਚ ਕੀਤਾ ਗਿਆ। ਪ੍ਰੈਸ ਦੇ ਨਾਂ ਜਾਰੀ ਬਿਆਨ ਵਿੱਚ ਇਲਾਕਾ ਨਕੋਦਰ ਸ਼ਾਹਕੋਟ ਦੇ ਪ੍ਰਧਾਨ ਹਰਪਾਲ ਬਿੱਟੂ ਤੇ ਸਕੱਤਰ ਸੁਖਜਿੰਦਰ ਲਾਲੀ ਨੇ ਦੱਸਿਆ ਕਿ ਮਜ਼ਦੂਰ ਜਥੇਬੰਦੀਆਂ ਆਪਣੀਆਂ ਹੱਕੀ ਅਤੇ ਵਾਜਬ ਮੰਗਾਂ ਮਨਵਾਉਣ ਲਈ ਸੰਘਰਸ਼ ਕਰਦੀਆਂ ਆ ਰਹੀਆਂ ਹਨ ਪਰ ਸਰਕਾਰ ਮਜ਼ਦੂਰ ਸੰਘਰਸ਼ ਨੂੰ ਅਣਗੌਲਿਆਂ ਕਰਦੀ ਆ ਰਹੀ ਹੈ। ਉਨ੍ਹਾਂ ਕਿਹਾ ਕਿ ਮਜ਼ਦੂਰਾਂ ਦੇ ਪੱਕੇ ਰੁਜ਼ਗਾਰ ਦਾ ਪ੍ਰਬੰਧ ਕਰਨ, ਜੀ ਰਾਮ ਜੀ ਕਾਨੂੰਨ ਨੂੰ ਰੱਦ ਕਰਕੇ ਮਨਰੇਗਾ ਨੂੰ ਬਹਾਲ



ਕਰਨ ਅਤੇ ਇਸ ਤਹਿਤ ਸਾਲ ਭਰ ਦੇ ਰੁਜ਼ਗਾਰ ਅਤੇ ਘੱਟੋ ਘੱਟ ਦਿਹਾੜੀ 700/-ਰੁਪਏ ਕਰਨ, ਕਿਰਤ ਕਾਨੂੰਨਾਂ ਨੂੰ ਬਹਾਲ ਕਰਕੇ ਨਵੇਂ ਚਾਰ ਲੇਬਰ ਕੋਡ ਰੱਦ ਕਰਨ, ਵਿਧਵਾ ਬੁਢਾਪਾ ਅੰਗਹੀਣ ਪੈਨਸ਼ਨ ਪ੍ਰਤੀ ਮਹੀਨਾ 5000/- ਕਰਨ, ਔਰਤਾਂ ਦੇ ਖਾਤੇ ਵਿੱਚ ਪਿਛਲੇ ਸਾਢੇ ਚਾਰ ਸਾਲਾਂ ਦੇ ਪੈਸੇ ਪਾਉਣ, ਲੋੜਵੰਦਾਂ ਨੂੰ ਰਿਹਾਇਸ਼ੀ ਪਲਾਟ ਦੇਣ, ਵਰਗੀਆਂ ਮੰਗਾਂ ਨੂੰ ਸਰਕਾਰ ਵਲੋਂ ਲਗਾਤਾਰ ਅਣਗੌਲਿਆ ਕਰਕੇ ਗਰੀਬਾਂ ਦੀ ਸਾਰ ਨਹੀਂ ਲਈ ਜਾ ਰਹੀ। ਉਨ੍ਹਾਂ ਕਿਹਾ ਕਿ ਸਿਖਰਾਂ ਦੀ ਮਹਿੰਗਾਈ 'ਚ ਮਜ਼ਦੂਰ ਇਲਾਜ ਕਰਵਾਉਣ, ਬੱਚਿਆਂ ਨੂੰ ਵਿਦਿਆ ਦੁਵਾਉਣ ਅਤੇ ਘਰ ਬਣਾਉਣ ਵਰਗੀਆਂ ਜ਼ਰੂਰੀ ਲੋੜਾਂ ਤੋਂ ਵਿਰਵੇ ਹਨ, ਰੁਜ਼ਗਾਰ ਦੀ ਘਾਟ ਕਾਰਨ, ਕਰਜ਼ੇ ਚੁੱਕ ਕੇ ਰੋਜ਼ਾਨਾ ਜੀਵਨ ਲੋੜਾਂ ਪੂਰੀਆਂ ਕਰਨ ਲਈ ਮਜਬੂਰ ਹਨ। ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ ਜਥੇਬੰਦੀ ਦੇ ਸੂਬਾ ਵਿੱਤ ਸਕੱਤਰ ਹਰਮੇਸ਼ ਮਾਲੜੀ ਨੇ ਕਿਹਾ ਕਿ ਬੀਤੇ ਕੱਲ੍ਹ ਬਰਨਾਲਾ 'ਚ ਜਿਸ ਤਰ੍ਹਾਂ ਸਫਾਈ ਸੇਵਕ ਮਾਵਾਂ ਭੈਣਾਂ ਨੂੰ ਬੇਰਹਿਮੀ ਨਾਲ ਕੁੱਟਿਆ ਗਿਆ,ਇਹ ਸਰਕਾਰ ਅਤੇ ਪੰਜਾਬ ਪੁਲਿਸ ਦੀ ਮਨੂਵਾਦੀ ਜਗੀਰੂ ਮਾਨਸਿਕਤਾ ਦਾ ਖੁੱਲ੍ਹਾ ਇਜ਼ਹਾਰ ਹੈ। ਉਨ੍ਹਾਂ ਦਿੱਲੀ ਵਿਖੇ ਨੌਜਵਾਨਾਂ ਤੇ ਵਿਦਿਆਰਥੀਆਂ 'ਤੇ ਮੋਦੀ ਹਕੂਮਤ ਦੀ ਪੁਲਸ ਅਤੇ ਆਰ ਐਸ ਐਸ ਦੇ ਗੁੰਡਿਆਂ ਵਲੋਂ ਬੇਰਹਿਮੀ ਨਾਲ ਕੀਤੀ ਕੁੱਟਮਾਰ ਦੀ ਵੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ । ਮੀਟਿੰਗ ਵਿੱਚ ਇਲਾਕਾ ਆਗੂ ਸਤਨਾਮ ਉੱਗੀ ਅਤੇ ਪਾਲ ਰਸੂਲਪੁਰੀ ਵੀ ਹਾਜ਼ਰ ਸਨ।

# ਸਫਾਈ ਕਰਮਚਾਰੀਆਂ 'ਤੇ ਲਾਠੀਚਾਰਜ ਕਰਨਾ ਨਿੰਦਣਯੋਗ : ਸਰਬਜੀਤ ਸਿੰਘ ਮੋਮੀ

ਟਾਂਡਾ ਉੜਮੁੜ (ਜਸਵਿੰਦਰ ਸੰਧੂ, ਪੰਡਿਤ ਮਿਥਲੇਸ਼)- ਬਰਨਾਲਾ ਵਿਖੇ ਸਫਾਈ ਕਰਮਚਾਰੀਆਂ ਉੱਪਰ ਪੁਲਿਸ ਵੱਲੋਂ ਬੇਰਹਿਮੀ ਨਾਲ ਕੀਤਾ ਗਿਆ ਲਾਠੀਚਾਰਜ ਅੱਤ ਨਿੰਦਣਯੋਗ ਹੈ । ਇਹਨਾਂ ਗੱਲਾਂ ਦਾ ਪ੍ਰਗਟਾਵਾ ਸ਼੍ਰੋਮਣੀ



ਅਕਾਲੀ ਦਲ ਐਸ ਸੀ ਵਿੰਗ ਹੁਸ਼ਿਆਰਪੁਰ ਦੇ ਜ਼ਿਲ੍ਹਾ ਪ੍ਰਧਾਨ ਸਰਬਜੀਤ ਸਿੰਘ ਮੋਮੀ ਨੇ ਗੱਲਬਾਤ ਕਰਨ ਸਮੇਂ ਕੀਤਾ। ਉਹਨਾਂ ਕਿਹਾ ਕਿ ਬਰਨਾਲਾ ਵਿਖੇ ਸਫਾਈ ਕਰਮਚਾਰੀਆਂ ਉੱਪਰ ਜੋ ਬੇਰਹਿਮੀ ਦੇ ਨਾਲ ਪੁਲਿਸ ਵੱਲੋਂ ਲਾਠੀਚਾਰਜ ਕੀਤਾ ਗਿਆ ਉਸ ਦੀ ਸ਼੍ਰੋਮਣੀ ਅਕਾਲੀ ਦਲ ਵੱਲੋਂ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਜਾਂਦੀ ਹੈ ਅਤੇ ਸਰਕਾਰ ਤੋਂ ਮੰਗ ਹੈ ਕਿ ਇਹ ਘਨਾਉਣੀ ਕਾਰਵਾਈ ਕਰਨ ਵਾਲੇ ਪੁਲਸ ਮੁਲਾਜ਼ਮਾਂ ਖਿਲਾਫ ਸਖ਼ਤ ਕਾਰਵਾਈ ਕੀਤੀ ਜਾਵੇ। ਉਹਨਾਂ ਕਿਹਾ ਕਿ ਦੇਸ਼ ਅੰਦਰ ਸਭ ਨੂੰ ਆਪਣੀਆਂ ਹਕੀ ਮੰਗਾਂ ਲਈ ਸੰਘਰਸ਼ ਕਰਨ ਦਾ ਪੂਰਨ ਹੱਕ ਹੈ ਪਰ ਸਰਕਾਰ ਦੇ ਦਬਾਅ ਨਾਲ ਪੰਜਾਬ ਦੇ ਮਜ਼ਦੂਰਾਂ ਦੀ ਆਵਾਜ਼ ਨੂੰ ਦੱਬਿਆ ਨਹੀਂ ਜਾ ਸਕਦਾ। ਜ਼ਿਲ੍ਹਾ ਪ੍ਰਧਾਨ ਸਰਬਜੀਤ ਸਿੰਘ ਮੋਮੀ ਨੇ ਹੋਰ ਕਿਹਾ ਕਿ ਪਹਿਲਾਂ ਬਿਜਲੀ ਕਰਮਚਾਰੀਆਂ ਉੱਪਰ, ਫਿਰ ਨਰੇਗਾ ਕਰਮਚਾਰੀਆਂ ਅਤੇ ਮਜ਼ਦੂਰਾਂ ਉਪਰ ਅਤੇ ਹੁਣ ਸਫਾਈ ਕਰਮਚਾਰੀਆਂ ਉੱਪਰ ਜੋ ਬਹੁਤ ਬੇਰਹਿਮੀ ਨਾਲ ਲਾਠੀਚਾਰਜ ਕੀਤਾ ਗਿਆ ਉਹ ਘਟੀਆ ਅਤੇ ਨਿੰਦਣ ਯੋਗ ਵਰਤਾਰਾ ਹੈ। ਉਨ੍ਹਾਂ ਕਿਹਾ ਕਿ ਸੂਬੇ ਦੇ ਲੋਕਾਂ ਉੱਪਰ ਇਹ ਲਾਠੀਆਂ ਵਰ੍ਹਾਉਣ ਦਾ ਸਿਲਸਿਲਾ ਬੰਦ ਨਾ ਹੋਇਆ ਤਾਂ ਸ਼੍ਰੋਮਣੀ ਅਕਾਲੀ ਦਲ ਵੱਲੋਂ ਸਰਕਾਰ ਖਿਲਾਫ ਤਿੱਖਾ ਸੰਘਰਸ਼ ਆਰੰਭਿਆ ਜਾਵੇਗਾ।